25-APRIL-PAGE-1.qxd 4/24/2025 10:33 PM Page 1

ਸ਼ੁੱਕਰਵਾਰ, 25 ਅਪ੍ਰੈਲ, 2025
13 ਵਿਸਾਖ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 73
ਅੰਕ/NO. : 324

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 25 APRIL, 2025
ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਅਮਰੀਕਾ ਜਾਣੀ-ਜਾਣ

### ਜੰਗੀ ਮਾਹੌਲ ਦਰਮਿਆਨ ਆਪਣੇ ਨਾਗਰਿਕਾਂ ਨੂੰ ਸਰਹੱਦ ਨੇੜੇ ਘੁੰਮਣ ਤੋਂ ਵਰਜਿਆ

**ਵਾਸ਼ਿੰਗਟਨ** : ਅਮਰੀਕਾ ਨੇ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਵਿਚਲੇ ਆਪਣੇ ਨਾਗਰਿਕਾਂ ਲਈ ਇੱਕ ਸੋਧੀ ਹੋਈ ਸੇਧ/ਸਲਾਹ ਜਾਰੀ ਕੀਤੀ ਹੈ, ਜਿਸ ਵਿੱਚ ਅਮਰੀਕੀਆਂ ਨੂੰ ਜੰਮੂ-ਕਸ਼ਮੀਰ ਵਿੱਚ ਅਤੇ ਨਾਲ ਹੀ ਭਾਰਤ-ਪਾਕਿਸਤਾਨ ਸਰਹੱਦ ਦੇ 10 ਕਿੱਲੋਮੀਟਰ ਘੇਰੇ ਵਿਚ ਯਾਤਰਾ ਨਾ ਕਰਨ ਲਈ ਕਿਹਾ ਗਿਆ ਹੈ।

ਅਮਰੀਕੀ ਵਿਦੇਸ਼ ਵਿਭਾਗ ਦੀ ਸੋਧੀ ਯਾਤਰਾ ਸਲਾਹ ਵਿੱਚ ਕਿਹਾ ਗਿਆ ਹੈ, ‘ਕੇਂਦਰ ਸ਼ਾਸਤ ਪ੍ਰਦੇਸ਼ ਜੰਮੂ-ਕਸ਼ਮੀਰ ਵਿੱਚ ਅੱਤਵਾਦੀ ਹਮਲੇ ਅਤੇ ਹਿੰਸਕ ਸਿਵਲ ਬਦਅਮਨੀ ਸੰਭਵ ਹੈ। ਇਸ ਰਾਜ ਦੀ ਯਾਤਰਾ ਨਾ ਕਰੋ (ਪੂਰਬੀ ਲੱਦਾਖ ਖੇਤਰ ਅਤੇ ਇਸ ਦੀ ਰਾਜਧਾਨੀ, ਲੇਹ ਦੇ ਦੌਰੇ ਨੂੰ ਛੱਡ ਕੇ)।’ ਇਸ ਵਿੱਚ ਕਿਹਾ ਗਿਆ ਹੈ, ‘ਇਸ ਖੇਤਰ ਵਿੱਚ ਛਿਟਪੁਟ ਹਿੰਸਾ ਹੁੰਦੀ ਰਹਿੰਦੀ ਹੈ ਅਤੇ ਭਾਰਤ-ਪਾਕਿਸਤਾਨ ਵਿਚਕਾਰ ਕੰਟਰੋਲ ਰੇਖਾ ਦੇ ਨਾਲ ਆਮ ਹੀ ਅਜਿਹਾ ਹੁੰਦਾ ਹੈ। ਅਜਿਹਾ ਕਸ਼ਮੀਰ ਘਾਟੀ ਦੇ ਸੈਰ-ਸਪਾਟਾ ਸਥਾਨਾਂ ਸ੍ਰੀਨਗਰ, ਗੁਲਮਰਗ ਅਤੇ ਪਹਿਲਗਾਮ ਆਦਿ ਵਿਖੇ ਵੀ ਹੁੰਦਾ ਹੈ।’

ਅਮਰੀਕਾ ਨੇ ਆਪਣੇ ਨਾਗਰਿਕਾਂ ਨੂੰ ‘ਹਥਿਆਰਬੰਦ ਟਕਰਾਅ ਦੇ ਖ਼ਦਸ਼ੇ ਕਾਰਨ’ ਭਾਰਤ-ਪਾਕਿਸਤਾਨ ਸਰਹੱਦ ਦੇ 10 ਕਿਲੋਮੀਟਰ ਘੇਰੇ ਦੇ ਅੰਦਰ ਜਾਣ ਤੋਂ ਵੀ ਬਚਣ ਲਈ ਕਿਹਾ ਹੈ। ਗ਼ੌਰਤਲਬ ਹੈ ਕਿ ਭਾਰਤ ਨੇ ਬੁੱਧਵਾਰ 1960 ਦੀ ਸਿੰਧ ਜਲ ਸੰਧੀ ਨੂੰ ਮੁਅੱਤਲ ਕਰ ਦਿੱਤਾ ਅਤੇ ਪਹਿਲਗਾਮ ਅੱਤਵਾਦੀ ਹਮਲੇ ਦੇ ਸਰਹੱਦ ਪਾਰ ਸੰਬੰਧਾਂ ਦੇ ਮੱਦੇਨਜ਼ਰ ਪਾਕਿਸਤਾਨ ਨਾਲ ਸਫ਼ਾਰਤੀ ਰਿਸ਼ਤਿਆਂ ਨੂੰ ਘਟਾਉਣ ਦਾ ਵੀ ਐਲਾਨ ਕੀਤਾ, ਜਿਸ ਵਿੱਚ ਗੁਆਂਢੀ ਮੁਲਕ ਦੇ ਫੌਜੀ ਅਤਾਸ਼ੀਆਂ ਨੂੰ ਭਾਰਤ ਵਿਚੋਂ ਕੱਢਣਾ ਵੀ ਸ਼ਾਮਲ ਹੈ।



## ਪਾਕਿਸਤਾਨ ਵਾਪਸੀ

**ਚੰਡੀਗੜ੍ਹ** : ਕੇਂਦਰ ਵੱਲੋਂ ਦੇਸ਼ ਛੱਡਣ ਲਈ 48 ਘੰਟੇ ਦੀ ਡੈੱਡਲਾਈਨ ਨਿਰਧਾਰਤ ਕਰਨ ਤੋਂ ਬਾਅਦ ਭਾਰਤ ਆਏ ਕਈ ਪਾਕਿਸਤਾਨੀ ਨਾਗਰਿਕਾਂ ਨੇ ਵੀਰਵਾਰ ਅਟਾਰੀ-ਵਾਹਗਾ ਰਸਤੇ ਰਾਹੀਂ ਵਾਪਸ ਪਰਤਣਾ ਸ਼ੁਰੂ ਕਰ ਦਿੱਤਾ। ਕਰਾਚੀ ਦੇ ਇੱਕ ਪਰਵਾਰ ਨੇ ਕਿਹਾ ਕਿ ਉਹ ਆਪਣੇ ਰਿਸ਼ਤੇਦਾਰਾਂ ਨੂੰ ਮਿਲਣ ਲਈ ਦਿੱਲੀ ਗਏ ਸਨ। ਉਨ੍ਹਾਂ ਕਿਹਾ, ‘ਅਸੀਂ 15 ਅਪਰੈਲ ਨੂੰ ਭਾਰਤ ਆਏ ਸੀ ਅਤੇ ਪਰ ਵਾਪਸ ਜਾ ਰਹੇ ਹਾਂ, ਹਾਲਾਂਕਿ ਸਾਡੇ ਕੋਲ 45 ਦਿਨਾਂ ਦਾ ਵੀਜ਼ਾ ਸੀ।’

## ਸੈਨਾ ਮੁਖੀ ਦਾ ਅੱਜ ਸ੍ਰੀਨਗਰ ਦੌਰਾ

**ਨਵੀਂ ਦਿੱਲੀ** : ਥਲ ਸੈਨਾ ਮੁਖੀ ਉਪੇਂਦਰ ਦਿਵੇਦੀ ਸੁਰੱਖਿਆ ਸਥਿਤੀ ਦਾ ਜਾਇਜ਼ਾ ਲੈਣ ਲਈ ਸ਼ੁੱਕਰਵਾਰ ਸ੍ਰੀਨਗਰ ਜਾਣਗੇ। ਇਸ ਦੌਰਾਨ ਵਿਦੇਸ਼ ਮੰਤਰਾਲੇ ਨੇ ਚੀਨ ਤੇ ਕੈਨੇਡਾ ਸਣੇ ਜੀ-20 ਗਰੁੱਪ ਦੇ ਸਫੀਰਾਂ ਨੂੰ ਸਥਿਤੀ ਤੋਂ ਜਾਣੂ ਕਰਾਇਆ ਹੈ। ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਜਰਮਨੀ, ਜਾਪਾਨ, ਪੋਲੈਂਡ, ਯੂ ਕੇ, ਰੂਸ, ਅਮਰੀਕਾ, ਇਟਲੀ, ਕਤਰ, ਚੀਨ ਤੇ ਫਰਾਂਸ ਆਦਿ ਦੇ ਸਫੀਰਾਂ ਤੇ ਸੀਨੀਅਰ ਡਿਪਲੋਮੇਟਾਂ ਨੂੰ ਸੱਦ ਕੇ ਗੱਲਬਾਤ ਕੀਤੀ।

## ਮੋਦੀ ਨੇ ਦਹਿਸ਼ਤਗਰਦਾਂ ਨੂੰ ਅੰਗਰੇਜ਼ੀ ’ਚ ਲਲਕਾਰਿਆ, ਲੁਕ ਲਓ ਜਿੱਥੇ ਲੁਕ ਹੁੰਦਾ...



**ਮਧੂਬਨੀ (ਬਿਹਾਰ)** : ਇੱਕ ਸਖ਼ਤ ਸੰਦੇਸ਼ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਕਿਹਾ ਕਿ ਭਾਰਤ ਹਰ ਉਸ ਅੱਤਵਾਦੀ ਅਤੇ ਉਨ੍ਹਾਂ ਦੇ ਸਮਰਥਕਾਂ ਦੀ ਪਛਾਣ ਕਰੇਗਾ, ਉਨ੍ਹਾਂ ਨੂੰ ਟਰੈਕ ਕਰੇਗਾ ਅਤੇ ਸਜ਼ਾ ਦੇਵੇਗਾ, ਜੋ ਪਹਿਲਗਾਮ ਵਿੱਚ ਹੋਏ ਹਮਲੇ ਲਈ ਜ਼ਿੰਮੇਵਾਰ ਸਨ। ਸਜ਼ਾ ਅਜਿਹੀ ਹੋਵੇਗੀ, ਜਿਹੜੀ ਉਨ੍ਹਾਂ ਦੀ ਕਲਪਨਾ ਤੋਂ ਪਰੇ ਹੋਵੇਗੀ। (ਮੋਦੀ ਨੇ ਇਹ ਚਿਤਾਵਨੀ ਅੰਗਰੇਜ਼ੀ ਵਿੱਚ ਦਿੱਤੀ, ਤਾਂ ਜੋ ਸਾਰੀ ਦੁਨੀਆ ਇਸ ਨੂੰ ਸਮਝ ਸਕੇ।)

ਮੋਦੀ ਨੇ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ, ‘ਅੱਜ, ਬਿਹਾਰ ਦੀ ਧਰਤੀ ਤੋਂ ਮੈਂ ਪੂਰੀ ਦੁਨੀਆ ਨੂੰ ਕਹਿੰਦਾ ਹਾਂ ਕਿ ਭਾਰਤ ਹਰ ਅੱਤਵਾਦੀ ਅਤੇ ਉਨ੍ਹਾਂ ਦੇ ਸਮਰਥਕਾਂ ਦੀ ਪਛਾਣ ਕਰੇਗਾ, ਟਰੈਕ ਕਰੇਗਾ ਅਤੇ ਸਜ਼ਾ ਦੇਵੇਗਾ। ਅਸੀਂ ਉਨ੍ਹਾਂ ਦਾ ਪਿੱਛਾ ਧਰਤੀ ਦੇ ਆਖ਼ਰੀ ਕੋਨੇ ਤੱਕ ਕਰਾਂਗੇ।’ ਪ੍ਰਧਾਨ ਮੰਤਰੀ ਨੇ ਪਹਿਲਗਾਮ ਦੇ ਬੈਸਰਨ ਮੈਦਾਨ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਆਪਣੀ ਪਹਿਲੀ ਜਨਤਕ ਟਿੱਪਣੀ ਵਿੱਚ ਕਿਹਾ, ‘ਦਹਿਸ਼ਤਗਰਦੀ ਨਾਲ ਭਾਰਤ ਦੇ ਹੌਸਲੇ ਕਦੇ ਵੀ ਨਹੀਂ ਤੋੜੇ ਜਾ ਸਕਦੇ। ਅੱਤਵਾਦ ਨੂੰ ਸਜ਼ਾ ਮਿਲ ਕੇ ਰਹੇਗੀ। ਇਨਸਾਨੀਅਤ ਵਿੱਚ ਭਰੋਸਾ ਰੱਖਣ ਵਾਲਾ ਹਰ ਕੋਈ ਸਾਡੇ ਨਾਲ ਹੈ। ਮੈਂ ਵੱਖ-ਵੱਖ ਦੇਸ਼ਾਂ ਦੇ ਲੋਕਾਂ ਅਤੇ ਉਨ੍ਹਾਂ ਨੇਤਾਵਾਂ ਦਾ ਧੰਨਵਾਦ ਕਰਦਾ ਹਾਂ, ਜੋ ਇਸ ਸਮੇਂ ਸਾਡੇ ਨਾਲ ਖੜ੍ਹੇ ਹਨ।’

ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਮੋਦੀ ਅਤੇ ਇੱਥੇ ਕੌਮੀ ਪੰਚਾਇਤੀ ਰਾਜ ਦਿਵਸ ਪ੍ਰੋਗਰਾਮ ਲਈ ਇਕੱਠੇ ਹੋਏ ਵੱਡੀ ਗਿਣਤੀ ਲੋਕਾਂ ਨੇ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਦੇ ਪੀੜਤਾਂ ਨੂੰ ਸ਼ਰਧਾਂਜਲੀ ਦੇਣ ਲਈ ਕੁਝ ਪਲਾਂ ਲਈ ਮੌਨ ਰੱਖਿਆ। ਆਪਣਾ ਭਾਸ਼ਣ ਸ਼ੁਰੂ ਕਰਨ ਤੋਂ ਪਹਿਲਾਂ ਮੋਦੀ ਨੇ ਇਕੱਠ ਨੂੰ ਪਹਿਲਗਾਮ ਵਿੱਚ ਆਪਣੀਆਂ ਜਾਨਾਂ ਗੁਆਉਣ ਵਾਲੇ ‘ਸਾਡੇ ਪਰਵਾਰਕ ਮੈਂਬਰਾਂ’ ਦੇ ਸਤਿਕਾਰ ਵਜੋਂ ਮੌਨ ਰੱਖਣ ਦੀ ਅਪੀਲ ਕੀਤੀ।

## ਸਿੰਧ ਦਾ ਪਾਣੀ ਰੋਕਣਾ ਜੰਗੀ ਕਾਰਵਾਈ : ਪਾਕਿਸਤਾਨ

### ਭਾਰਤੀ ਏਅਰਲਾਈਨਾਂ ਲਈ ਹਵਾਈ ਖੇਤਰ ਤੇ ਹਰ ਤਰ੍ਹਾਂ ਦਾ ਵਪਾਰ ਬੰਦ ਕਰਨ ਦਾ ਐਲਾਨ, ਸਿੱਖ ਸ਼ਰਧਾਲੂਆਂ ਤੋਂ ਬਿਨਾਂ ਕਿਸੇ ਨੂੰ ਵੀਜ਼ੇ ਨਹੀਂ

**ਇਸਲਾਮਾਬਾਦ** : ਪਾਕਿਸਤਾਨ ਨੇ ਵੀਰਵਾਰ ਭਾਰਤੀ ਏਅਰਲਾਈਨਾਂ ਲਈ ਆਪਣਾ ਹਵਾਈ ਖੇਤਰ ਬੰਦ ਕਰ ਦਿੱਤਾ ਅਤੇ ਵਾਹਗਾ ਸਰਹੱਦੀ ਰਸਤਾ ਬੰਦ ਕਰਦਿਆਂ ਭਾਰਤ ਨਾਲ ਸਾਰੇ ਵਪਾਰ ਨੂੰ ਵੀ ਮੁਅੱਤਲ ਕਰ ਦਿੱਤਾ। ਇਸ ਦੇ ਨਾਲ ਹੀ ਉਸ ਨੇ ਕਿਹਾ ਕਿ ਸਿੰਧ ਜਲ ਸੰਧੀ ਤਹਿਤ ਪਾਕਿਸਤਾਨ ਲਈ ਬਣਦੇ ਪਾਣੀ ਨੂੰ ਮੋੜਨ ਦੀ ਕਿਸੇ ਵੀ ਕੋਸ਼ਿਸ਼ ਨੂੰ ‘ਜੰਗੀ ਕਾਰਵਾਈ’ ਮੰਨਿਆ ਜਾਵੇਗਾ। ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਸਿੰਧ ਜਲ ਸੰਧੀ ਨੂੰ ਮੁਅੱਤਲ ਕਰਨ ਅਤੇ ਸਫਾਰਤੀ ਸੰਬੰਧਾਂ ਨੂੰ ਘਟਾਉਣ ਦੇ ਭਾਰਤ ਦੇ ਕਦਮ ਉਤੇ ਜਵਾਬ ਦੇਣ ਲਈ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਦੀ ਪ੍ਰਧਾਨਗੀ ਹੇਠ ਹੋਈ ਕੌਮੀ ਸਲਾਮਤੀ ਕਮੇਟੀ ਦੀ ਮੀਟਿੰਗ ਤੋਂ ਬਾਅਦ ਇਹ ਐਲਾਨ ਕੀਤੇ ਗਏ।

ਇਸ ਮੀਟਿੰਗ ਵਿੱਚ ਮੁਲਕ ਦੇ ਮੁੱਖ ਮੰਤਰੀਆਂ ਅਤੇ ਤਿੰਨਾਂ ਫੌਜਾਂ ਦੇ ਮੁਖੀਆਂ ਨੇ ਸ਼ਿਰਕਤ ਕੀਤੀ। ਮੀਟਿੰਗ ਤੋਂ ਬਾਅਦ ਜਾਰੀ ਕੀਤੇ ਗਏ ਇੱਕ ਬਿਆਨ ਵਿਚ ਕਿਹਾ ਗਿਆ ਹੈ, ‘ਪਾਕਿਸਤਾਨ ਦੀ ਪ੍ਰਭੂਸੱਤਾ ਅਤੇ ਇਸ ਦੇ ਲੋਕਾਂ ਦੀ ਸੁਰੱਖਿਆ ਲਈ ਕਿਸੇ ਵੀ ਖਤਰੇ ਦਾ ਟਾਕਰਾ ਕਰਨ ਲਈ ਸਾਰੇ ਖੇਤਰਾਂ ਵਿੱਚ ਸਖਤ ਜਵਾਬੀ ਉਪਾਅ ਕੀਤੇ ਜਾਣਗੇ।’ ਇਸ ਵਿੱਚ ਭਾਰਤ ਵੱਲੋਂ ਆਪਣੇ ਤੰਗ ਸਿਆਸੀ ਏਜੰਡੇ ਨੂੰ ਅੱਗੇ ਵਧਾਉਣ, ਅਜਿਹੀਆਂ ਘਟਨਾਵਾਂ ’ਤੇ ਆਪਣੇ ਪ੍ਰਤੀਕਿਰਿਆਸ਼ੀਲ ਇਲਜ਼ਾਮਤਰਾਸ਼ੀ ਵਾਲੇ ਅਤੇ ਸਨਕੀ ਢੰਗ-ਤਰੀਕਿਆਂ ਤੋਂ ਬਚਣ ਲਈ ਵੀ ਕਿਹਾ ਗਿਆ ਹੈ।

ਮੀਟਿੰਗ ਵਿੱਚ ਸਿੱਖ ਸ਼ਰਧਾਲੂਆਂ ਨੂੰ ਛੱਡ ਕੇ ਬਾਕੀ ਭਾਰਤੀਆਂ ਲਈ ਸਾਰਕ ਵੀਜ਼ਾ ਛੋਟ ਯੋਜਨਾ ਤਹਿਤ ਵੀਜ਼ੇ ਮੁਅੱਤਲ ਕਰਨ ਦਾ ਫੈਸਲਾ ਵੀ ਲਿਆ ਗਿਆ। ਫੈਸਲੇ ਮੁਤਾਬਕ ਪਾਕਿਸਤਾਨ ਨੇ ਭਾਰਤ ਨਾਲ ਸਾਰਾ ਵਪਾਰ ਮੁਅੱਤਲ ਕਰ ਦਿੱਤਾ ਹੈ, ਜਿਸ ਵਿੱਚ ਤੀਜੇ ਦੇਸ਼ਾਂ ਰਾਹੀਂ ਜਾਣ ਹੋਣ ਵਾਲਾ

• ਬਾਕੀ ਸਫਾ 2 ’ਤੇ

## ‘ਰੰਗਲਾ ਪੰਜਾਬ ਵਿਕਾਸ ਫੰਡ’ ਤਹਿਤ ਹਰੇਕ ਵਿਧਾਇਕ ਨੂੰ 5-5 ਕਰੋੜ ਮਿਲਣਗੇ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਪੰਜਾਬ ਵਜ਼ਾਰਤ ਨੇ ਵੀਰਵਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਫੈਸਲਾ ਕੀਤਾ ਕਿ ਰੰਗਲਾ ਪੰਜਾਬ ਵਿਕਾਸ ਫੰਡ ਤਹਿਤ ਸਾਰੇ 117 ਵਿਧਾਇਕਾਂ ਨੂੰ ਸਾਲਾਨਾ 5-5 ਕਰੋੜ ਰੁਪਏ ਦਿੱਤੇ ਜਾਣਗੇ। ਵਜ਼ਾਰਤ ਨੇ ਫੈਕਟਰੀਆਂ ਦੀਆਂ ਇਮਾਰਤੀ ਯੋਜਨਾਵਾਂ ਦੀ ਪ੍ਰਵਾਨਗੀ ਲਈ ਤੀਜੀ ਧਿਰ ਪ੍ਰਮਾਣੀਕਰਣ/ਸਵੈ ਪ੍ਰਮਾਣੀਕਰਣ ਨੂੰ ਵੀ ਪ੍ਰਵਾਨਗੀ ਦੇ ਦਿੱਤੀ।

ਮੁੱਖ ਮੰਤਰੀ ਦਫਤਰ ਦੇ ਬੁਲਾਰੇ ਨੇ ਦੱਸਿਆ ਕਿ ਫੈਕਟਰੀ ਐਕਟ-1948 ਦੇ ਅਨੁਸਾਰ ਕਿਸੇ ਵੀ ਫੈਕਟਰੀ ਦੇ ਬਿਲਡਿੰਗ ਪਲਾਨ ਨੂੰ ਬਿਲਡਿੰਗ ਬਾਇਲਾਅਜ਼ ਅਤੇ ਫੈਕਟਰੀ ਐਕਟ ਅਨੁਸਾਰ ਮਨਜ਼ੂਰੀ ਦਿੱਤੀ ਜਾਂਦੀ ਸੀ। ਇਸ ਪ੍ਰਕਿਰਿਆ ਕਾਰਨ ਪ੍ਰਵਾਨਗੀ ਵਿੱਚ ਬਹੁਤ ਸਾਰਾ ਸਮਾਂ, ਪੈਸਾ ਅਤੇ ਊਰਜਾ ਬਰਬਾਦ ਹੁੰਦੀ ਸੀ। ਜਦੋਂ ਕੋਈ ਫੈਕਟਰੀ ਮਿਊਂਸਪਲ ਏਰੀਆ ਤੋਂ ਬਾਹਰ ਸਥਾਪਤ ਹੁੰਦੀ ਹੈ ਤਾਂ ਕਿਰਤ ਵਿਭਾਗ ਇਨ੍ਹਾਂ ਪਲਾਨਾਂ ਨੂੰ ਪਾਸ ਕਰਦਾ ਹੈ।

ਇਸ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਮੰਤਰੀ ਮੰਡਲ ਨੇ ਤੀਜੀ ਧਿਰ ਪ੍ਰਮਾਣੀਕਰਣ/ਸਵੈ ਪ੍ਰਮਾਣੀਕਰਣ ਦੀ ਵਿਵਸਥਾ ਨੂੰ ਲਾਗੂ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ, ਜਿਸ ਅਨੁਸਾਰ ਇਮਾਰਤਾਂ ਦੇ ਨਕਸ਼ਿਆਂ ਨੂੰ ਇਮਾਰਤਾਂ ਦੇ ਉਪ-ਨਿਯਮਾਂ ਅਨੁਸਾਰ ਆਰਕੀਟੈਕਟ ਦੁਆਰਾ ਮਨਜ਼ੂਰੀ ਦਿੱਤੀ ਜਾ ਸਕਦੀ ਹੈ।

ਇਨ੍ਹਾਂ ਯੋਜਨਾਵਾਂ ਨੂੰ ਕਿਰਤ ਵਿਭਾਗ ਦੁਆਰਾ ਇਸ ਪ੍ਰਮਾਣੀਕਰਣ ਦੇ ਅਨੁਸਾਰ ਅਤੇ ਭੌਂ ਵਰਤੋਂ/ਮਾਸਟਰ ਪਲਾਨ ਦੀ ਅਨੁਕੂਲਤਾ ਦੀ ਮੁੜ-ਤਸਦੀਕ, ਗਰਾਊਂਡ ਕਵਰੇਜ, ਸੈੱਟ ਬੈਕਜ਼, ਇਮਾਰਤ ਦੀ ਸਮੁੱਚੀ ਉਚਾਈ ਅਤੇ ਉਸ ਸੜਕ ਦੀ ਚੌੜਾਈ ਜਿਸ ’ਤੇ ਸਾਈਟ ਸਥਿਤ ਹੈ, ਸੜਕ ਨੂੰ ਚੌੜਾ ਕਰਨ ਦੀ ਆਗਿਆ ਦੇਣ ਲਈ ਸਹਿਮਤੀ/ਉਦੇਸ਼ ਅਤੇ ਪਾਰਕਿੰਗ ਦੇ ਆਧਾਰ ’ਤੇ ਅੱਗੇ ਪ੍ਰਵਾਨਗੀ ਦਿੱਤੀ ਜਾਵੇਗੀ। ਫੈਕਟਰੀ ਐਕਟ ਅਨੁਸਾਰ ਯੋਜਨਾਵਾਂ ਪਹਿਲਾਂ ਵਾਂਗ ਹੀ ਪਾਸ ਕੀਤੀਆਂ ਜਾਣਗੀਆਂ ਪਰ ਇਸ ਕਦਮ ਨਾਲ ਨਿਵੇਸ਼ਕਾਂ ਨੂੰ ਸਹੂਲਤ ਮਿਲੇਗੀ ਅਤੇ ਪਲਾਨ ਨੂੰ ਮਨਜ਼ੂਰ ਕਰਨ ਦਾ ਸਮਾਂ 45 ਦਿਨਾਂ ਤੋਂ ਘਟਾ ਕੇ 30 ਦਿਨ ਕੀਤਾ ਜਾਵੇਗਾ।

## ਸਰਪੰਚਾਂ ਨੂੰ ਦੋ ਹਜ਼ਾਰ ਰੁਪਏ ਮਾਣ-ਭੱਤਾ ਦੇਵਾਂਗੇ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਮੁੱਖ ਮੰਤਰੀ ਭਗਵੰਤ ਮਾਨ ਨੇ ਵੀਰਵਾਰ ਪੰਚਾਇਤੀ ਰਾਜ ਦਿਵਸ ਮੌਕੇ ਪੰਜਾਬ ਦੇ ਸਰਪੰਚਾਂ ਦੇ ਮਾਣ ਭੱਤੇ ’ਚ ਵਾਧਾ ਕਰਨ ਦਾ ਐਲਾਨ ਕੀਤਾ।

ਸਥਾਨਕ ਟੈਗੋਰ ਥੀਏਟਰ ਵਿੱਚ ਅਗਾਂਹਵਧੂ ਪੰਚਾਇਤਾਂ ਦੇ ਸਨਮਾਨ ਮੌਕੇ ਉਨ੍ਹਾ ਕਿਹਾ ਕਿ ਨਵੇਂ ਬਣੇ ਸਰਪੰਚਾਂ ਨੂੰ ਪ੍ਰਤੀ ਮਹੀਨਾ ਦੋ ਹਜ਼ਾਰ ਰੁਪਏ ਮਾਣ ਭੱਤਾ ਦਿੱਤਾ ਜਾਵੇਗਾ। ਇਸ ਤੋਂ ਪਹਿਲਾਂ 1200 ਰੁਪਏ ਮਿਲਦਾ ਸੀ ਤੇ ਕੁਝ ਵਰ੍ਹੇ ਪਹਿਲਾਂ ਤੋਂ ਬੰਦ ਪਿਆ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਪੰਚਾਇਤਾਂ ਨੂੰ ਹੋਰ ਅਖ਼ਤਿਆਰ ਦੇਣ ਬਾਰੇ ਵੀ ਜਲਦ ਫੈਸਲਾ ਕੀਤਾ ਜਾਵੇਗਾ। ਉਨ੍ਹਾ ਸੂਬੇ ’ਚੋਂ ਪਹਿਲੇ ਸਥਾਨ ’ਤੇ ਰਹਿਣ ਵਾਲੀ ਪਿੰਡ ਬੱਲ੍ਹੋ ਦੀ ਪੰਚਾਇਤ ਤੋਂ ਇਲਾਵਾ ਪੰਚਾਇਤ ਐਡਵਾਂਸ ਇੰਡੈਕਸ ਅਧੀਨ ਸਥਾਈ ਵਿਕਾਸ ਟੀਚਿਆਂ ਦੇ 9 ਵਿਸ਼ਿਆਂ ਵਿੱਚੋਂ ਅੱਵਲ ਆਉਣ ਵਾਲੀਆਂ ਪੰਚਾਇਤਾਂ ਨੂੰ ਵੀ ਸਨਮਾਨਤ ਕੀਤਾ। ਮੁੱਖ ਮੰਤਰੀ ਨੇ ਪਹਿਲੇ ਨੰਬਰ ’ਤੇ ਆਉਣ ਵਾਲੀ ਪੰਚਾਇਤ ਦੇ ਵਿਕਾਸ ਕੰਮਾਂ ਨੂੰ ਦੇਖਣ ਲਈ ਪਿੰਡ ਬੱਲ੍ਹੋ ਵਿਖੇ 6 ਮਈ ਨੂੰ ਦੌਰਾ ਕਰਨ ਦਾ ਐਲਾਨ ਵੀ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਜੋ ਪਿੰਡ ਆਪਣੇ-ਆਪ ਨੂੰ ਨਸ਼ਾ ਮੁਕਤ ਪਿੰਡ ਐਲਾਨੇਗਾ, ਉਸ ਨੂੰ ਹੋਰ ਅਤਿ-ਆਧੁਨਿਕ ਸਹੂਲਤਾਂ ਤੋਂ ਇਲਾਵਾ ਇਕ ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਚੁੱਪ-ਚਾਪ ਬੈਠ ਕੇ ਨਸ਼ਾ ਪੀੜਤਾਂ ਦੀਆਂ ਲਾਸ਼ਾਂ ਅਤੇ ਚਿਤਾਵਾਂ ’ਤੇ ਤਸਕਰਾਂ ਨੂੰ ਵਧਦੇ-ਫੁਲਦੇ ਹੋਏ ਨਹੀਂ ਦੇਖੇਗੀ। ਇਸ ਮੌਕੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਤੇ ਹੋਰ ਮੌਜੂਦ ਸਨ।

## ਗੰਭੀਰ ਨੂੰ ਧਮਕੀ



**ਨਵੀਂ ਦਿੱਲੀ** : ਭਾਰਤੀ ਕ੍ਰਿਕਟ ਟੀਮ ਦੇ ਮੁੱਖ ਕੋਚ ਤੇ ਸਾਬਕਾ ਭਾਜਪਾ ਐੱਮ ਪੀ ਗੌਤਮ ਗੰਭੀਰ ਨੂੰ ਜਾਨੋਂ ਮਾਰਨ ਦੀ ਧਮਕੀ ਮਿਲੀ ਹੈ। ਸੂਤਰਾਂ ਨੇ ਕਿਹਾ ਕਿ ਗੰਭੀਰ ਨੂੰ ਦੋ ਧਮਕੀ ਭਰੇ ਈਮੇਲ ਮਿਲੇ ਹਨ ਤੇ ਉਨ੍ਹਾ ਦਿੱਲੀ ਦੇ ਰਾਜਿੰਦਰ ਨਗਰ ਪੁਲਸ ਥਾਣੇ ਵਿੱਚ ਇਸ ਸੰਬੰਧੀ ਸ਼ਿਕਾਇਤ ਵੀ ਦਰਜ ਕੀਤੀ ਹੈ। ਧਮਕੀ 22 ਅਪਰੈਲ ਨੂੰ ਮਿਲੀ ਤੇ ਇਸੇ ਦਿਨ ਪਹਿਲਗਾਮ ਕਾਂਡ ਹੋਇਆ।

## ਤਿੰਨ ਨਕਸਲੀ ਮਾਰੇ

**ਬੀਜਾਪੁਰ** : ਛੱਤੀਸਗੜ੍ਹ ਦੇ ਬੀਜਾਪੁਰ ਜ਼ਿਲ੍ਹੇ ਦੇ ਕਰੇਗੁਟਾ ਖੇਤਰ ਵਿੱਚ ਸੁਰੱਖਿਆ ਬਲਾਂ ਨੇ ਵੱਡੀ ਨਕਸਲ ਵਿਰੋਧੀ ਮੁਹਿੰਮ ਵਿੱਚ ਤਿੰਨ ਨਕਸਲੀ ਮਾਰ ਦਿੱਤੇ। ਨਾਰਾਇਣਪੁਰ ਵਿੱਚ ਚਾਰ ਔਰਤਾਂ ਸਮੇਤ ਪੰਜ ਨਕਸਲੀਆਂ ਦੇ ਆਤਮ-ਸਮਰਪਣ ਕਰਨ ਤੋਂ ਕੁਝ ਦਿਨ ਬਾਅਦ 21 ਅਪ੍ਰੈਲ ਨੂੰ ਮੁਹਿੰਮ ਸ਼ੁਰੂ ਕੀਤੀ ਗਈ ਸੀ।

## ਝੋਨੇ ਦੀ ਲਵਾਈ ਪਹਿਲੀ ਜੂਨ ਤੋਂ



**ਚੰਡੀਗੜ੍ਹ** : ਪੰਜਾਬ ਸਰਕਾਰ ਵੱਲੋਂ ਜਾਰੀ ਪੱਤਰ ਅਨੁਸਾਰ ਝੋਨੇ ਦੀ ਸਿੱਧੀ ਬਿਜਾਈ 15 ਮਈ ਤੋਂ ਸ਼ੁਰੂ ਹੋਵੇਗੀ, ਜਦੋਂ ਕਿ ਲਵਾਈ ਪਹਿਲੀ ਜੂਨ ਸੂਬੇ ਭਰ ’ਚ ਪੜਾਅਵਾਰ ਢੰਗ ਨਾਲ ਸ਼ੁਰੂ ਕੀਤੀ ਜਾਵੇਗੀ। ਪੱਤਰ ਮੁਤਾਬਕ ਪਹਿਲਾਂ ਫਰੀਦਕੋਟ, ਬਠਿੰਡਾ, ਫਿਰੋਜ਼ਪੁਰ, ਫਾਜ਼ਿਲਕਾ ਜ਼ਿਲ੍ਹਿਆਂ ਵਿਚ ਲਵਾਈ ਪਹਿਲੀ ਜੂਨ ਤੋਂ ਆਰੰਭ ਹੋਵੇਗੀ। ਇਸੇ ਤਰ੍ਹਾਂ 5 ਜੂਨ ਤੋਂ ਗੁਰਦਾਸਪੁਰ, ਪਠਾਨਕੋਟ, ਅੰਮ੍ਰਿਤਸਰ, ਤਰਨ ਤਾਰਨ, ਹੁਸ਼ਿਆਰਪੁਰ, ਰੂਪਨਗਰ, ਮੁਹਾਲੀ ਅਤੇ ਫਤਿਹਗੜ੍ਹ ਸਾਹਿਬ ਵਿਖੇ ਲਵਾਈ ਦੀ ਸ਼ੁਰੂਆਤ ਹੋਵੇਗੀ। ਬਾਕੀ ਰਹਿੰਦੇ ਜ਼ਿਲ੍ਹਿਆਂ ਮਾਨਸਾ, ਮੋਗਾ, ਬਰਨਾਲਾ, ਲੁਧਿਆਣਾ, ਮਾਲੇਰਕੋਟਲਾ, ਪਟਿਆਲਾ, ਸੰਗਰੂਰ, ਕਪੂਰਥਲਾ, ਜਲੰਧਰ ਅਤੇ ਸ਼ਹੀਦ ਭਗਤ ਸਿੰਘ ਨਗਰ ਵਿੱਚ 9 ਜੂਨ ਤੋਂ ਝੋਨੇ ਦੀ ਲਵਾਈ ਦਾ ਸਮਾਂ ਤੈਅ ਕੀਤਾ ਗਿਆ ਹੈ।

## ਪਾਕਿ ਹਾਈ ਕਮਿਸ਼ਨ ਨੇੜੇ ਪ੍ਰਦਰਸ਼ਨ

**ਨਵੀਂ ਦਿੱਲੀ** : ਪਹਿਲਗਾਮ ਅੱਤਵਾਦੀ ਹਮਲੇ ਦੇ ਵਿਰੋਧ ਵਿੱਚ ਵੀਰਵਾਰ 500 ਤੋਂ ਵੱਧ ਲੋਕਾਂ ਨੇ ਪਾਕਿਸਤਾਨ ਹਾਈ ਕਮਿਸ਼ਨ ਨੇੜੇ ਪ੍ਰਦਰਸ਼ਨ ਕੀਤਾ। ਪ੍ਰਦਰਸ਼ਨਕਾਰੀਆਂ ਨੇ ਗੁਆਂਢੀ ਦੇਸ਼ ਵਿਰੁੱਧ ਫੈਸਲਾਕੁੰਨ ਕਾਰਵਾਈ ਦੀ ਮੰਗ ਕੀਤੀ। ਪ੍ਰਦਰਸ਼ਨਕਾਰੀਆਂ ਨੇ ਇਹ ਵੀ ਮੰਗ ਕੀਤੀ ਕਿ ਆਉਣ ਵਾਲੀ ਅਮਰਨਾਥ ਯਾਤਰਾ ਲਈ ਜੰਮੂ-ਕਸ਼ਮੀਰ ਜਾਣ ਵਾਲੇ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਤੁਰੰਤ ਕਦਮ ਚੁੱਕੇ ਜਾਣ।

## ਪਾਕਿਸਤਾਨ ਦਾ ਖਾਤਾ ਬਲਾਕ

**ਨਵੀਂ ਦਿੱਲੀ** : ਪਹਿਲਗਾਮ ਹਮਲੇ ਮਗਰੋਂ ਪਾਕਿਸਤਾਨ ਸਰਕਾਰ ਦੇ ਅਧਿਕਾਰਤ ਐੱਕਸ ਖਾਤੇ ਨੂੰ ਭਾਰਤ ਵਿੱਚ ਬਲਾਕ (ਬੰਦ) ਕਰ ਦਿੱਤਾ ਗਿਆ ਹੈ। ਇਲੈਕਟਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਨੇ ਸੋਸ਼ਲ ਮੀਡੀਆ ਪਲੇਟਫਾਰਮ ‘ਐੱਕਸ’ ਨੂੰ ਭਾਰਤ ਵਿੱਚ ਪਾਕਿਸਤਾਨ ਸਰਕਾਰ ਦੇ ਅਧਿਕਾਰਤ ਖਾਤੇ ਨੂੰ ਬਲਾਕ ਕਰਨ ਦੀ ਬੇਨਤੀ ਕੀਤੀ ਸੀ।

## ਕਸ਼ਮੀਰੀ ਵਿਦਿਆਰਥੀਆਂ ਦੀ ਹਰਾਸਮੈਂਟ

**ਸ੍ਰੀਨਗਰ** : ਪਹਿਲਗਾਮ ਵਿੱਚ ਸੈਲਾਨੀਆਂ ਦੇ ਕਤਲੇਆਮ ਤੋਂ ਬਾਅਦ ਦੇਸ਼ ਦੇ ਕਈ ਹਿੱਸਿਆਂ ਵਿੱਚ ਕਸ਼ਮੀਰੀ ਵਿਦਿਆਰਥੀਆਂ ’ਤੇ ਹਮਲੇ ਸ਼ੁਰੂ ਕਰ ਦਿੱਤੇ ਗਏ ਹਨ। ਜੇ ਐਂਡ ਕੇ ਸਟੂਡੈਂਟਸ ਐਸੋਸੀਏਸ਼ਨ ਦੇ ਕੌਮੀ ਕਨਵੀਨਰ ਨਾਸਿਰ ਖੁਏਹਾਮੀ ਨੇ ਕਿਹਾ ਹੈ ਕਿ ਹਿੰਦੂ ਰਕਸ਼ਾ ਦਲ ਨੇ ਕਸ਼ਮੀਰੀ ਮੁਸਲਮ ਵਿਦਿਆਰਥੀਆਂ ਨੂੰ ਧਮਕੀ ਦਿੱਤੀ ਕਿ ਵੀਰਵਾਰ ਸਵੇਰੇ 10 ਵਜੇ ਤੱਕ ਦੇਹਰਾਦੂਨ ਛੱਡ ਦਿਓ। ਡੇਰਾ ਬੱਸੀ ਵਿੱਚ ਯੂਨੀਵਰਸਲ ਗਰੁੱਪ ਆਫ ਇੰਸਟੀਚਿਊਸ਼ਨਜ਼ ’ਚ ਬੁੱਧਵਾਰ ਰਾਤ ਸਥਾਨਕ ਲੋਕ ਤੇ ਹੋਰ ਵਿਦਿਆਰਥੀ ਅੱਧੀ ਰਾਤ ਨੂੰ ਹੋਸਟਲ ਵਿੱਚ ਵੜੇ ਤੇ ਤੇਜ਼ਧਾਰ ਹਥਿਆਰਾਂ ਨਾਲ ਕਸ਼ਮੀਰੀ ਵਿਦਿਆਰਥੀਆਂ ’ਤੇ ਹਮਲਾ ਕਰ ਦਿੱਤਾ।

ਪ੍ਰਯਾਗਰਾਜ ਵਿੱਚ ਮਕਾਨ ਮਾਲਕਾਂ ਨੇ ਵਿਦਿਆਰਥੀਆਂ ਨੂੰ ਨਿਕਲ ਜਾਣ ਲਈ ਕਿਹਾ ਹੈ। ਕਈ ਵਿਦਿਆਰਥੀ ਨਿਕਲ ਵੀ ਆਏ ਹਨ। ਹਿਮਾਚਲ ਦੀ ਅਰਨੀ ਯੂਨੀਵਰਸਿਟੀ ’ਚ ਕਸ਼ਮੀਰੀ ਵਿਦਿਆਰਥੀਆਂ ਨੂੰ ਆਤੰਕਵਾਦੀ ਕਹਿ ਕੇ ਉਨ੍ਹਾਂ ਦੇ ਹੋਸਟਲਾਂ ਦੇ ਦਰਵਾਜ਼ੇ ਤੋੜ ਦਿੱਤੇ ਗਏ। ਪ੍ਰਸ਼ਾਸਨ ਦੀ ਖਾਮੋਸ਼ੀ ਸਥਿਤੀ ਹੋਰ ਵਿਗਾੜ ਰਹੀ ਹੈ। ਖੁਏਹਾਮੀ ਨੇ ਕਿਹਾ ਕਿ ਉਨ੍ਹਾ ਰਾਹੁਲ ਗਾਂਧੀ ਦੇ ਦਫਤਰ ਨਾਲ ਗੱਲ ਕੀਤੀ ਤੇ ਉਨ੍ਹਾ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਰਾਹੁਲ ਗਾਂਧੀ ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਕੋਲ ਮਾਮਲਾ ਉਠਾਉਣਗੇ।

ਪੀਪਲਜ਼ ਕਾਨਫਰੰਸ ਦੇ ਮੁਖੀ ਅਤੇ ਹੰਦਵਾੜਾ ਦੇ ਵਿਧਾਇਕ ਸੱਜਾਦ ਲੋਨ ਨੇ ‘ਐੱਕਸ’ ਉੱਤੇ ਪੋਸਟ ’ਚ ਕਿਹਾ, ‘ਦੇਸ਼ ਭਰ ਵਿੱਚ ਬਹੁਤ ਸਾਰੀਆਂ ਘਟਨਾਵਾਂ ਵਾਪਰੀਆਂ ਹਨ, ਜਿੱਥੇ ਕਸ਼ਮੀਰੀ ਵਿਦਿਆਰਥੀਆਂ ਨੂੰ ਪ੍ਰੇਸ਼ਾਨ ਕੀਤਾ ਗਿਆ, ਕੁੱਟਿਆ ਗਿਆ, ਧੱਕੇਸ਼ਾਹੀ ਕੀਤੀ ਗਈ ਅਤੇ ਇੱਥੋਂ ਤੱਕ ਕਿ ਉਨ੍ਹਾਂ ਨੂੰ ਆਪਣੀਆਂ ਰਿਹਾਇਸ਼ੀ ਥਾਵਾਂ ਖਾਲੀ ਕਰਨ ਲਈ ਵੀ ਕਿਹਾ ਗਿਆ।’

ਉਨ੍ਹਾ ਕੇਂਦਰ ਸਰਕਾਰ ਨੂੰ ਕਸ਼ਮੀਰੀ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ।

ਸਾਬਕਾ ਮੁੱਖ ਮੰਤਰੀ ਮਹਿਬੂਬਾ ਮੁਫਤੀ ਨੇ ਕਿਹਾ ਕਿ ਉਨ੍ਹਾ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਗੱਲ ਕੀਤੀ। ਉਨ੍ਹਾ ਕਿਹਾ, ‘ਅਸੀਂ ਇਸ ਸੋਗ ਦੀ ਘੜੀ ਵਿੱਚ ਦੇਸ਼ ਦੇ ਨਾਲ ਖੜ੍ਹੇ ਹਾਂ।’ ਉਨ੍ਹਾ ਕਿਹਾ, ‘ਮੈਂ ਉਨ੍ਹਾ ਨੂੰ ਕੁਝ ਤੱਤਾਂ ਵੱਲੋਂ ਵੱਖ-ਵੱਖ ਰਾਜਾਂ ਵਿੱਚ ਕਸ਼ਮੀਰੀ ਵਿਦਿਆਰਥੀਆਂ ਅਤੇ ਵਪਾਰੀਆਂ ਨੂੰ ਖੁੱਲ੍ਹੇਆਮ ਧਮਕੀਆਂ ਦੇਣ ਦੇ ਮੱਦੇਨਜ਼ਰ ਦਖਲ ਦੇਣ ਦੀ ਵੀ ਬੇਨਤੀ ਕੀਤੀ। ਮੈਂ ਉਨ੍ਹਾ ਨੂੰ ਅਪੀਲ ਕੀਤੀ ਕਿ ਜਿੱਥੇ ਵੀ ਅਜਿਹੀਆਂ ਘਟਨਾਵਾਂ ਦੀ ਰਿਪੋਰਟ ਕੀਤੀ ਜਾ ਰਹੀ ਹੈ, ਉੱਥੇ ਕਸ਼ਮੀਰੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਬਿਨਾਂ ਦੇਰੀ ਦਖਲ ਦੇਣ।’

## 5500 ਹੋਮ ਗਾਰਡ ਭਰਤੀ ਹੋਣਗੇ

**ਚੰਡੀਗੜ੍ਹ (ਗੁਰਜੀਤ ਬਿੱਲਾ/ਕ੍ਰਿਸ਼ਨ ਗਰਗ)**-ਪੰਜਾਬ ਵਿੱਚ ਪੰਜ ਸੌ ਕਿਲੋਮੀਟਰ ਤੋਂ ਵੱਧ ਸਰਹੱਦ ’ਤੇ ਸੁਰੱਖਿਆ ਦੀ ਦੂਜੀ ਕਤਾਰ ਨੂੰ ਮਜ਼ਬੂਤ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਹੋਮ ਗਾਰਡਜ਼ ਦੇ ਸਰਹੱਦੀ ਵਿੰਗ ਵਿੱਚ 5500 ਜਵਾਨਾਂ ਦੀ ਭਰਤੀ ਨੂੰ ਮਨਜ਼ੂਰੀ ਦੇ ਦਿੱਤੀ ਹੈ।

ਮੁੱਖ ਮੰਤਰੀ ਨੇ ਪਹਿਲਗਾਮ ਵਿਖੇ ਹਾਲ ਹੀ ਵਿੱਚ ਹੋਏ ਅੱਤਵਾਦੀ ਹਮਲੇ ਦੇ ਮੱਦੇਨਜ਼ਰ ਸੂਬੇ ਪ੍ਰਤੀ ਦੁਸ਼ਮਣ ਤਾਕਤਾਂ ਦੇ ਨਾਪਾਕ ਮਨਸੂਬਿਆਂ ਨੂੰ ਰੋਕਣ ਲਈ ਪ੍ਰਭਾਵਸ਼ਾਲੀ ਦੂਜੀ ਰੱਖਿਆ ਲਾਈਨ ਸਥਾਪਤ ਕਰਨ ਦੀ ਜ਼ਰੂਰਤ ’ਤੇ ਜ਼ੋਰ ਦਿੱਤਾ। ਉਨ੍ਹਾ ਕਿਹਾ ਕਿ ਪੰਜਾਬ ਵਿੱਚ ਸੁਰੱਖਿਆ ਘੇਰੇ ਨੂੰ ਵਧਾਉਣ ਲਈ ਪੰਜਾਬ ਪੁਲਿਸ ਦੇ ਬਾਰਡਰ ਵਿੰਗ ਵਿੱਚ 5500 ਜਵਾਨਾਂ ਨੂੰ ਸੂਬੇ ਦੇ ਸੱਤ ਸਰਹੱਦੀ ਜ਼ਿਲ੍ਹਿਆਂ ਵਿੱਚ ਤਾਇਨਾਤ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ 5500 ਹੋਮ ਗਾਰਡ ਜਵਾਨਾਂ ਤੋਂ ਇਲਾਵਾ ਸੂਬੇ ਭਰ ਵਿੱਚ 400 ਤੋਂ ਵੱਧ ਹੋਰ ਜਵਾਨਾਂ ਦੀ ਭਰਤੀ ਕੀਤੀ ਜਾਵੇਗੀ।

ਇਨ੍ਹਾਂ ਜਵਾਨਾਂ ਨੂੰ ਸੜਕ ਸੁਰੱਖਿਆ ਫੋਰਸ (ਐੱਸ ਐੱਸ ਐੱਫ), ਸਟੇਟ ਡਿਜ਼ਾਸਟਰ ਰਿਲੀਫ ਫੋਰਸ (ਐੱਸ ਡੀ ਆਰ ਐੱਫ) ਅਤੇ ਹੋਰ ਬਲਾਂ ਵਿੱਚ ਤਾਇਨਾਤ ਕੀਤਾ ਜਾਵੇਗਾ।

## ਹਰਸਿਮਰਤ ਦੀ ਮੌਤ ਲਈ ਜ਼ਿੰਮੇਵਾਰ ਲੋਕਾਂ ਦੀ ਪਛਾਣ



**ਵੈਨਕੂਵਰ** : ਹੈਮਿਲਟਨ ਪੁਲਸ ਨੇ ਹਰਸਿਮਰਤ ਕੌਰ ਰੰਧਾਵਾ (21) ਦੇ ਕਾਤਲਾਂ ਦੀ ਪਛਾਣ ਕਰ ਲਈ ਹੈ। ਰੰਧਾਵਾ ਦੀ 17 ਅਪਰੈਲ ਨੂੰ ਓਂਟਾਰੀਓ ਵਿੱਚ ਕੰਮ ਤੋਂ ਘਰ ਜਾਂਦਿਆਂ ਦੋ ਗਰੋਹਾਂ ਦੀ ਆਪਸੀ ਗੋਲੀਬਾਰੀ ’ਚ ਗੋਲੀ ਲੱਗਣ ਕਰਕੇ ਮੌਤ ਹੋ ਗਈ ਸੀ। ਪੁਲਸ ਨੇ ਵਾਰਦਾਤ ਲਈ ਵਰਤੀਆਂ ਦੋਵੇਂ ਕਾਰਾਂ ਕਬਜ਼ੇ ਵਿੱਚ ਲੈ ਲਈਆਂ ਸਨ। ਚਿੱਟੇ ਰੰਗ ਦੀ ਹੁੰਡਈ ਅਲਾਂਟਰਾ ਅਤੇ ਕਾਲੇ ਰੰਗ ਦੀ ਮਰਸੀਡੀਜ਼ ਦੀ ਫੋਰੈਂਸਿਕ ਜਾਂਚ ਦੌਰਾਨ ਪੁਲਸ ਨੇ ਕਾਤਲਾਂ ਵਿਰੁੱਧ ਠੋਸ ਸਬੂਤ ਇਕੱਤਰ ਕੀਤੇ ਹਨ।

ਤਫ਼ਤੀਸ਼ੀ ਅਧਿਕਾਰੀ ਐਲੇਕਸ ਬੱਕ ਅਨੁਸਾਰ ਸੀ ਸੀ ਟੀ ਵੀ ਕੈਮਰਿਆਂ ’ਚੋਂ ਕਾਰਾਂ ਦੀ ਪਛਾਣ ਕਰਕੇ ਚਿੱਟੀ ਕਾਰ ਤਾਂ ਘਟਨਾ ਦੇ ਅਗਲੇ ਦਿਨ ਟੋਰਾਂਟੋ ਤੋਂ ਫੜ ਲਈ ਸੀ, ਪਰ ਕਾਲੀ ਕਾਰ ਤੀਜੇ ਦਿਨ ਹੈਮਿਲਟਨ ਤੋਂ ਫੜੀ ਗਈ। ਦੋਵਾਂ ਕਾਰਾਂ ’ਚੋਂ ਇਕੱਤਰ ਕੀਤੀ ਜਾਣਕਾਰੀ ਦੇ ਆਧਾਰ ’ਤੇ ਦੋਸ਼ੀਆਂ ਦੀ ਪਛਾਣ ਕਰ ਲਈ ਗਈ ਹੈ ਤੇ ਉਨ੍ਹਾਂ ਨੂੰ ਫੜਨ ਲਈ ਯਤਨ ਕੀਤੇ ਜਾ ਰਹੇ ਹਨ।

ਉਂਜ ਪੁਲਸ ਨੇ ਕਿਹਾ ਕਿ ਹਰਸਿਮਰਤ ਕੌਰ ਰੰਧਾਵਾ ਦੋਸ਼ੀਆਂ ਦੇ ਨਿਸ਼ਾਨੇ ’ਤੇ ਨਹੀਂ ਸੀ, ਪਰ ਉਨ੍ਹਾਂ ਦੀ ਆਪਸੀ ਗੋਲੀਬਾਰੀ ਦਾ ਸ਼ਿਕਾਰ ਬਣੀ। ਸ੍ਰੀ ਗੋਇੰਦਵਾਲ ਸਾਹਿਬ ਨੇੜਲੇ ਪਿੰਡ ਧੂੰਦਾ ਦੀ ਹਰਸਿਮਰਤ ਰੰਧਾਵਾ ਚਾਰ ਕੁ ਸਾਲ ਪਹਿਲਾਂ ਸਟੱਡੀ ਵੀਜ਼ੇ ’ਤੇ ਕੈਨੇਡਾ ਆਈ ਸੀ ਤੇ ਹੈਮਿਲਟਨ ਵਿੱਚ ਰਹਿ ਰਹੀ ਸੀ। ਘਟਨਾ ਵਾਲੇ ਦਿਨ ਉਹ ਕੰਮ ਅਤੇ ਹੋਰ ਰੁਝੇਵਿਆਂ ਤੋਂ ਵਿਹਲੀ ਹੋ ਕੇ ਅੱਪਰ ਜੇਮਜ਼ ਸਟਰੀਟ ਅਤੇ ਸਾਊਥ ਬੈਂਡ ਰੋਡ ਵਾਲੇ ਬੱਸ ਸਟਾਪ ਤੋਂ ਘਰ ਨੂੰ ਜਾਣ ਲੱਗੀ ਤਾਂ ਦੋ ਧੜਿਆਂ ਦੀ ਆਪਸੀ ਗੋਲੀਬਾਰੀ ਦਾ ਸ਼ਿਕਾਰ ਬਣ ਗਈ ਤੇ ਹਸਪਤਾਲ ਲਿਜਾਂਦੇ ਸਮੇਂ ਉਸ ਦੀ ਮੌਤ ਹੋ ਗਈ ਸੀ।

## ‘ਅਬੀਰ ਗੁਲਾਲ’ ਜੰਗੀ ਮਾਹੌਲ ਦਾ ਸ਼ਿਕਾਰ



**ਮੁੰਬਈ** : ਪਾਕਿਸਤਾਨੀ ਅਦਾਕਾਰ ਫਵਾਦ ਖਾਨ ਅਤੇ ਭਾਰਤੀ ਅਦਾਕਾਰਾ ਵਾਣੀ ਕਪੂਰ ਦੀ ਫਿਲਮ ‘ਅਬੀਰ ਗੁਲਾਲ’ ਮੁਸੀਬਤ ਵਿੱਚ ਹੈ। ਪਹਿਲਗਾਮ ਹਮਲੇ ਤੋਂ ਬਾਅਦ ਇਸ ਫਿਲਮ ’ਤੇ ਪਾਬੰਦੀ ਲਗਾਉਣ ਦੀ ਮੰਗ ਕੀਤੀ ਗਈ ਸੀ ਅਤੇ ਹੁਣ ਸੂਚਨਾ ਅਤੇ ਪ੍ਰਸਾਰਨ ਮੰਤਰਾਲੇ ਦੇ ਸੂਤਰਾਂ ਅਨੁਸਾਰ ਫਿਲਮ ਭਾਰਤ ਵਿੱਚ ਰਿਲੀਜ਼ ਨਹੀਂ ਹੋਵੇਗੀ।

ਹਮਲੇ ’ਤੇ ਫਵਾਦ ਨੇ ਸੋਸ਼ਲ ਮੀਡੀਆ ’ਤੇ ਲਿਖਿਆ ਸੀ, ‘ਪਹਿਲਗਾਮ ਵਿੱਚ ਹੋਏ ਹਮਲੇ ਦੀ ਖ਼ਬਰ ਸੁਣ ਕੇ ਮੈਨੂੰ ਬਹੁਤ ਦੁੱਖ ਹੋਇਆ ਹੈ। ਸਾਡੀਆਂ ਸੰਵੇਦਨਾਵਾਂ ਇਸ ਘਟਨਾ ਦੇ ਪੀੜਤਾਂ ਨਾਲ ਹਨ। ਅਸੀਂ ਇਸ ਮੁਸ਼ਕਲ ਸਮੇਂ ਵਿੱਚ ਉਨ੍ਹਾਂ ਦੇ ਪਰਵਾਰਾਂ ਨੂੰ ਬਲ ਬਖਸ਼ਣ ਦੀ ਪ੍ਰਾਰਥਨਾ ਕਰਦੇ ਹਾਂ।’ ਵਾਣੀ ਨੇ ਲਿਖਿਆ ਸੀ, ‘ਮੈਂ ਉਦੋਂ ਤੋਂ ਸਦਮੇ ’ਚ ਹਾਂ, ਜਦੋਂ ਤੋਂ ਮੈਂ ਪਹਿਲਗਾਮ ਵਿੱਚ ਮਾਸੂਮ ਲੋਕਾਂ ’ਤੇ ਹਮਲਾ ਹੁੰਦਾ ਦੇਖਿਆ ਹੈ। ਮੇਰੇ ਕੋਲ ਕੋਈ ਸ਼ਬਦ ਨਹੀਂ ਹੈ। ਮੈਂ ਟੁੱਟ ਗਈ ਹਾਂ। ਮੇਰੀਆਂ ਪ੍ਰਾਰਥਨਾਵਾਂ ਉਨ੍ਹਾਂ ਦੇ ਪਰਵਾਰਾਂ ਨਾਲ ਹਨ।’

## ਸਰਹੱਦ ਟੱਪ ਜਾਣ ’ਤੇ ਭਾਰਤੀ ਜਵਾਨ ਨੂੰ ਫੜ ਲਿਆ

**ਫਿਰੋਜ਼ਪੁਰ** : ਬੀ ਐੱਸ ਐੱਫ ਦੇ ਜਵਾਨ ਨੂੰ ਪਾਕਿਸਤਾਨ ਰੇਂਜਰਾਂ ਨੇ ਉਦੋਂ ਹਿਰਾਸਤ ਵਿੱਚ ਲੈ ਲਿਆ, ਜਦੋਂ ਉਹ ਗਲਤੀ ਨਾਲ ਪੰਜਾਬ ਸਰਹੱਦ ਪਾਰ ਕਰ ਕੇ ਦੂਜੇ ਪਾਸੇ ਚਲਾ ਗਿਆ। ਉਸ ਦੀ ਰਿਹਾਈ ਲਈ ਗੱਲਬਾਤ ਚੱਲ ਰਹੀ ਸੀ। 182ਵੀਂ ਬਟਾਲੀਅਨ ਦੇ ਕਾਂਸਟੇਬਲ ਪੀ ਕੇ ਸਿੰਘ ਨੂੰ ਬੁੱਧਵਾਰ ਫਿਰੋਜ਼ਪੁਰ ਸਰਹੱਦ ਪਾਰ ਕਰਨ ’ਤੇ ਪਾਕਿਸਤਾਨ ਰੇਂਜਰਾਂ ਨੇ ਫੜ ਲਿਆ। ਜਵਾਨ ਵਰਦੀ ਵਿੱਚ ਸੀ ਅਤੇ ਉਸ ਕੋਲ ਆਪਣੀ ਸਰਵਿਸ ਰਾਈਫਲ ਸੀ। ਉਸ ਵੇਲੇ ਉਹ ਕਿਸਾਨਾਂ ਦੇ ਨਾਲ ਸੀ ਤੇ ਜਦੋਂ ਛਾਂ ਵਿੱਚ ਆਰਾਮ ਕਰਨ ਲਈ ਅੱਗੇ ਵਧਿਆ ਤਾਂ ਰੇਂਜਰਾਂ ਨੇ ਉਸ ਨੂੰ ਫੜ ਲਿਆ। ਅਕਸਰ ਦੋਵਾਂ ਪਾਸਿਆਂ ਦੇ ਜਵਾਨਾਂ ਵਿਚਕਾਰ ਪਹਿਲਾਂ ਵੀ ਅਜਿਹਾ ਵਾਪਰ ਜਾਂਦਾ ਰਿਹਾ ਹੈ। ਇਹ ਘਟਨਾ ਪਹਿਲਗਾਮ ਅੱਤਵਾਦੀ ਹਮਲੇ ਦੇ ਪਿਛੋਕੜ ਵਿੱਚ ਵਾਪਰੀ ਹੈ।

## ਊਧਮਪੁਰ ’ਚ ਮੁਕਾਬਲੇ ਦੌਰਾਨ ਜਵਾਨ ਸ਼ਹੀਦ

**ਜੰਮੂ** : ਊਧਮਪੁਰ ਜ਼ਿਲ੍ਹੇ ਵਿੱਚ ਤਲਾਸ਼ੀ ਮੁਹਿੰਮ ਦੌਰਾਨ ਸੁਰੱਖਿਆ ਬਲਾਂ ਤੇ ਦਹਿਸ਼ਤਗਰਦਾਂ ਵਿਚਕਾਰ ਹੋਏ ਮੁਕਾਬਲੇ ’ਚ ਫੌਜ ਦਾ ਜਵਾਨ ਸ਼ਹੀਦ ਹੋ ਗਿਆ। ਦਹਿਸ਼ਤਗਰਦਾਂ ਦੀ ਮੌਜੂਦਗੀ ਬਾਰੇ ਸੂਚਨਾ ਮਿਲਣ ’ਤੇ ਇਲਾਕੇ ਦੀ ਘੇਰਾਬੰਦੀ ਕਰਕੇ ਤਲਾਸ਼ੀ ਮੁਹਿੰਮ ਵਿੱਢੀ ਗਈ ਸੀ ਤੇ ਇਸ ਦੌਰਾਨ ਡੂਡੂ-ਬਸੰਤਗੜ੍ਹ ਖੇਤਰ ਵਿੱਚ ਗੋਲੀਬਾਰੀ ਸ਼ੁਰੂ ਹੋ ਗਈ। ਇੱਕ ਜਵਾਨ ਬੁਰੀ ਤਰ੍ਹਾਂ ਜ਼ਖਮੀ ਹੋ ਗਿਆ ਤੇ ਡਾਕਟਰੀ ਕੋਸ਼ਿਸ਼ਾਂ ਦੇ ਬਾਵਜੂਦ ਉਸ ਦੀ ਮੌਤ ਹੋ ਗਈ।

## ਅੱਜ-ਨਾਮਾ

ਭਾਰਤ-ਪਾਕਿ ਦਾ ਜਿੱਦਾਂ ਤਨਾਅ ਵਧਿਆ,
ਫਿਕਰਾਂ ਵਿੱਚ ਦੁਪਾਸੜ ਹਨ ਲੋਕ ਮੀਆਂ।
ਬੰਦ ਸਰਹੱਦਾਂ ਦੇ ਗੇਟ ਹਨ ਕਈ ਕਰ’ਤੇ,
ਲੰਘਦੇ ਜਹਾਜ਼ ਵੀ ਦਿੱਤੇ ਆ ਰੋਕ ਮੀਆਂ।
ਵਗਦਾ ਪਾਣੀ ਵੀ ਭਾਰਤ ਕਹੇ ਰੋਕ ਦੇਣਾ,
ਫੈਸਲੇ ਇਹੋ ਜਿਹੇ ਕਈ ਹਨ ਥੋਕ ਮੀਆਂ।
ਸਰਗਰਮ ਬਾਕੀਆਂ ਤੋਂ ਵੱਧ ਮੀਡੀਆ ਵੀ,
ਦਾਅਵੇ ਲੀਡਰ ਵੀ ਰਹੇ ਕੁਝ ਠੋਕ ਮੀਆਂ।
ਜਦ ਵੀ ਇਹੋ ਜਿਹੇ ਕਦੀ ਹਾਲਾਤ ਬਣਦੇ,
ਸਾਰੇ ਈ ਲੱਗ ਜਾਣ ਦੇਣ ਬਿਆਨ ਮੀਆਂ।
ਉਹ ਵੀ ਦੂਜਿਆਂ ਤੋਂ ਵਧ ਕੇ ਜਾਏ ਬੋਲੀ,
ਗਲੀ ਜੋਗਾ ਨਹੀਂ ਜੀਹਨੂੰ ਗਿਆਨ ਮੀਆਂ।

-ਤੀਸ ਮਾਰ ਖਾਂ

## ‘ਅੱਗੇ-ਪਿੱਛੇ ਸਕਿਉਰਟੀ ਲੈ ਕੇ ਚੱਲਣ ਵਾਲਿਆਂ ਨੇ ਸਾਨੂੰ ਬਘਿਆੜਾਂ ਦੇ ਮੂੰਹ ’ਚ ਸੁੱਟਿਆ’



**ਸੂਰਤ** : ਪਹਿਲਗਾਮ ਵਿੱਚ ਦਹਿਸ਼ਤਗਰਦਾਂ ਦੀਆਂ ਗੋਲੀਆਂ ਨਾਲ ਮਾਰੇ ਗਏ ਗੁਜਰਾਤ ਦੇ ਤਿੰਨ ਲੋਕਾਂ ਵਿੱਚ ਸ਼ੈਲੇਸ਼ ਹਿੰਮਤ ਕਲਥੀਆ ਵੀ ਸੀ। ਅਮਰੇਲੀ ਜ਼ਿਲ੍ਹੇ ਦਾ ਕਲਥੀਆ ਮੁੰਬਈ ਦੇ ਅੰਧੇਰੀ ਵਿੱਚ ਸਟੇਟ ਬੈਂਕ ਆਫ ਇੰਡੀਆ ਦੀ ਬਰਾਂਚ ਵਿੱਚ ਮੈਨੇਜਰ ਸੀ। ਉਹ ਪਤਨੀ ਸ਼ੀਤਲਬੇਨ (41), ਬੇਟੇ ਤੇ ਬੇਟੀ ਨਾਲ ਕਸ਼ਮੀਰ ਘੁੰਮਣ ਗਿਆ ਸੀ। ਬੁੱਧਵਾਰ ਉਸ ਨੇ 46 ਸਾਲ ਦਾ ਹੋਣਾ ਸੀ ਤੇ ਉਸ ਦਾ ਵਿਚਾਰ ਜਨਮ ਦਿਨ ਮਨਾ ਕੇ ਪਰਤਣ ਦਾ ਸੀ, ਪਰ ਭਾਣਾ ਵਰਤ ਗਿਆ। ਸੂਰਤ ਵਿੱਚ ਵੀਰਵਾਰ ਉਸ ਦੇ ਅੰਤਮ ਸੰਸਕਾਰ ਦੌਰਾਨ ਕਾਫੀ ਲੋਕ ਇਕੱਠੇ ਹੋਏ। ਕੇਂਦਰੀ ਮੰਤਰੀ ਤੇ ਗੁਜਰਾਤ ਭਾਜਪਾ ਦੇ ਪ੍ਰਧਾਨ ਸੀ ਆਰ ਪਾਟਿਲ ਵੀ ਪਹੁੰਚੇ। ਇਸ ਦੌਰਾਨ ਸ਼ੀਤਲਬੇਨ ਆਪਣਾ ਗੁੱਸਾ ਨਾ ਰੋਕ ਸਕੀ। ਉਸ ਨੇ ਮੰਤਰੀ ਦੇ ਅੱਗੇ ਕਿਹਾ—ਉੱਥੇ ਨਾ ਫੌਜ ਸੀ, ਨਾ ਪੁਲਸ ਤੇ ਨਾ ਹੋਰ ਕੋਈ ਸਹੂਲਤ। ਜਦੋਂ ਵੀ ਆਈ ਪੀ ਜਾਂ ਵੱਡੇ ਲੀਡਰ ਦੌਰਾ ਕਰਦੇ ਹਨ ਤਾਂ ਉਨ੍ਹਾਂ ਦੇ ਅੱਗੇ-ਪਿੱਛੇ ਦਰਜਨਾਂ ਕਾਰਾਂ ਤੇ ਉੱਪਰ ਹੈਲੀਕਾਪਟਰ ਚਲਦੇ ਹਨ। ਇਸ ਲਈ ਪੈਸੇ ਕੌਣ ਦਿੰਦਾ ਹੈ? ਅਸੀਂ ਆਮ ਲੋਕ, ਟੈਕਸਦਾਤਾ। ਸਾਰੀਆਂ ਸਹੂਲਤਾਂ ਵੀ ਆਈ ਪੀ ਨੂੰ ਕਿਉਂ ਮਿਲਦੀਆਂ ਹਨ, ਸਾਨੂੰ ਕਿਉਂ ਨਹੀਂ?

ਉਸ ਨੇ ਕਿਹਾ—ਜਦ ਉੱਥੇ ਹਾਲਾਤ ਅਜਿਹੇ ਸਨ ਤਾਂ ਸਾਨੂੰ ਉੱਥੇ ਜਾਣ ਲਈ ਕਿਉਂ ਪ੍ਰੇਰਿਆ? ਸਾਨੂੰ ਖਤਰੇ ਵਾਲੇ ਇਲਾਕੇ ਵਿੱਚ ਕਿਉਂ ਜਾਣ ਦਿੱਤਾ? ਜੇ ਸਾਡੀ ਸਰਕਾਰ ਖੁਦ ਨੂੰ ਹੀ ਬਚਾਉਣਾ ਚਾਹੁੰਦੀ ਹੈ, ਸਹੂਲਤਾਂ ਖੁਦ ਹੀ ਮਾਨਣਾ ਚਾਹੁੰਦੀ ਹੈ ਤਾਂ ਠੀਕ ਹੈ, ਪਰ ਸਾਡੇ ਤੋਂ ਹੁਣ ਵੋਟਾਂ ਦੀ ਆਸ ਨਾ ਰੱਖਿਓ। ਅਸੀਂ ਇਸ ਸਰਕਾਰ ਨੂੰ ਹੁਣ ਵੋਟ ਨਹੀਂ ਪਾਉਣੀ।

ਆਪਣੇ ਪੁੱਤਰ ਵੱਲ ਹੱਥ ਵਧਾਉਂਦਿਆਂ ਸ਼ੀਤਲਬੇਨ ਨੇ ਕਿਹਾ—ਦੱਸੋ ਮੈਨੂੰ, ਇਨ੍ਹਾਂ ਬੱਚਿਆਂ ਦਾ ਹੁਣ ਕੀ ਭਵਿੱਖ ਰਹਿ ਗਿਆ? ਮੈਂ ਪੁੱਤਰ ਨੂੰ ਇੰਜੀਨੀਅਰ ਤੇ ਧੀ ਨੂੰ ਡਾਕਟਰ ਬਣਾਉਣ ਦੇ ਸੁਪਨੇ ਸੰਜੋਏ ਸਨ। ਇਨ੍ਹਾਂ ਨੂੰ ਪੂਰੇ ਕਿਵੇਂ ਕਰਾਂਗੀ? ਏਨੇ ਸਾਲ ਅਸੀਂ ਟੈਕਸ ਭਰੇ। ਮੇਰੇ ਪਤੀ ਨੇ ਸਖਤ ਮਿਹਨਤ ਕੀਤੀ, ਇਸ ਦੇਸ਼ ਦੀ ਸੇਵਾ ਕੀਤੀ ਅਤੇ ਤੁਸੀਂ ਉਸ ਦੀ ਤਨਖਾਹ ਵਿੱਚੋਂ ਟੈਕਸ ਕੱਟੇ। ਜਦੋਂ ਅਸੀਂ ਸੈਲਾਨੀਆਂ ਵਜੋਂ ਉੱਥੇ ਗਏ ਤਾਂ ਉੱਥੇ ਵੀ ਟੈਕਸ ਦਿੱਤੇ। ਤੁਸੀਂ ਸਾਡੇ ਤੋਂ ਸਭ ਕੁਝ ਲੈ ਲਿਆ, ਪਰ ਜਦੋਂ ਮਦਦ ਦੀ ਲੋੜ ਪਈ ਤਾਂ ਉੱਥੇ ਨਾ ਕੋਈ ਸਹੂਲਤ ਸੀ ਤੇ ਮਦਦ। ਮੈਂ ਇਨਸਾਫ ਚਾਹੁੰਦੀ ਹਾਂ। ਸਿਰਫ ਆਪਣੇ ਲਈ ਨਹੀਂ, ਸਗੋਂ ਆਪਣੇ ਬੱਚਿਆਂ ਦੇ ਭਵਿੱਖ ਲਈ। ਜਦੋਂ ਮੰਤਰੀ ਪਾਟਿਲ ਨੇ ਮਦਦ ਦਾ ਭਰੋਸਾ ਦਿੱਤਾ ਤਾਂ ਸ਼ੀਤਲਬੇਨ ਨੇ ਫਿਰ ਕਿਹਾ—ਸਰਕਾਰ ਵਾਲੇ ਬਹੁਤ ਕੁਝ ਕਹਿੰਦੇ ਹਨ। ਅਸੀਂ ਇਹ ਕਰਾਂਗੇ, ਉਹ ਕਰਾਂਗੇ, ਪਰ ਉੱਥੇ ਕਿਸੇ ਨੇ ਨਹੀਂ ਦੇਖਿਆ ਕਿ ਹਸਪਤਾਲ ਵਿੱਚ ਜ਼ਖਮੀਆਂ ਦਾ ਇਲਾਜ ਹੋ ਰਿਹਾ ਹੈ ਕਿ ਨਹੀਂ। ਅਗਲੇ ਦਿਨ ਕਰਫਿਊ ਵਰਗੇ ਹਾਲਾਤ ਬਣਾ ਦਿੱਤੇ। ਸੜਕਾਂ ਰੋਕ ਦਿੱਤੀਆਂ। ਹਰ ਗਲੀ ਵਿੱਚ ਸੌ-ਦੋ ਸੌ ਫੌਜੀਆਂ ਨਜ਼ਰ ਆ ਰਹੇ ਸਨ, ਪਰ ਜਦੋਂ ਬੇਗੁਨਾਹਾਂ ਦਾ ਖ਼ੂਨ ਡੁੱਲ੍ਹ ਰਿਹਾ ਸੀ ਤਾਂ ਨਜ਼ਰ ਨਹੀਂ ਆਏ।

## ਮੋਦੀ ਤੇ ਸ਼ਾਹ ਹੁਣ ਤੱਕ ਝੂਠੇ ਦਾਅਵੇ ਕਰਦੇ ਰਹੇ : ਸ਼ਿਵ ਸੈਨਾ (ਠਾਕਰੇ)

**ਮੁੰਬਈ** : ਸ਼ਿਵ ਸੈਨਾ (ਊਧਵ ਬਾਲਾਸਾਹਿਬ ਠਾਕਰੇ) ਨੇ ਵੀਰਵਾਰ ਕਿਹਾ ਕਿ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਸੈਲਾਨੀਆਂ ’ਤੇ ਹਮਲਾ ਇੰਟੈਲੀਜੈਂਸ ਦੀ ਨਾਕਾਮੀ ਦਾ ਨਤੀਜਾ ਸੀ। ਮਹਿਜ਼ ਪਾਕਿਸਤਾਨ ਨੂੰ ਧਮਕਾਉਣ ਨਾਲ ਕੇਂਦਰ ਸ਼ਾਸਤ ਪ੍ਰਦੇਸ਼ ਜੰਮੂ-ਕਸ਼ਮੀਰ ਨੂੰ ਦਰਪੇਸ਼ ਮਸਲੇ ਦਾ ਹੱਲ ਨਹੀਂ ਨਿਕਲਣਾ।

ਊਧਵ ਠਾਕਰੇ ਦੀ ਅਗਵਾਈ ਵਾਲੀ ਪਾਰਟੀ ਨੇ ਆਪਣੇ ਪਰਚੇ ‘ਸਾਮਨਾ’ ਦੀ ਸੰਪਾਦਕੀ ਵਿੱਚ ਤਿੱਖੇ ਸ਼ਬਦਾਂ ਵਿਚ ਕਿਹਾ ਕਿ ਧਾਰਾ 370, ਜਿਸ ਤਹਿਤ ਜੰਮੂ-ਕਸ਼ਮੀਰ ਨੂੰ ਵਿਸ਼ੇਸ਼ ਰਾਜ ਦਾ ਦਰਜਾ ਹਾਸਲ ਸੀ, ਮਨਸੂਖ ਕੀਤੇ ਜਾਣ ਨਾਲ ਕਸ਼ਮੀਰ ਵਾਦੀ ਵਿਚ ਹਿੰਸਾ ਦਾ ਭੋਗ ਨਹੀਂ ਪਿਆ, ਜਿੱਥੇ ਹਿੰਦੂਆਂ ਨੂੰ ਅਜੇ ਵੀ ਨਿਸ਼ਾਨਾ ਬਣਾਇਆ ਜਾ ਰਿਹਾ ਹੈ।

ਸ਼ਿਵ ਸੈਨਾ (ਯੂ ਬੀ ਟੀ) ਨੇ ਆਪਣੇ ਸਾਬਕਾ ਭਾਈਵਾਲ ’ਤੇ ਹਮਲਾ ਕਰਦਿਆਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਨੇ ਸਾਲ 2019 ਵਿੱਚ ਸੰਵਿਧਾਨ ਦੀ ਵਿਵਾਦਤ ਵਿਵਸਥਾ ਨੂੰ ਰੱਦ ਕਰਨ ਮਗਰੋਂ ‘ਸਿਆਸੀ ਤਿਉਹਾਰ’ ਮਨਾਇਆ ਸੀ। ਸੰਪਾਦਕੀ ਵਿੱਚ ਦਾਅਵਾ ਕੀਤਾ ਗਿਆ ਹੈ ਕਿ 5 ਅਗਸਤ 2019 ਮਗਰੋਂ ਹੁਣ ਤੱਕ ਜੰਮੂ-ਕਸ਼ਮੀਰ ’ਚ 197 ਜਵਾਨ, 135 ਆਮ ਨਾਗਰਿਕ ਤੇ 700 ਦਹਿਸ਼ਤਗਰਦ ਮਾਰੇ ਜਾ ਚੁੱਕੇ ਹਨ। ਮਰਾਠੀ ਰੋਜ਼ਨਾਮਚੇ ਨੇ ਪੁੱਛਿਆ ਕਿ ਖੁਦ ਨੂੰ ‘ਜੇਮਸ ਬਾਂਡ’ ਦੱਸਣ ਵਾਲੇ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਕਿੱਥੇ ਸਨ? ਸੰਪਾਦਕੀ ਵਿਚ ਕਿਹਾ ਗਿਆ ਹੈ, ‘2019 ਪੁਲਵਾਮਾ ਹਮਲੇ ਮਗਰੋਂ ਪਹਿਲਗਾਮ ਹਮਲਾ ਇੰਟੈਲੀਜੈਂਸ ਦੀ ਨਾਕਾਮੀ ਸੀ। ਭਾਜਪਾ ਨੇ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਤੋਂ ਉਨ੍ਹਾ ਦੇ ਰਾਜ ਵਿੱਚ ਹਿੰਦੂਆਂ ਵਿਰੁੱਧ ਹਿੰਸਾ ਲਈ

• ਬਾਕੀ ਸਫਾ 2 ’ਤੇ

25-APRIL-PAGE-1.qxd 4/24/2025 10:33 PM Page 2



## ਆਲ ਇੰਡੀਆ ਹਿਊਮਨ ਰਾਈਟਸ ਐਸੋਸੀਏਸ਼ਨ ਵੱਲੋਂ ਪੈਨਸ਼ਨ ਵੰਡ ਸਮਾਰੋਹ



**ਜਗਰਾਉਂ (ਅਮਿਤ ਖੰਨਾ)**-ਆਲ ਇੰਡੀਆ ਹਿਊਮਨ ਰਾਈਟਸ ਐਸੋਸੀਏਸ਼ਨ ਜਗਰਾਉਂ ਵੱਲੋਂ ਸਥਾਨਕ ਗੁਰਦੁਆਰਾ ਭਜਨਗੜ੍ਹ ਸਾਹਿਬ ਵਿਖੇ 182ਵਾਂ ਪੈਨਸ਼ਨ ਵੰਡ ਸਮਾਰੋਹ ਕਰਵਾਇਆ ਗਿਆ, ਜਿਸ 'ਚ ਮੁੱਖ ਮਹਿਮਾਨ ਸ. ਮੇਜਰ ਸਿੰਘ ਛੀਨਾ, ਜਦੋਂਕਿ ਗੈਸਟ ਆਫ ਆਨਰ ਯੋਧਾ ਸਿੰਘ ਸਨ। ਸਵਰਗੀ ਪ੍ਰੇਮ ਲਾਲ ਹਾਂਡਾ ਰਿਟਾਇਰ ਡਿਪਟੀ ਡਾਇਰੈਕਟਰ ਦੀ ਯਾਦ ਵਿੱਚ ਉਨ੍ਹਾਂ ਦੇ ਬੇਟੇ ਸੰਜੀਵ ਹਾਂਡਾ ਯੂ ਕੇ ਨੇ 25 ਬੇਸਹਾਰਾ ਲੋੜਵੰਦ ਬਜ਼ੁਰਗਾਂ ਨੂੰ ਪੈਨਸ਼ਨ ਭੇਜੀ, ਮੇਜਰ ਸਿੰਘ ਛੀਨਾ ਨੇ ਇਨ੍ਹਾਂ ਬਜ਼ੁਰਗਾਂ ਨੂੰ ਆਟੇ ਦੀਆਂ ਥੈਲੀਆਂ ਵੰਡ ਕੇ ਆਪਣੇ ਪਰਿਵਾਰ ਲਈ ਬਜ਼ੁਰਗਾਂ ਦਾ ਆਸ਼ੀਰਵਾਦ ਲਿਆ। ਪ੍ਰਧਾਨ ਮਨਜਿੰਦਰ ਪਾਲ ਸਿੰਘ ਹਨੀ, ਸੈਕਟਰੀ ਵਾਇਨਾਸ ਰਾਜਨ ਬਾਂਸਲ, ਪੈਟਰਨ ਵਿਨੋਦ ਬਾਂਸਲ, ਪੈਟਰਨ ਬੀ ਕੇ ਗੋਇਲ, ਵਾਇਸ ਪ੍ਰਧਾਨ ਪ੍ਰੋਜੈਕਟ ਕਰਮ ਸਿੰਘ ਸੰਧੂ, ਜੁਆਇੰਟ ਸੈਕਟਰੀ ਜਸਪਾਲ ਸਿੰਘ, ਜੁਆਇੰਟ ਸੈਕਟਰੀ ਰਜਨੀਸ਼ ਪਾਲ ਸਿੰਘ, ਵਿੱਕੀ ਅਲੈਕਸ ਪ੍ਰੋਜੈਕਟ ਡਾਇਰੈਕਟਰ ਸੈਕਟਰੀ ਰਾਕੇਸ਼ ਮੈਣੀ, ਪਬਲਿਕ ਸਿਟੀ ਅਫਸਰ ਦੀਪਕ ਸੇਠੀ ਨੇ ਆਏ ਹੋਏ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਚੇਅਰਮੈਨ ਭੁੱਟਰ ਨੇ ਮੰਡੀ 'ਚ ਕਿਸਾਨਾਂ ਦੀਆਂ ਮੁਸ਼ਕਲਾਂ ਸੁਣੀਆਂ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪਿੰਡ ਮਾਛੀਕੇ ਦੀ ਮੰਡੀ ਵਿੱਚ ਪ੍ਰੈੱਸ ਕੇ ਚੇਅਰਮੈਨ ਪਰਮਜੀਤ ਭੁੱਟਰ ਮਾਰਕੀਟ ਕਮੇਟੀ ਬੱਧਨੀ ਕਲਾਂ ਨੇ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਸਮੇਂ ਮਨਜੀਤ ਸਿੰਘ ਸੈਕਟਰੀ, ਜਗਰਾਜ ਸਿੰਘ ਮੰਡੀ ਸੁਪਰਵਾਈਜ਼ਰ, ਜੀਵਨ ਸਿੰਘ ਸੋਢੇਕੇ ਬਲਾਕ ਪ੍ਰਧਾਨ, ਸਰਪੰਚ ਗੁਰਵਿੰਦਰ ਸਿੰਘ ਰਾਮੂੰਵਾਲਾ ਬਲਾਕ ਪ੍ਰਧਾਨ, ਸਰਪੰਚ ਪਵਨ ਗਿੱਲ ਨਵਾਂ ਰਾਮੂੰਵਾਲਾ, ਬਲਾਕ ਪ੍ਰਧਾਨ ਡਾਕਟਰ ਬੱਬੂ ਮਾਛੀਕੇ, ਹਰਦੀਪ ਸਿੰਘ ਸੰਧੂ ਆੜ੍ਹਤੀਆ, ਮਾਸਟਰ ਸੁਖਪ੍ਰੀਤ ਧਾਲੀਵਾਲ ਆੜ੍ਹਤੀਆ, ਹਾਕਮ ਸਿੰਘ ਨਵਾਂ ਮਾਛੀਕੇ, ਬੂਟਾ ਧਾਲੀਵਾਲ ਸੁਸਾਇਟੀ ਪ੍ਰਧਾਨ, ਪਰਮਿੰਦਰ ਸਿੰਘ ਕਾਲਾ ਵੜਿੰਗ ਪੰਚ, ਮੰਗਲ ਸਿੰਘ ਪੰਚ, ਬਲਤੇਜ ਸਿੰਘ ਆਪ, ਆਗੂ ਗੁਰਪ੍ਰੀਤ ਸਿੰਘ ਆਪ ਆਗੂ, ਮੰਦਰ ਨਵਾਂ ਮਾਛੀਕੇ, ਨਿਰਭੈ ਨਵਾਂ ਮਾਛੀਕੇ, ਕਾਲਾ ਸੇਖੋਂ ਤੇ ਕਿਸਾਨ ਮਜ਼ਦੂਰ ਹਾਜ਼ਰ ਸਨ।

## ਮਾਮਲਾ ਬਾਘਾ ਪੁਰਾਣਾ ਹਲਕੇ 'ਚ ਵੱਡੀ ਪੱਧਰ 'ਤੇ ਕਣਕ ਸੜਨ ਦਾ

# ਸਰਕਾਰ ਪੀੜਤ ਕਿਸਾਨਾਂ ਨੂੰ ਇੱਕ ਲੱਖ ਪ੍ਰਤੀ ਏਕੜ ਮੁਆਵਜ਼ਾ ਦੇਵੇ : ਤੀਰਥ ਮਾਹਲਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਤੇ ਪਾਰਟੀ ਦੇ ਜਨਰਲ ਸਕੱਤਰ ਜਥੇਦਾਰ ਤੀਰਥ ਸਿੰਘ ਮਾਹਲਾ ਨੇ ਬਾਘਾ ਪੁਰਾਣਾ ਵਿਖੇ ਪ੍ਰੈੱਸ ਕਾਨਫਰੰਸ ਕਰ ਕੇ ਜਿਨ੍ਹਾਂ ਕਿਸਾਨਾਂ ਦੀ ਅੱਗ ਲੱਗਣ ਕਾਰਨ ਫਸਲ ਬਿਲਕੁੱਲ ਤਬਾਹ ਹੋ ਗਈ ਹੈ ਅਤੇ ਉਨ੍ਹਾਂ ਘਰਾਂ ਵਿੱਚ ਖਾਣ ਜੋਗੇ ਦਾਣੇ ਵੀ ਨਹੀਂ ਬਚੇ ਅਤੇ ਨਾ ਹੀ ਪਸ਼ੂਆਂ ਵਾਸਤੇ ਤੂੜੀ ਤੰਦ ਬਾਕੀ ਬਚਿਆ ਹੈ, ਦੇ ਹੱਕ ਦੀ ਗੱਲ ਕਰਦਿਆਂ ਉਨ੍ਹਾਂ ਪੰਜਾਬ ਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਮੌਜੂਦਾ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੀੜਤ ਕਿਸਾਨਾਂ ਨੂੰ ਪ੍ਰਤੀ ਏਕੜ 1 ਲੱਖ ਰੁਪਏ ਮੁਆਵਜ਼ਾ ਦਿੱਤਾ ਜਾਵੇ ਤਾਂ ਜੋ ਉਨ੍ਹਾਂ ਦਾ ਜੋ ਵਿੱਤੀ ਨੁਕਸਾਨ ਹੋਇਆ ਹੈ, ਉਹ ਪੂਰਾ ਹੋ ਸਕੇ।

ਜਥੇ: ਮਾਹਲਾ ਨੇ ਦੱਸਿਆ ਕਿ ਹਲਕਾ ਬਾਘਾ ਪੁਰਾਣਾ ਵਿੱਚ ਕਰੀਬ 70 ਤੋਂ 80 ਏਕੜ ਦੇ ਕਰੀਬ ਕਣਕ ਸੜ ਕੇ ਸੁਆਹ ਹੋਈ ਹੈ, ਜਿਸ ਦੌਰਾਨ ਪੀੜਤ ਕਿਸਾਨਾਂ ਦੇ ਕੋਲ ਖਾਣ ਦੇ ਲਈ ਦਾਣਾ ਤੱਕ ਬਾਕੀ ਨਹੀਂ ਬਚਿਆ, ਤੂੜੀ ਤੰਦ ਤਾਂ ਦੂਰ ਦੀ ਗੱਲ। ਉਨ੍ਹਾਂ ਕਿਹਾ ਕਿ ਬਾਘਾ ਪੁਰਾਣਾ ਹਲਕੇ ਦੇ ਪਿੰਡ ਮਾੜੀ ਮੁਸਤਫਾ, ਨੱਥੂਵਾਲਾ, ਭਲੂਰ, ਬਾਘਾ ਪੁਰਾਣਾ, ਨਾਥੇਵਾਲਾ ਸਮੇਤ ਹੋਰ ਕਈ ਪਿੰਡਾਂ ਦੇ ਕਿਸਾਨ ਅੱਗ ਦੀ ਮਾਰ ਵਿੱਚ ਆਏ ਹਨ। ਉਨ੍ਹਾਂ ਦੱਸਿਆ ਕਿ ਉਕਤ ਪਿੰਡਾਂ ਦੇ ਕਿਸਾਨਾਂ ਵਿੱਚੋਂ ਬਹੁਤ ਜ਼ਿਆਦਾ ਕਿਸਾਨ ਉਹ ਹਨ, ਜਿਨ੍ਹਾਂ ਨੇ ਠੇਕੇ 'ਤੇ ਪੈਲੀ ਲੈ ਕੇ ਕਣਕ ਬੀਜੀ ਹੋਈ ਸੀ ਅਤੇ ਉਹ ਆਪਣਾ ਠੇਕਾ ਵੀ ਦੇ ਚੁੱਕੇ ਹਨ। ਉਨ੍ਹਾ ਕਿਹਾ ਕਿ ਸਰਕਾਰ ਨੂੰ ਪੀੜਤ ਕਿਸਾਨਾਂ ਦੇ ਨਾਲ ਖੜ੍ਹਨਾ ਚਾਹੀਦਾ ਹੈ, ਜਦਕਿ ਹੁਣ ਤੱਕ ਕਿਸੇ ਵੀ ਸਰਕਾਰ ਦੇ ਨੁਮਾਇੰਦੇ ਜਾਂ ਪ੍ਰਸ਼ਾਸਨਕ ਅਧਿਕਾਰੀ ਨੇ ਅੱਜ ਤੱਕ ਪੀੜਤ ਕਿਸਾਨਾਂ ਦੀ ਸਾਰ ਨਹੀਂ ਲਈ, ਜਦਕਿ ਜਦੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਿਰੋਧੀ ਧਿਰ ਵਿੱਚ ਹੁੰਦੇ ਸਨ ਤਾਂ ਕਹਿੰਦੇ ਹੁੰਦੇ ਸੀ, ਜਦ ਸੂਬੇ ਵਿੱਚ ਸਾਡੀ ਸਰਕਾਰ ਆਈ ਤਾਂ ਉਸ ਸਮੇਂ ਮਰੀਆਂ ਮੁਰਗੀਆਂ ਦੇ ਮੁਆਵਜ਼ੇ ਵੀ ਮਿਲਿਆ ਕਰਨਗੇ, ਪਰ ਹੁਣ ਜਿਸ ਤਰ੍ਹਾਂ ਆਏ ਦਿਨ ਕਿਸਾਨਾਂ ਦੀ ਫਸਲ ਅੱਗ ਦੀ ਲਪੇਟ ਵਿੱਚ ਆ ਕੇ ਰਾਖ ਹੋ ਰਹੀ ਹੈ ਤਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਿਤੇ ਵੀ ਦਿਖਾਈ ਨਹੀਂ ਦੇ ਰਹੇ। ਇਕ ਵਾਰ ਤਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਦੋਂ ਸੱਤਾ ਵਿੱਚ ਨਹੀਂ ਸਨ ਤਾਂ ਇੱਕ ਨਿੰਮ ਦੀ ਟਾਹਣੀ ਕੱਟ ਕੇ ਅੱਗ ਬੁਝਾਉਂਦੇ ਨਜ਼ਰ ਆ ਰਹੇ ਸਨ, ਪਰ ਹੁਣ ਕਿਤੇ ਵੀ ਦਿਖਾਈ ਨਹੀਂ ਦੇ ਰਹੇ ਅਤੇ ਅੱਜ ਤੱਕ ਕੋਈ ਵੀ ਕਿਸਾਨਾਂ ਦੇ ਹੱਕ ਵਿੱਚ ਕੋਈ ਬਿਆਨ ਨਹੀਂ ਆਇਆ। ਇਸ ਮੌਕੇ ਯੂਥ ਆਗੂ ਸੁਖਜੀਤ ਸਿੰਘ ਮਾਹਲਾ, ਯੂਥ ਆਗੂ ਪਵਨ ਗੋਇਲ, ਸਾਬਕਾ ਐੱਸ ਸੀ ਚਨਪ੍ਰੀਤ ਸਿੰਘ, ਕਾਲਾ ਰਾਜਿਆਣਾ, ਰਣਜੀਤ ਝੀਤੇ, ਸਾਬਕਾ ਚੇਅਰਮੈਨ ਹਰਮੇਲ ਸਿੰਘ ਮੌੜ, ਸ਼ਹਿਰੀ ਪ੍ਰਧਾਨ ਪਵਨ ਢੰਡ, ਹਰਜੋਤ ਸਿੰਘ ਡੇਮਰੂ, ਸੰਜੀਵ ਬਿੱਟੂ ਰੋਡੇ, ਹਰਜਿੰਦਰ ਰੋਡੇ, ਹਰਜੀਤ ਸਿੰਘ ਸਰਕਲ ਪ੍ਰਧਾਨ, ਗੁਰਜੀਤ ਸਿੰਘ ਕੋਟਲਾ, ਨੰਬਰਦਾਰ ਇਕੱਤਰ ਸਿੰਘ ਤੇ ਹੋਰ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਦੀ ਸਮੁੱਚੀ ਲੀਡਰਸ਼ਿਪ ਜਥੇਦਾਰ ਮਾਹਲਾ ਨਾਲ ਖੜ੍ਹੀ : ਅਕਾਲੀ ਆਗੂ

■ ਪੰਜਾਬ ਦਾ ਭਲਾ ਖ਼ੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਹੀ ਕਰ ਸਕਦਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਦੇ ਨਵ-ਨਿਯੁਕਤ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਜਦੋਂ ਮੋਗਾ ਜ਼ਿਲ੍ਹੇ ਵਿੱਚ ਸਭ ਤੋਂ ਕਰੀਬੀ ਸਾਥੀਆਂ ਦੀ ਗੱਲ ਤੁਰਦੀ ਹੈ ਤਾਂ ਲੋਕਾਂ ਸਮਾਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਰਹੇ ਤੇ ਹੁਣ ਜਨਰਲ ਸਕੱਤਰ ਜਥੇਦਾਰ ਤੀਰਥ ਸਿੰਘ ਮਾਹਲਾ ਦਾ ਨਾਮ ਆਪ ਮੁਹਾਰੇ ਲੋਕਾਂ ਦੀ ਜ਼ੁਬਾਨ 'ਤੇ ਆ ਜਾਂਦਾ ਹੈ।ਹਰ ਔਖੇ ਵੇਲੇ ਚਟਾਨ ਦੀ ਤਰ੍ਹਾਂ ਪਾਰਟੀ ਨਾਲ ਅਡੋਲ ਖੜ੍ਹੇ ਰਹੇ ਜਥੇਦਾਰ ਮਾਹਲਾ ਨੇ ਮੋਗਾ ਜ਼ਿਲ੍ਹੇ ਦੇ ਡੈਲੀਗੇਟਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਹੱਕ ਵਿੱਚ ਭੁਗਤਾਉਣ ਹਿੱਤ ਪੂਰਾ ਜ਼ੋਰ ਲਗਾਇਆ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਯੂਥ ਆਗੂ ਪਵਨ ਗੋਇਲ, ਯੂਥ ਆਗੂ ਰਣਜੀਤ ਸਿੰਘ ਝੀਤੇ, ਐੱਸ.ਓ.ਆਈ. ਦੇ ਪ੍ਰਧਾਨ ਗੁਰਦਿੱਤ ਸਿੰਘ ਢਿੱਲੋਂ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤਰਲੋਚਨ ਸਿੰਘ ਬਰਾੜ, ਪ੍ਰਧਾਨ ਰਾਮ ਬਾਂਸਲ ਐਡਵੋਕੇਟ ਤੇ ਜਗਸੀਰ ਸਿੰਘ ਸਿੱਧੂ ਸੀਤੂ ਨੇ ਆਖਿਆ ਕਿ ਜ਼ਿਲ੍ਹੇ ਦੀ ਸਮੁੱਚੀ ਲੀਡਰਸ਼ਿਪ ਜਥੇਦਾਰ ਤੀਰਥ ਸਿੰਘ ਮਾਹਲਾ ਦੇ ਨਾਲ ਚੱਟਾਨ ਦੀ ਤਰ੍ਹਾਂ ਖੜ੍ਹੀ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਭਰ ਵਿੱਚ ਸੁਖਬੀਰ ਸਿੰਘ ਬਾਦਲ ਦੇ ਮੁੜ ਪ੍ਰਧਾਨ ਬਣਨ ਨਾਲ ਪਾਰਟੀ ਵਰਕਰਾਂ ਵਿੱਚ ਖ਼ੁਸ਼ੀ ਦੀ ਲਹਿਰ ਹੈ। ਉਨ੍ਹਾਂ ਕਿਹਾ ਕਿ ਅਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਵਾਢੀ ਦੇ ਸੀਜ਼ਨ ਮਗਰੋਂ ਵਿੱਢੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਸਮਝ ਚੁੱਕੇ ਹਨ ਕਿ ਪੰਜਾਬ ਦਾ ਭਲਾ ਖ਼ੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਹੀ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਕਰ ਸਕਦੀ ਹੈ।ਅਖੀਰ ਵਿੱਚ ਉਕਤ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਲੋਕਾਂ ਦਾ ਮੋਹ ਭੰਗ ਹੋ ਗਿਆ ਹੈ ਤੇ ਉਹ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਸੂਬੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਉਣ ਲਈ ਕਾਹਲੇ ਪਏ ਹੋਏ ਹਨ।

## ਮਿਡ ਡੇ ਮੀਲ ਕੁੱਕ ਯੂਨੀਅਨ ਵੱਲੋਂ ਰੋਸ ਮਾਰਚ 27 ਨੂੰ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਦੇ 44500 ਮਿਡ ਡੇ ਮੀਲ ਕੁੱਕਾਂ ਦੀਆਂ ਮੰਗਾਂ ਨੂੰ ਲਗਾਤਾਰ ਅਣਗੌਲਿਆ ਕਰ ਰਹੀ ਪੰਜਾਬ ਸਰਕਾਰ ਦੇ ਉਦਾਸੀਨ ਰਵੱਈਏ ਤੋਂ ਨਰਾਜ਼ ਹੋ ਕੇ ਕੁੱਕਵਰਕਰਾਂ ਨੇ ਸੁੱਤੀ ਪੰਜਾਬ ਸਰਕਾਰ ਨੂੰ ਜਗਾਉਣ ਲਈ ਮਿਡ ਡੇ ਮੀਲ ਕੁੱਕ ਯੂਨੀਅਨ ਦੇ ਸੈਂਕੜੇ ਵਰਕਰ ਜ਼ਿਲ੍ਹਾ ਪੱਧਰੀ 'ਬਾਗੀ ਨਰਕ, ਸੁੱਤੀ ਸਰਕਾਰ ਜਗਾਓ' ਰੋਸ ਮਾਰਚ ਕਰਨਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਿਡ ਡੇ ਮੀਲ ਕੁੱਕ ਯੂਨੀਅਨ ਦੇ ਸੂਬਾ ਪ੍ਰਧਾਨ ਕਰਮ ਚੰਦ ਚੰਡਾਲੀਆ ਨੇ ਕੀਤਾ। ਉਨ੍ਹਾਂ ਦੱਸਿਆ ਕਿ 27 ਅਪ੍ਰੈਲ ਨੂੰ ਮੋਗਾ ਵਿਖੇ ਨੇਚਰ ਪਾਰਕ ਵਿਖੇ ਹਜ਼ਾਰਾਂ ਦੀ ਗਿਣਤੀ ਵਿੱਚ ਮਿਡ ਡੇ ਮੀਲ ਕੁੱਕ ਯੂਨੀਅਨ ਦੇ ਕਾਰਕੁਨ ਇਕੱਠੇ ਹੋ ਕੇ ਮੋਗਾ ਦੇ ਮੁੱਖ ਬਾਜ਼ਾਰਾਂ ਵਿੱਚ ਰੋਸ ਮਾਰਚ ਕਰਨਗੇ। ਉਰਪੰਤ ਜੀ ਟੀ ਰੋਡ ਮੁੱਖ ਚੌਂਕ ਵਿੱਚ ਇਹ ਮਾਰਚ ਸਮਾਪਤ ਹੋਵੇਗਾ। ਚੰਡਾਲੀਆ ਨੇ ਕਿਹਾ ਕਿ ਇਸ ਰੋਸ ਮਾਰਚ ਦੀ ਅਗਵਾਈ ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਕਰਨਗੇ। ਇਸ ਮੌਕੇ ਚੰਡਾਲੀਆ ਨਾਲ ਵਿਜੇ ਧੀਰ ਐਡਵੋਕੇਟ, ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ ਮੌਜੂਦ ਸਨ।

## ਪਹਿਲਗਾਮ ਘਟਨਾ ਦੀ ਸਾਬਕਾ ਮੰਤਰੀ ਲਾਲ ਸਿੰਘ ਵੱਲੋਂ ਨਿੰਦਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਾਂਗਰਸ ਦੇ ਸੀਨੀਅਰ ਆਗੂ ਤੇ ਸਾਬਕਾ ਮੰਤਰੀ ਲਾਲ ਸਿੰਘ ਨੇ ਜੰਮੂ ਕਸ਼ਮੀਰ ਦੇ ਪਹਿਲਗਾਮ ਹਮਲੇ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਘਟਨਾ ਵਿੱਚ ਮਾਰੇ ਗਏ ਲੋਕਾਂ ਦੇ ਪਰਵਾਰਾਂ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿੱਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਤੇ ਪਰਵਾਰਾਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਲਾਲ ਸਿੰਘ ਨੇ ਕਿਹਾ ਕਿ ਇਸ ਘਟਨਾ ਨੇ ਉਨ੍ਹਾਂ ਦੇ ਮਨ ਨੂੰ ਗਹਿਰਾ ਦੁੱਖ ਪਹੁੰਚਾਇਆ ਹੈ ਤੇ ਮਾਰਚ 2000 ਵਿੱਚ ਕਸ਼ਮੀਰ ਦੇ ਚਿੱਟੀ ਸਿੰਘਪੁਰਾ ਵਿੱਚ ਕਤਲ ਕੀਤੇ ਗਏ 35 ਸਿੱਖਾਂ ਦੀ ਯਾਦ ਦਿਵਾਈ ਹੈ, ਜਿਸ ਵਿੱਚ ਹੁਣ ਤੱਕ ਸੱਚ ਸਾਹਮਣੇ ਨਹੀਂ ਆਇਆ ਹੈ। ਉਨ੍ਹਾ ਕਿਹਾ ਕਿ ਪਹਿਲਗਾਮ ਵਿੱਚ ਵਾਪਰੀ ਘਟਨਾ ਦਾ ਇਨਸਾਫ ਹੋਵੇ ਤੇ ਇਸ ਦੇ ਨਾਲ ਹੀ ਚਿੱਟੀ ਸਿੰਘਪੁਰਾ ਵਿੱਚ ਵਾਪਰੀ ਘਟਨਾ ਦਾ ਵੀ ਸੱਚ ਸਾਹਮਣੇ ਲਿਆ ਕਿ ਪੀੜਤ ਪਰਵਾਰਾਂ ਨੂੰ ਇਨਸਾਫ ਦੇਣਾ ਚਾਹੀਦਾ ਹੈ।

## ਰਾਇਟਵੇ ਨੇ ਲਵਾਇਆ ਆਸਟਰੇਲੀਆ ਦਾ ਵਿਜ਼ਟਰ ਵੀਜ਼ਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਲਵਾ ਖੇਤਰ ਦੀ ਪ੍ਰਸਿੱਧ ਰਾਇਟਵੇ ਏਅਰਲਿੰਕਸ ਇੰਮੀਗ੍ਰੇਸ਼ਨ ਤੇ ਆਈਲਟਸ ਸੰਸਥਾ, ਜੋ ਪੰਜਾਬ ਦੇ ਇਲਾਵਾ ਪੂਰੇ ਭਾਰਤ ਵਿੱਚ ਕੰਮ ਕਰ ਰਹੀ ਹੈ, ਨੇ ਹਜ਼ਾਰਾਂ ਹੀ ਵਿਦਆਰਥੀਆਂ ਦੇ ਵਿਦੇਸ਼ 'ਚ ਪੜ੍ਹਾਈ ਕਰਨ ਦੇ ਸੁਪਨਿਆਂ ਨੂੰ ਪੂਰਾ ਕੀਤਾ ਹੈ। ਅੱਜ ਸੰਸਥਾ ਨੇ ਗੁਰਤੇਜਪਾਲ ਸਿੰਘ ਪੁੱਤਰ ਸੁਖਦੀਪ ਸਿੰਘ ਵਾਸੀ ਪਿੰਡ ਤਲਵੰਡੀ ਭੰਗੇਰੀਆਂ, ਮੋਗਾ ਦਾ ਆਸਟ੍ਰੇਲੀਆ ਵਿਜ਼ਟਰ ਵੀਜ਼ਾ ਲਗਵਾ ਕੇ ਦਿੱਤਾ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਅ ਤਿਆਗੀ ਨੇ ਕਿਹਾ ਕਿ ਅਫਵਾਹਾਂ 'ਤੇ ਧਿਆਨ ਨਾ ਦਿਉ, ਜਿਨ੍ਹਾਂ ਬੱਚਿਆ ਦੇ ਕੈਨੇਡਾ ਤੇ ਯੂ ਕੇ ਦੇ ਸਟੱਡੀ ਕੇਸ ਰੀਫਿਊਜ਼ ਹੋ ਚੁੱਕੇ ਹਨ, ਉਹ ਆਸਟਰੇਲੀਆ ਲਈ ਅਪਲਾਈ ਕਰ ਸਕਦੇ ਹਨ ਤੇ ਜੇਕਰ ਕੋਈ ਵੀ ਵਿਜ਼ਟਰ ਜਾਂ ਟੂਰਿਸਟ ਵੀਜ਼ੇ 'ਤੇ ਯੂ ਕੇ, ਕੈਨੇਡਾ ਜਾਂ ਆਸਟਰੇਲੀਆ ਜਾਣਾ ਚਾਹੁੰਦਾ ਹੋਵੇ ਤਾਂ ਉਹ ਵੀ ਅਪਲਾਈ ਕਰ ਸਕਦਾ ਹੈ। ਉਨ੍ਹਾ ਕਿਹਾ ਕਿ ਹੁਣ ਬੱਚੇ ਕਾਲਜ ਤੇ ਅੰਬੈਸੀ ਦੀ ਫੀਸ ਵੀਜ਼ਾ ਲੱਗਣ ਤੋਂ ਬਾਅਦ ਦੇ ਸਕਦੇ ਹਨ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਦੇਵਪ੍ਰਿਅ ਤਿਆਗੀ ਨੇ ਗੁਰਤੇਜ ਸਿੰਘ ਨੂੰ ਵਧਾਈ ਦਿੱਤੀ।

## ਜ਼ਿਲ੍ਹਾ ਪ੍ਰੈੱਸ ਕਲੱਬ ਦੇ ਸਕੱਤਰ ਹਰਪ੍ਰੀਤ ਚਾਨਾ ਦਾ ਜਨਮ ਦਿਨ ਰੁੱਖ ਲਗਾ ਕੇ ਮਨਾਇਆ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜਾ)**-ਜ਼ਿਲ੍ਹਾ ਪ੍ਰੈੱਸ ਕਲੱਬ (ਪ੍ਰਿੰਟ ਮੀਡੀਆ) ਦੇ ਕਲੱਬ ਸਕੱਤਰ ਹਰਪ੍ਰੀਤ ਚਾਨਾ ਦਾ ਜਨਮ ਦਿਨ ਰੁੱਖ ਲਗਾ ਕੇ ਮਨਾਇਆ।ਇਸ ਦੌਰਾਨ ਸਾਰੇ ਮੈਂਬਰਾਂ ਨੇ ਉਨ੍ਹਾਂ ਨੂੰ ਜਨਮ ਦਿਨ ਦਾ ਕੇਕ ਕੱਟ ਕੇ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਕਲੱਬ ਦੇ ਪ੍ਰਧਾਨ ਅਮਿਤ ਸ਼ਰਮਾ ਨੇ ਕਿਹਾ ਕਿ ਜਨਮ ਦਿਨ 'ਤੇ ਰੁੱਖ ਲਗਾ ਕੇ ਇਸ ਨੂੰ ਸਾਰਥਕ ਬਣਾਇਆ ਗਿਆ ਹੈ, ਤਾਂ ਜੋ ਭਵਿੱਖ ਵਿੱਚ ਹੋਰ ਲੋਕ ਇਸ ਦਾ ਲਾਭ ਲੈ ਸਕਣ।ਇਸ ਮੌਕੇ ਸਕੱਤਰ ਹਰਪ੍ਰੀਤ ਚਾਨਾ ਨੇ ਸਾਰਿਆਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਨਾਲ ਹੋਰ ਲੋਕਾਂ ਨੂੰ ਵੀ ਰੁੱਖ ਲਗਾਉਣ ਦਾ ਸੁਨੇਹਾ ਜਾਵੇਗਾ।ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਕਿਸੇ ਵੀ ਖੁਸ਼ੀ ਦੇ ਮੌਕੇ 'ਤੇ ਰੁੱਖ ਲਗਾਉਣੇ ਚਾਹੀਦੇ ਹਨ, ਤਾਂ ਜੋ ਦਿਨੋਂ-ਦਿਨ ਵਧ ਰਹੇ ਪ੍ਰਦੂਸ਼ਣ ਨੂੰ ਰੋਕਿਆ ਜਾ ਸਕੇ।ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਪ੍ਰਦੀਪ ਚਾਵਲਾ, ਮੀਤ ਪ੍ਰਧਾਨ ਪਰਵਿੰਦਰ ਅਰੋੜਾ, ਤਰਸੇਮ ਚਾਨਣਾ, ਜਨਰਲ ਸਕੱਤਰ ਜਤਿੰਦਰ ਕੁਮਾਰ, ਖਜ਼ਾਨਚੀ ਪ੍ਰਦੀਪ ਗਰਗ, ਸਲਾਹਕਾਰ ਐਲਿਗਜ਼ੈਂਡਰ ਡਿਸੂਜਾ ਤੇ ਹੋਰ ਮੈਂਬਰ ਮੌਜੂਦ ਸਨ।

## ਬਲੌਜ਼ਮਜ਼ ਕਾਨਵੈਂਟ ਸਕੂਲ 'ਚ ਪੀਲਾ ਦਿਵਸ ਮਨਾਇਆ



**ਜਗਰਾਉਂ (ਅਮਿਤ ਖੰਨਾ)**-ਬਲੌਜ਼ਮਜ਼ ਕਾਨਵੈਂਟ ਸਕੂਲ ਦੇ ਪਲੇਅਵੇਅ ਤੇ ਨਰਸਰੀ ਦੇ ਬੱਚਿਆਂ ਰੰਗਾਂ ਦੀ ਪਹਿਚਾਣ ਨਾਲ ਸੰਬੰਧਤ ਪੀਲਾ ਦਿਵਸ ਮਨਾਇਆ, ਜਿਸ ਦੌਰਾਨ ਸਾਰੇ ਹੀ ਬੱਚੇ ਪੀਲੇ ਰੰਗ ਦੇ ਕੱਪੜਿਆਂ ਵਿੱਚ ਸਜ ਕੇ ਆਏ।ਇਸ ਤੋਂ ਇਲਾਵਾ ਪੀਲੇ ਰੰਗ ਦੇ ਫ਼ਲ ਵੀ ਲੈ ਕੇ ਆਏ।ਇਸ ਮੌਕੇ ਅਧਿਆਪਕਾਂ ਨੇ ਬੱਚਿਆਂ ਨੂੰ ਪੀਲੇ ਰੰਗ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ: ਨਵਨੀਤ ਕੌਰ ਨੇ ਬੱਚਿਆਂ ਦੇ ਮਾਪਿਆਂ ਦੇ ਯੋਗਦਾਨ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਵਿਸ਼ੇਸ਼ ਦਿਨਾਂ ਨੂੰ ਮਨਾਉਂਦੇ ਰਹਿਣ ਲਈ ਸਾਨੂੰ ਮਾਪਿਆਂ ਤੇ ਅਧਿਆਪਕਾਂ ਦੇ ਸਹਿਯੋਗ ਦੀ ਬਹੁਤ ਲੋੜ ਹੈ।ਇਸ ਨਾਲ ਬੱਚਿਆਂ ਦੇ ਮਨਾਂ ਅੰਦਰ ਰੰਗਾਂ ਵਿਚਲੇ ਅੰਤਰ ਨੂੰ ਜਾਨਣ ਦੀ ਉਤਸੁਕਤਾ ਵਧਦੀ ਹੈ ਤੇ ਉਹ ਰੰਗਾਂ ਪ੍ਰਤੀ ਜਾਗਰੂਕ ਹੁੰਦੇ ਹਨ।ਇਸ ਮੌਕੇ ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਪ੍ਰੈਜ਼ੀਡੈਂਟ ਸ੍ਰ: ਮਨਪ੍ਰੀਤ ਸਿੰਘ ਬਰਾੜ ਨੇ ਵੀ ਬੱਚਿਆਂ ਤੇ ਉਨ੍ਹਾਂ ਦੇ ਅਦਿਆਪਕਾਂ ਨਾਲ ਕੁਝ ਸਮਾਂ ਬਤੀਤ ਕੀਤਾ।

## ਮਹਾਂਵੀਰ ਚੈਰੀਟੇਬਲ ਲੈਬੋਰੇਟਰੀ ਦਾ ਉਦਘਾਟਨ 27 ਨੂੰ

**ਮਾਲੇਰਕੋਟਲਾ (ਅਸਗਰ ਪਰਿਹਾਰ)**

ਸਥਾਨਕ ਪੱਧਰ 'ਤੇ ਬਹੁਤ ਸਾਰੀਆਂ ਸਮਾਜ ਸੇਵੀ ਸੰਸਥਾਵਾਂ ਸਿੱਖਿਆ ਤੇ ਸਿਹਤ ਦੇ ਖੇਤਰ 'ਚ ਲੋੜਵੰਦਾਂ ਨੂੰ ਆਪਣੀਆਂ ਸੇਵਾਵਾਂ ਦੇ ਰਹੀਆਂ ਹਨ।ਇਸੇ ਕੜੀ 'ਚ ਮਹਾਂਵੀਰ ਇੰਟਰਨੈਸ਼ਨਲ ਵੱਲੋਂ ਇੱਕ ਚੈਰੀਟੇਬਲ ਲੈਬੋਰਟਰੀ ਸ਼ੁਰੂ ਕਰਨ ਦਾ ਫੈਸਲਾ ਲਿਆ ਗਿਆ ਹੈ।

ਸੰਸਥਾ ਦੇ ਪ੍ਰਧਾਨ ਡਾ. ਪ੍ਰਦੀਪ ਜੈਨ ਓਸਵਾਲ ਤੇ ਜਨਰਲ ਸਕੱਤਰ ਸ਼ਿਵਮ ਮਟਕਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਲੈਬੋਰਟਰੀ ਦਾ ਉਦਘਾਟਨ 27 ਅਪ੍ਰੈਲ ਨੂੰ ਸਵੇਰੇ 11 ਵਜੇ ਜਿੰਦਲ ਨਰਸਿੰਗ ਹੋਮ, ਰੇਲਵੇ ਰੋਡ ਨੇੜੇ ਕਪਾਹ ਮਿੱਲ ਮਾਲੇਰਕੋਟਲਾ ਵਿਖੇ ਕੀਤਾ ਜਾ ਰਿਹਾ ਹੈ, ਜਿਸ 'ਚ ਮੁੱਖ ਮਹਿਮਾਨ ਦੇ ਤੌਰ 'ਤੇ ਸ੍ਰੀ ਵਿਨਰਜੀਤ ਸਿੰਘ ਗੋਲਡੀ ਤੇ ਸ੍ਰੀਮਤੀ ਜਾਹਿਦਾ ਸੁਲੇਮਾਨ ਪਹੁੰਚਣਗੇ।ਇਸ ਲੈਬੋਰਟਰੀ 'ਚ ਬਹੁਤ ਹੀ ਘੱਟ ਖਰਚੇ 'ਤੇ ਹਰ ਤਰ੍ਹਾਂ ਦੇ ਟੈਸਟ ਕੀਤੇ ਜਾਣਗੇ।ਇਸ ਮੌਕੇ ਸ੍ਰੀ ਮੋਹਨ ਸ਼ਾਮ ਕੈਸ਼ੀਅਰ, ਆਰਜੂ ਗੋਇਲ ਤੇ ਦੀਪ ਸਿੰਗਲਾ ਤੋਂ ਇਲਾਵਾ ਸੰਸਥਾ ਦੇ ਹੋਰ ਮੈਂਬਰ ਹਾਜ਼ਰ ਸਨ।

## ਵਿਜੀਲੈਂਸ ਬਿਊਰੋ ਦੇ ਉੱਡਣ ਦਸਤੇ ਵੱਲੋਂ ਰਿਸ਼ਵਤ ਲੈਂਦਾ ਜੂਨੀਅਰ ਇੰਜੀਨੀਅਰ ਕਾਬੂ



**ਜਗਰਾਉਂ (ਨਛੱਤਰ ਸੰਧੂ/ਸੰਜੀਵ ਅਰੋੜਾ)**-ਪੰਜਾਬ ਵਿਜੀਲੈਂਸ ਬਿਊਰੋ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅਪਣਾਈ ਗਈ ਜ਼ੀਰੋ ਸਹਿਣਸ਼ੀਲਤਾ ਨੀਤੀ ਤਹਿਤ ਭ੍ਰਿਸ਼ਟਾਚਾਰ ਖ਼ਿਲਾਫ਼ ਚਲਾਈ ਗਈ ਮੁਹਿੰਮ ਦੌਰਾਨ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ ਐੱਸ ਪੀ ਸੀ ਐੱਲ) ਦੀ ਸਬ-ਡਵੀਜ਼ਨ ਰੂਮੀ, ਜ਼ਿਲ੍ਹਾ ਲੁਧਿਆਣਾ ਵਿਖੇ ਤਾਇਨਾਤ ਜੂਨੀਅਰ ਇੰਜੀਨੀਅਰ ਜਸਮੇਲ ਸਿੰਘ ਨੂੰ 30,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਪੀ ਐੱਸ ਪੀ ਸੀ ਐੱਲ ਮੁਲਾਜ਼ਮ ਨੂੰ ਪਿੰਡ ਦੇਹੜਕਾ, ਸਬ-ਡਵੀਜ਼ਨ ਜਗਰਾਓਂ ਦੇ ਇੱਕ ਸ਼ਿਕਾਇਤਕਰਤਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਅਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਹੈ ਕਿ ਉਕਤ ਜੇ ਈ ਨੇ ਉਸਦੇ ਡੇਅਰੀ ਫਾਰਮ ਨੂੰ ਬਿਜਲੀ ਕੁਨੈਕਸ਼ਨ ਦੇਣ ਬਦਲੇ 30,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਹੈ।ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਸਦੀਕ ਉਪਰੰਤ ਵਿਜੀਲੈਂਸ ਬਿਊਰੋ ਦੇ ਉੱਡਣ ਦਸਤੇ ਦੀ ਇੱਕ ਟੀਮ ਨੇ ਯੋਜਨਾਬੱਧ ਢੰਗ ਨਾਲ ਜਾਲ ਵਿਛਾਇਆ, ਜਿਸ ਦੌਰਾਨ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ 'ਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਵਜੋਂ 30,000 ਰੁਪਏ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।ਇਸ ਸਬੰਧੀ ਉਕਤ ਮੁਲਜ਼ਮ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਉੱਡਣ ਦਸਤਾ-1, ਥਾਣਾ ਪੰਜਾਬ, ਮੋਹਾਲੀ ਵਿਖੇ ਕੇਸ ਦਰਜ ਕੀਤਾ ਗਿਆ ਹੈ।ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

## ਲਿਫਟਿੰਗ ਤੇ ਬਾਰਦਾਨੇ ਦੀ ਘਾਟ ਕਾਰਨ ਆੜ੍ਹਤੀ ਤੇ ਕਿਸਾਨ ਪ੍ਰੇਸ਼ਾਨ : ਸਿੱਧੂ

**ਦਿੜ੍ਹਬਾ (ਜਸਵੀਰ ਲਾਡੀ)**-ਪੰਜਾਬ ਦੀਆਂ ਦਾਣਾ ਮੰਡੀਆਂ ਵਿੱਚ ਕਣਕ ਦੀ ਫਸਲ ਨੂੰ ਲੈ ਕੇ ਆਮ ਆਦਮੀ ਪਾਰਟੀ ਵੱਲੋਂ ਕੀਤੇ ਮੁਕੰਮਲ ਪ੍ਰਬੰਧਾਂ ਦੇ ਦਾਅਵਿਆਂ ਦੀ ਪੋਲ ਖੋਲ੍ਹਦਿਆਂ ਸਾਬਕਾ ਮੁੱਖ ਮੰਤਰੀ ਬੀਬੀ ਰਜਿੰਦਰ ਕੌਰ ਭੱਠਲ ਦੇ ਸਪੁੱਤਰ ਰਾਹੁਲਇੰਦਰ ਸਿੰਘ ਸਿੱਧੂ (ਭੱਠਲ) ਮੈਂਬਰ ਆਲ ਇੰਡੀਆ ਕਾਂਗਰਸ ਕਮੇਟੀ, ਕਿਸਾਨ ਸੈੱਲ ਦੇ ਨੈਸ਼ਨਲ ਕੁਆਰਡੀਨੇਟਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਸ ਹਾੜ੍ਹੀ ਦੇ ਸੀਜ਼ਨ ਦੌਰਾਨ ਕਿਸਾਨਾਂ ਤੇ ਆੜ੍ਹਤੀਆਂ ਦੀ ਅਨਾਜ ਮੰਡੀਆਂ ਵਿੱਚ ਖੱਜਲ ਖਵਾਰੀ ਹੋ ਰਹੀ ਹੈ। ਸਿੱਧੂ ਨੇ ਕਿਹਾ ਕੇ ਪੰਜਾਬ ਦੇ ਕਿਸਾਨਾਂ ਨੂੰ ਦੇਸ਼ ਦਾ ਅੰਨਦਾਤਾ ਤਾਂ ਜ਼ਰੂਰ ਕਿਹਾ ਜਾਂਦਾ ਹੈ, ਪਰ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਇੱਥੋਂ ਦੇ ਕਿਸਾਨਾਂ ਨੂੰ ਹਮੇਸ਼ਾ ਹੀ ਅਣਦੇਖਿਆ ਕੀਤਾ ਗਿਆ ਹੈ।ਇੱਥੋਂ ਤੱਕ ਕਿ ਮੰਡੀਆਂ ਅੰਦਰ ਪਾਣੀ, ਸਫਾਈ ਤੇ ਬਾਰਦਾਨੇ ਦੇ ਵਧੀਆ ਪ੍ਰਬੰਧ ਨਹੀਂ ਹਨ।ਬਹੁਤ ਸਾਰੇ ਪਿੰਡਾਂ ਦੇ ਪ੍ਰਚੇਜ਼ ਸੈਂਟਰਾਂ ਵਿੱਚ ਕਿਸਾਨਾਂ ਤੇ ਮਜ਼ਦੂਰਾਂ ਦੇ ਬੈਠਣ ਲਈ ਸ਼ੈੱਡਾਂ ਦੀ ਵੀ ਘਾਟ ਹੈ।ਸਿੱਧੂ ਨੇ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਕਾਂਗਰਸ ਸਰਕਾਰ ਆਉਣ 'ਤੇ ਗਰੀਬ ਪਰਵਾਰਾਂ ਨੂੰ ਨੌਕਰੀਆਂ ਤੇ ਸਿਹਤ ਸਹੂਲਤਾਂ ਦਿੱਤੀਆਂ ਜਾਣਗੀਆਂ।ਇਸ ਤੋਂ ਇਲਾਵਾ ਕਿਸਾਨਾਂ ਲਈ ਖੇਤਾਂ ਵਿੱਚ ਬਿਜਲੀ ਸਪਲਾਈ ਤੇ ਨਹਿਰੀ ਪਾਣੀ ਦਾ ਖਾਸ ਪ੍ਰਬੰਧ ਕੀਤਾ ਜਾਵੇਗਾ।

## ਕਾਲਸ ਕਲਾਂ 'ਚ ਨਜਾਇਜ਼ ਕਬਜ਼ਿਆਂ ਦੀ ਕੀਤੀ ਨਿਸ਼ਾਨਦੇਹੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸੂਬਾ ਸਰਕਾਰ ਵੱਲੋਂ ਪਿੰਡਾਂ ਅੰਦਰ ਪੰਚਾਇਤੀ ਜ਼ਮੀਨਾਂ 'ਤੇ ਹੋਏ ਨਜਾਇਜ਼ ਕਬਜ਼ਿਆਂ ਨੂੰ ਛੁਡਾਉਣ ਦੇ ਸਖ਼ਤ ਨਿਰਦੇਸ਼ ਦਿੱਤੇ ਹਨ। ਇਸੇ ਤਹਿਤ ਪਿੰਡ ਕਾਲਸ ਕਲਾਂ ਵਿਖੇ ਪਿੰਡ ਦੇ ਸਰਪੰਚ ਬਲਕਾਰ ਸਿੰਘ ਕਾਲਸ ਸਮੇਤ ਸਮੁੱਚੀ ਪੰਚਾਇਤ ਨੇ ਪ੍ਰਸ਼ਾਸਨ ਨਾਲ ਮਿਲ ਕੇ ਪਿੰਡ ਦੇ ਛੱਪੜ, ਗੁਰੂ ਘਰ ਤੇ ਵਾਹੀਯੋਗ ਜ਼ਮੀਨ ਦੀ ਨਿਸ਼ਾਨਦੇਹੀ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕਾਨੂੰਗੋ ਗੁਰਦੇਵ ਸਿੰਘ ਨੇ ਦੱਸਿਆ ਕਿ ਪੰਚਾਇਤ ਵੱਲੋਂ ਵਿਭਾਗ ਨੂੰ ਇੱਕ ਲਿਖਤੀ ਪੱਤਰ ਦਿੱਤਾ ਗਿਆ ਸੀ ਕਿ ਪਿੰਡ ਦੇ ਛੱਪੜ ਤੇ ਕੁਝ ਪੰਚਾਇਤੀ ਜ਼ਮੀਨ ਉੱਪਰ ਕੁਝ ਲੋਕਾਂ ਨੇ ਕਬਜ਼ਾ ਕੀਤਾ ਹੋਇਆ ਹੈ, ਉਸ ਦੀ ਨਿਸ਼ਾਨਦਹੀ ਕੀਤੀ ਜਾਣੀ ਚਾਹੀਦੀ ਹੈ। ਅੱਜ ਮਾਲ ਵਿਭਾਗ ਵੱਲੋਂ ਇਨ੍ਹਾਂ ਥਾਵਾਂ ਦੀ ਨਿਸ਼ਾਨਦੇਹੀ ਕਰਕੇ ਬੁਰਜੀਆਂ ਲਗਾਈਆਂ ਗਈਆਂ ਹਨ, ਜਿਸ ਦੀ ਰਿਪੋਰਟ ਬਣਾ ਕੇ ਉੱਚ ਅਧਿਕਾਰੀਆਂ ਨੂੰ ਭੇਜੀ ਜਾਵੇਗੀ। ਇਸ ਮੌਕੇ ਸਰਪੰਚ ਬਲਕਾਰ ਸਿੰਘ ਕਾਲਸ ਨੇ ਕਿਹਾ ਕਿ ਪਿੰਡ ਦੇ ਛੱਪੜ ਤੇ ਹੋਰ ਪੰਚਾਇਤੀ ਜ਼ਮੀਨ ਤੋਂ ਨਜਾਇਜ਼ ਕਬਜ਼ਿਆਂ ਨੂੰ ਛੁਡਵਾ ਕੇ ਇੱਥੇ ਪੌਦੇ ਲਗਾਏ ਜਾਣਗੇ ਤਾਂ ਜੋ ਇਸ ਨੂੰ ਹਰਿਆ ਭਰਿਆ ਰੱਖਿਆ ਜਾ ਸਕੇ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨੂੰ ਨਿਸ਼ਾਨਦੇਹੀ ਦੀ ਰਿਪੋਰਟ ਦੇ ਅਧਾਰ 'ਤੇ ਇਹ ਨਜਾਇਜ਼ ਕਬਜ਼ੇ ਛੁਡਾਉਣ ਲਈ ਬੇਨਤੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਛੱਪੜ ਦੀ ਸਫ਼ਾਈ ਕੀਤੀ ਜਾਵੇਗੀ ਤੇ ਫਿਰ ਇਸ ਦੇ ਆਸਪਾਸ ਦਰੱਖਤ ਲਗਾ ਕੇ ਪਿੰਡ ਵਾਸੀਆਂ ਨੂੰ ਸੈਰ ਲਈ ਟਰੈਕ ਤਿਆਰ ਕੀਤਾ ਜਾਵੇਗਾ। ਇਸ ਮੌਕੇ ਪਟਵਾਰੀ ਬਲਵਿੰਦਰ ਸਿੰਘ ਬਾਜਵਾ, ਪੰਚਾਇਤ ਸੈਕਟਰੀ ਗਗਨਦੀਪ ਸਿੰਘ, ਸਹਾਇਕ ਥਾਣੇਦਾਰ ਦਲਵੀਰ ਸਿੰਘ, ਪੰਚ ਜੰਗ ਸਿੰਘ, ਅਮਰ ਸਿੰਘ, ਪਰਮਜੀਤ ਸਿੰਘ ਸਾਬਕਾ ਸਰਪੰਚ, ਸਤਨਾਮ ਸਿੰਘ ਬੱਗਾ ਸਾਬਕਾ ਮੈਂਬਰ ਬਲਾਕ ਸੰਮਤੀ, ਜੋਰਾ ਸਿੰਘ, ਬਿੰਦਰ ਸਿੰਘ ਫਤਿਹਗੜ੍ਹ, ਸ਼ਿੰਦਰ ਸਿੰਘ, ਵਿਰਸਾ ਸਿੰਘ, ਨੀਟਾ ਸਿੰਘ, ਕੁਲਦੀਪ ਸਿੰਘ, ਜੋਗਾ ਸਿੰਘ ਆਦਿ ਹਾਜ਼ਰ ਸਨ।

## ਅੱਤਵਾਦੀ ਹਮਲੇ ਦੀ ਬਾਰ ਐਸੋਸੀਏਸ਼ਨ ਵੱਲੋਂ ਨਿੰਦਾ



**ਬਰੇਟਾ (ਰੀਤਵਾਲ)**-ਸਥਾਨਕ ਬਾਰ ਐਸੋਸੀਏਸ਼ਨ ਵੱਲੋਂ ਪ੍ਰਧਾਨ ਸੁਰਜੀਤ ਸਿੰਘ ਗਰੇਵਾਲ ਦੀ ਅਗਵਾਈ ਵਿੱਚ ਏਕਮਤ ਨਾਲ ਫੈਸਲਾ ਲਿਆ ਗਿਆ ਸੀ ਕਿ ਬਾਰ ਕੌਂਸਲ ਪੰਜਾਬ ਤੇ ਹਰਿਆਣਾ ਵੱਲੋਂ "ਕੋਈ ਕੰਮ ਨਾ ਕਰਨ ਦਾ ਦਿਨ" ਮਨਾਉਣ ਦੇ ਫੈਸਲੇ ਦਾ ਸਮਰਥਨ ਕੀਤਾ ਜਾਵੇ। ਇਹ ਫੈਸਲਾ ਭੁਪਿੰਦਰ ਸਿੰਘ ਰਾਠੌਰ, ਸੀਨੀਅਰ ਮੈਂਬਰ, ਬਾਰ ਕੌਂਸਲ ਪੰਜਾਬ ਤੇ ਹਰਿਆਣਾ, ਚੰਡੀਗੜ੍ਹ ਦੇ ਅਚਾਨਕ ਦੇਹਾਂਤ ਉੱਤੇ ਸ਼ਰਧਾਂਜਲੀ ਦੇ ਤੌਰ 'ਤੇ ਲਿਆ ਗਿਆ ਹੈ। ਇਸ ਦੇ ਨਾਲ ਹੀ ਬਾਰ ਐਸੋਸੀਏਸ਼ਨ, ਬੁਢਲਾਡਾ ਦੇ ਸੈਕਟਰੀ ਕਿਰਤੀ ਸ਼ਰਮਾ ਬੋਹਾ ਨੇ ਕਿਹਾ ਕਿ ਸ੍ਰੀਨਗਰ ਵਿੱਚ ਹੋਏ ਹਾਲੀਆ ਅੱਤਵਾਦੀ ਹਮਲੇ ਦੀ ਬਾਰ ਐਸੋਸੀਏਸ਼ਨ ਬੁਢਲਾਡਾ ਵੱਲੋਂ ਘੋਰ ਨਿੰਦਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਅਸੀਂ ਹਮਲੇ ਦੇ ਸ਼ਿਕਾਰ ਹੋਏ ਪਰਿਵਾਰਾਂ ਪ੍ਰਤੀ ਆਪਣੀ ਗਹਿਰੀ ਸੰਵੇਦਨਾ ਪ੍ਰਗਟ ਕਰਦੇ ਹਾਂ ਤੇ ਪ੍ਰਭਾਵਿਤ ਲੋਕਾਂ ਨਾਲ ਏਕਜੁੱਟ ਹੋ ਕੇ ਖੜ੍ਹੇ ਹਾਂ। ਅਸੀਂ ਤੁਰੰਤ ਇਨਸਾਫ ਦੀ ਮੰਗ ਕਰਦੇ ਹਾਂ ਤੇ ਦੇਸ਼ ਵਾਸੀਆਂ ਨੂੰ ਅਪੀਲ ਕਰਦੇ ਹਾਂ ਕਿ ਉਹ ਅੱਤਵਾਦ ਖਿਲਾਫ ਏਕਤਾ ਦਿਖਾਉਣ ਅਤੇ ਅਮਨ, ਇਨਸਾਫ ਤੇ ਲੋਕਤੰਤਰ ਦੇ ਮੁੱਲਾਂ ਨੂੰ ਮਜ਼ਬੂਤ ਕਰਨ ਲਈ ਇਕੱਠੇ ਹੋਣ। ਇਸ ਮੌਕੇ ਐਡਵੋਕੇਟ ਸੁਖਦਰਸ਼ਨ ਸਿੰਘ ਚੌਹਾਨ, ਅਵਤਾਰ ਸਿੰਘ ਕਲੀਪੁਰ, ਜਸਪ੍ਰੀਤ ਸਿੰਘ ਗੁਰਨੇ, ਐੱਸ ਕੇ ਗੀਤਵਾਲ, ਹਰਬੰਸ ਸਿੰਘ ਚੌਹਾਨ, ਜਗਦੀਪ ਸਿੰਘ ਦਾਤੇਵਾਸ, ਗੁਰਵਿੰਦਰ ਸਿੰਘ, ਸੁਰਿੰਦਰ ਸਿੰਘ ਮਾਨਸ਼ਾਹੀਆ ਆਦਿ ਹਾਜ਼ਰ ਸਨ।

# ਇੰਡਸਟਰੀ ਚੈਂਬਰ ਵੱਲੋਂ ਸੇਵਾ-ਮੁਕਤ ਹੋ ਰਹੇ ਡੀ ਆਈ ਜੀ ਮਨਦੀਪ ਸਿੰਘ ਸਿੱਧੂ ਦਾ ਸਨਮਾਨ



**ਧੂਰੀ (ਬਿੰਨੀ ਗਰਗ, ਮੋਹਿਤ ਗਰਗ)**-ਸੰਗਰੂਰ ਡਿਸ੍ਟ੍ਰਿਕਟ ਇੰਡਸ਼ਟਰੀਅਲ ਚੈਂਬਰ ਬਲਾਕ ਧੂਰੀ ਵੱਲੋਂ ਜ਼ਿਲ੍ਹਾ ਚੇਅਰਮੈਨ ਡਾ. ਏ ਆਰ ਸ਼ਰਮਾ ਅਤੇ ਬਲਾਕ ਪ੍ਰਧਾਨ ਮੁਕੇਸ਼ ਸਿੰਗਲਾ ਦੀ ਅਗਵਾਈ ਹੇਠ ਪਟਿਆਲਾ ਪੁਲਸ ਰੇਂਜ ਦੇ ਡੀ ਆਈ ਜੀ ਦੇ ਅਹੁਦੇ ਤੋਂ 30 ਅਪ੍ਰੈਲ ਨੂੰ ਸੇਵਾ ਮੁਕਤ ਹੋ ਰਹੇ ਮਨਦੀਪ ਸਿੰਘ ਸਿੱਧੂ ਦੇ ਸਨਮਾਨ 'ਚ ਧੂਰੀ ਨੇੜਲੇ ਇੱਕ ਹੋਟਲ 'ਚ ਸਨਮਾਨ ਸਮਾਰੋਹ ਕਰਵਾਇਆ ਗਿਆ।ਇਸ ਮੌਕੇ ਕਰਵਾਏ ਸਮਾਗਮ 'ਚ ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਸਰਤਾਜ ਸਿੰਘ ਚਹਿਲ, ਕਪਤਾਨ ਪੁਲਸ ਦਿਲਪ੍ਰੀਤ ਸਿੰਘ, ਦਵਿੰਦਰ ਅੱਤਰੀ, ਡੀ ਐੱਸ ਪੀ ਸੁਖਦੇਵ ਸਿੰਘ, ਹਰਮਨਬੀਰ ਸਿੰਘ, ਪਾਵਰਕਾਮ ਦੇ ਐਕਸੀਅਨ ਇੰਦਰਜੀਤ ਸਿੰਘ, ਚੈਂਬਰ ਦੇ ਜ਼ਿਲ੍ਹਾ ਪ੍ਰਧਾਨ ਸੰਜੀਵ ਸੂਦ, ਘਨਸ਼ਾਮ ਕਾਂਸਲ, ਐੱਮ ਪੀ ਸਿੰਘ, ਸੰਜੀਵ ਚੋਪੜਾ ਅਤੇ ਪ੍ਰੇਮ ਗੁਪਤਾ ਸਮੇਤ ਵੱਡੀ ਗਿਣਤੀ ਵਿੱਚ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਸ਼ਿਰਕਤ ਕੀਤੀ।ਇਸ ਮੌਕੇ ਜ਼ਿਲ੍ਹਾ ਇੰਡਸ਼ਟਰੀ ਚੈਂਬਰ ਦੇ ਚੇਅਰਮੈਨ ਅਤੇ ਰਾਇਸੀਲਾ ਹੈਲਥ ਫੂਡਜ਼ ਦੇ ਸੀ ਐੱਮ ਡੀ ਡਾ. ਏ ਆਰ ਸ਼ਰਮਾ ਨੇ ਸਵਾਗਤੀ ਸ਼ਬਦ ਆਖਦਿਆਂ ਮਨਦੀਪ ਸਿੰਘ ਸਿੱਧੂ ਵੱਲੋਂ ਪੁਲਸ ਵਿਭਾਗ 'ਚ ਨਿਭਾਈਆਂ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਹਮੇਸ਼ਾ ਟੀਮ ਵਰਕ ਕਰਦਿਆਂ ਆਪਣੇ ਸਹਿਯੋਗੀ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਸਹਿਯੋਗ ਨਾਲ ਗੰਭੀਰ ਮਸਲਿਆਂ ਨੂੰ ਹੱਲ ਕਰਨ 'ਚ ਸਫ਼ਲਤਾ ਪ੍ਰਾਪਤ ਕੀਤੀ।ਉਨ੍ਹਾਂ ਕਿਹਾ ਕਿ ਜਿੱਥੇ ਸ੍ਰ. ਸਿੱਧੂ ਨੇ ਪੁਲਸ ਵਿਭਾਗ 'ਚ ਇਮਾਨਦਾਰੀ ਨਾਲ ਸੇਵਾਵਾਂ ਨਿਭਾਈਆਂ, ਉਥੇ ਉਨ੍ਹਾਂ ਸਮਾਜ ਭਲਾਈ ਦੇ ਕੰਮਾਂ 'ਚ ਵੀ ਬਰਾਬਰ ਦਿਲਚਸਪੀ ਦਿਖਾਈ।

ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਸਰਤਾਜ ਸਿੰਘ ਚਾਹਲ ਨੇ ਆਪਣੇ ਸੰਖੇਪ ਤੇ ਪ੍ਰਭਾਵਸ਼ਾਲੀ ਸ਼ਬਦਾਂ ਰਾਹੀਂ ਕਿਹਾ ਕਿ ਸ੍ਰ. ਸਿੱਧੂ ਇੱਕ ਵਧੀਆ ਪੁਲਸ ਅਫ਼ਸਰ ਹੋਣ ਦੇ ਨਾਲ-ਨਾਲ ਚੰਗੇ ਇਨਸਾਨੀ ਗੁਣਾਂ ਦੇ ਧਾਰਨੀ ਵੀ ਹਨ।ਉਨ੍ਹਾ ਕਿਹਾ ਕਿ ਸ੍ਰੀ ਸਿੱਧੂ ਤੋਂ ਬਹੁਤ ਕੁੱਝ ਸਿੱਖਣ ਨੂੰ ਮਿਲਿਆ।ਇਸ ਸਮੇਂ ਮਨਦੀਪ ਸਿੰਘ ਸਿੱਧੂ ਨੇ ਉਨ੍ਹਾਂ ਦੇ ਸਨਮਾਨ 'ਚ ਰੱਖੇ ਸਮਾਗਮ ਲਈ ਇੰਡਸਟ੍ਰੀ ਚੈਂਬਰ ਦੇ ਅਹੁੱਦੇਦਾਰਾਂ ਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਸਮਾਗਮ 'ਚ ਹਾਜ਼ਰੀਨ ਨਾਲ ਆਪਣੇ ਵਿਦਿਆਰਥੀ ਜੀਵਨ ਅਤੇ ਪੁਲਸ ਵਿਭਾਗ ਦੀ ਨੌਕਰੀ ਸਮੇਤ ਜ਼ਿੰਦਗੀ ਦੇ ਤੁਜਰਬੇ ਸਾਂਝੇ ਕੀਤੇ। ਇਸ ਮੌਕੇ ਬਲਾਕ ਇੰਡਸ਼ਟਰੀ ਚੈਂਬਰ ਦੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਸਿੰਗਲਾ ਸ਼ੈਂਟੀ ਵੱਲੋਂ ਕੀਤੇ ਗਏ ਮੰਚ ਸੰਚਾਲਨ ਦੌਰਾਨ ਕਿਹਾ ਗਿਆ ਕਿ ਸ੍ਰੀ ਮਨਦੀਪ ਸਿੰਘ ਸਿੱਧੂ ਨੇ ਆਪਣੀ ਸਰਕਾਰੀ ਨੌਕਰੀ ਨੂੰ ਸੇਵਾ ਵੱਜੋਂ ਕਰਦਿਆਂ ਜ਼ਿੰਦਗੀ ਵਿੱਚ ਸੁਨਹਿਰੇ ਅੱਖਰਾਂ ਵਿੱਚ ਲਿਖੇ ਜਾਣ ਵਾਲੇ ਕੰਮ ਕੀਤੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਸਿੱਧੂ ਵੱਲੋਂ 'ਪੜ੍ਹਦਾ ਪੰਜਾਬ' ਮੁਹਿੰਮ ਤਹਿਤ ਹਜ਼ਾਰਾਂ ਲੋੜਵੰਦ ਵਿਦਿਆਰਥੀਆਂ ਦੀ ਫੀਸ ਭਰ ਗਈ ਹੈ।

ਇਸ ਮੌਕੇ ਰਾਈਸਿਲਾ ਦੇ ਡਾਇਰੈਕਟਰ ਵਿਜੇ ਗੋਇਲ, ਪ੍ਰਸ਼ੋਤਮ ਦਾਸ ਕਾਲਾ, ਕੈਂਬ੍ਰਿਜ ਦੇ ਚੇਅਰਮੈਨ ਮੱਖਣ ਲਾਲ ਗਰਗ, ਸ੍ਰੀ ਰਾਮ ਇੰਟਰਨੈਸ਼ਨਲ ਸਕੂਲ ਦੇ ਡਾਇਰੈਕਟਰ ਨਵੀ ਗੋਇਲ, ਗੁਰਬਖ਼ਸ ਸਿੰਘ ਗੁੱਡੂ, ਅਮਿਤ ਗੋਇਲ, ਸੰਜੇ ਗੋਇਲ, ਜਸਵਿੰਦਰ ਸਿੰਘ ਬਿੱਲੂ, ਦਰਸ਼ਨ ਸਿੰਘ ਜੇ ਡੀ, ਮੋਨੂੰ ਕਾਂਸਲ, ਜੀਵਨ ਜੈਨ, ਕੈਫੀ ਮਿੱਤਲ, ਵਿਨੋਦ ਗਰਗ ਆਦਿ ਨੇ ਵੀ ਸ਼ਿਰਕਤ ਕੀਤੀ।

## ਗੁਰੂ ਰਾਮਦਾਸ ਗਰੁੱਪ ਆਫ਼ ਕਾਲਜ 'ਚ ਰਾਸ਼ਟਰੀ ਕਾਨਫ਼ਰੰਸ



**ਮਲੋਟ (ਗੁਰਮੀਤ ਸਿੰਘ ਮੱਕੜ)**-ਇੰਡੀਅਨ ਫਾਰਮੇਸੀ ਗ੍ਰੈਜੂਏਟਸ ਐਸੋਸੀਏਸ਼ਨ (ਆਈ.ਪੀ.ਜੀ.ਏ.) ਦੀ ਪੰਜਾਬ ਰਾਜ ਸ਼ਾਖਾ ਵੱਲੋਂ ਗੁਰੂ ਰਾਮਦਾਸ ਗਰੁੱਪ ਆਫ਼ ਕਾਲਜਸ ਵਿੱਚ ਆਪਣੀ ਪਹਿਲੀ ਰਾਸ਼ਟਰੀ ਕਾਨਫਰੰਸ ਦੌਰਾਨ ਮੁੱਖ ਮਹਿਮਾਨ ਡਾ. ਅਤੁਲ ਨਾਸਾ (ਵਾਇਸ ਚਾਂਸਲਰ, ਐੱਸ.ਜੀ.ਟੀ ਯੂਨੀਵਰਸਿਟੀ, ਪ੍ਰਧਾਨ, ਆਈ.ਪੀ.ਜੀ.ਏ. ਕੇਂਦਰੀ ਤੇ ਮੈਂਬਰ, ਫਾਰਮੇਸੀ ਕੌਂਸਲ ਆਫ਼ ਇੰਡੀਆ) ਅਤੇ ਵਿਸ਼ੇਸ਼ ਮਹਿਮਾਨ ਸੁਸ਼ੀਲ ਬਾਂਸਲ ਪ੍ਰਧਾਨ ਪੰਜਾਬ ਸਟੇਟ ਫਾਰਮੇਸੀ ਕੌਂਸਲ ਵੱਲੋਂ ਸਫ਼ਲ ਤੇ ਸ਼ਾਨਦਾਰ ਆਯੋਜਨ ਲਈ ਇੰਡੀਅਨ ਫਾਰਮੇਸੀ ਗ੍ਰੈਜੂਏਟਸ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਡਾ. ਸੁਰੇਸ਼ ਠਾਕੁਰ, ਉੱਪ ਪ੍ਰਧਾਨ ਡਾ. ਸੰਦੀਪ ਗੋਇਲ, ਡਾ. ਅਮਿਤ ਭਾਟੀਆ, ਸਕੱਤਰ ਡਾ. ਬਲਜੀਤ ਸਿੰਘ ਖੁਰਾਣਾ, ਸੰਯੁਕਤ ਸਕੱਤਰ ਡਾ. ਰਾਕੇਸ਼ ਚਾਵਲਾ, ਕੈਸ਼ੀਅਰ ਲਵ ਗੋਇਲ ਤੇ ਸਾਰੇ ਐਗਜ਼ੈਕਟਿਵ ਮੈਂਬਰਾਂ ਦਾ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਡਾ. ਅਤੁਲ ਨਾਸਾ ਨੇ ਪੰਜਾਬ ਟੀਮ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅੱਜ ਦੇ ਸਮੇਂ ਇਸ ਤਰ੍ਹਾਂ ਦੀ ਨੈਸ਼ਨਲ ਕਾਨਫਰੰਸਾਂ ਵਿਦਿਆਰਥੀਆਂ ਤੇ ਅਧਿਆਪਕਾਂ ਲਈ ਸਹਾਇਕ ਸਿੱਧ ਹੁੰਦੀਆਂ ਹਨ ਅਤੇ ਇਸ ਨੈਸ਼ਨਲ ਕਾਨਫਰੰਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਹਿੱਸਾ ਲੈ ਕੇ ਇਸ ਨੂੰ ਪੂਰੀ ਤਰ੍ਹਾਂ ਕਾਮਯਾਬ ਬਣਾਇਆ ਹੈ।

## ਪਾਵਰਕਾਮ ਦੇ ਨਿੱਜੀਕਰਨ ਖਿਲਾਫ ਲੁਧਿਆਣਾ 'ਚ ਹੰਗਾਮੀ ਮੀਟਿੰਗ ਅੱਜ

**ਤਰਨ ਤਾਰਨ (ਨਜ਼ਸ)**-ਪਾਵਰ ਮੈਨੇਜਮੈਂਟ ਵੱਲੋਂ ਲਾਲੜੂ ਅਤੇ ਖਰੜ ਦੋ ਡਵੀਜ਼ਨਾਂ ਨੂੰ ਨਿੱਜੀ ਹੱਥਾਂ ਵਿੱਚ ਦੇਣ ਖਿਲਾਫ਼ ਪੀਐੱਸਈਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਅਤੇ ਐਸੋਸੀਏਸ਼ਨ ਆਫ਼ ਜੂਨੀਅਰ ਇੰਜੀਨੀਅਰ ਨਾਲ ਸਬੰਧਤ ਮੁਲਾਜ਼ਮ ਜਥੇਬੰਦੀਆਂ ਦੇ ਆਗੂਆਂ ਰਤਨ ਸਿੰਘ ਮਜਾਰੀ, ਗੁਰਪ੍ਰੀਤ ਸਿੰਘ ਗੰਡੀਵਿੰਡ,ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਬਲਦੇਵ ਸਿੰਘ ਮੰਢਾਲੀ ਅਤੇ ਰਣਜੀਤ ਸਿੰਘ ਢਿੱਲੋਂ ਨੇ ਸਾਂਝਾ ਪ੍ਰੈੱਸ ਬਿਆਨ ਜਾਰੀ ਕਰਦੇ ਹੋਏ ਕਿਹਾ ਕਿ ਨਿੱਜੀਕਰਨ ਦੀ ਮੁਲਾਜ਼ਮ ਅਤੇ ਲੋਕ ਵਿਰੋਧੀ ਨੀਤੀ ਨੂੰ ਪਾਵਰ ਮੈਨੇਜਮੈਂਟ ਧੱਕੇ ਨਾਲ ਲਾਗੂ ਕਰਨ ਲਈ ਹਿਟਲਰਸ਼ਾਹੀ ਤਰੀਕਾ ਅਪਣਾਅ ਰਹੀ ਹੈ।ਆਗੂਆਂ ਨੇ ਮੈਨੇਜਮੈਂਟ ਨੂੰ ਸਖਤ ਲਹਿਜੇ ਵਿੱਚ ਤਾੜਨਾ ਕੀਤੀ ਕਿ ਲੋਕਾਂ ਦੇ ਅਦਾਰੇ ਨੂੰ ਪੂੰਜੀਪਤੀਆਂ ਦੇ ਹਵਾਲੇ ਕਰਨ ਦੀ ਨੀਤੀ ਦਾ ਤਿੱਖੇ ਸੰਘਰਸ਼ਾਂ ਰਾਹੀਂ ਮੂੰਹ ਤੋੜ ਜਵਾਬ ਦਿੱਤਾ ਜਾਵੇਗਾ ।ਮੁਲਾਜ਼ਮ ਆਗੂਆਂ ਨੇ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੀ ਮੁਲਾਜ਼ਮ ਅਤੇ ਲੋਕ ਵਿਰੋਧੀ ਨੀਤੀ ਖਿਲਾਫ਼ ਵੱਡੇ ਪੱਧਰ ਤੇ ਤਿੱਖਾ ਸੰਘਰਸ਼ ਵਿੱਢਣ ਲਈ ਅੱਜ 25 ਅਪਰੈਲ ਨੂੰ ਸਮੂਹ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੀ ਸਵੇਰੇ 11 ਵਜੇ ਈਸੜੂ ਭਵਨ ਲੁਧਿਆਣਾ ਵਿਖੇ ਕੀਤੀ ਜਾ ਰਹੀ ਹੰਗਾਮੀ ਮੀਟਿੰਗ ਵਿੱਚ ਪਾਵਰਕਾਮ ਅਦਾਰੇ ਦੀਆਂ ਸਮੂਹ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਤੋਂ ਇਲਾਵਾ ਇੰਜੀਨੀਅਰ ਐਸੋਸੀਏਸ਼ਨ ਦੀ ਲੀਡਰਸ਼ਿਪ ਨੂੰ ਹਿੱਸਾ ਲੈਣ ਦੀ ਪੁਰਜ਼ੋਰ ਅਪੀਲ ਕੀਤੀ ਹੈ।

## ...ਸਫ਼ਾ 1 ਦੇ ਬਾਕੀ

### ਸਿੰਧ ਦਾ ਪਾਣੀ ਰੋਕਣਾ...

ਵਪਾਰ ਵੀ ਸ਼ਾਮਲ ਹੈ। ਪਾਕਿਸਤਾਨ ਨੇ ਸਿੰਧ ਜਲ ਸੰਧੀ ਨੂੰ ਮੁਅੱਤਲ ਕਰਨ ਦੇ ਭਾਰਤੀ ਫੈਸਲੇ ਨੂੰ ਇਹ ਕਹਿੰਦਿਆਂ ਰੱਦ ਕਰ ਦਿੱਤਾ ਕਿ ਇਹ 24 ਕਰੋੜ ਪਾਕਿਸਤਾਨੀਆਂ ਲਈ ਜੀਵਨ ਰੇਖਾ ਹੈ। ਬਿਆਨ ਵਿੱਚ ਕਿਹਾ ਗਿਆ ਹੈ, 'ਸਿੰਧ ਜਲ ਸੰਧੀ ਦੇ ਤਹਿਤ ਪਾਕਿਸਤਾਨ ਲਈ ਪਾਣੀ ਨੂੰ ਮੋੜਨ ਜਾਂ ਰੋਕਣ ਦੀ ਕਿਸੇ ਵੀ ਕੋਸ਼ਿਸ਼ ਨੂੰ ਜੰਗੀ ਕਾਰਵਾਈ ਮੰਨਿਆ ਜਾਵੇਗਾ।' ਪਾਕਿਸਤਾਨ ਨੇ ਭਾਰਤੀ ਹਾਈ ਕਮਿਸ਼ਨ ਦੇ ਫੌਜੀ ਸਲਾਹਕਾਰਾਂ ਨੂੰ 30 ਅਪਰੈਲ ਤੱਕ ਪਾਕਿਸਤਾਨ ਛੱਡ ਜਾਣ ਲਈ ਵੀ ਕਿਹਾ ਹੈ।

### ਮੋਦੀ ਤੇ ਸ਼ਾਹ ਹੁਣ...

ਅਸਤੀਫਾ ਮੰਗਿਆ ਹੈ, ਪਰ ਕੌਮੀ ਭਗਵਾ ਪਾਰਟੀ (ਪਹਿਲਗਾਮ ਵਿੱਚ) ਹਿੰਦੂਆਂ ਦੇ ਕਤਲੇਆਮ ਦੀ ਜ਼ਿੰਮੇਵਾਰੀ ਲੈਣ ਲਈ ਤਿਆਰ ਨਹੀਂ।' ਸੰਪਾਦਕੀ ਵਿੱਚ ਕਿਹਾ ਗਿਆ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਝੂਠ ਬੋਲਿਆ ਜਦੋਂ ਉਨ੍ਹਾ ਕਿਹਾ ਸੀ ਕਿ 2016 ਦੀ ਨੋਟਬੰਦੀ ਅੱਤਵਾਦ ਦੀ 'ਰੀੜ੍ਹ ਦੀ ਹੱਡੀ ਤੋੜ ਦੇਵੇਗੀ।' ਇਸ ਵਿਚ ਕਿਹਾ ਗਿਆ ਹੈ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦਾਅਵਾ ਕੀਤਾ ਸੀ ਕਿ ਧਾਰਾ 370 ਨੂੰ ਰੱਦ ਕਰਨ ਤੋਂ ਬਾਅਦ ਕਸ਼ਮੀਰ ਘਾਟੀ ਵਿੱਚ ਅੱਤਵਾਦ ਖਤਮ ਹੋ ਗਿਆ ਹੈ, ਪਰ ਉੱਥੇ ਹਰ ਰੋਜ਼ ਖੂਨ ਵਹਾਇਆ ਜਾ ਰਿਹਾ ਹੈ। ਸੰਪਾਦਕੀ ਵਿਚ ਜ਼ੋਰ ਦਿੱਤਾ ਗਿਆ, 'ਵਾਦੀ ਵਿੱਚ ਹਿੰਸਾ ਖਤਮ ਹੋਣ ਦੇ ਕੋਈ ਸੰਕੇਤ ਨਹੀਂ ਹਨ। ਹਿੰਦੂਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਅਤੇ ਹਿਜਰਤ ਕਰਨ ਵਾਲੇ ਕਸ਼ਮੀਰੀ ਪੰਡਤਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਹੋਏ। ਇਸ ਦੇ ਉਲਟ, ਹਿੰਦੂ (ਵਾਦੀ 'ਚੋਂ) ਭੱਜ ਰਹੇ ਹਨ।' ਭਾਜਪਾ, ਜੋ ਹਿੰਦੂਆਂ ਦਾ ਮਸੀਹਾ ਹੋਣ ਦਾ ਦਾਅਵਾ ਕਰਦੀ ਹੈ, ਨੂੰ ਇਸ 'ਤੇ ਸ਼ਰਮ ਆਉਣੀ ਚਾਹੀਦੀ ਹੈ।' ਸੰਪਾਦਕੀ ਵਿਚ ਕਿਹਾ ਗਿਆ ਹੈ, 'ਪਾਕਿਸਤਾਨ ਨੂੰ ਧਮਕੀ ਦੇਣ ਨਾਲ ਮਸਲੇ ਹੱਲ ਨਹੀਂ ਹੋਣ ਵਾਲੇ। ਇਸ ਨਾਲ ਸਿਰਫ 'ਭਗਤਾਂ' (ਭਾਜਪਾ ਸਮਰਥਕਾਂ) ਨੂੰ ਚੰਗਾ ਲੱਗੇਗਾ। ਹਿੰਦੂਆਂ ਦੀ ਰੱਖਿਆ ਕੌਣ ਕਰੇਗਾ ? ਹਿੰਦੂਆਂ ਦੇ ਮਰਨ ਤੋਂ ਬਾਅਦ ਰੋਣਾ ਤੇ ਵਿਰਲਾਪ ਕਰਨਾ ਅਤੇ ਫਿਰ ਪਾਕਿਸਤਾਨ ਅਤੇ ਮੁਸਲਮਾਨਾਂ ਨੂੰ ਦੋਸ਼ੀ ਠਹਿਰਾਉਣਾ ਉਨ੍ਹਾਂ ਦਾ (ਭਾਜਪਾ) ਕੰਮ ਹੈ। ਇਹ ਪੁਲਵਾਮਾ (ਹਮਲੇ) ਤੋਂ ਬਾਅਦ ਵੀ ਹੋਇਆ।' ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਹਮਲਾ ਕਰਦੇ ਹੋਏ ਸੰਪਾਦਕੀ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਪਿਛਲੇ ਦਸ ਸਾਲਾਂ ਤੋਂ ਦੇਸ਼ ਭਰ ਵਿੱਚ ਧਾਰਮਕ ਲੀਹਾਂ 'ਤੇ ਨਫਰਤ ਫੈਲਾਈ ਜਾ ਰਹੀ ਹੈ।

## ਪਾਕਿਸਤਾਨੀ ਦਵਾਈਆਂ ਜ਼ਬਤ, ਨਮੂਨੇ ਸੀਲ ਕਰਕੇ ਜਾਂਚ ਲਈ ਭੇਜੇ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਥਾਣਾ ਕੱਚਾ ਪੱਕਾ ਅਧੀਨ ਆਉਂਦੇ ਪਿੰਡ ਮਾਣਕਪੁਰਾ ਤੋਂ ਨਿਰਵੈਲ ਸਿੰਘ ਨਾਮਕ ਵਿਅਕਤੀ ਦੇ ਘਰੋਂ ਪਾਕਿਸਤਾਨੀ ਦਵਾਈਆਂ ਮਿਲਣ ਦੀ ਖ਼ਬਰ ਸਾਹਮਣੇ ਆਈ ਹੈ। ਬਰਾਮਦਗੀ ਜ਼ਿਲ੍ਹੇ ਦੇ ਡਰੱਗ ਇੰਸਪੈਕਟਰ ਹਰਪ੍ਰੀਤ ਸਿੰਘ ਤੇ ਕੱਚਾ-ਪੱਕਾ ਪੁਲਸ ਵੱਲੋਂ ਛਾਪੇਮਾਰੀ ਦੌਰਾਨ ਕੀਤੀ ਗਈ ਹੈ। ਜਾਣਕਾਰੀ ਅਨੁਸਾਰ ਡਰੱਗ ਇੰਸਪੈਕਟਰ ਵੱਲੋਂ ਦਵਾਈਆਂ ਦੇ ਨਮੂਨੇ ਸੀਲ ਕਰਕੇ ਜਾਂਚ ਲਈ ਲੈਬ ਵਿੱਚ ਭੇਜ ਦਿੱਤੇ ਗਏ ਹਨ।ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸਬ-ਡਵੀਜ਼ਨ ਭਿੱਖੀਵਿੰਡ ਦੇ ਡੀਐੱਸਪੀ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਡਰੱਗ ਇੰਸਪੈਕਟਰ ਤਰਨ ਤਾਰਨ ਹਰਪ੍ਰੀਤ ਸਿੰਘ ਨੂੰ ਪਿੰਡ ਮਾਣਕਪੁਰਾ ਤੋਂ ਨਿਰਵੈਲ ਸਿੰਘ ਨਾਮਕ ਵਿਅਕਤੀ ਦੇ ਘਰ ਵਿੱਚ ਪਾਕਿਸਤਾਨੀ ਦਵਾਈਆਂ ਦੀ ਮੌਜੂਦਗੀ ਸੰਬੰਧੀ ਜਾਣਕਾਰੀ ਪ੍ਰਾਪਤ ਹੋਈ ਸੀ।ਸੂਚਨਾ ਮਿਲਣ ਮਗਰੋਂ ਜਦੋਂ ਮੰਗਲਵਾਰ ਨੂੰ ਡਰੱਗ ਇੰਸਪੈਕਟਰ ਹਰਪ੍ਰੀਤ ਸਿੰਘ ਨੇ ਐੱਸਐੱਚਓ ਕੱਚਾ ਪੱਕਾ ਬਲਰਾਜ ਸਿੰਘ ਨਾਲ ਮਿਲ ਕੇ ਉਕਤ ਵਿਅਕਤੀ ਦੇ ਘਰ ਛਾਪਾ ਮਾਰਿਆ ਤਾਂ ਉਨ੍ਹਾਂ ਨੂੰ ਉੱਥੋਂ ਪਾਕਿਸਤਾਨ ਵਿੱਚ ਬਣੀਆਂ ਦਸ ਕਿਸਮਾਂ ਦੀਆਂ ਦਵਾਈਆਂ ਮਿਲੀਆਂ।ਉਨ੍ਹਾਂ ਦੱਸਿਆ ਕਿ ਨਿਰਵੈਲ ਸਿੰਘ ਵਿਸਾਖੀ ਮੌਕੇ ਜਥੇ ਨਾਲ ਗੁਰਦੁਆਰਾ ਨਨਕਾਣਾ ਸਾਹਿਬ ਵਿਖੇ ਨਤਮਸਤਕ ਹੋਣ ਗਿਆ ਸੀ ਤੇ ਉਹ 19 ਅਪ੍ਰੈਲ ਨੂੰ ਘਰ ਵਾਪਸ ਪਰਤਿਆ।ਡੀਐੱਸਪੀ ਨੇ ਦੱਸਿਆ ਕਿ ਡਰੱਗ ਇੰਸਪੈਕਟਰ ਵੱਲੋਂ ਚਾਰ ਦਵਾਈਆਂ ਦੇ ਨਮੂਨੇ ਲੈ ਕੇ ਜਾਂਚ ਲਈ ਪ੍ਰਯੋਗਸ਼ਾਲਾ ਵਿੱਚ ਭੇਜ ਦਿੱਤੇ ਗਏ ਹਨ।ਉਨ੍ਹਾਂ ਕਿਹਾ ਕਿ ਸੈਂਪਲਾਂ ਦੀ ਰਿਪੋਰਟ ਅਤੇ ਇਨਵੈਸਟੀਗੇਸ਼ਨ ਦੇ ਆਧਾਰ 'ਤੇ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਪੰਜਾਬ ਦਾ ਅਗਲਾ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਹੀ : ਭੱਟੀ ਫਰਾਂਸ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸ਼੍ਰੋਮਣੀ ਅਕਾਲੀ ਦਲ ਯੂਰਪ ਦੇ ਮੁਖੀ ਇਕਬਾਲ ਸਿੰਘ ਭੱਟੀ ਨੇ ਆਪਣੇ ਫਰਾਂਸ ਰਹਿੰਦੇ ਸ਼੍ਰੋਮਣੀ ਅਕਾਲੀ ਦਲ ਦੇ ਸਾਥੀਆਂ ਜਸਪ੍ਰੀਤ ਸਿੰਘ ਅਟਵਾਲ, ਸੋਨੂੰ ਕਰਨੈਲਗੰਜ, ਸਾਹਿਬ ਸਿੰਘ ਬਾਦਲ, ਸੁਰਜੀਤ ਸਿੰਘ ਮਾਣਾ, ਦਲਜੀਤ ਸਿੰਘ ਕਰਨੈਲਗੰਜ, ਗੁਰਨਾਮ ਸਿੰਘ ਉਰਫ ਗਿੱਲ ਨੰਗਲ ਲੁਬਾਲਾ ਆਦਿ ਦੇ ਹਵਾਲੇ ਨਾਲ ਮੀਡੀਆ ਨੂੰ ਬਿਆਨ ਜਾਰੀ ਕਰਦੇ ਹੋਏ ਕਿਹਾ ਕਿ ਜਿਹੜੇ ਜਿਹੜੇ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਵਿਰੋਧੀ ਪਾਰਟੀਆਂ ਦੇ ਹੱਥੇ ਚੜ੍ਹ ਚੁੱਕੇ ਹਨ, ਉਹ ਜਿਤਨੇ ਮਰਜ਼ੀ ਨਵੀਂ ਭਰਤੀ ਦੇ ਨਾਮ 'ਤੇ ਪਾਪੜ ਵੇਲ ਲੈਣ, ਸੁਖਬੀਰ ਸਿੰਘ ਬਾਦਲ ਨੂੰ ਢਾਹ ਨਹੀਂ ਲਾ ਸਕਦੇ ਕਿਉਂਕਿ ਜਿੱਥੇ ਪੰਜਾਬ ਦੇ ਲੋਕਾਂ ਨੇ ਸੁਖਬੀਰ ਸਿੰਘ ਬਾਦਲ ਦੇ ਨਾਲ ਤੁਰਨ ਵਾਸਤੇ ਕਮਰਕੱਸੇ ਕੱਸ ਲਏ ਹਨ, ਉੱਥੇ ਹੀ ਯੂਰਪੀਅਨ ਦੇਸ਼ਾਂ, ਫਰਾਂਸ, ਇਟਲੀ, ਨੌਰਵੇ ਅਤੇ ਸਪੇਨ ਵੱਸਦੇ ਅਕਾਲੀ ਦਲ ਦੇ ਆਗੂਆਂ ਨੇ ਵੀ ਪ੍ਰਣ ਕਰ ਲਿਆ ਹੈ ਕਿ ਹੁਣ ਵਿਰੋਧੀ ਜਿੰਨੇ ਮਰਜ਼ੀ ਪਾਪੜ ਵੇਲ ਲੈਣ ਪੰਜਾਬ ਦਾ ਅਗਲਾ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਹੀ ਬਣੇਗਾ।

## ਕੈਂਬ੍ਰਿਜ ਸਕੂਲ ਨੇ ਇੰਟਰ ਡਿਸਟ੍ਰਿਕਟ ਰੋਲਰ ਸਕੇਟਿੰਗ 'ਚ 3 ਗੋਲਡ ਮੈਡਲ ਜਿੱਤੇ





**ਸੰਗਰੂਰ (ਪ੍ਰਵੀਨ ਸਿੰਘ)**-ਜ਼ਿਲ੍ਹੇ ਦੇ ਨਾਮਵਰ ਵਿੱਦਿਅਕ ਅਦਾਰੇ ਕੈਂਬ੍ਰਿਜ ਇੰਟਰਨੈਸ਼ਨਲ ਸਕੂਲ ਸੰਗਰੂਰ ਦੇ ਖਿਡਾਰੀਆ ਨੇ ਮੋਹਾਲੀ ਵਿਖੇ ਹੋਈ ਦੂਸਰੀ ਇੰਟਰ ਜ਼ਿਲ੍ਹਾ ਪੱਧਰੀ ਓਪਨ ਨੈਸ਼ਨਲ ਰੋਲਰ ਸਕੇਟਿੰਗ ਚੈਂਪੀਅਨਸ਼ਿਪ-2025 ਵਿੱਚ ਭਾਗ ਲੈਂਦਿਆ 3 ਗੋਲਡ ਤੇ 2 ਸਿਲਵਰ ਮੈਡਲ ਜਿੱਤ ਕੇ ਆਪਣੇ ਹੁਨਰ ਦਾ ਪ੍ਰਗਟਾਵਾ ਕੀਤਾ।ਹਾਸਲ ਕੀਤੀ ਜਾਣਕਾਰੀ ਮੁਤਾਬਕ ਇੰਟਰ ਜ਼ਿਲ੍ਹਾ ਪੱਧਰੀ ਰੋਲਰ ਸਕੇਟਿੰਗ ਵਿੱਚ ਚੌਥੀ ਜਮਾਤ ਦੇ ਵਿਦਿਆਰਥੀ ਤੇਜਸਪ੍ਰਤਾਪ ਸਿੰਘ ਨੇ ਸੋਨ ਤਮਗਾ ਜਿੱਤ ਕੇ ਆਪਣੀ ਪ੍ਰਤਿਭਾ ਦਾ ਪ੍ਰਗਟਾਵਾ ਕੀਤਾ।ਸੱਤਵੀਂ ਜਮਾਤ ਦੀ ਵਿਦਿਆਰਥਣ ਗੁਰਨੂਰਪ੍ਰੀਤ ਕੌਰ ਨੇ ਵੀ ਸੋਨ ਤਮਗਾ, ਨੌਵੀਂ ਜਮਾਤ ਦੇ ਵਿਦਿਆਰਥੀ ਨੂਰਵਿੰਦਰ ਸਿੰਘ ਨੇ ਸੋਨ ਤਮਗਾ ਅਤੇ ਨੌਵੀਂ ਦੀ ਵਿਦਿਆਰਥਣ ਸੁਰਸਿਮਰ ਨੇ ਚਾਂਦੀ ਤਮਗਾ ਅਤੇ ਬਾਰਵੀਂ ਦੇ ਵਿਦਿਆਰਥੀ ਆਕਾਸ਼ਦੀਪ ਨੇ ਚਾਂਦੀ ਤਮਗਾ ਜਿੱਤ ਕੇ ਆਪਣੇ ਸਕੂਲ ਤੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ।ਇਹ ਖਿਡਾਰੀ ਸਕੇਟਿੰਗ ਕੋਚ ਰਾਹੁਲ ਸਿੰਘ ਦੀ ਅਗਵਾਈ ਵਿੱਚ ਖੇਡਣ ਲਈ ਗਏ ਸਨ। ਇਸ ਮੌਕੇ ਸਕੂਲ ਦੇ ਚੇਅਰਮੈਨ ਇੰਜੀ: ਸ਼ਿਵ ਆਰੀਆ ਤੇ ਸਕੂਲ ਪ੍ਰੈਜ਼ੀਡੈਂਟ ਡਾ. ਸੀਮਾ ਅਰੋੜਾ ਨੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਅਗਲੇ ਮੁਕਾਬਲਿਆਂ ਦੇ ਸੰਦਰਭ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਆ।ਇਸ ਮੌਕੇ ਸਕੂਲ ਪ੍ਰਿੰਸੀਪਲ ਮਨਦੀਪ ਕੌਰ ਕਲੇਰ ਨੇ ਕਿਹਾ ਕਿ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਕੈਂਬ੍ਰਿਜ ਇੰਟਰਨੈਸ਼ਨਲ ਸਕੂਲ ਬਚਨਬੱਧ ਹੈ।ਇਸ ਮੌਕੇ ਸਕੂਲ ਸੀ. ਈ. ਓ. ਮਿਸ ਭਾਵਨਾ ਪੌਲ, ਸੀਨੀਅਰ ਵਿੰਗ ਕਾਰਡੀਨੇਟਰ ਸੈਫੀ ਚਾਵਲਾ, ਜੂਨੀਅਰ ਕਾਰਡੀਨੇਟਰ ਮੈਡਮ ਸੋਨਿਕਾ ਨੇ ਵੀ ਵਧਾਈ ਦਿੱਤੀ।

## ਕਸ਼ਮੀਰ 'ਚ ਕਤਲੋਗਾਰਤ ਮੋਦੀ ਹਕੂਮਤ ਦੀ ਨਖਿੱਧ ਨੀਤੀ ਦਾ ਸਿੱਟਾ : ਦੱਤ, ਖੰਨਾ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਕਸ਼ਮੀਰ ਦੇ ਟੋਟੇ ਕਰ ਦੇਣ ਤੇ ਧਾਰਾ 370 ਅਤੇ 35 ਏ ਨੂੰ ਖ਼ਤਮ ਕਰ ਦੇਣ ਨੂੰ ਮੋਦੀ ਸਰਕਾਰ ਵੱਲੋਂ ਇੱਕ ਵੱਡਾ ਮੀਲ-ਪੱਥਰ ਕਰਾਰ ਦਿੱਤਾ ਗਿਆ ਸੀ। ਉਸ ਸਮੇਂ ਮੋਦੀ ਹਕੂਮਤ ਵੱਲੋਂ ਜੰਮੂ-ਕਸ਼ਮੀਰ 'ਚ ਅਮਨ ਬਹਾਲੀ ਲਈ ਇਨ੍ਹਾਂ ਗੱਲਾਂ ਨੂੰ ਇੱਕ ਰਾਮਬਾਣ ਵਜੋਂ ਪ੍ਰਚਾਰਿਆ ਗਿਆ ਸੀ, ਪਰ ਬੀਤੇ ਦਿਨੀਂ ਕਸ਼ਮੀਰ ਦੇ ਅਨੰਤਨਾਗ ਜ਼ਿਲ੍ਹੇ ਦੇ ਪਹਿਲਗਾਮ ਕਸਬੇ 'ਚ ਵਾਪਰੀ ਅਤਿਅੰਤ ਹਿਰਦੇਵੇਦਕ ਘਟਨਾ, ਜਿਸ ਵਿੱਚ 26 ਸੈਲਾਨੀ ਮਾਰ ਦਿੱਤੇ ਤੇ ਵੱਡੀ ਗਿਣਤੀ 'ਚ ਜ਼ਖਮੀ ਕਰ ਦਿੱਤੇ, ਨੇ ਸਮੂਹ ਇਨਸਾਫ਼ਪਸੰਦ ਲੋਕਾਂ ਨੂੰ ਝੰਜੋੜ ਕੇ ਰੱਖ ਦਿੱਤਾ ਹੈ, ਉਥੇ ਹੀ ਮੋਦੀ ਹਕੂਮਤ ਦੇ ਦਮਗਜ਼ਿਆਂ ਦੀ ਫੂਕ ਵੀ ਕੱਢ ਦਿੱਤੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਨਰਾਇਣ ਦੱਤ ਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਪ੍ਰੈੱਸ ਨੂੰ ਜਾਰੀ ਕੀਤੇ ਬਿਆਨ ਰਾਹੀਂ ਕੀਤਾ। ਉਨ੍ਹਾਂ ਕਿਹਾ ਕਿ ਕਸ਼ਮੀਰੀ ਲੋਕਾਂ ਦੀ ਹੱਕਾਂ ਦੀ ਲੜਾਈ 'ਚ ਨਿਰਦੋਸ਼ ਲੋਕਾਂ ਦੇ ਕਤਲ ਹੁਣ ਆਮ ਕਸ਼ਮੀਰੀ ਲੋਕਾਂ 'ਤੇ ਜਬਰ ਦਾ ਅੰਨ੍ਹਾ ਝੱਖੜ ਚਲਾਉਣ ਦਾ ਕਾਰਨ ਬਨਣਗੇ। ਇਸ ਘਟਨਾ ਨਾਲ ਕਸ਼ਮੀਰੀ ਲੋਕ ਇੱਕ ਵੇਰ ਫਿਰ ਦਹਿਸ਼ਤ ਦੇ ਸਾਏ 'ਚ ਜਿਓਣ ਲਈ ਮਜਬੂਰ ਹੋਣਗੇ। ਉਨ੍ਹਾਂ ਇਸ ਸਮੁੱਚੀ ਘਟਨਾ ਦੀ ਨਿਰਪੱਖ ਨਿਆਂਇਕ ਜਾਂਚ ਕਰਕੇ ਸਹੀ ਤੱਥ ਸਾਹਮਣੇ ਲਿਆਉਣ ਦੀ ਮੰਗ ਕਰਦਿਆਂ ਕਸ਼ਮੀਰ ਮਸਲੇ ਨੂੰ ਗੋਲੀ ਦੀ ਥਾਂ ਰਾਜਨੀਤਕ ਤੌਰ 'ਤੇ ਹੱਲ ਕਰਨ ਦੀ ਮੰਗ ਕੀਤੀ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

25 Apr Page-3.qxd 4/24/2025 10:48 PM Page 1



# ਜਗਰੂਪ ਸਿੰਘ ਸੇਖਵਾਂ ਦਾ ਪਿੰਡ ਗਿੱਲ ਮੰਝ 'ਚ ਕਿਸਾਨਾਂ ਵੱਲੋਂ ਵਿਰੋਧ

● ਕਿਸਾਨਾਂ ਨੇ ਹੱਕੀ ਮੰਗਾਂ ਤੇ ਹੋਂਦ ਨੂੰ ਬਚਾਉਣ ਲਈ ਇੱਕਜੁੱਟ ਹੋਣ ਦਾ ਦਿੱਤਾ ਸੱਦਾ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਕਿਸਾਨੀ ਮੰਗਾਂ ਨੂੰ ਲੈ ਕੇ ਜਥੇਬੰਦੀ ਦੇ ਵੱਲੋਂ ਲਗਾਤਾਰ ਪਿੰਡਾਂ ਦੇ ਵਿੱਚ ਆਮ ਆਦਮੀ ਪਾਰਟੀ ਦੇ ਮੰਤਰੀਆਂ ਵਿਧਾਇਕਾਂ ਤੇ ਹਲਕਾ ਇੰਚਾਰਜਾਂ ਦਾ ਵਿਰੋਧ ਵੱਖ-ਵੱਖ ਪਿੰਡਾਂ ਦੇ ਵਿੱਚ ਕੀਤਾ ਜਾ ਰਿਹਾ ਅਤੇ ਸਿੱਖਿਆ ਕ੍ਰਾਂਤੀ ਨੂੰ ਲੈ ਕੇ ਪਿੰਡਾਂ ਦੇ ਵਿੱਚ ਆਮ ਆਦਮੀ ਪਾਰਟੀ ਦੇ ਮੰਤਰੀ ਵਿਧਾਇਕ ਅਤੇ ਹਲਕਾ ਇੰਚਾਰਜ ਜਿੱਥੇ ਸਕੂਲਾਂ ਦੇ ਵਿਕਾਸ ਕਾਰਜਾਂ ਨੂੰ ਲੈ ਕੇ ਨੀਹ ਪੱਥਰ ਰੱਖ ਰਹੇ ਹਨ ਉੱਥੇ ਹੀ ਕਿਸਾਨ ਆਗੂ ਕਿਤੇ ਨਾ ਕਿਤੇ ਰੋਸ ਵਜੋਂ ਇਨ੍ਹਾਂ ਮੰਤਰੀਆਂ, ਵਿਧਾਇਕਾਂ ਤੇ ਹਲਕਾ ਇੰਚਾਰਜਾਂ ਦਾ ਵਿਰੋਧ ਕਰ ਰਹੇ ਹਨ।ਲਗਾਤਾਰ ਹਲਕਾ ਕਾਦੀਆਂ ਦੇ ਅਧੀਨ ਆਉਂਦੇ ਵੱਖ-ਵੱਖ ਪਿੰਡਾਂ ਦੇ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਗੁਰਦਾਸਪੁਰ ਦਾ ਲਗਾਤਾਰ ਕਿਸਾਨਾਂ ਦੇ ਵੱਲੋਂ ਵਿਰੋਧ ਕੀਤਾ ਜਾ ਰਿਹਾ ਅਤੇ ਉਨ੍ਹਾਂ ਦੇ ਨਾਲ ਸਵਾਲ ਜਵਾਬ ਕੀਤੇ ਜਾ ਰਹੇ ਹਨ।ਇਸੇ ਤਰ੍ਹਾਂ ਹੀ ਹਲਕਾ ਕਾਦੀਆਂ ਦੇ ਪਿੰਡ ਗਿੱਲ ਮੰਝ ਵਿੱਚ ਆਮ ਆਦਮੀ ਪਾਰਟੀ ਦੇ ਵੱਲੋਂ ਸਿੱਖਿਆ ਕ੍ਰਾਂਤੀ ਨੂੰ ਲੈ ਕੇ ਚੱਲ ਰਹੇ ਪ੍ਰੋਗਰਾਮ ਤਹਿਤ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਜਦੋਂ ਪਿੰਡ ਦੇ ਸਕੂਲ ਵਿੱਚ ਪਹੁੰਚੇ



ਤਾਂ ਕਿਸਾਨ ਆਗੂਆਂ ਦੇ ਵੱਲੋਂ ਉਨ੍ਹਾਂ ਦਾ ਜੰਮ ਕੇ ਵਿਰੋਧ ਕੀਤਾ ਗਿਆ।ਗੱਲਬਾਤ ਦੌਰਾਨ ਕਿਸਾਨ ਆਗੂਆਂ ਨੇ ਦੱਸਿਆ ਕਿ ਚੰਗੇ ਭਲੇ ਸਕੂਲਾਂ ਦੀਆਂ ਕੰਧਾਂ ਭੰਨ ਕੇ ਪੱਥਰ ਲਾ ਕੇ ਉਦਘਾਟਨ ਕਰਨ ਦਾ ਇਹ ਡਰਾਮਾ ਰਚਿਆ ਜਾ ਰਿਹਾ ਅਤੇ ਸਿੱਖਿਆ ਕ੍ਰਾਂਤੀ ਨੂੰ ਲੈ ਕੇ ਲੋਕਾਂ ਨੂੰ ਗੁਮਰਾਹ ਕੀਤਾ ਜਾ ਰਿਹਾ। ਉਨ੍ਹਾਂ ਦੱਸਿਆ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਪਖਾਨਿਆਂ ਦੀਆਂ ਕੰਧਾਂ ਨੂੰ ਰੰਗ ਕਰਵਾ ਕੇ ਨੀਂਹ ਪੱਥਰ ਰੱਖੇ ਜਾ ਰਹੇ ਹਨ।ਜਦਕਿ ਸ਼ੰਭੂ ਅਤੇ ਖਨੌਰੀ ਬਾਰਡਰ 'ਤੇ ਬੈਠੇ ਕਿਸਾਨਾਂ ਦਾ ਧਰਨਾ ਉਠਾ ਕੇ ਕਿਸਾਨ ਆਗੂਆਂ ਨੂੰ ਗ੍ਰਿਫਤਾਰ ਕੀਤਾ।ਮੋਰਚਿਆਂ ਨੂੰ ਚੁਕਵਾਇਆ ਜਿਸ ਦੇ ਰੋਸ ਵਜੋਂ ਕਿਸਾਨ ਆਗੂਆਂ ਦੇ ਵੱਲੋਂ ਲਗਾਤਾਰ ਆਮ ਆਦਮੀ ਪਾਰਟੀ ਦੇ ਮੰਤਰੀਆਂ ਵਿਧਾਇਕਾਂ ਤੇ ਹਲਕਾ ਇੰਚਾਰਜਾਂ ਦਾ ਵਿਰੋਧ ਕੀਤਾ ਜਾ ਰਿਹਾ।ਆਗੂਆਂ ਨੇ ਜਗਰੂਪ ਸਿੰਘ ਸੇਖਵਾਂ ਤੋਂ ਕਈ ਸਵਾਲ ਪੁੱਛੇ। ਇਸ ਮੌਕੇ ਐਡਵੋਕੇਟ ਜਗਰੂਪ ਸਿੰਘ ਸੇਖਵਾ ਨੇ ਹਰ ਵਾਰ ਦੀ ਤਰ੍ਹਾਂ ਕਿਹਾ ਕਿ ਕਿਸਾਨਾਂ ਦੇ ਨਾਲ ਪੰਜਾਬ ਸਰਕਾਰ ਚਟਾਨ ਵਾਂਗ ਖੜੀ ਹੈ ਤੇ ਚਟਾਨ ਵਾਂਗ ਖੜ੍ਹੀ ਰਹੇਗੀ।ਕਿਸਾਨਾਂ ਦੀਆਂ ਮੰਗਾਂ ਕੇਂਦਰ ਨਾਲ ਹਨ ਨਾ ਕਿ ਪੰਜਾਬ ਨਾਲ ਇਸ ਲਈ ਪੰਜਾਬ ਸਰਕਾਰ ਹਮੇਸ਼ਾ ਕਿਸਾਨਾਂ ਦੇ ਨਾਲ ਹੈ।ਇਸ ਮੌਕੇ ਵਿਰੋਧ ਦੇ ਵਿੱਚ ਹੋਰਨਾਂ ਤੋਂ ਇਲਾਵਾ ਅਜੀਤ ਸਿੰਘ ਗਿੱਲਮੰਝ, ਸ਼ਾਮ ਸਿੰਘ, ਮਹਿਲ ਸਿੰਘ, ਗੁਰਦੇਵ ਸਿੰਘ, ਨਿਰਮਲ ਕੌਰ, ਅਮਰੀਕ ਸਿੰਘ, ਗੁਰਮੀਤ ਸਿੰਘ, ਹੇਮ ਸਿੰਘ ਸਰਸਪੁਰ, ਦਵਿੰਦਰ ਸਿੰਘ, ਮਹੇਰ ਸਿੰਘ, ਰਵੇਲ, ਮਨਦੀਪ ਕੌਰ ,ਜੋਗਿੰਦਰ ਕੌਰ, ਬਲਵਿੰਦਰ ਕੌਰ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਪ੍ਰਵਾਨ ਕਰੇ : ਸੁਰਿੰਦਰ ਪੱਪੂ

**ਗੁਰਦਾਸਪੁਰ (ਜਨਕ ਮਹਾਜਨ)**- ਟੈਕਨੀਕਲ ਸਰਵਿਸਜ਼ ਯੂਨੀਅਨ ਰਜਿ. ਪੰਜਾਬ ਦੇ ਸਾਬਕਾ ਵਿੱਤ ਸਕੱਤਰ ਤੇ ਮੰਡਲ ਗੁਰਦਾਸਪੁਰ ਪੈਨਸ਼ਨਰ ਐਸੋਸੀਏਸ਼ਨ ਦੇ ਸਹਾਇਕ ਸਕੱਤਰ ਸੁਰਿੰਦਰ ਪੱਪੂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਪੰਜਾਬ ਸਰਕਾਰ ਅਤੇ ਚੇਅਰਮੈਨ ਪਾਵਰਕਾਮ ਵੱਲੋਂ ਲਾਗੂ ਨਹੀਂ ਕੀਤੀਆਂ ਜਾ ਰਹੀਆਂ ਜਿਸ ਕਰਕੇ ਪੈਨਸ਼ਨਰਾਂ ਅੰਦਰ ਪੰਜਾਬ ਸਰਕਾਰ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪੱਪੂ ਨੇ ਦੱਸਿਆ ਕਿ ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ ਪੰਜਾਬ ਵੱਲੋਂ ਆਪਣੀਆਂ ਲਟਕਦੀਆਂ ਮੰਗਾਂ ਨੂੰ ਮਨਵਾਉਣ ਲਈ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਤਿੰਨ ਸਾਲ ਬੀਤ ਜਾਣ 'ਤੇ ਵੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਉਨ੍ਹਾਂ ਦਾ ਬਣਦਾ ਡੀ.ਏ. 13 ਫੀਸਦੀ ਨਹੀਂ ਦਿੱਤਾ ਜਾ ਰਿਹਾ, ਛੇਵੇਂ ਪੇ ਕਮਿਸ਼ਨ ਅਨੁਸਾਰ ਵਧੀ ਹੋਈ ਲੀਵ ਇਨ ਕੈਸ਼ਮੈਂਟ ਦੀ ਬਕਾਇਆ, ਛੇਵੇਂ ਪੇ-ਕਮਿਸ਼ਨ ਦੀਆਂ ਸਿਫਾਰਿਸ਼ਾਂ ਤਹਿਤ 2016 ਤੋਂ ਪਹਿਲਾਂ ਸੇਵਾ ਮੁਕਤ ਹੋਏ



ਪੈਨਸ਼ਨਰਾਂ ਨੂੰ 2.45 ਗੁਣਾਂਕ ਦੀ ਜਗ੍ਹਾ 2.59 ਗੁਣਾਂਕ ਨਾਲ ਪੈਨਸ਼ਨ ਵਿੱਚ ਵਾਧਾ ਕਰਕੇ ਬਕਾਇਆ, 1972 ਨਿਯਮ ਮੁਤਾਬਕ ਨਵਾਂ ਨੋਟੀਫਿਕੇਸ਼ਨ ਜਾਰੀ ਕਰਕੇ ਪੁਰਾਣੀ ਪੈਨਸ਼ਨ ਬਹਾਲ ਨਹੀਂ ਕੀਤੀ ਜਾ ਰਹੀ। 17.7.2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਅਤੇ ਪੰਜਾਬ ਦਾ ਛੇਵਾਂ ਪੇ ਕਮਿਸ਼ਨ ਲਾਗੂ ਕੀਤਾ ਜਾਵੇ ਬਜਾਏ ਕੇਂਦਰ ਦੇ ਸੱਤਵੇਂ ਪੇ ਕਮਿਸ਼ਨ, ਪੈਨਸ਼ਨਰਾਂ ਨੂੰ ਬਿਜਲੀ ਦੀ ਰਿਆਇਤ ਦਿੱਤੀ ਜਾਵੇ, ਡੀ.ਏ. ਦੀਆਂ ਬਕਾਇਆ ਯਕਮੁਸ਼ਤ ਜਾਰੀ ਕੀਤਾ ਜਾਵੇ, 1-1-2016 ਤੋਂ 30-6-21 ਤੱਕ ਬਕਾਇਆ ਸਾਲ 2025 ਵਿੱਚ ਹਰੇਕ ਪੈਨਸ਼ਨਰ ਨੂੰ ਬਜਾਏ ਕਿਸ਼ਤਾਂ ਦੇ ਜਾਰੀ ਕੀਤਾ ਜਾਵੇ। ਪੱਪੂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ 25 ਅਪ੍ਰੈਲ ਨੂੰ ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ ਪੰਜਾਬ ਨਾਲ ਪੰਜਾਬ ਸਰਕਾਰ ਵੱਲੋਂ ਕੀਤੀ ਜਾ ਰਹੀ ਮੀਟਿੰਗ ਵਿੱਚ ਇਹ ਮੰਗਾਂ ਤੁਰੰਤ ਲਾਗੂ ਕਰਨ ਦਾ ਐਲਾਨ ਕੀਤਾ ਜਾਵੇ ਤਾਂ ਜੋ ਪੰਜਾਬ ਸਰਕਾਰ ਪ੍ਰਤੀ ਮੁਲਾਜ਼ਮਾਂ ਦੇ ਪੈਨਸ਼ਨਰਾਂ ਵਿੱਚ ਪਾਇਆ ਜਾ ਰਿਹਾ ਰੋਸ ਦੂਰ ਹੋ ਸਕੇ।

# ਪਹਿਲਗਾਮ 'ਚ ਸੈਲਾਨੀਆਂ ਦੇ ਕਤਲ ਦੀ ਟੈਕਸੀ ਸਟੈਂਡ ਯੂਨੀਅਨ ਕਾਦੀਆਂ ਵੱਲੋਂ ਘੋਰ ਨਿੰਦਾ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਸ੍ਰੀਨਗਰ ਦੇ ਅਨੰਤਨਾਗ ਜ਼ਿਲ੍ਹੇ ਦੇ ਪਹਿਲਗਾਮ ਵਿੱਚ ਮੰਗਲਵਾਰ ਬਾਅਦ ਦੁਪਹਿਰ ਤਿੰਨ ਵਜੇ ਦਹਿਸ਼ਤਗਰਦਾਂ ਨੇ 26 ਲੋਕਾਂ ਨੂੰ ਗੋਲੀਆਂ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ ਸੀ ਅਤੇ 20 ਦੇ ਕਰੀਬ ਸੈਲਾਨੀਆਂ ਨੂੰ ਜ਼ਖ਼ਮੀ ਕਰ ਕੇ ਇੱਕ ਘਨਾਉਣੀ ਘਟਨਾ ਨੂੰ ਅੰਜਾਮ ਦਿੱਤਾ ਗਿਆ ਸੀ। ਇਸ ਘਟਨਾ ਦੀ ਨਿੰਦਾ ਕਰਦਿਆਂ ਟੈਕਸੀ ਸਟੈਂਡ ਯੂਨੀਅਨ ਕਾਦੀਆਂ ਦੇ ਪ੍ਰਧਾਨ ਅਮਰੀਕ ਸਿੰਘ ਭੰਗੂ, ਰਕੇਸ਼ ਕੁਮਾਰ ਲਾਡੀ ਨੱਤ, ਗਗਨਦੀਪ ਸਿੰਘ, ਰੋਹਿਤ ਕੁਮਾਰ, ਵਿੱਕੀ ਕੱਲੇਰਾ, ਬਚਿੱਤਰ ਸਿੰਘ, ਸੰਦੀਪ ਸ਼ਰਮਾ, ਅਰਜਨ ਸਿੰਘ, ਰਣਜੀਤ ਸਿੰਘ, ਕਰਮਵੀਰ ਲਾਡੀ ਬਸਰਾ, ਸੰਜੀਵ ਮੈਨਨ ਸਾਬਕਾ ਪ੍ਰਧਾਨ ਵਾਲਮੀਕ ਸਭਾ ਆਦਿ ਨੇ ਕਿਹਾ ਕਿ ਉਹ ਵੀ ਟੂਰਿਸਟ ਸਵਾਰੀਆਂ ਲੈ ਕੇ ਦੇਸ਼ ਦੇ ਵੱਖ-ਵੱਖ ਹਿੱਲ ਸਟੇਸ਼ਨਾਂ ਵਿੱਚ ਜਾਂਦੇ ਰਹਿੰਦੇ ਹਨ ਜਿਸ ਕਰਕੇ ਉਨ੍ਹਾਂ ਦੇ ਕਾਰੋਬਾਰ 'ਤੇ ਤਾਂ ਬੁਰਾ ਅਸਰ ਪਵੇਗਾ ਹੀ



ਉਧਰ ਕਸ਼ਮੀਰ ਦੇ ਅਤੇ ਇੰਡੀਆ ਦੇ ਹੋਰ ਵੀ ਹਿੱਲ ਸਟੇਸ਼ਨਾਂ ਅਤੇ ਹੋਟਲ ਕਾਰੋਬਾਰੀਆਂ 'ਤੇ ਵੀ ਇਸ ਦਾ ਬੁਰਾ ਅਸਰ ਪਵੇਗਾ। ਅੱਤਵਾਦੀਆਂ ਵੱਲੋਂ ਕੀਤੇ ਗਏ ਇਸ ਘਟੀਆ ਅਤੇ ਨਿੰਦਣਯੋਗ ਕਾਰੇ ਨੂੰ ਅੰਜਾਮ ਦੇ ਕੇ ਹਰ ਵਰਗ ਤੇ ਅਤੇ ਹਰ ਧਰਮ ਦੇ ਮਨ ਵਿੱਚ ਠੇਸ ਪਹੁੰਚੀ ਹੈ।ਉਨ੍ਹਾਂ ਦੀ ਯੂਨੀਅਨ ਵੱਲੋਂ ਘੋਰ ਨਿੰਦਾ ਕੀਤੀ ਜਾਂਦੀ ਹੈ ਅਤੇ ਸਰਕਾਰ ਕੋਲੋਂ ਮੰਗ ਕਰਦੇ ਹਾਂ ਕਿ ਜਿਨ੍ਹਾਂ ਅੱਤਵਾਦੀਆਂ ਵੱਲੋਂ ਇਸ ਘਟਨਾ ਨੂੰ ਅੰਜਾਮ ਦਿੱਤਾ ਗਿਆ ਹੈ ਉਨ੍ਹਾਂ ਦੀ ਸਜ਼ਾ ਸਿਰਫ ਫਾਂਸੀ ਹੋਣੀ ਚਾਹੀਦੀ ਹੈ।

# 11ਵੇਂ ਅੰਤਰ ਜ਼ਿਲ੍ਹਾ ਹੁਲਾ ਹੂਪ ਮੁਕਾਬਲੇ 'ਚ ਆਰ. ਡੀ. ਖੋਸਲਾ ਸਕੂਲ ਨੇ ਓਵਰਆਲ ਟਰਾਫੀ ਜਿੱਤੀ

**ਬਟਾਲਾ (ਤਰਲੋਕ ਬੱਗਾ)**- ਪੰਜਾਬ ਹੁਲਾ ਹੂਪ ਸਪੋਰਟਸ ਐਸੋਸੀਏਸ਼ਨ ਨਾਲ ਸੰਬੰਧਿਤ ਅੰਮ੍ਰਿਤਸਰ ਹੁਲਾ ਹੂਪ ਸਪੋਰਟਸ ਐਸੋਸੀਏਸ਼ਨ ਨੇ ਅੰਮ੍ਰਿਤਸਰ ਵਿੱਚ 11ਵੀਂ ਅੰਤਰ ਜ਼ਿਲ੍ਹਾ ਹੁਲਾ ਹੂਪ ਪ੍ਰਤੀਯੋਗਤਾ ਦਾ ਆਯੋਜਨ ਕੀਤਾ ਜਿਸ ਵਿੱਚ 12 ਜ਼ਿਲ੍ਹਿਆਂ ਦੇ 124 ਵਿਦਿਆਰਥੀਆਂ ਨੇ ਭਾਗ ਲਿਆ।ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਓਵਰਆਲ ਟਰਾਫੀ ਜਿੱਤ ਕੇ ਸਕੂਲ ਦੀ ਸ਼ਾਨ ਵਧਾਈ।ਸਕੂਲ ਦੀ ਅੰਡਰ 8 ਟੀਮ ਵਿੱਚ ਕ੍ਰਿਸ਼ਾ, ਅਮਾਇਰਾ, ਖੁਸ਼ੀ, ਪ੍ਰਿਯਾਂਸ਼ੀ, ਮਹਿਨਾਜ਼ ਜੋਤ ਕੌਰ ਅਤੇ ਹਰਜਸ ਕੌਰ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਟੀਮ ਵਿੱਚ ਕ੍ਰਿਸ਼ਾ, ਅਮਾਇਰਾ, ਖੁਸ਼ੀ ਅਤੇ ਪ੍ਰਿਯਾਂਸ਼ੀ ਨੇ ਸੋਨ ਤਗਮੇ, ਧਨਵੀ ਅਤੇ ਹਰਜਸ ਕੌਰ ਨੇ ਚਾਂਦੀ ਦੇ ਤਗਮੇ ਅਤੇ ਮਹਿਨਾਜ਼ ਜੋਤ ਕੌਰ ਨੇ ਕਾਂਸੀ ਦਾ ਤਗਮਾ ਜਿੱਤਿਆ।ਅੰਡਰ 10 ਵਿਦਿਆਰਥੀਆਂ ਦੀ ਟੀਮ ਨੇ ਵੀ ਪਹਿਲਾ ਸਥਾਨ ਪ੍ਰਾਪਤ ਕੀਤਾ ਜਿਸ ਵਿੱਚ ਦੀਆ, ਧਨਿਕਾ, ਨਿਮ੍ਰਿਤ, ਮਨਰੀਤ, ਸਰਗੁਣਪ੍ਰੀਤ



ਗਰਿਮਾ, ਭਾਵਿਕਾ, ਯਸ਼ਮੀਤ ਸਿੰਘ, ਮਹਿਕ ਦੀਪ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਅੰਡਰ-14 ਟੀਮ ਵਿੱਚ ਅਭਿਜੋਤ ਸਿੰਘ, ਰਾਜਵੀਰ, ਅਸ਼ਮੀਨ ਕੌਰ, ਦਰਸ਼ਪ੍ਰੀਤ ਕੌਰ, ਕੀਰਤ ਪ੍ਰੀਤ, ਮਨਪ੍ਰੀਤ ਕੌਰ ਨੇ ਪਹਿਲਾ ਅਤੇ ਅੰਮ੍ਰਿਤਜੋਤ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਊਸ਼ਾ ਕਿਰਨ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ

ਕੌਰ ਨੇ ਪਹਿਲਾ ਸਥਾਨ, ਗੁਰਨੂਰ ਨੇ ਦੂਜਾ ਸਥਾਨ ਅਤੇ ਹੁਨਰਪ੍ਰੀਤ ਕੌਰ ਅਤੇ ਮਨਸੀਰਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਸਕੂਲ ਦੀ ਅੰਡਰ-12 ਟੀਮ ਵੀ ਪਹਿਲੇ ਸਥਾਨ ਤੇ ਰਹੀ ਜਿਸ ਵਿੱਚ ਵਿਹਾਸ, ਕਵਨੀਰ ਸਿੰਘ, ਤਾਨਿਆ ਨੇ ਪਹਿਲਾ ਸਥਾਨ, ਇਰਾ ਨੇ ਦੂਜਾ ਸਥਾਨ ਅਤੇ

ਕਿਹਾ ਕਿ ਯੋਗਾ ਰਾਹੀਂ ਵਿਦਿਆਰਥੀ ਆਪਣਾ ਸਰੀਰਕ ਅਤੇ ਮਾਨਸਿਕ ਵਿਕਾਸ ਕਰ ਸਕਦੇ ਹਨ। ਅੱਜ ਦੀ ਜੀਵਨ ਸ਼ੈਲੀ ਵਿੱਚ ਯੋਗਾ ਮਹੱਤਵਪੂਰਨ ਸਥਾਨ ਰੱਖਦਾ ਹੈ ਇਸ ਲਈ ਵਿਦਿਆਰਥੀਆਂ ਨੂੰ ਯੋਗਾ ਕਰਕੇ ਆਪਣੇ ਸਰੀਰ ਨੂੰ ਤੰਦਰੁਸਤ ਬਣਾਉਣਾ ਚਾਹੀਦਾ ਹੈ।

# ਚੇਅਰਮੈਨ ਪੰਧੇਰ ਵੱਲੋਂ ਚਾਵਾ ਦਾਣਾ ਮੰਡੀ ਦਾ ਦੌਰਾ, ਖਰੀਦ ਪ੍ਰਬੰਧਾਂ 'ਤੇ ਪ੍ਰਗਟਾਈ ਸੰਤੁਸ਼ਟੀ



**ਗੁਰਦਾਸਪੁਰ (ਜਨਕ ਮਹਾਜਨ)**- ਮਾਰਕੀਟ ਕਮੇਟੀ ਕਾਹਨੂੰਵਾਨ ਦੇ ਚੇਅਰਮੈਨ ਜਸਪਾਲ ਸਿੰਘ ਪੰਧੇਰ ਨੇ ਚਾਵਾ ਮੰਡੀ ਦਾ ਦੌਰਾ ਆਪਣੀ ਟੀਮ ਸਮੇਤ ਕੀਤਾ। ਉਨ੍ਹਾਂ ਨੇ ਆੜ੍ਹਤੀਆਂ ਤੇ ਕਿਸਾਨਾਂ ਨਾਲ ਮੰਡੀ ਵਿੱਚ ਹੋ ਰਹੀ ਖਰੀਦ ਸਬੰਧੀ ਵਿਚਾਰ ਵਟਾਂਦਰਾ ਕੀਤਾ। ਪੰਧੇਰ ਨੇ ਦੱਸਿਆ ਕਿ ਮੇਰੇ ਅਧੀਨ ਪੈਂਦੀਆਂ ਤਕਰੀਬਨ ਸਾਰੀਆਂ ਮੰਡੀਆਂ ਵਿੱਚ ਸਰਕਾਰੀ ਖਰੀਦ ਮੁਕੰਮਲ ਹਨ ਅਤੇ ਦੋ ਲੱਖ ਕੁਇੰਟਲ ਤੋਂ ਵੱਧ ਕਣਕ ਦੀ ਹੁਣ ਤੱਕ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਮੰਡੀਆਂ ਵਿੱਚ ਕਣਕ ਦੀ ਖਰੀਦ ਦਾ ਕੰਮ ਸੁਚਾਰੂ ਢੰਗ ਨਾਲ ਚੱਲ ਰਿਹਾ ਹੈ ਅਤੇ ਮੰਡੀਆਂ ਵਿੱਚ ਕਿਸੇ ਕਿਸਮ ਦੀ ਕੋਈ ਘਾਟ ਨਹੀਂ ਆ ਰਹੀ। ਪੰਧੇਰ ਨੇ ਕਿਹਾ ਕਿ ਮਾਨ ਸਰਕਾਰ ਦੇ ਵਧੀਆ ਉਪਰਾਲਿਆਂ ਸਦਕਾ ਸਮੇਂ ਸਿਰ ਕਿਸਾਨਾਂ ਦੇ ਖ਼ਾਤਿਆਂ ਵਿਚ ਪੇਮੈਂਟ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿਸਾਨ ਵੀ ਸਰਕਾਰ ਦੁਆਰਾ ਮੰਡੀਆਂ ਵਿਚ ਕੀਤੇ ਗਏ ਪ੍ਰਬੰਧਾਂ ਤੋਂ ਖੁਸ਼ ਨਜ਼ਰ ਆ ਰਹੇ ਹਨ। ਇਸ ਮੌਕੇ ਆੜ੍ਹਤੀ ਦਿਨੇਸ਼ ਕਟੋਚ, ਸੁਰਿੰਦਰ ਕੁਮਾਰ ਸ਼ਰਮਾ ਅਤੇ ਆੜ੍ਹਤੀ ਕਾਲੀ ਸੈਣੀ ਨੇ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਕਣਕ ਦੀ ਖਰੀਦ ਸਹੀ ਰੂਪ ਵਿੱਚ ਚੱਲ ਰਹੀ ਹੈ ਅਤੇ ਸਰਕਾਰ ਵੱਲੋਂ ਹਰ ਪ੍ਰਬੰਧ ਤੇ ਖੁਸ਼ੀ ਦਾ ਇਜ਼ਹਾਰ ਕਰਨ ਦੇ ਨਾਲ ਅਦਾਇਗੀ ਵੀ ਕਿਸਾਨਾਂ ਨੂੰ ਸਮੇਂ ਸਿਰ ਕੀਤੀ ਜਾ ਰਹੀ ਹੈ। ਇਸ ਮੌਕੇ ਉਨ੍ਹਾਂ ਨਾਲ ਸਕੱਤਰ ਜਸਵਿੰਦਰ ਸਿੰਘ ਰਿਆੜ, ਅਕਾਊਂਟੈਂਟ ਗੁਰਦੀਪ ਸਿੰਘ, ਗੁਰਪ੍ਰੀਤ ਸਿੰਘ ਅਤੇ ਇੰਦਰਪਾਲ ਸਿੰਘ ਆਦਿ ਤੋਂ ਇਲਾਵਾ ਆੜ੍ਹਤੀ ਤੇ ਹੋਰ ਕਿਸਾਨ ਆਗੂ ਹਾਜ਼ਰ ਸਨ।

# ਮਾਰਕੀਟ ਕਮੇਟੀ ਕਾਦੀਆਂ ਅਧੀਨ ਪੈਂਦੀਆਂ ਮੰਡੀਆਂ 'ਚ ਕਿਸਾਨ, ਜ਼ਿਮੀਦਾਰ ਤੇ ਮਜ਼ਦੂਰ ਪਾਣੀ ਨੂੰ ਤਰਸੇ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਮਾਰਕੀਟ ਕਮੇਟੀ ਕਾਦੀਆਂ ਅਧੀਨ ਆਉਂਦੀਆਂ ਸਭ ਮੰਡੀਆਂ ਕਾਹਲਵਾਂ ਮੰਡੀ, ਕੰਡੀਲਾ ਮੰਡੀ, ਧੰਦੋਈ ਮੰਡੀ, ਬਿੰਦ ਧਾਰੀਵਾਲ ਮੰਡੀ ਤੇ ਬੁੱਢਾਕੋਟ ਮੰਡੀ ਦੇ ਵਿੱਚ ਪਾਣੀ ਦੇ ਪ੍ਰਬੰਧ ਠੀਕ ਨਾ ਹੋਣ ਕਾਰਨ ਅਤੇ ਸਾਫ ਸਫ਼ਾਈ ਨੂੰ ਲੈ ਕੇ ਆਮ ਧਿਆਨ ਪਈ ਗੰਦਗੀ ਦੇ ਕਾਰਨ ਕਿਸਾਨਾਂ, ਜ਼ਿਮੀਦਾਰਾਂ ਤੇ ਲੇਬਰ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਜਦੋਂ ਪੱਤਰਕਾਰਾਂ ਦੀ ਟੀਮ ਦੇ ਵੱਲੋਂ ਸਭ ਮੰਡੀਆਂ ਦਾ ਦੌਰਾ ਕੀਤਾ ਗਿਆ ਤਾਂ ਉੱਥੇ ਪਾਇਆ ਗਿਆ ਕਿ ਮਾਰਕੀਟ ਕਮੇਟੀ ਕਾਦੀਆਂ ਦੇ ਵੱਲੋਂ ਵੱਖ-ਵੱਖ ਮੰਡੀਆਂ 'ਚ ਪੀਣ ਵਾਲਾ ਪਾਣੀ ਨਾ ਮਾਤਰ ਦਿਖਾਈ ਦਿੱਤਾ। ਮੰਡੀਆਂ 'ਚ ਮੌਜੂਦ ਮੁਨਸ਼ੀ ਨੇ ਦੱਸਿਆ ਕਿ ਇੱਥੇ ਪਾਣੀ ਪੀਣ ਵਾਲਾ ਨਹੀਂ ਹੈ ਅਤੇ ਸਾਫ ਸਫ਼ਾਈ ਲਈ ਵੀ ਕੋਈ ਕਰਮਚਾਰੀ ਨਹੀਂ ਹੈ ।ਉੱਥੇ ਮੌਜੂਦ ਕੁਝ ਜ਼ਿਮੀਦਾਰਾਂ ਨੇ ਇਹ ਵੀ ਦੱਸਿਆ ਕਿ ਇੱਥੇ ਪੀਣ ਵਾਲਾ ਪਾਣੀ ਨਹੀਂ ਹੈ ਅਤੇ ਉਨ੍ਹਾਂ ਨੂੰ ਪਾਣੀ ਸਥਾਨਕ ਹੋਰਨਾਂ ਥਾਵਾਂ ਤੋਂ ਲਿਆ ਕੇ ਪੀਣਾ ਪੈਂਦਾ ਜਦਕਿ ਮਾਰਕੀਟ ਕਮੇਟੀ ਕਾਦੀਆਂ ਦੇ ਵੱਲੋਂ ਵੱਖ-ਵੱਖ ਮੰਡੀਆਂ ਦੇ



ਵਿੱਚ ਪੀਣ ਵਾਲੇ ਪਾਣੀ ਦੇ ਲਈ ਬੈਨਰ ਤਾਂ ਲਗਾ ਦਿੱਤੇ ਗਏ ਪਰ ਉਥੇ ਛੋਟੀਆਂ ਜਿਹੀਆਂ ਬਾਲਟੀਆਂ ਰੱਖ ਦਿੱਤੀਆਂ ਗਈਆਂ ਜਿਨ੍ਹਾਂ ਵਿੱਚ ਸਵੇਰੇ ਪਾਣੀ ਭਰਿਆ ਜਾਂਦਾ ਅਤੇ ਉਹ ਪਾਣੀ ਜਦੋਂ ਗਰਮ ਹੋ ਜਾਂਦਾ ਤਾਂ ਪਾਣੀ ਪੀਣ ਨੂੰ ਲੋਕ ਪ੍ਰੇਸ਼ਾਨ ਦਿਖਾਈ ਦਿੰਦੇ ਹਨ ਅਤੇ ਇਨ੍ਹਾਂ ਲੋਕਾਂ ਨੂੰ ਵੱਖ-ਵੱਖ ਥਾਵਾਂ ਤੋਂ ਦੂਰ ਦੁਰਾਡੇ ਤੋਂ ਪਾਣੀ ਲਿਆ ਕੇ ਪੀਣਾ ਪੈਂਦਾ।ਦੱਸ ਦਈਏ ਕਿ ਇੱਕ ਪਾਸੇ ਜਿੱਥੇ ਪੰਜਾਬ ਸਰਕਾਰ ਦੇ ਵੱਲੋਂ ਲਗਾਤਾਰ ਮੰਡੀਆਂ ਦੇ ਵਿੱਚ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ ਪਰ ਇਨ੍ਹਾਂ ਮੰਡੀਆਂ ਦੇ ਵਿੱਚ ਇਹ ਸਹੂਲਤਾਂ ਨਾ ਹੋਣ ਦੇ ਤਹਿਤ ਕਿਤੇ ਨਾ ਕਿਤੇ ਮਿਲੀਭੁਗਤ ਦੇ ਕਾਰਨ ਮੰਡੀਆਂ 'ਚ ਸੁਵਿਧਾਵਾਂ ਨਹੀਂ ਹਨ ਜਿਸ ਦਾ ਸਾਹਮਣਾ ਹੁਣ ਕਿਸਾਨਾਂ ਜ਼ਿਮੀਦਾਰਾਂ ਤੇ ਮੰਡੀਆਂ ਵਿੱਚ ਕੰਮ ਕਰਨ ਵਾਲੀ ਲੇਬਰ ਨੂੰ ਕਰਨਾ ਪੈ ਰਿਹਾ ।ਹੁਣ ਦੇਖਣਾ ਇਹ ਹੋਵੇਗਾ ਕਿ ਆਉਣ ਵਾਲੇ 15 ਤੋਂ 20 ਦਿਨ ਸੀਜ਼ਨ ਮੰਡੀਆਂ ਦੇ ਵਿੱਚ ਅਜੇ ਹੋਰ ਚੱਲੇਗਾ।ਜਦੋਂ ਇਸ ਮਾਮਲੇ ਸਬੰਧੀ ਮਾਰਕੀਟ ਕਮੇਟੀ ਕਾਦੀਆਂ ਦੇ ਸਕੱਤਰ ਜਗਰੂਪ ਸਿੰਘ ਦੇ ਨਾਲ ਫੋਨ 'ਤੇ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਮੰਡੀਆਂ ਦੇ ਵਿੱਚ ਪ੍ਰਬੰਧ ਪੂਰੇ ਹਨ ਅਸੀਂ ਪੈਰ ਪੈਰ ਤੇ ਮੰਡੀਆਂ ਦਾ ਦੌਰਾ ਕਰ ਰਹੇ ਹਾਂ। ਮਾਰਕੀਟ ਕਮੇਟੀ ਕਾਦੀਆਂ ਦੇ ਸਕੱਤਰ ਨੇ ਅੱਗੇ ਦੱਸਿਆ ਹੈ ਕਿ ਉਹ ਹੁਣ ਪੰਜ ਦਿਨ ਦੀ ਛੁੱਟੀ ਤੇ ਹਨ ਕਿਉਂਕਿ ਉਨ੍ਹਾਂ ਦੀ ਸਿਹਤ ਠੀਕ ਨਹੀਂ ਹੈ।ਉਨ੍ਹਾਂ ਦੇ ਵੱਲੋਂ ਆਪਣੇ ਕਰਮਚਾਰੀਆਂ ਦੀ ਡਿਊਟੀ ਲਗਾ ਦਿੱਤੀ ਗਈ ਹੈ ਕਿ ਉਹ ਮੰਡੀਆਂ ਦੇ ਵਿੱਚ ਰੋਜ਼ਾਨਾ ਦੌਰਾ ਕਰਨ ਅਤੇ ਕਿਸੇ ਵੀ ਜ਼ਿਮੀਦਾਰ ਜਾਂ ਕਿਸਾਨ ਨੂੰ ਕਿਸੇ ਤਰ੍ਹਾਂ ਦੀ ਕੋਈ ਪਰੇਸ਼ਾਨੀ ਨਾ ਆ ਸਕੇ।

# ਨਿਹੱਥੇ ਮਾਸੂਮ ਲੋਕਾਂ ਦੀ ਜਾਨ ਲੈਣਾ ਇਨਸਾਨੀਅਤ ਨਹੀਂ : ਭਾਈ ਰਿਆੜ

**ਧਾਰੀਵਾਲ/ਹਰਚੋਵਾਲ (ਮਨਦੀਪ ਸਿੰਘ ਵਿੱਕੀ)**- ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਸੈਲਾਨੀਆਂ ਉੱਪਰ ਹੋਇਆ ਕਾਇਰਤਾਪੂਰਨ



ਅੱਤਵਾਦੀ ਹਮਲਾ ਮਨੁੱਖਤਾ ਉੱਤੇ ਹੋਇਆ ਸਿੱਧਾ ਹਮਲਾ ਹੈ। ਇਹ ਪ੍ਰਗਟਾਵਾ ਕਰਦਿਆਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਜਨਰਲ ਸਕੱਤਰ ਤੇ ਸਮਾਜ ਸੇਵੀ ਮਨੁੱਖਤਾ ਭਲਾਈ ਆਗੂ ਭਾਈ ਗਗਨਦੀਪ ਸਿੰਘ ਰਿਆੜ ਨੇ ਆਖਿਆ ਕਿ ਇਹ ਹਮਲਾ ਸਿਰਫ ਨਿਹੱਥੇ ਮਾਸੂਮ ਲੋਕਾਂ ਦੇ ਜਾਨ ਲੈਣ ਤੱਕ ਸੀਮਤ ਨਹੀਂ, ਇਹ ਸਾਡੇ ਕਲਚਰ, ਸਾਡੀ ਮਹਿਮਾਨ ਨਿਵਾਜ਼ੀ ਅਤੇ ਅਮਨ ਪਸੰਦ ਸੋਚ ਦੇ ਖਿਲਾਫ ਕੀਤੀ ਗਈ ਅਤਿ ਨੀਚ ਕੋਸ਼ਿਸ਼ ਹੈ। ਇਹ ਬਹੁਤ ਮੰਦਭਾਗੀ ਘਟਨਾ ਹੈ। ਮਾਸੂਮ ਸੈਲਾਨੀਆਂ, ਜੋ ਇਨਸਾਨੀਅਤ ਦੇ ਰੰਗ ਵੇਖਣ ਆਏ ਸਨ, ਉਨ੍ਹਾਂ ਨੂੰ ਅਣਮਨੁੱਖੀ ਤਰੀਕੇ ਨਾਲ ਨਿਸ਼ਾਨਾ ਬਣਾਏ ਜਾਣਾ ਹਰ, ਉਸ ਵਿਅਕਤੀ ਲਈ ਇੱਕ ਜਗਾਉਣ ਵਾਲਾ ਪਲ ਹੈ ਜੋ ਅਜੇ ਵੀ ਅੱਤਵਾਦ ਨੂੰ ਕਿਸੇ ਵੀ ਰੂਪ ਵਿੱਚ ਠੀਕ ਠਹਿਰਾਉਂਦਾ ਹੈ। ਗਗਨਦੀਪ ਸਿੰਘ ਰਿਆੜ ਨੇ ਆਖਿਆ ਕਿ ਜਿਹੜੇ ਲੋਕ ਮਨੁੱਖਤਾ ਦਾ ਕਤਲ ਕਰ ਰਹੇ ਹਨ ਉਹ ਲੋਕ ਕਿਸੇ ਧਰਮ ਦੇ ਹਮਦਰਦੀ ਨਹੀਂ ਹੋ ਸਕਦੇ। ਨਿਹੱਥੇ ਮਾਸੂਮ ਲੋਕਾਂ ਦੀ ਜਾਨ ਲੈਣਾ ਇਨਸਾਨੀਅਤ ਨਹੀਂ ਹੈ ਅਜਿਹੀਆਂ ਘਟਨਾਵਾਂ ਦੀ ਕੋਈ ਧਰਮ ਇਜਾਜ਼ਤ ਨਹੀਂ ਦਿੰਦਾ। ਇਸ ਦੁਖਦਾਈ ਸਮੇਂ ਵਿੱਚ ਪੂਰਾ ਦੇਸ਼ ਪੀੜਤ ਪਰਿਵਾਰਾਂ ਦੇ ਨਾਲ ਖੜ੍ਹਾ ਹੈ। ਉਨ੍ਹਾਂ ਨੇ ਇਸ ਅੱਤਵਾਦੀ ਹਮਲੇ ਦੀ ਸਭ ਤੋਂ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਨਸਾਫ ਦੀ ਮੰਗ ਕੀਤੀ। ਉਨ੍ਹਾਂ ਕਿਹਾ ਸਾਰਿਆਂ ਨੂੰ ਇੱਕਜੁੱਟ ਹੋ ਕੇ ਇਸ ਅੱਤਵਾਦ ਦੇ ਹਰ ਰੂਪ ਵਿੱਚ ਖਿਲਾਫ ਡੱਟਣਾ ਚਾਹੀਦਾ ਹੈ। ਜਿਹੜੇ ਲੋਕ ਮਨੁੱਖਤਾ ਦਾ ਕਤਲ ਕਰ ਰਹੇ ਹਨ ਉਹ ਲੋਕ ਕਿਸੇ ਧਰਮ ਦੇ ਹਮਦਰਦੀ ਨਹੀਂ ਹੋ ਸਕਦੇ। ਇਸ ਮੌਕੇ ਭਾਈ ਗਗਨਦੀਪ ਸਿੰਘ ਰਿਆੜ ਦੇ ਨਾਲ ਸੁਖਵਿੰਦਰ ਸਿੰਘ ਪਾਹੜਾ, ਬੂਟਾ ਸਿੰਘ, ਲਵਪਰੀਤ ਸਿੰਘ ਬਟਾਲਾ, ਸੁਖਦੇਵ ਸਿੰਘ ਆਦਿ ਆਗੂ ਹਾਜ਼ਰ ਸਨ।

# ਆਰਐੱਮਪੀ ਡਾਕਟਰਾਂ ਦੀ ਮਹੀਨਾਵਾਰ ਮੀਟਿੰਗ ਭਲਕੇ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੇ ਆਰਐੱਮਪੀ ਡਾਕਟਰਾਂ ਦੇ ਮਹੀਨਾਵਾਰ ਮੀਟਿੰਗ ਜਿਲਾ ਜਨਰਲ ਸਕੱਤਰ ਡਾਕਟਰ ਅਸ਼ੋਕ ਕੁਮਾਰ ਬਟਾਲਾ ਤੇ ਜ਼ਿਲ੍ਹਾ ਪ੍ਰਧਾਨ ਡਾਕਟਰ ਚਮਨ ਲਾਲ ਦੀ ਪ੍ਰਧਾਨਗੀ ਹੇਠ 26 ਅਪ੍ਰੈਲ ਦਿਨ ਸਨਿਚਰਵਾਰ ਦੁਪਹਿਰ 1 ਵਜੇ ਡਾਕਟਰ ਬੀ. ਆਰ. ਅੰਬੇਡਕਰ ਸੀਨੀਅਰ ਸੈਕੰਡਰੀ ਸਕੂਲ ਠਠਿਆਰੀ ਗੇਟ ਬਟਾਲਾ ਵਿਖੇ ਹੋਵੇਗੀ। ਇਸ ਮੀਟਿੰਗ ਵਿੱਚ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੈੱਸ ਸਕੱਤਰ ਡਾਕਟਰ ਲਖਵਿੰਦਰ ਸਿੰਘ ਸੰਧੂ ਔਲਖ ਨੇ ਦੱਸਿਆ ਕਿ ਪੰਜਾਬ ਦੀ ਮੌਜੂਦਾ ਮਾਨ ਸਰਕਾਰ ਆਰਐੱਮਪੀ ਡਾਕਟਰਾ ਦੇ ਲੰਮੇ ਸਮੇਂ ਤੋਂ ਲਟਕਦੇ ਆ ਰਹੇ ਮਾਮਲੇ ਸਬੰਧੀ ਪਹਿਲ ਦੇ ਆਧਾਰ ਤੇ ਮਸਲਾ ਹੱਲ ਕਰਨ ਦਾ ਵਾਅਦਾ ਕਰਕੇ ਹੁਣ ਟਾਲ ਮਟੋਲ ਵਾਲੀ ਨੀਤੀ ਅਪਣਾ ਕੇ ਗੁੰਮਰਾਹ ਕਰ ਰਹੀ ਹੈ। ਇਸ ਕਰਕੇ ਡਾਕਟਰ ਸਾਥੀ ਏਕਤਾ ਦਾ ਸਬੂਤ ਦਿੰਦੇ ਹੋਏ ਆਪਣੇ ਮਸਲੇ ਨੂੰ ਹੱਲ ਕਰਨ ਸਬੰਧੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ।ਡਾਕਟਰ ਸੰਧੂ ਨੇ ਜ਼ਿਲਾ ਭਾਰਤ ਦੇ ਆਰਐੱਮਪੀ ਡਾਕਟਰਾਂ ਨੂੰ ਅਪੀਲ ਕੀਤੀ ਕਿ ਆਪਣੇ ਹੱਕ ਅਤੇ ਸੱਚ ਦੀ ਆਵਾਜ਼ ਨੂੰ ਬੁਲੰਦ ਕਰਨ ਲਈ ਸਮੇਂ ਸਿਰ ਮੀਟਿੰਗ ਵਿੱਚ ਪਹੁੰਚਣ ਦੀ ਕਿਰਪਾਲਤਾ ਕਰਨ।

# ਕਣਕ ਦੀ ਲਿਫਟਿੰਗ ਨਾ ਹੋਣ ਕਰਕੇ ਆੜ੍ਹਤੀਏ ਤੇ ਕਿਸਾਨ ਪ੍ਰੇਸ਼ਾਨ

**ਗੁਰਦਾਸਪੁਰ (ਜਨਕ ਮਹਾਜਨ)**- ਦਾਣਾ ਮੰਡੀ ਭੱਟੀਆਂ, ਚੂਹੜਪੁਰ ਅਤੇ ਸਾਹੋਵਾਲ 'ਚ ਕਣਕ ਦੀ ਢੋਆ ਢੋਆਈ ਨਾ ਹੋਣ ਕਰਕੇ ਆੜ੍ਹਤੀ ਤੇ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਆੜ੍ਹਤੀਆਂ ਤੇ ਕਿਸਾਨਾਂ ਨੇ ਦੱਸਿਆ ਕਿ ਇਨ੍ਹਾਂ ਮੰਡੀਆਂ ਵਿੱਚ ਕਣਕ ਨੀਲੇ ਅਸਮਾਨ ਹੇਠ ਪਈ ਹੋਈ ਹੈ ਅਤੇ ਮੌਸਮ ਵੀ ਖਰਾਬ ਹੋ ਰਿਹਾ ਹੈ। ਉਨ੍ਹਾਂ ਕਿਹਾ ਕਣਕ ਦੇ ਆਰ ਲੱਗਣ ਨਾਲ ਕਿਸਾਨ ਤੇ ਆੜ੍ਹਤੀ ਕਾਫੀ ਚਿੰਤਾ ਵਿੱਚ ਨਜ਼ਰ ਆ ਰਹੇ ਹਨ। ਇਸ ਪਾਸੇ ਜਿਲ੍ਹਾ ਪ੍ਰਸ਼ਾਸਨ ਕੋਈ ਵੀ ਧਿਆਨ ਨਹੀਂ ਦੇ ਰਿਹਾ ਜਿਸ ਕਰਕੇ ਕਿਸਾਨਾਂ ਦਾ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ। ਉਨ੍ਹਾਂ ਦੱਸਿਆ ਕਿ ਠੇਕੇਦਾਰ ਵਲੋਂ ਇਸ ਪਾਸੇ ਬਿਲਕੁਲ ਧਿਆਨ ਨਾ ਦੇਣ ਕਰਕੇ ਕਣਕ ਦੇ ਅੰਬਾਰ ਲੱਗਣ ਨਾਲ ਸਰਕਾਰ 'ਤੇ ਕਈ ਤਰ੍ਹਾਂ ਦੇ ਪ੍ਰਸ਼ਨ ਚਿੰਨ ਲੱਗ ਰਹੇ ਹਨ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਇਨ੍ਹਾਂ ਮੰਡੀਆਂ ਵਿੱਚ ਕਣਕ ਉਠਾਉਣ ਲਈ ਠੇਕੇਦਾਰ ਨੂੰ ਹਦਾਇਤਾਂ ਜਾਰੀ ਕੀਤੀਆਂ ਜਾਣ।

# ਰੋਸ ਵਜੋਂ ਕਿਰਤੀ ਕਿਸਾਨ ਯੂਨੀਅਨ ਨੇ ਅਮਰੀਕੀ ਉਪ ਰਾਸ਼ਟਰਪਤੀ ਦਾ ਪੁਤਲਾ ਫੂਕਿਆ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੀ ਪਿੰਡ ਭੱਖਾ ਤਾਰਾ ਸਿੰਘ ਦੀ ਕਮੇਟੀ ਦੇ ਪ੍ਰਧਾਨ ਨਵਾਬ ਸਿੰਘ ਭੱਖਾ, ਜਨਰਲ ਸਕੱਤਰ ਮਨਜੀਤ ਸਿੰਘ ਭੱਖਾ,ਜਸਕਰਨਦੀਪ ਸਿੰਘ ਸੀਨੀਅਰ ਮੀਤ ਪ੍ਰਧਾਨ, ਪ੍ਰਗਟ ਸਿੰਘ ਮੀਤ ਪ੍ਰਧਾਨ, ਪ੍ਰਭਜੀਤ ਸਿੰਘ ਮੀਤ ਪ੍ਰਧਾਨ ਤੇ ਮੰਨਿਦਰ ਸਿੰਘ ਖਜ਼ਾਨਚੀ ਦੀ ਸਾਂਝੀ ਅਗਵਾਈ ਹੇਠ ਦਰਜਨਾਂ ਆਗੂਆਂ ਤੇ ਮੈਂਬਰਾਂ ਨੇ ਯੂਥ ਵਿੰਗ ਦੇ ਭਰਵੇਂ ਸਹਿਯੋਗ ਨਾਲ ਅਜਨਾਲਾ/ਅੰਮ੍ਰਿਤਸਰ ਮੁੱਖ ਮਾਰਗ ਜਾਮ ਕਰਕੇ ਅਮਰੀਕਾ ਦੇ ਉੱਪ ਰਾਸ਼ਟਰਪਤੀ ਜੇ. ਡੀ. ਵੈਂਸ ਦਾ ਪੁਤਲਾ ਫੂਕ ਕੇ ਕੇਂਦਰੀ ਮੋਦੀ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਜ਼ਬਰਦਸਤ ਰੋਸ ਮੁਜ਼ਾਹਰਾ ਕੀਤਾ।ਮੁਜ਼ਾਹਰੇ 'ਚ ਉਚੇਚੇ ਤੌਰ ਤੇ ਪੁੱਜੇ ਕਿਰਤੀ ਕਿਸਾਨ ਯੂਨੀਅਨ ਪੰਜਾਬ ਯੂਥ ਵਿੰਗ ਦੇ ਸੂਬਾ ਪ੍ਰਧਾਨ ਗੁਰਿੰਦਰ ਸਿੰਘ ਬਾਠ ਨੇ ਆਪਣੇ ਸੰਬੋਧਨ ਤੋਂ ਪਹਿਲਾਂ ਪਹਿਲਗਾਮ 'ਚ ਹੋਏ ਅੱਤਵਾਦੀ ਹਮਲੇ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕਰਦਿਆਂ ਇਸ ਨੂੰ ਮਾਨਵਤਾ ਦਾ ਘਾਣ ਦੱਸਿਆ।ਉਪਰੰਤ ਸੂਬਾ ਪ੍ਰਧਾਨ ਬਾਠ ਨੇ ਕਿਹਾ ਕਿ ਭਾਰਤ ਵਿਚਲੀ ਬੀਜੇਪੀ ਦੀ ਮੋਦੀ ਸਰਕਾਰ ਅਮਰੀਕਾ ਸਰਕਾਰ ਅੱਗੇ ਪੂਰੀ ਤਰ੍ਹਾਂ ਨਾਲ ਗੋਡੇ ਟੇਕ ਚੁੱਕੀ ਹੈ ਅਤੇ ਟਰੰਪ ਸਰਕਾਰ ਨਾਲ ਦੇਸ਼ ਵਿਰੋਧੀ ਸਮਝੌਤੇ ਕਰ ਰਹੀ ਹੈ ਜਿਸ ਨਾਲ ਜਿੱਥੇ ਖੇਤੀਬਾੜੀ, ਇੰਡਸਟਰੀ, ਵਪਾਰ ਤੇ ਦੇਸ਼ ਦੀ ਆਰਥਿਕਤਾ ਨੂੰ ਲਾਭ ਪਹੁੰਚਾਉਣ ਵਾਲੀਆਂ ਸੁਭਾਵਾਂ ਤਬਾਹ ਹੋ ਜਾਣਗੀਆਂ ਉਥੇ ਦੇਸ਼ ਅੰਦਰ ਬੇਰੁਜ਼ਗਾਰੀ ਤੇ ਮਹਿਗਾਈ ਵਧੇਗੀ।ਉਨ੍ਹਾਂ ਦੇਸ਼ ਵਾਸੀਆਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਮੋਦੀ ਸਰਕਾਰ ਨੂੰ ਆਉਣ ਵਾਲੇ ਸਮੇਂ 'ਚ ਅਜਿਹੇ ਸਮਝੌਤੇ ਕਰਨੇ ਚਾਹੀਦੇ ਹਨ ਜੋ ਦੇਸ਼ ਦੇ ਹੱਕ ਵਿੱਚ ਹੋਣ ਅਤੇ ਦੇਸ਼ ਅੰਦਰੋਂ ਬੇਰੁਜ਼ਗਾਰੀ, ਗਰੀਬੀ, ਅਨਪੜ੍ਹਤਾ ਅਤੇ ਆਰਥਿਕ ਮੰਦਹਾਲੀ ਨੂੰ ਜੜ ਤੋਂ ਪੱਟਿਆ ਜਾ ਸਕੇ। ਉਪਰੰਤ ਸਮੁੱਚੇ ਕਿਸਾਨ ਭਾਈਚਾਰੇ ਤੇ ਦੇਸ਼ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਨੂੰ ਸਾਰੇ ਵਰਗਾਂ ਨੂੰ ਹੀ ਇਕੱਠੇ ਹੋ ਕੇ ਅਜਿਹੇ ਸੰਘਰਸ਼ ਵਿੱਡਣੇ ਚਾਹੀਦੇ ਹਨ ਜਿਸ ਨਾਲ ਦੇਸ਼ ਵਿਰੋਧੀ ਸਮਝੌਤਿਆਂ ਨੂੰ ਰੱਦ ਕਰਾਇਆ ਜਾ ਸਕੇ। ਇਸ ਮੌਕੇ ਸੂਬਾ ਯੂਥ ਆਗੂ ਸਰਤਾਜ ਭੋਏਵਾਲੀ, ਪ੍ਰਭਦੀਪ ਸਿੰਘ ਪ੍ਰਿੰਸ, ਨੰਬਰਦਾਰ ਸੁਖਮਿੰਦਰ ਸਿੰਘ ਭੱਖਾ, ਬਿਕਰਮਜੀਤ ਸਿੰਘ ਬਿੱਕਾ, ਅੰਮ੍ਰਿਤ ਭੱਖਾ, ਰਜਿੰਦਰ ਭਲਾ ਪਿੰਡ, ਰਣਜੀਤ ਮੁਹਾਰ, ਪ੍ਰਿੰਸ ਭੱਖਾ, ਪ੍ਰਭਦੀਪ ਭੱਖਾ, ਹੈਪੀ ਭੱਖਾ, ਅਕਾਸ਼ ਮੁਹਾਰ, ਬਿਕਰਮਜੀਤ ਸਿੰਘ ਉਗਰ ਔਲਖ, ਕੁਲਵਿੰਦਰ ਸਿੰਘ, ਸਾਬਕਾ ਸਰਪੰਚ ਜਗਤਾਰ ਸਿੰਘ ਲੱਖੂਵਾਲ, ਕੁੱਲਾ ਸਿੰਘ ਲੱਖੂਵਾਲ, ਗੁਰਮੀਤ ਸਿੰਘ ਭਲਾ ਪਿੰਡ, ਗੁਰਲਾਲ ਭੋਏਵਾਲੀ, ਪੂਰਨ ਸਿੰਘ ਉਗਰ ਔਲਖ, ਜੋਗਾ ਸਿੰਘ ਉਗਰ ਔਲਖ, ਹਰਮਨਪ੍ਰੀਤ ਸਿੰਘ, ਹਰਪਿੰਦਰ ਸਿੰਘ ਭਿੰਦਾ, ਅੰਗਰੇਜ਼ ਸਿੰਘ ਹੈਪੀ, ਰਣਜੀਤ ਸਿੰਘ ਰਾਣਾ, ਗੁਰਸ਼ਰਨ ਸਿੰਘ ਸ਼ਮੀ, ਅੰਮ੍ਰਿਤਪਾਲ ਸਿੰਘ, ਗੁਰਜੰਟ ਸਿੰਘ, ਸੁਖਚੈਨ ਸਿੰਘ ਫੌਜੀ, ਗੁਰਵਿੰਦਰ ਸਿੰਘ, ਨਿਰਵੈਲ ਸਿੰਘ, ਸੁਰਿੰਦਰ ਸਿੰਘ ਡਾਕਟਰ, ਨਵਜੋਤ ਸਿੰਘ, ਜਸਬੀਰ ਸਿੰਘ, ਅਸ਼ਪਾਲ ਸਿੰਘ, ਲਵਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਸਰਕਾਰੀ ਸਕੂਲ ਪੰਡੋਰੀ ਰਣ ਸਿੰਘ ਵਿਖੇ ਲਾਇਬ੍ਰੇਰੀ ਤੇ ਖੇਡ ਮੈਦਾਨ ਦਾ ਉਦਘਾਟਨ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਹਲਕਾ ਤਰਨਤਾਰਨ ਦੇ ਵਿਧਾਇਕ ਡਾਕਟਰ ਕਸ਼ਮੀਰ ਸਿੰਘ ਸੋਹਲ ਨੇ ਬੁਧਵਾਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੰਡੋਰੀ ਰਣ ਸਿੰਘ ਵਿਖੇ ਲਾਇਬ੍ਰੇਰੀ ਤੇ ਖੇਡ ਮੈਦਾਨ ਦਾ ਉਦਘਾਟਨ ਕੀਤਾ। ਉਦਘਾਟਨ ਕਰਨ ਉਪਰੰਤ ਸਕੂਲ ਵਿਖੇ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਲੋਕਾਂ ਦੇ ਇਕੱਠ, ਸਕੂਲ ਦੇ ਵਿਦਿਆਰਥੀਆਂ ਤੇ ਸਕੂਲ ਦੇ ਸਟਾਫ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਰਾਜ ਵਿੱਚ ਲੋਕਾਂ ਨੂੰ ਬਿਹਤਰ ਸਿਹਤ ਤੇ ਵਿੱਦਿਅਕ ਸਹੂਲਤਾਂ ਦੇਣ ਲਈ ਵਚਨਬੱਧ ਹੈ ਜਿਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਸੇਸ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਹਮੇਸ਼ਾ ਉਨ੍ਹਾਂ ਦੇਸ਼ਾਂ ਨੇ ਤਰੱਕੀ ਕੀਤੀ ਜਿਥੋਂ ਦੇ ਲੋਕ ਪੂਰੀ ਤਰ੍ਹਾਂ ਤੰਦਰੁਸਤ ਤੇ ਪੜ੍ਹੇ ਲਿਖੇ ਹੋਣ।ਇਸ ਸਮੇਂ ਪੀਏ ਐਡਵੋਕੇਟ ਕੋਮਲਦੀਪ ਸਿੰਘ, ਸਰਪੰਚ ਆਲਮਬੀਰ ਸਿੰਘ ਪੰਡੋਰੀ, ਚੇਅਰਮੈਨ ਮਾਰਕੀਟ ਕਮੇਟੀ ਝਬਾਲ ਬਲਵਿੰਦਰ ਸਿੰਘ ਕੋਟ ਸਿਵਿਆਂ, ਚੇਅਰਮੈਨ ਮਾਰਕੀਟ ਕਮੇਟੀ ਤਰਨਤਾਰਨ ਡਾ. ਕੁਲਦੀਪ ਸਿੰਘ ਰੰਧਾਵਾ, ਸਰਪੰਚ ਅਰਸ਼ਦੀਪ ਸਿੰਘ ਐਮਾ, ਡਿਪਟੀ ਡੀਈਓ ਪਰਮਜੀਤ ਸਿੰਘ ਗਿੱਲ, ਪ੍ਰਭਜੋਤ ਸਿੰਘ ਗੋਹਲਵਾੜ, ਗੁਰਿੰਦਰ ਸਿੰਘ ਪਲਾਸੌਰ ਸਕੂਲ ਦੇ ਪ੍ਰਿੰਸੀਪਲ ਮੈਡਮ ਹਰਪ੍ਰੀਤ ਕੌਰ, ਅਮਰਦੀਪ ਕੌਰ, ਰਮਨਦੀਪ ਸਿੰਘ, ਅਜੰਤਾ ਹੁੰਦਲ, ਕਰਮਜੀਤ ਕੌਰ, ਹਰਪ੍ਰੀਤ ਸਿੰਘ, ਸਤਿੰਦਰ ਕੌਰ, ਅਕਾਸ਼ਦੀਪ ਸਿੰਘ, ਗਗਨਦੀਪ ਸਿੰਘ, ਮੋਨਾ, ਲਖਵੀਰ ਕੌਰ, ਸਿਮਰਤ ਕੌਰ, ਪ੍ਰਿਆ, ਪ੍ਰੀਤੀ, ਬਲਰਾਜ ਸਿੰਘ, ਬਿਕਰਮਜੀਤ ਸਿੰਘ ਆਦਿ ਪਿੰਡ ਦੀਆਂ ਹੋਰ ਵੀ ਪ੍ਰਮੁੱਖ ਸਖਸ਼ੀਅਤਾਂ ਹਾਜ਼ਰ ਸਨ।

# ਪਠਾਨਕੋਟ ਜ਼ਿਲ੍ਹੇ ਦੀਆਂ ਲੜਕੀਆਂ ਦੇ ਕ੍ਰਿਕਟ ਟ੍ਰਾਇਲ 28 ਨੂੰ

**ਪਠਾਨਕੋਟ (ਦਵਿੰਦਰ ਸਿੰਘ)**- ਕ੍ਰਿਕਟ ਐਸੋਸੀਏਸ਼ਨ ਪਠਾਨਕੋਟ ਵੱਲੋਂ 28 ਅਪ੍ਰੈਲ 2025 ਨੂੰ ਜ਼ਿਲ੍ਹਾ ਪਠਾਨਕੋਟ ਦੀਆਂ ਲੜਕੀਆਂ ਲਈ ਕ੍ਰਿਕਟ ਟ੍ਰਾਇਲਾਂ ਦਾ ਆਯੋਜਨ ਕੀਤਾ ਜਾਵੇਗਾ।ਇਨ੍ਹਾਂ ਟ੍ਰਾਇਲਾਂ ਬਾਰੇ ਜਾਣਕਾਰੀ ਦਿੰਦੇ ਹੋਏ ਕ੍ਰਿਕਟ ਐਸੋਸੀਏਸ਼ਨ ਦੇ ਸਕੱਤਰ ਸੰਨੀ ਮਹਾਜਨ ਅਤੇ ਉਪ-ਪ੍ਰਧਾਨ ਵਰੁਣ ਠਾਕੁਰ ਨੇ ਦੱਸਿਆ ਕਿ ਭਾਗ ਲੈਣ ਵਾਲਿਆਂ ਲਈ ਉਮਰ ਅੰਡਰ-15 ਲੜਕੀਆਂ ਜਿਨ੍ਹਾਂ ਦੀ ਜਨਮ ਤਾਰੀਖ 1.9.2010 ਤੋਂ 31.8.2013 ਦੇ ਵਿਚਕਾਰ ਹੋਣੀ ਚਾਹੀਦੀ ਹੈ।ਅੰਡਰ-19 ਦੀਆਂ ਲੜਕੀਆਂ ਦੀ ਜਨਮ ਤਾਰੀਖ 1.9.2006 ਤੋਂ ਬਾਅਦ ਦੀ ਹੋਣੀ ਚਾਹੀਦੀ ਹੈ।ਸੀਨੀਅਰ ਦੀ ਕੋਈ ਉਮਰ ਸੀਮਾ ਨਹੀਂ ।ਟ੍ਰਾਇਲਾਂ ਦਾ ਆਯੋਜਨ ਕੁੱਠੇੜ ਕ੍ਰਿਕਟ ਗ੍ਰਾਊਂਡ, ਡਿਫੈਂਸ ਰੋਡ, ਪਿੰਡ ਕੁੱਠੇੜ, ਪਠਾਨਕੋਟ ਵਿਖੇ ਕੀਤਾ ਜਾਵੇਗਾ।ਸਾਰੇ ਖਿਡਾਰੀਆਂ ਨੂੰ ਚਿੱਟੀ ਵਰਦੀ ਪਹਿਨ ਕੇ ਅਤੇ ਆਪਣਾ ਕਿੱਟ ਬੈਗ ਲੈ ਕੇ ਆਉਣਾ ਲਾਜ਼ਮੀ ਹੈ। ਭਾਗੀਦਾਰਾਂ ਨੂੰ ਜਨਮ ਪ੍ਰਮਾਣ ਪੱਤਰ ਅਤੇ ਰਿਹਾਇਸ਼ੀ ਪ੍ਰਮਾਣ ਪੱਤਰ ਨਾਲ ਲਿਆਉਣਾ ਹੋਵੇਗਾ ਅਤੇ ਦੁਪਹਿਰ 3:30 ਵਜੇ ਤੱਕ ਮੈਦਾਨ ਤੇ ਪਹੁੰਚਣਾ ਲਾਜ਼ਮੀ ਹੈ।

# ਅੱਗ ਨਾਲ ਸੜੀ ਕਣਕ ਦੀ ਫਸਲ ਦੇ ਨੁਕਸਾਨ ਦਾ ਮੁਆਵਜ਼ਾ ਦੇਣ ਦੀ ਮੰਗ



**ਪਠਾਨਕੋਟ (ਦਵਿੰਦਰ ਸਿੰਘ)**- ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਐੱਸਡੀਐੱਮ ਪਠਾਨਕੋਟ ਨੂੰ ਮੰਗ ਪੱਤਰ ਦਿੱਤਾ ਗਿਆ, ਜਿਸਦੀ ਅਗਵਾਈ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਕੇਵਲ ਕਾਲੀਆ, ਪਰਸ਼ੋਤਮ ਕੁਮਾਰ ਜਮਹੂਰੀ ਕਿਸਾਨ ਸਭਾ ਵੱਲੋਂ, ਰਘਬੀਰ ਸਿੰਘ ਧਲੋਰੀਆ ਬਲਵੰਤ ਸਿੰਘ, ਕਿਰਤੀ ਕਿਸਾਨ ਯੂਨੀਅਨ ਵੱਲੋਂ ਪਰਮਜੀਤ ਰਤਨਗੜ੍ਹ ਤੇ ਮੁਖਤਿਆਰ ਸਿੰਘ ਭਾਰਤੀ ਕਿਸਾਨ ਯੂਨੀਅਨ ਵੱਲੋਂ ਕੇਵਲ ਸਿੰਘ ਕੰਗ ਤੇ ਰਾਜਵੰਤ ਸਿੰਘ, ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਵੱਲੋਂ ਆਈ ਐਸ ਗੁਲਾਟੀ, ਕੁੱਲ ਹਿੰਦ ਕਿਸਾਨ ਸਭਾ ਵੱਲੋਂ ਅਮਰੀਕ ਸਿੰਘ ਅਤੇ ਇਕਬਾਲ ਸਿੰਘ ਨੇ ਕੀਤੀ।ਇਸ ਮੌਕੇ ਉਨ੍ਹਾਂ ਨਾਲ ਬਲਬੀਰ ਸਿੰਘ, ਸੁਰਿੰਦਰ ਸਹਿਗਲ, ਚਮਨ ਲਾਲ ਅਤੇ ਪ੍ਰੇਮ ਸਿੰਘ ਹਾਜ਼ਰ ਸਨ।ਪ੍ਰੈੱਸ ਨੂੰ ਜਾਣਕਾਰੀ ਸਾਂਝੀ ਕਰਦਿਆਂ ਆਗੂਆਂ ਨੇ ਦੱਸਿਆ ਕਿ ਪੰਜਾਬ ਵਿੱਚ ਅਣਗਿਣਤ ਥਾਵਾਂ ਤੇ ਕਣਕ ਅਤੇ ਨਾੜ ਨੂੰ ਅੱਗਾ ਲੱਗੀਆਂ ਹਨ।ਇਸ ਦੇ ਨਾਲ ਹੀ ਕੁਦਰਤੀ ਆਫ਼ਤਾਂ ਬੇਮੌਸਮੀ ਮੀਂਹ ਹਨੇਰੀ ਗੜੇਮਾਰੀ ਨਾਲ ਭਾਰੀ ਮਾਲੀ ਅਤੇ ਕਈ ਥਾਵਾਂ ਤੇ ਜਾਨੀ ਨੁਕਸਾਨ ਹੋਇਆ ਹੈ।ਉਨ੍ਹਾਂ ਮੰਗ ਕੀਤੀ ਕਿ ਇਹਨਾ ਕਰੋਪੀਆਂ ਦਾ ਪੂਰਾ ਮੁਆਵਜ਼ਾ ਦਿੱਤਾ ਜਾਵੇ ਕਿਉਂਕਿ ਪੂਰੇ ਮੁਆਵਜ਼ੇ ਬਗੈਰ ਪੀੜਤ ਪਰਿਵਾਰਾਂ ਦੀ ਜਿੰਦਗੀ ਦੁਬਾਰਾ ਲੀਹ ਤੇ ਨਹੀਂ ਆ ਸਕਦੀ।ਇਸ ਲਈ ਸਯੁੰਕਤ ਕਿਸਾਨ ਮੋਰਚਾ ਮੰਗ ਕਰਦਾ ਹੈ ਕਿ ਸਾਰੇ ਪੰਜਾਬ ਵਿੱਚ ਸਪੈਸ਼ਲ ਗਿਰਦਾਵਰੀ ਕਰਕੇ ਜਾ ਸਰਵੇ ਕਰਕੇ ਪੀੜਤ ਪਰਿਵਾਰਾਂ ਨੂੰ ਮੁਆਵਜ਼ਾ ਦਿੱਤਾ ਜਾਵੇ।ਮੰਗ ਪਤਰ ਦੇਣ ਉਪਰੰਤ ਹੋਈ ਮੀਟਿੰਗ ਵਿੱਚ ਪਹਿਲਗਾਮ ਵਿੱਚ ਅੱਤਵਾਦੀਆਂ ਵੱਲੋਂ ਕੀਤੀ ਕਾਇਰਤਾ ਭਰਭੂਰ ਘਟਨਾ ਦੀ ਨਿੰਦਿਆ ਕੀਤੀ ਗਈ ਅਤੇ ਪੀੜਤ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਗਈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਕਸ਼ਮੀਰ ਵਿੱਚ ਅੱਤਵਾਦ ਖਤਮ ਕਰਕੇ ਸ਼ਾਂਤੀ ਸਥਾਪਤ ਕਰਨ ਵਿਚ ਨਾਕਾਮ ਹੋਈ ਹੈ।ਉਨ੍ਹਾਂ ਮੰਗ ਕੀਤੀ ਕਿ ਕਸ਼ਮੀਰ ਦੇ ਲੋਕਾਂ ਤੇ ਸੈਲਾਨੀਆਂ ਦੀ ਸੁਰੱਖਿਆ ਦੇ ਸਰਕਾਰ ਪੁਖਤਾ ਪ੍ਰਬੰਧ ਕਰੇ।ਉਨ੍ਹਾਂ ਸੱਦਾ ਦਿੱਤਾ ਕਿ ਅੱਤਵਾਦੀਆਂ ਦੇ ਮਨਸੂਬਿਆਂ ਦੀ ਇਕਜੁੱਟ ਹੋ ਕੇ ਵਿਰੋਧ ਕੀਤਾ ਜਾਵੇ।

# ਏਜੀਸੀ ਦੇ ਐੱਨਐੱਸਐੱਸ ਵਲੰਟੀਅਰਾਂ ਵੱਲੋਂ ਵਿਸ਼ਵ ਧਰਤੀ ਦਿਵਸ ਮੌਕੇ ਖਾਸ ਸਮਾਗਮ




**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਅੰਮ੍ਰਿਤਸਰ ਗਰੁੱਪ ਆਫ਼ ਕਾਲਜਿਜ਼ (ਏਜੀਸੀ) ਦੇ ਐੱਨਐੱਸਐੱਸ ਵਿੰਗ ਦੇ ਵਿਦਿਆਰਥੀ ਵਲੰਟੀਅਰਾਂ ਨੇ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ, ਸੰਤ ਨਗਰ ਬਲਾਕ, ਜੰਡਿਆਲਾ ਗੁਰੂ ਦੇ ਸਹਿਯੋਗ ਨਾਲ, ਨੌਜਵਾਨ ਸਿੱਖਿਆਰਥੀਆਂ ਵਿੱਚ ਵਾਤਾਵਰਣ ਪ੍ਰਤੀ ਚੇਤਨਾ ਅਤੇ ਟਿਕਾਊ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਲਈ ਵਿਸ਼ਵ ਧਰਤੀ ਦਿਵਸ ਤੇ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ।ਇਸ ਪਹਿਲਕਦਮੀ ਦੀ ਅਗਵਾਈ ਐੱਨਐੱਸਐੱਸ ਵਿਦਿਆਰਥੀ ਵਲੰਟੀਅਰਾਂ ਦੁਆਰਾ ਕੀਤੀ ਗਈ ਸੀ ਜਿਨ੍ਹਾਂ ਨੇ ਵਿੱਦਿਅਕ ਅਤੇ ਰਚਨਾਤਮਕ ਗਤੀਵਿਧੀਆਂ ਰਾਹੀਂ ਸਕੂਲੀ ਵਿਦਿਆਰਥੀਆਂ ਨੂੰ ਸ਼ਾਮਲ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।'ਸਾਫ਼ ਵਾਤਾਵਰਣ, ਹਰਾ ਵਾਤਾਵਰਣ' ਥੀਮ ਦੇ ਨਾਲ ਇਸ ਸਮਾਗਮ ਵਿੱਚ ਕਈ ਤਰ੍ਹਾਂ ਦੀਆਂ ਵਿਹਾਰਕ ਗਤੀਵਿਧੀਆਂ ਕੀਤੀਆਂ ਜੋ ਸੂਚਿਤ ਕਰਨ ਅਤੇ ਪ੍ਰੇਰਿਤ ਕਰਨ ਲਈ ਤਿਆਰ ਕੀਤੀਆਂ ਗਈਆਂ ਸਨ ।ਸਮਾਗਮ ਦੌਰਾਨ ਪੋਸਟਰ ਬਣਾਉਣ ਦਾ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਨੌਜਵਾਨ ਵਿਦਿਆਰਥੀਆਂ ਨੇ ਸਾਫ਼ ਅਤੇ ਹਰੇ ਭਵਿੱਖ ਦੀ ਵਕਾਲਤ ਕਰਦਿਆਂ ਆਪਣੇ ਵਿਚਾਰ ਰੰਗੀਨ ਪੋਸਟਰਾਂ ਰਾਹੀਂ ਪ੍ਰਗਟ ਕੀਤੇ।ਇਸ ਤੋਂ ਇਲਾਵਾ ਡਸਟਬਿਨ ਬਣਾਉਣ ਦੀ ਗਤੀਵਿਧੀ ਰਾਹੀਂ ਵਿਦਿਆਰਥੀਆਂ ਨੇ ਰੀਸਾਈਕਲ ਸਮੱਗਰੀ ਦੀ ਵਰਤੋਂ ਕਰਦਿਆਂ ਸਫਾਈ ਅਤੇ ਪੁਨਰਵਰਤੋਂ ਸੰਦੇਸ਼ ਨੂੰ ਉਭਾਰਿਆ।ਐੱਨਐੱਸਐੱਸ ਵਲੰਟੀਅਰਾਂ ਵੱਲੋਂ ਲਏ ਗਏ ਜਾਗਰੂਕਤਾ ਸੈਸ਼ਨਾਂ ਵਿੱਚ ਕੂੜੇ ਦੀ ਛਟਾਈ, ਨਿਪਟਾਰੇ ਦੇ ਢੰਗ ਅਤੇ ਵਾਤਾਵਰਣ 'ਤੇ ਰੋਜ਼ਾਨਾ ਦੀਆਂ ਆਦਤਾਂ ਦੇ ਪ੍ਰਭਾਵਾਂ ਬਾਰੇ ਇੰਟਰਐਕਟਿਵ ਗੱਲਬਾਤ ਕੀਤੀ ਗਈ।ਏਜੀਸੀ ਦੇ ਪ੍ਰਿੰਸੀਪਲ ਡਾ. ਗੌਰਵ ਤੇਜਪਾਲ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ।

# ਰਿਆੜਕੀ ਕਾਲਜ 'ਚ ਬਾਬਾ ਆਇਆ ਸਿੰਘ ਦੀ 57ਵੀਂ ਬਰਸੀ ਮਨਾਈ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਪੰਜਾਬ ਦੇ ਸ਼ਾਂਤੀ ਨਿਕੇਤਨ ਵਜੋਂ ਜਾਣਿਆ ਜਾਂਦਾ ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ ਬਾਬਾ ਆਇਆ ਸਿੰਘ ਜੀ ਦੀ 57ਵੀਂ ਬਰਸੀ ਮਨਾਈ। ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਹਿਬ ਜੀ ਦੀ ਹਜ਼ੂਰੀ ਵਿੱਚ 4 ਵਿੰਗਾਂ ਦੇ ਵਿਦਿਆਰਥੀਆਂ ਵੱਲੋਂ 4 ਸਧਾਰਨ ਪਾਠਾਂ ਦੇ ਭੋਗ ਪਾ ਕੇ ਅਕੀਦਤ ਦੇ ਫੁੱਲ ਭੇਂਟ ਕੀਤੇ ਗਏ। ਇਸ ਮੌਕੇ ਵਿਦਿਆਰਥਣਾਂ ਦੇ ਜਥਿਆਂ ਅਨੁਪ੍ਰੀਤ ਕੌਰ, ਮੁਸਕਾਨ ਕੌਰ ਯੋਧੇ, ਯਸਮੀਤ ਕੌਰ ਤੁਗਲਵਾਲ, ਸਿਮਰਨ ਕੌਰ ਤੁਗਲਵਾਲ ਆਦਿ ਵੱਖ-ਵੱਖ ਜਥਿਆਂ ਵਲੋਂ ਇਲਾਹੀ ਬਾਣੀ ਦਾ ਰਸਭਿੰਨਾ ਕੀਰਤਨ ਕੀਤਾ ਗਿਆ। ਸਮਾਗਮ ਦੌਰਾਨ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਹੁੰਦੇ ਹੋਏ ਬਾਬਾ ਆਇਆ ਸਿੰਘ ਜੀ ਦੀ ਸੋਚ ਨੂੰ ਸਲਾਮ ਕਰਦਿਆਂ ਉਨ੍ਹਾਂ ਦੇ ਜੀਵਨ ਬਾਰੇ ਚਾਨਣਾ ਪਾਉਂਦੇ ਹੋਏ ਦਸਿਆ ਕਿ ਬਾਬਾ ਜੀ ਕਹਿੰਦੇ ਸਨ-ਜੇਕਰ ਮਰਦ ਪੜ੍ਹੇ ਤਾਂ ਇਕੱਲਾ ਵਿਦਵਾਨ ਬਣਦਾ ਹੈ, ਪਰ ਜੇਕਰ ਔਰਤ ਪੜ੍ਹੇ ਤਾਂ ਚਾਰ ਪੀੜ੍ਹੀਆਂ ਪੜ੍ਹ ਜਾਂਦੀਆਂ ਹਨ। ਉਨ੍ਹਾਂ ਦੱਸਿਆ ਕਿ ਬਾਬਾ ਜੀ ਕੁੜੀਆਂ ਨੂੰ ਕੇਵਲ ਚੁੱਲ੍ਹੇ ਚੌਂਕੇ ਤੱਕ ਹੀ ਸੀਮਤ ਨਹੀਂ ਰੱਖਣਾ ਚਾਹੁੰਦੇ ਸਨ। ਉਨ੍ਹਾਂ ਦੀ ਸੋਚ ਤੇ ਪਹਿਰਾ ਦਿੰਦਿਆਂ ਸ਼ਰਧਾ, ਪਿਆਰ, ਸਮਰਪਣ ਤੇ ਸ਼ਿੱਦਤ ਸਦਕਾ ਅੱਜ ਇਹ ਕਾਲਜ ਉਨ੍ਹਾਂ ਦੇ ਨਾਂ ਨੂੰ ਹਮੇਸ਼ਾ ਲਈ ਜਿਉਂਦਾ ਕਰ ਗਿਆ ਹੈ। ਬਾਬਾ ਆਇਆ ਸਿੰਘ ਦੇ ਜੀਵਨ ਫ਼ਲਸਫੇ ਤੇ ਝਾਤ ਪਾਉਂਦਿਆਂ



ਵਿਦਿਆਰਥੀਆਂ ਵਿਚਕਾਰ ਲੈਕਚਰ, ਕਵਿਤਾ, ਮੈਗਜ਼ੀਨ, ਵਾਲ ਮੈਗਜ਼ੀਨ ਤੇ ਕਾਰਡ ਮੇਕਿੰਗ ਮੁਕਾਬਲੇ ਕਰਵਾਏ ਗਏ। ਭਾਸ਼ਣ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਵਿਦਿਆਰਣ ਸੁਪਨਪ੍ਰੀਤ ਕੌਰ ਔਲਖ ਬਾਰਵੀਂ ਸਾਇੰਸ ਗਰੁੱਪ ਨੇ ਕਿਹਾ ਬਾਬਾ ਆਇਆ ਸਿੰਘ ਜੀ ਇੱਕ ਸੰਤ, ਕਰਮਯੋਗੀ, ਸੰਵੇਦਨਸ਼ੀਲ ਤੇ ਸਮਾਜ ਸੇਵੀ ਸਨ ਜਿਨ੍ਹਾਂ ਨੇ ਲੜਕੀਆਂ ਨੂੰ ਪੜ੍ਹਾਉਣ ਦਾ ਬੀੜਾ ਚੁੱਕਣ ਲਈ ਸੰਨ 1925 ਵਿੱਚ ਪਿੰਡ ਤੁਗਲਵਾਲਾ ਦੇ ਗੁਰਦੁਆਰੇ ਵਿੱਚ ਪੁੱਤਰੀ ਪਾਠਸ਼ਾਲਾ ਖੋਲੀ, ਜੋ ਕੁੱਝ ਸਮਾਂ ਪਾ ਕੇ ਸਮਾਪਤ ਹੋ ਗਈ ਅਤੇ 1968 ਵਿੱਚ ਉਨ੍ਹਾਂ ਦੇ ਸਵਰਗਵਾਸ ਹੋਣ ਮਗਰੋਂ ਉਹਨਾਂ ਦੇ ਸ਼ਾਗਿਰਦ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਕਮੇਟੀ ਦੇ ਸਹਿਯੋਗ ਨਾਲ ਸੰਨ 1974 'ਚ ਗਿਆਨੀ ਜਮਾਤ ਦੀ ਸ਼ੁਰੂਆਤ ਕਰਦਿਆਂ ਬਾਬਾ ਆਇਆ ਸਿੰਘ ਜੀ ਦੇ ਨਾਂ ਤੇ ਬਾਬਾ ਆਇਆ ਸਿੰਘ ਰਿਆੜਕੀ ਕਾਲਜ ਦਾ ਮੁੱਢ ਬੰਨਿਆ ਜੋ ਅੱਜ ਆਪਣੇ 50 ਵੇਂ ਵਰ੍ਹੇ 'ਚ ਪੈਰ ਧਰਦਿਆਂ 43 ਸਨਮਾਨਾਂ ਨਾਲ ਸਨਮਾਨਿਆ ਜਾ ਚੁੱਕਿਆ ਹੈ। ਮਹਿਕਦੀਪ ਕੌਰ ਮਠੋਲਾ ਨੇ ਭਾਸ਼ਣ ਮੁਕਾਬਲੇ ਵਿੱਚੋਂ ਦੂਸਰਾ ਤੇ ਅਨੁਪ੍ਰੀਤ ਕੌਰ ਔਲਖ ਸੱਤਵੀਂ ਨੇ ਤੀਸਰਾ ਸਥਾਨ ਹਾਸਿਲ ਕੀਤਾ। ਬਾਬਾ ਆਇਆ ਸਿੰਘ ਜੀ ਦੀ ਸੋਚ, ਵਿਚਾਰਧਾਰਾ ਤੇ ਫਲਸਫੇ ਨੂੰ ਪੇਸ ਕਰਦਿਆਂ ਵਿਦਿਆਰਥੀਆਂ ਨੇ ਕਵੀ ਦਰਬਾਰ ਕੀਤਾ ਜਿਸ ਵਿੱਚ ਰਵਨੀਤ ਨਿਮਾਣੇ, ਨਵਨੀਤ ਨਿਮਾਣੇ, ਨਾਜਦੀਪ ਮਠੋਲਾ, ਸੁਖਮਨ ਬਸਰਾਵਾਂ, ਕੋਮਲ ਬੇਰੀ, ਪਲਕ ਭਾਮ, ਸਹਿਜ ਕਿੜੀ, ਗਗਨ ਫੁਲੜਾ ਨੇ ਵੀ ਭਾਗ ਲਿਆ। ਇਸ ਮੌਕੇ ਸਨਮਾਨ ਪੱਤਰ ਅਤੇ ਇੱਕ ਇੱਕ ਚਿੱਟੀ ਯੂਨੀਫਾਰਮ ਨਾਲ ਸਨਮਾਨਿਤ ਕੀਤਾ ਗਿਆ। ਅਖੀਰ ਅਰਦਾਸ ਅਤੇ ਪਵਿੱਤਰ ਹੁਕਮਨਾਮੇ ਉਪਰੰਤ ਵਿਦਿਆਰਥੀਆਂ ਨੂੰ ਕੜਾਹ ਪ੍ਰਸ਼ਾਦ ਦੀ ਦੇਗ ਤੇ ਬਿਸਕੁਟ ਦੇ ਪੈਕਟ ਪ੍ਰਸ਼ਾਦ ਵਜੋਂ ਭੇਟ ਕੀਤੇ ਗਏ।

# ਪਹਿਲਗਾਮ 'ਚ ਦਰਿੰਦਗੀ ਦਾ ਸ਼ਿਕਾਰ ਹੋਏ ਨਿਰਦੋਸ਼ ਲੋਕਾਂ ਦੀ ਯਾਦ 'ਚ ਕੈਂਡਲ ਮਾਰਚ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਬੀਤੇ ਦਿਨੀ ਜੰਮੂ ਕਸ਼ਮੀਰ ਦੇ ਅਨੰਤਨਾਗ ਜ਼ਿਲ੍ਹੇ ਦੇ ਪਹਿਲਗਾਮ ਵਿੱਚ ਸੈਲਾਨੀਆਂ ਉਤੇ ਹੋਏ ਅੱਤਵਾਦੀ ਹਮਲੇ ਨੂੰ ਲੈ ਕੇ ਅੱਜ ਹਲਕਾ ਡੇਰਾ ਬਾਬਾ ਨਾਨਕ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੀ ਅਗਵਾਈ ਹੇਠ ਆਪ ਵਰਕਰਾਂ ਵੱਲੋਂ ਸਰਹੱਦੀ ਕਸਬਾ ਡੇਰਾ ਬਾਬਾ ਨਾਨਕ ਦੇ ਬਜ਼ਾਰਾਂ ਵਿੱਚ ਮੋਮਬੱਤੀਆਂ ਜਗਾ ਕੇ ਕੈਂਡਲ ਮਾਰਚ ਕੱਢਿਆ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਰੰਧਾਵਾ ਨੇ ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਨੂੰ ਕਾਇਰਤਾ ਪੂਰਨ ਹਮਲਾ ਦੱਸਿਆ ਹੈ।ਰੰਧਾਵਾ ਨੇ ਕਿਹਾ ਕਿ ਜਿਸ ਤਰ੍ਹਾਂ ਅੱਤਵਾਦੀਆਂ ਨੇ ਸੈਲਾਨੀਆਂ ਦੀ ਪਛਾਣ ਕੀਤੀ ਅਤੇ ਫਿਰ ਸਿਰਫ਼ ਹਿੰਦੂ ਭਾਈਚਾਰੇ ਦੇ ਲੋਕਾਂ ਨੂੰ ਹੀ ਮਾਰਿਆ, ਉਸ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਅੱਤਵਾਦੀ ਇੱਕ ਵੱਡੀ ਸਾਜ਼ਿਸ਼ ਰਚਣ ਤੋਂ ਬਾਅਦ ਹਮਲਾ ਕਰਨ ਆਏ ਸਨ,ਰੰਧਾਵਾ ਨੇ ਅੱਗੇ ਕਿਹਾ ਕਿ ਪੁਲਵਾਮਾ ਹਮਲੇ ਤੋਂ ਬਾਅਦ ਜੰਮੂ-ਕਸ਼ਮੀਰ ਵਿੱਚ ਇਹ ਦੂਜਾ ਵੱਡਾ ਅੱਤਵਾਦੀ ਹਮਲਾ ਹੈ, ਜਿਸ ਵਿੱਚ ਪਾਕਿਸਤਾਨ ਸਰਕਾਰ ਅਤੇ ਉਸਦੀ ਖ਼ੁਫ਼ੀਆ ਏਜੰਸੀ ਆਈ. ਐੱਸ. ਆਈ. ਅਤੇ ਇਸ ਵਿੱਚ ਇਸਦੇ ਅੱਤਵਾਦੀ ਸੰਗਠਨਾਂ ਦਾ ਸਿੱਧਾ ਹੱਥ ਹੈ। ਇਸ ਲਈ, ਇਸ ਘਟਨਾ ਲਈ ਪਾਕਿਸਤਾਨ ਨੂੰ ਸਿੱਧੇ ਤੌਰ ਤੇ ਜ਼ਿੰਮੇਵਾਰ ਠਹਿਰਾਇਆ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਇਹ ਸਮੇਂ ਦੀ ਲੋੜ ਹੈ ਕਿ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਅਜਿਹੇ ਅੱਤਵਾਦੀ ਹਮਲਿਆਂ ਨਾਲ ਸਬੰਧਿਤ ਰਾਜਨੀਤੀ ਕਰਨ ਦੀ ਬਜਾਏ ਇਕੱਠੇ ਹੋਣਾ




ਚਾਹੀਦਾ ਹੈ ਅਤੇ ਪਾਕਿਸਤਾਨ ਅਤੇ ਅੱਤਵਾਦ ਦਾ ਵਿਰੋਧ ਅਤੇ ਨਿੰਦਾ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਭਾਰਤ ਸਰਕਾਰ ਨੂੰ ਪਾਕਿਸਤਾਨ ਦੇ ਇਸ ਕਾਇਰਤਾਪੂਰਨ ਹਮਲੇ ਦਾ ਮੂੰਹ-ਤੋੜ ਜਵਾਬ ਦੇਣਾ ਚਾਹੀਦਾ ਹੈ ਅਤੇ ਅੱਤਵਾਦ ਵਿਰੁੱਧ ਠੋਸ ਕਦਮ ਚੁੱਕਦੇ ਹੋਏ ਫ਼ੈਸਲਾਕੁਨ ਲੜਾਈ ਲੜਨੀ ਚਾਹੀਦੀ ਹੈ। ਰੰਧਾਵਾ ਨੇ ਕਿਹਾ ਕਿ ਇਸ ਹਮਲੇ ਵਿੱਚ ਸ਼ਹੀਦ ਹੋਏ ਲੋਕਾਂ ਦੇ ਪਰਿਵਾਰਾਂ ਨਾਲ ਮੇਰੀ ਪੂਰੀ ਹਮਦਰਦੀ ਹੈ, ਕਿਉਂਕਿ ਜਿਸ ਤਰ੍ਹਾਂ ਅੱਤਵਾਦੀਆਂ ਨੇ ਸੈਲਾਨੀਆਂ ਦੇ ਨਾਮ ਪੁੱਛੇ ਅਤੇ ਉਨ੍ਹਾਂ ਨੂੰ ਇਸ ਲਈ ਮਾਰ ਦਿੱਤਾ ਕਿਉਂਕਿ ਉਹ ਹਿੰਦੂ ਸਨ, ਇਹ ਇੱਕ ਗੰਭੀਰ ਮਾਮਲਾ ਹੈ।ਜਿਸ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਪਾਕਿਸਤਾਨ ਦੇ ਅੱਤਵਾਦੀ ਸੰਗਠਨ ਭਾਰਤ ਵਿੱਚ ਵੱਡੇ ਅੱਤਵਾਦੀ ਹਮਲੇ ਕਰਵਾਉਣ ਦੀ ਸਾਜ਼ਿਸ਼ ਰਚ ਰਹੇ ਹਨ।ਉਨ੍ਹਾਂ ਇਹ ਵੀ ਚਿੰਤਾ ਪ੍ਰਗਟ ਕੀਤੀ ਕਿ ਪਹਿਲਗਾਮ ਵਿੱਚ ਜਿਸ ਥਾਂ ਤੇ ਹਮਲਾ ਹੋਇਆ, ਉਥੇ 2 ਤੋਂ 3 ਹਜ਼ਾਰ ਸੈਲਾਨੀਆਂ ਦੀ ਮੌਜੂਦਗੀ ਦੇ ਬਾਵਜੂਦ ਕੋਈ ਸੁਰੱਖਿਆ ਪ੍ਰਬੰਧ ਨਹੀਂ ਸਨ।ਪਰ ਇਸ ਸਮੇਂ ਅਜਿਹੀਆਂ ਗੱਲਾਂ ਬਾਰੇ ਸੋਚਣ ਦੀ ਬਜਾਏ, ਸਾਨੂੰ ਸਾਰਿਆਂ ਨੂੰ ਦੇਸ਼ ਵਿੱਚ ਏਕਤਾ ਅਤੇ ਅਖੰਡਤਾ ਬਣਾਈ ਰੱਖਣ ਦੀ ਲੋੜ ਹੈ।ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਉਹ ਪਾਕਿਸਤਾਨ ਦੀ ਇਸ ਸਾਜ਼ਿਸ਼ ਦਾ ਢੁਕਵਾਂ ਜਵਾਬ ਦੇਣ ਲਈ ਇੱਕ ਠੋਸ ਨੀਤੀ ਬਣਾਏ ਤਾਂ ਜੋ ਪਾਕਿਸਤਾਨ ਦੁਬਾਰਾ ਅਜਿਹੇ ਅੱਤਵਾਦੀ ਹਮਲੇ ਕਰਨ ਦੀ ਹਿੰਮਤ ਨਾ ਕਰੇ। ਉਨ੍ਹਾਂ ਕਿਹਾ ਕਿ ਪਾਕਿਸਤਾਨ ਆਪਣੀਆਂ ਸਾਜ਼ਿਸ਼ਾਂ ਤਾਂ ਹੀ ਰੋਕੇਗਾ ਜੇਕਰ ਉਸਨੂੰ ਢੁਕਵਾਂ ਜਵਾਬ ਦਿੱਤਾ ਜਾਵੇਗਾ। ਇਸ ਮੌਕੇ ਆਪ ਵਰਕਰਾਂ ਵੱਲੋਂ ਪਾਕਿਸਤਾਨ ਤੇ ਅੱਤਵਾਦ ਮੁਰਦਾਬਾਦ ਦੇ ਨਾਅਰੇ ਲਾਏ ਗਏ।ਇਸ ਮੌਕੇ ਆਪ ਆਗੂ ਰਾਜੇਸ਼ ਕੁਮਾਰ ਬਿੱਟਾ,ਹਰਜੀਤ ਸਿੰਘ ਠੇਠਰਕੇ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਹਰਿੰਦਰ ਸਿੰਘ ਰੰਧਾਵਾ, ਕੌਂਸਲਰ ਸੁਖਵਿੰਦਰ ਸਿੰਘ ਪੱਖੋਕੇ, ਬਲਦੇਵ ਰਾਜ ਡਾਇਮੰਡ, ਰਿੰਕੂ ਮਰਵਾਹਾ, ਰਾਜੇਸ਼ ਹਾਂਡਾ, ਵਿਪਨ ਸੋਨੀ, ਡਾਕਟਰ ਅਸ਼ੋਕ ਸੋਨੀ, ਰਮੇਸ਼ ਸ਼ਰਮਾ, ਡਾਕਟਰ ਗੁਰਦੇਵ ਸਿੰਘ, ਸੁਧੀਰ ਬੇਦੀ, ਦਲਜੀਤ ਸਿੰਘ ਜੋਸ਼, ਸ਼ੇਰ ਸਿੰਘ ਡੇਰਾ, ਬਲਕਾਰ ਸਿੰਘ ਫੌਜੀ, ਮੇਜਰ ਸਿੰਘ ਠੇਠਰਕੇ, ਇੰਦਰਜੀਤ ਸਿੰਘ ਚਾਂਕਾਂਵਾਲੀ, ਜਸਬੀਰ ਸਿੰਘ ਪੱਡਾ, ਗੁਰਨਾਮ ਸਿੰਘ, ਸੋਹਣ ਸਿੰਘ ਰੰਧਾਵਾ, ਸਾਹਿਬ ਸਿੰਘ, ਗੁਰਪ੍ਰੀਤ ਸਿੰਘ,ਚਿਮਨ ਲਾਲ ਸ਼ਹਿਨਸ਼ਾਹ, ਗੁਰਦੀਪ ਸਿੰਘ ਪੱਡਾ, ਕਵਰ ਪ੍ਰਤਾਪ ਸਿੰਘ, ਹੀਰਾ ਲਾਲ, ਬੂਟਾ ਮਸੀਹ, ਗੁਰਵਿੰਦਰ ਸਿੰਘ, ਦੀਪੂ ਕੋਟ, ਰਜਿੰਦਰ ਕੁਮਾਰ ਸ਼ਰਮਾ, ਰਮੇਸ਼ ਕੁਮਾਰ, ਪਲਵਿੰਦਰ ਸਿੰਘ, ਪ੍ਰਗਟ ਸਿੰਘ, ਦਿਲਬਾਗ ਸਿੰਘ, ਕਲਵੰਤ ਸਿੰਘ, ਜੋਗਿੰਦਰ ਸਿੰਘ, ਸ਼ੁਭਮ ਸਿੰਘ, ਹਰਮਨਪ੍ਰੀਤ ਸਿੰਘ, ਨਸੀਬ ਸਿੰਘ, ਕਾਲਾ ਮਸੀਹ, ਸਵਰਨ ਸਿੰਘ, ਰਾਬਰਟ ਮਸੀਹ, ਮਨੀ ਮਸੀਹ, ਲਾਟੀ ਸ਼ਰਮਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਪ ਵਰਕਰ ਤੇ ਆਗੂ ਹਾਜ਼ਰ ਸਨ।

25-April-PAGE-4.qxd 4/24/2025 10:53 PM Page 1

ਨਵਾਂ ਜ਼ਮਾਨਾ

ਸ਼ੁੱਕਰਵਾਰ, 25 ਅਪ੍ਰੈਲ 2025

# ਸੰਘਰਸ਼ ਹੀ ਇੱਕੋ-ਇੱਕ ਰਾਹ

ਫਸਲਾਂ ਦੇ ਲਾਹੇਵੰਦ ਭਾਅ ਨਾ ਮਿਲਣ ਕਾਰਨ ਦੇਸ਼-ਭਰ ਦੇ ਕਿਸਾਨਾਂ ਦਾ ਰੋਮ-ਰੋਮ ਕਰਜ਼ਾਈ ਹੋ ਚੁੱਕਾ ਹੈ। ਕਰਜ਼ੇ ਦੇ ਮਾਰੇ ਕਿਸਾਨ ਕੋਈ ਹੱਲ ਨਾ ਨਿਕਲਦਾ ਦੇਖ ਕੇ ਮੌਤ ਨੂੰ ਗਲੇ ਲਗਾ ਲੈਂਦੇ ਹਨ। ਕੌਮੀ ਅਪਰਾਧ ਰਿਕਾਰਡ ਬਿਊਰੋ ਅਨੁਸਾਰ 2014 ਵਿੱਚ ਕੇਂਦਰ ਵਿੱਚ ਨਰਿੰਦਰ ਮੋਦੀ ਦੀ ਸਰਕਾਰ ਦੇ ਸੱਤਾ ਸੰਭਾਲਣ ਦੇ ਬਾਅਦ ਦੇਸ਼-ਭਰ ਵਿੱਚ ਔਸਤਨ ਰੋਜ਼ਾਨਾ 30 ਕਿਸਾਨ ਖੁਦਕੁਸ਼ੀਆਂ ਕਰ ਰਹੇ ਹਨ। ਉਂਜ ਤਾਂ ਇਸ ਆਫ਼ਤ ਦੀ ਮਾਰ ਹੇਠ ਹਰ ਸੂਬੇ ਦੇ ਕਿਸਾਨ ਹਨ, ਪਰ ਮਹਾਰਾਸ਼ਟਰ ਵਿੱਚ ਕਿਸਾਨਾਂ ਦੀਆਂ ਖੁਦਕੁਸ਼ੀਆਂ ਮਹਾਂਮਾਰੀ ਦਾ ਰੂਪ ਧਾਰਨ ਕਰ ਚੁੱਕੀਆਂ ਹਨ। ਸੰਨ 2001 ਤੋਂ ਹੁਣ ਤੱਕ ਮਹਾਰਾਸ਼ਟਰ ਵਿੱਚ 39,825 ਕਿਸਾਨ ਖੁਦਕੁਸ਼ੀਆਂ ਕਰ ਚੁੱਕੇ ਹਨ।

ਮਹਾਰਾਸ਼ਟਰ ਵਿੱਚ ਕਿਸਾਨਾਂ ਦੀਆਂ ਖੁਦਕੁਸ਼ੀਆਂ ਦੇ ਕੇਸਾਂ ਦੀ ਜਾਂਚ ਜ਼ਿਲ੍ਹਾ ਪੱਧਰੀ ਕਮੇਟੀਆਂ ਕਰਦੀਆਂ ਹਨ, ਤਾਂ ਜੋ ਪਤਾ ਲਾਇਆ ਜਾ ਸਕੇ ਕਿ ਕਿਸਾਨ ਦੀ ਮੌਤ ਦਾ ਕਾਰਨ ਕੀ ਖੇਤੀ ਸੰਕਟ ਹੈ। ਜੇਕਰ ਅਜਿਹਾ ਪਤਾ ਲਗਦਾ ਹੈ ਤਾਂ ਕਿਸਾਨ ਦੇ ਪਰਵਾਰ ਨੂੰ ਮੁਆਵਜ਼ਾ ਦਿੱਤਾ ਜਾਂਦਾ ਹੈ। ਮਰਾਠਵਾੜਾ ਡਵੀਜ਼ਨ ਦੀ ਰਿਪੋਰਟ ਮੁਤਾਬਕ ਚਾਲੂ ਸਾਲ ਦੀ ਪਹਿਲੀ ਤਿਮਾਹੀ ਯਾਨਿ ਇੱਕ ਜਨਵਰੀ ਤੋਂ 31 ਮਾਰਚ ਤੱਕ 269 ਕਿਸਾਨਾਂ ਨੇ ਖੁਦਕੁਸ਼ੀ ਕੀਤੀ ਹੈ, ਜੋ ਪਿਛਲੇ ਸਾਲ ਦੀ ਪਹਿਲੀ ਤਿਮਾਹੀ ਵਿੱਚ ਹੋਈਆਂ ਕੁੱਲ ਕਿਸਾਨ ਖੁਦਕੁਸ਼ੀਆਂ 204 ਤੋਂ 32 ਫ਼ੀਸਦੀ ਵੱਧ ਹੈ। ਇਸ ਅਰਸੇ ਦੌਰਾਨ ਛਤਰਪਤੀ ਸੰਭਾਜੀ ਨਗਰ ਵਿੱਚ 50, ਨੰਦੇੜ ਵਿੱਚ 37, ਪਰਭਣੀ ਵਿੱਚ 33, ਧਾਰਾਸ਼ਿਵ ਵਿੱਚ 31, ਲਾਤੂਰ ਵਿੱਚ 18, ਹਿੰਗੋਲੀ ਵਿੱਚ 16 ਤੇ ਜਾਲਨਾ ਵਿੱਚ 13 ਕਿਸਾਨਾਂ ਨੇ ਖੁਦਕੁਸ਼ੀਆਂ ਕੀਤੀਆਂ ਸਨ। ਮਹਾਰਾਸ਼ਟਰ ਦੇ ਮਰਾਠਵਾੜਾ ਖੇਤਰ ਦੇ ਅੱਠ ਜ਼ਿਲ੍ਹਿਆਂ ਵਿੱਚ ਕਿਸਾਨਾਂ ਨੂੰ ਘੱਟ ਮੀਂਹ ਤੇ ਮੌਸਮ ਦੇ ਬਦਲਾਅ ਕਾਰਨ ਸੋਕੇ ਦਾ ਸਾਹਮਣਾ ਕਰਨਾ ਪੈਂਦਾ ਹੈ।

ਮਰਾਠਵਾੜਾ ਖੇਤਰੀ ਕਮਿਸ਼ਨਰ ਦਫ਼ਤਰ ਦੀ ਰਿਪੋਰਟ ਮੁਤਾਬਕ 2023 ਵਿੱਚ ਮਹਾਰਾਸ਼ਟਰ ਦੇ ਅੱਠ ਜ਼ਿਲ੍ਹਿਆਂ ਵਿੱਚ 1088 ਕਿਸਾਨਾਂ ਨੇ ਖੁਦਕੁਸ਼ੀ ਕੀਤੀ ਸੀ। ਇਹ ਅੰਕੜਾ 2022 ਦੀ ਤੁਲਨਾ ਵਿੱਚ 65 ਫ਼ੀਸਦੀ ਵੱਧ ਹੈ। ਰਿਪੋਰਟ ਮੁਤਾਬਕ ਇਨ੍ਹਾਂ 1088 ਖੁਦਕੁਸ਼ੀਆਂ ਵਿੱਚ ਬੀੜ ਜ਼ਿਲ੍ਹੇ ਵਿੱਚ ਸਭ ਤੋਂ ਵੱਧ 269 ਮੌਤਾਂ ਦਰਜ ਕੀਤੀਆਂ ਗਈਆਂ ਸਨ। ਇਸ ਤੋਂ ਬਾਅਦ ਔਰੰਗਾਬਾਦ ਵਿੱਚ 182, ਨੰਦੇੜ 175, ਧਾਰਾਸ਼ਿਵ 171, ਪਰਭਣੀ 103, ਜਾਲਨਾ 74, ਲਾਤੂਰ 72 ਤੇ ਹਿੰਗੋਲੀ ਵਿੱਚ 42 ਕਿਸਾਨਾਂ ਵੱਲੋਂ ਖੁਦਕੁਸ਼ੀ ਕੀਤੀ ਗਈ। ਇਨ੍ਹਾਂ ਅੱਠ ਜ਼ਿਲ੍ਹਿਆਂ ਵਿੱਚੋਂ ਬੀੜ ਵਿੱਚ ਖੁਦਕੁਸ਼ੀਆਂ ਦੇ ਕੇਸਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਇਸ ਸਾਲ 2025 ਦੇ ਪਹਿਲੇ ਤਿੰਨ ਮਹੀਨਿਆਂ ਵਿੱਚ ਇਸ ਜ਼ਿਲ੍ਹੇ ਅੰਦਰ 71 ਕਿਸਾਨ ਖੁਦਕੁਸ਼ੀ ਕਰ ਚੁੱਕੇ ਹਨ, ਜਦੋਂ ਕਿ 2024 ਵਿੱਚ ਇਹ ਗਿਣਤੀ 44 ਸੀ।

ਮਹਾਰਾਸ਼ਟਰ ਵਿੱਚ ਇਨ੍ਹਾਂ ਖੁਦਕੁਸ਼ੀਆਂ ਦਾ ਕਾਰਣ ਸੋਕਾ ਤੇ ਸਿੰਜਾਈ ਦਾ ਯੋਗ ਪ੍ਰਬੰਧ ਨਾ ਹੋਣ ਕਾਰਣ ਫਸਲਾਂ ਦੀ ਘੱਟ ਪੈਦਾਵਾਰ ਹੈ। ਉਪਰੋਂ ਠੀਕ ਭਾਅ ਨਾ ਮਿਲਣ ਕਰਕੇ ਕਿਸਾਨਾਂ ਸਿਰ ਚੜ੍ਹੇ ਕਰਜ਼ੇ ਦਾ ਬੋਝ ਉਨ੍ਹਾਂ ਨੂੰ ਮੌਤ ਨੂੰ ਗਲੇ ਲਗਾਉਣ ਵਲ ਧੱਕ ਦਿੰਦਾ ਹੈ।

ਇਹ ਹਾਲਤ ਸਿਰਫ਼ ਮਹਾਰਾਸ਼ਟਰ ਦੀ ਹੀ ਨਹੀਂ, ਸਮੁੱਚੇ ਦੇਸ਼ ਅੰਦਰ ਕਿਸਾਨੀ ਡੂੰਘੇ ਖੇਤੀ ਸੰਕਟ ਨਾਲ ਜੂਝ ਰਹੀ ਹੈ। ਹਰ ਚੋਣ ਦੌਰਾਨ ਉਹ ਕੇਂਦਰੀ ਹੋਵੇ ਜਾਂ ਸੂਬਾਈ ਸਭ ਸਿਆਸੀ ਧਿਰਾਂ ਕਿਸਾਨਾਂ ਦੀ ਕਰਜ਼ਾ ਮੁਆਫ਼ੀ ਤੇ ਉਨ੍ਹਾਂ ਦੀਆਂ ਜਿਨਸਾਂ ਦੇ ਲਾਹੇਵੰਦੇ ਭਾਅ ਦੇਣ ਦੇ ਲਾਰੇ ਲਾਉਂਦੀਆਂ ਹਨ, ਪਰ ਸੱਤਾ ਵਿੱਚ ਆਉਣ ਤੋਂ ਬਾਅਦ ਕਾਰਪੋਰੇਟ ਲਾਬੀ ਦੇ ਦਬਾਅ ਹੇਠ ਘੇਸਲ ਮਾਰ ਲੈਂਦੀਆਂ ਹਨ। ਦੇਸ਼ ਤੇ ਦੁਨੀਆਂ ਦੇ ਪੂੰਜੀਪਤੀਆਂ ਦੀ ਅੱਜ ਭਾਰਤ ਦੇ ਖੇਤੀ ਸੈਕਟਰ ਉੱਤੇ ਗਿਰਝ ਅੱਖ ਟਿਕੀ ਹੋਈ ਹੈ। ਇਸੇ ਕਾਰਣ ਪੂੰਜੀਪਤੀਆਂ ਦੇ ਪੈਸੇ ਨਾਲ ਸੱਤਾ ਵਿੱਚ ਆਈ ਮੋਦੀ ਸਰਕਾਰ ਖੇਤੀ ਸੰਕਟ ਨੂੰ ਡੂੰਘਾ ਕਰਨ ਲਈ ਹਰ ਯਤਨ ਕਰ ਰਹੀ ਹੈ ਤਾਂ ਜੋ ਕਿਸਾਨ ਖੇਤੀ ਵਿੱਚੋਂ ਬਾਹਰ ਨਿਕਲਕੇ ਮੈਦਾਨ ਪੂੰਜੀਪਤੀਆਂ ਲਈ ਖਾਲੀ ਕਰ ਦੇਣ। ਜੇਕਰ ਪੂੰਜੀ ਦੀ ਸਰਕਾਰ ਹੁਣ ਤੱਕ ਆਪਣੇ ਮਨਸੂਬੇ ਵਿੱਚ ਸਫ਼ਲ ਨਹੀਂ ਹੋ ਸਕੀ ਤਾਂ ਇਸ ਦਾ ਕਾਰਣ ਕਿਸਾਨਾਂ ਦੀ ਏਕਤਾ ਤੇ ਜਾਨ ਹੂਲਵਾਂ ਸੰਘਰਸ਼ ਹੈ। ਖੁਦਕੁਸ਼ੀਆਂ ਨਹੀਂ, ਇਹੋ ਹੀ ਇੱਕੋ-ਇੱਕ ਰਾਹ ਹੈ।

-ਚੰਦ ਫਤਿਹਪੁਰੀ

## ਕਸ਼ਮੀਰੋ !

ਤੋੜ ਰਹੇ ਫੁੱਲ ਰੰਗ-ਬਰੰਗੇ, ਇੱਕ ਹੀ ਰੰਗ ਦੇ ਨਾਂ ਥੱਲੇ,
ਕਿਰਚਾਂ ਸੀਨੇ ਖੋਭ ਰਹੇ ਨੇ, ਟੁੱਟ ਗਈ ਵੰਗ ਦੇ ਨਾਂ ਥੱਲੇ।
ਚੌਕ ਚੁਰਾਹੇ ਚੁੱਪ ਕਰਵਾਏ, ਜਾਅਲੀ ਜੰਗ ਦੇ ਨਾਂ ਥੱਲੇ,
ਬੋਚ-ਬੋਚ ਕੇ ਟੀਕਾ ਲਾਉਂਦੇ, ਖਾਂਸੀ ਖੰਘ ਦੇ ਨਾਂ ਥੱਲੇ।
ਰੰਗੇ ਗਏ ਚਨਾਰ ਦੇ ਪੱਤੇ, ਹੋਲੀ ਰੰਗ ਦੇ ਨਾਂ ਥੱਲੇ,
ਧਾਹਾਂ ਮਾਰ ਕਸ਼ਮੀਰੋ ਰੋਂਦੀ, ਜੋ ਲੁੱਟੀ ਝੰਗ ਦੇ ਨਾਂ ਥੱਲੇ!

-ਗੁਲਪੁਰ

# ਖੈਰਾਤਾਂ ਸਾਡੇ ਲਈ ਤਬਾਹਕੁੰਨ ਸਾਬਤ ਹੋਣਗੀਆਂ



ਗੁਰਚਰਨ ਸਿੰਘ ਨੂਰਪੁਰ

ਕਿਸੇ ਵੀ ਸਮਾਜ 'ਚੋਂ ਸਭ ਤਰ੍ਹਾਂ ਦੀਆਂ ਕੁਰੀਤੀਆਂ ਨੂੰ ਖਤਮ ਕਰਕੇ ਖੁਸ਼ਹਾਲ ਸਮਾਜ ਬਣਾਉਣ ਲਈ ਜ਼ਰੂਰੀ ਹੈ ਕਿ ਬਹੁਗਿਣਤੀ ਲੋਕਾਂ ਨੂੰ ਕਿਰਤ ਨਾਲ ਜੋੜਿਆ ਜਾਵੇ। ਬੇਕਾਰ ਲੋਕਾਂ ਲਈ ਕਿਰਤ ਦੇ ਨਵੇਂ ਵਸੀਲੇ ਖੋਜੇ ਜਾਣ, ਪਰ ਅਸੀਂ ਹੁਣ ਉਸ ਦੌਰ ਵਿੱਚ ਪ੍ਰਵੇਸ਼ ਕਰ ਗਏ ਹਾਂ, ਜਿੱਥੇ ਲੋਕਾਂ ਨੂੰ ਕਿਰਤ ਤੋਂ ਹਰ ਦਿਨ ਦੂਰ ਕਰਨ ਲਈ ਯਤਨ ਕੀਤੇ ਜਾ ਰਹੇ ਹਨ। ਕਿਰਤ ਵਿਹੂਣੇ ਲੋਕ ਕਈ ਤਰਾਂ ਦੀਆਂ ਕੁਰੀਤੀਆਂ ਦੇ ਸ਼ਿਕਾਰ ਬਣ ਜਾਂਦੇ ਹਨ।

ਮੱਛੀ ਨੂੰ ਫੜਨ ਲਈ ਬੜਾ ਜ਼ਰੂਰੀ ਹੈ ਕਿ ਮੱਛੀ ਫੜਨ ਵਾਲੀ ਕੁੰਡੀ ਅੱਗੇ ਮਾਸ ਦਾ ਟੁਕੜਾ ਲਾਇਆ ਜਾਵੇ। ਮੱਛੀ ਜਦੋਂ ਕੁੰਡੀ ਨਾਲ ਲੱਗਾ ਮਾਸ ਦੇਖਦੀ ਹੈ ਤਾਂ ਮਨ ਹੀ ਮਨ ਮਾਸ ਦੇਣ ਵਾਲੇ ਦਾ ਧੰਨਵਾਦ ਕਰਦੀ ਹੋਏਗੀ, ਪਰ ਉਸ ਸਮੇਂ ਉਹ ਨਹੀਂ ਜਾਣਦੀ ਹੁੰਦੀ ਕਿ ਇਹ ਮਾਸ ਉਸ ਦੀ ਜਾਨ ਅਤੇ ਉਸ ਦਾ ਸਾਰਾ ਮਾਸ ਲੈ ਲਵੇਗਾ। ਰਾਜਸੀ ਧੜ੍ਹਿਆਂ ਤੋਂ ਮੁਫਤ ਦੀਆਂ ਖੈਰਾਤਾਂ ਵੰਡਣ ਨਾਲ ਦੇਸ਼ ਵਿੱਚ ਅਜਿਹਾ ਕੁਝ ਹੀ ਹੋ ਰਿਹਾ ਹੈ।

ਇੱਕ ਖਿੱਤੇ ਵਿੱਚ ਆਦਿਵਾਸੀ ਕਬੀਲੇ ਆਪਣੇ ਜਲ-ਜੰਗਲ ਨੂੰ ਬਚਾਉਣ ਲਈ ਸੰਘਰਸ਼ ਕਰ ਰਹੇ ਸਨ। ਇਹ ਸੰਘਰਸ਼ ਕਦੇ ਮੱਠਾ ਪੈ ਜਾਂਦਾ ਤੇ ਕਦੇ ਖੂਨੀ ਲੜਾਈ ਵਿੱਚ ਵੀ ਤਬਦੀਲ ਹੋ ਜਾਂਦਾ ਹੈ। ਕਈ ਕੋਸ਼ਿਸ਼ਾਂ ਦੇ ਬਾਅਦ ਜਦੋਂ ਇਹ ਸਮੱਸਿਆ ਹੱਲ ਨਾ ਹੋਈ ਤਾਂ ਇੱਕ ਵਾਰ ਕੁਝ ਉੱਚ ਅਧਿਕਾਰੀਆਂ ਨੇ ਇਸ ਸਮੱਸਿਆ ਸੰਬੰਧੀ ਗੰਭੀਰ ਵਿਚਾਰ-ਚਰਚਾ ਕੀਤੀ। ਮਾਹਰਾਂ ਨੇ ਆਪਣੇ-ਆਪਣੇ ਵਿਚਾਰ ਰੱਖੇ, ਪਰ ਇੱਕ ਮਾਹਰ ਨੇ ਇਹ ਕਿਹਾ ਕਿ ਸਮੱਸਿਆ ਇਹ ਹੈ ਕਿ ਆਦਿਵਾਸੀ ਲੋਕ ਲਾਲਚਾਂ ਨੂੰ ਸਵੀਕਾਰ ਨਹੀਂ ਕਰਦੇ, ਜਿੰਨੀ ਦੇਰ ਇਹਨਾਂ ਨੂੰ ਲਾਲਚੀ ਨਹੀਂ ਬਣਾਇਆ ਜਾਂਦਾ, ਓਨੀ ਦੇਰ ਇਹ ਆਪਣੀ ਜ਼ਮੀਨ ਲਈ ਲੜਦੇ ਰਹਿਣਗੇ। ਜਦੋਂ ਇਹ ਲਾਲਚੀ ਹੋ ਜਾਣਗੇ ਤਾਂ ਇਹ ਸਮੱਸਿਆ ਆਪਣੇ ਆਪ ਹੱਲ ਹੋ ਜਾਵੇਗੀ।

25 ਸੌ ਸਾਲ ਪਹਿਲਾਂ ਚੀਨ ਦੇ ਪ੍ਰਸਿੱਧ ਦਾਰਸ਼ਨਿਕ ਨੂੰ ਇੱਕ ਵਾਰ ਕਿਸੇ ਨੇ ਪੁੱਛਿਆ ਕਿ ਕੀ ਰਵਾਇਤੀ ਸਿੱਖਿਆ ਨਾਲ ਕੋਈ ਮਨੁੱਖ ਪੂਰਨ ਮਨੁੱਖ ਬਣ ਸਕਦਾ ਹੈ। ਉਹਨੇ ਜਵਾਬ ਦਿੱਤਾ ਨਹੀਂ। ਫਿਰ ਸਵਾਲ ਕਰਨ ਵਾਲੇ ਨੇ ਪੁੱਛਿਆ ਕਿ ਕੀ ਧਰਮ-ਕਰਮ ਦੀ ਸਿੱਖਿਆ ਹਾਸਲ ਕਰਕੇ ਕੋਈ ਮਨੁੱਖ ਪੂਰਨ ਮਨੁੱਖ ਬਣ ਸਕਦਾ ਹੈ, ਕਨਫਿਊਸ਼ੀਅਸ ਨੇ ਫਿਰ ਜਵਾਬ ਦਿੱਤਾ ਨਹੀਂ। ਸਵਾਲ ਕਰਨ ਵਾਲੇ ਨੇ ਪੁੱਛਿਆ ਕਿ ਫਿਰ ਪੂਰਨ ਮਨੁੱਖ ਬਣਨ ਲਈ ਵੱਡੀ ਤਰਜੀਹ ਕਿਹੜੀ ਹੈ, ਕਨਫਿਊਸ਼ੀਅਸ ਨੇ ਜਵਾਬ ਦਿੱਤਾ 'ਕਿਰਤ'।

ਇੱਕ ਬੜੀ ਸੋਚੀ-ਸਮਝੀ ਸਾਜਿਸ਼ ਤਹਿਤ ਲੋਕਾਂ ਨੂੰ ਕਿਰਤ ਤੋਂ ਤੋੜਿਆ ਜਾ ਰਿਹਾ ਹੈ। ਲੋਕਾਂ ਨੂੰ ਭਿੱਖ ਮੰਗੇ ਬਣਾਉਣ ਦੀ ਕਵਾਇਦ ਚੱਲ ਰਹੀ ਹੈ। ਹੁਣ ਸਮਾਂ ਆ ਗਿਆ ਹੈ ਕਿ ਲੋਕ ਸਵਾਲ ਕਰਨ ਕਿ ਸਾਨੂੰ ਇਹ ਖੈਰਾਂ ਕਿਉਂ ਦਿੱਤੀਆਂ ਜਾ ਰਹੀਆਂ ਹਨ? ਲੋਕ ਰਾਜਸੀ ਜਮਾਤਾਂ ਨੂੰ ਪੁੱਛਣ ਕਿ ਸਾਡੀਆਂ ਨਸਲਾਂ ਨੂੰ ਭਿੱਖ ਮੰਗੇ ਮੰਗਤੇ ਨਾ ਬਣਾਓ, ਇਹਨਾਂ ਨੂੰ ਰੋਜਗਾਰ ਦਿਓ, ਇਹਨਾਂ ਨੂੰ ਨੌਕਰੀਆਂ ਦਿਓ ਤਾਂ ਕਿ ਇਹ ਆਪਣਾ ਕੋਈ ਰੋਜ਼ਗਾਰ ਕਰ ਸਕਣ। ਸਰਕਾਰਾਂ ਨੇ ਲੋਕਾਂ ਲਈ ਰੋਜ਼ਗਾਰ ਦੇ ਨਵੇਂ ਵਸੀਲੇ ਕਿਸ ਪੈਦਾ ਕਰਨੇ ਸੀ, ਜੇਕਰ ਅਜਿਹਾ ਨਹੀਂ ਹੋਇਆ ਤਾਂ ਕਿਉਂ ਨਹੀਂ ਹੋਇਆ?

ਸਾਡੇ ਦੌਰ ਦਾ ਮੁਲਾਂਕਣ ਇਸ ਦ੍ਰਿਸ਼ਟੀਕੋਣ ਤੋਂ ਵੀ ਕੀਤਾ ਜਾਵੇਗਾ ਕਿ ਤੇਜ਼ੀ ਨਾਲ ਬਦਲ ਰਹੇ ਵਰਤਾਰਿਆਂ ਵਿੱਚ ਜਦੋਂ ਸਾਨੂੰ ਕਿਰਤ ਦੀਆਂ ਤਰਜੀਹਾਂ ਬਦਲਣ ਦੀ ਲੋੜ ਸੀ, ਕੰਮ ਦੇ ਨਵੇਂ ਵਸੀਲੇ ਪੈਦਾ ਕਰਨ ਦੀ ਲੋੜ ਸੀ ਤਾਂ ਉਸ ਸਮੇਂ ਕਿਵੇਂ ਸਾਡੇ ਲੋਕਾਂ ਨੂੰ ਮੁਫਤਖੋਰੇ ਬਣਾਇਆ ਜਾ ਰਿਹਾ ਸੀ? ਜਦੋਂ ਸਾਡੇ ਲੋਕਾਂ ਨੂੰ ਚੀਨ ਵਰਗੇ ਮੁਲਕਾਂ ਵਾਂਗ ਵੱਡੀ ਗਿਣਤੀ ਲੋਕਾਂ ਨੂੰ ਕਿਰਤ ਨਾਲ ਜੋੜਨ ਦੀ ਲੋੜ ਸੀ, ਉਸ ਸਮੇਂ ਸਾਡੇ ਲੋਕਾਂ ਨੂੰ ਤੀਰਥ ਯਾਤਰਾ ਕਰਨ ਦੇ ਮੁਫਤ ਪਾਸ ਦਿੱਤੇ ਜਾ ਰਹੇ ਸਨ।

ਦੁਨੀਆ ਭਰ ਦਾ ਇਤਿਹਾਸ ਦੱਸਦਾ ਹੈ ਕਿ ਜਿਹੜੇ ਵੀ ਦੇਸ਼ਾਂ, ਸਮਾਜਾਂ ਨੇ ਤਰੱਕੀ ਕੀਤੀ, ਉਸ ਦਾ ਇੱਕ ਕਾਰਨ ਇਹ ਸੀ ਕਿ ਉਹ ਆਪਣੇ ਮੁਲਕ ਦੇ ਵੱਡੀ ਗਿਣਤੀ ਲੋਕਾਂ ਨੂੰ ਕਿਰਤ ਨਾਲ ਜੋੜਨ ਵਿੱਚ ਸਫਲ ਹੋਏ। ਅਮਰੀਕਾ, ਕੈਨੇਡਾ, ਆਸਟਰੇਲੀਆ, ਜਪਾਨ ਵਰਗੇ ਮੁਲਕ ਵੱਡੀ ਗਿਣਤੀ ਲੋਕਾਂ ਨੂੰ ਕਿਰਤ ਨਾਲ ਜੋੜਨ ਵਿੱਚ ਸਫਲ ਹੋਏ। ਕੁਝ ਦਹਾਕੇ ਪਹਿਲਾਂ ਚੀਨ ਇੱਕ ਪੱਛੜਿਆ ਤੇ ਗਰੀਬ ਦੇਸ਼ ਸੀ। ਇਸ ਸਮੇਂ ਚੀਨ ਦੁਨੀਆ ਦੀ ਇੱਕ ਵੱਡੀ ਤਾਕਤ ਬਣ ਕੇ ਦੁਨੀਆਂ ਦੇ ਨਕਸ਼ੇ 'ਤੇ ਉਭਰਿਆ ਹੈ। ਇਹ ਉਸ ਸਮੇਂ ਸੰਭਵ ਹੋਇਆ, ਜਦੋਂ ਚੀਨ ਦੀ ਸਰਕਾਰ ਵੱਡੀ ਗਿਣਤੀ ਲੋਕਾਂ ਨੂੰ ਆਹਰੇ ਲਾਉਣ ਵਿੱਚ ਸਫਲ ਹੋਈ। ਅੱਜ ਚੀਨ ਵਿੱਚ ਬਣੇ ਸਮਾਨ ਦੀ ਪੂਰੀ ਦੁਨੀਆ ਵਿੱਚ ਧੁੰਮ ਪਈ ਹੋਈ ਹੈ।

ਪੰਜਾਬ ਵਿੱਚ ਜਲੰਧਰ ਖੇਡਾਂ ਦੇ ਸਮਾਨ ਲਈ ਅਤੇ ਲੁਧਿਆਣਾ ਦੇ ਸਾਈਕਲ/ਸਿਲਾਈ ਮਸ਼ੀਨ ਲਈ ਪੂਰੀ ਦੁਨੀਆ ਵਿੱਚ ਅੱਗੇ ਸਨ, ਪਰ ਸਮੇਂ ਸਿਰ ਸਾਨੂੰ ਅਜਿਹੀਆਂ ਹੋਰ ਸਨਅਤਾਂ ਦਾ ਵਿਸਥਾਰ ਕਰਨ ਦੀ ਲੋੜ ਸੀ। ਛੋਟੀਆਂ ਖੇਤੀ ਅਧਾਰਤ ਸਨਅਤਾਂ ਨੂੰ ਪਿੰਡ ਪੱਧਰ ਤੱਕ ਲੈ ਕੇ ਜਾਣ ਦੀ ਲੋੜ ਸੀ, ਪਰ ਵੱਖ-ਵੱਖ ਸਮੇਂ 'ਤੇ ਬਦਲਦੀਆਂ ਰਹੀਆਂ ਸਰਕਾਰਾਂ ਨੇ ਇਸ ਸੰਬੰਧੀ ਯਤਨ ਨਹੀਂ ਕੀਤੇ, ਜਿਸ ਦੇ ਸਿੱਟੇ ਵਜੋਂ ਅਸੀਂ ਦੁਨੀਆਂ ਦੇ ਬਾਜ਼ਾਰ ਵਿੱਚ ਪਛੜ ਗਏ।

ਪਿਛਲੇ ਦਿਨੀ ਦੁਬਈ ਵਿੱਚ ਕੁਝ ਦਿਨ ਰਹਿਣ ਦਾ ਮੌਕਾ ਮਿਲਿਆ। ਸਾਰੇ ਦੁਬਈ ਖਿੱਤੇ ਵਿੱਚ ਇੱਕ ਵੀ ਮੰਗਤਾ ਮੰਗਦਾ ਤੁਹਾਨੂੰ ਨਜ਼ਰ ਨਹੀਂ ਪੈਂਦਾ, ਕਿਉਂ ਕਿ ਮੰਗਣਾ ਇੱਥੇ ਜੁਰਮ ਹੈ। ਦੁਨੀਆ ਭਰ ਦੇ ਯਾਤਰੀ ਦੁਬਈ ਨੂੰ ਦੇਖਣ ਲਈ ਇੱਥੇ ਆ ਰਹੇ ਹਨ। ਇਸ ਸਫਲਤਾ ਪਿੱਛੇ ਵੀ ਬੇਸ਼ੱਕ ਹੋਰ ਵੀ ਕਾਰਨ ਹਨ, ਪਰ ਵੱਡੀ ਗਿਣਤੀ ਲੋਕਾਂ ਨੂੰ ਕਿਰਤ ਨਾਲ ਜੋੜ ਕੇ ਰੱਖਣਾ ਇਸ ਦਾ ਸਭ ਤੋਂ ਵੱਡਾ ਕਾਰਨ ਹੈ। ਰੇਤ ਦੇ ਟਿੱਬਿਆਂ ਨੂੰ ਇੱਕ ਹੱਸਦੇ-ਵੱਸਦੇ ਸ਼ਹਿਰ ਵਿੱਚ ਤਬਦੀਲ ਕਰਨ ਵਿੱਚ ਕਿਰਤ ਨੇ ਭੂਮਿਕਾ ਨਿਭਾਈ। ਜਿੰਨੀ ਦੇਰ ਤੱਕ ਮੁਫਤ ਦੀਆਂ ਖੈਰਾਤਾਂ ਨੂੰ ਬੰਦ ਨਹੀਂ ਕੀਤਾ ਜਾਂਦਾ ਅਤੇ ਵੱਡੀ ਗਿਣਤੀ ਲੋਕਾਂ ਲਈ ਕੰਮ ਦੇ ਵਸੀਲੇ ਨਹੀਂ ਲੱਭੇ ਜਾਂਦੇ, ਕੋਈ ਵੀ ਦੇਸ਼ ਓਨੀ ਦੇਰ ਤਰੱਕੀ ਅਤੇ ਵਿਕਾਸ ਨਹੀਂ ਕਰ ਸਕਦਾ।

ਲੋਕਾਂ ਨੂੰ ਕਿਰਤ ਨਾਲ ਜੋੜਨ ਅਤੇ ਰਲ ਕੇ ਕੰਮ ਕਰਨ ਲਈ ਸਾਡੇ ਕੋਲ ਮਨਰੇਗਾ ਇੱਕ ਅਜਿਹੀ ਸਕੀਮ ਹੈ, ਜਿਸ ਨਾਲ ਵੱਡੀ ਗਿਣਤੀ ਲੋਕਾਂ ਨੂੰ ਕੰਮ ਨਾਲ ਜੋੜਿਆ ਜਾ ਸਕਦਾ ਹੈ। ਇਸ ਦਾ ਵਿਸਥਾਰ ਕਰਨ ਦੀ ਲੋੜ ਸੀ। ਇਸ ਨਾਲ ਦੇਸ਼ ਦਾ ਮੂੰਹ-ਮੱਥਾ ਵੀ ਧੋਤਾ ਜਾ ਸਕਦਾ ਹੈ। ਸ਼ਹਿਰਾਂ, ਪਿੰਡਾਂ ਵਿੱਚ ਲੱਗੇ ਕੂੜੇ ਦੇ ਢੇਰਾਂ ਨੂੰ ਬਿਲੇ ਲਾਇਆ ਜਾ ਸਕਦਾ ਹੈ। ਸਾਫ-ਸਫਾਈ ਦੇ ਸੁਚੱਜੇ ਪ੍ਰਬੰਧ ਹੋ ਸਕਦੇ ਹਨ। ਨਹਿਰਾਂ, ਸੜਕਾਂ, ਕੱਸੀਆਂ ਦੇ ਵਿਰਾਨ ਕੰਢਿਆਂ ਨੂੰ ਰੁੱਖਾਂ ਦੀ ਹਰਿਆਲੀ ਵਿੱਚ ਤਬਦੀਲ ਕੀਤਾ ਜਾ ਸਕਦਾ ਹੈ। ਪੰਚਾਇਤੀ ਥਾਵਾਂ 'ਤੇ ਸੋਹਣੇ ਘਾਹ ਦੇ ਮੈਦਾਨ ਅਤੇ ਸੈਰ ਕਰਨ ਵਾਲੀਆਂ ਸੋਹਣੀਆਂ ਥਾਵਾਂ ਬਣਾਈਆਂ ਸਵਾਰੀਆਂ ਜਾ ਸਕਦੀਆਂ ਹਨ। ਹਰ ਪਿੰਡ ਵਿੱਚ ਪਾਣੀ ਨੂੰ ਸੰਭਾਲਣ ਲਈ ਮੀਹਾਂ ਦੇ ਪਾਣੀ ਨੂੰ ਰੀਚਾਰਜ ਕਰਨ ਵਾਲੇ ਟੈਂਕ ਬਣਾਏ ਜਾ ਸਕਦੇ ਹਨ। ਦੇਸ਼ ਦਾ ਮੂੰਹ-ਮੱਥਾ ਵੀ ਸਵਾਰਿਆ ਜਾ ਸਕਦਾ ਹੈ ਅਤੇ ਲੋਕਾਂ ਨੂੰ ਰੋਜ਼ਗਾਰ ਨਾਲ ਵੀ ਜੋੜਿਆ ਜਾ ਸਕਦਾ ਹੈ ਪਰ ਅਜਿਹਾ ਨਹੀਂ ਹੋ ਰਿਹਾ। ਮਨਰੇਗਾ ਵਿੱਚ ਕੰਮ ਕਰਨ ਦੇ ਦਿਨਾਂ ਨੂੰ ਸੀਮਤ ਕੀਤਾ ਜਾ ਰਿਹਾ ਹੈ, ਲੋਕਾਂ ਨੂੰ ਉਜਰਤ ਦੇ ਪੈਸੇ ਸਮੇਂ ਸਿਰ ਨਹੀਂ ਮਿਲ ਰਹੇ।

ਵੱਖ-ਵੱਖ ਅਦਾਰਿਆਂ ਵਿੱਚ ਇਸ ਸਮੇਂ ਹਜ਼ਾਰਾਂ ਅਸਾਮੀਆਂ ਖਾਲੀ ਪਈਆਂ ਹਨ। ਲੱਖਾਂ ਨੌਜਵਾਨ ਹਨ, ਜੋ ਪੜ੍ਹ ਲਿਖ ਕੇ ਰੋਜ਼ਗਾਰ ਦੀ ਤਲਾਸ਼ ਵਿੱਚ ਭਟਕ ਰਹੇ ਹਨ, ਪਰ ਇਹਨਾਂ ਕੰਮ ਮੰਗਦੇ ਲੋਕਾਂ ਦੇ ਰੋਸ ਨੂੰ ਦਬਾਉਣ ਲਈ ਪੁਲਿਸ ਬਲ ਦਾ ਪ੍ਰਯੋਗ ਕੀਤਾ ਜਾਂਦਾ ਹੈ। ਬੀ-ਐੱਡ, ਐੱਮ-ਐੱਡ, ਬੀ ਐੱਸ ਸੀ, ਐੱਮ ਐੱਸ ਸੀ, ਐੱਮ ਟੈੱਕ ਅਤੇ ਟੈੱਟ ਪਾਸ ਕਰਕੇ ਹਜ਼ਾਰਾਂ ਲੜਕੇ-ਲੜਕੀ ਬੇਕਾਰ ਫਿਰ ਰਹੇ ਹਨ, ਕਿਸੇ ਸਰਕਾਰ ਦਾ ਧਿਆਨ ਨਹੀਂ ਕਿ ਇਹਨਾਂ ਨੂੰ ਰੋਜ਼ਗਾਰ ਦਿੱਤਾ ਜਾਵੇ।

ਪੰਜਾਬ ਦੇ ਲੋਕ ਕਿਸੇ ਸਮੇਂ ਕਿਰਤੀ ਕਮਾਊ ਪੁੱਤਰਾਂ ਵਜੋਂ ਜਾਣੇ ਜਾਣ ਵਾਲੇ ਲੋਕ ਸਨ। ਜਿੱਥੇ ਭਾਰਤ ਦੇ ਬਹੁਤ ਸਾਰੇ ਸੂਬਿਆਂ ਵਿੱਚ ਮਰਦ ਦੀ ਬਜਾਏ ਔਰਤਾਂ ਤੋਂ ਸਾਰੇ ਕੰਮ ਕਰਵਾਏ ਜਾਂਦੇ ਸਨ, ਉੱਥੇ ਪੰਜਾਬ ਦੇ ਲੋਕ ਖੇਤਾਂ ਵਿੱਚ ਹੱਡ-ਭੰਨਵੀਂ ਮਿਹਨਤ ਕਰਨ ਵਿੱਚ ਵਿਸ਼ਵਾਸ ਰੱਖਦੇ ਸਨ। ਇਹੋ ਹੀ ਕਾਰਨ ਸੀ ਕਿ ਮਿਹਨਤੀ ਪੰਜਾਬੀ ਜਦੋਂ-ਜਦੋਂ ਭਾਰਤ ਦੇ ਦੂਜੇ ਸੂਬਿਆਂ ਜਾਂ ਹੋਰ ਮੁਲਕਾਂ ਵਿੱਚ ਗਏ ਤਾਂ ਉੱਥੇ ਜਾ ਕੇ ਵੀ ਇਹਨਾਂ ਆਪਣੀ ਮਿਹਨਤ ਦੇ ਸਿਰ 'ਤੇ ਸਫਲਤਾ ਦੇ ਝੰਡੇ ਗੱਡੇ। ਇਸ ਦਾ ਕਾਰਨ ਕੇਵਲ ਇਹੋ ਸੀ ਕਿ ਸਾਡੇ ਪੰਜਾਬੀ ਹੱਡ-ਭੰਨਵੀਂ ਮਿਹਨਤ ਕਰਨ ਵਿੱਚ ਵਿਸ਼ਵਾਸ਼ ਰੱਖਦੇ ਸਨ। ਅੱਜ ਦੇ ਦੌਰ ਵਿੱਚ ਅਸੀਂ ਪੰਜਾਬੀ ਇੱਕ ਤਰ੍ਹਾਂ ਨਾਲ ਕਿਰਤ ਨਾਲੋਂ ਟੁੱਟ ਗਏ ਹਾਂ। ਸਾਡ ਨੌਜਵਾਨਾਂ 'ਚ ਕੰਮ ਕਰਨ ਅਤੇ ਕਿਰਤੀ ਕਮਾਊ ਪੁੱਤਰ ਬਣਨ ਦੀ ਬਜਾਏ ਵਿਹਲੇ ਰਹਿਣ ਦੀ ਪ੍ਰਵਿਰਤੀ ਵਧ ਰਹੀ ਹੈ। ਇਸ ਦਾ ਕਾਰਨ ਇਹ ਵੀ ਹੈ ਕਿ ਅਸੀਂ ਪਿਛਲੇ ਲੰਮੇ ਸਮੇਂ ਤੋਂ ਕਿਰਤ ਨੂੰ ਉਹ ਮਹੱਤਵ ਨਹੀਂ ਦਿੱਤਾ, ਜੋ ਸਾਡੇ ਸੱਭਿਆਚਾਰ ਜਾਂ ਸਾਡੀ ਵਿਰਾਸਤ ਵਿੱਚ ਸੀ। ਅਸੀਂ ਕਿਰਤ ਕਰੋ ਦਾ ਉਪਦੇਸ਼ ਤਿਆਗ ਦਿੱਤਾ ਅਤੇ ਕਈ ਤਰ੍ਹਾਂ ਦੀਆਂ ਮੁਸ਼ਕਲਾਂ, ਸਮੱਸਿਆਵਾਂ ਅਤੇ ਵਿਕਾਰਾਂ ਦੇ ਸ਼ਿਕਾਰ ਹੋ ਕੇ ਰਹਿ ਗਏ।

ਅੱਜ ਲੋੜ ਹੈ ਕਿ ਅਸੀਂ ਆਪਣੇ ਆਪ ਨੂੰ ਅਤੇ ਆਪਣੇ ਬੱਚਿਆਂ ਨੂੰ ਕਿਰਤ ਵੱਲ ਪ੍ਰੇਰਿਤ ਕਰੀਏ। ਕਿਰਤ ਨਾਲ ਜੁੜਨ ਦਾ ਇਹ ਸੰਕਲਪ ਪ੍ਰਾਇਮਰੀ ਸਿੱਖਿਆ ਤੋਂ ਸ਼ੁਰੂ ਹੋਣਾ ਚਾਹੀਦਾ ਹੈ। ਅਸੀਂ ਬੱਚਿਆਂ ਨੂੰ ਬਜ਼ਾਰੂ ਸਿੱਖਿਆ ਤਹਿਤ ਵੱਡੇ ਭਾਰੇ ਬਸਤਿਆਂ ਦਾ ਬੋਝ ਵਧਾਉਣ ਵਿੱਚ ਕੋਈ ਕਸਰ ਨਹੀਂ ਛੱਡੀ, ਪਰ ਸਾਡੇ ਬੱਚਿਆਂ ਨੂੰ ਜੇਕਰ ਕੋਈ ਅਧਿਆਪਕ ਜਮਾਤ ਦੇ ਕਮਰੇ ਵਿੱਚ ਕਾਗਜ਼ ਦਾ ਟੁਕੜਾ ਚੁੱਕਣ ਲਈ ਕਹਿ ਦੇਵੇ ਤਾਂ ਅਧਿਆਪਕ 'ਤੇ ਕਾਰਵਾਈ ਹੋਣ ਦੀ ਨੌਬਤ ਆ ਜਾਂਦੀ ਹੈ। ਜਿੱਥੇ ਸਕੂਲਾਂ, ਕਾਲਜਾਂ ਵਿੱਚ ਬੱਚਿਆਂ ਨੂੰ ਕਿਰਤ ਕਰਨ ਨਾਲ ਜੋੜਨ ਅਤੇ ਕਿਰਤ ਦਾ ਪਾਠ ਪੜ੍ਹਾਏ ਜਾਣ ਦੀ ਲੋੜ ਹੈ, ਉੱਥੇ ਮਾਪਿਆਂ ਨੂੰ ਵੀ ਚਾਹੀਦਾ ਹੈ ਕਿ ਆਪਣੀ ਔਲਾਦ ਨੂੰ ਚੰਗੇ ਇਨਸਾਨ ਬਣਾਉਣ ਲਈ ਕਿਰਤ ਨਾਲ ਜੋੜਨ। ਆਪ ਵੀ ਹੱਥੀਂ ਕੰਮ ਕਰਨ ਅਤੇ ਬੱਚਿਆਂ ਤੋਂ ਵੀ ਕੰਮ ਕਰਵਾਉਣ। ਜੇਕਰ ਕੰਮ ਕਰਨ ਦੀ ਲੋੜ ਨਹੀਂ, ਤਾਂ ਵੀ ਕੰਮ ਕਰਨ ਦੇ ਜ਼ਰੀਏ, ਵਸੀਲੇ ਪੈਦਾ ਕੀਤੇ ਜਾਣ। ਕਿਰਤ ਦਾ ਉਪਦੇਸ਼ ਸਾਡੇ ਗੁਰੂ ਬਾਬੇ ਨਾਨਕ ਦਾ ਉਪਦੇਸ਼ ਹੈ। ਕਿਰਤ ਨਾਲ ਜੁੜ ਕੇ ਹੀ ਅਸੀਂ ਚੰਗੇ ਸਮਾਜ ਦੀ ਸਿਰਜਣਾ ਕਰ ਸਕਦੇ ਹਾਂ।

**# ਸੰਪਰਕ : 98550-51099**

# ਆਨਲਾਈਨ ਗੇਮਾਂ ਦੀ ਜਕੜ 'ਚ ਬਚਪਨ

ਜਸਵਿੰਦਰ ਪਾਲ ਸ਼ਰਮਾ

**ਸੰਤੁਲਿਤ ਵਰਤੋਂ ਦੀ ਲੋੜ:** ਅੱਜ ਦੇ ਡਿਜੀਟਲ ਯੁੱਗ ਵਿੱਚ ਆਨਲਾਈਨ ਗੇਮਿੰਗ ਬਚਪਨ ਦਾ ਇੱਕ ਅਨਿੱਖੜਵਾਂ ਅੰਗ ਬਣ ਗਈ ਹੈ। ਸਮਾਰਟ ਫੋਨ ਤੋਂ ਲੈ ਕੇ ਗੇਮਿੰਗ ਕੰਸੋਲ ਤੱਕ ਬੱਚੇ ਵਰਚੁਅਲ ਦੁਨੀਆ ਵਿੱਚ ਤੇਜ਼ੀ ਨਾਲ ਖਿੱਚੇ ਜਾ ਰਹੇ ਹਨ, ਜੋ ਘੰਟਿਆਂਬੱਧੀ ਗੇਮਾਂ ਖੇਡਣ ਵਿੱਚ ਬਿਤਾਉਂਦੇ ਹਨ, ਜੋ ਉਤਸਾਹ ਅਤੇ ਮਨੋਰੰਜਨ ਦਾ ਵਾਅਦਾ ਕਰਦੀਆਂ ਹਨ। ਜਦੋਂ ਕਿ ਆਨਲਾਈਨ ਗੇਮਾਂ ਸਮੱਸਿਆ-ਹੱਲ ਕਰਨ ਦੇ ਹੁਨਰ, ਬਿਹਤਰ ਪ੍ਰਤੀਬਿੰਬ ਅਤੇ ਰਣਨੀਤਕ ਸੋਚ ਵਰਗੇ ਬੋਧਾਤਮਕ ਲਾਭ ਪ੍ਰਦਾਨ ਕਰਦੀਆਂ ਹਨ, ਬਹੁਤ ਜ਼ਿਆਦਾ ਗੇਮਿੰਗ ਬੱਚੇ ਦੀ ਸਰੀਰਕ ਅਤੇ ਮਾਨਸਿਕ ਤੰਦਰੁਸਤੀ 'ਤੇ ਨੁਕਸਾਨਦੇਹ ਪ੍ਰਭਾਵ ਪਾ ਸਕਦੀ ਹੈ। ਇੱਕ ਸਿਹਤਮੰਦ ਪਾਲਣ-ਪੋਸ਼ਣ ਨੂੰ ਯਕੀਨੀ ਬਣਾਉਣ ਲਈ ਆਨਲਾਈਨ ਗੇਮਾਂ ਦੀ ਵਰਤੋਂ ਵਿੱਚ ਸੰਤੁਲਨ ਬਣਾਉਣਾ ਬਹੁਤ ਜ਼ਰੂਰੀ ਹੈ।

**ਆਨਲਾਈਨ ਗੇਮਾਂ ਦਾ ਆਕਰਸ਼ਣ** : ਆਨਲਾਈਨ ਗੇਮਾਂ ਬੱਚਿਆਂ ਨੂੰ ਆਪਣੇ ਇੰਟਰਐਕਟਿਵ ਵਾਤਾਵਰਣ, ਜੀਵੰਤ ਗ੍ਰਾਫਿਕਸ ਅਤੇ ਦਿਲਚਸਪ ਕਹਾਣੀਆਂ ਨਾਲ ਮੋਹਿਤ ਕਰਦੀਆਂ ਹਨ। ਮਲਟੀ ਪਲੇਅਰ ਗੇਮਾਂ ਉਹਨਾਂ ਨੂੰ ਦੋਸਤਾਂ ਨਾਲ ਜੁੜਨ ਅਤੇ ਨਵੇਂ ਬਣਾਉਣ ਦੀ ਆਗਿਆ ਦਿੰਦੀਆਂ ਹਨ, ਟੀਮ ਵਰਕ ਅਤੇ ਸਮਾਜਿਕ ਪਰਸਪਰ ਪ੍ਰਭਾਵ ਨੂੰ ਉਤਸ਼ਾਹਿਤ ਕਰਦੀਆਂ ਹਨ। ਬਹੁਤ ਸਾਰੀਆਂ ਵਿਦਿਅਕ ਖੇਡਾਂ ਯਾਦਦਾਸਤ, ਰਚਨਾਤਮਕਤਾ ਅਤੇ ਤਰਕਸ਼ੀਲ ਤਰਕ ਨੂੰ ਵਧਾਉਣ ਵਿੱਚ ਵੀ ਮਦਦ ਕਰਦੀਆਂ ਹਨ। ਹਾਲਾਂਕਿ, ਗੇਮਿੰਗ ਦਾ ਬਹੁਤ ਜ਼ਿਆਦਾ ਆਕਰਸ਼ਣ ਅਕਸਰ ਇੱਕ ਨਿਰਭਰਤਾ ਵੱਲ ਲੈ ਜਾਂਦਾ ਹੈ, ਜੋ ਲੰਮੇ ਸਮੇਂ ਵਿੱਚ ਨੁਕਸਾਨਦੇਹ ਹੋ ਸਕਦਾ ਹੈ।

**ਬਹੁਤ ਜ਼ਿਆਦਾ ਗੇਮਿੰਗ ਦਾ ਨਕਾਰਾਤਮਕ ਪ੍ਰਭਾਵ:** ਆਨਲਾਈਨ ਗੇਮਾਂ 'ਤੇ ਬਹੁਤ ਜ਼ਿਆਦਾ ਸਮਾਂ ਬਿਤਾਉਣ ਦੇ ਗੰਭੀਰ ਨਤੀਜੇ ਹੋ ਸਕਦੇ ਹਨ, ਜਿਹੜੇ ਬੱਚੇ ਲੰਬੇ ਸਮੇਂ ਤੱਕ ਗੇਮਿੰਗ ਸੈਸ਼ਨਾਂ ਵਿੱਚ ਰੁਝੇ ਰਹਿੰਦੇ ਹਨ, ਉਨ੍ਹਾਂ ਨੂੰ ਇਹ ਅਨੁਭਵ ਹੋ ਸਕਦਾ ਹੈ: ਜ਼ਿਆਦਾ ਸਕ੍ਰੀਨ ਟਾਈਮ ਸਰੀਰਕ ਗਤੀਵਿਧੀ ਦੀ ਘਾਟ ਕਾਰਨ ਅੱਖਾਂ ਵਿੱਚ ਤਣਾਅ, ਸਿਰ ਦਰਦ, ਮਾੜੀ ਮੁਦਰਾ ਅਤੇ ਮੋਟਾਪਾ ਪੈਦਾ ਕਰ ਸਕਦਾ ਹੈ।

**ਅਕਾਦਮਿਕ ਪ੍ਰਦਰਸ਼ਨ ਵਿੱਚ ਗਿਰਾਵਟ:** ਆਨਲਾਈਨ ਗੇਮਾਂ ਦੀ ਲਤ ਬੱਚਿਆਂ ਨੂੰ ਉਨ੍ਹਾਂ ਦੀ ਪੜ੍ਹਾਈ ਤੋਂ ਭਟਕਾ ਸਕਦੀ ਹੈ, ਜਿਸ ਨਾਲ ਮਾੜੇ ਅਕਾਦਮਿਕ ਨਤੀਜੇ ਨਿਕਲਦੇ ਹਨ।

**ਸਮਾਜਿਕ ਇਕੱਲਤਾ:** ਵਰਚੂਅਲ ਦੁਨੀਆ ਵਿੱਚ ਜ਼ਿਆਦਾ ਸਮਾਂ ਬਿਤਾਉਣ ਵਾਲੇ ਬੱਚੇ ਅਕਸਰ ਅਸਲ ਸੰਸਾਰ, ਸਮਾਜਿਕ ਪਰਸਪਰ ਪ੍ਰਭਾਵ ਨਾਲ ਜੂਝਦੇ ਹਨ, ਜਿਸ ਨਾਲ ਇਕੱਲਤਾ ਅਤੇ ਸੰਚਾਰ ਮੁਸ਼ਕਲਾਂ ਪੈਦਾ ਹੁੰਦੀਆਂ ਹਨ।

**ਹਮਲਾਵਰ ਵਿਵਹਾਰ:** ਕੁਝ ਹਿੰਸਕ ਖੇਡਾਂ ਬੱਚਿਆਂ ਦੇ ਵਿਹਾਰ ਨੂੰ ਪ੍ਰਭਾਵਤ ਕਰ ਸਕਦੀਆਂ ਹਨ, ਉਹਨਾਂ ਨੂੰ ਵਧੇਰੇ ਹਮਲਾਵਰ ਜਾਂ ਹਿੰਸਾ ਪ੍ਰਤੀ ਅਸੰਵੇਦਨਸ਼ੀਲ ਬਣਾ ਸਕਦੀਆਂ ਹਨ।

**ਨੀਂਦ ਵਿਕਾਰ:** ਦੇਰ ਰਾਤ ਤੱਕ ਗੇਮਿੰਗ ਨੀਂਦ ਦੇ ਪੈਟਰਨਾਂ ਨੂੰ ਵਿਗਾੜ ਸਕਦੀ ਹੈ, ਥਕਾਵਟ ਦਾ ਕਾਰਨ ਬਣ ਸਕਦੀ ਹੈ ਅਤੇ ਸਮੁੱਚੀ ਸਿਹਤ ਨੂੰ ਪ੍ਰਭਾਵਿਤ ਕਰ ਸਕਦੀ ਹੈ।

**ਸੰਤੁਲਿਤ ਗੇਮਿੰਗ ਆਦਤਾਂ ਦੀ ਲੋੜ:** ਗੇਮਿੰਗ ਨੂੰ ਨਸ਼ਾ ਬਣਨ ਤੋਂ ਰੋਕਣ ਲਈ ਮਾਪਿਆਂ ਅਤੇ ਸਰਪ੍ਰਸਤਾਂ ਨੂੰ ਇੱਕ ਸੰਤੁਲਿਤ ਪਹੁੰਚ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ। ਇਸ ਸੰਤੁਲਨ ਨੂੰ ਪ੍ਰਾਪਤ ਕਰਨ ਲਈ ਕੁਝ ਰਣਨੀਤੀਆਂ ਵਿੱਚ ਸ਼ਾਮਲ ਹਨ:

**ਸਮਾਂ ਸੀਮਾਵਾਂ ਨਿਰਧਾਰਤ ਕਰਨਾ** : ਸਕਰੀਨ ਸਮੇਂ ਸੰਬੰਧੀ ਸਪੱਸ਼ਟ ਨਿਯਮ ਸਥਾਪਤ ਕਰਨਾ ਅਤੇ ਬੱਚਿਆਂ ਨੂੰ ਗੇਮਿੰਗ ਸੈਸ਼ਨਾਂ ਵਿਚਕਾਰ ਬ੍ਰੇਕ ਲੈਣ ਲਈ ਉਤਸ਼ਾਹਿਤ ਕਰਨਾ।

**ਬਾਹਰੀ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨਾ:** ਬੱਚਿਆਂ ਨੂੰ ਖੇਡਾਂ, ਸਰੀਰਕ ਕਸਰਤਾਂ ਅਤੇ ਬਾਹਰੀ ਖੇਡਾਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕਰਨਾ, ਤਾਂ ਜੋ ਇੱਕ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕੀਤਾ ਜਾ ਸਕੇ।

**ਵਿਦਿਅਕ ਅਤੇ ਉਤਪਾਦਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨਾ:** ਬੱਚਿਆਂ ਨੂੰ ਨਵੇਂ ਹੁਨਰ ਵਿਕਸਤ ਕਰਨ ਵਿੱਚ ਮਦਦ ਕਰਨ ਲਈ ਪੜ੍ਹਨ, ਸੰਗੀਤ, ਪੇਂਟਿੰਗ ਜਾਂ ਕੋਡਿੰਗ ਵਰਗੇ ਸ਼ੌਕਾਂ ਨਾਲ ਜਾਣੂ ਕਰਵਾਓ।

**ਖੇਡ ਸਮੱਗਰੀ ਦੀ ਨਿਗਰਾਨੀ:** ਮਾਪਿਆਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਉਨ੍ਹਾਂ ਦੇ ਬੱਚਿਆਂ ਦੁਆਰਾ ਖੇਡੀਆਂ ਜਾਣ ਵਾਲੀਆਂ ਖੇਡਾਂ ਉਮਰ ਦੇ ਅਨੁਕੂਲ ਹੋਣ ਅਤੇ ਹਿੰਸਾ ਜਾਂ ਹੋਰ ਨਕਾਰਾਤਮਕ ਪ੍ਰਭਾਵਾਂ ਨੂੰ ਉਤਸ਼ਾਹਿਤ ਨਾ ਕਰਨ।

**ਪਰਿਵਾਰਕ ਸਮਾਂ ਉਤਸ਼ਾਹਿਤ ਕਰਨਾ:** ਬੋਰਡ ਗੇਮਾਂ, ਗੱਲਬਾਤ ਜਾਂ ਬਾਹਰ ਜਾਣ ਦੁਆਰਾ ਇਕੱਠੇ ਵਧੀਆ ਸਮਾਂ ਬਿਤਾਉਣਾ ਔਨਲਾਈਨ ਗੇਮਿੰਗ 'ਤੇ ਨਿਰਭਰਤਾ ਨੂੰ ਘਟਾਉਣ ਵਿੱਚ ਮਦਦ ਕਰ ਸਕਦਾ ਹੈ।

ਆਨਲਾਈਨ ਗੇਮਿੰਗ ਜਦੋਂ ਸੰਜਮ ਵਿੱਚ ਵਰਤੀ ਜਾਂਦੀ ਹੈ ਤਾਂ ਬੱਚਿਆਂ ਲਈ ਇੱਕ ਮਜ਼ੇਦਾਰ ਅਤੇ ਲਾਭਦਾਇਕ ਗਤੀਵਿਧੀ ਵੀ ਹੋ ਸਕਦੀ ਹੈ। ਹਾਲਾਂਕਿ, ਬਹੁਤ ਜ਼ਿਆਦਾ ਗੇਮਿੰਗ ਗੰਭੀਰ ਸਰੀਰਕ, ਭਾਵਨਾਤਮਕ ਅਤੇ ਮਨੋਵਿਗਿਆਨਕ ਸਮੱਸਿਆਵਾਂ ਦਾ ਕਾਰਨ ਬਣ ਸਕਦੀ ਹੈ। ਮਾਪਿਆਂ, ਸਿੱਖਿਅਕਾਂ ਅਤੇ ਸਮਾਜ ਦੀ ਜ਼ਿੰਮੇਵਾਰੀ ਹੈ ਕਿ ਉਹ ਬੱਚਿਆਂ ਨੂੰ ਸੰਤੁਲਿਤ ਸਕ੍ਰੀਨ ਸਮੇਂ ਵੱਲ ਸੇਧਿਤ ਕਰਨ, ਇਹ ਯਕੀਨੀ ਬਣਾਉਣ ਕਿ ਉਹ ਗੇਮਿੰਗ ਦੇ ਨਾਲ-ਨਾਲ ਉਤਪਾਦਕ ਗਤੀਵਿਧੀਆਂ ਵਿੱਚ ਸ਼ਾਮਲ ਹੋਣ। ਜ਼ਿੰਮੇਵਾਰ ਗੇਮਿੰਗ ਆਦਤਾਂ ਨੂੰ ਉਤਸ਼ਾਹਿਤ ਕਰਕੇ ਅਸੀਂ ਬਚਪਨ ਨੂੰ ਨਕਾਰਾਤਮਕ ਨਤੀਜਿਆਂ ਤੋਂ ਬਚਾ ਸਕਦੇ ਹਾਂ ਅਤੇ ਇੱਕ ਸਿਹਤਮੰਦ ਪੀੜ੍ਹੀ ਨੂੰ ਉਤਸ਼ਾਹਿਤ ਕਰ ਸਕਦੇ ਹਾਂ।

**# ਸੰਪਰਕ : 79860-27454**

# ਗਦਰ ਪਾਰਟੀ ਦੇ ਸਥਾਪਨਾ ਦਿਵਸ ਸਮਾਗਮ ਦੀ ਗੱਲ ਕਰਦਿਆਂ

ਗਿਆਨ ਸੈਦਪੁਰੀ



ਗਦਰ ਪਾਰਟੀ ਦੇ ਸਥਾਪਨਾ ਦਿਵਸ ਸਮਾਗਮ ਦੇ ਸਬੱਬ ਜਿੱਥੇ ਗਦਰੀ ਬਾਬਿਆਂ ਦੀਆਂ ਲਾਸਾਨੀ ਕੁਰਬਾਨੀਆਂ ਨੂੰ ਚੇਤੇ ਕਰਕੇ ਉਨ੍ਹਾਂ ਨੂੰ ਸਿਜਦਾ ਕੀਤਾ ਗਿਆ, ਕਿਸਾਨੀ ਅੰਦੋਲਨ ਨੂੰ ਨਵੇਂ ਸਿਰਿਓਂ ਵਿਉਂਤਣ ਲਈ ਵਿਚਾਰਾਂ ਹੋਈਆਂ ਤੇ 'ਨਵੀਂ ਮੰਡੀ ਅਤੇ ਖੇਤੀ ਨੀਤੀ' ਅੰਦਰਲੀ ਹਾਕਮਾਂ ਦੀ ਖੋਟ ਨੂੰ ਸਾਹਮਣੇ ਲਿਆਂਦਾ ਗਿਆ, ਉੱਥੇ 'ਗਲ ਲੱਗ ਕੇ ਸੀਰੀ ਦੇ ਜੱਟ ਰੋਵੇ ਬੋਹਲਾਂ ਵਿੱਚੋਂ ਨੀਰ ਵਗਿਆ, ਲਿਆ ਤੰਗਲੀ ਨਸੀਬਾਂ ਨੂੰ ਫਰੋਲੀਏ ਤੂੜੀ ਵਿੱਚੋਂ ਪੁੱਤ ਜੱਗਿਆ', ਗੀਤ ਵਿੱਚ ਸੰਤ ਰਾਮ ਉਦਾਸੀ ਵੱਲੋਂ ਪ੍ਰਗਟਾਈ ਗਈ ਭਾਵਨਾ ਅਨੁਸਾਰ ਕਿਸਾਨਾਂ-ਮਜ਼ਦੂਰਾਂ ਦੀਆਂ ਸਾਂਝਾਂ ਨੂੰ ਸੱਚੀ-ਮੁੱਚੀ ਮਜ਼ਬੂਤ ਕਰਨ ਦੀ ਸੁਰ ਵੀ ਉੱਭਰੀ। ਗਦਰ ਪਾਰਟੀ ਦੇ 111ਵੇਂ ਸਥਾਪਨਾ ਦਿਵਸ 'ਤੇ ਝੰਡਾ ਲਹਿਰਾਉਣ ਦੀ ਰਸਮ ਦੇਸ਼ ਭਗਤ ਯਾਦਗਾਰ ਕਮੇਟੀ ਦੇ ਵਿੱਤ ਸਕੱਤਰ ਸਾਥੀ ਸੀਤਲ ਸਿੰਘ ਸੰਘਾ ਨੇ ਨਿਭਾਈ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਗਾਂਹਵਧੂ ਲੋਕਾਂ ਅੱਗੇ ਬਹੁਤ ਵੱਡੀਆਂ ਚੁਣੌਤੀਆਂ ਦਰਪੇਸ਼ ਹਨ। ਆਮ ਲੋਕਾਂ ਨੂੰ ਵਹਿਮਾਂ-ਭਰਮਾਂ ਤੋਂ ਮੁਕਤ ਕਰਾਉਣਾ, ਧਾਰਮਿਕ ਕੱਟੜਤਾ ਤੋਂ ਬਚਾਉਣਾ, ਆਜ਼ਾਦੀ ਦੇ ਅਸਲ ਵਾਰਸਾਂ ਦੀ ਨਿਸ਼ਾਨਦੇਹੀ ਕਰਨੀ, ਭਾਰਤੀ ਸੰਵਿਧਾਨ ਦੀ ਰਾਖੀ ਕਰਨੀ ਅਤੇ ਗੁਰਬਾਣੀ ਦੀ ਇਨਕਲਾਬੀ ਤਾਸੀਰ ਨੂੰ ਉਭਾਰਨਾ ਚੁਣੌਤੀਆਂ ਸਾਡੇ ਸਾਹਮਣੇ ਹਨ।

ਦੇਸ਼ ਭਗਤ ਯਾਦਗਾਰ ਵਿਖੇ ਬਣੇ ਵਿਸ਼ਨੂੰ ਗਣੇਸ਼ ਪਿੰਗਲੇ ਹਾਲ ਵਿੱਚ 'ਨਵੀਂ ਖੇਤੀ ਅਤੇ ਮੰਡੀਕਰਨ ਨੀਤੀ ਦੇ ਵਿਆਪਕ ਮਾਰੂ ਪ੍ਰਭਾਵ ਅਤੇ ਸੰਘਰਸ਼' ਵਿਸ਼ੇ 'ਤੇ ਹੋਈ ਵਿਚਾਰ ਚਰਚਾ ਦੌਰਾਨ ਇਹ ਵਿਚਾਰ ਕਿ ਜਾਤਾਂ-ਪਾਤਾਂ ਤੇ ਸਿਆਸਤ ਤੋਂ ਉੱਪਰ ਉੱਠ ਕੇ ਦਿੱਲੀ ਦੀਆਂ ਬਰੂਹਾਂ 'ਤੇ ਕੀਤੇ ਸੰਘਰਸ਼ ਦਾ ਨਤੀਜਾ ਸੀ ਕਿ ਜਿਸ ਥਾਂ (ਪਾਰਲੀਮੈਂਟ) ਤਿੰਨ ਕਾਲੇ ਕਾਨੂੰਨ ਬਣਾਏ ਗਏ ਸਨ, ਉੱਥੇ ਹੀ ਇਹ ਹਾਕਮਾਂ ਨੂੰ ਰੱਦ ਕਰਨ ਲਈ ਮਜਬੂਰ ਹੋਣਾ ਪਿਆ। ਇਸ ਨਮੋਸ਼ੀ ਦਾ ਬਦਲਾ ਲੈਣ ਲਈ ਹਾਕਮ ਤਰਲੋ-ਮੱਛੀ ਹੋ ਰਹੇ ਹਨ। ਇਸੇ ਮਾਨਸਿਕਤਾ ਅਧੀਨ ਸਰਕਾਰ ਚਾਹੁੰਦੀ ਹੈ ਕਿ ਕਿਸਾਨ ਤੇ ਮਜ਼ਦੂਰ ਹਮਜੋਲੀ ਨਾ ਬਣਨ। ਇਨ੍ਹਾਂ ਦੋਵਾਂ ਧਿਰਾਂ ਦੀ ਜਿੰਨੀ ਕੁ ਨੇੜਤਾ ਹੈ, ਉਹ ਵੀ ਤੋੜੀ ਜਾਵੇ। ਸਰਕਾਰ ਦੀ ਇਸ ਖੋਟੀ ਨੀਤ ਨੂੰ ਸਮਝਣ ਦੀ ਲੋੜ ਹੈ। ਵਿਚਾਰ-ਚਰਚਾ ਦੌਰਾਨ ਕਿਸਾਨ ਆਗੂ ਜੋਗਿੰਦਰ ਸਿੰਘ ਉਗਰਾਹਾਂ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਅਸੀਂ ਮਜ਼ਦੂਰਾਂ ਦੀਆਂ ਸਿਰਫ ਗੱਲਾਂ ਹੀ ਨਾ ਕਰੀਏ, ਸਗੋਂ ਉਨ੍ਹਾਂ ਨੂੰ ਗਲਵੱਕੜੀਆਂ ਪਾਈਏ। ਇਸੇ ਤਰ੍ਹਾਂ ਇੱਕ ਹੋਰ ਕਿਸਾਨ ਆਗੂ ਨੇ ਕਿਸਾਨਾਂ, ਮਜ਼ਦੂਰਾਂ ਨੂੰ ਪੈਂਦੀ ਮਾਰ ਦੇ ਸੰਦਰਭ ਵਿੱਚ ਕਿਹਾ ਕਿ 'ਨਵੀਂ ਖੇਤੀ ਅਤੇ ਮੰਡੀਕਰਨ ਨੀਤੀ' ਦਾ ਖਰੜਾ ਕਿਰਸਾਨੀ ਤੇ ਮਜ਼ਦੂਰੀ ਦੇ ਖਾਤਮੇ ਦਾ ਵਰੰਟ ਹੈ। ਆਗੂ ਨੇ ਇਹ ਵੀ ਕਿਹਾ ਕਿ 20 ਮਈ ਦੀ ਦੇਸ਼-ਵਿਆਪੀ ਹੜਤਾਲ ਮੌਕੇ ਕਿਸਾਨ ਮਜ਼ਦੂਰਾਂ ਦੇ ਨਾਲ ਸੜਕਾਂ 'ਤੇ ਹੋਣਗੇ।

ਵਿਚਾਰ ਚਰਚਾ 'ਚ ਇਹ ਗੱਲ ਵੀ ਉਭਾਰੀ ਗਈ ਕਿ ਮਜ਼ਦੂਰਾਂ ਵਾਸਤੇ ਬਣੇ ਦਰਜਨਾਂ ਕਾਨੂੰਨ ਰੱਦ ਕਰਕੇ 4 ਲੇਬਰ ਕੋਡ ਬਣਾ ਦਿੱਤੇ ਗਏ ਹਨ। ਮਜ਼ਦੂਰ ਵਰਗ 'ਤੇ ਲਟਕ ਰਹੀ ਤਲਵਾਰ ਦਾ ਵੀ ਖਿਆਲ ਰੱਖਣਾ ਹੋਵੇਗਾ। ਇਹ ਵੀ ਕਿ ਨਵੀਂ ਖੇਤੀ ਅਤੇ ਮੰਡੀਕਰਨ ਨੀਤੀ ਇਕੱਲੇ ਕਿਸਾਨਾਂ 'ਤੇ ਹੀ ਨਹੀਂ, ਸਗੋਂ ਸਮੁੱਚੇ ਕਿਰਤੀਆਂ 'ਤੇ ਹੱਲਾ ਹੈ। ਕਿਸਾਨ ਆਗੂ ਜੁਗਿੰਦਰ ਸਿੰਘ ਉਗਰਾਹਾਂ ਨੇ ਖੇਤੀ ਖਰੜੇ ਦੇ ਖਤਰਿਆਂ ਦੀ ਗੱਲ ਕਰਦਿਆਂ ਕਿਹਾ ਕਿ ਇਸ ਦਾ ਮੰਤਵ ਹੈ ਕਿ ਖੇਤ ਤੋਂ ਪੇਟ ਤੱਕ ਦੀ ਪ੍ਰਕਿਰਿਆ ਵਿੱਚ ਜਿੰਨੇ ਲੋਕ ਵੀ ਸ਼ਾਮਲ ਹਨ, ਉਹ ਸਭ ਬਾਹਰ ਕੱਢ ਦਿੱਤੇ ਜਾਣ। ਮੰਡੀਕਰਨ ਲਈ ਇੱਕ ਅਜਿਹਾ ਅਦਾਰਾ ਹੋਵੇਗਾ, ਜਿਸ ਦੀਆਂ ਰੇਲਾਂ ਆਪਣੀਆਂ ਹੋਣਗੀਆਂ ਤੇ ਖੁਸ਼ਕ ਬੰਦਰਗਾਹਾਂ ਵੀ।

ਕਿਸਾਨ ਅੰਦੋਲਨ ਵਿੱਚ ਜਿਹੜੇ ਤਿੰਨ ਕਾਲੇ ਕਾਨੂੰਨ ਰੱਦ ਕਰਵਾਏ ਗਏ ਸਨ, ਨਵਾਂ ਖੇਤੀ ਖਰੜਾ ਉਨ੍ਹਾਂ ਨਾਲੋਂ ਵੀ ਖਤਰਨਾਕ ਹੈ। ਵਿਚਾਰ ਚਰਚਾ ਵਿੱਚ ਇਹ ਗੱਲ ਵੀ ਦਿਲਚਸਪੀ ਨਾਲ ਸੁਣੀ ਗਈ ਕਿ ਤਿੰਨ ਕਾਨੂੰਨ ਰੱਦ ਕਰਨ ਸੰਬੰਧੀ ਪ੍ਰਧਾਨ ਮੰਤਰੀ ਨੇ ਆਪਣੀ ਤਕਰੀਰ ਵਿੱਚ ਮੁਆਫੀ ਕਿਸਾਨਾਂ ਕੋਲੋਂ ਨਹੀਂ, ਸਗੋਂ ਆਪਣੇ ਆਕਾਵਾਂ ਪਾਸੋਂ ਮੰਗੀ ਸੀ।

ਕਿਰਤੀ ਕਿਸਾਨ ਯੂਨੀਅਨ ਦੇ ਆਗੂ ਰਮਿੰਦਰ ਸਿੰਘ ਪਟਿਆਲਾ ਨੇ ਨਵੀਂ ਖੇਤੀ ਅਤੇ ਮੰਡੀਕਰਨ ਨੀਤੀ ਅੰਦਰਲੀ ਹਰ ਘੁੰਡੀ ਦਾ ਖੁਲਾਸਾ ਕੀਤਾ। ਉਨ੍ਹਾਂ ਕਿਹਾ ਕਿ ਇਸ ਵਿੱਚ ਬੜੇ ਹੀ ਸ਼ਾਤਰਾਨਾ ਢੰਗ ਨਾਲ ਹਮਲਾ ਕੀਤਾ ਗਿਆ ਹੈ। ਇਸ ਖਰੜੇ ਵਿੱਚ ਕਿਸਾਨਾਂ ਦੀ ਆਮਦਨ ਵਧਾਉਣ ਦਾ ਵਾਰ-ਵਾਰ ਜ਼ਿਕਰ ਹੈ, ਪਰ ਇਸ 'ਤੇ ਅਮਲ ਕਰਨ ਦੇ ਮਾਮਲੇ ਵਿੱਚ ਨੀਤ ਖੋਟੀ ਹੈ। ਖਰੜੇ ਵਿੱਚ ਪੇਸ਼ ਕੀਤੇ ਅੰਕੜਿਆਂ ਵਿੱਚ ਕੋਰੇ ਝੂਠ ਬੋਲੇ ਗਏ ਹਨ। ਇਨ੍ਹਾਂ ਨੂੰ ਚੈਲਿੰਜ ਕੀਤਾ ਜਾ ਸਕਦਾ ਹੈ। ਰਮਿੰਦਰ ਸਿੰਘ ਪਟਿਆਲਾ ਦਾ ਕਹਿਣਾ ਸੀ ਕਿ ਕਿਸਾਨ ਅੰਦੋਲਨ ਨਾਲ ਕਿਸਾਨੀ ਵਾਸਤੇ ਜੋ ਖੱਟਿਆ ਸੀ, ਇਸ ਖਰੜੇ ਦਾ ਮੰਤਵ ਉਸ ਸਭ ਕਾਸੇ ਨੂੰ ਰੋਲਣਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਹਰੇ ਇਨਕਲਾਬ ਦਾ ਮੰਤਵ ਸਾਮਰਾਜ ਦੀਆਂ ਲੋੜਾਂ ਦੀ ਪੂਰਤੀ ਕਰਨਾ ਸੀ ਤੇ ਨਵੀਂ ਖੇਤੀ ਅਤੇ ਮੰਡੀਕਰਨ ਦੀ ਨੀਤੀ ਦੇ ਖਰੜੇ ਵਿੱਚ ਵੀ ਉਹੋ ਕੁਝ ਹੈ।

ਡਾ. ਸਤਨਾਮ ਸਿੰਘ ਅਜਨਾਲਾ ਨੇ ਵੀ ਵਿਚਾਰ ਚਰਚਾ ਵਿੱਚ ਮੁੱਲਵਾਨ ਗੱਲਾਂ ਕੀਤੀਆਂ। ਉਨ੍ਹਾ ਕਿਹਾ ਕਿ ਖੇਤੀ ਖਰੜਾ ਕਿਸਾਨਾਂ ਨੂੰ ਹੀ ਪ੍ਰਭਾਵਿਤ ਨਹੀਂ ਕਰਦਾ, ਸਗੋਂ ਸਮੁੱਚੇ ਸਮਾਜ ਲਈ ਘਾਤਕ ਹੈ। ਇਹ ਕਿਰਤ ਸ਼ਕਤੀ ਦੀ ਲੁੱਟ ਕਰਨ ਲਈ ਤਿਆਰ ਕੀਤਾ ਗਿਆ ਹੈ। ਇਹ ਸਾਮਰਾਜੀ ਕਾਰਾ ਹੈ। ਇਹ ਰੋਟੀ-ਰੋਜ਼ੀ ਮਾਰੂ ਖਰੜਾ ਹੈ। ਡਾ. ਅਜਨਾਲਾ ਨੇ ਸਰ ਛੋਟੂ ਰਾਮ ਨੂੰ ਵੀ ਯਾਦ ਕੀਤਾ, ਜਿਨ੍ਹਾਂ ਨੇ 1937 ਵਿੱਚ ਮੰਡੀਕਰਨ ਸਿਸਟਮ ਸ਼ੁਰੂ ਕੀਤਾ ਸੀ। ਉਨ੍ਹਾ ਇਸ ਗੱਲ 'ਤੇ ਅਹਿਦ ਕਰਨ ਲਈ ਜ਼ੋਰ ਦਿੱਤਾ ਕਿ ਅਗਲਾ ਸੰਘਰਸ਼ ਸਰ ਛੋਟੂ ਰਾਮ ਦੇ ਮੰਡੀਕਰਨ ਸਿਸਟਮ ਨੂੰ ਸਾਹਮਣੇ ਰੱਖ ਕੇ ਕੀਤਾ ਜਾਵੇ। ਭਾਰਤੀ ਕਮਿਊਨਿਸਟ ਪਾਰਟੀ ਨਾਲ ਸੰਬੰਧਤ ਕੁਲ ਹਿੰਦ ਕਿਸਾਨ ਸਭਾ ਦੇ ਆਗੂ ਲਖਬੀਰ ਸਿੰਘ ਨਿਜਾਮਪੁਰ ਨੇ ਪੰਜਾਬ ਦੇ ਜੁਝਾਰੂ ਵਿਰਸੇ 'ਤੇ ਮਾਣ ਕਰਨ ਦੇ ਨਾਲ-ਨਾਲ ਭਾਰਤ ਦੇ ਪ੍ਰਧਾਨ ਮੰਤਰੀ ਵੱਲੋਂ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਅੱਗੇ ਗੋਡੇ ਟੇਕਣ ਨੂੰ ਮੰਦਭਾਗਾ ਦੱਸਿਆ। ਨਵੀਂ ਖੇਤੀ ਅਤੇ ਮੰਡੀਕਰਨ ਨੀਤੀ ਬਣਾਉਣ ਦੀ ਪਿੱਠਭੂਮੀ ਦੀ ਗੱਲ ਕਰਦਿਆਂ ਸਾਥੀ ਨਿਜਾਮਪੁਰ ਨੇ ਕਿਹਾ ਕਿ ਇਹ ਖਰੜਾ 90ਵਿਆਂ ਵਿੱਚ ਸ਼ੁਰੂ ਕੀਤੀਆਂ ਨੀਤੀਆਂ ਦੇ ਆਧਾਰ 'ਤੇ ਤਿਆਰ ਕੀਤਾ ਗਿਆ ਹੈ। ਸਰਕਾਰਾਂ ਚੰਗੇ-ਭਲੇ ਮੰਡੀ ਸਿਸਟਮ ਨੂੰ ਤਹਿਸ-ਨਹਿਸ ਕਰਨ 'ਤੇ ਤੁਲੀਆਂ ਹੋਈਆਂ ਹਨ। ਨਿਜਾਮਪੁਰ ਨੇ ਕਿਹਾ ਕਿ ਲੱਗਦਾ ਇਹ ਹੈ ਕਿ ਸਰਕਾਰ ਖੇਤੀ ਸਿਸਟਮ ਵਿੱਚੋਂ ਬਾਹਰ ਨਿਕਲਣਾ ਚਾਹੁੰਦੀ ਹੈ। ਨਿਜਾਮਪੁਰ ਨੇ ਕੁਝ ਕਿਸਾਨ ਆਗੂਆਂ ਦੇ ਨਾਂਹ-ਪੱਖੀ ਵਤੀਰੇ ਦਾ ਵੀ ਜ਼ਿਕਰ ਕੀਤਾ। ਉਨ੍ਹਾ ਕਿਹਾ ਕਿ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਸਾਡੇ ਕੁਝ ਭਰਾ ਉਹ ਕਰ ਗੁਜ਼ਰੇ, ਜੋ ਸਰਕਾਰ ਚਾਹੁੰਦੀ ਸੀ। ਉਨ੍ਹਾਂ ਕਿਹਾ ਕਿ ਕਿਸਾਨ ਅੰਦੋਲਨ ਨੂੰ ਅੱਗੇ ਵਧਾਉਣ ਲਈ ਕੁਝ ਨਵੇਂ ਢੰਗ-ਤਰੀਕੇ ਵੀ ਤਲਾਸ਼ਣੇ ਪੈਣਗੇ।

ਪਲਸ ਮੰਚ ਦੇ ਪ੍ਰਧਾਨ ਸਾਥੀ ਅਮੋਲਕ ਸਿੰਘ, ਸਟੇਜ ਸੰਚਾਲਨ ਦੇ ਨਾਲ-ਨਾਲ ਕਿਸਾਨੀ ਅੰਦੋਲਨਾਂ ਦੇ ਇਤਿਹਾਸ ਨਾਲ ਸਾਂਝ ਵੀ ਪਵਾਉਂਦੇ ਰਹੇ। ਉਨ੍ਹਾਂ ਇਨਕਲਾਬੀ ਕਵੀ ਸੰਤ ਰਾਮ ਉਦਾਸੀ ਦੇ ਗੀਤ ਦੇ ਹਵਾਲੇ ਨਾਲ ਕਿਹਾ ਕਿ ਸਰਕਾਰਾਂ ਲੁੱਟ ਕਰਨ ਮੌਕੇ ਵੀ ਇਸ ਤਰ੍ਹਾਂ ਦਾ ਸਵਾਂਗ ਕਰਦੀਆਂ ਹਨ, ਜਿਵੇਂ ਨਜ਼ਰਾਨਾ ਦੇ ਰਹੀਆਂ ਹੋਣ। ਸਾਥੀ ਅਮੋਲਕ ਸਿੰਘ ਨੇ ਹਾਲਾਤ ਦੇ ਮੱਦੇਨਜਰ ਸੁਚੇਤ ਕੀਤਾ ਕਿ ਸਾਨੂੰ ਹਰ ਮੋੜ ਅਤੇ ਹਰ ਕਦਮ 'ਤੇ ਜੱਦੋ-ਜਹਿਦ ਕਰਨੀ ਪੈਣੀ ਹੈ।

ਵਿਚਾਰ-ਚਰਚਾ ਦੀ ਸ਼ੁਰੂਆਤ ਕਰਨ ਵਾਲੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਸਮਾਗਮ ਦੇ ਆਖਰੀ ਬੁਲਾਰੇ ਤੋਂ ਪਹਿਲਾਂ ਸਰੋਤਿਆਂ ਨਾਲ ਕੁਝ ਸੂਚਨਾਵਾਂ ਸਾਂਝੀਆਂ ਕੀਤੀਆਂ, ਜਿਨ੍ਹਾਂ ਵਿੱਚ 5 ਮਈ ਨੂੰ ਕਾਰਲ ਮਾਰਕਸ ਦੇ ਜਨਮ ਦਿਨ 'ਤੇ ਹੋਣ ਵਾਲੀ ਵਿਚਾਰ ਚਰਚਾ ਵੀ ਸ਼ਾਮਲ ਹੈ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕਾਮਰੇਡ ਅਜਮੇਰ ਸਿੰਘ ਨੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਗਦਰ ਪਾਰਟੀ ਦੀ ਸਥਾਪਨਾ ਇਸ ਆਸੇ ਨਾਲ ਹੋਈ ਸੀ ਕਿ ਲੋਕਾਂ ਨੂੰ ਜਲਾਲਤ ਭਰੀ ਜ਼ਿੰਦਗੀ ਤੋਂ ਨਿਜ਼ਾਤ ਦਿਵਾਈ ਜਾਵੇ। ਗਦਰੀ ਬਾਬਿਆਂ ਦਾ ਉਕਤ ਉਦੇਸ਼ ਸਾਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ।

ਸਮਾਗਮ ਦੀ ਸੰਪੂਰਨਤਾ ਬੀ. ਐੱਮ. ਸੀ. ਚੌਕ ਤੱਕ ਰੋਹ ਭਰਪੂਰ ਪ੍ਰਦਰਸ਼ਨ ਨਾਲ ਹੋਈ। ਸਮਾਗਮ ਦਾ ਇਹ ਵੀ ਇੱਕ ਹਾਸਲ ਆਖਿਆ ਜਾ ਸਕਦਾ ਹੈ ਕਿ ਨਵੀਂ ਖੇਤੀ ਨੀਤੀ ਦੇ ਖਰੜੇ 'ਤੇ ਕੀਤੇ ਗਏ ਵਿਚਾਰ-ਵਟਾਂਦਰੇ ਵਿੱਚ ਬੁੱਧੀਜੀਵੀ, ਲੇਖਕ, ਖੇਤ ਮਜ਼ਦੂਰ, ਤਰਕਸ਼ੀਲ ਅਤੇ ਔਰਤਾਂ ਵੀ ਉਤਸ਼ਾਹ ਨਾਲ ਸ਼ਾਮਲ ਹੋਈਆਂ।

**# ਸੰਪਰਕ : 98725-40447**

25-APR-PAGE-5.qxd 4/24/2025 10:38 PM Page 1



# ਕਣਕ ਨੂੰ ਅੱਗਾਂ ਤੇ ਕੁਦਰਤੀ ਆਫ਼ਤਾਂ ਨਾਲ ਹੋਏ ਨੁਕਸਾਨ ਦੀ ਸਰਕਾਰ ਭਰਪਾਈ ਕਰੇ : ਸੰਯੁਕਤ ਕਿਸਾਨ ਮੋਰਚਾ



**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)**
ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਡਿਪਟੀ ਕਮਿਸ਼ਨਰ ਪਟਿਆਲਾ ਰਾਹੀਂ ਮੰਗ ਪੱਤਰ ਦਿੱਤਾ ਗਿਆ, ਜਿਸ ਦੀ ਅਗਵਾਈ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਕੁਲਵੰਤ ਸਿੰਘ ਮੌਲਵੀਵਾਲਾ, ਜਮਹੂਰੀ ਕਿਸਾਨ ਸਭਾ ਵੱਲੋਂ ਦਰਸ਼ਨ ਸਿੰਘ ਬੇਲੂ ਮਾਜਰਾ, ਕਿਰਤੀ ਕਿਸਾਨ ਯੂਨੀਅਨ ਵੱਲੋਂ ਸੁਰਿੰਦਰ ਸਿੰਘ ਖਾਲਸਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੱਲੋਂ ਅਵਤਾਰ ਸਿੰਘ ਕੌਰਜੀਵਾਲਾ, ਕੁੱਲ ਹਿੰਦ ਕਿਸਾਨ ਸਭਾ ਵੱਲੋਂ ਧਰਮਪਾਲ ਸੀਲ ਨੇ ਕੀਤੀ।ਇਸ ਵਕਤ ਉਨ੍ਹਾਂ ਨਾਲ ਰਾਜ ਕਿਸਨ ਨੂਰ ਖੇੜੀਆ, ਜੈ ਰਾਮ ਭਾਨਰਾ, ਲਖਵਿੰਦਰ ਸਿੰਘ ਬਲਵੇੜਾ, ਰਣਧੀਰ ਸਿੰਘ ਪਟਿਆਲਾ ਤੇ ਕੁਲਦੀਪ ਸਿੰਘ ਗਲੋਲੀ ਹਾਜ਼ਰ ਸਨ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਪੰਜਾਬ ਵਿੱਚ ਅਣਗਿਣਤ ਥਾਵਾਂ 'ਤੇ ਕਣਕ ਤੇ ਨਾੜ ਨੂੰ ਅੱਗਾਂ ਲੱਗੀਆਂ ਹਨ।ਇਸ ਦੇ ਨਾਲ ਹੀ ਕੁਦਰਤੀ ਆਫ਼ਤਾਂ ਬੇਮੌਸਮੀ ਮੀਂਹ ਹਨੇਰੀ ਗੜੇਮਾਰੀ ਨਾਲ ਭਾਰੀ ਮਾਲੀ ਤੇ ਕਈ ਥਾਵਾਂ 'ਤੇ ਜਾਨੀ ਨੁਕਸਾਨ ਹੋਇਆ ਹੈ।ਇਨ੍ਹਾ ਕਰੋਪੀਆਂ ਦਾ ਪੂਰਾ ਮੁਆਵਜ਼ਾ ਦਿੱਤਾ ਜਾਵੇ, ਕਿਉਂਕਿ ਪੂਰੇ ਮੁਆਵਜ਼ੇ ਬਗੈਰ ਪੀੜਤ ਪਰਿਵਾਰਾਂ ਦੀ ਜ਼ਿੰਦਗੀ ਦੁਬਾਰਾ ਲੀਹ 'ਤੇ ਨਹੀਂ ਆ ਸਕਦੀ।ਇਸ ਲਈ ਸੰਯੁਕਤ ਕਿਸਾਨ ਮੋਰਚਾ ਮੰਗ ਕਰਦਾ ਹੈ ਕਿ ਸਾਰੇ ਪੰਜਾਬ ਵਿੱਚ ਸਪੈਸ਼ਲ ਗਿਰਦਾਵਰੀ ਕਰਕੇ ਜਾਂ ਸਰਵੇ ਕਰਕੇ ਪੀੜਤ ਪਰਵਾਰਾਂ ਨੂੰ ਮੁਆਵਜ਼ਾ ਦਿੱਤਾ ਜਾਵੇ।ਮੰਗ ਪਤਰ ਦੇਣ ਉਪਰੰਤ ਹੋਈ ਮੀਟਿੰਗ ਵਿੱਚ ਪਹਿਲਗਾਮ 'ਚ ਅੱਤਵਾਦੀਆਂ ਵੱਲੋਂ ਕੀਤੀ ਕਾਇਰਤਾ ਭਰਪੂਰ ਘਟਨਾ ਦੀ ਨਿੰਦਿਆ ਕੀਤੀ ਗਈ ਅਤੇ ਪੀੜਤ ਪਰਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਗਈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਕਸ਼ਮੀਰ ਵਿੱਚ ਅੱਤਵਾਦ ਖਤਮ ਕਰਕੇ ਸ਼ਾਂਤੀ ਸਥਾਪਤ ਕਰਨ ਵਿੱਚ ਨਾਕਾਮ ਹੋਈ ਹੈ।ਉਨ੍ਹਾਂ ਮੰਗ ਕੀਤੀ ਕਿ ਕਸ਼ਮੀਰ ਦੇ ਲੋਕਾਂ ਤੇ ਸੈਲਾਨੀਆਂ ਦੀ ਸੁਰੱਖਿਆ ਦੇ ਸਰਕਾਰ ਪੁਖਤਾ ਪ੍ਰਬੰਧ ਕਰੇ।ਉਨ੍ਹਾਂ ਸੱਦਾ ਦਿੱਤਾ ਕਿ ਅੱਤਵਾਦੀਆਂ ਦੇ ਮਨਸੂਬਿਆਂ ਦਾ ਇਕਜੁੱਟ ਹੋ ਕੇ ਵਿਰੋਧ ਕੀਤਾ ਜਾਵੇ।

ਮਾਨਸਾ (ਆਤਮਾ ਸਿੰਘ ਪਮਾਰ)-ਸੂਬੇ ਅੰਦਰ ਕਣਕ ਨੂੰ ਲੱਗੀਆਂ ਅੱਗਾਂ, ਗੜ੍ਹੇਮਾਰੀ ਤੇ ਤੇਜ਼ ਹਨੇਰੀ ਅਤੇ ਬੇਮੌਸਮੀ ਬਾਰਸ਼ ਨਾਲ ਹੋਈ ਭਾਰੀ ਜਾਨੀ ਤੇ ਮਾਲੀ ਨੁਕਸਾਨ ਦੀ ਭਰਪਾਈ ਲਈ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਬੀ ਕੇ ਯੂ ਧਨੇਰ ਦੇ ਮੱਖਣ ਸਿੰਘ ਭੈਣੀਬਾਘਾ, ਪੰਜਾਬ ਕਿਸਾਨ ਯੂਨੀਅਨ ਦੇ ਕਰਨੈਲ ਸਿੰਘ ਮਾਨਸਾ, ਬੀ ਕੇ ਯੂ ਡਕੌਂਦਾ ਦੇ ਲਛਮਣ ਸਿੰਘ ਚੱਕ ਅਲੀ ਸ਼ੇਰ, ਕੁੱਲ ਹਿੰਦ ਕਿਸਾਨ ਸਭਾ ਦੇ ਕ੍ਰਿਸ਼ਨ ਸਿੰਘ ਚੌਹਾਨ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਧੰਨਾ ਮੱਲ ਗੋਇਲ, ਜਮਹੂਰੀ ਕਿਸਾਨ ਸਭਾ ਦੇ ਅਮਰੀਕ ਸਿੰਘ ਫਫੜੇ, ਬੀ ਕੇ ਯੂ ਉਗਰਾਹਾਂ ਦੇ ਜਗਰਾਜ ਸਿੰਘ ਮਾਨਸਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਭਜਨ ਸਿੰਘ ਘੁੰਮਣ, ਬੀ ਕੇ ਯੂ ਮਾਨਸਾ ਦੇ ਤੇਜ਼ ਸਿੰਘ ਚਕੇਰੀਆਂ, ਬੀ ਕੇ ਯੂ ਲੱਖੋਵਾਲ ਦਰਸ਼ਨ ਸਿੰਘ ਜਟਾਣਾ ਤੇ ਗੋਰਾ ਸਿੰਘ ਭੈਣੀ ਬਾਘਾ ਆਦਿ ਆਗੂਆਂ ਵੱਲੋਂ ਡਿਪਟੀ ਕਮਿਸ਼ਨਰ ਰਾਹੀਂ ਮੁੱਖ ਮੰਤਰੀ ਸ੍ਰ. ਭਗਵੰਤ ਮਾਨ ਤੋਂ ਮੁਆਵਜ਼ੇ ਦੀ ਮੰਗ ਕੀਤੀ ਹੈ ਅਤੇ ਇਸ ਸਬੰਧੀ ਇੱਕ ਮੰਗ ਪੱਤਰ ਵੀ ਮੁੱਖ ਮੰਤਰੀ ਦੇ ਨਾਂ ਉਨ੍ਹਾਂ ਨੂੰ ਸੌਂਪਿਆ ਗਿਆ।

# ਗੌਰਮਿੰਟ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਪਹਿਲਗਾਮ ਕਤਲੇਆਮ ਦੀ ਨਿੰਦਾ, ਅੱਤਵਾਦੀਆਂ ਦਾ ਪੁਤਲਾ ਫੂਕਿਆ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਜ਼ਿਲ੍ਹਾ ਪੈਨਸ਼ਨਰਜ਼ ਭਵਨ ਵਿਖੇ ਗੌਰਮਿੰਟ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਸੰਗਰੂਰ ਵੱਲੋਂ ਵਿਸ਼ੇਸ਼ ਸ਼ੋਕ ਇਕਤੱਰਤਾ ਭੁਪਿੰਦਰ ਸਿੰਘ ਜੱਸੀ ਪ੍ਰਧਾਨ ਦੀ ਅਗਵਾਈ ਵਿੱਚ ਕੀਤੀ ਗਈ, ਜਿਸ ਵਿੱਚ ਸਮੂਹ ਮੈਂਬਰਾਂ ਵੱਲੋਂ ਕਸ਼ਮੀਰ ਦੇ ਪਹਿਲਗਾਮ ਵਿਖੇ ਪਿਛਲੇ ਦਿਨੀਂ ਅੱਤਵਾਦੀ ਸੰਗਠਨ ਵੱਲੋਂ ਕੀਤੇ ਹਮਲੇ ਨਾਲ ਆਪਣੀਆਂ ਖੁਸ਼ੀਆਂ ਸਾਂਝੀਆਂ ਕਰ ਰਹੇ ਸੈਲਾਨੀਆਂ 'ਤੇ ਅਚਾਨਕ ਹੋਏ ਹਮਲੇ ਨਾਲ ਹੋਈਆਂ ਮੌਤਾਂ 'ਤੇ ਸ਼ੋਕ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਮੋਨ ਰਹਿ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਉਪਰੰਤ ਭੁਪਿੰਦਰ ਸਿੰਘ ਜੱਸੀ, ਅਵਿਨਾਸ਼ ਸ਼ਰਮਾ ਜਨਰਲ ਸਕੱਤਰ, ਜੀਤ ਸਿੰਘ ਢੀਂਡਸਾ ਸਰਪ੍ਰਸਤ ਤੇ ਰਾਜ ਕੁਮਾਰ ਅਰੋੜਾ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਵਿੱਚ ਤਹਿਸੀਲ ਕੰਪਲੈਕਸ ਤੋਂ ਰੋਸ ਮਾਰਚ ਕੀਤਾ ਗਿਆ।ਸੁਰਿੰਦਰ ਪਾਲ ਸਿੰਘ ਸਿਦਕੀ ਪ੍ਰੈੱਸ ਸਕੱਤਰ ਨੇ ਦੱਸਿਆ ਕਿ ਇਸ ਰੋਸ ਮਾਰਚ ਵਿੱਚ ਪਾਕਿਸਤਾਨ ਮੁਰਦਾਬਾਦ, ਅੱਤਵਾਦੀਆਂ ਨੂੰ ਫਾਹੇ ਲਾਓ, ਭਾਰਤ ਮਾਤਾ ਦੀ ਜੈ ਦੇ ਨਾਹਰੇ ਲਗਾਉਂਦੇ ਹੋਏ ਲਾਈਟਾਂ ਵਾਲਾ ਚੌਕ ਵਿਖੇ ਅੱਤਵਾਦੀਆਂ ਦਾ ਪੁਤਲਾ ਫੂਕਿਆ ਗਿਆ।ਭੁਪਿੰਦਰ ਸਿੰਘ ਜੱਸੀ ਤੇ ਰਾਜ ਕੁਮਾਰ ਅਰੋੜਾ ਨੇ ਇਸ ਘਿਨਾਉਣੀ ਘਟਨਾ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਅਤੇ ਸ਼ਹੀਦਾਂ ਨੂੰ ਨਮਨ ਕੀਤਾ।ਇਸ ਮੌਕੇ ਰਵਿੰਦਰ ਸਿੰਘ ਗੁੱਡੂ, ਜਗਜੀਤ ਇੰਦਰ ਸਿੰਘ, ਦਰਸ਼ਨ ਸਿੰਘ ਨੌਰਥ, ਗੁਰਦੀਪ ਸਿੰਘ ਮੰਗਵਾਲ, ਸਤਪਾਲ ਸਿੰਗਲਾ, ਨੰਦ ਲਾਲ ਮਲਹੋਤਰਾ, ਓਮ ਪ੍ਰਕਾਸ਼ ਸ਼ਰਮਾ, ਲਾਭ ਸਿੰਘ, ਸੁਖਦੇਵ ਸਿੰਘ ਜੱਸੀ, ਹਰਪਾਲ ਸਿੰਘ ਸੰਗਰੂਰਵੀ, ਪੀ ਸੀ ਬਾਘਾ, ਜਸਵੀਰ ਸਿੰਘ ਖਾਲਸਾ ਨੇ ਵੀ ਆਪਣੇ ਵਿਚਾਰ ਰੱਖੇ ਅਤੇ ਕਿਹਾ ਕਿ ਅੱਤਵਾਦੀਆਂ ਦਾ ਕੋਈ ਧਰਮ ਨਹੀਂ ਹੁੰਦਾ, ਇਹ ਹਿੰਦੂ-ਮੁਸਲਮਾਨ ਏਕਤਾ ਵਿੱਚ ਦਹਿਸ਼ਤ ਫੈਲਾਉਣ ਦੀ ਹਰਕਤ ਹੈ, ਇਸ ਲਈ ਸਾਨੂੰ ਸਾਰਿਆਂ ਨੂੰ ਇੱਕਮੁੱਠ ਹੋ ਕੇ ਅਜਿਹੀਆਂ ਘਟਨਾਵਾਂ ਦਾ ਵਿਰੋਧ ਕਰਨਾ ਚਾਹੀਦਾ ਹੈ।ਇਸ ਮੌਕੇ ਜੰਟ ਸਿੰਘ ਸੋਹੀਆਂ, ਬਲਦੇਵ ਸਿੰਘ ਰਤਨ, ਸੁਰਿੰਦਰ ਸਿੰਘ ਸੋਢੀ, ਪਵਨ ਕੁਮਾਰ ਸ਼ਰਮਾ, ਦੇਵਿੰਦਰ ਜਿੰਦਲ, ਗੁਰਦੇਵ ਸਿੰਘ ਭੁੱਲਰ, ਲਾਲ ਚੰਦ ਸੈਣੀ, ਬਲਵਿੰਦਰ ਕੁਮਾਰ, ਸ਼ਿੰਗਾਰਾ ਸਿੰਘ, ਰਾਜ ਸਿੰਘ, ਤੇਜਾ ਸਿੰਘ, ਮਹੇਸ਼ ਜੌਹਰ, ਓ ਪੀ ਖੀਪਲ, ਕਿਸ਼ੋਰੀ ਲਾਲ, ਕਰਨੈਲ ਸਿੰਘ ਸੇਖੋਂ, ਕੰਵਲਜੀਤ ਸਿੰਘ, ਰਾਜਿੰਦਰ ਸਿੰਘ ਚੰਗਾਲ ਆਦਿ ਸਮੇਤ ਵੱਡੀ ਗਿਣਤੀ ਵਿੱਚ ਪੈਨਸ਼ਨਰਜ਼ ਸਾਥੀਆਂ ਨੇ ਰੋਸ ਦਾ ਮੁਜ਼ਾਹਰਾ ਕੀਤਾ।

# ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਨੇ ਵੈਂਸ ਤੇ ਮੋਦੀ ਦੇ ਪੁਤਲੇ ਸਾੜੇ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਕਿਸਾਨ ਮਜ਼ਦੂਰ ਮੋਰਚਾ ਦੇ ਸੱਦੇ 'ਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਜ਼ਿਲ੍ਹਾ ਫਿਰੋਜ਼ਪੁਰ ਦੇ ਜ਼ੋਨ ਝੋਕ ਟਹਿਲ ਸਿੰਘ ਤੇ ਮਮਦੋਟ ਦੇ ਪ੍ਰਧਾਨ ਸ੍ਰ. ਮੰਗਲ ਸਿੰਘ ਸਵਾਈਕੇ ਤੇ ਜ਼ੋਨ ਝੋਕ ਦੇ ਸਕੱਤਰ ਡਾ. ਗੁਰਨਾਮ ਸਿੰਘ ਅਲੀਕੇ ਦੀ ਅਗਵਾਈ ਵਿੱਚ ਭਾਰਤ ਦੌਰੇ 'ਤੇ ਪਹੁੰਚੇ ਅਮਰੀਕੀ ਉਪ-ਰਾਸ਼ਟਰਪਤੀ ਜੇ ਡੀ ਵੈਂਸ ਤੇ ਪ੍ਰਧਾਨ ਮੰਤਰੀ ਮੋਦੀ ਦੇ ਪੁਤਲੇ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਜਾਣਕਾਰੀ ਦਿੰਦਿਆ ਜ਼ੋਨ ਝੋਕ ਦੇ ਖਜ਼ਾਨਚੀ ਰਜਿੰਦਰ ਸਿੰਘ ਫੁਲਰਵਨ ਤੇ ਜ਼ੋਨ ਮਮਦੋਟ ਦੇ ਖਜ਼ਾਨਚੀ ਗੁਰਦਿਆਲ ਸਿੰਘ ਟਿੱਬੀ ਨੇ ਕਿਹਾ ਕਿ ਜੇਕਰ ਭਾਰਤ ਵਿੱਚ ਦੁੱਧ ਉਤਪਾਦ, ਮੀਟ ਤੇ ਖੇਤੀ ਜਿਣਸਾਂ ਨੂੰ ਬਿਨਾਂ ਟੈਕਸ ਜਾਂ ਘੱਟ ਟੈਕਸ 'ਤੇ ਆਯਾਤ ਕਰਨ ਦੇ ਸਮਝੌਤੇ ਸਿਰੇ ਲਗਦੇ ਹਨ, ਤਾਂ ਦੇਸ਼ ਵਾਸੀ ਇਸ ਦਾ ਬਾਜ਼ਾਰ ਵਿੱਚ ਮੁਕਾਬਲਾ ਨਹੀਂ ਕਰ ਸਕਣਗੇ ਅਤੇ ਦੁੱਧ ਉਤਪਾਦਨ, ਖੇਤੀ ਅਤੇ ਮੱਧਮ ਤੇ ਛੋਟੇ ਵਪਾਰ ਤੋਂ ਬਾਹਰ ਹੋ ਜਾਣਗੇ ਅਤੇ ਆਉਂਦੇ ਸਾਲਾਂ ਵਿੱਚ ਭਾਰਤੀ ਲੋਕਾਂ ਦੀ ਵਿਦੇਸ਼ੀ ਕੰਪਨੀਆਂ ਵੱਲੋਂ ਖੁੱਲ੍ਹੀ ਲੁੱਟ ਕੀਤੀ ਜਾਵੇਗੀ।ਉਨ੍ਹਾ ਕਿਹਾ ਕਿ ਟਰੰਪ ਪ੍ਰਸ਼ਾਸਨ ਮੋਦੀ ਸਰਕਾਰ ਨੂੰ ਜਨਤਕ ਵੰਡ ਪ੍ਰਣਾਲੀ ਰਾਹੀਂ ਸਸਤੇ ਤੇ ਮੁਫ਼ਤ ਦਿੱਤੇ ਜਾਣ ਵਾਲੇ ਅਨਾਜ਼ ਨੂੰ ਬੰਦ ਕਰਨ ਲਈ ਦਬਾਅ ਬਣਾ ਰਿਹਾ ਤੇ ਕਿਸਾਨਾਂ ਨੂੰ ਦਿੱਤੀ ਜਾ ਰਹੀ ਨਿਗੂਣੀ ਸਬਸਿਡੀ ਵੀ ਬੰਦ ਕਰਨ ਲਈ ਲੰਬੇ ਸਮੇਂ ਤੋਂ ਕੋਸ਼ਿਸ਼ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਅਮਰੀਕੀ ਤੇ ਭਾਰਤੀ ਸਰਕਾਰਾਂ ਰਲ ਕੇ ਸਾਮਰਾਜ ਪੱਖੀ ਨੀਤੀਆਂ ਲਾਗੂ ਕਰ ਰਹੀਆਂ ਹਨ, ਖਾਸ ਕਰਕੇ ਜਿਸ ਸਮੇਂ ਤੋਂ ਟਰੰਪ ਰਾਸ਼ਟਰਪਤੀ ਬਣੇ ਹਨ।ਓਸ ਮੌਕੇ ਤੋਂ ਅਮਰੀਕਾ ਵੱਲੋਂ ਇਹ ਕੋਸ਼ਿਸ਼ਾਂ ਬੇਹੱਦ ਤੇਜ਼ੀ ਨਾਲ ਵਧੀਆਂ ਹਨ।ਉਨ੍ਹਾਂ ਕਿਹਾ ਕਿ ਅਮਰੀਕਾ ਵੱਲੋਂ ਆਪਣੇ ਦੁੱਧ ਉਤਪਾਦਕਾਂ ਤੇ ਕਿਸਾਨਾਂ ਨੂੰ ਵੱਡੀ ਸਬਸਿਡੀ ਦਿੱਤੀ ਜਾ ਰਹੀ ਹੈ, ਜਦ ਕਿ ਭਾਰਤ ਵਿੱਚ ਇਹ ਨਾਂਹ ਦੇ ਬਰਾਬਰ ਹਨ।ਉਨ੍ਹਾਂ ਨੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਦੌਰਾਨ ਜਾਨ ਗਵਾ ਚੁੱਕੇ ਲੋਕਾਂ ਦੇ ਪਰਿਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਅਤਿ ਮੰਦਭਾਗੀ ਤੇ ਘਿਨੌਣੀ ਕਾਰਵਾਈ ਹੈ, ਜਿਸ ਦੀ ਜਿੰਨੀ ਨਿਖੇਧੀ ਕੀਤੀ ਜਾਵੇ, ਉਨੀ ਘੱਟ ਹੈ।ਉਨ੍ਹਾਂ ਹਮਲੇ ਦੌਰਾਨ ਮਾਰੇ ਗਏ ਨਾਗਰਿਕਾਂ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਦੇਸ਼ ਦੀਆਂ ਸਾਰੀਆਂ ਕਿਸਾਨ ਜਥੇਬੰਦੀਆਂ, ਟਰੇਡ ਜਥੇਬੰਦੀਆਂ, ਮਜ਼ਦੂਰ ਜਥੇਬੰਦੀਆਂ ਸਮੇਤ ਛੋਟੇ ਵਪਾਰੀ ਨੂੰ ਇੱਕਠੇ ਹੋ ਕੇ ਇਨ੍ਹਾਂ ਸਮਝੌਤਿਆਂ ਖਿਲਾਫ ਆਵਾਜ਼ ਬੁਲੰਦ ਕੀਤੀ ਜਾਣੀ ਚਾਹੀਦੀ ਹੈ।ਇਸ ਮੌਕੇ ਜ਼ੋਨ ਝੋਕ ਦੇ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਬੁਰਜ, ਮੀਤ ਪ੍ਰਧਾਨ ਜੋਗਾ ਸਿੰਘ ਬੈਰਕਾਂ, ਮੀਤ ਪ੍ਰਧਾਨ ਗੁਰਭੇਜ ਸਿੰਘ ਕਿੱਲੀ, ਗੁਰਦੇਵ ਸਿੰਘ ਦਿਲਾਂ ਰਾਮ, ਸਰਵਣ ਸਿੰਘ ਅਲੀਕੇ, ਜਰਨੈਲ ਸਿੰਘ ਖਾਈ, ਦਰਸ਼ਨ ਸਿੰਘ ਝੋਕ ਨੋਧ ਸਿੰਘ, ਜ਼ੋਨ ਮਮਦੋਟ ਦੇ ਸਕੱਤਰ ਹਰਪਾਲ ਸਿੰਘ ਜਤਾਲਾ, ਗੁਰਮੀਤ ਸਿੰਘ ਬੇਟੂ ਕਦੀਮ, ਰੰਗਾ ਸਿੰਘ ਭੁੱਲਰ ਸਦਰਦੀਨ ਆਦਿ ਹਾਜ਼ਰ ਸਨ।

## ਕਾਤਰਾਂ

### ਸਾਬਕਾ ਪ੍ਰਿੰਸੀ. ਵਰਿੰਦਰ ਚੀਮਾ ਨਹੀਂ ਰਹੇ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸ਼ਹੀਦ ਭਾਈ ਮਤੀ ਦਾਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਸਾਬਕਾ ਪ੍ਰਿੰਸੀਪਲ ਵਰਿੰਦਰ ਸਿੰਘ ਚੀਮਾ ਅਕਾਲ ਚਲਾਣਾ ਕਰ ਗਏ ਹਨ, ਜੋਕਿ ਪਿਛਲੇ ਲੰਮੇ ਸਮੇਂ ਤੋਂ ਕੈਂਸਰ ਦੀ ਨਾਮੁਰਾਦ ਬਿਮਾਰੀ ਤੋਂ ਪੀੜਤ ਸਨ।ਉਨ੍ਹਾਂ ਦੀ ਅਚਾਨਕ ਮੌਤ 'ਤੇ ਇਲਾਕੇ ਦੀਆਂ ਵੱਖ-ਵੱਖ ਸਮਾਜਿਕ, ਰਾਜਨੀਤਕ ਤੇ ਧਾਰਮਿਕ ਸੰਸਥਾਵਾਂ ਦੇ ਆਗੂਆਂ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

### ਪਹਿਲਗਾਮ ਅੱਤਵਾਦੀ ਹਮਲੇ ਦੀ ਘਟਨਾ ਅਤਿ-ਨਿੰਦਣਯੋਗ : ਗੁਰਬਿੰਦਰ ਭਗਤਾ



**ਬਠਿੰਡਾ (ਰਾਜੀਵ ਗੋਇਲ)** : ਬੀਤੇ ਦਿਨੀਂ ਜੰਮੂ ਕਸ਼ਮੀਰ ਦੇ ਪਹਿਲਗਾਮ ਵਿਖੇ ਅੱਤਵਾਦੀਆਂ ਵੱਲੋਂ ਕੀਤੇ ਗਏ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਿਆ ਕਰਦੇ ਹੋਏ ਭਾਜਪਾ ਦੇ ਸਰਗਰਮ ਆਗੂ ਗੁਰਬਿੰਦਰ ਭਗਤਾ ਨੇ ਕਿਹਾ ਕਿ ਇਹ ਪਾਕਿਸਤਾਨ ਦੀ ਨਾਪਾਕ ਹਰਕਤ ਨੂੰ ਸਾਡੇ ਦੇਸ਼ ਦੀ ਕੇਂਦਰੀ ਸਰਕਾਰ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ ਤੇ ਇਸ ਘਟਨਾ ਦਾ ਪਾਕਿਸਤਾਨ ਨੂੰ ਠੋਕਵਾਂ ਜਵਾਬ ਦਿੱਤਾ ਜਾਵੇਗਾ। ਉਨ੍ਹਾਂ ਇਸ ਹਮਲੇ ਵਿੱਚ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ। ਇਸ ਮੌਕੇ ਜਗਸੀਰ ਸਿੰਘ ਪੱਪੂ ਸੀਨੀਅਰ ਭਾਜਪਾ ਆਗੂ, ਰਾਮ ਕੁਮਾਰ ਬੁਰਜ ਵਾਲੇ ਸੀਨੀਅਰ ਆਗੂ, ਕਾਲਾ, ਕੇਵਲ ਕ੍ਰਿਸ਼ਨ, ਪਰਮਿੰਦਰ ਸਿੰਘ, ਲਾਜਪਤ ਅਰੋੜਾ, ਗੁਰਤੇਜ ਸਿੰਘ, ਸੁਖਮੰਦਰ ਸਿੰਘ ਹਾਜ਼ਰ ਸਨ।

### ਜੇਲ੍ਹ 'ਚੋਂ ਨਸ਼ੀਲੇ ਪਦਾਰਥ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਾਸ਼ੀ ਦੌਰਾਨ 75 ਪੁੜੀਆਂ ਜਰਦਾ, 235 ਨਸ਼ੀਲੇ ਜਾਪਦੇ ਕੈਪਸੂਲ, 147 ਗ੍ਰਾਮ ਨਸ਼ੀਲਾ ਜਾਪਦਾ ਪਾਊਡਰ ਬਰਾਮਦ ਕੀਤਾ ਹੈ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਜੀਤ ਸਿੰਘ ਨੇ ਦੱਸਿਆ ਕਿ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ ਪੱਤਰ ਨੰਬਰ 2347 ਮਿਤੀ 5 ਅਪ੍ਰੈਲ 2025 ਨੂੰ ਬਾਹਰੋਂ ਜੇਲ੍ਹ ਅੰਦਰ ਥਰੋ ਦੌਰਾਨ 60 ਪੁੜੀਆਂ ਜਰਦਾ, 235 ਨਸ਼ੀਲੇ ਜਾਪਦੇ ਕੈਪਸੂਲ ਅਤੇ ਪੱਤਰ ਨੰਬਰ 2401 ਮਿਤੀ 7 ਅਪ੍ਰੈਲ 2025 ਨੂੰ ਬਾਹਰੋਂ ਜੇਲ੍ਹ ਦੇ ਅੰਦਰ ਥਰੋ ਦੌਰਾਨ 15 ਪੁੜੀਆਂ ਜਰਦਾ ਤੇ 147 ਗ੍ਰਾਮ ਨਸ਼ੀਲਾ ਪਾਊਡਰ ਲਵਾਰਿਸ ਹਾਲਤ ਵਿੱਚ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

### ਮੋਤੀ ਲਾਲ ਓਸਵਾਲ ਵੱਲੋਂ ਜਾਗਰੂਕਤਾ ਪ੍ਰੋਗਰਾਮ ਅੱਜ

**ਮਲੋਟ (ਗੁਰਮੀਤ ਸਿੰਘ ਮੱਕੜ)** : ਮੋਤੀ ਲਾਲ ਓਸਵਾਲ ਫਾਈਨੈਂਸ਼ਲ ਸਰਵਿਸਜ਼ ਲਿਮਟਿਡ ਵੱਲੋਂ 'ਜਾਗਰੂਕਤਾ ਪ੍ਰੋਗਰਾਮ' 25 ਅਪ੍ਰੈਲ ਨੂੰ ਬਜਾਜ ਹੋਟਲ ਤੇ ਰੈਸਟੋਰੈਂਟ ਜੀ ਟੀ ਰੋਡ ਸਾਹਮਣੇ ਆਦਰਸ਼ ਨਗਰ ਮਲੋਟ ਵਿਖੇ ਕੀਤਾ ਜਾ ਰਿਹਾ ਹੈ, ਜਿਸ ਵਿੱਚ ਮੁੱਖ ਬੁਲਾਰੇ ਦੇ ਵਜੋਂ ਸ੍ਰੀ ਵਿਕਾਸ ਚੌਰਸੀਆ ਏ.ਵੀ.ਪੀ. ਜ਼ੋਨਲ ਬੀ ਡੀ ਮੈਨੇਜਰ-ਫਰੈਨਚਾਈਜ਼ ਬਿਜ਼ਨੈੱਸ, ਐੱਮ.ਓ.ਐੱਫ਼.ਐੱਸ.ਐੱਲ. ਤੇ ਕੁਲਦੀਪ ਸਿੰਘ ਬਿਜ਼ਨੈੱਸ ਡਿਵੈਲਪਮੈਂਟ ਮੈਨੇਜਰ ਸ਼ਿਕਰਤ ਕਰਨਗੇ। ਪ੍ਰੋਗਰਾਮ ਦਾ ਆਯੋਜਨ ਮੈਡਮ ਪੂਨਮ ਖੱਤਰੀ ਵੱਲੋਂ ਕੀਤਾ ਜਾ ਰਿਹਾ ਹੈ।

# 8 ਹਜ਼ਾਰ ਰੁਪਏ ਰਿਸ਼ਵਤ ਲੈਂਦਾ ਕਲਰਕ ਰੰਗੇ ਹੱਥੀਂ ਕਾਬੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਅਪਣਾਈ ਗਈ ਜ਼ੀਰੋ ਟਾਲਰੈਂਸ ਨੀਤੀ ਤਹਿਤ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਐੱਸ.ਡੀ.ਐੱਮ. ਦਫ਼ਤਰ ਪਟਿਆਲਾ ਵਿਖੇ ਠੇਕੇ 'ਤੇ ਤਾਇਨਾਤ ਕਲਰਕ ਜਸਪਾਲ ਸਿੰਘ ਨੂੰ 8,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਪਿੰਡ ਲੰਗ, ਜ਼ਿਲ੍ਹਾ ਪਟਿਆਲਾ ਦੇ ਇੱਕ ਸ਼ਿਕਾਇਤਕਰਤਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਹੈ ਕਿ ਉਕਤ ਕਲਰਕ ਨੇ ਧਾਰਾ 127/170 ਅਧੀਨ ਦਰਜ ਇੱਕ ਕੇਸ ਵਿੱਚ ਉਸ ਦੀ ਮਦਦ ਕਰਨ ਬਦਲੇ 8,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ।ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਸਦੀਕ ਤੋਂ ਬਾਅਦ ਪਟਿਆਲਾ ਰੇਂਜ ਦੀ ਵਿਜੀਲੈਂਸ ਬਿਊਰੋ ਟੀਮ ਨੇ ਜਾਲ ਵਿਛਾਇਆ, ਜਿਸ ਦੌਰਾਨ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਵਜੋਂ 8,000 ਰੁਪਏ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।ਇਸ ਸਬੰਧੀ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਥਾਣਾ, ਪਟਿਆਲਾ ਰੇਂਜ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ।ਮੁਲਜ਼ਮ ਨੂੰ ਅੱਜ ਅਦਾਲਤ ਵਿੱਚ ਪੇਸ਼ ਕੀਤਾ ਗਿਆ ਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

# ਬੇਰੁਜ਼ਗਾਰ ਅਧਿਆਪਕਾਂ 'ਤੇ ਪੁਲਸ ਤਸ਼ੱਦਦ ਖਿਲਾਫ਼ ਡੀ ਟੀ ਐੱਫ ਵੱਲੋਂ ਅਰਥੀ ਫੂਕ ਪ੍ਰਦਰਸ਼ਨ



**ਸਮਰਾਲਾ (ਸੁਰਜੀਤ ਸਿੰਘ)**-ਬੇਰੁਜ਼ਗਾਰ ਅਧਿਆਪਕਾਂ 'ਤੇ ਪੁਲਸ ਦੇ ਅੰਨ੍ਹੇ ਤਸ਼ੱਦਦ ਖਿਲਾਫ਼ ਡੀ.ਟੀ.ਐੱਫ. ਲੁਧਿਆਣਾ ਦੇ ਪ੍ਰਧਾਨ ਰਮਨਜੀਤ ਸਿੰਘ ਸੰਧੂ ਦੀ ਅਗਵਾਈ ਵਿੱਚ ਡੀ ਸੀ ਦਫਤਰ ਵਿਖੇ ਅਰਥੀ ਫੂਕ ਪ੍ਰਦਰਸ਼ਨ ਕੀਤਾ ਗਿਆ। ਜ਼ਿਲ੍ਹਾ ਪ੍ਰੈੱਸ ਸਕੱਤਰ ਸੁਰਿੰਦਰ ਪਾਲ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕੀ ਸਕੂਲਾਂ ਵਿੱਚ ਹਰ ਕਾਡਰ ਦੀਆਂ ਖਾਲੀ ਪੋਸਟਾਂ ਭਰਨ ਬਾਰੇ ਸਿੱਖਿਆ ਕ੍ਰਾਂਤੀ ਦਾ ਨਾਅਰਾ ਖੋਖਲਾ ਹੈ।ਹੱਕ ਮੰਗਦੇ ਅਧਿਆਪਕਾਂ ਨਾਲ ਧੱਕੇਸ਼ਾਹੀ ਕਰਨ ਵਾਲੇ ਪੁਲਸ ਮੁਲਾਜ਼ਮਾਂ 'ਤੇ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਤੇ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਦੇ ਨਾਂ ਹੇਠ ਲੋਕਾਂ ਨੂੰ ਗੁੰਮਰਾਹ ਕਰਨਾ ਬੰਦ ਕਰਨਾ ਚਾਹੀਦਾ ਹੈ।

ਬੀਤੀ 19 ਅਪ੍ਰੈਲ ਨੂੰ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਪਿੰਡ ਗੰਭੀਰਪੁਰ ਵਿਖੇ 5994 ਈਟੀਟੀ ਭਰਤੀ (ਬੈਕਲਾਗ) ਵਿੱਚ ਚੁਣੇ ਗਏ ਅਧਿਆਪਕਾਂ ਦੀ ਅਨੰਦਪੁਰ ਸਾਹਿਬ ਦੇ ਪੁਲਸ ਪ੍ਰਸ਼ਾਸਨ ਵੱਲੋਂ ਬੁਰੀ ਤਰ੍ਹਾਂ ਕੁੱਟਮਾਰ ਕੀਤੀ ਗਈ। 5994 ਈਟੀਟੀ ਭਰਤੀ (ਬੈਕਲਾਗ) ਦੇ ਯੋਗ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਜਾਰੀ ਕਰਨ, ਇਸ ਭਰਤੀ ਵਿੱਚ ਨਿਯੁਕਤੀ ਪੱਤਰ ਪ੍ਰਾਪਤ ਅਧਿਆਪਕਾਂ ਦੀ ਸਕੂਲਾਂ ਵਿੱਚ ਰੋਕੀ ਹਾਜ਼ਰ ਲਾਗੂ ਕਰਵਾਉਣ ਤੇ ਸਰਕਾਰੀ ਸਕੂਲਾਂ ਵਿੱਚ ਖਾਲੀ ਬਾਕੀ ਸਾਰੀਆਂ ਆਸਾਮੀਆਂ ਭਰਨ ਦੀ ਥਾਂ ਪੁਲਸ ਨੂੰ ਅਧਿਆਪਕਾਂ 'ਤੇ ਤਸ਼ੱਦਦ ਕਰਨ ਦੀ ਖੁੱਲ੍ਹ ਦੇਣ ਨੂੰ ਲੈ ਕੇ ਪੰਜਾਬ ਸਰਕਾਰ ਖ਼ਿਲਾਫ਼ ਤਿੱਖਾ ਵਿਰੋਧ ਵੀ ਜਤਾਇਆ ਗਿਆ।ਇਸ ਦੌਰਾਨ ਪਹਿਲਗਾਮ (ਕਸ਼ਮੀਰ) ਵਿਖੇ ਮਾਰੇ ਗਏ ਨਿਰਦੋਸ਼ ਲੋਕਾਂ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਦਹਿਸ਼ਤਗਰਦਾਂ 'ਤੇ ਸਖ਼ਤ ਕਾਰਵਾਈ ਦੀ ਮੰਗ ਕੀਤੀ ਤੇ ਫੁੱਟ ਪਾਊ ਫਿਰਕੂ ਤਾਕਤਾਂ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ ਗਈ।

ਇਸ ਮੌਕੇ ਡੀ.ਟੀ.ਐੱਫ. ਦੇ ਆਗੂ ਰਮਨਜੀਤ ਸਿੰਘ ਸੰਧੂ, ਕੁਲਦੀਪ ਸਿੰਘ ਗਿੱਲ, 4161 ਮਾਸਟਰ ਕੇਡਰ ਯੂਨੀਅਨ ਦੇ ਜਸਵਿੰਦਰ ਸਿੰਘ, 6635 ਈ ਟੀ ਟੀ ਅਧਿਆਪਕ ਯੂਨੀਅਨ ਪਰਮਿੰਦਰ ਮਲੌਦ, ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਦੀ ਹਰਜੀਤ ਕੌਰ ਸਮਰਾਲਾ, ਕੰਪਿਊਟਰ ਅਧਿਆਪਕ ਯੂਨੀਅਨ ਦੇ ਜਸਵਿੰਦਰ ਸਿੰਘ, ਮਿੱਡ ਡੇ ਮੀਲ ਯੂਨੀਅਨ ਦੀ ਪ੍ਰਵੀਨ ਕੁਮਾਰੀ ਤੇ ਡੀ ਐੱਮ ਐੱਫ ਦੇ ਸੁਖਵਿੰਦਰ ਲੀਲ ਨੇ ਦੱਸਿਆ ਕਿ ਬੇਰੁਜ਼ਗਾਰ ਅਧਿਆਪਕਾਂ ਦੇ ਪ੍ਰਦਰਸ਼ਨ ਦੌਰਾਨ ਅਨੰਦਪੁਰ ਸਾਹਿਬ ਦੇ ਐੱਸ ਐੱਚ ਓ ਦਾਨਿਸ਼ ਵੀਰ ਵੱਲੋਂ ਇੱਕ ਅਧਿਆਪਕ ਦੇ ਸ਼ਰੇਆਮ ਥੱਪੜ ਮਾਰੇ ਗਏ, ਬਾਕੀ ਪੁਲਸ ਮੁਲਾਜ਼ਮਾਂ ਵੱਲੋਂ ਅਧਿਆਪਕਾਂ ਨੂੰ ਸੜਕ 'ਤੇ ਘੜੀਸਣ ਤੋਂ ਇਲਾਵਾ ਉਨ੍ਹਾਂ ਨੂੰ ਪੁਲਸ ਵੈਨ ਵਿੱਚ ਚੜ੍ਹਾਉਣ ਮੌਕੇ ਸ਼ਰੇਆਮ ਠੁੱਡੇ ਮਾਰੇ ਗਏ ਅਤੇ ਇੱਕ ਹੋਰ ਪੁਲਸ ਕਰਮੀ ਵੱਲੋਂ ਇੱਕ ਅਧਿਆਪਕ ਦੀ ਇੱਕ ਉਂਗਲ ਗੋਡੇ ਰੱਖ ਕੇ ਬੈਠੇ ਦੀ ਫੋਟੋ ਤੇ ਵੀਡੀਓ ਵੀ ਵਾਇਰਲ ਹੋਈ ਹੈ ਅਤੇ ਅਧਿਆਪਕਾਂ ਨਾਲ ਗਾਲੀ ਗਲੋਚ ਵੀ ਕੀਤਾ ਗਿਆ ਹੈ।ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਬੇਰੁਜ਼ਗਾਰ ਅਧਿਆਪਕਾਂ ਨਾਲ ਹੋਈ ਧੱਕੇਸ਼ਾਹੀ ਨੂੰ ਜਮਹੂਰੀ ਤੇ ਮਨੁੱਖੀ ਅਧਿਕਾਰਾਂ 'ਤੇ ਹਮਲਾ ਦੱਸਦਿਆਂ ਇਸ ਨੂੰ ਪੰਜਾਬ ਸਰਕਾਰ ਦੀ ਸਾਜ਼ਿਸ਼ ਅਤੇ ਅਖੌਤੀ ਸਿੱਖਿਆ ਕ੍ਰਾਂਤੀ ਮੁਹਿੰਮ 'ਤੇ ਕਾਲਾ ਧੱਬਾ ਕਰਾਰ ਦਿੱਤਾ ਹੈ।ਅਧਿਆਪਕ ਆਗੂਆਂ ਨੇ ਸਵਾਲ ਕੀਤਾ ਕਿ 'ਆਪ' ਸਰਕਾਰ ਦੀ ਕਿਹੋ ਜਿਹੀ ਸਿੱਖਿਆ ਕ੍ਰਾਂਤੀ ਹੈ? ਜਿਸ ਵਿੱਚ ਸਰਕਾਰੀ ਸਕੂਲਾਂ ਦੇ ਪ੍ਰਿੰਸੀਪਲਾਂ ਦੀਆਂ 856 ਅਸਾਮੀਆਂ, ਹੈੱਡਮਾਸਟਰਾਂ ਦੀਆਂ 400, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰਾਂ ਦੀਆਂ 100, ਲੈਕਚਰਾਰਾਂ ਦੀਆਂ ਛੇ ਹਜ਼ਾਰ ਤੋਂ ਵਧੇਰੇ ਅਸਾਮੀਆਂ, ਆਰਟ ਐਂਡ ਕ੍ਰਾਫਟ, ਖੇਡ ਅਧਿਆਪਕਾਂ, ਈਟੀਟੀ ਤੇ ਮਾਸਟਰ ਕਾਡਰ ਦੀਆਂ ਹਜ਼ਾਰਾਂ ਅਸਾਮੀਆਂ ਖਾਲੀ ਹਨ।ਪੰਜਾਬ ਦੇ ਹਜ਼ਾਰਾਂ ਅਧਿਆਪਕ ਮਾਰਚ ਮਹੀਨੇ ਦੀ ਤਨਖ਼ਾਹ ਤੋਂ ਵਾਂਝੇ ਹਨ।ਉਨ੍ਹਾਂ ਪੰਜਾਬ ਸਰਕਾਰ ਨੂੰ ਪੰਜਾਬ ਦੀ ਸੰਘਰਸ਼ਸ਼ੀਲ ਵਿਰਾਸਤ ਦਾ ਹਵਾਲਾ ਦਿੰਦਿਆਂ ਮੰਗ ਕੀਤੀ ਕਿ ਜਿਨ੍ਹਾਂ ਪੁਲਸ ਅਧਿਕਾਰੀਆਂ ਨੇ ਅਧਿਆਪਕਾਂ ਦੀ ਕੁੱਟਮਾਰ ਕੀਤੀ ਹੈ, ਉਨ੍ਹਾਂ ਖਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ ਤੇ ਚੱਲ ਰਹੀਆਂ ਸਾਰੀਆਂ ਭਰਤੀਆਂ ਦੇ ਰਹਿੰਦੇ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਜਾਰੀ ਕੀਤੇ ਜਾਣ।ਡੀ.ਟੀ.ਐੱਫ. ਆਗੂਆਂ ਨੇ ਕਿਹਾ ਕਿ ਬੇਰੁਜ਼ਗਾਰ ਅਧਿਆਪਕਾਂ 'ਤੇ ਪੁਲਸ ਤਸ਼ੱਦਦ ਖਿਲਾਫ 25 ਅਪ੍ਰੈਲ ਨੂੰ ਵੀ ਵੱਖ-ਵੱਖ ਥਾਵਾਂ 'ਤੇ ਰੋਸ ਪ੍ਰਦਰਸ਼ਨ ਜਾਰੀ ਰਹਿਣਗੇ ਤੇ ਜਥੇਬੰਦੀ ਵੱਲੋਂ 6635 ਈਟੀਟੀ ਟੀਚਰ ਯੂਨੀਅਨ ਤੇ 4161 ਮਾਸਟਰ ਕਾਡਰ ਯੂਨੀਅਨ ਨਾਲ ਮਿਲ ਕੇ ਅਧਿਆਪਕਾਂ ਦੀਆਂ ਭਖਦੀਆਂ ਮੰਗਾਂ ਨੂੰ ਲੈ ਕੇ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਖੇ 4 ਮਈ ਨੂੰ ਹੋਣ ਜਾ ਰਹੇ ਚਿਤਾਵਨੀ ਮਾਰਚ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।

# ਫਿਰੋਜ਼ਪੁਰ 'ਚ ਚੱਲੀ ਗੋਲੀ, ਇੱਕ ਦੀ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਫਿਰੋਜ਼ਪੁਰ 'ਚ ਗੋਲੀ 'ਚ ਇਕ ਵਿਅਕਤੀ ਦੀ ਮੌਤ ਹੋਣ ਦੇ ਮਾਮਲੇ ਵਿੱਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਤਿੰਨ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸ਼ਿਕਾਇਤ ਪਤਨੀ ਸ਼ਿਵਰ ਵਾਸੀ ਵੇਹੜਾ ਬਾਨੋ ਵਾਲਾ ਬਸਤੀ ਭੱਟੀਆਂ ਵਾਲੀ ਭਾਰਤ ਨਗਰ ਨੇ ਦੱਸਿਆ ਕਿ ਉਸ ਦਾ ਪਤੀ ਸ਼ਿਵਰ ਪੁੱਤਰ ਸ਼ਾਮ ਨਾਲ 22 ਅਪ੍ਰੈਲ 2024 ਨੂੰ ਕਰੀਬ ਸਵਾ 8 ਵਜੇ ਰਾਤ ਦੇ ਉਹ ਐੱਕਸੀਡੈਂਟ ਠੀਕ ਕਰਾਉਣ ਵਾਸਤੇ ਮੈਗਜ਼ੀਨੀ ਗੇਟ ਫਿਰੋਜ਼ਪੁਰ ਸ਼ਹਿਰ ਗਏ, ਜਿਥੇ ਜਦ ਬਾਹਰ ਨਿਕਲਣ ਲੱਗਾ ਸੀ ਤਾਂ ਤਿੰਨ ਲੜਕੇ ਆਏ ਜਿਨ੍ਹਾਂ ਨੇ ਆਪਣੇ ਹੱਥ ਵਿੱਚ ਪਿਸਟਲ ਨਾਲ ਸਿੱਧੇ ਫਾਇਰ ਉਸ ਦੇ ਪਤੀ 'ਤੇ ਕੀਤੇ, ਜਿਸ ਦੀ ਫਾਇਰ ਲੱਗਣ ਕਾਰਨ ਮੌਕੇ 'ਤੇ ਹੀ ਮੌਤ ਹੋ ਗਈ।

ਇਸ ਮਾਮਲੇ ਦੀ ਜਾਂਚ ਕਰ ਰਹੇ ਇੰਸਪੈਕਟਰ ਹਰਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਸ਼ੀਸ਼ ਉਰਫ ਭਵਨੇਸ਼ ਚੋਪੜਾ ਵਾਸੀ ਬਸਤੀ ਬਲੋਚਾਂ ਵਾਲੀ ਫਿਰੋਜ਼ਪੁਰ, ਹਰਪ੍ਰੀਤ ਸਿੰਘ ਉਰਫ ਹੈਪੀ ਮੱਲ ਵਾਸੀ ਇੱਛੇ ਵਾਲਾ ਤੇ ਯੁਵਰਾਜ ਉਰਫ ਯੁਵੀ ਚੋਪੜਾ ਵਾਸੀ ਬਸਤੀ ਬਲੋਚਾਂ ਵਾਲੀ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਡੀ ਏ ਵੀ ਸਕੂਲ ਨੇ ਧਰਤੀ ਦਿਵਸ 'ਤੇ ਵੱਖ-ਵੱਖ ਥਾਵਾਂ 'ਤੇ ਬਰਡ ਫੀਡਰ ਲਗਾਏ

**ਰਾਜਪੁਰਾ (ਰਮੇਸ਼ ਕਟਾਰੀਆ)**-ਡੀ ਏ ਵੀ ਸਕੂਲ ਰਾਜਪੁਰਾ ਨੇ ਧਰਤੀ ਦਿਵਸ ਨੂੰ ਬਹੁਤ ਉਤਸ਼ਾਹ ਅਤੇ ਵਾਤਾਵਰਣ ਜਾਗਰੂਕਤਾ ਦੇ ਇੱਕ ਮਜ਼ਬੂਤ ਸੰਦੇਸ਼ ਨਾਲ ਮਨਾਇਆ। ਸਕੂਲੀ ਵਿਦਿਆਰਥੀਆਂ ਵਿੱਚ ਕੁਦਰਤ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਕਈ ਦਿਲਚਸਪ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਧਰਤੀ ਦਿਵਸ 'ਤੇ ਪੰਛੀਆਂ ਨੂੰ ਗਰਮੀ ਤੋਂ ਬਚਾਉਣ ਲਈ ਰੁੱਖਾਂ 'ਤੇ ਬਰਡ ਫੀਡਰ ਲਗਾਏ ਗਏ ਸਨ।ਇਸ ਦੀ ਸ਼ੁਰੂਆਤ ਆਈ ਟੀ ਆਈ ਚੌਂਕ ਸਥਿਤ ਚਿਲਡਰਨ ਪਾਲਕ ਲਿਬਰਟੀ ਚੌਂਕ ਆਦਿ ਵਰਗੀਆਂ ਥਾਵਾਂ 'ਤੇ ਜਾ ਕੇ ਕੀਤੀ ਗਈ। ਵਿਦਿਆਰਥੀਆਂ ਨੇ ਇਹ ਪਹਿਲ ਪੰਛੀਆਂ ਨੂੰ ਭੋਜਨ ਤੇ ਪਾਣੀ ਮੁਹੱਈਆ ਕਰਾਉਣ ਅਤੇ ਗਰਮੀਆਂ ਦੌਰਾਨ ਉਨ੍ਹਾਂ ਨੂੰ ਰਾਹਤ ਦੇਣ ਲਈ ਕੀਤੀ ਹੈ।ਸਕੂਲ ਦੇ ਵਿਹੜੇ ਵਿੱਚ ਵੱਖ-ਵੱਖ ਰੁੱਖਾਂ 'ਤੇ ਬਰਡ ਫੀਡਰ ਲਗਾਏ ਗਏ ਸਨ।ਇਹ ਬਰਡ ਫੀਡਰ ਬੱਚਿਆਂ ਵੱਲੋਂ ਬਣਾਏ ਗਏ ਸਨ।ਆਪਣੇ ਖੰਭਾਂ ਵਾਲੇ ਦੋਸਤਾਂ ਨੂੰ ਆਕਰਸ਼ਿਤ ਕਰਨ ਲਈ ਸ਼ਾਂਤ ਥਾਵਾਂ 'ਤੇ ਫੀਡਰ ਲਟਕਾਏ।ਇਸ ਦੇ ਨਾਲ ਹੀ ਸ਼ਿਲਪਕਾਰੀ ਗਤੀਵਿਧੀਆਂ ਵੀ ਕਰਵਾਈਆਂ ਗਈਆਂ, ਜਿੱਥੇ ਵਿਦਿਆਰਥੀਆਂ ਨੇ ਕੁਦਰਤੀ ਵਸਤੂਆਂ ਦੀ ਵਰਤੋਂ ਕਰਕੇ ਸੁੰਦਰ ਅਤੇ ਅਰਥਪੂਰਨ ਕਲਾਕਾਰੀ ਬਣਾਈ ਤੇ ਆਪਣੀ ਸਿਰਜਣਾਤਮਕਤਾ ਅਤੇ ਕੁਦਰਤ ਪ੍ਰਤੀ ਪਿਆਰ ਦਾ ਪ੍ਰਦਰਸ਼ਨ ਕੀਤਾ।ਸਕੂਲ ਪ੍ਰਿੰਸੀਪਲ ਅਲਪਨਾ ਪਾਠਕ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

### ਕਸ਼ਮੀਰ 'ਚ ਦਹਿਸ਼ਤਗਰਦਾਂ ਦੇ ਹਮਲੇ ਦੀ ਤਰਕਸ਼ੀਲ ਸੁਸਾਇਟੀ ਵੱਲੋਂ ਨਿੰਦਾ

**ਭੀਖੀ (ਗੁਰਿੰਦਰ ਸਿੰਘ ਔਲਖ)**-ਕਸ਼ਮੀਰ ਦੇ ਪਹਿਲਗਾਮ ਨੇੜੇ 26 ਸੈਲਾਨੀਆਂ ਸਣੇ 27 ਲੋਕਾਂ ਦਾ ਦਹਿਸ਼ਤਗਰਦਾਂ ਵੱਲੋਂ ਕੀਤੇ ਕਤਲੇਆਮ ਦੀ ਤਰਕਸ਼ੀਲ ਸੁਸਾਇਟੀ ਇਕਾਈ ਭੀਖੀ ਤੇ ਜ਼ੋਨ ਮਾਨਸਾ ਨੇ ਸਖਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ। ਤਰਕਸ਼ੀਲ ਆਗੂਆਂ ਅਮ੍ਰਿਤ ਰਿਸ਼ੀ, ਗੁਰਦੀਪ ਸਿੰਘ ਸਿੱਧੂ, ਕਹਾਣੀਕਾਰ ਭੁਪਿੰਦਰ ਫੌਜੀ, ਜਸਵੀਰ ਸੋਨੀ ਬੁਢਲਾਡਾ, ਕ੍ਰਿਸ਼ਨ ਮਾਨਬੀਬੜੀਆਂ, ਜਸਪਾਲ ਅਤਲਾ, ਭਰਭੂਰ ਸਿੰਘ, ਹਰਮੇਸ਼ ਭੋਲਾ ਮੱਤੀ ਨੇ ਦਹਾਕਿਆ ਬਾਅਦ ਕਸ਼ਮੀਰ ਦੇ ਪਹਿਲਗਾਮ ਨੇੜੇ ਦਹਿਸ਼ਤਗਰਦਾਂ ਨੇ ਜਿਸ ਤਰ੍ਹਾਂ ਧਰਮ ਪੁੱਛ ਕੇ ਸੈਲਾਨੀਆਂ ਦਾ ਕਤਲੇਆਮ ਕੀਤਾ, ਉਹ ਮਨੁੱਖਤਾ ਨੂੰ ਸ਼ਰਮਸ਼ਾਰ ਕਰਨ ਵਾਲਾ ਹੈ ਤੇ ਲੋਕਾਂ 'ਚ ਧਰਮ ਦੇ ਨਾਮ 'ਤੇ ਦਹਿਸ਼ਤ ਫੈਲਾਉਣ ਦੀ ਬੇਕਾਰ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਕਤ ਆਗੂਆਂ ਨੇ ਕਿਹਾ ਕਿ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ ਤਾਂ ਕਿ ਅਜਿਹੀਆਂ ਘਟਨਾਵਾਂ ਮੁੜ ਨਾ ਵਾਪਰਨ। ਇਸ ਮੌਕੇ ਐੱਸ ਅਮਰੀਕ, ਹਰਭਜਨ ਬਾਬੇਕਾ, ਧਰਮਵੀਰ ਸ਼ਰਮਾ, ਧਰਮਿੰਦਰ ਸੋਨੀ, ਕਾ. ਧਰਮਪਾਲ ਨੀਟਾ, ਕਿਸਾਨ ਆਗੂ ਗੁਰਨਾਮ ਸਿੰਘ ਭੀਖੀ, ਜਗਸੀਰ ਜੱਗੂ ਨੇ ਵੀ ਇਸ ਘਟਨਾ ਦੀ ਘੋਰ ਨਿੰਦਾ ਕੀਤੀ।

# ਰਿਸ਼ਵਤ ਲੈਣ ਵਾਲੇ ਮੁਲਾਜ਼ਮ ਖਿਲਾਫ ਨਗਰ ਕੌਂਸਲ ਨੇ ਲਿਆ ਐਕਸ਼ਨ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਨਗਰ ਕੌਂਸਲ ਨੇ ਨਕਸ਼ਾ ਪਾਸ ਕਰਵਾਉਣ ਲਈ ਰਿਸ਼ਵਤ ਲੈਣ ਵਾਲੇ ਮੁਲਾਜ਼ਮ 'ਤੇ ਐਕਸ਼ਨ ਲਿਆ ਹੈ।ਇਸ ਸਬੰਧੀ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਹਰਨਰਿੰਦਰ ਪਾਲ ਸਿੰਘ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਦੀਪਕ ਸ਼ਰਮਾ ਨਾਮ ਦਾ ਮੁਲਾਜ਼ਮ, ਜੋ ਕਿ ਨਗਰ ਕੌਂਸਲ ਮਾਛੀਵਾੜਾ ਸਾਹਿਬ ਵਿਖੇ ਕਲਰਕ ਦੀ ਜੌਬ ਕਰਦਾ ਹੈ, ਦੇ ਵਿਰੁੱਧ ਇੱਕ ਵਿਅਕਤੀ ਵੱਲੋਂ ਨਕਸ਼ਾ ਪਾਸ ਕਰਵਾਉਣ ਲਈ 20000 ਰੁਪਏ ਰਿਸ਼ਵਤ ਲੈਣ ਸੰਬੰਧੀ ਪ੍ਰਾਪਤ ਸ਼ਿਕਾਇਤ ਦੇ ਸਬੰਧ ਵਿੱਚ 3 ਦਿਨ ਦੇ ਅੰਦਰ-ਅੰਦਰ ਸਪੱਸ਼ਟੀਕਰਨ ਦੇਣ ਲਈ ਲਿਖਿਆ ਗਿਆ ਸੀ, ਪਰ ਨਿਰਧਾਰਤ ਸਮਾਂ ਲੰਘ ਜਾਣ ਦੇ ਬਾਵਜੂਦ ਮੁਲਾਜ਼ਮ ਵੱਲੋਂ ਕੋਈ ਜਵਾਬ ਦੇਣਾ ਉਚਿਤ ਨਹੀਂ ਸਮਝਿਆ ਗਿਆ।ਕਾਰਜ ਸਾਧਕ ਅਫਸਰ ਹਰਨਰਿੰਦਰ ਪਾਲ ਸਿੰਘ ਨੇ ਕਿਹਾ ਕਿ ਦੀਪਕ ਸ਼ਰਮਾ ਨੂੰ ਨਿੱਜੀ ਸੁਣਵਾਈ ਦਾ ਵੀ ਮੌਕਾ ਦਿੱਤਾ ਗਿਆ ਸੀ, ਪਰ ਉਹ ਹਾਜ਼ਰ ਹੀ ਨਹੀਂ ਹੋਇਆ, ਜਿਸ ਤੋਂ ਪਤਾ ਚੱਲ ਰਿਹਾ ਸੀ ਕਿ ਉਸ ਕੋਲ ਆਪਣੇ ਹੱਕ ਵਿੱਚ ਕਹਿਣ ਲਈ ਕੁੱਝ ਨਹੀਂ ਹੈ ਅਤੇ ਆਪਣਾ ਜੁਰਮ ਕਬੂਲ ਕਰਦਾ ਹੈ।ਉਨ੍ਹਾਂ ਕਿਹਾ ਕਿ ਜਦੋਂ ਤੱਕ ਦੀਪਕ ਸ਼ਰਮਾ ਵੱਲੋਂ ਕੋਈ ਤਸੱਲੀਬਖਸ਼ ਜਵਾਬ ਨਹੀਂ ਦਿੱਤਾ ਜਾਂਦਾ, ਉਦੋਂ ਤੱਕ ਉਸ ਦੀ ਹਾਜ਼ਰੀ ਮਾਛੀਵਾੜਾ ਸਾਹਿਬ ਦੇ ਨਗਰ ਕੌਂਸਲ ਦਫਤਰ ਵਿਖੇ ਨਹੀਂ ਲਗਾਈ ਜਾਵੇਗੀ।ਈਓ ਹਰਨਰਿੰਦਰ ਪਾਲ ਸਿੰਘ ਨੇ ਕਿਹਾ ਕਿ ਉਦੋਂ ਤੱਕ ਦੀਪਕ ਸ਼ਰਮਾ ਨੂੰ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਲੁਧਿਆਣਾ ਵਿਖੇ ਸਮਰੱਥ ਅਧਿਕਾਰੀਆਂ ਦੀ ਪ੍ਰਵਾਨਗੀ ਉਪਰੰਤ ਹਾਜ਼ਰ ਹੋਣ ਦੀ ਹਦਾਇਤ ਕੀਤੀ ਹੈ।

ਜਦੋਂ ਇਸ ਸੰਬੰਧੀ ਨਗਰ ਕੌਂਸਲ ਦੇ ਪ੍ਰਧਾਨ ਮੋਹਿਤ ਕੁੰਦਰਾ ਨਾਲ ਫੋਨ 'ਤੇ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਐੱਮ ਐੱਲ ਏ ਜਗਤਾਰ ਸਿੰਘ ਦਿਆਲਪੁਰਾ ਦੀਆਂ ਸਖਤ ਹਦਾਇਤਾਂ ਹਨ ਕਿ ਮਾਛੀਵਾੜਾ ਸਾਹਿਬ ਵਿੱਚ ਕੋਈ ਵੀ ਭ੍ਰਿਸ਼ਟ ਅਧਿਕਾਰੀ ਨਹੀਂ ਰਹਿਣ ਦਿੱਤਾ ਜਾਵੇਗਾ ਅਤੇ ਸਾਡੇ ਕੋਲ ਵੀ ਜੋ ਇੱਕ ਸ਼ਕਾਇਤ ਰਿਸ਼ਵਤ ਲੈਣ ਸੰਬੰਧੀ ਆਈ ਸੀ।ਮੁਲਾਜ਼ਮ ਦੀਪਕ ਸ਼ਰਮਾ ਨੂੰ ਆਪਣਾ ਪੱਖ ਰੱਖਣ ਦਾ ਸਮਾਂ ਵੀ ਦਿੱਤਾ ਗਿਆ ਸੀ ਜੋ ਕਿ ਸਾਡੇ ਕੋਲ ਪੇਸ਼ ਨਹੀਂ ਹੋਇਆ ਅਤੇ ਉਸ ਨੂੰ 143 ਦਫਤਰ ਲੁਧਿਆਣਾ ਵਿਖੇ ਹਾਜ਼ਰੀ ਲਗਵਾਉਣ ਦਾ ਨੋਟਿਸ ਜਾਰੀ ਕਰ ਦਿੱਤਾ ਗਿਆ ਹੈ ਤਾਂ ਜੋ ਅੱਗੇ ਤੋਂ ਹੋਰ ਵੀ ਮੁਲਾਜ਼ਮ ਏਦਾਂ ਦੀ ਘਿਨੌਣੇ ਹਰਕਤ ਨਾ ਕਰਨ, ਜਿਸ ਕਰਕੇ ਨਗਰ ਕੌਂਸਲ 'ਤੇ ਮਾੜਾ ਪ੍ਰਭਾਵ ਪਵੇ।ਪ੍ਰਧਾਨ ਮੋਹਿਤ ਕੁੰਦਰਾ ਨੇ ਕਿਹਾ ਕਿ ਨਗਰ ਕੌਂਸਲ ਦੇ ਸਾਰੇ ਮੁਲਾਜ਼ਮਾਂ ਨੂੰ ਚਿਤਾਵਨੀ ਦੇ ਦਿੱਤੀ ਹੈ ਕਿ ਜੇਕਰ ਕੋਈ ਵੀ ਅਧਿਕਾਰੀ ਰਿਸ਼ਵਤ ਲੈਂਦਾ ਫੜਿਆ ਗਿਆ, ਤਾਂ ਉਸ 'ਤੇ ਸਖਤ ਕਾਰਵਾਈ ਕੀਤੀ ਜਾਵੇਗੀ।ਪ੍ਰਧਾਨ ਕੁੰਦਰਾ ਨੇ ਕਿਹਾ ਕਿ ਮੈਂ ਪਹਿਲਾਂ ਦੇ ਕੰਮਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਲੈਂਦਾ, ਪਰ ਜਦੋਂ ਤੋਂ ਮੈਂ ਪ੍ਰਧਾਨਗੀ ਦੀ ਸੀਟ ਸੰਭਾਲੀ ਹੈ, ਉਸ ਤੋਂ ਬਾਅਦ ਦੇ ਸਾਰੇ ਕੰਮ ਦੀ ਸਾਡੀ ਜ਼ਿੰਮੇਵਾਰੀ ਹੋਵੇਗੀ।ਪ੍ਰਧਾਨ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਕੋਈ ਵੀ ਨਗਰ ਕੌਂਸਲ ਦਾ ਅਧਿਕਾਰੀ ਕੰਮ ਬਦਲੇ ਰਿਸ਼ਵਤ ਮੰਗਦਾ ਹੈ ਤਾਂ ਸਿੱਧਾ ਮੇਰੇ ਨਾਲ ਸੰਪਰਕ ਕਰੋ।

ਇਸ ਸੰਬੰਧੀ ਜਦੋਂ ਮੁਲਾਜ਼ਮ ਦੀਪਕ ਸ਼ਰਮਾ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਮੈਂ ਜਿਹੜੇ ਲੋਕਾਂ ਦਾ ਫਾਇਦਾ ਕੀਤਾ ਸੀ, ਉਹੀ ਮੇਰੇ 'ਤੇ ਇਲਜ਼ਾਮ ਲਗਾ ਰਹੇ ਨੇ ਜੋ ਕਿ ਹੁਣ ਤੋਂ ਉਹ ਵੀ ਨ੍ਹੀਂ ਕਰਾਂਗਾ।ਜਦੋਂ ਦੀਪਕ ਸ਼ਰਮਾ ਨੂੰ ਨਗਰ ਕੌਂਸਲ ਦਫਤਰ ਵਿਖੇ ਪੇਸ਼ ਨਾ ਹੋਣ ਦਾ ਕਾਰਨ ਪੁੱਛਿਆ ਤਾਂ ਉਨ੍ਹਾਂ ਕਿਹਾ ਕਿ ਮੈਂ ਅਕਾਊਂਟੈਂਟ ਸਾਬਿਬ ਨੂੰ ਦੱਸਿਆ ਹੋਇਆ ਸੀ ਕਿ ਕੁਝ ਦਿਨਾਂ ਤੋਂ ਬਿਮਾਰ ਚੱਲ ਰਿਹਾ ਹਾਂ, ਮੇਰਾ ਪ੍ਰਾਈਵੇਟ ਹਸਪਤਾਲ ਵਿਖੇ ਇਲਾਜ ਚੱਲ ਰਿਹਾ ਹੈ ਅਤੇ ਮੈਂ ਠੀਕ ਹੁੰਦੇ ਹੀ ਡਿਊਟੀ 'ਤੇ ਹਾਜ਼ਰ ਹੋ ਜਾਵਾਂਗਾ।

# ਨਵੀਂ ਅਨਾਜ ਮੰਡੀ 'ਚ ਕਣਕ ਦੀਆਂ ਬੋਰੀਆਂ ਨੂੰ ਲੱਗੀ ਅੱਗ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਮੁਕਤਸਰ ਸਾਹਿਬ ਦੀ ਨਵੀਂ ਅਨਾਜ ਮੰਡੀ ਵਿਖੇ ਵੀਰਵਾਰ ਦੁਪਹਿਰ ਸਮੇਂ ਅਚਾਨਕ ਮੰਡੀ ਵਿੱਚ ਪਈਆਂ ਕਣਕ ਦੀਆਂ ਬੋਰੀਆਂ ਨੂੰ ਅੱਗ ਲੱਗ ਗਈ। ਇਸ ਨਾਲ ਕਾਫੀ ਬੋਰੀਆਂ ਸੜ ਗਈਆਂ, ਪਰ ਅੱਗ ਲੱਗਣ ਦੇ ਕਾਰਨਾਂ ਦਾ ਹਾਲੇ ਤੱਕ ਪਤਾ ਨਹੀਂ ਲੱਗ ਸਕਿਆ। ਉਧਰ ਅੱਗ ਲੱਗਣ ਦੀ ਇਸ ਘਟਨਾ ਦਾ ਪਤਾ ਲੱਗਦਿਆਂ ਹੀ ਕੰਮ ਕਰ ਰਹੇ ਮਜ਼ਦੂਰਾਂ ਨੇ ਤੁਰੰਤ ਹੀ ਅੱਗ 'ਤੇ ਕਾਬੂ ਪਾਉਣਾ ਸ਼ੁਰੂ ਕਰ ਦਿੱਤਾ ਅਤੇ ਨਾਲ ਦੀ ਨਾਲ ਹੀ ਇਸ ਦੀ ਸੂਚਨਾ ਫਾਇਰ ਬ੍ਰਿਗੇਡ ਨੂੰ ਦਿੱਤੀ। ਸੂਚਨਾ ਮਿਲਦੇ ਹੀ ਮੌਕੇ 'ਤੇ ਪਹੁੰਚੀ ਫਾਇਰ ਬ੍ਰਿਗੇਡ ਨੇ ਵੀ ਅੱਗ 'ਤੇ ਕਾਬੂ ਪਾਉਣਾ ਸ਼ੁਰੂ ਕਰ ਦਿੱਤਾ। ਮੌਕੇ 'ਤੇ ਅੱਗ ਬੁਝਾਉਣ ਵਾਲੇ ਮਜ਼ਦੂਰਾਂ ਨੇ ਦੱਸਿਆ ਕਿ ਦੁਪਹਿਰ ਸਮੇਂ ਜਦ ਉਹ ਮੰਡੀ ਵਿੱਚ ਕੰਮ ਕਰ ਰਹੇ ਸੀ ਤਾਂ ਅਚਾਨਕ ਮੰਡੀ ਵਿੱਚ ਲੱਗੇ ਬੋਰੀਆਂ ਦੇ ਢੇਰ ਵਿੱਚੋਂ ਧੂੰਆਂ ਨਿਕਲਣ ਲੱਗਾ ਤੇ ਦੇਖਦੇ ਹੀ ਦੇਖਦੇ ਬੋਰੀਆਂ ਨੂੰ ਅੱਗ ਲੱਗ ਗਈ। ਉਨ੍ਹਾਂ ਨੇ ਮੌਕੇ 'ਤੇ ਹੀ ਅੱਗ ਨੂੰ ਬੁਝਾਉਣਾ ਸ਼ੁਰੂ ਕਰ ਦਿੱਤਾ ਅਤੇ ਹੋਰ ਵੀ ਆਸ ਪਾਸ ਵਾਲਿਆਂ ਨੂੰ ਵੀ ਅੱਗ ਬੁਝਾਉਣ ਲਈ ਆਪਣੇ ਨਾਲ ਲਗਾ ਲਿਆ। ਮਜ਼ਦੂਰਾਂ ਨੇ ਦੋਸ਼ ਲਾਇਆ ਕਿ ਪਿਛਲੇ ਕਾਫੀ ਦਿਨਾਂ ਤੋਂ ਮੰਡੀ ਵਿੱਚ ਲਿਫਟਿੰਗ ਨਾ ਹੋਣ ਕਰਕੇ ਕਣਕ ਦੀਆਂ ਬੋਰੀਆਂ ਦੇ ਵੱਡੇ ਵੱਡੇ ਅੰਬਾਰ ਲੱਗੇ ਹੋਏ ਹਨ। ਇਹ ਅੱਗ ਠੇਕੇਦਾਰ ਦੀ ਲਾਪ੍ਰਵਾਹੀ ਕਰਕੇ ਲੱਗੀ ਹੈ, ਜੇਕਰ ਠੇਕੇਦਾਰ ਸਮੇਂ 'ਤੇ ਲਿਫਟਿੰਗ ਕਰਵਾ ਦਿੰਦਾ ਤਾਂ ਇਹ ਨੁਕਸਾਨ ਨਾ ਹੁੰਦਾ। ਉੱਧਰ ਇਸ ਸੰਬੰਧੀ ਕੱਚਾ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਇਕਬਾਲ ਸਿੰਘ ਵੜਿੰਗ ਨੇ ਦੱਸਿਆ ਕਿ ਅੱਗ ਕਿਵੇਂ ਲੱਗੀ ਹੈ, ਇਸ ਬਾਰੇ ਹਾਲੇ ਕੁਝ ਪਤਾ ਨਹੀਂ ਹੈ। ਅੱਗ ਲੱਗਣ ਦੇ ਕਾਰਨਾਂ ਦਾ ਪਤਾ ਲਾਇਆ ਜਾ ਰਿਹਾ ਹੈ ਅਤੇ ਇਸ ਸੰਬੰਧੀ ਪ੍ਰਸ਼ਾਸਨ ਨੂੰ ਲਿਖਤੀ ਦਿੱਤਾ ਜਾਵੇਗਾ ਤਾਂ ਜੋ ਹੋਏ ਨੁਕਸਾਨ ਦੀ ਭਰਪਾਈ ਕਰਵਾਈ ਜਾ ਸਕੇ। ਉਧਰ ਫਾਇਰ ਬ੍ਰਿਗੇਡ ਅਧਿਕਾਰੀ ਨੇ ਦੱਸਿਆ ਕਿ ਉਨ੍ਹਾਂ ਨੂੰ 2.45 ਤੇ ਮੰਡੀ ਵਿਚ ਅੱਗ ਲੱਗਣ ਦੀ ਸੂਚਨਾ ਮਿਲੀ ਸੀ ਤਾਂ ਉਨ੍ਹਾਂ ਨੇ ਤੁਰੰਤ ਹੀ ਮੌਕੇ 'ਤੇ ਪਹੁੰਚ ਕੇ ਅੱਗ 'ਤੇ ਕਾਬੂ ਪਾ ਲਿਆ।

### ਐੱਨ ਆਈ ਏ ਵੱਲੋਂ ਇੱਕ ਘਰ ਤੇ ਹੋਟਲ 'ਚ ਛਾਪਾ

**ਫਿਰੋਜ਼ਪੁਰ (ਗੁਰਬਚਨ ਸਿੰਘ, ਅਸ਼ੋਕ ਸ਼ਰਮਾ)**-ਕੌਮੀ ਸੁਰੱਖਿਆ ਏਜੰਸੀ (ਐੱਨਆਈਏ) ਦੀ ਇਕ ਟੀਮ ਨੇ ਅੱਜ ਸਵੇਰੇ ਫ਼ਿਰੋਜ਼ਪੁਰ 'ਚ ਇਕ ਹੋਟਲ ਮਾਲਕ ਦੇ ਘਰ ਤੇ ਹੋਟਲ ਤੇ ਛਾਪੇਮਾਰੀ ਕੀਤੀ ਹੈ।ਪਤਾ ਲੱਗਾ ਕਿ ਇਹ ਹੋਟਲ ਮਾਲਕ ਪਿਛਲੇ ਦਿਨੀਂ ਪਾਕਿਸਤਾਨ ਹੋ ਕੇ ਆਇਆ ਹੈ।ਇਸ ਹੋਟਲ ਮਾਲਕ ਦੇ ਪਰਿਵਾਰ ਦੇ ਕੁਝ ਮੈਂਬਰ ਅਜੇ ਵੀ ਪਾਕਿਸਤਾਨ ਵਿੱਚ ਰੁਕੇ ਹੋਏ ਹਨ।ਦੱਸਿਆ ਜਾ ਰਿਹਾ ਹੈ ਕਿ ਪਾਕਿਸਤਾਨ ਤੋਂ ਵਾਪਸ ਆਉਣ ਮਗਰੋਂ ਉਸ ਦੇ ਫ਼ੋਨ ਤੋਂ ਕੁਝ ਕਾਲਾਂ ਪਾਕਿਸਤਾਨ 'ਚ ਹੋਈਆਂ ਹਨ। ਐੱਨਆਈਏ ਦੀ ਟੀਮ ਨੇ ਪਿੰਡ ਮੱਲਵਾਲ ਵਿੱਚ ਸਥਿਤ ਉਸ ਦੇ ਘਰ ਤੇ ਸ਼ਹਿਰ ਦੇ ਇੰਡਸਟਰੀ ਏਰੀਆ ਵਿੱਚ ਸਥਿਤ ਉਸ ਦੇ ਹੋਟਲ 'ਤੇ ਛਾਪੇਮਾਰੀ ਕੀਤੀ ਹੈ।ਹਾਲਾਂਕਿ ਅਧਿਕਾਰੀਆਂ ਨੇ ਅਜੇ ਇਸ ਬਾਰੇ ਕੁੱਝ ਵੀ ਦੱਸਣ ਤੋਂ ਇਨਕਾਰ ਕੀਤਾ ਹੈ।

# ਕੰਮ ਦਾ ਐਸਟੀਮੇਟ ਪਾਸ ਕਰਕੇ ਮਨਰੇਗਾ ਮਜ਼ਦੂਰਾਂ ਨੂੰ ਰੁਜ਼ਗਾਰ ਦਿੱਤਾ ਜਾਵੇ : ਮਜ਼ਦੂਰ ਆਗੂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਜ਼ਿਲ੍ਹਾ ਭਰ ਦੀਆਂ ਮਜ਼ਦੂਰ ਜਥੇਬੰਦੀਆਂ ਮਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਖੁਸ਼ੀਆ ਸਿੰਘ, ਮੀਤ ਪ੍ਰਧਾਨ ਕੌਰ ਸਿੰਘ, ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਭੋਲਾ ਸਿੰਘ ਕਲਾਲ ਮਾਜਰਾ, ਜਨਰਲ ਸਕੱਤਰ ਹੈਪੀ ਸਿੰਘ ਛੀਨੀਵਾਲ ਦੀ ਅਗਵਾਈ ਹੇਠ ਪਿੰਡ ਰਾਏਸਰ ਪਟਿਆਲਾ, ਰਾਏਸਰ ਪੰਜਾਬ ਆਦਿ ਵਿਖੇ ਮਨਰੇਗਾ ਮਜ਼ਦੂਰਾਂ ਦੀਆਂ ਮੀਟਿੰਗ ਕਰਵਾਈਆਂ ਗਈਆਂ।ਇਸ ਮੌਕੇ ਸੰਬੋਧਨ ਕਰਦਿਆਂ ਮਜ਼ਦੂਰ ਆਗੂਆਂ ਕਾਮਰੇਡ ਖੁਸ਼ੀਆ ਸਿੰਘ, ਭੋਲਾ ਸਿੰਘ ਕਲਾਲ ਮਾਜਰਾ ਨੇ ਕਿਹਾ ਕਿ ਪੰਜਾਬ ਅੰਦਰ ਰਾਜ ਕਰਦੀਆਂ ਪਾਰਟੀਆਂ ਦੀਆਂ ਸਰਕਾਰਾਂ ਵੱਲੋਂ ਦੇਸ਼ ਦੀ ਆਜ਼ਾਦੀ ਬਾਅਦ ਵਿੱਦਿਆ, ਸਿਹਤ ਸਹੂਲਤਾਂ ਤੇ ਵੱਖ-ਵੱਖ ਖੇਤਰ ਵਿਭਾਗਾਂ ਵਿੱਚ ਰੁਜ਼ਗਾਰ ਦੇਣ ਦੇ ਵਸੀਲੇ ਪੈਦਾ ਕਰਕੇ, ਰੁਜ਼ਗਾਰ ਦਿੱਤਾ ਗਿਆ ਸੀ।ਉਸ ਨੂੰ ਕੇਂਦਰ ਦੀ ਭਾਜਪਾ ਦੀ ਮੋਦੀ ਸਰਕਾਰ 2014 ਤੋਂ ਆਉਣ ਤੋਂ ਦੇਸ਼ ਅੰਦਰ ਸੰਸਾਰੀਕਰਨ, ਉਦਾਰੀਕਰਨ, ਨਿੱਜੀਕਰਨ ਦੀਆਂ ਨੀਤੀਆਂ ਲਾਗੂ ਕਰਨ ਤੋਂ ਬਾਅਦ, ਹਰ ਵਿਭਾਗ ਵਿੱਚ ਰੁਜ਼ਗਾਰ ਦੇ ਦਰਵਾਜ਼ੇ ਬੰਦ ਕਰ ਦਿੱਤੇ ਹਨ, ਜਿਸ ਕਰਕੇ ਪੇਂਡੂ ਮਜ਼ਦੂਰਾਂ ਲਈ ਰੁਜ਼ਗਾਰ ਨਾ ਹੋਣ ਕਰਕੇ ਬੇਚੈਨੀ ਪਾਈ ਜਾ ਰਹੀ ਹੈ।ਸਰਕਾਰੀ ਹਸਪਤਾਲਾਂ ਅੰਦਰ ਗਰੀਬਾਂ ਲਈ ਸਿਹਤ ਸਹੂਲਤਾਂ ਦੀ ਕੋਈ ਗਰੰਟੀ ਨਹੀਂ ਹੈ।

ਮਜ਼ਦੂਰ ਆਗੂਆਂ ਨੇ ਕਿਹਾ ਕਿ ਨਵੀਆਂ ਚੁਣੀਆਂ ਗ੍ਰਾਮ ਪੰਚਾਇਤਾਂ ਵੱਲੋਂ ਪਿੰਡਾਂ ਲਿੰਕ ਸੜਕਾਂ ਦੇ ਬਰਮਾਂ, ਕੱਚੇ ਰਸਤੇ, ਪਹੀਆਂ ਸਾਂਝੀਆਂ ਥਾਵਾਂ ਦੀ ਸਫਾਈ ਕਰਾਉਣ ਦੇ ਮਤੇ ਪਾ ਕੇ ਭੇਜੇ ਗਏ ਸੀ, ਜੋ ਕਿ ਬਲਾਕਾਂ ਦੇ ਜੂਨੀਅਰ ਇੰਜੀਨੀਅਰਾਂ ਵੱਲੋਂ ਐਸਟੀਮੇਟ ਬਣਾ ਕੇ ਭੇਜੇ ਜਾਣ ਦੇ ਬਾਵਜੂਦ ਏ.ਡੀ.ਸੀ. (ਵਿਕਾਸ) ਮਨਰੇਗਾ ਪੰਚਾਇਤ ਵਿਭਾਗ ਵੱਲੋਂ ਪੰਜਾਬ ਸਰਕਾਰ ਦੀਆਂ ਜ਼ਬਾਨੀ ਹਦਾਇਤਾਂ 'ਤੇ ਉਕਤ ਐਸਟੀਮੇਟ ਪਾਸ ਨਹੀਂ ਕੀਤੇ ਗਏ, ਜਿਸ ਕਰਕੇ ਲਿੰਕ ਸੜਕਾਂ ਦੇ ਬਰਮਾ, ਪਹੀਆਂ, ਕੱਚੇ ਰਸਤਿਆਂ, ਸਾਂਝੀਆਂ ਥਾਵਾਂ ਦੀ ਸਫਾਈ ਕਰਨ ਦਾ ਮਨਰੇਗਾ ਮਜ਼ਦੂਰਾਂ ਨੂੰ ਕੰਮ ਨਹੀਂ ਦਿੱਤਾ ਗਿਆ।ਮਜ਼ਦੂਰ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਉਕਤ ਐਸਟੀਮੇਟ ਪਾਸ ਕਰਵਾ ਕੇ ਮਜ਼ਦੂਰਾਂ ਨੂੰ 100 ਦਿਨ ਦਾ ਰੁਜ਼ਗਾਰ ਦੇਣਾ ਯਕੀਨੀ ਬਣਾਇਆ ਜਾਵੇ।ਜਥੇਬੰਦੀ ਦੇ ਆਗੂਆਂ ਨੇ ਸਮੂਹ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਇੱਕ ਮਈ ਨੂੰ ਕੌਮਾਂਤਰੀ ਮਜ਼ਦੂਰ ਦਿਹਾੜਾ ਵਿਸ਼ਾਲ ਪੱਧਰ 'ਤੇ ਮਨਾਉਣ ਲਈ ਸਵੇਰੇ 10 ਵਜੇ ਬੀ ਡੀ ਪੀ ਓ ਕੰਪਲੈਕਸ ਮਹਿਲ ਕਲਾਂ ਵਿਖੇ ਪਰਿਵਾਰਾਂ ਸਮੇਤ ਪਹੁੰਚਣ।ਇਸ ਮੌਕੇ ਬਲਵੀਰ ਸਿੰਘ, ਪਰਮਜੀਤ ਸਿੰਘ ਗਾਂਧੀ, ਜਗਸੀਰ ਸਿੰਘ, ਕਰਨੈਲ ਸਿੰਘ, ਗੁਰਮੀਤ ਕੌਰ, ਪਰਮਜੀਤ ਕੌਰ, ਰਮਨਦੀਪ ਕੌਰ ਰਾਏਸਰ ਪਟਿਆਲਾ ਆਦਿ ਹਾਜ਼ਰ ਸਨ।

# ਅੱਗ ਨਾਲ ਸੜੀਆਂ ਫਸਲਾਂ ਦੇ ਮੁਆਵਜ਼ੇ ਲਈ ਕਿਸਾਨਾਂ ਵੱਲੋਂ ਡੀ ਸੀ ਨੂੰ ਮੰਗ ਪੱਤਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਵੱਖ ਵੱਖ ਕਿਸਾਨ ਜਥੇਬੰਦੀਆਂ ਨੇ ਝੋਨੇ ਦੀਆਂ ਅਹਿਮ ਕਿਸਮਾਂ ਹਾਈਬ੍ਰਿਡ ਬਾਸਮਤੀ ਪੂਸਾ 44 ਪੀਆਰ 26 ਤੇ ਪਾਬੰਦੀ ਹਟਾਉਣ ਤੇ ਅੱਗਾਂ, ਗੜ੍ਹੇਮਾਰੀ ਨਾਲ ਕਣਕ ਸਮੇਤ ਸਬਜ਼ੀਆਂ ਹਰਾ ਚਾਰਾ, ਮਸੀਨਰੀ ਜਾਨੀ ਨੁਕਸਾਨ ਦੇ ਮੁਆਵਜ਼ੇ ਲਈ ਮੰਗ ਪੱਤਰ ਡਿਪਟੀ ਕਮਿਸ਼ਨਰ ਸ੍ਰੀ ਅਭਿਜੀਤ ਕਪਿਲੇਸ਼ ਨੂੰ ਮੰਗ ਪੱਤਰ ਦਿੱਤਾ ਅਤੇ ਕਿਸਾਨਾਂ ਦੇ ਭੱਖਦੇ ਮਸਲਿਆਂ ਨੂੰ ਲੈ ਕੇ ਖੇਤੀਬਾੜੀ ਦੇ ਅਧਿਕਾਰੀਆਂ ਨਾਲ ਕਿਸਾਨ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਦੀ ਮੰਗ ਕੀਤੀ ਗਈ।ਪੰਜਾਬ ਤੇ ਕੇਂਦਰ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਵੀ ਕੀਤੀ।ਭਾਕਿਯੂ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ ਅਬਲੂ, ਬੀਕੇਯੂ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਗੋਬਿੰਦ ਸਿੰਘ ਕੋਟਲੀ ਦੇਵਨ, ਬੀਕੇਯੂ ਕਾਦੀਆਂ ਤੇ ਸੀਨੀਅਰ ਆਗੂ ਗੁਰਦਰਸ਼ਨ ਸਿੰਘ ਰੁਪਾਣਾ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ, ਕੌਮੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਰਜਿੰਦਰ ਸਿੰਘ ਦੂਹੇਵਾਲਾ, ਬੀਕੇਯੂ ਡਕੌਂਦਾ (ਬੁਰਜ ਗਿੱਲ) ਦੇ ਜ਼ਿਲ੍ਹਾ ਪ੍ਰਧਾਨ ਪੂਰਨ ਸਿੰਘ ਵੱਟੂ, ਬੀਕੇਯੂ ਮਾਲਵਾ (ਹੀਰਕੇ) ਦੇ ਜ਼ਿਲ੍ਹਾ ਪ੍ਰਧਾਨ ਹਰਪ੍ਰੀਤ ਸਿੰਘ ਗੋਨੇਆਣਾ, ਬੀਕੇਯੂ ਲੱਖੋਵਾਲ (ਟਿਕੈਤ) ਦੇ ਜ਼ਿਲ੍ਹਾ ਜਥੇਦਾਰ ਗੁਰਮੀਤ ਸਿੰਘ ਲੰਬੀ ਢਾਬ, ਪੰਜਾਬ ਕਿਸਾਨ ਯੂਨੀਅਨ ਦੇ ਬੁਲਾਰੇ ਜਰਨੈਲ ਸਿੰਘ ਰੋੜਾਂਵਾਲਾ, ਕੁੱਲ ਕਿਸਾਨ ਸਭਾ (ਅਜੇ ਭਵਨ) ਜ਼ਿਲ੍ਹਾ ਆਗੂ ਗੁਰਪ੍ਰੀਤ ਸਿੰਘ ਕੱਟਿਆਂ ਵਾਲੀ ਆਦਿ ਆਗੂਆਂ ਨੇ ਕੇਂਦਰ ਤੇ ਪੰਜਾਬ ਸਰਕਾਰ ਤੇ ਦੋਸ਼ ਲਾਉਂਦਿਆਂ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਭਾਰਤ ਦੀਆਂ ਰਹਿੰਦੀਆਂ ਮੰਗਾਂ ਲਾਗੂ ਕਰਵਾਉਣ ਤੋਂ ਭੱਜ ਚੁੱਕੀ ਹੈ ਅਤੇ ਕਿਸਾਨਾਂ ਤੇ ਹਰ ਤਰ੍ਹਾਂ ਦੀ ਜਮਹੂਰੀਅਤ 'ਤੇ ਬੋਲਣ 'ਤੇ ਪਾਬੰਦੀ ਲਾਈ ਜਾ ਰਹੀ ਹੈ, ਜਿਸ ਨੂੰ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜਥੇਦਾਰ ਗੁਰਭਗਤ ਸਿੰਘ ਭਲਾਈਆਣਾ, ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ ਨੇ ਦੱਸਿਆ ਕਿ ਹਾਈਬ੍ਰਿਡ 'ਤੇ ਪਾਬੰਦੀ ਲਾਉਣਾ ਉਚਿਤ ਨਹੀਂ। ਉਨ੍ਹਾਂ ਪਿਛਲੇ ਦਿਨੀਂ ਪੰਜਾਬ 'ਚ ਅੱਗਾਂ ਤੇ ਗੜ੍ਹੇਮਾਰੀ, ਬਾਰਿਸ਼ ਨਾਲ ਹੋਏ ਨੁਕਸਾਨ ਦਾ ਇੱਕ ਲੱਖ ਰੁੱਪਿਆ, ਕਣਕ ਸਮੇਤ ਸਬਜ਼ੀਆਂ, ਮਸ਼ੀਨਰੀ, ਜਾਨੀ-ਮਾਲੀ ਨੁਕਸਾਨ ਦਾ ਮੁਆਵਜ਼ਾ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਮੰਗਾਂ ਲਾਗੂ ਕਰਵਾਉਣ ਤੱਕ ਸੰਘਰਸ਼ ਜਾਰੀ ਰਹੇਗਾ।ਇਸ ਮੌਕੇ ਬਲਵਿੰਦਰ ਸਿੰਘ ਥਾਂਦੇਵਾਲਾ, ਨਿਰਮਲ ਸਿੰਘ ਸੰਗੂਧੌਣ, ਰੇਸ਼ਮ ਵੜਿੰਗ, ਜਸਵੀਰ ਸਿੰਘ ਸਰਾਏਨਾਗਾ, ਗੁਰਮੀਤ ਸਿੰਘ ਮਰਾੜ੍ਹ ਕਲਾਂ, ਫੌਜੀ ਬਲਜੀਤ ਸਿੰਘ ਝਬੇਲਵਾਲੀ, ਤੇਜ ਸਿੰਘ, ਗੋਪੀ ਵੜਿੰਗ, ਸੁੱਖਾ ਸਿੰਘ ਝਬੇਲਵਾਲੀ, ਹਰਫੂਲ ਸਿੰਘ ਭਾਗਸਰ, ਜੋਗਿੰਦਰ ਸਿੰਘ ਬੁੱਟਰ ਸਰੀਂਹ, ਰਾਜਾ ਸਿੰਘ ਮਹਾ ਬੱਧਰ, ਅਜਾਇਬ ਸਿੰਘ ਮੱਲਣ, ਬਿੱਟੂ ਮੱਲਣ, ਅੰਗਰੇਜ਼ ਸਿੰਘ ਗੋਨਿਆਣਾ, ਭਿੰਦਾ ਝਬੇਲਵਾਲੀ, ਮਾਸਟਰ ਦਲਜੀਤ ਸਿੰਘ ਝਬੇਲਵਾਲੀ, ਗਮਦੂਰ ਸਿੰਘ ਫੂਲੇਵਾਲਾ, ਸੰਦੀਪ ਸਿੰਘ, ਬਲਵਿੰਦਰ ਸਿੰਘ ਮੁਕਤਸਰ ਤੇ ਹੋਰ ਹਾਜ਼ਰ ਸਨ।

# ਦੇਸ਼ ਭਗਤ ਯੂਨੀਵਰਸਿਟੀ ਵਿਖੇ 'ਕੋਮੀਏਂਜ਼ੋ' ਮੈਨੇਜਮੈਂਟ ਫੈਸਟ ਤੇ ਵਿਦਾਇਗੀ ਪਾਰਟੀ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**
ਦੇਸ਼ ਭਗਤ ਯੂਨੀਵਰਸਿਟੀ ਦੇ ਬਿਜ਼ਨੈੱਸ ਮੈਨੇਜਮੈਂਟ ਤੇ ਕਾਮਰਸ ਵਿਭਾਗ ਵੱਲੋਂ ਜਸ਼ਨ ਤੇ ਊਰਜਾ ਭਰੇ ਪ੍ਰੋਗਰਾਮ 'ਕੋਮੀਏਂਜ਼ੋ' ਦਿ ਮੈਨੇਜਮੈਂਟ ਫੈਸਟ ਦੀ ਮੇਜ਼ਬਾਨੀ ਕੀਤੀ, ਜਿਸ ਤੋਂ ਬਾਅਦ 2025 ਦੇ ਗ੍ਰੈਜੂਏਟਸ ਲਈ ਇੱਕ ਭਾਵਨਾਤਮਕ ਵਿਦਾਇਗੀ ਪਾਰਟੀ ਦਾ ਆਯੋਜਨ ਵੀ ਕੀਤਾ ਗਿਆ।ਨਵੀਂ ਸ਼ੁਰੂਆਤ ਤੇ ਰਚਨਾਤਮਕ ਸਹਿਯੋਗ ਦਾ ਪ੍ਰਤੀਕ, 'ਕੋਮੀਏਂਜ਼ੋ' ਇੱਕ ਸਪੈਨਿਸ਼ ਸ਼ਬਦ, ਜਿਸ ਦਾ ਅਰਥ ਹੈ 'ਸ਼ੁਰੂਆਤ' ਵਿਦਿਆਰਥੀਆਂ ਲਈ ਆਪਣੀ ਵਪਾਰਕ ਸੂਝ ਤੇ ਲੀਡਰਸ਼ਿਪ ਸਮਰੱਥਾ ਦਾ ਪ੍ਰਦਰਸ਼ਨ ਕਰਨ ਲਈ ਇੱਕ ਗਤੀਸ਼ੀਲ ਪਲੇਟਫਾਰਮ ਵਜੋਂ ਕੰਮ ਕਰਦਾ ਹੈ।ਇਸ ਫੈਸਟ ਵਿੱਚ ਬਿਜ਼ਨੈੱਸ ਕੁਇੱਜ਼, ਮਾਰਕੀਟਿੰਗ ਬੈਟਲ, ਮੈਨੇਜਮੈਂਟ ਖੇਡਾਂ, ਡਿਬੇਟਸ ਤੇ ਸੱਭਿਆਚਾਰਕ ਪ੍ਰਦਰਸ਼ਨਾਂ ਸਮੇਤ ਗਤੀਵਿਧੀਆਂ ਦੀ ਇੱਕ ਜੀਵੰਤ ਲਾਈਨਅੱਪ ਸ਼ਾਮਲ ਸੀ।

ਇਸ ਸਮਾਗਮ ਦਾ ਉਦਘਾਟਨ ਮਾਣਯੋਗ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾ. ਤਜਿੰਦਰ ਕੌਰ ਨੇ ਕੀਤਾ, ਜਿਨ੍ਹਾਂ ਨੇ ਵਿਦਿਆਰਥੀਆਂ ਵਿੱਚ ਉੱਦਮੀ ਭਾਵਨਾ ਨੂੰ ਉਤਸ਼ਾਹਤ ਕਰਨ ਲਈ ਵਿਭਾਗ ਦੇ ਨਿਰੰਤਰ ਯਤਨਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਤੇ ਚਾਂਸਲਰ ਦੇ ਸਲਾਹਕਾਰ ਡਾ. ਵਰਿੰਦਰ ਸਿੰਘ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ। ਉਪਰੰਤ ਅੰਤਿਮ ਸਾਲ ਦੇ ਵਿਦਿਆਰਥੀਆਂ ਲਈ ਵਿਦਾਇਗੀ ਪਾਰਟੀ ਦੀ ਸ਼ੁਰੂਆਤ ਦੇ ਨਾਲ ਮਾਹੌਲ ਹੋਰ ਵੀ ਭਾਵੁਕ ਹੋ ਗਿਆ। ਜੂਨੀਅਰ ਵਿਦਿਆਰਥੀਆਂ ਨੇ ਆਪਣੇ ਸੀਨੀਅਰ ਵਿਦਿਆਰਥੀਆਂ ਨੂੰ ਭਾਵਪੂਰਨ ਪ੍ਰਦਰਸ਼ਨਾਂ ਤੇ ਨਿੱਘੀਆਂ ਸ਼ੁੱਭ-ਕਾਮਨਾਵਾਂ ਨਾਲ ਸਨਮਾਨਤ ਕੀਤਾ, ਜਦੋਂਕਿ ਸੀਨੀਅਰ ਵਿਦਿਆਰਥੀਆਂ ਨੇ ਆਪਣੀਆਂ ਯਾਤਰਾਵਾਂ ਨੂੰ ਯਾਦ ਕੀਤਾ ਤੇ ਭਵਿੱਖ ਲਈ ਸੁਪਨੇ ਸਾਂਝੇ ਕੀਤੇ।ਇਸ ਦੌਰਾਨ ਮਿਸਟਰ ਫੇਅਰਵੈੱਲ (ਜਸ਼ਨਦੀਪ ਸਿੰਘ) ਤੇ ਮਿਸ ਫੇਅਰਵੈੱਲ (ਸਨੇਹਾ), ਮਿਸਟਰ ਕਾਰਪੋਰੇਟ (ਲੋਇਡ ਅਸਤ) ਤੇ ਮਿਸ ਕਾਰਪੋਰੇਟ (ਗ੍ਰੇਸ), ਮਿਸਟਰ ਪਰਸਨੈਲਿਟੀ (ਮੋਹਿਤ) ਤੇ ਮਿਸ ਪਰਸਨੈਲਿਟੀ (ਕਸਕ) ਤੇ ਮਿਸਟਰ ਹੈਂਡਸਮ (ਰਾਹੁਲ) ਅਤੇ ਮਿਸ ਬਿਊਟੀਫੁੱਲ (ਮਨੀ) ਵਰਗੇ ਖਿਤਾਬਾਂ ਨਾਲ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।

# ਜ਼ਿਲ੍ਹੇ 'ਚ ਕਿਸਾਨਾਂ ਨੂੰ 422 ਕਰੋੜ ਰੁਪਏ ਦੀ ਅਦਾਇਗੀ

**ਜਲੰਧਰ, (ਸੁਰਿੰਦਰ ਕੁਮਾਰ)**-ਕਣਕ ਦੇ ਸੀਜ਼ਨ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਜਿੱਥੇ ਮੰਡੀਆਂ ਵਿੱਚ ਕਿਸਾਨਾਂ ਅਤੇ ਮਜ਼ਦੂਰਾਂ ਦੀ ਸਹੂਲਤ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ, ਉੱਥੇ ਜ਼ਿਲ੍ਹੇ ਦੀਆਂ 79 ਮੰਡੀਆਂ ਵਿੱਚ ਨਿਰਵਿਘਨ ਖਰੀਦ ਜਾਰੀ ਹੈ। ਖਰੀਦ ਪ੍ਰਬੰਧਾਂ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਖਰੀਦ ਕੀਤੀ ਗਈ ਕਣਕ ਦੀ ਬੀਤੇ ਦਿਨ ਤੱਕ 422 ਕਰੋੜ ਰੁਪਏ ਦੀ ਅਦਾਇਗੀ ਯਕੀਨੀ ਬਣਾ ਲਈ ਗਈ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀਆਂ ਵੱਖ-ਵੱਖ ਮੰਡੀਆਂ ਵਿੱਚ 2,13,686 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ, ਜਿਸ ਵਿਚੋਂ 2,07,098 ਮੀਟਰਕ ਟਨ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦ ਕਰ ਲਈ ਗਈ ਹੈ। ਉਨ੍ਹਾਂ ਦੱਸਿਆ ਕਿ ਪਨਗਰੇਨ ਵਲੋਂ 72,635 ਮੀਟਰਕ ਟਨ, ਮਾਰਕਫੈੱਡ ਵਲੋਂ 62,263, ਪਨਸਪ ਵਲੋਂ 37,316, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 29,334, ਐਫ.ਸੀ.ਆਈ. ਵਲੋਂ 3551 ਅਤੇ ਪ੍ਰਾਈਵੇਟ ਵਪਾਰੀਆਂ ਵਲੋਂ 1999 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।ਡਾ. ਅਗਰਵਾਲ ਨੇ ਦੱਸਿਆ ਕਿ ਇਸ ਸੀਜ਼ਨ ਵਿੱਚ ਜ਼ਿਲ੍ਹੇ ਦੀਆ 79 ਮੰਡੀਆਂ ਵਿੱਚ 5.25 ਲੱਖ ਮੀਟਰਕ ਟਨ ਕਣਕ ਪਹੁੰਚਣ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ ਫ਼ਸਲ ਦੀ ਬੰਪਰ ਪੈਦਾਵਾਰ ਨੂੰ ਦੇਖਦਿਆਂ 23 ਆਰਜ਼ੀ ਮੰਡੀਆਂ ਦਾ ਪ੍ਰਬੰਧ ਵੀ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਕਣਕ ਦੇ ਸੀਜ਼ਨ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਸੁਚਾਰੂ ਢੰਗ ਨਾਲ ਖਰੀਦ, ਸਮੇਂ-ਸਿਰ ਲਿਫਟਿੰਗ ਅਤੇ ਅਦਾਇਗੀ ਯਕੀਨੀ ਬਣਾਈ ਜਾਵੇ।ਡਾ. ਅਗਰਵਾਲ ਨੇ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਕਣਕ ਦਾ ਇਕ-ਇਕ ਦਾਣਾ ਖਰੀਦਿਆ ਜਾਵੇਗਾ। ਉਨ੍ਹਾਂ ਕਿਹਾ ਕਿ ਬਾਰਦਾਨੇ ਦੀ ਵੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਿਸਾਨਾਂ ਅਤੇ ਮਜ਼ਦੂਰਾਂ ਦੀ ਸਹੂਲਤ ਲਈ ਖਰੀਦ ਕੇਂਦਰਾਂ ਵਿੱਚ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ।

## COURT NOTICE

(U/o 5 Rule 20 CPC)
In The Court of Ms. Chahat
Civil Judge (Junior Division), Amritsar
CS/915/2024 RECOVERY
CNR No. PBAS02-001400-2024
Next Date:- 14-07-2025

Central Bank Of India, A Body Corporate Constituted Under The Banking Companies (Acquisition And Transfer Of Undertaking) Act, 5 Of 1970 Having Inter-alias Branch Office At Cemetery Road, G.T Road, Putlighar Distt. Amritsar Through its Principal Officer Anil Kumar Gupta, Authorized Officer, as General Power of Attorney Holder.

Vs.

1. M/S Nawab Collection Prop. Vikas Situated at Nikka Singh Colony, Ram Tirath Road Opp. Khalsa Colony, Amritsar, 2. Vikas Son of Ram Pal R/o. H.No. 252, Mochian Wali Gali, Ram Tirath Road, Mahal Sub-urban, Amritsar

Publication Issued To:
Defendant No. 1: M/S Nawab Collection Prop. Vikas Situated at Nikka Singh Colony, Ram Tirath Road Opp. Khalsa Colony, Amritsar, Defendant No. 2: Vikas Son of Ram Pal R/o H.No. 252, Mochian Wali Gali, Ram Tirath Road, Mahal Sub-urban, Amritsar

In above titled case, the defendant(s) could not be served. It is ordered that defendant(s) should appear in person or through counsel on 14-07-2025 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division), Amritsar
Dated, this day of 24-04-2025

## ਅਖ਼ਬਾਰੀ ਨੋਟਿਸ

ਬਾ ਅਦਾਲਤ ਸ੍ਰੀ ਮਨਿੰਦਰ ਸਿੰਘ ਸਿੱਧੂ ਤਹਿਸੀਲਦਾਰ-ਕਮ ਸਹਾਇਕ ਕੁਲੈਕਟਰ ਦਰਜਾ ਪਹਿਲਾ ਸ਼ਾਹਕੋਟ

ਮਾਲ ਰਿਕਾਰਡ ਪਿੰਡ ਲਸੂੜੀ ਵਿਚ ਜੀਤ ਸਿੰਘ ਪੁੱਤਰ ਹਾਕਮ ਸਿੰਘ ਪੁੱਤਰ ਕਰਨੈਲ ਸਿੰਘ [illegible] ਦਰਖਾਸਤ [illegible] ਕਰਨ ਲਈ ਦਰਖਾਸਤ ਦਿੱਤੀ ਹੈ।

ਆਮ ਨੂੰ ਲਿਖਿਆ ਜਾਂਦਾ ਹੈ ਕਿ ਇਸ [illegible] ਮਿਤੀ 16-05-2025 ਤੱਕ ਇਸ ਅਦਾਲਤ ਵਿਚ ਅਸਾਲਤਨ/ਵਕਾਲਤਨ ਜਾਂ ਕਿਸੇ ਮੁਖਤਾਰ ਰਾਹੀਂ ਹਾਜ਼ਰ ਆ ਕੇ ਇਤਰਾਜ਼ ਪੇਸ਼ ਕਰ ਸਕਦਾ ਹੈ। ਨਿਸ਼ਚਿਤ ਮਿਤੀ 'ਤੇ ਹਾਜ਼ਰ ਨਾ ਆਉਣ ਦੀ ਸੂਰਤ ਵਿਚ ਦਰਖਾਸਤ ਦਾ ਫੈਸਲਾ ਨਿਯਮਾਂ ਅਨੁਸਾਰ ਕਰ ਦਿੱਤਾ ਜਾਵੇਗਾ।

ਅੱਜ ਮਿਤੀ 23-04-2025 ਨੂੰ ਮੇਰੇ ਹਸਤਾਖਰ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ ਸ਼ਾਹਕੋਟ
ਨੰਬਰ : 407/ਰੀਡਰ ਮਿਤੀ : 23.04.2025

## COURT NOTICE

(U/o 5 Rule 20 CPC)
In The Court of
Sh. Nirbhow Singh Gill
District and Sessions Judge, Jalandhar
CNR No. PBJL01-005653-2025
Next Date:- 22-05-2025

Sunil Kumar
Vs.
General Public

Petition Under Section 52, 53 And 54 of The Mental Health Act 1987 for Appointment of Guardian.

Publication Issued To:
General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 22-05-2025 at 10:00 a.m.

For details logon to https://highcourtchd.gov.in/?mod=district_notice&district=Jalandhar

District and Sessions Judge, Jalandhar
Dated, this day of 21-04-2025

## COURT NOTICE

(U/o 5 Rule 20 CPC)
In The Court of
Sh. Amandeep Singh
Civil Judge (Senior Division), Tarn Taran

Next Date, Purpose of case, Orders and Judgments as well as other case information is available on http://districts.ecourts.gov.in

CNR No. PBTT02-000325-2024
Next Date:- 31-05-2025

Punjab Gramin Bank
Vs.
Bhagwant Singh

Publication Issued To:
Bhagwant Singh
Father :- Bagga Singh
H. No. 55, Village Kaler, Teh. And Distt. Tarn Taran

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 31-05-2025 at 10:00 a.m.

For details logon to https://highcourtchd.gov.in/?trs=district_notice&district=Tarn Taran

Civil Judge (Senior Division) Tarn Taran
Dated, this day of 21-04-2025

## Public Notice

Under the instruction of Aadhar Housing Finance ltd I hereby informed the general public that Jaspal Singh S/o Puran Singh R/o Baba Deep Singh Colony NangaliBhatha Amritsar is the absolute owner of Property bearing private plot no. 242 having Length 29 feet 4 inch & Width 15 feet Total area 49 Sq yards bearing Khasra No. 67//8/7 Min as per sale deed &Khasra No. 67//8/7,8/8, 8/9 Min as per jamabandi bounded by East-Gali, West- Jaspinder Singh, North-Harwinder Singh, South-JagirKaur, situated in the area of Nangali outside Bypass Tehsil &Distt Amritsar. And That Jaspal Singh S/o Puran Singh is taking Lap loan on above said property from Aadhar Housing Finance ltd 6th floor Burj Punjab, Sco no.9 DisttShoping Complex Ranjit Avenue Amritsar and Jaspal Singh S/o Puran Singh has lost her previous sale deed executed by Surinder Singh S/o Ajit Singh in favour of Jaspal Singh S/o Puran Singh vide Doc no. 10210 dated 15-02-1999 and has also been got registered DDR No. 591692/2025 dated 23-04-2025 in this respect. Anybody having claim or claiming any manner in this property or has raised loan by depositing the aforesaid document to any person/bank/ corporation/ Financial institution may approach the undersigned and may submitted objections within 7 day from the date of this public notice. After the expiry of the period of this notice, no claim shall be entertained and such claim sell be deemed to be false fake frivolous fraudulent and baseless claim and shall have no value in the eyes of law. It shall also be deemed that nobody has any objection for mortgaging the aforesaid property with Aadhar housing Finance ltd. Digitally signed by Harpal Singh Niijar Advocate Office address-First Floor, Above BhagwanDassVasika Opp. NRI Police Station KacheriChownk Amritsar Mobile No. 9815610005

## Public Notice

It is to put the General Public on notice that Parmod Kumar (Aadhar Card No. 455021994275) S/o Kishore Chand R/o H No. 1119/8, Gali Ganda Vali, Nimak Mandi, Amritsar, Punjab 143001 owner of Shop Property bearing no. 1999, Khana Shumari number 2184 measuring 63/75 square yards that is 3/4th share of Shop Property bearing no. 1999, Khana Shumari number 2184 measuring 85 square yards, that is bounded as Front Side: Bazar, Backside: Property of Mahashian, One Side: Shop Property of Papra Wale, Other Side: Khola, situated at Amritsar, Bazar Bansa Wala, Tehsil and District Amritsar vides Transfer of Ownership Deed dated: 22-12-2015 as document no. 7907 has approached SMFG INDIA CREDIT CO. LTD (Formerly Fullerton India Credit Company Limited), Court Road Crossing Plot no.A1 The Mall, Green Avenue, Amritsar Punjab 143001, with a request to extent Loan against the mortgage of the above said property. Anybody having objection in respect of the said property or regarding creation of mortgage with my client with regard to afore said property, may raise their objections within 7 Days from the date of this publication, to the below mentioned address, failing which such claim if any, shall be con-sidered to be waived, abandoned and any subsequent claim shall not bind our client or their successors/nominee/assignee in any manner whatsoever.
Advocate Dinesh Arora M.No. - 9779304041

## ਕੋਰਟ ਨੋਟਿਸ

ਬਾ-ਅਦਾਲਤ ਸ੍ਰੀ ਸਰਪਾਲ ਸਿੰਘ ਢਾਕਾ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਦੋਇਮ, ਭੋਗਪੁਰ।

ਵਿਸ਼ਾ: ਰਿਕਾਰਡ ਮਾਲ ਵਾਕਿਆ ਰਕਬਾ ਪਿੰਡ [illegible], ਤਹਿਸੀਲ ਭੋਗਪੁਰ [illegible]

[illegible]

ਅੱਜ ਮਿਤੀ 21.4.25 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਹੇਠ ਜਾਰੀ ਹੋਇਆ।

ਸਹੀ/- ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਦੋਇਮ, ਭੋਗਪੁਰ

## COURT NOTICE

(U/o 5 Rule 20 CPC)
In The Court of
Ms. Rajni Chhokra
Principal Judge Family Court, Tarn Taran

Next Date, Purpose of case, Orders and Judgments as well as other case information is available on http://districts.ecourts.gov.in

CNR No. PBTT01-004492-2024
Next Date:- 20-05-2025

Manpreet Kaur
Vs.
Manjeet Singh

Publication Issued To:
Manjeet Singh
Father : Shamsher Singh
R/o Awan Road, Street No. 2, Near Gurudwara Harnamsar, Zira, Tehsil Zira, District Ferozpur

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 20-05-2025 at 10:00 a.m.

For details logon to https://highcourtchd.gov.in/?trs=district_notice&district=Tarn Taran

Principal Judge Family Court Tarn Taran
Dated, this day of 21-04-2025

## ਦਫ਼ਤਰ ਜੁਆਇੰਟ ਸਬ ਰਜਿਸਟਰਾਰ, ਭੋਗਪੁਰ, ਜ਼ਿਲ੍ਹਾ ਜਲੰਧਰ

ਵਿਸ਼ਾ : ਪੰਜਾਬ ਰਜਿਸਟਰੇਸ਼ਨ ਐਕਟ ਦੀ ਧਾਰਾ 40-41 ਤਹਿਤ [illegible]

[illegible]

ਜੁਆਇੰਟ ਸਬ ਰਜਿਸਟਰਾਰ, ਭੋਗਪੁਰ
ਨੰ: 64/ਆਰ ਸੀ। ਮਿਤੀ : 21.4.2025

ਦੀ ਸਠਿਆਲਾ ਐਮ.ਪੀ.ਸੀ.ਏ.ਐਸ.ਐਸ. ਲਿਮਟਿਡ, ਸਠਿਆਲਾ (ਅੰਮ੍ਰਿਤਸਰ)

## ਖੇਤੀਬਾੜੀ ਸੰਦਾਂ ਦੀ ਖੁੱਲ੍ਹੀ ਬੋਲੀ ਰਾਹੀਂ ਨਿਲਾਮੀ

ਉਪਰੋਕਤ ਸਭਾ ਵੱਲੋਂ ਹੇਠ ਲਿਖੇ ਸੰਦਾਂ ਦੀ ਖੁੱਲ੍ਹੀ ਬੋਲੀ ਰਾਹੀਂ ਨਿਲਾਮੀ ਮਿਤੀ 16 ਮਈ 2025, ਦਿਨ ਸ਼ੁਕਰਵਾਰ ਨੂੰ ਸਵੇਰੇ 11.00 ਵਜੇ ਸਭਾ ਦੇ ਦਫਤਰ ਵਿਖੇ ਰੱਖੀ ਗਈ ਹੈ । ਬੋਲੀ ਸਬੰਧੀ ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ ।
ਆਇਟਮਾਂ ਹੇਠ ਲਿਖੇ ਅਨੁਸਾਰ ਹਨ : ਲੇਜ਼ਰ ਕਰਾਹਾ (1), ਸੁਹਾਗਾ (1), ਡਿਸਕ ਹੱਲਾਂ (1), ਤਵੀਆਂ (1) ਮਲਚਰ, (1) ਰੋਟਾ ਵੇਟਰ (1) ਪਲਟਾਵੇਂ ਹੱਲ (1), ਟਰੈਕਟਰ (1)
ਨੋਟ : ਟਰੈਕਟਰ ਅਤੇ ਲੇਜ਼ਰ ਕਰਾਹਾ ਦੀ ਬੋਲੀ ਵਾਸਤੇ ਸਕਿਉਰਟੀ 25,000 ਰੁ: ਪ੍ਰਤੀ ਸੰਦ ਅਤੇ ਬਾਕੀ ਸੰਦਾਂ ਦੀ ਸਕਿਉਰਟੀ 5000 ਰੁ: ਪ੍ਰਤੀ ਸੰਦ ਹੋਵੇਗੀ ।
ਸਹੀ/- ਪ੍ਰਧਾਨ ਦੀ ਸਠਿਆਲਾ ਐਮ.ਪੀ.ਸੀ.ਏ.ਐਸ.ਐਸ. ਲਿਮਟਿਡ, ਸਠਿਆਲਾ (ਅੰਮ੍ਰਿਤਸਰ) 98780-53090

## Baba Mehar Singh Memorial College Of Education, VPO Purana Shalla Tehsil and District Gurdaspur

invites online applications for the post of Principal on regular basis. Qualification and Grade as per UGC/NCTE/ Punjab Govt,/GNDU norms. Reservation Policy will be as per Punjab Govt. rules. Candidates must submit online application within 15 days from the date of publication of advertisement. A copy of application along with a DD of Rs1180/-(non-refundable)in favour of Registrar Guru Nanak Dev university, Amritsar may also be sent to Dean, CDC, Guru Nanak Dev University, Amritsar within stipulated time through registered post. Candidate must send the required documents alongwith the application as per the list available in the CDC portal on university website (www.gndu.ac.in). Incomplete application (without required documents) 'or' the application received after due date will not be entertained.
E-mail:bmsmcollege@rediffmail.com

## ਦਫ਼ਤਰ ਜੁਆਇੰਟ ਸਬ ਰਜਿਸਟਰਾਰ ਅਜੀਤਵਾਲ ਤਹਿ: ਵਾ ਜ਼ਿਲ੍ਹਾ ਮੋਗਾ

ਪਬਲਿਕ ਇਸ਼ਤਿਹਾਰ ਵਸੀਅਤ ਰਜਿਸਟਰੇਸ਼ਨ ਐਕਟ 1908 ਦੀ ਧਾਰਾ 40-41 ਅਧੀਨ

ਇਹ ਕਿ ਨਿਮਨਹਸਤਾਖਰ ਦੀ ਅਦਾਲਤ ਵਿੱਚ ਸ੍ਰੀ ਜਗਦੇਵ ਸਿੰਘ ਪੁੱਤਰ ਵਿਸਾਖਾ ਸਿੰਘ ਵਾਸੀ ਪਿੰਡ ਕੋਕਰੀ ਫੂਲਾ ਸਿੰਘ ਤਹਿਸੀਲ ਵੀ ਜ਼ਿਲ੍ਹਾ ਮੋਗਾ ਨੇ ਇੱਕ ਦਰਖਾਸਤ ਮਿਤੀ 23/04/2025 ਪੇਸ਼ ਕਰਕੇ ਬੇਨਤੀ ਕੀਤੀ ਕਿ ਮੇਰੀ ਮਾਤਾ ਮਲਕੀਤ ਕੌਰ ਨੇ ਇਕ ਵਸੀਅਤ ਜੋ ਕਿ ਉਸ ਦੇ ਹੱਕ ਅਤੇ ਉਸ ਦੇ ਭਰਾ ਕਰਤਾਰ ਸਿੰਘ ਦੇ ਹੱਕ ਵਿੱਚ ਲਿਖਤ ਮਿਤੀ 15/02/2015 ਨੂੰ ਕਰਵਾਈ ਸੀ। ਸ੍ਰੀਮਤੀ ਮਲਕੀਤ ਕੌਰ ਦੀ ਮੌਤ ਮਿਤੀ 02/05/2015 ਨੂੰ ਹੋ ਚੁੱਕੀ ਹੈ। ਦਰਖਾਸਤ ਕਰਤਾ ਨੇ ਉਕਤ ਵਸੀਅਤ ਰਜਿਸਟਰੇਸ਼ਨ ਐਕਟ 1908 ਦੀ ਧਾਰਾ 40-41 ਅਧੀਨ ਰਜਿਸਟਰਡ ਕਰਨ ਲਈ ਬੇਨਤੀ ਕੀਤੀ ਹੈ। ਇਸ ਲਈ ਪਬਲਿਕ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਅਗਰ ਕਿਸੇ ਵਿਅਕਤੀ ਨੂੰ ਉਕਤ ਵਸੀਅਤ ਦੇ ਰਜਿਸਟਰਡ ਹੋਣ ਵਿੱਚ ਕੋਈ ਇਤਰਾਜ਼ ਹੋਵੇ ਤਾਂ ਉਹ ਅਸਾਲਤਨ ਜਾਂ ਵਕਾਲਤਨ ਇਸ ਨੋਟਿਸ ਦੇ ਜਾਰੀ ਹੋਣ ਤੋਂ 15 ਦਿਨਾਂ (ਪੰਦਰਾਂ) ਦੇ ਅੰਦਰ-ਅੰਦਰ ਨਿਮਨਹਸਤਾਖਰ ਦੇ ਦਫ਼ਤਰ ਵਿਖੇ ਹਾਜ਼ਰ ਹੋ ਕੇ ਲਿਖਤੀ ਰੂਪ ਵਿੱਚ ਆਪਣਾ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ। ਬਾਅਦ ਮਿਆਦ ਗੁਜ਼ਰਨੇ ਹਸਬ ਜ਼ਾਬਤਾ ਕਾਰਵਾਈ ਬਾਬਤ ਰਜਿਸਟਰਡ ਕਰਨੇ ਵਸੀਅਤ ਅਮਲ ਵਿੱਚ ਲਿਆਂਦੀ ਜਾਵੇਗੀ।

ਇਹ ਨੋਟਿਸ ਅੱਜ ਮਿਤੀ 23/04/2025 ਨੂੰ ਦਫ਼ਤਰੀ ਮੋਹਰ ਅਤੇ ਹਸਤਾਖਰਾਂ ਹੇਠ ਜਾਰੀ ਕੀਤਾ ਗਿਆ ਹੈ।

ਜੁਆਇੰਟ ਸਬ-ਰਜਿਸਟਰਾਰ, ਅਜੀਤਵਾਲ ਤਹਿ. ਵਾ ਜ਼ਿਲ੍ਹਾ ਮੋਗਾ

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਬਿਨੈਕਾਰ ਦਾ ਨਾਮ : ਕੁਲਦੀਪ ਕੌਰ ਪਿਤਾ/ਪਤੀ ਦਾ ਨਾਮ : ਓਮ ਪ੍ਰਕਾਸ਼
ਪਤਾ: VPO Lidhran Gali No.3 Jalandhar, Tehsil -Jalandhar-2 /District, Jalandhar, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।

ਨਾਮ : ਅਮਰਜੀਤ ਪੱਕਾ ਪਤਾ: VPO Lidhran Gali No.3 Jalandhar, Jalandhar-2, Jalandhar, Punjab
ਵਿਦੇਸ਼ੀ ਪਤਾ: Ondrickova 2296/8 Praha 3 Vinohrady 13000 Czech Republic /ਓਨਡ੍ਰਿਕੋਵਾ 2296/8 ਪ੍ਰਾਹਾ 3 ਵਿਨੋਹਰਾਡੀ 13000 ਸਿਜ਼ੇਕ ਰਿਪਬਲਿਕ ਉਮਰ/ਜਨਮ ਮਿਤੀ : 30-(04/08/1994)

ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।

ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।

ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 23.04.2025 ਨੂੰ ਜਾਰੀ ਹੋਇਆ।
ਨੰਬਰ 34/ਨੰਬਰ/ਰੀਡਰ ਮਿਤੀ 23-04-2025 ਜ਼ਿਲ੍ਹਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

## St. Soldier Management and Technical Institute

Invite Applications for the Posts of:

- Principal • Professors
- Associate Professors • Assistant Professors

Departments:

- Computer Science • Management
- M.Sc. Fashion Designing
- M.A. Journalism & Mass Communication

Eligibility: As per UGC/AICTE/IKGPTU norms.
Apply with resume and documents to
St. Soldier Management and Technical Institute
Email: info@ssmti.in

## ਟੈਂਡਰ ਨੋਟਿਸ

ਇਸ ਇਸ਼ਤਿਹਾਰ ਰਾਹੀਂ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸੀ ਐੱਚ ਸੀ ਸ਼ਾਮ ਚੁਰਾਸੀ ਵਿਖੇ ਏ ਸੀ ਖਰੀਦਣ ਲਈ ਹੇਠ ਲਿਖੇ ਮਾਪਦੰਡਾਂ ਅਨੁਸਾਰ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। (1) Window AC 1 Ton, 1.5 Ton, 2 Ton, FivStar Rating (Carrier, HITACHI, LG,VOLTAS) ਚਾਹਵਾਨ ਪਾਰਟੀਆਂ ਆਪਣੇ ਟੈਂਡਰ ਮਿਤੀ 06-05-2025 ਤੱਕ ਕਮਰਾ ਨੰਬਰ 2 ਵਿਖੇ ਜਮ੍ਹਾਂ ਕਰਵਾ ਸਕਦੀਆਂ ਹਨ। ਟੈਂਡਰ ਮਿਤੀ 07-05-2025 ਨੂੰ 12 ਵਜੇ ਗਠਿਤ ਕਮੇਟੀ ਵੱਲੋਂ ਚਾਹਵਾਨਾਂ ਦੀ ਹਾਜ਼ਰੀ ਵਿੱਚ ਖੋਲ੍ਹੇ ਜਾਣਗੇ। ਨਿਮਨਹਸਤਾਖਰ ਕਿਸੇ ਵੀ ਕਾਰਨ ਇਨ੍ਹਾਂ ਟੈਂਡਰਾਂ ਨੂੰ ਰੱਦ ਕਰ ਸਕਦਾ ਹੈ।

ਸੀਨੀਅਰ ਮੈਡੀਕਲ ਅਫ਼ਸਰ,
ਸੀ ਐਚ ਸੀ ਸ਼ਾਮ ਚੁਰਾਸੀ ਹੁਸ਼ਿਆਰਪੁਰ

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ [illegible] ਸਹਾਇਕ ਕੁਲੈਕਟਰ ਦਰਜਾ ਅੱਵਲ, ਜਲੰਧਰ।

[illegible] Ajit Singh Son of Santa Singh Son of Mehnga Singh resident of Village Gadowali, Tehsil Jalandhar-2, District Jalandhar presently living at Abroad in UK at 25 ALLANHALL WAY, KIRKELLA HULL HU107QU 2. Surinder Kaur wife of Makhan Singh son of Sanata Singh son of Mehnga Singh resident of Village Gaddowali, Tehsil Jalandhar-2, District Jalandhar presently living abroad in UK at 32 ERTH AVENUE, BRADFORD, Wyorkshire, BD 2 IEE. Petitioner

ਨੋਟਿਸ ਬਨਾਮ

1. Jagtar Singh, 2. Harmit Singh - sons, 3. Harjinder Kaur, 4. Parjinder Kaur D/o Makhan Singh son of Santa Singh, 5. Kuldeep Singh Uppal, 6. Kundan Singh Uppal sons of Sarwan Singh son of Mehnga Singh, 7. Balbir Singh, 8. Bakhshish Singh, 9. Harbhajan Singh sons of Mehnga Singh son of Bur Singh, [illegible]

[illegible]

ਸਹੀ/- ਜ਼ਿਲ੍ਹਾ ਮਾਲ ਅਫ਼ਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਜਲੰਧਰ।
ਨੰਬਰ : 738/ਰੀਡਰ/ਡੀ.ਆਰ.ਓ. ਮਿਤੀ: 16.4.25



# ਕਲਾਸੀਫਾਈਡ ਇਸ਼ਤਿਹਾਰ



## Change of Name

I, Maninder Kaur alias Manjit Rani W/o Prem Kumar R/o VPO Kotli Than Singh, Jalandhar have Changed my name to Maninder Kaur. All Concerned please note.

I,Rajnish Kumar S/O late Sh.Kewal Krishan R/O 978,HIG Sector-3,Opp.Custom Colony,Ranjit Avenue, Amritsar,Punjab inform that Rajnish Kumar and Rajnish Kumar Lakhanpal both names are mine and one and the same person and have equal value.

I, Harpreet Kaur Sandha W/o Mandeep Singh R/o Village Mohablipur, Teh. Sultanpur Lodhi, Distt. Kapurthala, Now I have changed my name Harpreet Kaur to Harpreet Kaur Sandha. Concerned note.

I, Balbir Kaur W/o Gurmail Singh R/o Buddi Pind, Teh. Tanda (Hoshiarpur) Punjab have changed the spelling of my name from Balbir Kaur to Balvir Kaur. Please note. (Behl)

I, Gurdip Singh S/o Swaran Singh R/o Village Hamza, Tehsil Majitha, Distt. Amritsar, Punjab-143601 have changed my name from Gurdip Singh S/o Swaran to Gurdeep Singh S/o Sawarn Singh.

I, Akashdeep Singh S/o Manjit Singh R/o VPO Makowal Tehsil Ajnala District Amritsar have changed my name from Akashdeep Singh to Akashdeep Singh Bhangu.

I, Kamlesh Rani w/o Gurmukh Kumar r/o Vill. Gandhwan, Po. Athouli, Teh. Phagwara, Kapurthala have changed my name to Rani Kamlesh (Surname as Rani) All Please Note.

I, Maninder Singh S/O Sudarshan Singh, 2488/2 Himachal Transport Company, Backside State Bank Of India Main Branch, Ghee Mandi, Amritsar Punjab 143001 Have Declared That Maninder Singh And Maninder Singh Thakur Both Are The Names Of Mine. Both Are One And The Same Person.all Concerned Please Note.

I, Kamal Bhalla S/O Kishan Lal Bhalla Vpo Malsian, Tehsil Shahkot, Distt. Jalandhar - 144701 Have Changed The Name Of My Minor Son From Divam To Divam Bhalla. (Surname Bhalla). All Note.

I, Kamal Bhalla S/O Kishan Lal Bhalla Vpo Malsian, Tehsil Shahkot, Distt. Jalandhar - 144701 Have Changed The Name Of My Minor Daughter From Kanika To Kanika Bhalla. (Surname Bhalla). All Note.

I Jagdev Singh S/O Kashmir Singh R/O Mulewal Araian, Tehsil Shahkot, District Jalandhar-144702, Punjab have changed my name Jagdev Singh to Singh Jagdev. Jagdev considered as given name and Singh considered as Surname. Note Please.

I Prabhdeep Singh S/O Balwinder Singh R/O Mulewal Araian, Tehsil Shahkot, District Jalandhar-144702, Punjab have changed my name Prabhdeep Singh to Singh Prabhdeep. Singh considered as Surname and Prabhdeep considered as given name. Note Please.

I, Des Raj son of Shri Munshi Ram Gill resident of H. No. 276, Jagjit Colony, Ward No. 11, V.P.O. Dakoha, Jalandhar have changed my name to Des Raj Gill. All concerned may note please.

I Harbhajan Singh S/o Kundan Singh R/o Vill. Mal Chak Po Kang Teh Khadur Sahib Distt Tarn Taran have changed my name to Harbhajan Singh Kang.

I Balwinder Kaur W/o Harbhajan Singh Kang R/o Vill. Mal Chak PO Kang Teh Khadur Sahib Distt Tarn Taran have changed my name to Balwinder Kaur Kang.

I Navjot W/o Karan Kakkar R/o Flat No.13 Gf Near Govt Middle School Palli Hills Apartments PO Grain Market Jalandhar have changed my name to Navjot Kakkar

I Satweer Kour Lakhanpal W/O Jaswinder Singh R/O H.No.L-13/824 Kot Baba Deep Singh Gali No 2 Sultanwind Road Amritsar Have Changed My Name From Satweer Kour Lakhanpal To Satweer Kaur

I Gurpreet Singh S/O Darshan Singh R/O Village Valtoha, Pati Mate Ki Tehsil Patti Distt Tarn Taran That Declare Singh Is My Surname And Gurpreet Is My Given Name

I, Kirpal Singh S/o Raghbir Singh R/o Village Jhander Amritsar have declare that my father was known by two names Lakhbir Singh and Raghbir Singh one and same person

I, Vinod Kumar Sharma S/o Des Raj R/o H.No.F-21/443, Sandhu Colony, Majitha Road, Amritsar have changed my name from Vinod Kumar Sharma to Vinod Kumar

I Gopika D/o Ravi Kumar Resident of Plot No.7, Aroor Singh, Amritsar. I have changed my name from Gopika to Gopika Taank. All concerned please note.

I, Preety Chawla W/o Harpinder Singh R/o H.No. 109, Back Side KMV College, Vikas Puri Lower, Jalandhar, Punjab have changed my name from Preety to Preety Chawla. All concerned please note.

I, Kulbir Walia W/o Jasvinder Singh R/o House No. S-80, Industrial Area, Jalandhar -144004, Punjab, have changed my name from Kulbir Walia to Kulbir Kaur, after marriage. All concerned noted.

I, Joginder Paul S/o Harnam Dass R/o H.No. 164, Mohan Vihar, PO. Ladhewali, Jalandhar, Punjab have changed my name from Joginder Paul to Joginder Paul Bhatia. All concerned please note.

I, Sandeep Kumar Alias Sandeep Thakur S/o Trilok Raj Thakur R/o H.No. 58, New Colony, Gopal Nagar, Jalandhar-144001, Punjab have changed my name from Sandeep Kumar Alias Sandeep Thakur to Sandeep Thakur. All concerned please note.

I, Meera Devi Alias Meera Thakur W/o Trilok Raj Thakur R/o H.No. 58, New Colony, Gopal Nagar, Jalandhar-144001, Punjab have changed my name from Meera Devi Alias Meera Thakur to Meera Thakur. All concerned please note.

I, Parveen Kaur W/o Baldev Singh R/o Kartarpur Road, Sannidhana, Adoration Convent, Kishangarh, VPO. Naugajja, Distt. Jalandhar have changed my name to given name as Parveen & Surname as Kaur.

## Change of Name

I, Manpreet Kaur W/o Mandeep Singh Banger C/o VPO Saido Bholana, District Kapurthala have changed my name from Manpreet Kaur to Manpreet Kaur Banger. All concerned please Note.

I, Harsimranjot Singh Nahar S/o Kulwant Singh R/o Ward No. 10, VPO Bhulath, Distt. Kapurthala have changed my name from Harsimranjot Singh Nahar to Harsimranjot Singh. All concerned please note.

I, Anju Bala w/o Vishal Loomba r/o H.No.N.L-207, Mohalla Mohindru, Jalandhar Punjab have changed my name from Anju Bala to Anju Loomba, After Marriage. All Please Note.

I, Sonia W/o Jeetendra Sah R/o H. No. 3266 Ward No. 13 Adampur, Distt. Jalandhar have changed my name as Sonia to Sonia Devi. Concerned may note.

I, Navpreet Singh Bindra s/o Paramjit Singh Bindra r/o H. No. 646-B, Surya Enclave, Near Kendrya Sadan, Jalandhar have changed my name from Navpreet Singh Bindra to Navpreet Singh. All Please Note.

I, Amarjit Kaur w/o Paramjit Singh r/o H.No.646-B, Surya Enclave, Near Kendrya Sadan, Jalandhar have changed my name from Amarjit Kaur to Amarjit Kaur Bindra. All Please Note.

I, Paramjit Kumar s/o Mohinder Pal r/o H.No.N.K-299, Jattpura, Jalandhar have changed my minor daughter name from Vasleen Malhi to Malhi Vasleen (Surname as Malhi) All Please Note.

I, Armaan s/o Daljeet Singh r/o VPO. Moron, Tehsil Phillaur, Distt.Jalandhar have changed my name from Armaan to Armaan Rai. (Surname as Rai) All Please Note.

I, Parveen Lata Alias Parveen Bharti w/o Ashok Bharti r/o H.No. 56-A, Vasant Avenue, Jalandhar have changed my name to Parveen Lata Bharti. All Please Note.

I, Sarina w/o Vikas Kehar r/o H.No. 82, New Aman Nagar, Jalandhar-144004, Punjab have changed my name from Sarina to Sarina Kehar. All Please Note.

I, Ashok Kumar S/o Joginder Pal R/o H.No. NJ-478, Sheetla Mandir, Jalandhar, Punjab have changed my name from Ashok Kumar to Ashok Kashyap.

I, Ajit Kaur W/o Bhupinder Singh R/o VPO Saloh, District. Shaheed Bhagat Singh Nagar have changed my name from Ajit Kaur to Rupinder Kaur. All concerned please note.

I, Sukhbir Singh S/O Balwinder Singh R/O Vill.dulla Nangal , Po. Bangowani , District Gurdaspur, Punjab, India Pin Code 143511, I Have Changed My Name From Sukhbir Singh To Singh Sukhbir ,Surname As Singh And Given Name As Sukhbir.

## PUBLIC NOTICE

| 1. ਸੁਮਨ ਕੁਮਾਰ ਸਾਹਨੀ ਪੁੱਤਰ ਹਰੀਦੇ ਸਾਹਨੀ ਪਤਾ: ਪਲਾਟ ਨੰ. 127, ਪਿੰਡ ਕੁਲੀਏਵਾਲ, ਮੁਹੱਲਾ ਗਪੋਲ ਨਗਰ, ਲੁਧਿਆਣਾ ਪੰਜਾਬ 141001. ਨਾਲ ਹੀ : ਗਲੀ ਨੰ: 2/2, ਗੋਪਾਲ ਨਗਰ, ਚੌਕ, ਸ਼ਿਵ ਸ਼ਕਤੀ ਇਨਕਲੇਵ, ਟਿੱਬਾ ਰੋਡ, ਬਸਤੀ ਜੋਧੇਵਾਲ ਲੁਧਿਆਣਾ ਪੰਜਾਬ-141007 (ਕਰਜ਼ਦਾਰ)। 2. ਦੇਵਕੀ ਦੇਵੀ ਪਤਨੀ ਹਿਰਦੇ ਸਾਹਨੀ ਪਤਾ: ਐਨ ਐਚ 80, ਬ੍ਰਹਮਸਥਾਨ, ਬਰਿਆਰਪੁਰ, ਮੁੰਗੇਰ ਬਿਹਾਰ-811211. ਨਾਲ ਹੀ :- ਗਲੀ ਨੰ: 2/2, ਗਪੋਲ ਨਗਰ, ਚੌਕ, ਸ਼ਿਵ ਸ਼ਕਤੀ ਇਨਕਲੇਵ, ਟਿੱਬਾ ਰੋਡ, ਬਸਤੀ ਜੋਧੇਵਾਲ ਲੁਧਿਆਣਾ ਪੰਜਾਬ-141200 (ਸਹਿ-ਕਰਜ਼ਦਾਰ ਅਤੇ ਰਹਿਣਕਾਰ) | ਗੈਰ ਖੇਤੀਬਾੜੀ ਵਾਲੀ ਜਾਇਦਾਦ ਰਕਬਾ 60 ਵਰਗ ਗਜ਼ (ਹਦਬਸਤ ਨੰ. 178) ਪਿੰਡ ਕੁਲੀਏਵਾਲ, ਖੱਤਾ ਨੰ: 1/2, ਖਸਰਾ ਨੰ: 27//21,22,32//2/1, 1/2, 10/2, 27//19, 20, ਜਮ੍ਹਾਂਬੰਦੀ ਸਾਲ 2006-07, ਪਿੰਡ ਕੁਲੀਏਵਾਲ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ ਨਾਲ ਸੰਬੰਧਤ ਸਭ ਕੁਝ। ਹੱਦਾਂ: ਪੂਰਬ : ਗੁਆਂਢ 36'00" ਤੱਕ, ਪੱਛਮ: ਗਲੀ 15'00" ਤੱਕ, ਉੱਤਰ : ਗੁਆਂਢ 36'00" ਤੱਕ, ਦੱਖਣ : ਗੁਆਂਢ 36'00" ਤੱਕ। ਰਹਿਣਕਾਰ : ਦੇਵਕੀ ਦੇਵੀ ਪਤਨੀ ਹਰੀਦੇ ਸਾਹਨੀ। | 15TH APR. 2025 | 15TH MAR. 2025 | Rs. 21,04,117/- as on 15.04.2025 |

ਉਪਰੋਕਤ ਕਰਜ਼ਦਾਰ ਅਤੇ/ਜਾਂ ਉਨ੍ਹਾਂ ਦੇ ਗਰੰਟਰ(ਗਰੰਟਰਾਂ)/ਰਹਿਣਕਾਰ (ਰਹਿਣਕਾਰਾਂ) (ਜਦੋਂ ਵੀ ਲਾਗੂ ਹੋਵੇ) ਨੂੰ ਬਕਾਇਆ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫ਼ਲ ਰਹਿਣ 'ਤੇ 60 ਦਿਨ ਗੁਜ਼ਰ ਜਾਣ ਤੋਂ ਬਾਅਦ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਇਸ ਤੋਂ ਅੱਗੇ ਇਹ ਵੀ ਤੁਹਾਡੇ ਧਿਆਨ 'ਚ ਲਿਆਂਦਾ ਜਾਂਦਾ ਹੈ ਕਿ ਉਕਤ ਸਰਫੇਸੀ ਐਕਟ ਦੇ ਸੈਕਸ਼ਨ 13 (8) ਤਹਿਤ, ਜੇਕਰ ਸਾਡੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਤੈਅ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕਰ ਦਿੱਤੇ ਜਾਂਦੇ ਹਨ ਤਾਂ ਸਾਡੇ ਵੱਲੋਂ ਸਕਿਉਰਡ ਐੱਸਟ ਵਿਕਰੀ ਜਾਂ ਤਬਦੀਲ ਨਹੀਂ ਕੀਤੇ ਜਾਣਗੇ ਅਤੇ ਸਾਡੇ ਵੱਲੋਂ ਸਕਿਉਰਡ ਐੱਸਟ ਨੂੰ ਤਬਦੀਲ ਜਾਂ ਵਿਕਰੀ ਕਰਨ ਸੰਬੰਧੀ ਅਗਲੇ ਕਦਮ ਨਹੀਂ ਉਠਾਏ ਜਾਣਗੇ।

ਮਿਤੀ : 23.04.2025
ਸਥਾਨ : ਪੰਜਾਬ
ਸਹੀ/- ਅਧਿਕਾਰਤ ਅਫਸਰ
ਵਾਸਤੇ ਯੈੱਸ ਬੈਂਕ ਲਿਮਟਿਡ



## Capital Small Finance Bank Ltd.
HO:- MIDAS Corporate Park, 3rd Floor, 37, G.T. Road, Jalandhar-144001, Punjab, India

**(ਅਚੱਲ ਜਾਇਦਾਦ ਵਾਸਤੇ) ਕਬਜ਼ਾ ਨੋਟਿਸ**
[ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 8 (1) ਅਧੀਨ]

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 29.01. 2025 ਨੂੰ ਇਕ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰ ਅਤੇ ਗਰੰਟਰ ਮੈਸ: ਰੀਨਾ ਬੁਟੀਕ ਸ੍ਰੀਮਤੀ ਰੀਨਾ ਰਾਣੀ ਪਤਨੀ ਪਰਮਜੀਤ ਸਿੰਘ, ਸ੍ਰੀ ਦੇਸ ਰਾਜ ਪੁੱਤਰ ਨਸੀਬ ਚੰਦ, ਸ੍ਰੀ ਪਰਮਜੀਤ ਸਿੰਘ ਪੁੱਤਰ ਰਾਜੂ ਅਤੇ ਸ੍ਰੀ ਜਗੀਰ ਸਿੰਘ ਕੈਲੇ ਪੁੱਤਰ ਗੁਰਮੇਜ ਸਿੰਘ ਨੂੰ ਨੋਟਿਸ 'ਚ ਵਰਨਣ ਰਾਸ਼ੀ ਰੁਪਏ 22,44,841.91 (ਰੁਪਏ ਬਾਈ ਲੱਖ ਚੁਤਾਲੀ ਹਜ਼ਾਰ ਅੱਠ ਸੌ ਇਕਤਾਲੀ ਰੁਪਏ ਅਤੇ ਇਕਾਨਵੇਂ ਪੈਸੇ ਕੇਵਲ) ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ 01.01.2025 ਤੋਂ ਭਵਿੱਖੀ ਵਿਆਜ ਸਮੇਤ ਅਦਾ ਕਰਨ ਲਈ ਕਿਹਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਰੂਲ ਦੇ ਨਿਯਮ 8 ਅਤੇ 9 ਨਾਲ ਪੜ੍ਹੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਮਿਤੀ 22 ਅਪ੍ਰੈਲ 2025 ਨੂੰ ਕਬਜ਼ਾ ਲੈ ਲਿਆ ਹੈ।

ਖਾਸ ਤੌਰ 'ਤੇ ਕਰਜ਼ਦਾਰ/ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਰੁਪਏ 22,44,841.91 (ਰੁਪਏ ਬਾਈ ਲੱਖ ਚੁਤਾਲੀ ਹਜ਼ਾਰ ਅੱਠ ਸੌ ਇਕਤਾਲੀ ਰੁਪਏ ਅਤੇ ਇਕਾਨਵੇਂ ਪੈਸੇ ਕੇਵਲ) ਸਮੇਤ 01.01. 2025 ਤੋਂ ਭਵਿੱਖੀ ਵਿਆਜ (ਮਨਫੀ ਵਸੂਲੀ ਜੇਕਰ ਕੋਈ ਹੈ) ਦੇ ਲਈ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ**

ਅਚੱਲ ਜਾਇਦਾਦ ਦਾ ਉਚਿਤ ਰਹਿਣਨਾਮਾ : ਬੈਨਾਮਾ ਦਸਤਾਵੇਜ਼ ਨੰ: 28 ਮਿਤੀ 08.04.2015 ਅਨੁਸਾਰ ਸ੍ਰੀਮਤੀ ਰੀਨਾ ਰਾਣੀ ਪਤਨੀ ਪਰਮਜੀਤ ਸਿੰਘ ਦੀ ਮਲਕੀਅਤ ਜਾਇਦਾਦ 10 ਮਰਲੇ, ਸੰਗ ਢੇਸੀਆਂ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਹਦਬਸਤ ਨੰ: 233 ਨਾਲ ਸੰਬੰਧਤ ਸਭ ਕੁਝ।

ਮਿਤੀ 22.04.2025, ਸਥਾਨ : ਜਲੰਧਰ (ਅਧਿਕਾਰਤ ਅਫ਼ਸਰ)



## Capital Small Finance Bank Ltd.
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ (ਚੱਲ/ਅਚੱਲ ਜਾਇਦਾਦ ਲਈ)**

ਜਿਵੇਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ, 2002 (54 ਆਫ 2002) ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 29.09.2024 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ 1. ਮੈਸਰਜ਼ ਛਬੀਲ ਸਿੰਘ ਐਂਡ ਸਨਜ਼, ਦੁਕਾਨ ਨੰ: 81-2 ਬੀ, ਨਵੀਂ ਦਾਣਾ ਮੰਡੀ, ਮਲੋਟ ਰਾਹੀਂ ਇਸ ਦੇ ਮਾਲਕ ਛਬੀਲ ਸਿੰਘ, 2. ਸ੍ਰੀ ਛਬੀਲ ਸਿੰਘ ਪੁੱਤਰ ਸ੍ਰੀ ਬਲਦੇਵ ਸਿੰਘ ਵਾਸੀ ਗਲੀ ਨੰ: 8, ਆਦਰਸ਼ ਨਗਰ, ਵਾਰਡ ਨੰ: 1, ਮਲੋਟ, ਮੁਕਤਸਰ, ਪੰਜਾਬ-152107 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ ) ਅਤੇ ਗਰੰਟਰ, 3. ਸ੍ਰੀ ਦਿਲਦੀਪ ਸਿੰਘ ਪੁੱਤਰ ਸ੍ਰੀ ਸੁਖਵਿੰਦਰ ਸਿੰਘ ਵਾਸੀ ਗਲੀ ਨੰ: 8, ਆਦਰਸ਼ ਨਗਰ, ਵਾਰਡ ਨੰ: 1, ਮਲੋਟ, ਮੁਕਤਸਰ, ਪੰਜਾਬ-152107, 4. ਸ੍ਰੀ ਬਲਦੇਵ ਸਿੰਘ ਪੁੱਤਰ ਇੰਦਰ ਸਿੰਘ ਵਾਸੀ ਮਕਾਨ ਨੰ: 382, ਪਿੰਡ ਮਲੋਟ, ਤਹਿਸੀਲ ਮਲੋਟ, ਜ਼ਿਲ੍ਹਾ ਫਰੀਦਕੋਟ (ਇਸ ਤੋਂ ਬਾਅਦ ਸੀ ਸੀ ਲਿਮਟ 'ਚ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ 'ਚ ਦਰਸਾਏ ਅਨੁਸਾਰ ਸੀ ਸੀ/110300000002 'ਚ ਰੁਪਏ 54,24,631.66 ਅਤੇ ਡਬਲਯੂ ਸੀ ਟੀ ਐੱਲ ਈ ਸੀ ਐੱਲ ਜੀ ਐੱਸ/110612000006 'ਚ ਰੁਪਏ 3,02,112.68 ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਲਈ ਕਿਹਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰਾਂ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਨਿਯਮ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਖੁਦ ਨੂੰ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।
ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ
ਸੀ ਸੀ/110300000002 'ਚ ਰੁਪਏ 54,24,631.66 ਅਤੇ ਡਬਲਯੂ ਸੀ ਟੀ ਐੱਲ ਈ ਸੀ ਐੱਲ ਜੀ ਐੱਸ/110612000006 'ਚ ਰੁਪਏ 3,02,112.68 ਮਿਤੀ 01.09.2024 ਤੋਂ ਲਾਗੂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

**ਚੱਲ/ਅਚੱਲ ਜਾਇਦਾਦ ਦਾ ਵੇਰਵਾ**

ਪ੍ਰਾਇਮਰੀ ਸਕਿਉਰਿਟੀ : ਸਟਾਕ ਅਤੇ ਬੁੱਕ ਡੈਬਟਸ ਦਾ ਹਾਈਪੋਥੀਕੇਸ਼ਨ
ਕੋਲੈਟਰਲ ਸਕਿਉਰਿਟੀ : ਅਚੱਲ ਜਾਇਦਾਦ ਉੱਚਿਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ: 2018-19/52/759 ਮਿਤੀ 14.06.2018 ਅਨੁਸਾਰ ਸ੍ਰੀ ਛਬੀਲ ਸਿੰਘ ਪੁੱਤਰ ਬਲਦੇਵ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ (1250 ਵਰਗ ਫੁੱਟ) 10×125 ਵਰਗ ਫੁੱਟ, ਨਵੀਂ ਦਾਣਾ ਮੰਡੀ, ਮਲੋਟ ਨਾਲ ਸੰਬੰਧਤ ਸਭ ਕੁਝ। (ਮੌਜੂਦਾ ਪਤਾ : ਦੁਕਾਨ ਨੰ: 81-ਬੀ, ਨਵੀਂ ਦਾਣਾ ਮੰਡੀ, ਮਲੋਟ, ਸ੍ਰੀ ਮੁਕਤਸਰ ਸਾਹਿਬ)

ਮਿਤੀ : 22.04.2025, ਸਥਾਨ : ਮਲੋਟ (ਅਧਿਕਾਰਤ ਅਫਸਰ)



## Capital Small Finance Bank Ltd.
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)**

ਜਿਵੇਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ, 2002 (54 ਆਫ 2002) ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 20.11.2024 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ 1. ਮੈਸਰਜ਼ ਜੈਨ ਪ੍ਰੋਵਿਜ਼ਨ ਸਟੋਰ, ਮਹਾਂਵੀਰ ਜੈਨ ਬਾਜ਼ਾਰ, ਰਾਏਕੋਟ, ਜ਼ਿਲ੍ਹਾ ਲੁਧਿਆਣਾ ਰਾਹੀਂ ਇਸ ਦੇ ਮਾਲਕ ਸ੍ਰੀਮਤੀ ਸੁਮਨ ਜੈਨ 2. ਸ੍ਰੀਮਤੀ ਸੁਮਨ ਜੈਨ ਪਤਨੀ ਕਰੋੜੀ ਮੱਲ ਵਾਸੀ ਮਕਾਨ ਨੰ: 2649, ਵਾਰਡ ਨੰ: 14, ਮੁਹੱਲਾ ਵੋਹਰੀਆਂ, ਰਾਏਕੋਟ, ਲੁਧਿਆਣਾ, ਪੰਜਾਬ 141109 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ 3. ਸ੍ਰੀ ਕਰੋੜੀ ਮੱਲ ਜੈਨ ਪੁੱਤਰ ਸੁਲੇਖ ਚੰਦ ਜੈਨ ਵਾਸੀ ਮਕਾਨ ਨੰ: 2649, ਵਾਰਡ ਨੰ: 14, ਮੁਹੱਲਾ ਵੋਹਰੀਆਂ, ਰਾਏਕੋਟ, ਲੁਧਿਆਣਾ, ਪੰਜਾਬ-141109, 4. ਸ੍ਰੀ ਸਾਹਿਲ ਜੈਨ ਪੁੱਤਰ ਕਰੋੜੀ ਮੱਲ ਜੈਨ ਵਾਸੀ ਮਕਾਨ ਨੰ: 2649, ਵਾਰਡ ਨੰ: 14, ਮੁਹੱਲਾ ਵੋਹਰੀਆਂ, ਰਾਏਕੋਟ, ਲੁਧਿਆਣਾ, ਪੰਜਾਬ-141109, 5. ਸ੍ਰੀ ਨਿਤਿਨ ਜੈਨ ਪੁੱਤਰ ਰਾਜ ਕੁਮਾਰ ਜੈਨ ਵਾਸੀ ਮਕਾਨ ਨੰ: 3088, ਮੁਹੱਲਾ ਘੋਸੀਆਂ, ਰਾਏਕੋਟ, ਲੁਧਿਆਣਾ, ਪੰਜਾਬ-141109, 6. ਸ੍ਰੀਮਤੀ ਗੰਗਾ ਦੇਵੀ ਪਤਨੀ ਸੁਲੇਖ ਚੰਦ ਜੈਨ ਵਾਸੀ ਮਕਾਨ ਨੰ: 2649, ਵਾਰਡ ਨੰ: 14, ਮੁਹੱਲਾ ਵੋਹਰੀਆਂ, ਰਾਏਕੋਟ, ਲੁਧਿਆਣਾ, ਪੰਜਾਬ-141109 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ 'ਚ ਦਰਸਾਏ ਅਨੁਸਾਰ ਓ ਡੀ ਟੀ/099400000034 'ਚ ਬਕਾਇਆ ਰਾਸ਼ੀ ਰੁਪਏ 5,47,372 ਅਤੇ ਐੱਲ ਏ ਪੀ/099602000051 'ਚ ਰੁਪਏ ਰਾਸ਼ੀ 6,66,688.30 ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਲਈ ਕਿਹਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰਾਂ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਨਿਯਮ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਖੁਦ ਨੂੰ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਓ ਡੀ ਟੀ/099400000034 'ਚ ਬਕਾਇਆ ਰਾਸ਼ੀ ਰੁਪਏ 5,47,372 ਅਤੇ ਐੱਲ ਏ ਪੀ/099602000051 'ਚ ਰੁਪਏ ਰਾਸ਼ੀ 6,66,688.30 ਮਿਤੀ 1.11.2024 ਤੋਂ ਲਾਗੂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉੱਚਿਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ: 2021-22/22/1/913 ਮਿਤੀ 05.07.2021 ਅਨੁਸਾਰ ਸ੍ਰੀ ਕਰੋੜੀ ਮੱਲ ਜੈਨ ਪੁੱਤਰ ਸੁਲੇਖ ਚੰਦ ਜੈਨ ਦੀ ਮਲਕੀਅਤ ਜਾਇਦਾਦ ਰਕਬਾ 25 ਵਰਗ ਗਜ਼, ਮਕਾਨ ਨੰ: 2710 (ਪੁਰਾਣਾ) 77/15 (ਨਵਾਂ) ਮਿਉਂਸਪਲ ਕੌਂਸਲ ਅਧੀਨ, ਭਗਵਾਨ ਮਹਾਵੀਰ ਜੈਨ ਬਾਜ਼ਾਰ (ਥਾਣਾ ਬਾਜ਼ਾਰ), ਰਾਏਕੋਟ, ਜ਼ਿਲ੍ਹਾ ਲੁਧਿਆਣ ਨਾਲ ਸੰਬੰਧਤ ਸਭ ਕੁਝ।

ਮਿਤੀ : 22.04.2025, ਸਥਾਨ : ਰਾਏਕੋਟ (ਅਧਿਕਾਰਤ ਅਫਸਰ)

## ਪਹਿਲਗਾਮ 'ਚ ਇਨਸਾਨੀਅਤ ਦਾ ਕਤਲ ਕਾਇਰ ਤੇ ਬੁਜ਼ਦਿਲ ਲੋਕਾਂ ਦਾ ਕਾਰਨਾਮਾ : ਸੰਤ ਸਰਵਣ ਦਾਸ , ਸੰਤ ਸਤਵਿੰਦਰ ਹੀਰਾ





**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਬੀਤੇ ਦਿਨੀਂ ਕਸ਼ਮੀਰ ਦੇ ਪਹਿਲਗਾਮ ਵਿਖੇ 27 ਸੈਲਾਨੀਆਂ ਦੇ ਕਤਲੇਆਮ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਿਆ ਕਰਦਿਆਂ ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ. ਮੀਤ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਅਤੇ ਸੰਤ ਸਤਵਿੰਦਰ ਹੀਰਾ ਕੌਮੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਨੇ ਕਿਹਾ ਕਿ ਪਹਿਲਗਾਮ ਵਿੱਚ ਦਿਨ ਦਿਹਾੜੇ ਇਨਸਾਨੀਅਤ ਦਾ ਕਤਲ ਹੋਇਆ ਅਤੇ ਕਤਲ ਕਰਨ ਵਾਲੇ ਇਨਸਾਨ ਨਹੀਂ ਬਲਕਿ ਕਾਇਰ ਤੇ ਬੁਜ਼ਦਿਲ ਲੋਕ ਹਨ ਜਿਨ੍ਹਾਂ ਨੇ ਆਪਣੇ ਪਰਵਾਰਾਂ ਨਾਲ ਕਸ਼ਮੀਰ ਵਾਦੀ ਵਿਚ ਘੁੰਮਣ ਗਏ ਨਿਰਦੋਸ਼ ਲੋਕਾਂ ਨੂੰ ਗੋਲੀਆਂ ਮਾਰੀਆਂ ਉਨਾਂ ਕਿਹਾ ਕਿ ਇਹੋ ਜਿਹੇ ਦਰਿੰਦੇ ਲੋਕਾਂ ਨੂੰ ਸਖ਼ਤ ਸਜ਼ਾ ਮਿਲਣੀ ਚਾਹੀਦੀ ਹੈ। ਸੰਤ ਸਰਵਣ ਦਾਸ , ਸੰਤ ਸਤਵਿੰਦਰ ਹੀਰਾ ਨੇ ਮਾਰੇ ਗਏ ਲੋਕਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਭਾਰਤ ਸਰਕਾਰ ਦੁਖੀ ਪਰਵਾਰਾਂ ਨੂੰ ਇਨਸਾਫ ਦਿਵਾਏ ਅਤੇ ਮਨੁੱਖਤਾ ਵਿਰੋਧੀ ਦਹਿਸ਼ਤਗਰਦਾਂ ਨਾਲ ਸਖ਼ਤੀ ਨਾਲ ਪੇਸ਼ ਆਵੇ। ਉਨਾਂ ਕਿਹਾ ਨਿਹੱਥੇ ਅਤੇ ਨਿਰਦੋਸ਼ ਲੋਕਾਂ ਦੀ ਗੋਲੀਆਂ ਨਾਲ ਹੱਤਿਆ ਕਰਨ ਵਾਲੇ ਇਨਸਾਨ ਨਹੀਂ ਹੈਵਾਨ ਹੋ ਸਕਦੇ ਹਨ। ਉਨ੍ਹਾਂ ਕਿਹਾ ਕਿ ਪਹਿਲਗਾਮ ਘਟਨਾ 'ਤੇ ਸਿਆਸਤ ਨਾ ਕੀਤੀ ਜਾਵੇ ਸਗੋਂ ਇਸ ਘਟਨਾ ਨੂੰ ਗੰਭੀਰਤਾ ਨਾਲ ਸਮਝ ਕੇ ਅਜਿਹੇ ਅਮਨ ਸ਼ਾਂਤੀ, ਇਨਸਾਨੀਅਤ ਵਿਰੋਧੀ ਲੋਕਾਂ ਨੂੰ ਉਨਾਂ ਦੀ ਹੀ ਭਾਸ਼ਾ ਵਿੱਚ ਜਬਾਬ ਦਿੱਤਾ ਜਾਣਾ ਚਾਹੀਦਾ ਹੈ ਤਾਂ ਕਿ ਦੁਬਾਰਾ ਅਜਿਹੀ ਖੌਫਨਾਕ ਘਟਨਾ ਨਾ ਵਾਪਰੇ।

## ਪਹਿਲਗਾਮ ਅੱਤਵਾਦੀ ਘਟਨਾ ਦੇ ਵਿਰੋਧ 'ਚ ਹੁਸ਼ਿਆਰਪੁਰ ਮੁਕੰਮਲ ਬੰਦ ਰਿਹਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪਹਿਲਗਾਮ ਦੇ ਅੱਤਵਾਦੀ ਹਮਲੇ ਵਿੱਚ ਨਿਰਦੋਸ਼ ਟੂਰਿਸਟਾਂ ਦੇ ਮਾਰੇ ਜਾਣ ਦੇ ਰੋਸ ਵਜੋਂ ਕੁਝ ਹਿੰਦੂ ਜਥੇਬੰਦੀਆਂ ਵੱਲੋਂ ਅਚਾਨਕ ਦਿੱਤੀ ਗਈ ਹੁਸ਼ਿਆਰਪੁਰ ਬੰਦ ਦੀ ਕਾਲ ਦੇ ਮੱਦੇਨਜ਼ਰ ਹੁਸ਼ਿਆਰਪੁਰ ਸ਼ਹਿਰ ਦੀ ਹਦੂਦ ਅੰਦਰ ਲਗਭਗ ਸਾਰੇ ਕਾਰੋਬਾਰੀ ਅਦਾਰੇ, ਦੁਕਾਨਾਂ ਅਤੇ ਸਿੱਖਿਆ ਸੰਸਥਾਨ ਬੰਦ ਰਹੇ ਜਦਕਿ ਹੁਸ਼ਿਆਰਪੁਰ ਸ਼ਹਿਰ ਦੇ ਬਾਹਰਵਾਰ ਅਤੇ ਹੋਰ ਕਸਬਿਆਂ ਵਿੱਚ ਦੁਕਾਨਾਂ ਤੇ ਕਾਰੋਬਾਰੀ ਅਦਾਰੇ ਆਮ ਵਾਂਗ ਖੁੱਲ੍ਹੇ ਰਹੇ । ਸਵੇਰ ਦੇ 9 ਵੱਜਦਿਆਂ ਸਾਰ ਹੀ ਹਿੰਦੂ ਜਥੇਬੰਦੀਆਂ ਦੇ ਨੁਮਾਇੰਦੇ ਵੱਡੀ ਗਿਣਤੀ ਵਿੱਚ ਸ਼ਹਿਰ ਦੇ ਬਾਜ਼ਾਰਾਂ ਵਿੱਚ ਨਿਕਲ ਆਏ ਅਤੇ ਜ਼ੋਰਦਾਰ ਨਾਅਰੇ ਮਾਰਦੇ ਹੋਏ ਵੱਖ-ਵੱਖ ਗਰੁੱਪਾਂ ਵਿੱਚ ਪੂਰਾ ਸ਼ਹਿਰ ਬੰਦ ਕਰਵਾਉਣਾ ਸ਼ੁਰੂ ਕਰ ਦਿੱਤਾ । ਅਚਾਨਕ ਦਿੱਤੀ ਗਈ ਇਸ ਬੰਦ ਦੀ ਕਾਲ ਕਾਰਨ ਦੂਰ ਦੁਰਾਡੇ ਦੇ ਪਿੰਡਾਂ ਤੋਂ ਆਪਣੇ ਕੰਮਾਂਕਾਰਾਂ ਨੂੰ ਲੈ ਕੇ ਸ਼ਹਿਰ ਆਏ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਖ਼ਾਸ ਕਰਕੇ ਵਡੇਰੀ ਉਮਰ ਦੀਆਂ ਔਰਤਾਂ, ਬਜ਼ੁਰਗਾਂ ਅਤੇ ਬੱਚਿਆਂ ਨੂੰ ਨਾਲ ਲੈ ਕੇ ਆਈਆਂ ਔਰਤਾਂ ਨੂੰ ਗਰਮੀ ਵਿੱਚ ਇਧਰ ਉਧਰ ਭਟਕਣਾ ਪਿਆ । ਪ੍ਰਦਰਸ਼ਨਕਾਰੀਆਂ ਨੇ ਸ਼ਹਿਰ ਦੀਆਂ ਦੁਕਾਨਾਂ ਤੋਂ ਇਲਾਵਾ ਪੈਟਰੋਲ ਪੰਪਾਂ, ਬੈਂਕਾਂ, ਨਿੱਜੀ ਕੰਪਨੀਆਂ, ਇੱਥੋਂ ਤੱਕ ਕਿ ਰੇਹੜੀਆਂ ਫੜੀਆਂ ਵਾਲਿਆਂ ਛੋਟੀਆਂ ਦੁਕਾਨਾਂ ਨੂੰ ਵੀ ਨਹੀਂ ਬਖਸ਼ਿਆ। ਹੁਸ਼ਿਆਰਪੁਰ ਦੇ ਅੰਤਰਰਾਜੀ ਬੱਸ ਸਟੈਂਡ ਨੂੰ ਵੀ ਪ੍ਰਦਰਸ਼ਨਕਾਰੀਆਂ ਨੇ ਘੇਰ ਕੇ ਬੱਸਾਂ ਬੰਦ ਕਰਵਾਈਆਂ ਪਰ ਕੁਝ ਸਮੇਂ ਬਾਅਦ ਬੱਸ ਸੇਵਾ ਚਾਲੂ ਹੋਣ ਕਾਰਨ ਲੋਕਾਂ ਨੇ ਕੁਝ ਰਾਹਤ ਮਹਿਸੂਸ ਕੀਤੀ । ਕੁੱਝ ਥਾਵਾਂ ਤੇ ਦੁਕਾਨਦਾਰਾਂ ਨਾਲ ਪ੍ਰਦਰਸ਼ਨਕਾਰੀਆਂ ਦੀ ਗਰਮਾ ਗਰਮੀ ਵੀ ਹੋਈ ਪਰ ਉਹਨਾਂ ਦੇ ਨਾਲ ਚੱਲ ਰਹੀ ਪੁਲਸ ਮੂਕ ਦਰਸ਼ਕ ਬਣੀ ਹੋਈ ਦੇਖੀ ਗਈ । ਹੁਸ਼ਿਆਰਪੁਰ ਪੁਲਸ ਵੱਲੋਂ ਇਸ ਬੰਦ ਦੇ ਸੱਦੇ ਨੂੰ ਲੈ ਕੇ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਸਨ ਤੇ ਪ੍ਰਦਰਸ਼ਨਕਾਰੀਆਂ ਦੇ ਨਾਲ ਨਾਲ ਪੁਲਸ ਦੀਆਂ ਗੱਡੀਆਂ ਤੇ ਅਧਿਕਾਰੀ ਚੱਲ ਰਹੇ ਸਨ । ਹੁਸ਼ਿਆਰਪੁਰ ਵਿੱਚ ਹਿੰਦੂ ਜਥੇਬੰਦੀਆਂ ਵੱਲੋਂ ਕੀਤੇ ਗਏ ਇਸ ਬੰਦ ਦੇ ਪ੍ਰਦਰਸ਼ਨ ਦੌਰਾਨ ਜ਼ਿਆਦਾਤਰ ਭਾਜਪਾਈ ਆਗੂ ਹੀ ਸਰਗਰਮ ਦੇਖੇ ਗਏ । ਬਾਅਦ ਦੁਪਹਿਰ ਕਰੀਬ ਤਿੰਨ ਚਾਰ ਵਜੇ ਤੋਂ ਬਾਅਦ ਦੁਕਾਨਾਂ ਖੁੱਲ੍ਹਣੀਆਂ ਸ਼ੁਰੂ ਹੋ ਗਈਆਂ ਸਨ । ਵੱਖ-ਵੱਖ ਸੰਸਥਾਵਾਂ ਵੱਲੋਂ ਇਸ ਅੱਤਵਾਦੀ ਘਟਨਾ ਵਿੱਚ ਨਿਰਦੋਸ਼ ਲੋਕਾਂ ਦੇ ਮਾਰੇ ਜਾਣ ਦੇ ਰੋਸ ਵਜੋਂ ਕੈਂਡਲ ਮਾਰਚ ਕੱਢਣ ਦਾ ਸਿਲਸਿਲਾ ਅੱਜ ਵੀ ਜਾਰੀ ਰਿਹਾ ।

## ਪ੍ਰਭ ਆਸਰਾ ਵੈੱਲਫੇਅਰ ਸੁਸਾਇਟੀ ਵੱਲੋਂ ਜ਼ਖ਼ਮੀ ਬਿਜਲੀ ਕਰਮਚਾਰੀ ਨੂੰ 50 ਹਜ਼ਾਰ ਰੁਪਏ ਦੀ ਰਾਸ਼ੀ ਭੇਟ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਮੰਜੋਮਜਾਰਾ ਠੱਕਰਵਾਲ ਦੇ ਵਸਨੀਕ ਰਵੀ ਕੁਮਾਰ ਪੁੱਤਰ ਰਾਮ ਪ੍ਰਕਾਸ਼ ਵਾਸੀ ਮੰਜੋਮਜਾਰਾ ਠੱਕਰਵਾਲ ਜ਼ਿਲ੍ਹਾ ਹੁਸ਼ਿਆਰਪੁਰ ਮਾਹਿਲਪੁਰ ਸ਼ਹਿਰ ਦੇ ਇਲਾਕੇ ਵਿੱਚ ਬਿਜਲੀ ਕਰਮਚਾਰੀ ਕੰਮ ਕਰਦੇ ਸਮੇਂ ਜ਼ਬਰਦਸਤ ਕਰੰਟ ਲੱਗਣ ਨਾਲ ਗੰਭੀਰ ਜ਼ਖ਼ਮੀ ਹੋ ਗਿਆ ਸੀ। ਇਸ ਮੌਕੇ ਪਰਵਾਰ ਵੱਲੋਂ ਜ਼ਖ਼ਮੀ ਰਵੀ ਕੁਮਾਰ ਨੂੰ ਲੁਧਿਆਣਾ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ। ਇਸ ਮੌਕੇ ਇਲਾਕੇ ਦੀ ਪ੍ਰਸਿੱਧ ਸੰਸਥਾ ਪ੍ਰਭ ਆਸਰਾ ਵੈਲਫੇਅਰ ਸੁਸਾਇਟੀ ਰਜਿ ਵੱਲੋਂ ਪੀੜਤ ਰਵੀ ਕੁਮਾਰ ਵਾਸੀ ਮੰਜੋਮਜਾਰਾ ਠੱਕਰਵਾਲ ਦੇ ਪਰਵਾਰ ਨੂੰ ਇਲਾਜ ਕਰਵਾਉਣ ਲਈ 50 ਹਜ਼ਾਰ ਰੁਪਏ ਦੀ ਰਾਸ਼ੀ ਸੁਸਾਇਟੀ ਮੈਂਬਰਾਂ ਵੱਲੋਂ ਦਿੱਤੀ ਗਈ। ਇਸ ਮੌਕੇ ਦਰਸ਼ਨ ਸਿੰਘ ਰਾਜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪ੍ਰਭ ਆਸਰਾ ਵੈਲਫੇਅਰ ਸੁਸਾਇਟੀ ਪਿਛਲੇ ਕਾਫੀ ਲੰਬੇ ਸਮੇਂ ਤੋਂ ਗਰੀਬਾਂ ਅਤੇ ਲੋੜਵੰਦਾਂ ਦੀ ਸਹਾਇਤਾ ਕਰਦੀ ਆ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਸੁਸਾਇਟੀ ਵਿੱਚ ਸਭ ਤੋਂ ਜ਼ਿਆਦਾ ਦਾਨ ਆਮ ਆਈ ਵੀਰ ਸਹਿਯੋਗ ਦੇ ਰਹੇ ਹਨ। ਇਸ ਮੌਕੇ ਪੀੜਤ ਪਰਵਾਰ ਨੇ ਪ੍ਰਭ ਆਸਰਾ ਵੈਲਫੇਅਰ ਸੁਸਾਇਟੀ ਰਜਿ ਦੇ ਸਮੂਹ ਮੈਂਬਰਾਂ ਦਾ ਇਲਾਜ ਕਰਵਾਉਣ ਦਿੱਤੀ ਸਹਾਇਤਾ ਦਾ ਧੰਨਵਾਦ ਕੀਤਾ।ਇਸ ਮੌਕੇ ਸੁਸਾਇਟੀ ਦੇ ਐਮ ਡੀ ਜੋਧਾ ਅਮਰੀਕ, ਚੇਅਰਮੈਨ ਮਨੇਜਰ ਹਰਦੇਵ ਸਿੰਘ ਲਾਡੀ, ਵਾਇਸ ਚੇਅਰਮੈਨ ਕਰਮਜੀਤ ਸਿੰਘ ਮੰਡ, ਪ੍ਰਧਾਨ ਦਲਜੀਤ ਸਿੰਘ ਮੰਡ, ਵਾਇਸ ਪ੍ਰਧਾਨ ਮਾਸਟਰ ਕਰਮਜੀਤ ਸਿੰਘ, ਦਰਸ਼ਨ ਸਿੰਘ ਰਾਜਾ, ਸਰਬਜੀਤ ਸਿੰਘ ਸਾਬੀ, ਮਨਜੀਤ ਸਿੰਘ ਫੌਜੀ, ਮਨਜੀਤ ਸਿੰਘ ਕਲਸੀ, ਨਰਿੰਦਰ ਸਿੰਘ ਮੰਝ, ਨਰਿੰਦਰ ਸਿੰਘ ਬਢੇਲਾ, ਨਰਿੰਦਰ ਸਿੰਘ ਠੱਕਰਵਾਲ, ਜਸਵੰਤ ਸਿੰਘ ਬਢੇਲਾ ਆਦਿ ਹਾਜ਼ਰ ਸਨ।

## ਐੱਸ ਡੀ ਐੱਮ ਨੇ ਮਿੰਨੀ ਗਰੋਥ ਸੈਂਟਰ ਟਾਂਡਾ ਦਾ ਕੀਤਾ ਅਚਨਚੇਤ ਦੌਰਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪੰਜਾਬ ਸਰਕਾਰ ਅਤੇ ਡਿਪਟੀ ਕਮਿਸ਼ਨਰ, ਹੁਸ਼ਿਆਰਪੁਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐਸ.ਡੀ.ਐਮ. ਟਾਂਡਾ ਪਰਮਪ੍ਰੀਤ ਸਿੰਘ ਅਤੇ ਜਨਰਲ ਮੈਨੇਜਰ ਜਿਲ੍ਹਾ ਉਦਯੋਗ ਕੇਂਦਰ ਹੁਸ਼ਿਆਰਪੁਰ ਅਰੁਣ ਕੁਮਾਰ ਵੱਲੋਂ ਫੋਕਲ ਪੁਆਇੰਟ ਟਾਂਡਾ ਸਥਿਤ ਮਿੰਨੀ ਗਰੋਥ ਸੈਂਟਰ ਟਾਂਡਾ ਨੂੰ ਅਪਗ੍ਰੇਡ ਕਰਨ ਅਤੇ ਉਦਯੋਗਪਤੀਆਂ ਨੂੰ ਵੱਖ-ਵੱਖ ਸਹੂਲਤਾਂ ਦਾ ਜਾਇਜ਼ਾ ਲੈਣ ਲਈ ਮਿੰਨੀ ਗਰੋਥ ਸੈਂਟਰ ਟਾਂਡਾ ਦਾ ਦੌਰਾ ਕੀਤਾ ਗਿਆ। ਇਸ ਮੌਕੇ ਐਸ.ਡੀ.ਐਮ. ਟਾਂਡਾ ਪਰਮਪ੍ਰੀਤ ਸਿੰਘ ਵੱਲੋਂ ਇੰਡਸਟ੍ਰੀਅਲ ਐਸੋਸੀਏਸ਼ਨ ਨਾਲ ਮੀਟਿੰਗ ਕੀਤੀ ਗਈ। ਜਿਸ ਵਿੱਚ ਉਹਨਾਂ ਵੱਲੋਂ ਉੱਥੇ ਦੇ ਉਦਯੋਗਪਤੀਆਂ ਦੇ ਸੁਝਾਅ ਮੰਗੇ ਗਏ। ਇਸ ਦੌਰਾਨ ਐਸੋਸੀਏਸ਼ਨ ਦੱਸਿਆ ਕਿ ਮਿੰਨੀ ਗਰੋਥ ਸੈਂਟਰ ਟਾਂਡਾ ਵਿੱਚ ਸੀਵਰ ਟਰੀਟਮੈਂਟ ਪਲਾਂਟ ਨਹੀਂ ਲੱਗਾ ਹੋਇਆ, ਜਿਸ ਕਾਰਨ ਉਹਨਾਂ ਨੂੰ ਸੀਵਰ ਸਬੰਧੀ ਬਹੁਤ ਸਮੱਸਿਆ ਹੁੰਦੀ ਹੈ। ਇਸ ਤੋਂ ਇਲਾਵਾ ਐਸੋਸੀਏਸ਼ਨ ਨੇ ਇਹ ਵੀ ਦੱਸਿਆ ਕਿ ਬਿਜਲੀ ਸਬੰਧੀ ਘਰੇਲੂ ਅਤੇ ਉਦਯੋਗਿਕ ਲਈਨ ਇੱਕ ਹੀ ਹੈ, ਜਿਸ ਕਾਰਨ ਉਹਨਾਂ ਨੂੰ ਕੁਨੈਕਸ਼ਨ ਲੈਣ ਵਿੱਚ ਦਿੱਕਤ ਆਉਂਦੀ ਹੈ। ਜੋ ਗਰੀਨ ਬੈਲਟ ਅਤੇ ਪਾਰਕ ਬਣਾਏ ਗਏ ਉਹਨਾਂ ਦੀ ਦੇਖਭਾਲ ਵੀ ਹੋਣੀ ਚਾਹੀਦੀ ਹੈ। ਉਹਨਾਂ ਵੱਲੋਂ ਇਹ ਵੀ ਮੰਗ ਕੀਤੀ ਕਿ ਜੇਕਰ ਫੋਕਲ ਪੁਆਇੰਟ ਵਿੱਚ ਮੁਹੱਲਾ ਕਲੀਨਕ ਖੁੱਲ੍ਹ ਜਾਵੇ ਤਾਂ ਉਹਨਾਂ ਨੂੰ ਅਤੇ ਉਹਨਾਂ ਦੇ ਵਰਕਰਾਂ ਨੂੰ ਬਹੁਤ ਸਹੂਲਤ ਮਿਲ ਜਾਵੇਗੀ। ਐਸ.ਡੀ.ਐਮ. ਨੇ ਐਸੋਸੀਏਸ਼ਨ ਦੇ ਮੈਂਬਰਾਂ ਨੂੰ ਦੱਸਿਆ ਕਿ ਪੰਜਾਬ ਸਰਕਾਰ ਉਦਯੋਗ ਨੂੰ ਪ੍ਰਫੁੱਲਿਤ ਕਰਨ ਲਈ ਵੱਖ-ਵੱਖ ਸਹੂਲਤਾਂ ਪ੍ਰਦਾਨ ਕਰ ਰਹੀ ਹੈ। ਪੰਜਾਬ ਦੇ ਸਾਰੇ ਫੋਕਲ ਪੁਆਇੰਟਾਂ ਵਿੱਚ ਬੇਸਿਕ ਸਹੂਲਤਾਂ ਜਿਵੇਂ ਸੀਵਰੇਜ ਟਰੀਟਮੈਂਟ ਪਲਾਟ, ਪੀਣ ਵਾਲੇ ਪਾਣੀ ਦੇ ਸਹੂਲਤ, ਸਟਰੀਟ ਲਾਈਟਾਂ ਦੀ ਸਹੂਲਤ, ਸੜਕਾਂ ਦੀ ਮੁਰੰਮਤ ਅਤੇ ਅਪਗ੍ਰੇਡੇਸ਼ਨ ਕਰ ਰਹੀ ਹੈ। ਜਿਸ ਵਿੱਚ ਜਿਲ੍ਹਾ ਹੁਸ਼ਿਆਰਪੁਰ ਦਾ ਮਿੰਨੀ ਗਰੋਥ ਸੈਂਟਰ ਵੀ ਸ਼ਾਮਿਲ ਹੈ। ਇਹ ਅੱਪਗ੍ਰੇਡੇਸ਼ਨ ਪੰਜਾਬ ਸਟੇਟ ਇੰਡਸਟ੍ਰੀਅਲ ਐਕਸਪੋਰਟ ਕਾਰਪੋਰੇਸ਼ਨ ਵੱਲੋਂ ਕਰਵਾਈ ਜਾਣੀ ਹੈ ਅਤੇ ਮਿੰਨੀ ਗਰੋਥ ਸੈਂਟਰ ਟਾਂਡਾ ਵਿੱਚ ਬਿਜਲੀ ਦੀ ਲਾਈਨ, ਐਸ.ਟੀ.ਪੀ. ਦੀ ਉਸਾਰੀ, ਸਾਰੀ ਗਰੀਨ ਬੈਨਟ ਦੀ ਬਾਊਂਡਰੀ ਵਾਲ, ਸੀਵਰੇਜ ਸਿਸਟਮ ਦੀ ਅੱਪਗ੍ਰੇਡੇਸ਼ਨ, ਪਾਰਕਾਂ ਦੇ ਰੱਖ ਰਖਾਅ ਅਤੇ ਸੜਕਾਂ ਦੀ ਅੱਪਗ੍ਰੇਡੇਸ਼ਨ ਲਈ 499.19 ਲੱਖ ਰੁਪਏ ਦੇ ਐਸਟੀਮੇਟ ਤਿਆਰ ਕੀਤੇ ਗਏ ਹਨ। ਐਸ.ਡੀ.ਐਮ. ਟਾਂਡਾ ਨੇ ਉਦਯੋਗਪਤੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਪੰਜਾਬ ਸਰਕਾਰ ਉਦਯੋਗਪਤੀਆਂ ਨੂੰ ਹਰ ਤਰ੍ਹਾਂ ਦੀ ਸਹੂਲਤ ਪ੍ਰਦਾਨ ਕਰਨ ਲਈ ਵਚਨਬੱਧ ਹੈ। ਮੀਟਿੰਗ ਵਿੱਚ ਅਰੁਣ ਕੁਮਾਰ ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ , ਐਸੋਸੀਏਸ਼ਨ ਦੇ ਪ੍ਰਧਾਨ ਰਾਜੇਸ਼ ਗੋਮਰ, ਮਨਮਿੰਦਰ ਪਾਲ ਸਿੰਘ, ਰਵਿੰਦਰ ਸਿੰਘ ਅਤੇ ਮੁਕੇਸ਼ ਕੁਮਾਰ ਆਦਿ ਹਾਜ਼ਰ ਸਨ।



## ਸਿਖਿਆਰਥੀਆਂ ਵੱਲੋਂ ਪਹਿਲਗਾਮ ਦੇ ਮ੍ਰਿਤਕਾਂ ਨੂੰ ਸ਼ਰਧਾਂਜਲੀਆਂ



**ਬੰਗਾ (ਅਵਤਾਰ ਕਲੇਰ)**- ਪੰਜਾਬ ਸਟੂਡੈਂਟਸ ਯੂਨੀਅਨ ਦੀ ਅਗਵਾਈ ਹੇਠ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਆਈ ਟੀ ਆਈ ਸੰਸਥਾ ਵਿਖੇ ਪਹਿਲਗਾਮ ਵਿਚ ਮਾਰੇ ਗਏ 26 ਨਿਰਦੋਸ਼ਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਇਸ ਹੱਤਿਆ ਕਾਂਡ ਦੀ ਨਿੰਦਾ ਕਰਦਿਆਂ ਪੰਜਾਬ ਸਟੂਡੈਂਟਸ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਰਾਜੂ ਬਰਨਾਲਾ ਅਤੇ ਆਈ ਟੀ ਆਈ ਕਮੇਟੀ ਦੇ ਪ੍ਰਧਾਨ ਹਰਪ੍ਰੀਤ ਸਿੰਘ ਨੇ ਕਿਹਾ ਕਿ ਪਹਿਲਗਾਮ ਧਰਮ ਅਧਾਰਿਤ ਸਮੂਹਿਕ ਹੱਤਿਆ ਕਾਂਡ, ਜਿਸ ਵਿਚ 26 ਨਿਰਦੋਸ਼ ਲੋਕਾਂ ਦੀ ਜਾਨ ਚਲੀ ਗਈ ਹੈ ਅਤੇ ਹੋਰ ਕਈ ਜ਼ਖਮੀ ਹੋਏ ਹਨ, ਇਕ ਬੇਹੱਦ ਘਿਨਾਉਣਾ ਕਾਰਾ ਹੈ। ਅਸੀਂ ਇਸ ਦੀ ਜ਼ੋਰਦਾਰ ਨਿਖੇਧੀ ਕਰਦੇ ਹਾਂ। ਇਕ ਵੱਖਰਾ ਪਹਿਲੂ ਇਹ ਵੀ ਹੈ ਕਿ ਇਹ ਕਾਂਡ ਉਦੋਂ ਵਾਪਰਿਆ ਜਦੋਂ ਦੇਸ਼ ਵਿਚ ਮੋਦੀ ਸਰਕਾਰ ਵਲੋਂ ਪਾਸ ਵਕਫ ਸੋਧ ਕਾਨੂੰਨ ਦਾ ਮੁਲਕ ਭਰ 'ਚ ਤਿੱਖਾ ਵਿਰੋਧ ਹੋ ਰਿਹਾ ਸੀ। ਇਹ ਸਾਰੇ ਇਸ ਨੂੰ ਸ਼ੱਕੀ ਬਣਾਉਂਦੇ ਹਨ।ਇਸ ਕਰਕੇ ਇਸਦੀ ਉੱਚ ਪੱਧਰੀ ਨਿਆਂਇਕ ਜਾਂਚ ਹੋਣੀ ਚਾਹੀਦੀ ਹੈ।ਮੀਡੀਆ ਵਿੱਚ ਜ਼ਿੰਮੇਵਾਰੀ ਦਾ ਬਿਆਨ ਕੋਈ ਮਾਅਨੇ ਨਹੀਂ ਰੱਖਦਾ। ਮਨੀਪੁਰ 'ਚ ਇਕ ਲੰਬੇ ਅਰਸੇ ਤੋਂ ਖੂਨ ਖਰਾਬਾ ਹੋ ਰਿਹਾ ਹੈ।ਅਜਿਹੇ ਕਈ ਕਾਂਡ ਵਾਪਰੇ ਹਨ ਪਰ ਨਾ ਕਦੀ ਅਮਿਤ ਸ਼ਾਹ ਨੇ ਅਤੇ ਨਾ ਕਦੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮਨੀਪੁਰ ਜਾਣ ਦੀ ਖੇਚਲ ਕੀਤੀ ਹੈ ਪਰ ਇੱਥੇ ਅਮਿਤ ਸ਼ਾਹ ਕਸ਼ਮੀਰ ਆ ਕੇ ਬੈਠ ਗਿਆ ਹੈ ਤੇ ਮੋਦੀ ਸਾਊਦੀ ਅਰਬ ਦੀ ਯਾਤਰਾ ਛੱਡ ਕੇ ਵਾਪਸ ਆ ਗਿਆ ਹੈ। ਸਿੱਖਿਆਰਥੀਆਂ ਵੱਲੋਂ ਮੰਗ ਕੀਤੀ ਗਈ ਹੈ ਕਿ ਪਹਿਲਗਾਮ ਹਮਲੇ ਦੀ ਉੱਚ ਪੱਧਰੀ ਜਾਂਚ ਹੋਵੇ, ਪੀੜਤਾਂ ਦੇ ਪਰਵਾਰਾਂ ਨੂੰ ਕੇਂਦਰ ਸਰਕਾਰ ਮੁਆਵਜ਼ਾ ਦੇਵੇ, ਲੋਕਾਂ ਦੀ ਸੁਰੱਖਿਆ ਦਾ ਪ੍ਰਬੰਧ ਯਕੀਨੀ ਕਰੇ, ਫਿਰਕੂ ਸਿਆਸਤ ਬੰਦ ਕਰੇ। ਇਸ ਮੌਕੇ ਆਈ ਟੀ ਆਈ ਕਮੇਟੀ ਮੈਂਬਰ ਸਮੀਰ, ਕਰਨ, ਸੁਖਵਿੰਦਰ ਸਿੰਘ, ਅਰਸ਼ਦੀਪ, ਵਨੀਤ, ਆਦਿ ਸਿਖਿਆਰਥੀਆਂ ਹਾਜ਼ਰ ਸਨ।

## ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ 'ਚ ਵਿਸ਼ਵ ਧਰਤੀ ਦਿਵਸ ਮਨਾਇਆ

**ਸੁਲਤਾਨਪੁਰ ਲੋਧੀ (ਹਨੀ)**- ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਰੇਨੂੰ ਅਰੋੜਾ ਦੀ ਅਗਵਾਈ ਵਿਚ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ। ਜਿਸ ਦੀ ਸ਼ੁਰੂਆਤ ਸਪੈਸ਼ਲ ਮੌਰਨਿੰਗ ਅਸੈਂਬਲੀ ਦੇ ਨਾਲ ਕੀਤੀ ਗਈ । ਇਸ ਦੌਰਾਨ ਵਿਦਿਆਰਥੀਆਂ ਦੁਆਰਾ ਭਾਸ਼ਣ ਅਤੇ ਕਵਿਤਾਵਾਂ ਰਾਹੀਂ ਧਰਤੀ ਦੀ ਮਹੱਤਤਾ, ਇਸ ਦੀ ਸਾਂਭ ਸੰਭਾਲ ਬਾਰੇ ਦੱਸਿਆ ਗਿਆ। ਇਸ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਜਿਵੇਂ ਪ੍ਰਾਇਮਰੀ ਵਿੰਗ ਦੁਆਰਾ ਇਸ ਵਿਸ਼ੇ ਨਾਲ ਸੰਬੰਧਤ ਇੰਗਲਿਸ਼ ਕਵਿਤਾ ਉਚਾਰਨ, ਸੀਨੀਅਰ ਵਿੰਗ ਦੁਆਰਾ ਧਰਤੀ ਬਚਾਓ ਵਿਸ਼ੇ ਤੇ ਇੰਗਲਿਸ਼ ਡੈਕਲਾਮੇਸ਼ਨ ਗਤੀਵਿਧੀ ਰਾਹੀਂ ਧਰਤੀ ਨੂੰ ਕਿਵੇਂ ਸਵੱਛ ਬਣਾਉਣਾ ਹੈ, ਬਾਰੇ ਜਾਗਰੂਕਤਾ ਪੈਦਾ ਕੀਤੀ । ਇਸ ਤੋਂ ਇਲਾਵਾ ਕੇਜੀ ਵਿੰਗ ਦੁਆਰਾ ਸਕੂਲ ਦੇ ਵਿਹੜੇ ਵਿੱਚ ਪੌਦੇ ਲਗਾ ਕੇ ਵਾਤਾਵਰਣ ਨੂੰ ਸਾਫ ਸੁਥਰਾ ਰੱਖਣ ਦਾ ਸੰਦੇਸ਼ ਦਿੱਤਾ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਰੇਨੂੰ ਅਰੋੜਾ ਨੇ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਵਿਸ਼ਵ ਅਰਥ ਡੇ ਦੀ ਵਧਾਈ ਦਿੱਤੀ।



## ਸਬਸਿਡੀ 'ਤੇ ਖੇਤੀ ਮਸ਼ੀਨਰੀ ਲੈਣ ਲਈ ਕਿਸਾਨ ਆਨਲਾਈਨ ਅਪਲਾਈ ਕਰਨ : ਡਿਪਟੀ ਕਮਿਸ਼ਨਰ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)** ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਹੁਸ਼ਿਆਰਪੁਰ ਵੱਲੋਂ ਜ਼ਿਲੇ ਦੇ ਕਿਸਾਨਾਂ ਨੂੰ ਖੇਤੀ ਮਸ਼ੀਨਰੀ ਸਬਸਿਡੀ 'ਤੇ ਦੇਣ ਲਈ ਅਰਜੀਆਂ ਦੀ ਮੰਗ ਕੀਤੀ ਗਈ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਰਾਜ ਵਿਚ ਪਰਾਲੀ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਅਤੇ ਫਸਲਾਂ ਦੀ ਰਹਿੰਦ-ਖੂੰਹਦ ਨੂੰ ਸਾੜਨ ਤੋਂ ਰੋਕਣ ਲਈ ਕਰਾਪ ਰੈਜ਼ੀਡਿਊ ਮੈਨੇਜਮੈਂਟ (ਸੀ.ਐਰ.ਐੱਮ) ਸਕੀਮ ਸਾਲ 2025–26 ਤਹਿਤ ਅਰਜ਼ੀਆਂ ਦੀ ਮੰਗ ਕੀਤੀ ਜਾ ਰਹੀ ਹੈ। ਸਕੀਮ ਤਹਿਤ ਮਸ਼ੀਨਰੀ ਉੱਤੇ ਸਰਕਾਰੀ ਸਬਸਿਡੀ ਲਈ ਆਨਲਾਈਨ ਅਰਜ਼ੀਆਂ 12 ਮਈ 2025 ਸ਼ਾਮ 5:00 ਵਜੇ ਤੱਕ ਮੰਗੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਸਕੀਮ ਅਧੀਨ ਵੱਖ–ਵੱਖ ਮਸ਼ੀਨਰੀ ਜਿਵੇਂ ਕਿ ਸੁਪਰ ਐਸ.ਐਮ.ਐਸ, ਬੇਲਰ, ਹੈਪੀ ਸੀਡਰ, ਸੁਪਰ ਸੀਡਰ, ਸਮਾਰਟ ਸੀਡਰ, ਜ਼ੀਰੋ ਟਿੱਲ ਡਰਿੱਲ ਆਦਿ ਸਬਸਿਡੀ ਤੇ ਉਪਲਬਧ ਹਨ। ਮੁੱਖ ਖੇਤੀਬਾੜੀ ਅਫਸਰ ਡਾ. ਦਪਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਇਸ ਵਾਰ 'ਜ਼ੀਰੋ ਸਟਬਲ ਬਰਨਿੰਗ ਡਿਸਟ੍ਰਿਕਟ' ਬਣਾਉਣ ਦਾ ਸਾਡਾ ਟੀਚਾ ਹੈ ਅਤੇ ਇਸ ਲਹਿਰ ਵਿੱਚ ਹਰੇਕ ਕਿਸਾਨ ਦਾ ਸਹਿਯੋਗ ਅਤਿ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਇਸ ਸਕੀਮ ਅਧੀਨ ਕੇਵਲ ਆਨਲਾਈਨ ਅਰਜ਼ੀਆਂ ਹੀ ਪ੍ਰਵਾਨ ਕੀਤੀਆਂ ਜਾਣਗੀਆਂ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਸਕੀਮ ਦਾ ਵੱਧ ਤੋਂ ਵੱਧ ਲਾਭ ਲੈਣ।

## ਸੰਯੁਕਤ ਕਿਸਾਨ ਮੋਰਚੇ ਨੇ ਕਿਸਾਨਾਂ ਦੀਆਂ ਮੰਗਾਂ ਸੰਬੰਧੀ ਡੀ ਸੀ ਨੂੰ ਦਿੱਤਾ ਮੰਗ ਪੱਤਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸੰਯੁਕਤ ਕਿਸਾਨ ਮੋਰਚੇ 'ਚ ਸ਼ਾਮਿਲ ਜ਼ਿਲ੍ਹਾ ਹੁਸ਼ਿਆਰਪੁਰ ਦੀਆਂ ਕਿਸਾਨ ਜਥੇਬੰਦੀਆਂ ਨੇ ਪੰਜਾਬ ਵਿੱਚ ਕਣਕ ਦੀ ਫਸਲ ਅਤੇ ਨਾੜ ਨੂੰ ਲੱਗ ਰਹੀਆਂ ਅੱਗਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਡੀ ਸੀ ਹੁਸ਼ਿਆਰਪੁਰ ਨਾਲ ਵਿਚਾਰ ਚਰਚਾ ਕੀਤੀ ਅਤੇ ਮੰਗ ਪੱਤਰ ਵੀ ਦਿੱਤਾ ਗਿਆ। ਕਿਸਾਨ ਆਗੂਆਂ ਨੇ ਕਿਹਾ ਕਿ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਸ਼ਹਿਰ ਤੋਂ ਬਾਹਰ ਚੌਂਕਾਂ 'ਤੇ ਤੈਨਾਤ ਰਹਿਣੀਆਂ ਚਾਹੀਦੀਆਂ ਹਨ। ਬਿਜਲੀ ਦੀਆਂ ਤਾਰਾਂ ਦੀ ਸਪਾਰਕਿੰਗ ਨੂੰ ਫੌਰੀ ਤੌਰ 'ਤੇ ਰੋਕਣਾ ਚਾਹੀਦਾ ਹੈ। ਉਕਤ ਲੋਡ ਟਰਾਂਸਫਾਰਮਰ ਨੂੰ ਵੀ ਚੈੱਕ ਕਰਕੇ ਬਦਲਣਾ ਚਾਹੀਦਾ ਹੈ। ਜਿਨ੍ਹਾਂ ਕਿਸਾਨਾਂ ਦੀਆਂ ਪੰਜਾਬ ਵਿੱਚ ਗੜੇਮਾਰੀ ਅਤੇ ਅੱਗ ਨਾਲ ਕਣਕ ਦੀ ਫਸਲ ਅਤੇ ਜਾਨ ਮਾਲ ਦਾ ਨੁਕਸਾਨ ਹੋਇਆ ਹੈ ਉਹਨਾਂ ਦੀਆਂ ਸਪੈਸ਼ਲ ਗਰਦਾਵਰੀਆਂ ਕਰਕੇ ਮਾਲੀ ਮਦਦ ਕਰਨੀ ਚਾਹੀਦੀ ਹੈ। ਇਸ ਸਮੇਂ ਜਮਹੂਰੀ ਕਿਸਾਨ ਸਭਾ ਵੱਲੋਂ ਦਵਿੰਦਰ ਸਿੰਘ ਕੱਕੋ, ਮਲਕੀਤ ਸਿੰਘ ਸਲੇਮਪੁਰ, ਮਨਜੀਤ ਸਿੰਘ ਬਾਜਵਾ, ਗੁਰਚਰਨ ਸਿੰਘ, ਮਨਜੀਤ ਸਿੰਘ ਸੈਣੀ, ਕੁਲ ਹਿੰਦ ਕਿਸਾਨ ਸਭਾ ਵੱਲੋਂ ਕਾਮਰੇਡ ਗੁਰਮੇਸ਼ ਸਿੰਘ, ਬਲਵਿੰਦਰ ਸਿੰਘ, ਪੰਜਾਬ ਕਿਸਾਨ ਯੂਨੀਅਨ ਵੱਲੋਂ ਚਰਨਜੀਤ ਸਿੰਘ ਭਿੰਡਰ, ਸ਼ੇਰ ਜੰਗ ਬਹਾਦਰ, ਚੰਨਣ ਸਿੰਘ, ਦੁਆਬਾ ਕਿਸਾਨ ਕਮੇਟੀ ਵੱਲੋਂ ਬਲਵਿੰਦਰ ਸਿੰਘ ਕਾਹਰੀ ਅਤੇ ਕਸ਼ਮੀਰ ਸਿੰਘ ਪੰਜਾਬ ਕਿਸਾਨ ਯੂਨੀਅਨ ਵੱਲੋਂ ਸ਼ਾਮਿਲ ਸਨ।

## ਮਾਸਟਰ ਆਤਮਾ ਸਿੰਘ ਚਿੱਟੀ ਸਨਮਾਨਤ

**ਕਾਲਾ ਸੰਘਿਆਂ (ਮਨਜੀਤ ਮਾਨ)**- ਪੰਜਾਬੀ ਸਾਹਿਤ ਸਭਾ (ਰਜਿ.) ਜਲੰਧਰ ਛਾਉਣੀ ਵੱਲੋਂ ਸਾਹਿਤਕਾਰ ਬਿੱਕਰ ਸਿੰਘ ਐਸ਼ੀ ਕੰਮੇਆਣਾ ਦੀਆਂ ਕਾਵਿ-ਪੁਸਤਕਾਂ 'ਤੇ ਵਿਸ਼ੇਸ਼ ਗੋਸ਼ਟੀ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕਰਵਾਈ ਗਈ। ਵਿਚਾਰ ਗੋਸ਼ਟੀ ਅਤੇ ਸੁਖਵਿੰਦਰ ਸਿੰਘ ਜਲਾਲਪੁਰੀ ਦੀ ਪੁਸਤਕ ਵਲਵਲਿਆਂ ਦਾ ਬੂਹਾ ਦੇ ਲੋਕ - ਅਰਪਣ ਸਮਾਗਮ ਦੌਰਾਨ ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ ਮਾਸਟਰ ਆਤਮਾ ਸਿੰਘ ਚਿੱਟੀ ਨੂੰ ਸਭਾ ਦੇ ਪ੍ਰਧਾਨ ਤੇ ਆਲੋਚਕ ਹਰਮੀਤ ਸਿੰਘ ਅਟਵਾਲ, ਜਨਰਲ ਸਕੱਤਰ ਪਰਮਜੀਤ ਸਿੰਘ ਸੰਸੋਆ, ਸੀਨੀ: ਮੀਤ ਪ੍ਰਧਾਨ ਹਰਪਾਲ ਸਿੰਘ ਸੈਣੀ, ਡਾ. ਮਨਿੰਦਰ ਜੀਤ ਕੌਰ, ਡਾ. ਸੁਖਵਿੰਦਰ ਕੌਰ, ਡਾ. ਕਰਮਜੀਤ ਸਿੰਘ ਨਡਾਲਾ , ਪ੍ਰੋ: ਮਲਕੀਤ ਜੌੜਾ ਵੱਲੋਂ ਸਨਮਾਨਤ ਕੀਤਾ ਗਿਆ । ਇਸ ਮੌਕੇ ਨਰਿੰਦਰ ਸਿੰਘ ਸੱਤਾ, ਕਲਾਕਾਰ ਬੂਟਾ ਸਿੰਘ ਖਹਿਰਾ, ਲੇਖਕ ਸੁਰਜੀਤ ਸਾਜਨ, ਮੋਹਨ ਲਾਲ ਫਿਲੋਰੀਆ, ਆਸ਼ੀ ਈਸਪੁਰੀ, ਜਸਪਾਲ ਜ਼ੀਰਵੀ, ਡਾ. ਰੁਪਿੰਦਰ ਜੀਤ ਕੌਰ , ਬਿੱਕਰ ਸਿੰਘ, ਐਸ਼ੀ ਕੰਮੇਆਣਾ ਅਤੇ ਹੋਰ ਲੇਖਕ ਵਿਦਵਾਨ ਸੱਜਣ ਹਾਜ਼ਿਰ ਸਨ । ਪ੍ਰਧਾਨ ਹਰਮੀਤ ਅਟਵਾਲ ਨੇ ਮੰਚ ਸਕੱਤਰ ਦੀ ਭੂਮਿਕਾ ਨਿਭਾਉਂਦੇ ਹੋਏ ਹਾਜ਼ਰੀਨ ਦਾ ਵਿਸ਼ੇਸ਼ ਧੰਨਵਾਦ ਕੀਤਾ ।



## ਸਿਲਵਰ ਓਕ ਸਕੂਲ ਨੇ ਅੱਤਵਾਦੀ ਹਮਲੇ 'ਚ ਮਾਰੇ ਗਏ ਭਾਰਤੀਆਂ ਨੂੰ ਦਿੱਤੀ ਸ਼ਰਧਾਂਜਲੀ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਇਲਾਕੇ ਦੀ ਪ੍ਰਮੁੱਖ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਹਬਾਜ਼ਪੁਰ ਵਿਖੇ ਅੱਜ ਸਵੇਰ ਦੀ ਸਭਾ ਮੌਕੇ ਪਹਿਲਗਾਮ ਅੱਤਵਾਦੀ ਹਮਲੇ ਵਿੱਚ ਮਾਰੇ ਗਏ ਭਾਰਤਵਾਸੀਆਂ ਨੂੰ ਸ਼ਰਧਾਂਜਲੀ ਦਿੱਤੀ ਗਈ। ਚੇਅਰਮੈਨ ਤਰਲੋਚਨ ਸਿੰਘ, ਪ੍ਰਿੰਸੀਪਲ ਮਨੀਸ਼ਾ ਸੰਗਰ ਦੀ ਅਗਵਾਈ 'ਚ ਸਕੂਲ ਮੈਨੇਜਮੈਂਟ, ਸਟਾਫ ਅਤੇ ਵਿਦਿਆਰਥੀਆਂ ਨੇ ਹਮਲੇ ਵਿੱਚ ਮਾਰੇ ਗਏ ਬੇਕਸੂਰ ਭਾਰਤ ਵਾਸੀਆਂ ਨੂੰ ਨਿੱਘੀ ਸ਼ਰਧਾਂਜਲੀ ਦਿੱਤੀ ਅਤੇ ਇਸ ਕਾਇਰਾਨਾ ਹਮਲੇ ਦੀ ਸਖਤ ਨਿਖੇਧੀ ਕੀਤੀ। ਪ੍ਰਿੰਸੀਪਲ ਮਨੀਸ਼ਾ ਸੰਗਰ ਨੇ ਦੱਸਿਆ ਕਿ ਬੇਕਸੂਰ ਲੋਕਾਂ ਦੀ ਜਾਨ ਲੈਣਾ ਨਾ ਹੀ ਕਿਸੇ ਕਿਸਮ ਦਾ ਜਿਹਾਦ ਹੋ ਸਕਦਾ ਹੈ ਅਤੇ ਨਾ ਹੀ ਅਜਿਹੀ ਘਟੀਆ ਹਰਕਤ ਦੀ ਕੋਈ ਵੀ ਧਰਮ ਇਜਾਜ਼ਤ ਦਿੰਦਾ ਹੈ। ਸਵੇਰ ਦੀ ਸਭਾ ਦੇ ਵਿੱਚ ਵਿਦਿਆਰਥੀਆਂ ਅਤੇ ਸਟਾਫ ਵੱਲੋਂ ਦੋ ਮਿੰਟ ਦਾ ਮੌਨ ਰੱਖ ਕੇ ਇਸ ਹਮਲੇ ਦੇ ਵਿੱਚ ਮਾਰੇ ਗਏ ਬੇਕਸੂਰ ਭਾਰਤ ਵਾਸੀਆਂ ਨੂੰ ਸ਼ਰਧਾਂਜਲੀ ਦਿੱਤੀ ਗਈ। ਚੇਅਰਮੈਨ ਤਰਲੋਚਨ ਸਿੰਘ ਨੇ ਉਮੀਦ ਜਤਾਈ ਕਿ ਭਾਰਤ ਸਰਕਾਰ ਦੇ ਕੋਸ਼ਿਸ਼ਾਂ ਸਦਕਾ ਜੰਮੂ ਅਤੇ ਕਸ਼ਮੀਰ ਦੇ ਵਿੱਚ ਸ਼ਾਂਤੀ ਅਤੇ ਸੁਰੱਖਿਅਤ ਮਾਹੌਲ ਸਿਰਜਿਆ ਜਾਵੇਗਾ। ਇਸ ਮੌਕੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਰਿਸੋਰਸ ਕੋਆਰਡੀਨੇਟਰ ਬਿਕਰਮਜੀਤ ਸਿੰਘ, ਸੰਜੀਵ ਕੁਮਾਰ ਸ਼ਰਮਾ, ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਰਾਜਵੀਰ ਕੌਰ, ਬਲਦੇਵ ਰਾਜ, ਸੁਰੇਸ਼, ਗੁਰਦੇਵ ਸਿੰਘ, ਪ੍ਰੀਆ, ਨੀਤੂ, ਗੁਰਿੰਦਰ, ਹਰਜਿੰਦਰ, ਰਮਨ, ਚੇਤਨਾ, ਆਰਤੀ, ਹਰਜੀਤ ਅਤੇ ਬਾਕੀ ਸਟਾਫ ਮੌਜੂਦ ਸੀ।

## ਤਿੰਨ ਪ੍ਰੋਜੈਕਟ ਕਰਕੇ ਜਨਮ ਦਿਨ ਮਨਾਇਆ

**ਬਿਲਗਾ (ਵਿਜੇ ਕੁਮਾਰ)**- ਲਾਇਨ ਕਲੱਬ ਬਿਲਗਾ ਆਸਥਾ, ਭਾਰਤੀਆ ਵਿਕਾਸ ਪ੍ਰੀਸ਼ਦ ਅਤੇ ਨਗਰ ਪੰਚਾਇਤ ਦੇ ਸਹਿਯੋਗ ਨਾਲ ਪਹਿਲਾਂ ਮੈਂਬਰਾਂ ਨੇ ਗਊਆਂ ਲਈ ਚੋਕਰ ਅਤੇ ਗੁੜ ਦਾਨ ਕੀਤਾ। ਇਹ ਪ੍ਰੋਜੈਕਟ ਪੱਤਰਕਾਰ ਵਿਜੇ ਕੁਮਾਰ ਬਾਵਾ ਵੱਲੋਂ ਸਪਾਂਸਰ ਕੀਤਾ ਗਿਆ ਕਿਉਂਕਿ ਉਨ੍ਹਾਂ ਦਾ ਸਤੀਸ਼ ਕੁਮਾਰ ਪਟਵਾਰੀ ਇਨ੍ਹਾਂ ਦੋਵਾਂ ਦੇ ਜਨਮ ਦਿਨ ਦੇ ਸਬੰਧ ਵਿੱਚ ਇਹ ਤਿੰਨ ਪ੍ਰੋਜੈਕਟ ਕਰਵਾਏ ਗਏ। ਸਤੀਸ਼ ਕੁਮਾਰ ਪਟਵਾਰੀ ਨੇ ਆਪਣੇ ਜਨਮ ਦਿਨ ਦੀ ਖੁਸ਼ੀ ਵਿੱਚ ਪੌਦੇ ਲਗਾਉਣ ਲਈ ਲੋੜੀਂਦੇ ਔਜ਼ਾਰ ਲੈ ਕੇ ਦਿੱਤੇ। ਵਿਜੇ ਕੁਮਾਰ ਨੇ ਫੁੱਲਾਂ ਵਾਲੇ ਅਤੇ ਛਾਂਦਾਰ ਪੌਦੇ ਲਗਵਾਏ। ਇਸ ਵਿਚ ਇਨਵਾਇਰਮੈਂਟ ਹੈਡ ਬਲਜੀਤ ਸਿੰਘ ਔਜਲਾ ਉਨ੍ਹਾਂ ਦੇ ਨਾਲ ਮਿਲ ਕੇ ਸੇਵਾ ਕੀਤੀ ਬਾਅਦ ਵਿਚ ਰਾਧਾ ਕ੍ਰਿਸ਼ਨ ਮੰਦਰ ਸਿਆਲਾਂ, ਬਿਲਗਾ ਪੱਤੀ ਭਲਾਈ ਦੇ ਤਲਾਬ ਦੀ ਸਫ਼ਾਈ ਲਈ ਨਗਰ ਪੰਚਾਇਤ ਬਿਲਗਾ ਦੇ ਪ੍ਰਧਾਨ ਗੁਰਨਾਮ ਸਿੰਘ ਜੱਖੂ ਅਤੇ ਬਲਜੀਤ ਸਿੰਘ ਈ ਓ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਨਗਰ ਪੰਚਾਇਤ ਪ੍ਰਧਾਨ ਗੁਰਨਾਮ ਸਿੰਘ ਜੱਖੂ ਨੇ ਕਿਹਾ ਕਿ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਇਸ ਇਤਿਹਾਸਕ ਤਲਾਬ ਨੂੰ ਬੇਹੱਦ ਸੁੰਦਰ ਅਤੇ ਵਧੀਆ ਬਣਾਇਆ ਜਾਵੇਗਾ। ਪ੍ਰਿੰਸੀਪਲ ਰਵੀ ਸ਼ਰਮਾ ਨੇ ਆਏ ਹੋਏ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ। ਇਨ੍ਹਾਂ ਪ੍ਰੋਜੈਕਟਾਂ ਨੂੰ ਸਫਲ ਬਣਾਉਣ ਲਈ ਬਲਬੀਰ ਸਿੰਘ ਪਲਾਹਾ, ਤਰਸੇਮ ਲਾਲ ਗੁਪਤਾ, ਕੁਲਦੀਪ ਸਿੰਘ ਰਿਟਾਇਰਡ ਪੁਲਸ ਆਫਿਸਰ, ਕੁਲਦੀਪ ਸਿੰਘ ਕਲਰਕ,ਬਲਵਿੰਦਰ ਸਿੰਘ ਡੀਪੀ, ਰਾਜੇਸ਼ ਠਾਕੁਰ, ਨਰੇਸ਼ ਸ਼ਰਮਾ, ਆਨੰਦ ਕਿਸ਼ੋਰ, ਪੋਹਲੀ ਪੰਡਤ, ਜਸਕੀਰਤ ਸਮਰਾ, ਰਜਿੰਦਰ ਬਾਵਾ ਅਤੇ ਹੋਰ ਮੈਂਬਰਾਂ ਹਿੱਸਾ ਲਿਆ। ਵਿਜੇ ਕੁਮਾਰ ਬਾਵਾ ਨੇ ਭਰੋਸਾ ਦਿੱਤਾ ਕਿ ਉਹ ਅਜਿਹੇ ਪ੍ਰੋਜੈਕਟਾਂ ਲਈ ਹਮੇਸ਼ਾ ਸਹਿਯੋਗ ਕਰਦੇ ਰਹਿਣਗੇ ।



## ਦੀ ਬੁਤਾਲਾ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਲਿਮ: ਦਾ ਸਕੱਤਰ ਮੁਅੱਤਲ

**ਕਾਲਾ ਸੰਘਿਆਂ (ਮਨਜੀਤ ਮਾਨ)**- 'ਦੀ ਬੁਤਾਲਾ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਲਿਮ: ਬੁਤਾਲਾ' ਦੀ ਪ੍ਰਬੰਧਕ ਕਮੇਟੀ ਦਾ ਇਕ ਇਜਲਾਸ ਪ੍ਰਧਾਨ ਗੁਰਪ੍ਰੀਤ ਸਿੰਘ ਬੱਲ ਦੀ ਪ੍ਰਧਾਨਗੀ ਹੇਠ ਹੋਇਆ।ਇਜਲਾਸ ਦੀ ਕਾਰਵਾਈ ਪ੍ਰੈਸ ਨਾਲ ਸਾਂਝੀ ਕਰਦਿਆਂ ਪ੍ਰਧਾਨ ਗੁਰਪ੍ਰੀਤ ਸਿੰਘ ਬੱਲ, ਮੀਤ ਪ੍ਰਧਾਨ ਗੁਰਮੀਤ ਸਿੰਘ ਬੱਲ ਅਤੇ ਗੋਬਿੰਦਰ ਸਿੰਘ ਬੱਲ ਨੇ ਦੱਸਿਆ ਕਿ ਇਸ ਇਜਲਾਸ ਵਿੱਚ ਮਤਾ ਨੰ: 5: ਪਾਸ ਹੋਇਆ ਹੈ ਕਿ ਸਭਾ ਦੇ ਸਕੱਤਰ ਇੰਦਰਜੀਤ ਸਿੰਘ ਵੱਲੋਂ ਸਭਾ ਵਿਚ ਆਪਣੀ ਡਿਊਟੀ ਪ੍ਰਤੀ ਅਣਗਹਿਲੀ ਕਰਨ, ਸਭਾ ਦਾ ਵਿੱਤੀ ਨੁਕਸਾਨ ਕਰਨ, ਸਭਾ ਦੇ ਮੈਂਬਰਾਂ ਦੇ ਹਿੱਤਾਂ ਨੂੰ ਠੇਸ ਪਹੁੰਚਾਉਣ ਅਤੇ ਮਾਣਯੋਗ ਰਜਿਸਟਰਾਰ ਸਹਿਕਾਰੀ ਸਭਾਵਾਂ ਪੰਜਾਬ ਚੰਡੀਗੜ੍ਹ ਵੱਲੋਂ ਸਮੇਂ-ਸਮੇਂ 'ਤੇ ਜਾਰੀ ਹਦਾਇਤਾਂ ਦੀ ਪਾਲਣਾ ਨਾ ਕਰਨ ਕਰਕੇ ਉਸ ਖਿਲਾਫ ਦੀ ਪੰਜਾਬ ਸਟੇਟ ਕੋਆਪਰੇਟਿਵ ਐਗਰੀ ਸਰਵਿਸ ਸੁਸਾਇਟੀ ਸਰਵਿਸ ਰੂਲਜ 1997 ਦੇ ਰੂਲ 13(1) ਤਹਿਤ ਮਿਤੀ 21-04-2025 ਨੂੰ ਦੁਪਹਿਰ ਤੋਂ ਬਾਅਦ ਇੰਦਰਜੀਤ ਸਿੰਘ ਨੂੰ ਸਭਾ ਦੇ ਸਕੱਤਰ ਦੇ ਅਹੁਦੇ ਤੋਂ ਮੁਅੱਤਲ ਕਰ ਦਿੱਤਾ ਗਿਆ।ਉਨ੍ਹਾਂ ਦੱਸਿਆ ਕਿ ਇਸ ਲਈ ਸੀ.ਬੀ. ਬਰਾਂਚ ਢਿਲਵਾਂ ਦੇ ਮੈਨੇਜਰ, ਇਫਕੋ ਦੇ ਮੈਨੇਜਰ, ਮਾਰਕਫੈੱਡ ਦੇ ਮੈਨੇਜਰ ਅਤੇ ਸੀ.ਐਮ.ਐਸ. ਕਪੂਰਥਲਾ ਦੇ ਮੈਨੇਜਰ ਨੂੰ ਲਿਖਿਆ ਜਾਂਦਾ ਹੈ ਕਿ ਮਿਤੀ 21-04-2025 ਤੋਂ ਬਾਅਦ ਸਕੱਤਰ ਇੰਦਰਜੀਤ ਸਿੰਘ (ਮੁਅੱਤਲੀ ਅਧੀਨ) ਦੇ ਦਸਤਖਤਾਂ ਨਾਲ ਮਿਲੇ ਕਿਸੇ ਵੀ ਦਸਤਾਵੇਜ਼ ਜਾਂ ਚੈੱਕ ਆਦਿ ਨੂੰ ਪ੍ਰਵਾਨ ਨਾ ਕੀਤਾ ਜਾਵੇ ਅਤੇ ਜੇਕਰ ਅਜਿਹਾ ਹੁੰਦਾ ਹੈ ਤਾਂ ਉਸ ਦੀ ਪੂਰੀ ਜ਼ਿੰਮੇਵਾਰੀ ਤੁਹਾਡੀ ਆਪਣੀ ਹੋਵੇਗੀ।ਉਨ੍ਹਾਂ ਦੱਸਿਆ ਕਿ ਜਦੋਂ ਤੱਕ ਸਭਾ ਦੇ ਸਕੱਤਰ ਦਾ ਵਾਧੂ ਚਾਰਜ ਕਿਸੇ ਹੋਰ ਮੁਲਾਜ਼ਮ ਨੂੰ ਨਹੀਂ ਮਿਲਦਾ, ਉਦੋਂ ਤੱਕ ਲੋੜ ਪੈਣ 'ਤੇ ਸਭਾ ਦੇ ਦਸਤਾਵੇਜ਼ਾਂ ਅਤੇ ਚੈੱਕ ਆਦਿ ਉੱਪਰ ਦਸਤਖਤ ਕਰਨ ਦਾ ਅਧਿਕਾਰ ਪ੍ਰਧਾਨ ਗੁਰਪ੍ਰੀਤ ਸਿੰਘ, ਮੀਤ ਪ੍ਰਧਾਨ ਗੁਰਮੀਤ ਸਿੰਘ ਅਤੇ ਕਮੇਟੀ ਮੈਂਬਰ ਜਸਵੀਰ ਸਿੰਘ ਨੂੰ ਦਿੱਤਾ ਜਾਂਦਾ ਹੈ।ਇਸ ਸਬੰਧੀ ਜਦੋਂ ਇੰਦਰਜੀਤ ਸਿੰਘ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਮੇਰੇ ਖਿਲਾਫ ਇਹ ਕਾਰਵਾਈ ਨਿਯਮਾਂ ਤਹਿਤ ਨਹੀਂ ਕੀਤੀ ਗਈ।



## ਜਿੰਪਾ ਨੇ ਸਰਕਾਰੀ ਸਕੂਲ ਘੰਟਾ ਘਰ ਤੇ ਨਵੀਂ ਆਬਾਦੀ ਸਕੂਲ 'ਚ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਸਿੱਖਿਆ ਕ੍ਰਾਂਤੀ ਰਾਹੀਂ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰ ਰਹੀ ਹੈ ਅਤੇ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ ਤਾਂ ਜੋ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਪ੍ਰਦਾਨ ਕੀਤੀ ਜਾ ਸਕੇ ਅਤੇ ਸਰਕਾਰੀ ਸਕੂਲਾਂ ਦੇ ਬੱਚੇ ਵੀ ਪ੍ਰਾਈਵੇਟ ਸਕੂਲਾਂ ਦੇ ਬੱਚਿਆਂ ਵਾਂਗ ਸਿੱਖਿਆ ਪ੍ਰਾਪਤ ਕਰ ਸਕਣ ਅਤੇ ਮੁਕਾਬਲੇਬਾਜ਼ੀ ਪ੍ਰੀਖਿਆਵਾਂ ਵਿੱਚ ਸਫਲਤਾ ਪ੍ਰਾਪਤ ਕਰ ਸਕਣ।ਇਹ ਵਿਚਾਰ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਹੁਸ਼ਿਆਰਪੁਰ ਵਿਧਾਨ ਸਭਾ ਹਲਕੇ ਦੇ ਦੋ ਸਰਕਾਰੀ ਸਕੂਲਾਂ ਵਿੱਚ 23.76 ਲੱਖ ਰੁਪਏ ਦੀ ਲਾਗਤ ਨਾਲ ਕੀਤੇ ਗਏ ਵਿਕਾਸ ਕਾਰਜਾਂ ਦਾ ਉਦਘਾਟਨ ਕਰਦਿਆਂ ਪ੍ਰਗਟ ਕੀਤੇ। ਉਨ੍ਹਾਂ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘੰਟਾਘਰ ਵਿੱਚ ਕੀਤੇ ਗਏ ਵਿਕਾਸ ਕਾਰਜਾਂ ਅਤੇ ਸਰਕਾਰੀ ਹਾਈ ਸਕੂਲ ਨਵੀਂ ਆਬਾਦੀ ਵਿੱਚ ਬਣੇ ਕਲਾਸਰੂਮ ਦਾ ਉਦਘਾਟਨ ਕੀਤਾ। ਇਸ ਦੌਰਾਨ ਵਿਧਾਇਕ ਜਿੰਪਾ ਨੇ ਸਰਕਾਰੀ ਸਕੂਲ ਘੰਟਾ ਘਰ ਅਤੇ ਸਰਕਾਰੀ ਸਕੂਲ ਨਵੀਂ ਆਬਾਦੀ ਵਿਚ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਨ ਵਾਲੇ ਬੱਚਿਆਂ ਨੂੰ ਕ੍ਰਮਵਾਰ 1100 ਅਤੇ 2100 ਰੁਪਏ ਭੇਟ ਕੀਤੇ। ਉਨ੍ਹਾਂ ਸਰਕਾਰੀ ਹਾਈ ਸਕੂਲ ਨਵੀਂ ਆਬਾਦੀ ਦੀ ਫਾਈਨ ਆਰਟ ਪ੍ਰਤੀਯੋਗਤਾ ਵਿਚ ਪਹਿਲੇ ਦੋ ਸਥਾਨਾਂ 'ਤੇ ਆਏ ਵਿਦਿਆਰਥੀਆਂ ਨੂੰ 1100-1100 ਰੁਪਏ ਦੀ ਇਨਾਮ ਰਾਸ਼ੀ ਆਪਣੇ ਵਲੋਂ ਭੇਟ ਕੀਤੀ। ਕੌਂਸਲਰ ਵਿਜੇ ਅਗਰਵਾਲ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘੰਟਾ ਘਰ ਨੂੰ ਆਪਣੇ ਵਲੋਂ 11 ਹਜ਼ਾਰ ਰੁਪਏ ਭੇਟ ਕੀਤੇ।ਵਿਧਾਇਕ ਜਿੰਪਾ ਨੇ ਕਿਹਾ ਕਿ ਸਿੱਖਿਆ ਕ੍ਰਾਂਤੀ ਪੰਜਾਬ ਵਿੱਚ ਇੱਕ ਵੱਡੀ ਤਬਦੀਲੀ ਲਿਆ ਰਹੀ ਹੈ ਅਤੇ ਲੋਕ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਤੋਂ ਹਟਾ ਕੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦਾ ਇਹ ਰੁਝਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਕੂਲਾਂ ਵਿੱਚ ਲਿਆਂਦੀ ਗਈ ਸਿੱਖਿਆ ਕ੍ਰਾਂਤੀ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਪ੍ਰਦਾਨ ਕਰਨ ਦੀ ਪ੍ਰਕਿਰਿਆ ਜਾਰੀ ਰਹੇਗੀ।ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਸੰਤੋਸ਼ ਸੈਣੀ, ਮਨੀ ਗੋਗੀਆ, ਰਾਜੂਖੱਤਰੀ, ਅਰਜੁਨ ਸ਼ਰਮਾ, ਦਰਸ਼ਨ ਲਾਲ, ਵਿਜੇ ਅਰੋੜਾ, ਪ੍ਰਿੰਸੀਪਲ ਕਰੁਣ ਸ਼ਰਮਾ, ਸ਼ੈਲੇਂਦਰ ਸਿੰਘ ਠਾਕੁਰ, ਤਰਲੋਚਨ ਸਿੰਘ, ਭਾਰਤ ਭੂਸ਼ਨ, ਰਵਿੰਦਰ ਕੌਰ, ਕੰਚਨ, ਰਾਜ ਬਹਾਦਰ, ਸੁਰਿੰਦਰ ਕੁਮਾਰ, ਰੇਸ਼ਮ ਲਾਲ, ਸ਼ਰੂਤੀ ਸ਼ਰਮਾ, ਪ੍ਰਵੀਨ ਕੁਮਾਰੀ ਤੋਂ ਇਲਾਵਾ ਹੋਰ ਪਤਵੰਤੇ ਵੀ ਹਾਜ਼ਰ ਸਨ।



## ਪਹਿਲਗਾਮ ਕਾਂਡ ਦੀ ਅਮਰੀਕਾ ਆਪਣੇ ਤੌਰ 'ਤੇ ਜਾਂਚ ਕਰੇ : ਦਲ ਖ਼ਾਲਸਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਦਲ ਖਾਲਸਾ ਦਾ ਮੰਨਣਾ ਹੈ ਕਿ ਮਕਸਦ ਭਾਵੇਂ ਕਿੰਨਾ ਵੀ ਅਹਿਮ ਹੋਵੇ, ਆਮ ਲੋਕਾਂ ਵਿਰੁੱਧ ਹਿੰਸਾ ਨੂੰ ਕਦੇ ਵੀ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਦਲ ਖ਼ਾਲਸਾ ਪਹਿਲਗਾਮ ਹਮਲੇ ਦੇ ਪੀੜਤਾਂ ਦੇ ਪਰਵਾਰਾਂ ਨਾਲ ਆਪਣੀ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕਰਦਾ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਬਲਜਿੰਦਰ ਸਿੰਘ ਖਾਲਸਾ ਜ਼ਿਲ੍ਹਾ ਪ੍ਰਧਾਨ ਦਲ ਖਾਲਸਾ ਨੇ ਕੁਝ ਚੋਣਵੇਂ ਪੱਤਰਕਾਰਾਂ ਨਾਲ ਇੱਕ ਪ੍ਰੈਸ ਵਾਰਤਾ ਦੌਰਾਨ ਕੀਤਾ। ਉਹਨਾਂ ਕਿਹਾ ਕਿ ਇਸ ਘਟਨਾ ਨੇ ਮੁੜ ਕੌੜੀਆਂ ਯਾਦਾਂ ਤਾਜ਼ਾ ਕੀਤੀਆਂ ਹਨ ਜਦੋਂ ਅਮਰੀਕੀ ਰਾਸ਼ਟਰਪਤੀ ਬਿਲ ਕਲਿੰਟਨ ਦੇ ਭਾਰਤ ਦੌਰੇ ਮੌਕੇ, 20 ਮਾਰਚ, 2000 ਦੀ ਸ਼ਾਮ ਨੂੰ ਅਨੰਤਨਾਗ ਜ਼ਿਲ੍ਹੇ ਦੇ ਚਿੱਟੀਸਿੰਘਪੁਰਾ ਪਿੰਡ ਵਿੱਚ 35 ਸਿੱਖਾਂ ਦਾ ਕਤਲੇਆਮ ਕੀਤਾ ਗਿਆ ਸੀ। ਅੱਜ ਜਦੋਂ ਅਮਰੀਕੀ ਉਪ ਰਾਸ਼ਟਰਪਤੀ ਜੇ.ਡੀ.ਵੈਂਸ ਆਪਣੇ ਪਰਵਾਰ ਨਾਲ ਭਾਰਤ ਦਾ ਦੌਰਾ ਕਰ ਰਹੇ ਹਨ, ਤਾਂ ਮੁੜ ਇੱਕ ਹੋਰ ਦੁਖਾਂਤ ਵਾਪਰਿਆ ਹੈ। ਕਸ਼ਮੀਰ ਦੇ ਪਹਿਲਗਾਮ ਖੇਤਰ ਵਿੱਚ 28 ਸੈਲਾਨੀਆਂ ਨੂੰ ਗੋਲੀ ਮਾਰ ਕੇ ਕਤਲ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਅਮਰੀਕਾ ਨੂੰ ਇਸ ਹਮਲੇ ਦੀ ਆਪਣੇ ਤੌਰ ਉੱਤੇ ਵੀ ਸੁਤੰਤਰ ਜਾਂਚ ਸ਼ੁਰੂ ਕਰਨੀ ਚਾਹੀਦੀ ਹੈ।ਵਿਸ਼ਵ ਸ਼ਕਤੀਆਂ ਨੂੰ ਇਹ ਮੰਨਣਾ ਅਤੇ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਲੰਬੇ ਸਮੇਂ ਤੋਂ ਲਮਕਦੇ ਆ ਰਹੇ ਕਸ਼ਮੀਰ ਮਸਲੇ ਅਤੇ ਝਗੜੇ ਨੂੰ ਗੱਲਬਾਤ ਅਤੇ ਕੂਟਨੀਤੀ ਰਾਹੀਂ ਜਲਦੀ ਤੋਂ ਜਲਦੀ ਸੁਲਝਾਇਆ ਜਾਵੇ। ਉਹਨਾਂ ਕਿਹਾ ਕਿ ਕਸ਼ਮੀਰ ਇੱਕ ਰਾਜਨੀਤਿਕ ਮੁੱਦਾ ਸੀ ਪਰ ਭਾਰਤ ਦੀ ਹਰ ਸਰਕਾਰ ਇਸ ਨੂੰ ਪੂਰੀ ਤਰ੍ਹਾਂ ਗਲਤ ਨੀਤੀਆਂ ਅਤੇ ਅਣਮਨੁੱਖੀ ਤਰੀਕੇ ਨਾਲ ਨਜਿੱਠਦੀ ਆ ਰਹੀ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਮੋਦੀ ਸਰਕਾਰ, ਜੋ ਕਿ ਇੱਕ ਤਾਨਾਸ਼ਾਹ ਵਾਂਗ ਕੰਮ ਕਰ ਰਹੀ ਹੈ, ਨੇ ਵਾਰ-ਵਾਰ ਮਨੁੱਖੀ ਅਧਿਕਾਰਾਂ ਦੀ ਨਾ ਸਿਰਫ਼ ਕਸ਼ਮੀਰ ਵਿੱਚ, ਸਗੋਂ ਪੂਰੇ ਭਾਰਤ ਵਿੱਚ ਉਲੰਘਣਾ ਕੀਤੀ ਅਤੇ ਇੱਥੋਂ ਤੱਕ ਕਿ ਆਪਣੀਆਂ ਸਰਹੱਦਾਂ ਤੋਂ ਪਰੇ ਜਾ ਕੇ ਵੀ ਗੈਰ-ਨਿਆਇਕ ਕਤਲ ਕਰਵਾਏ ਹਨ। ਉਹਨਾਂ ਕਿਹਾ ਕਿ ਕਸ਼ਮੀਰ ਅੰਦਰ ਇੰਟਰਨੈੱਟ ਬੰਦ ਕਰਨ ਅਤੇ ਅਸਹਿਮਤੀ ਵਾਲੀਆਂ ਆਵਾਜ਼ਾਂ ਨੂੰ ਚੁੱਪ ਕਰਾਉਣ ਤੋਂ ਲੈ ਕੇ ਕਸ਼ਮੀਰੀ ਨੇਤਾਵਾਂ ਨੂੰ ਨਾਜਾਇਜ਼ ਨਜ਼ਰਬੰਦ ਰੱਖਣ ਅਤੇ ਸਥਾਨਕ ਆਬਾਦੀ ਨੂੰ ਬੇਰਹਿਮੀ ਨਾਲ ਦਬਾਉਣ ਤੱਕ, ਹਕੂਮਤ ਦੀਆਂ ਇਹ ਕਾਰਵਾਈਆਂ ਲੋਕਤੰਤਰੀ ਕਦਰਾਂ ਕੀਮਤਾਂ ਉੱਤੇ ਧੱਬਾ ਹਨ।

## ਸੈਲਾਨੀਆਂ ਨੂੰ ਮਾਰਨਾ ਅੱਤਵਾਦੀਆਂ ਦਾ ਕਾਇਰਤਾਪੂਰਨ ਕੰਮ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਬੈਕਫਿੰਕੋ ਦੇ ਚੇਅਰਮੈਨ ਸੰਦੀਪ ਸੈਣੀ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ 22 ਅਪ੍ਰੈਲ ਨੂੰ ਕਸ਼ਮੀਰ ਦੇ ਪਹਿਲਵਾਨ ਖੇਤਰ ਵਿੱਚ ਭਿਆਨਕ ਅੱਤਵਾਦੀ ਹਮਲੇ ਦੌਰਾਨ ਹਥਿਆਰਬੰਦ ਅੱਤਵਾਦੀਆਂ ਨੇ ਸਲਾਨੀਆਂ ਉੱਪਰ ਹਮਲਾ ਕਰਕੇ 26 ਦੇ ਕਰੀਬ ਲੋਕਾਂ ਦੀ ਮੌਤ ਦੇ ਘਾਟ ਅਤੇ 20 ਦੇ ਕਰੀਬ ਜਖਮੀ ਕਰਕੇ ਅਤੰਕ ਦਾ ਮਾਹੌਲ ਪੈਦਾ ਕਰ ਦਿੱਤਾ।ਜਿਸ ਨੇ ਸਾਰੇ ਦੇਸ਼ ਨੂੰ ਝੰਜੋੜ ਕੇ ਰੱਖ ਦਿੱਤਾ ਹੈ।ਉਹਨਾਂ ਕਿਹਾ ਕਿ ਨਿਹਥੇ ਸੈਲਾਨੀਆਂ ਤੇ ਗੋਲੀਆਂ ਚਲਾ ਕੇ ਮੌਤ ਦੀ ਘਾਟ ਉਤਾਰਨਾ ਅੱਤਵਾਦੀਆਂ ਦੀ ਬੁਜਦਲੀ ਤੇ ਘਟੀਆ ਮਾਨਸਿਕਤਾ ਦਾ ਕਾਰਨਾਮਾ ਹੈ। ਉਹਨਾਂ ਸ਼ਹੀਦ ਦੇ ਸਲਾਨੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਤੇ ਜਖਮੀਆਂ ਦੇ ਜਲਦੀ ਸਿਹਤਯਾਬ ਹੋਣ ਦੀ ਕਾਮਨਾ ਕੀਤੀ।

## ਵਾਤਾਵਰਣ ਦੀ ਸੁਰੱਖਿਆ ਕਰਨਾ ਸਾਡੀ ਮੁਢਲੀ ਜ਼ਿੰਮੇਵਾਰੀ : ਡਾ. ਗੁਰਿੰਦਰਜੀਤ ਸਿੰਘ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਮਿਊਨਿਟੀ ਸਿਹਤ ਕੇਂਦਰ, ਸੜੋਆ ਦੀ ਸੀਨੀਅਰ ਮੈਡੀਕਲ ਅਫਸਰ ਡਾ. ਨਵਰੀਤ ਕੌਰ ਦੀ ਯੋਗ ਰਹਿਨੁਮਾਈ ਹੇਠ ਕਮਿਊਨਿਟੀ ਸਿਹਤ ਕੇਂਦਰ ਸੜੋਆ ਵਿਖੇ ਬੁੱਧਵਾਰ ਨੂੰ ਵਿਸ਼ਵ ਧਰਤੀ ਦਿਵਸ ਦੇ ਸੰਦਰਭ ਵਿੱਚ ਧਰਤੀ 'ਤੇ ਹਰਿਆਲੀ ਨੂੰ ਵਧਾਉਣ ਦੇ ਉਦੇਸ਼ ਨਾਲ ਪੌਦੇ ਲਗਾਏ ਗਏ। ਇਸ ਮੌਕੇ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਅਤੇ ਕਮਿਊਨਿਟੀ ਸਿਹਤ ਕੇਂਦਰ, ਸੜੋਆ ਦੇ ਸੀਨੀਅਰ ਮੈਡੀਕਲ ਅਫਸਰ ਡਾ ਨਵਰੀਤ ਕੌਰ ਸਮੇਤ ਸਮੁੱਚੇ ਸਟਾਫ ਨੇ ਵਿਸ਼ਵ ਧਰਤੀ ਦਿਵਸ 'ਤੇ ਧਰਤੀ ਦੀ ਹਰਿਆਲੀ ਬਣਾਈ ਰੱਖਣ ਦਾ ਪ੍ਰਣ ਵੀ ਲਿਆ। ਇਸ ਮੌਕੇ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਦੱਸਿਆ ਕਿ ਵਿਸ਼ਵ ਧਰਤੀ ਦਿਵਸ ਦਾ ਇਸ ਸਾਲ ਦਾ ਥੀਮ 'ਸਾਡੀ ਸ਼ਕਤੀ, ਸਾਡਾ ਗ੍ਰਹਿ' ਹੈ, ਜਿਸ ਦਾ ਉਦੇਸ਼ ਨਵਿਆਉਣਯੋਗ ਊਰਜਾ ਸਰੋਤਾਂ ਨੂੰ ਉਤਸ਼ਾਹਿਤ ਕਰਨਾ ਅਤੇ ਜਲਵਾਯੂ ਪਰਿਵਰਤਨ ਦਾ ਮੁਕਾਬਲਾ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਸ ਦਿਨ ਨੂੰ ਮਨਾਉਣ ਦਾ ਮਕਸਦ ਲੋਕਾਂ ਨੂੰ ਧਰਤੀ ਨੂੰ ਬਚਾਉਣ ਬਾਰੇ ਜਾਗਰੂਕ ਕਰਨਾ ਹੈ। ਉਨ੍ਹਾਂ ਕਿਹਾ ਕਿ ਧਰਤੀ 'ਤੇ ਮਨੁੱਖੀ ਜੀਵਨ ਦੀ ਹੋਂਦ ਨੂੰ ਬਣਾਈ ਰੱਖਣ ਲਈ ਵਾਤਾਵਰਨ ਦੀ ਸੁਰੱਖਿਆ ਕਰਨਾ ਸਾਡੀ ਮੁਢਲੀ ਜ਼ਿੰਮੇਵਾਰੀ ਹੈ। ਉਨ੍ਹਾਂ ਸਮੁੱਚੇ ਸਿਹਤ ਸਟਾਫ ਨੂੰ ਕਿਹਾ ਕਿ ਉਹ ਆਪਣੇ ਪਰਵਾਰਕ ਮੈਂਬਰਾਂ, ਆਂਢੀਆਂ-ਗੁਆਂਢੀਆਂ, ਰਿਸ਼ਤੇਦਾਰਾਂ ਨੂੰ ਜਾਗਰੂਕ ਕਰਨ ਕਿ ਉਹ ਧਰਤੀ 'ਤੇ ਹਰਿਆਲੀ ਨੂੰ ਵਧਾਉਣ ਲਈ ਲਈ ਇੱਕ-ਇੱਕ ਪੌਦਾ ਜ਼ਰੂਰ ਲਗਾਉਣ ਤਾਂ ਜੋ ਵਾਤਾਵਰਣ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ।ਇਸ ਮੌਕੇ ਕਮਿਊਨਿਟੀ ਸਿਹਤ ਕੇਂਦਰ, ਸੜੋਆ ਦੇ ਸੀਨੀਅਰ ਮੈਡੀਕਲ ਅਫਸਰ ਡਾ. ਨਵਰੀਤ ਕੌਰ ਨੇ ਕਿਹਾ ਕਿ ਆਓ, ਧਰਤੀ 'ਤੇ ਵੱਧ ਤੋਂ ਵੱਧ ਰੁੱਖ ਲਗਾਈਏ ਤੇ ਇਨ੍ਹਾਂ ਦੀ ਸਾਂਭ-ਸੰਭਾਲ ਨੂੰ ਵੀ ਯਕੀਨੀ ਬਣਾਈਏ। ਉਨ੍ਹਾਂ ਕਿਹਾ ਕਿ ਬੂਟੇ ਲਾਉਣਾ ਅਤੇ ਪਾਣੀ ਬਚਾਉਣ ਲਈ ਯਤਨ ਕਰਨਾ ਸਮੇਂ ਦੀ ਲੋੜ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਐਕਸਟੈਂਸ਼ਨ ਐਜੂਕੇਟਰ ਗੁਰਕਿਰਪਾਲ ਸਿੰਘ ਸੰਧੂ, ਹੈਲਥ ਇੰਸਪੈਕਟਰ ਆਦਰਸ਼ ਕੁਮਾਰ, ਈ.ਪੀ.ਆਈ. ਸਹਾਇਕ ਸੁਸ਼ੀਲ ਕੁਮਾਰ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।



## ਆਨਲਾਈਨ ਠੱਗੀਆਂ ਤੇ ਸਾਈਬਰ ਕ੍ਰਾਇਮ ਸੰਬੰਧੀ ਕੀਤਾ ਜਾਗਰੂਕ



**ਕਾਲਾ ਸੰਘਿਆਂ (ਮਨਜੀਤ ਮਾਨ)**- ਮਾਨਯੋਗ ਸਪੈਸ਼ਲ ਡਾਇਰੈਕਟਰ ਜਨਰਲ ਪੁਲਸ ਕਮਿਊਨਿਟੀ ਅਫੇਅਰ ਡਵੀਜ਼ਨ ਚੰਡੀਗੜ੍ਹ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਅਤੇ ਐਸ ਐਸ ਪੀ ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ ਦੇ ਦਿਸ਼ਾ ਨਿਰਦੇਸ਼ ਤਹਿਤ ਮਨਜੀਤ ਕੌਰ ਜ਼ਿਲ੍ਹਾ ਕਮਿਊਨਿਟੀ ਪੁਲਸ ਅਫ਼ਸਰ ਜਲੰਧਰ ਦਿਹਾਤੀ ਦੀ ਦੇਖ ਰੇਖ ਹੇਠ ਅਤੇ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਜਲੰਧਰ ਦਿਹਾਤੀ ਐਸ ਆਈ ਦਲਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਸਰਕਾਰੀ ਹਾਈ ਸਕੂਲ ਸ਼ਿਧੜ ਵਿਖੇ ਯੁੱਧ ਨਸ਼ਿਆਂ ਵਿਰੁੱਧ ਅਤੇ ਸਿੱਖਿਆ ਕ੍ਰਾਂਤੀ ਵੱਲ ਵਧਦੇ ਕਦਮ ਦੇ ਸੰਬੰਧ ਵਿੱਚ ਸਕੂਲ ਇੰਚਾਰਜ ਰਾਕੇਸ਼ ਦੀ ਹਾਜ਼ਰੀ ਵਿੱਚ ਸੈਮੀਨਾਰ ਲਗਾਇਆ ਗਿਆ ਜਿਸ ਵਿਚ ਮੁੱਖ ਮਹਿਮਾਨ ਪਿੰਦਰ ਪੰਡੋਰੀ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਪਹੁੰਚੇ। ਸੈਮੀਨਾਰ ਵਿੱਚ ਏ ਐਸ ਆਈ ਗੁਰਦੇਵ ਸਿੰਘ ਸਾਂਝ ਕੇਂਦਰ ਲੋਹੀਆਂ ਵਲੋਂ ਯੁੱਧ ਨਸ਼ਿਆਂ ਵਿਰੁੱਧ ਦੇ ਸੰਬੰਧ ਵਿੱਚ ਸਕੂਲ ਦੇ ਵਿਦਿਆਰਥੀਆਂ ਅਤੇ ਪਿੰਡ ਦੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕੀਤਾ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਹੋਣ ਵਾਲੇ ਨੁਕਸਾਨ ਬਾਰੇ ਸੁਚੇਤ ਕੀਤਾ। ਵਿਦਿਆਰਥੀਆਂ ਅਤੇ ਪਿੰਡ ਵਾਸੀਆਂ ਨੂੰ ਸਾਂਝ ਕੇਂਦਰ ਵਿਖੇ ਮਿਲਣ ਵਾਲੀਆਂ ਜ਼ਰੂਰੀ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਆਨ ਲਾਈਨ ਹੋ ਰਹੀਆਂ ਠੱਗੀਆਂ, ਸਾਈਬਰ ਕ੍ਰਾਈਮ ਸਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਪਿੰਡ ਦੇ ਸਰਪੰਚ ਸੁਰਜੀਤ ਸਿੰਘ, ਸਮੂਹ ਮੈਂਬਰ ਪੰਚਾਇਤ ਅਤੇ ਹੋਰ ਮੋਹਤਬਾਰ, ਸਕੂਲ ਇੰਚਾਰਜ ਸਮੇਤ ਸਟਾਫ ਹਾਜ਼ਰ ਸਨ।

## ਸਰਕਾਰੀ ਸਕੂਲ ਰਾਜਪੁਰ ਗਹੋਤ 'ਚ ਵਿਸ਼ਵ ਧਰਤੀ ਦਿਵਸ ਮਨਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਜ਼ਿਲ੍ਹਾ ਸਿੱਖਿਆ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਕਾਰੀ ਹਾਈ ਸਕੂਲ ਰਾਜਪੁਰ ਗਹੋਤ ਵਿਖੇ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ। ਸਕੂਲ ਮੁਖੀ ਹਰਪ੍ਰੀਤ ਸਿੰਘ ਦੀ ਅਗਵਾਈ ਵਿੱਚ ਸਕੂਲ ਦੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਮਨਾਏ ਗਏ ਵਿਸ਼ਵ ਧਰਤੀ ਦਿਵਸ ਦੌਰਾਨ ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਮੁੱਖ ਅਧਿਆਪਕ ਹਰਪ੍ਰੀਤ ਸਿੰਘ ਨੇ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਵਿਸ਼ਵ ਧਰਤੀ ਦਿਵਸ ਦੀ ਮਹੱਤਤਾ ਤੋਂ ਜਾਣੂ ਕਰਵਾਉਂਦੇ ਹੋਏ ਦੱਸਿਆ ਕਿ ਦਿਨ ਪੂਰੇ ਸੰਸਾਰ ਵਿੱਚ ਧਰਤੀ ਪ੍ਰਤੀ ਜਾਗਰੂਕ ਹੋਣ ਦੇ ਮੰਤਵ ਅਤੇ ਵਾਤਾਵਰਣ ਦੀ ਸੇਵਾ ਸੰਭਾਲ ਦੇ ਮੱਦੇਨਜ਼ਰ ਮਨਾਇਆ ਜਾਂਦਾ ਹੈ ਅਤੇ ਸਾਨੂੰ ਇਸ ਦਿਵਸ ਤੋਂ ਪ੍ਰੇਰਨਾ ਲੈ ਕੇ ਜਿੱਥੇ ਆਪਣੇ ਵਾਤਾਵਰਣ ਦਾ ਧਿਆਨ ਰੱਖਣਾ ਚਾਹੀਦਾ ਹੈ ਉੱਥੇ ਹੀ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਇਸ ਮੌਕੇ ਸਾਡੀ ਧਰਤੀ ਸਾਡੀ ਸਕਤੀ ਵਿਸ਼ੇ ਨੂੰ ਲੈ ਕੇ ਵਿਦਿਆਰਥੀਆਂ ਦੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ। ਸਕੂਲ ਵੱਲੋਂ ਅੱਵਲ ਰਹੇ ਵਿਦਿਆਰਥੀਆਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਨੀਲਮ ਕੁਮਾਰੀ, ਗੁਰਵੀਰ ਕੌਰ, ਸੁਖਬੀਰ ਸਿੰਘ, ਰਾਜਦੀਪ ਕੌਰ, ਵਰਿੰਦਰ ਨਰਿਦਰਾ, ਗੁਰਿੰਦਰ ਕੌਰ, ਪਿੰਕੀ ਰਾਣੀ, ਤਰਨਜੀਤ ਕੌਰ, ਗੁਰਪ੍ਰੀਤ ਕੌਰ, ਮਨਦੀਪ ਕੌਰ, ਅਵੀਨਾ, ਮਨਿੰਦਰ ਕੌਰ, ਅਵਤਾਰ ਸਿੰਘ, ਸੁਖਬੀਰ ਸਿੰਘ ਵੀ ਹਾਜ਼ਰ ਸਨ।

# ਤਹਿਸੀਲ ਖਰੜ ਦੇ ਲੋਕਾਂ ਐੱਸ ਡੀ ਐੱਮ ਦਫ਼ਤਰ ਘੇਰਿਆ



**ਖਰੜ (ਹਰਨਾਮ ਸਿੰਘ ਡੱਲਾ)**- ਤਹਿਸੀਲ ਖਰੜ ਦੇ ਪਿੰਡਾਂ ਦੇ ਲੋਕਾਂ ਵੱਲੋਂ ਐੱਸ ਡੀ ਐੱਮ ਦਫ਼ਤਰ ਖਰੜ ਦਾ ਘਿਰਾਓ ਕੀਤਾ ਗਿਆ। ਧਰਨਾ ਪ੍ਰਦਰਸ਼ਨ ਦੀ ਅਗਵਾਈ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਮੋਹਾਲੀ ਜ਼ਿਲ੍ਹਾ ਦੇ ਪ੍ਰਧਾਨ ਦਵਿੰਦਰ ਸਿੰਘ ਦੇਹ ਕਲਾਂ, ਜਨਰਲ ਸਕੱਤਰ ਜਸਪਾਲ ਸਿੰਘ ਨਿਆਮੀਆਂ ਕਰ ਰਹੇ ਸਨ। ਧਰਨਾ ਪ੍ਰਦਰਸ਼ਨ ਕਰਨ ਵਾਲੇ ਲੋਕਾਂ ਦੀ ਮੰਗ ਸੀ ਕਿ ਪੰਜਾਬ ਸਰਕਾਰ ਵੱਲੋਂ 11/04/2025 ਨੂੰ ਇੱਕ ਮੀਟਿੰਗ ਵਿੱਚ ਪਾਸ ਕੀਤਾ ਗਿਆ ਸੀ ਕਿ ਪੰਚਾਇਤ ਵਿਭਾਗ ਦੇ ਬਲਾਕ ਖਰੜ ਦੇ ਪਿੰਡਾਂ ਨੂੰ ਹਲਕਾ ਸ੍ਰੀ ਚਮਕੌਰ ਸਾਹਿਬ ਵਿੱਚ ਮਿਲਾਇਆ ਜਾਵੇਗਾ। ਇਸ ਫ਼ੈਸਲੇ ਅਨੁਸਾਰ ਬਲਾਕ ਸੰਮਤੀ ਖਰੜ ਦੇ 35 ਪਿੰਡਾਂ ਨੂੰ ਸ੍ਰੀ ਚਮਕੌਰ ਸਾਹਿਬ ਵਿੱਚ ਮਿਲਾਏ ਜਾਣ ਦੀ ਯੋਜਨਾ ਦੱਸੀ ਹੈ। ਪਰ ਪਿੰਡਾਂ ਦੀ ਭੂਗੋਲਿਕ ਸਥਿਤੀ ਅਨੁਸਾਰ ਇਹ ਸਾਰੇ ਪਿੰਡ ਖਰੜ ਦੇ 8/10 ਕਿੱਲੋਮੀਟਰ ਦੇ ਦਾਇਰੇ ਵਿੱਚ ਆਉਂਦੇ ਹਨ। ਜਦੋਂ ਕਿ ਸ੍ਰੀ ਚਮਕੌਰ ਸਾਹਿਬ ਬਲਾਕ ਸੰਮਤੀ ਦਾ ਦਫ਼ਤਰ ਇਹਨਾਂ ਪਿੰਡਾਂ ਤੋਂ 25 ਤੋਂ 30 ਕਿੱਲੋਮੀਟਰ ਦੀ ਦੂਰੀ ਉੱਤੇ ਹੈ। ਇਸ ਤਰ੍ਹਾਂ ਇਹਨਾਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਆਪਣੇ ਕੰਮਾਂ ਲਈ ਸ੍ਰੀ ਚਮਕੌਰ ਸਾਹਿਬ ਲੰਬਾ ਪੈਂਡਾ ਤੈਅ ਕਰ ਕੇ ਜਾਣਾ ਪਿਆ ਕਰੇਗਾ ਅਤੇ ਖੱਜਲ ਖੁਆਰੀ ਸਹਿਣ ਕਰਨੀ ਪਵੇਗੀ। ਇਸੇ ਰੋਸ ਵਜੋਂ ਅੱਜ ਦਾ ਧਰਨਾ ਮਾਰਿਆ ਗਿਆ ਸੀ ਅਤੇ ਧਰਨਾਕਾਰੀ ਮੰਗ ਕਰ ਰਹੇ ਸਨ ਕਿ ਬਲਾਕ ਖਰੜ ਦੇ ਪਿੰਡਾਂ ਨੂੰ ਸ੍ਰੀ ਚਮਕੌਰ ਸਾਹਿਬ ਵਿੱਚ ਨਾ ਮਿਲਾਇਆ ਜਾਵੇ। ਲੋਕਾਂ ਵੱਲੋਂ ਐੱਸ ਡੀ ਐੱਮ ਖਰੜ ਨੂੰ ਮੰਗ ਪੱਤਰ ਦਿੱਤਾ ਗਿਆ ਕਿ ਉਕਤ ਫ਼ੈਸਲਾ ਵਾਪਸ ਲਿਆ ਜਾਵੇ। ਇਸ ਮੌਕੇ ਵੱਡੀ ਗਿਣਤੀ ਵਿੱਚ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਕਿਸਾਨ ਆਗੂ ਵੀ ਹਾਜ਼ਰ ਸਨ।

# ਕਰੋੜਾਂ ਰੁਪਏ ਦੀ ਲਾਗਤ ਨਾਲ ਸਰਕਾਰੀ ਸਕੂਲਾਂ ਦੀ ਕੀਤੀ ਜਾ ਰਹੀ ਕਾਇਆ-ਕਲਪ : ਡਾ. ਸੁੱਖੀ



**ਬੰਗਾ (ਅਵਤਾਰ ਕਲੇਰ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਿੱਖਿਆ ਕ੍ਰਾਂਤੀ ਰਾਹੀਂ ਕਰੋੜਾਂ ਰੁਪਏ ਦੀ ਲਾਗਤ ਨਾਲ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕੀਤੀ ਜਾ ਰਹੀ ਹੈ, ਜਿਸ ਤਹਿਤ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਬਿਹਤਰੀਨ ਸਿੱਖਿਆ ਮੁਹੱਈਆ ਹੋਵੇਗੀ ਅਤੇ ਰਾਜ ਭਰ ਦੇ ਬੱਚੇ ਹੁਣ ਵਧੀਆ ਸਿੱਖਿਆ ਹਾਸਲ ਕਰਕੇ ਉੱਚ ਅਹੁਦਿਆਂ ਤੱਕ ਪੁੱਜ ਸਕਣਗੇ। ਇਹ ਪ੍ਰਗਟਾਵਾ ਪੰਜਾਬ ਕੰਟੇਨਰ ਅਤੇ ਵੇਅਰਹਾਊਸ ਕਾਰਪੋਰੇਸ਼ਨ ਦੇ ਚੇਅਰਮੈਨ ਅਤੇ ਵਿਧਾਇਕ ਬੰਗਾ ਡਾ. ਸੁਖਵਿੰਦਰ ਕੁਮਾਰ ਸੁੱਖੀ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਹਲਕਾ ਬੰਗਾ ਦੇ ਪਿੰਡ ਹੀਓਂ, ਗੋਬਿੰਦਪੁਰ, ਅਟਾਰੀ ਅਤੇ ਰਾਮਪੁਰ ਦੇ ਸਰਕਾਰੀ ਸਕੂਲਾਂ ਵਿਚ ਬੁਨਿਆਦੀ ਢਾਂਚੇ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕਰਨ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਸੂਬੇ ਦੇ ਸਾਰੇ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰਨ ਦਾ ਟੀਚਾ ਨਿਰਧਾਰਤ ਕਰ ਚੁੱਕੀ ਹੈ। ਇਨ੍ਹਾਂ ਸਕੂਲਾਂ ਨੂੰ ਵਿਸ਼ਵ ਪੱਧਰੀ ਬਣਾਉਣ ਦੀ ਸੋਚ ਨਾਲ ਪੰਜਾਬ ਦੇ ਲੱਗਭਗ 20 ਹਜ਼ਾਰ ਸਰਕਾਰੀ ਸਕੂਲਾਂ ਦੀ ਕਾਇਆ-ਕਲਪ ਕੀਤੀ ਜਾ ਰਹੀ ਹੈ। ਇਸ ਮੌਕੇ ਪੰਜਾਬ ਸਿੱਖਿਆ ਕ੍ਰਾਂਤੀ ਦੇ ਹਲਕਾ ਬੰਗਾ ਦੇ ਕੋਆਰਡੀਨੇਟਰ ਸੋਹਣ ਲਾਲ ਢੰਡਾ, ਬੀ.ਪੀ.ਓ ਜਗਦੀਪ ਸਿੰਘ ਜੌਹਲ, ਪਵਨਜੀਤ ਸਿੰਘ ਸਿੱਧੂ ਹਰਪ੍ਰੀਤ ਸਿੰਘ ਭੱਟੀ, ਵਿਜੈ ਕੁਮਾਰ ਨੋਡਲ ਅਫ਼ਸਰ, ਅਮਰਜੀਤ ਖਟਕੜ ਸੇਵਾਮੁਕਤ ਡਿਪਟੀ ਡੀ. ਈ. ਓ, ਜ਼ੋਨ ਇੰਚਾਰਜ ਸੁਰਜੀਤ ਕੁਮਾਰ, ਸਕੂਲਾਂ ਦੇ ਮੁਖੀਆਂ, ਵਿਦਿਆਰਥੀਆਂ ਅਤੇ ਸਟਾਫ਼ ਤੋਂ ਇਲਾਵਾ ਪਿੰਡਾਂ ਦੀਆਂ ਪੰਚਾਇਤਾਂ ਦੇ ਨੁਮਾਇੰਦੇ ਤੇ ਹੋਰ ਪਤਵੰਤੇ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਸਰਕਾਰੀ ਐਲੀਮੈਂਟਰੀ ਸਕੂਲ ਲਕਸੀਹਾਂ ਨੂੰ ਪ੍ਰਵਾਸੀ ਭਾਰਤੀ ਵੱਲੋਂ 50 ਹਜ਼ਾਰ ਰੁਪਏ ਭੇਟ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸਰਕਾਰੀ ਐਲੀਮੈਂਟਰੀ ਸਕੂਲ ਲਕਸੀਹਾਂ ਨੂੰ ਆਸਟਰੇਲੀਆ ਨਿਵਾਸੀ ਹਰਜੀਤ ਸਿੰਘ ਗਿੱਲ ਸਪੁੱਤਰ ਦਰਸ਼ਨ ਸਿੰਘ ਗਿੱਲ ਅਤੇ ਉਹਨਾਂ ਦੀ ਪਤਨੀ ਸ੍ਰੀਮਤੀ ਸਤਿੰਦਰ ਪਾਲ ਕੌਰ ਵੱਲੋਂ ਸਕੂਲ ਨੂੰ 50,000 ਰੁਪਏ ਦੀ ਮਾਲੀ ਮਦਦ ਭੇਟ ਕੀਤੀ ਗਈ। ਇਸ ਮੌਕੇ ਪਿੰਡ ਦੇ ਸਰਪੰਚ ਅਵਤਾਰ ਸਿੰਘ ਅਤੇ ਸਮੂਹ ਗ੍ਰਾਮ ਪੰਚਾਇਤ ਲਕਸੀਹਾਂ ਵੱਲੋਂ ਉਕਤ ਐਨ.ਆਰ.ਆਈ. ਪਰਵਾਰ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਵਲੋਂ ਦਾਨੀ ਪਰਵਾਰ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸਕੂਲ ਮੁਖੀ ਬਲਜਿੰਦਰ ਪਾਲ ਅਤੇ ਮਾ. ਸਗਲੀ ਰਾਮ ਨੇ ਦੱਸਿਆ ਗਿਆ ਕਿ ਹਰਜੀਤ ਸਿੰਘ ਗਿੱਲ ਦੇ ਪਰਿਵਾਰ ਵਲੋਂ ਪਹਿਲਾਂ ਵੀ ਸਕੂਲ ਨੂੰ ਕਈ ਵਾਰ ਮਾਲੀ ਮਦਦ ਕੀਤੀ ਗਈ ਹੈ, ਪਿਛਲੇ ਸਾਲ ਵੀ ਇੱਕ ਲੱਖ ਰੁਪਏ ਦੀ ਮਾਲੀ ਮਦਦ ਕੀਤੀ ਗਈ ਸੀ। ਠੇਕੇਦਾਰ ਦਲਵੀਰ ਸਿੰਘ ਨੇ ਦੱਸਿਆ ਕਿ ਸਕੂਲ ਵਿੱਚ ਸਬਮਰਸੀਬਲ ਪੰਪ, ਇੰਟਰਲਾਕ ਅਤੇ ਵਾਟਰ ਪਿਊਰੀਫਾਇਰ ਵੀ ਹਰਜੀਤ ਸਿੰਘ ਗਿੱਲ ਪਰਵਾਰ ਵਲੋਂ ਲਗਾਏ ਗਏ ਹਨ। ਇਸ ਮੌਕੇ ਮਲਕੀਤ ਸਿੰਘ, ਇੱਕਬਾਲ ਸਿੰਘ (ਪੰਪ ਅਪਰੇਟਰ), ਰਾਜ ਕੁਮਾਰ (ਪੰਚ) ਸ੍ਰੀਮਤੀ ਜੋਗਿੰਦਰ ਕੌਰ, ਸ੍ਰੀਮਤੀ ਬਲਵਿੰਦਰ ਕੌਰ, ਦਰਸ਼ਨ ਕੌਰ, ਰੇਖਾ ਰਾਣੀ, ਰਜਵੰਤ ਕੌਰ, ਸੁਨੀਤਾ ਦੇਵੀ, ਕੁਲਵਿੰਦਰ ਕੌਰ, ਮੈਡਮ ਪ੍ਰੀਆ, ਰਾਜਵਿੰਦਰ ਕੌਰ, ਸਲਮਾ ਹੀਰਾ ਆਦਿ ਹਾਜ਼ਰ ਸਨ।



# ਬਿਜਲੀ ਬੰਦ ਰਹੇਗੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪੰਜਾਬ ਰਾਜ ਪਾਵਰਕਾਮ ਕਾਰਪੋਰੇਸ਼ਨ ਅਧੀਨ ਚਲਦੇ ਸ਼ਹਿਰੀ ਸਬ ਡਵੀਜ਼ਨ ਟਾਂਡਾ ਦੇ 66 ਕੇ. ਵੀ. ਸਬ ਸਟੇਸ਼ਨ ਕਲਿਆਣਪੁਰ ਦੀ ਜ਼ਰੂਰੀ ਮੁਰੰਮਤ ਕਾਰਨ 25 ਅਪ੍ਰੈਲ ਨੂੰ ਇਸ ਸਬ ਸਟੇਸ਼ਨ ਤੋਂ ਚਲਦੇ ਵੱਖ-ਵੱਖ ਫੀਡਰਾਂ ਦੀ ਬਿਜਲੀ ਸਪਲਾਈ ਬੰਦ ਰਹੇਗੀ। ਸਹਾਇਕ ਕਾਰਜਕਾਰੀ ਇੰਜੀਨੀਅਰ ਸ਼ਹਿਰੀ ਸਬ ਡਵੀਜ਼ਨ ਟਾਂਡਾ ਇੰਦਰਪਾਲ ਸਿੰਘ ਨੇ ਦੱਸਿਆ ਕਿ ਜ਼ਰੂਰੀ ਮੁਰੰਮਤ ਕਾਰਨ 11 ਕੇ. ਵੀ ਕਲਿਆਣਪੁਰ ਤੇ ਗਿੱਦੜਪਿੰਡੀ, ਘਰਾਂ ਦੀ ਯੂ. ਪੀ. ਐੱਸ. ਜਹੂਰਾ ਛੰਭ ਮੋਟਰਾਂ ਦੀ ਬਿਜਲੀ ਸਪਲਾਈ ਅੱਜ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਬੰਦ ਰਹੇਗੀ।

# ਸੀ ਟੀ ਗਰੁੱਪ ਨੇ ਅਮਨ ਰੈਲੀ ਕੱਢੀ

**ਜਲੰਧਰ (ਸ਼ੈਲੀ ਐਲਬਰਟ)**- ਮਾਡਲ ਟਾਊਨ ਸਥਿਤ ਸ਼ਿਵਾਨੀ ਪਾਰਕ ਵਿੱਚ ਅੱਜ ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਹਾਲ ਹੀ ਵਿੱਚ ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਆਤੰਕੀ ਹਮਲੇ ਦੀ ਮੁਖ਼ਾਲਫਤ ਕਰਦਿਆਂ ਇੱਕ ਚੁੱਪ ਵਿਰੋਧ ਪ੍ਰਦਰਸ਼ਨ ਕੀਤਾ। ਇਸ ਦੌਰਾਨ ਉਨ੍ਹਾਂ ਏਕਤਾ ਅਤੇ ਸੰਵੇਦਨਸ਼ੀਲਤਾ ਦੀ ਮਿਸਾਲ ਪੇਸ਼ ਕੀਤੀ।ਇਸ ਮੁਹਿੰਮ ਦਾ ਪ੍ਰਭਾਵ ਵਧਾਉਣ ਲਈ, ਇੱਕ ਪ੍ਰਤੀਕਾਤਮਕ 'ਬਲੈਕ ਰਿਬਨ ਕੈਂਪੇਨ' ਆਯੋਜਿਤ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਹਿੰਸਾ ਦੇ ਵਿਰੋਧ ਅਤੇ ਸੋਗ ਦਰਸਾਉਣ ਲਈ ਆਪਣੀਆਂ ਬਾਹਾਂ ਅਤੇ ਮੋਢਿਆਂ 'ਤੇ ਕਾਲੇ ਰਿਬਨ ਬੰਨ੍ਹੇ। ਵੱਖ-ਵੱਖ ਖੇਤਰਾਂ, ਖਾਸ ਕਰਕੇ ਕਸ਼ਮੀਰੀ ਵਿਦਿਆਰਥੀਆਂ ਨੇ ਇਸ ਮੁਹਿੰਮ ਵਿੱਚ ਵਧ-ਚੜ੍ਹ ਕੇ ਹਿੱਸਾ ਲਿਆ ।ਸ਼ਾਂਤੀ, ਨਿਆਂ ਅਤੇ ਮਾਨਵਤਾ ਦਾ ਸੰਦੇਸ਼ ਦਿੰਦੇ ਪਲੈਕਾਰਡ ਫੜੇ ਹੋਏ ਸਹਿਭਾਗੀਆਂ ਨੇ ਮੋਮਬੱਤੀਆਂ ਜਗਾਈਆਂ ਅਤੇ ਸ਼ਿਵਾਨੀ ਪਾਰਕ ਵਿੱਚ ਇੱਕ ਸ਼ਾਂਤਮਈ ਮਾਰਚ ਕੱਢਿਆ। ਸੀ.ਟੀ. ਗਰੁੱਪ ਦੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਕਿਹਾ, ਇੱਕ ਸੱਭਿਆਚਾਰਕ ਸਮਾਜ ਵਿੱਚ ਆਤੰਕਵਾਦ ਲਈ ਕੋਈ ਥਾਂ ਨਹੀਂ ਹੈ। ਅਸੀਂ ਸੀ.ਟੀ. ਗਰੁੱਪ ਕਸ਼ਮੀਰ, ਪੀੜਤਾਂ ਅਤੇ ਹਰ ਉਸ ਅਵਾਜ਼ ਦੇ ਨਾਲ ਖੜ੍ਹੇ ਹਾਂ ਜੋ ਸ਼ਾਂਤੀ ਅਤੇ ਨਿਆਂ ਵਿੱਚ ਵਿਸ਼ਵਾਸ ਰੱਖਦੀ ਹੈ।




# 68 ਲੱਖ ਦੀ ਲਾਗਤ ਨਾਲ 7 ਸਰਕਾਰੀ ਸਕੂਲਾਂ ਦੇ ਵਿਕਾਸ ਕੰਮਾਂ ਦਾ ਉਦਘਾਟਨ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਪੰਜਾਬ ਸਰਕਾਰ ਵਲੋਂ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਵਿਚ ਵੱਡੇ ਸੁਧਾਰ ਲਈ ਸ਼ੁਰੂ ਕੀਤੀ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਕਪੂਰਥਲਾ ਜ਼ਿਲ੍ਹੇ ਵਿਚ 7 ਸਰਕਾਰੀ ਸਕੂਲਾਂ ਅੰਦਰ 68 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕੰਮਾਂ ਦੇ ਉਦਘਾਟਨ ਕੀਤੇ ਗਏ।ਹੁਸ਼ਿਆਰਪੁਰ ਤੋਂ ਲੋਕ ਸਭਾ ਮੈਂਬਰ ਡਾ.ਰਾਜ ਕੁਮਾਰ ਚੱਬੇਵਾਲ ਵਲੋਂ 33 ਲੱਖ ਰੁਪਏ ਦੀ ਲਾਗਤ ਨਾਲ ਸਰਕਾਰੀ ਮਿਡਲ ਸਕੂਲ ਖੈੜਾ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਮਹਿਲੀ ਗੇਟ ਵਿਖੇ ਅਡੀਸ਼ਨਲ ਕਲਾਸ ਰੂਮਾਂ, ਚਾਰਦੀਵਾਰੀ ਆਦਿ ਦੇ ਉਦਘਾਟਨ ਕੀਤੇ ਗਏ। ਸੁਲਤਾਨਪੁਰ ਲੋਧੀ ਬਲਾਕ ਵਿਚ ਚੇਅਰਮੈਨ ਨਗਰ ਸੁਧਾਰ ਟਰੱਸਟ ਕਪੂਰਥਲਾ ਸੱਜਣ ਸਿੰਘ ਚੀਮਾ ਵਲੋਂ 18.51 ਲੱਖ ਰੁਪਏ ਦੀ ਲਾਗਤ ਨਾਲ ਸਰਕਾਰੀ ਪ੍ਰਾਇਮਰੀ ਤੇ ਸੀਨੀਅਰ ਸੈਕੰਡਰੀ ਸਕੂਲ ਖੀਰਾਂਵਾਲੀ ਵਿਖੇ ਲਾਈਬ੍ਰੇਰੀ, ਅਡੀਸ਼ਨਲ ਕਲਾਸ ਰੂਮ ਤੇ ਚਾਰਦੀਵਾਰੀ ਦਾ ਉਦਘਾਟਨ ਕੀਤਾ ਗਿਆ। ਇਸ ਤੋਂ ਇਲਾਵਾ ਸਰਕਾਰੀ ਸਕੂਲ ਢਪੱਈ, ਸਰਕਾਰੀ ਹਾਈ ਸਕੂਲ ਤੇ ਪ੍ਰਾਇਮਰੀ ਸਕੂਲ ਅਹਿਮਦਪੁਰ ਵਿਖੇ ਸੰਦੀਪ ਸੈਣੀ ਚੇਅਰਮੈਨ ਪੰਜਾਬ ਬੀ.ਸੀ.ਲੈਂਡ ਅਤੇ ਡਿਵੈਲਪਮੈਂਟ ਐਂਡ ਫਾਇਨਾਂਸ ਕਾਰਪੋਰੇਸ਼ਨ ਵਲੋਂ 16 ਲੱਖ ਰੁਪਏ ਦੀ ਲਾਗਤ ਨਾਲ ਸਾਇੰਸ ਲੈਬ, ਚਾਰਦੀਵਾਰੀ ਦੇ ਉਦਘਾਟਨ ਕੀਤੇ ਗਏ। ਇਸ ਮੌਕੇ ਜ਼ਿਲ੍ਹਾ ਯੋਜਨਾ ਬੋਰਡ ਦੀ ਚੇਅਰਪਰਸਨ ਲਲਿਤ ਸਕਲਾਨੀ, ਆਮ ਆਦਮੀ ਪਾਰਟੀ ਦੇ ਬੁਲਾਰੇ ਹਰਜੀ ਮਾਨ ਤੇ ਹੋਰ ਹਾਜ਼ਰ ਸਨ।

# ਮਲੇਰੀਆ/ਡੇਂਗੂ ਸੰਬੰਧੀ ਜਾਗਰੂਕ ਕੀਤਾ



**ਬਲਾਚੌਰ (ਜਸਵਿੰਦਰ ਬੈਂਸ)**- ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾ. ਗੁਰਿੰਦਰਜੀਤ ਸਿੰਘ ਅਤੇ ਐਪੀਡੀਮੋਲੋਜਿਸਟ ਡਾ. ਰਕੇਸ਼ ਪਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਸੜੋਆ ਡਾ. ਨਵਰੀਤ ਕੌਰ ਦੀ ਯੋਗ ਅਗਵਾਈ ਹੇਠ ਸੈਕਟਰ ਪੋਜੇਵਾਲ ਅਧੀਨ ਪੈਂਦੀ ਮਾਈਗੇਟ ਆਬਾਦੀ ਪਿੰਡ ਚੰਦਿਆਣੀ ਖੁਰਦ ਅਤੇ ਬੂਥਗੜ੍ਹ ਵਿਖੇ ਸਿਹਤ ਵਿਭਾਗ ਦੇ ਕਰਮਚਾਰੀ ਸੁਨੀਲ ਕੁਮਾਰ ਅਤੇ ਕਰਾਂਤੀ ਪਾਲ ਸਿੰਘ ਰੌੜੀ ਵਲੋਂ ਮਲੇਰੀਆ ਡੇਂਗੂ ਚਿਕਨਗੁਨੀਆ ਦੇ ਲੱਛਣਾਂ ਅਤੇ ਬਚਾਓ ਸਬੰਧੀ ਜਾਣਕਾਰੀ ਦਿੱਤੀ ਗਈ, ਜਿਵੇਂ ਹਫਤੇ ਵਿੱਚ ਇੱਕ ਦਿਨ ਹਰੇਕ ਸ਼ੁੱਕਰਵਾਰ ਡਰਾਈ ਡੇ ਮਨਾਇਆ ਜਾਵੇ, ਜਿਸ ਦੌਰਾਨ ਆਪਣੇ ਘਰ ਆਲੇ ਦੁਆਲੇ ਸਾਫ ਸਫਾਈ ਦਾ ਖਾਸ ਖਿਆਲ ਰੱਖਿਆ ਜਾਵੇ ਜਿਵੇਂ ਕੂਲਰਾਂ, ਗਮਲਿਆਂ, ਪੁਰਾਣੇ ਟਾਇਰਾਂ ਵਿੱਚ ਪਾਣੀ ਨਾ ਖੜ੍ਹਨ ਦਿੱਤਾ ਜਾਵੇ। ਅਗਰ ਕਿਸੇ ਨੂੰ ਸਿਹਤ ਸਬੰਧੀ ਕੋਈ ਮੁਸ਼ਕਲ ਆਵੇ ਤਾਂ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰੇ। ਇਸ ਮੌਕੇ ਜਸਵਿੰਦਰ ਕੌਰ, ਕਵਿਤਾ, ਰਜਨੀ, ਮਨਦੀਪ, ਰਿੰਕੀ, ਅਮਰਜੀਤ ਕੌਰ, ਮਮਤਾ, ਜਸਵਿੰਦਰ ਕੌਰ, ਸੁਰਜੀਤ ਕੌਰ ਆਦਿ ਹਾਜ਼ਰ ਸਨ।

# ਜ਼ਿਲ੍ਹੇ 'ਚ ਹੁਣ ਤੱਕ 63354 ਮੀਟਰਕ ਟਨ ਕਣਕ ਦੀ ਹੋਈ ਖ਼ਰੀਦ : ਡਿਪਟੀ ਕਮਿਸ਼ਨਰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਜ਼ਿਲ੍ਹੇ ਵਿੱਚ ਖ਼ਰੀਦ ਪ੍ਰਕਿਰਿਆ ਨਿਰਵਿਘਨ ਚੱਲ ਰਹੀ ਹੈ, ਮੰਡੀਆਂ ਵਿੱਚ 65259 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ ,ਜਿਸ ਵਿੱਚੋਂ 63354 ਮੀਟਰਕ ਟਨ, ਭਾਵ 97 ਫੀਸਦ, ਸਬੰਧਤ ਏਜੰਸੀਆਂ ਵੱਲੋਂ ਖਰੀਦੀ ਜਾ ਚੁੱਕੀ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਖ਼ਰੀਦ ਕੇਂਦਰਾਂ 'ਤੇ ਸਾਰੇ ਭਾਈਵਾਲਾਂ ਦੀ ਸਹੂਲਤ ਲਈ ਲੋੜੀਂਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਉਪ- ਮੰਡਲ ਮੈਜਿਸਟਰੇਟਾਂ ਨੂੰ ਖ਼ਰੀਦ ਪ੍ਰਕਿਰਿਆ 'ਤੇ ਲਗਾਤਾਰ ਨਜ਼ਰ ਰੱਖਣ ਦੇ ਵੀ ਨਿਰਦੇਸ਼ ਦਿੱਤੇ ਤਾਂ ਜੋ ਲੋੜ ਪੈਣ 'ਤੇ ਤੁਰੰਤ ਕੰਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਏਜੰਸੀਆਂ ਕੋਲ ਪਹਿਲਾਂ ਹੀ ਕਾਫ਼ੀ ਗਿਣਤੀ ਵਿੱਚ ਬਾਰਦਾਨਾ ਅਤੇ ਤਰਪਾਲਾਂ ਉਪਲਬਧ ਹਨ ਤਾਂ ਜੋ ਕਿਸੇ ਵੀ ਕੀਮਤ 'ਤੇ ਲਿਫਟਿੰਗ ਦੇ ਕੰਮ ਕੋਈ ਅੜਿੱਕਾ ਨਾ ਪਵੇ, ਅਤੇ ਨਾਲ ਹੀ ਨਿਰਧਾਰਤ ਸਮੇਂ ਦੇ ਅੰਦਰ ਫਸਲ ਦੀ ਲਿਫਟਿੰਗ ਵੀ ਕੀਤੀ ਜਾ ਸਕੇ। ਉਨ੍ਹਾਂ ਅੱਗੇ ਕਿਹਾ ਕਿ ਹੁਣ ਤੱਕ ਸਬੰਧਤ ਏਜੰਸੀਆਂ ਨੇ ਮੰਡੀਆਂ ਤੋਂ 13822 ਮੀਟਰਕ ਟਨ ਫਸਲ ਦੀ ਲਿਫਟਿੰਗ ਕੀਤੀ ਹੈ, ਜੋ ਕਿ 72 ਘੰਟਿਆਂ ਦੀ ਦਿੱਤੀ ਗਈ ਸਮਾਂ ਸੀਮਾ ਦਾ ਲਗਭਗ 124 ਫੀਸਦ ਹੈ।ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਇਹ ਵੀ ਦੱਸਿਆ ਕਿ ਖਰੀਦ ਦੇ ਅਗਲੇ 48 ਘੰਟਿਆਂ ਦਰਮਿਆਨ ਕਿਸਾਨਾਂ ਦੇ ਖਾਤਿਆਂ ਵਿੱਚ ਸਿੱਧੇ ਤੌਰ 'ਤੇ 103.15 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਰਹੀ ਹੈ।ਇਸ ਤਰ੍ਹਾਂ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ 103.15 ਕਰੋੜ ਰੁਪਏ ਦੀ ਅਦਾਇਗੀ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਪਨਗ੍ਰੇਨ, ਮਾਰਕਫੈੱਡ, ਪਨਸਪ, ਵੇਅਰਹਾਊਸ ਅਤੇ ਐਫ.ਸੀ.ਆਈ. ਨਾਮਕ ਏਜੰਸੀਆਂ ਜ਼ਿਲ੍ਹੇ ਦੀਆਂ 65 ਮੰਡੀਆਂ ਅਤੇ ਦੋ ਅਸਥਾਈ ਯਾਰਡਾਂ 'ਤੇ ਵੀ ਕਿਸਾਨਾਂ ਦੀ ਫਸਲ ਦੀ ਖਰੀਦ ਕਰ ਰਹੀਆਂ ਹਨ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਖ਼ਰੀਦ ਦੀ ਮੌਜੂਦਾ ਗਤੀ ਦਾ ਜਾਇਜ਼ਾ ਲੈਣ ਲਈ ਮੰਡੀਆਂ ਦਾ ਨਿਯਮਤ ਦੌਰਾ ਕਰਨ ਦੇ ਨਿਰਦੇਸ਼ ਵੀ ਦਿੱਤੇ।

## ਨਵਾਂਸ਼ਹਿਰ 'ਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਮੈਰਾਥਨ 26 ਨੂੰ : ਡੀ ਸੀ

**ਨਵਾਂਸ਼ਹਿਰ (ਮਨੋਜ ਲਾਡੀ)**- ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਲੋਕਾਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ, ਸ਼ਹੀਦ ਭਗਤ ਸਿੰਘ ਨਗਰ ਵੱਲੋਂ 26 ਅਪ੍ਰੈਲ ਨੂੰ ਮੈਰਾਥਨ ਕਰਵਾਈ ਜਾ ਰਹੀ ਹੈ। ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਦੱਸਿਆ ਕਿ ਇਸ ਮੈਰਾਥਨ ਦਾ ਮੁੱਖ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਅਸਰ ਬਾਰੇ ਜਾਣੂ ਕਰਵਾਉਣ ਦੇ ਨਾਲ-ਨਾਲ ਸਮਾਜ ਦੀ ਨਸ਼ਿਆਂ ਖ਼ਿਲਾਫ਼ ਜੰਗ ਵਿਚ ਭਾਗੀਦਾਰੀ ਵਧਾਉਣਾ ਹੈ। ਉਨ੍ਹਾਂ ਦੱਸਿਆ ਕਿ ਇਹ ਮੈਰਾਥਨ ਆਈ.ਟੀ.ਆਈ ਗਰਾਊਂਡ ਨਵਾਂਸ਼ਹਿਰ ਤੋਂ ਸਵੇਰੇ 6.30 ਵਜੇ ਸ਼ੁਰੂ ਹੋਵੇਗੀ ਅਤੇ ਰਾਜਾ ਹਸਪਤਾਲ, ਬਾਰਾਦਰੀ ਬਾਗ਼, ਸਰਕਾਰੀ ਮੁੜ ਵਸੇਬਾ ਕੇਂਦਰ, ਬਾਬਾ ਸਾਹਿਬ ਡਾ. ਬੀ. ਆਰ ਅੰਬੇਡਕਰ ਚੌਕ ਤੋਂ ਹੁੰਦੀ ਹੋਈ ਵਾਪਸ ਆਈ.ਟੀ.ਆਈ ਗਰਾਊਂਡ ਵਿਖੇ ਸਮਾਪਤ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਮੈਰਾਥਨ ਵਿਚ ਜ਼ਿਲ੍ਹੇ ਦੀਆਂ ਉੱਘੀਆਂ ਸ਼ਖ਼ਸੀਅਤਾਂ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਕਰਮਚਾਰੀ, ਵਿਦਿਆਰਥੀ, ਅਧਿਆਪਕ, ਖਿਡਾਰੀ, ਪਿੰਡਾਂ ਦੇ ਪੰਚ-ਸਰਪੰਚ, ਯੂਥ ਕਲੱਬਾਂ ਦੇ ਮੈਂਬਰ, ਵਲੰਟੀਅਰ ਅਤੇ ਜ਼ਿਲ੍ਹਾ ਵਾਸੀ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨਗੇ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਸੱਦਾ ਦਿੱਤਾ ਕਿ ਉਹ ਵੱਧ ਤੋਂ ਵੱਧ ਗਿਣਤੀ ਵਿਚ ਇਸ ਮੈਰਾਥਨ ਵਿਚ ਹਿੱਸਾ ਲੈ ਕੇ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਨੂੰ ਨਸ਼ਾ ਮੁਕਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਵਿਚ ਆਪਣਾ ਅਹਿਮ ਯੋਗਦਾਨ ਦੇਣ।

# ਹੈਰੋਇਨ ਸਮੇਤ ਇੱਕ ਵਿਅਕਤੀ ਕਾਬੂ

**ਬਲਾਚੌਰ (ਜਸਵਿੰਦਰ ਬੈਂਸ)** -ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਵੀਜ਼ਨ ਬਲਾਚੌਰ ਵਿੱਚ ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਐਸ ਐਸ ਪੀ ਸ਼ਹੀਦ ਭਗਤ ਸਿੰਘ ਨਗਰ ਡਾ. ਮਹਿਤਾਬ ਸਿੰਘ ਆਈ ਪੀ ਐਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਸ਼ਾਮ ਸੁੰਦਰ ਸ਼ਰਮਾ ਡੀ ਐਸ ਪੀ ਬਲਾਚੌਰ ਦੀ ਯੋਗ ਅਗਵਾਈ ਹੇਠ ਪਾਲਣਾ ਕਰਦੇ ਹੋਏ ਸਬ ਇੰਸਪੈਕਟਰ ਸਤਨਾਮ ਸਿੰਘ ਮੁੱਖ ਅਫਸਰ ਥਾਣਾ ਸਿਟੀ ਬਲਾਚੌਰ ਅਤੇ ਭੂਸ਼ਣ ਲਾਲ ਐਸ ਆਈ ਦੀ ਟੀਮ ਵੱਲੋਂ ਰਾਜ ਕੁਮਾਰ ਉਰਫ ਰਾਹੁਲ ਪੁੱਤਰ ਗੁੱਡੂ ਸ਼ਾਹ ਵਾਸੀ ਵਾਰਡ ਨੰਬਰ 4 ਥਾਣਾ ਸਿਟੀ ਬਲਾਚੌਰ ਨੂੰ 4 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ। ਕਥਿਤ ਦੋਸ਼ੀ ਖਿਲਾਫ ਥਾਣਾ ਸਿਟੀ ਬਲਾਚੌਰ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।



## ਜ਼ਿਲ੍ਹੇ ਦੀਆਂ ਮੰਡੀਆਂ 'ਚ ਖਰੀਦ ਏਜੰਸੀਆਂ ਵੱਲੋਂ ਇੱਕ ਦਿਨ 'ਚ ਲਿਫਟਿੰਗ ਦਾ ਨਵਾਂ ਰਿਕਾਰਡ

**ਮੋਹਾਲੀ (ਗੁਰਜੀਤ ਬਿੱਲਾ)** ਸਰਕਾਰੀ ਖਰੀਦ ਏਜੰਸੀਆਂ ਵੱਲੋਂ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਪਿਛਲੇ ਸੀਜ਼ਨਾਂ ਦੇ ਮੁਕਾਬਲੇ ਇੱਕ ਦਿਨ ਵਿੱਚ ਸਭ ਤੋਂ ਵੱਧ ਲਿਫਟਿੰਗ ਦਾ ਰਿਕਾਰਡ ਕਾਇਮ ਕਰਦੇ ਹੋਏ ਚਾਲੂ ਸੀਜ਼ਨ ਵਿੱਚ ਇੱਕ ਦਿਨ ਚ 6474 ਮੀਟ੍ਰਿਕ ਟਨ ਦੀ ਲਿਫਟਿੰਗ ਕੀਤੀ ਗਈ।ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਇਸ ਦੇ ਨਾਲ ਹੀ ਜੇਕਰ ਪ੍ਰਾਈਵੇਟ ਵਪਾਰੀਆਂ ਵੱਲੋਂ ਕੀਤੀ ਲਿਫਟਿੰਗ ਨੂੰ ਵੀ ਜੋੜਿਆ ਜਾਵੇ ਤਾਂ ਇੱਕ ਦਿਨ ਦੀ ਕੁੱਲ ਲਿਫਟਿੰਗ 8015 ਮੀਟ੍ਰਿਕ ਟਨ ਤੇ ਪੁੱਜ ਜਾਵੇਗੀ। ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਡਾ. ਨਵਰੀਤ ਨੇ ਦੱਸਿਆ ਕਿ ਹੁਣ ਤੱਕ ਜ਼ਿਲ੍ਹਾ ਐਸ.ਏ.ਐਸ.ਨਗਰ ਵਿੱਚ ਸਮੂਹ ਖਰੀਦ ਏਜੰਸੀਆਂ ਵਲੋਂ ਕੁੱਲ 81076 ਮੀਟ੍ਰਿਕ ਟਨ ਕਣਕ ਖਰੀਦੀ ਜਾ ਚੁੱਕੀ ਹੈ, ਜਿਸ ਵਿੱਚੋਂ 37153 ਮੀਟ੍ਰਿਕ ਟਨ (ਸਰਕਾਰੀ ਹਦਾਇਤਾਂ ਅਨੁਸਾਰ ਖਰੀਦ ਤੋਂ 72 ਘੰਟਿਆ ਦੇ ਵਿੱਚ) ਜੋ 66 ਫੀਸਦੀ ਬਣਦੀ ਹੈ, ਦੀ ਲਿਫਟਿੰਗ ਹੋ ਚੁੱਕੀ ਹੈ ਅਤੇ ਬਾਕੀ ਰਹਿੰਦੀ ਕਣਕ ਦੀ ਲਿਫਟਿੰਗ ਵੀ ਜਲਦ ਹੀ ਮੁਕੰਮਲ ਕਰ ਲਈ ਜਾਵੇਗੀ। ਉਨ੍ਹਾਂ ਦੱਸਿਆ ਕਿ ਪਿਛਲੇ ਕੁੱਝ ਦਿਨਾਂ ਤੋਂ ਮੰਡੀਆਂ ਵਿੱਚ ਕਣਕ ਦੀ ਆਮਦ ਸਿਖਰਾਂ ਤੇ ਹੈ। ਜ਼ਿਲ੍ਹੇ ਵਿੱਚ ਖਰੀਦ ਲਈ ਗੱਠਾਂ ਅਤੇ ਹੋਰ ਸਾਰੇ ਪ੍ਰਬੰਧ ਮੁਕੰਮਲ ਹਨ। ਇਸ ਦੇ ਨਾਲ ਹੀ 48 ਘੰਟੇ ਦੀ ਅਦਾਇਗੀ 119 ਪ੍ਰਤੀਸ਼ਤ ਅਤੇ ਮਿਤੀ 23 ਅਪ੍ਰੈਲ ਤੱਕ ਕੁੱਲ 181.60 ਕਰੋੜ ਰੁਪਏ ਕਿਸਾਨਾਂ ਦੇ ਖਾਤਿਆਂ ਵਿੱਚ ਪਾ ਦਿੱਤੇ ਗਏ ਹਨ।

# ਅਜੋਕੇ ਸਮੇਂ 'ਚ ਬਿਹਤਰ ਭਵਿੱਖ ਲਈ ਬਚਤ ਜ਼ਰੂਰ ਕਰਨੀ ਚਾਹੀਦੀ : ਪ੍ਰੋ. ਮੋਹੰਤੀ



**ਫਗਵਾੜਾ (ਡਾ. ਰਮਨ)** ਸਰਬ ਨੌਜਵਾਨ ਸਭਾ ਵੱਲੋਂ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਸਥਾਨਕ ਸਕੀਮ ਨੰਬਰ 3, ਹੁਸ਼ਿਆਰਪੁਰ ਰੋਡ ਵਿਖੇ ਸੰਚਾਲਿਤ ਵੋਕੇਸ਼ਨਲ ਸੈਂਟਰ ਵਿਖੇ ਅੱਜ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ.ਪੀ.ਯੂ.) ਦੇ ਮਿੱਤਲ ਸਕੂਲ ਆਫ ਬਿਜਨੇਸ ਵਲੋਂ ਵਿੱਤੀ ਸਾਖ਼ਰਤਾ, ਗਲੋਬਲ ਮਨੀ ਵੀਕ -2025 ਅਤੇ ਨੌਜਵਾਨ ਸਸ਼ਕਤੀਕਰਨ (ਐਨ. ਆਈ. ਐੱਸ. ਐਮ) ਵਿਸ਼ੇ ਤੇ ਸੈਮੀਨਾਰ ਕਰਵਾਇਆ ਗਿਆ। ਇਸ ਦੌਰਾਨ ਮੁੱਖ ਬੁਲਾਰਿਆਂ ਵਜੋਂ ਪਹੁੰਚੇ ਪ੍ਰੋਫੈਸਰ ਅਨੂਪ ਮੋਹੰਤੀ ਨੇ ਬਚਤ ਦੀ ਜਰੂਰਤ ਅਤੇ ਵੱਖ ਵੱਖ ਵਿੱਤੀ ਧੋਖੇਧੜੀਆਂ ਤੋਂ ਬਚਾਅ ਬਾਰੇ ਜਾਗਰੁਕ ਕਰਦੇ ਹੋਏ ਵੋਕੇਸ਼ਨਲ ਸੈਂਟਰ ਦੀਆਂ ਸਿੱਖਿਆਰਥਣਾਂ ਨੂੰ ਮਹੱਤਵਪੂਰਣ ਜਾਣਕਾਰੀ ਦਿੱਤੀ। ਉਹਨਾਂ ਕਿਹਾ ਕਿ ਵਿੱਤੀ ਜਾਗਰੂਕਤਾ ਅਤੇ ਬੱਚਤ ਵਿੱਤੀ ਆਜ਼ਾਦੀ ਅਤੇ ਸੁਰੱਖਿਆ ਪ੍ਰਾਪਤ ਕਰਨ ਲਈ ਮਹੱਤਵਪੂਰਨ ਹਨ। ਇਹਨਾਂ ਹੁਨਰਾਂ ਨੂੰ ਵਿਕਸਤ ਕਰਕੇ, ਆਪਣੇ ਵਿੱਤੀ ਭਵਿੱਖ ਨੂੰ ਬਿਹਤਰ ਬਣਾਇਆ ਜਾ ਸਕਦਾ ਹੈ। ਸੈਂਟਰ ਦੀਆਂ ਸਿੱਖਿਆਰਥਣਾਂ ਨੇ ਦੱਸਿਆ ਕਿ ਅੱਜ ਦਾ ਇਹ ਸੈਮੀਨਾਰ ਉਹਨਾਂ ਨੂੰ ਵਿੱਤੀ ਧੋਖੇਧੜੀਆਂ ਦੇ ਪ੍ਰਤੀ ਜਾਗਰੁਕ ਕਰਨ ਵਾਲਾ ਸੀ ਅਤੇ ਉਹਨਾਂ ਨੂੰ ਬਿਹਤਰ ਭਵਿੱਖ ਲਈ ਆਮਦਨ ਵਿਚੋਂ ਕੁੱਝ ਬਚਤ ਜਰੂਰ ਕਰਨ ਦੀ ਪ੍ਰੇਰਨਾ ਵੀ ਮਿਲੀ ਹੈ। ਸਟੇਜ ਦੀ ਸੇਵਾ ਲੈਕਚਰਾਰ ਹਰਜਿੰਦਰ ਗੋਗਨਾ ਨੇ ਨਿਭਾਈ।ਅਖੀਰ ਵਿਚ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਇਸ ਜਾਗਰੂਕਤਾ ਪ੍ਰੋਗਰਾਮ ਲਈ ਮਿੱਤਲ ਸਕੂਲ ਆਫ ਬਿਜਨੇਸ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਅਜਿਹੇ ਲਾਹੇਵੰਦ ਪ੍ਰੋਗਰਾਮਾਂ ਲਈ ਹਮੇਸ਼ਾ ਸਹਿਯੋਗ ਕੀਤਾ ਜਾਵੇਗਾ। ਸਭਾ ਵਲੋਂ ਮੁੱਖ ਬੁਲਾਰਿਆਂ ਅਤੇ ਉਹਨਾਂ ਦੇ ਨਾਲ ਪਹੁੰਚੇ ਮਿੱਤਲ ਸਕੂਲ ਆਫ ਬਿਜਨਸ ਨਾਲ ਜੁੜੇ ਵਿਦਿਆਰਥੀਆਂ ਸਤਿਆ ਨੰਦ , ਸ਼੍ਰਬਾਨੀ ਭੌਮਿਕ, ਸਿਮਰਿ ਕੁਮਾਈ, ਆਦਰਸ਼ ਪਟੇਲ, ਰਾਫੇਲ ਰਾਜੂ, ਰਾਧਿਕਾ, ਸਿਮਰਨ ਕੁਮਾਈ, ਨੂੰ ਸਨਮਾਨਤ ਵੀ ਕੀਤਾ ਗਿਆ।

# ਸੁਰੱਖਿਅਤ ਜਣੇਪੇ ਲਈ ਗਰਭ ਅਵਸਥਾ ਤੋਂ ਹੀ ਚੌਕਸੀ ਜ਼ਰੂਰੀ : ਡਾ. ਕੁਲਵਿੰਦਰ ਮਾਨ



**ਬਲਾਚੌਰ (ਜਸਵਿੰਦਰ ਬੈਂਸ)** ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਦੀ ਯੋਗ ਰਹਿਨੁਮਾਈ ਹੇਠ ਸਿਹਤ ਵਿਭਾਗ ਗੁਣਵੱਤਾਪੂਰਨ ਜੱਚਾ-ਬੱਚਾ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਹੈ। ਇਸੇ ਕੜੀ ਤਹਿਤ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ, ਬਲਾਚੌਰ ਵਿਖੇ ਅੱਜ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਤਹਿਤ ਗਰਭਵਤੀ ਔਰਤਾਂ ਦੀ ਏ.ਐਨ.ਸੀ. ਜਾਂਚ ਤੇ ਲੋੜੀਂਦੇ ਮੈਡੀਕਲ ਟੈਸਟ ਕੀਤੇ ਗਏ। ਇਸ ਦੌਰਾਨ ਗਰਭਵਤੀ ਔਰਤਾਂ ਦੇ ਸੁਰੱਖਿਅਤ ਜਣੇਪੇ ਨੂੰ ਯਕੀਨੀ ਬਣਾਉਣ ਲਈ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ, ਬਲਾਚੌਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਨੇ ਦੱਸਿਆ ਕਿ ਦੇਸ਼ ਵਿੱਚ ਹਰ ਸਾਲ ਅੰਦਾਜ਼ਨ 30 ਹਜ਼ਾਰ ਗਰਭਵਤੀ ਔਰਤਾਂ ਦੀ ਮੌਤ ਹੋ ਜਾਂਦੀ ਹੈ, ਜੋ ਗੰਭੀਰ ਚਿੰਤਾ ਦਾ ਵਿਸ਼ਾ ਹੈ। ਜੇਕਰ ਗਰਭਵਤੀ ਔਰਤਾਂ ਖ਼ਾਸ ਕਰਕੇ ਹਾਈਰਿਸਕ ਔਰਤਾਂ ਦੀ ਸਮੇਂ-ਸਮੇਂ 'ਤੇ ਉੱਚਿਤ ਸਿਹਤ ਜਾਂਚ ਕੀਤੀ ਜਾਵੇ ਤਾਂ ਮਾਂ ਤੇ ਬੱਚੇ ਦੀਆਂ ਸਿਹਤ ਨਾਲ ਸੰਬੰਧਤ ਸਮੱਸਿਆਵਾਂ ਨੂੰ ਕਾਫੀ ਹੱਦ ਤੱਕ ਘਟਾਇਆ ਜਾ ਸਕਦਾ ਹੈ। ਮਾਤਰੀ ਮੌਤ ਦਰ ਘਟਾਉਣ ਲਈ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਤਹਿਤ ਗਰਭਵਤੀ ਔਰਤਾਂ ਦੀ ਜਣੇਪੇ ਤੋਂ ਪਹਿਲਾਂ ਚਾਰ ਏ.ਐਨ.ਸੀ. ਜਾਂਚ ਕਰਵਾਉਣਾ ਬੇਹੱਦ ਜ਼ਰੂਰੀ ਹੈ, ਇਸ ਲਈ ਸਿਹਤ ਵਿਭਾਗ ਇਸ ਪ੍ਰੋਗਰਾਮ ਨੂੰ ਹੋਰ ਮਜ਼ਬੂਤ ਬਣਾਉਣ ਦੀ ਦਿਸ਼ਾ ਵਿਚ ਯਤਨਸ਼ੀਲ ਹੈ। ਸੁਰੱਖਿਅਤ ਜਣੇਪੇ ਲਈ ਗਰਭ ਅਵਸਥਾ ਤੋਂ ਹੀ ਚੌਕਸੀ ਜ਼ਰੂਰੀ ਹੈ।ਇਸ ਮੌਕੇ ਡਾ. ਨਵਦੀਪ ਨੇ ਦੱਸਿਆ ਕਿ ਮਾਵਾਂ ਅਤੇ ਬੱਚਿਆਂ ਦੀ ਮੌਤ ਦਰ ਵਿਚ ਕਮੀ ਲਿਆਉਣ ਵਿਚ ਪ੍ਰਧਾਨ ਮੰਤਰੀ ਸੁਰੱਖਿਅਤ ਮਾਤਤਵ ਅਭਿਆਨ ਨੇ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਸਾਰੀਆਂ ਸਰਕਾਰੀ ਸੰਸਥਾਵਾਂ ਵਿੱਚ ਹਰ ਮਹੀਨੇ ਦੀ 9 ਅਤੇ 23 ਤਰੀਕ ਨੂੰ ਵਿਸ਼ੇਸ਼ ਤੌਰ ਤੇ ਹਾਈਰਿਸਕ ਗਰਭਵਤੀ ਔਰਤਾਂ ਦੇ ਸੁਰੱਖਿਅਤ ਜਣੇਪੇ ਲਈ ਮਾਹਰ ਡਾਕਟਰਾਂ ਵੱਲੋਂ ਜਾਂਚ ਕੀਤੀ ਜਾਂਦੀ ਹੈ। ਸਿਹਤ ਵਿਭਾਗ ਵੱਲੋਂ ਲੋੜਵੰਦ ਅਤੇ ਗਰਭਵਤੀ ਔਰਤਾਂ ਦੀ ਸੁਰੱਖਿਆ ਲਈ ਸ਼ੁਰੂ ਕੀਤੇ ਗਏ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਲੋੜਵੰਦ ਗਰਭਵਤੀ ਔਰਤਾਂ ਲਈ ਲਾਹੇਵੰਦ ਸਾਬਤ ਹੋ ਰਿਹਾ ਹੈ। ਇਸ ਪ੍ਰੋਗਰਾਮ ਤਹਿਤ ਹੁਣ ਤੱਕ ਹਜ਼ਾਰਾਂ ਗਰਭਵਤੀ ਔਰਤਾਂ ਵੱਲੋਂ ਲਾਭ ਉਠਾਇਆ ਜਾ ਚੁੱਕਿਆ ਹੈ।ਉਨ੍ਹਾਂ ਨੇ ਲੋੜਵੰਦ ਲੋਕਾਂ ਨੂੰ ਸਰਕਾਰੀ ਸਿਹਤ ਸੰਸਥਾਵਾਂ ਵਿਖੇ ਪਹੁੰਚ ਕੇ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਮੁਫਤ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਅਪੀਲ ਕੀਤੀ। ਇਸ ਮੌਕੇ ਸਿਹਤ ਵਿਭਾਗ ਦੇ ਹੋਰ ਕਰਮਚਾਰੀ ਮੌਜੂਦ ਸਨ।

# ਦੇਸ਼ 'ਚ ਸਨਅਤ ਨੂੰ ਵਧਾਉਣ ਦੇ ਮੌਕੇ ਪੈਦਾ ਹੋ ਰਹੇ ਹਨ : ਓ ਪੀ ਬਿਰਲਾ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ)**- ਲੋਕ ਸਭਾ ਦੇ ਸਪੀਰਕ ਸ਼੍ਰੀ ਓਮ ਬਿਰਲਾ ਨੇ ਕਿਹਾ ਹੈ ਕਿ ਭਾਰਤ ਦੀ ਇੰਡਸਟਰੀ ਵੱਡਾ ਐਕਸਪੋਰਟ ਕਰ ਰਹੀ ਹੈ ਤੇ ਇਸ ਐਕਸਪੋਰਟ ਦੇ ਕੰਮ ਨੂੰ ਹੋਰ ਵਧਾਇਆ ਜਾ ਰਿਹਾ ਹੈ ਕਿਉਂਕਿ ਸਾਡੇ ਦੇਸ਼ 'ਚ ਸਨਅਤ ਨੂੰ ਵਧਾਉਣ ਦੇ ਬਹੁਤ ਮੌਕੇ ਪੈਦਾ ਹੋ ਰਹੇ ਹਨ। ਅੱਜ ਇਥੇ ਕਲੱਬ ਕਬਾਨਾ ਵਿਖੇ ਜੀ.ਐਨ.ਏ. ਯੂਨੀਵਰਸਿਟੀ ਤੇ ਲਘੂ ਉਦਯੋਗ ਵਲੋਂ ਸਨਅਤਾ ਦੀਆਂ ਸਮੱਸਿਆਵਾ ਦੇ ਹੱਲ ਬਾਰੇ ਕਰਵਾਈ ਮੀਟਿੰਗ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਵਿਕਸਿਤ ਦੇਸ਼ਾਂ 'ਚ ਲੇਬਰ ਦੀ ਕਮੀ ਹੈ ਪਰ ਸਾਡੇ ਦੇਸ਼ 'ਚ ਲੋਕਤੰਤਰ ਦਾ ਵਿਸ਼ਵਾਸ ਤੇ ਲੇਬਰ ਦੀ ਕਮੀ ਨਾ ਹੋਣ ਕਾਰਨ ਵਧੇਰੇ ਇਨਵੈੱਸਟਰ ਇਸ ਦੇਸ਼ 'ਚ ਪ੍ਰੋਜੈਕਟ ਲੱਗਾ ਰਹੇ ਹਨ। ਉਨ੍ਹਾਂ ਇਥੋਂ ਦੇ ਸਨਅਤਕਾਰਾ ਦੀਆਂ ਸਮੱਸਿਆਵਾ ਸੁਣੀਆਂ ਤੇ ਭਰੋਸਾ ਦਿੱਤਾ ਕਿ ਤੁਸੀਂ ਆਪਣਾ ਵਫ਼ਦ ਲੈ ਕੇ ਦਿੱਲੀ ਆਉ, ਤੁਹਾਡੀ ਸਬੰਧਿਤ ਮੰਤਰੀਆਂ ਨਾਲ ਮੀਟਿੰਗ ਕਰਵਾ ਕੇ ਮਸਲੇ ਹੱਲ ਕਰਵਾਏ ਜਾਣਗੇ। ਲਘੂ ਭਾਰਤੀ ਦੇ ਪ੍ਰਮੁੱਖ ਮੁਖਿੰਦਰ ਸਿੰਘ, ਅਸ਼ੋਕ ਸੇਠੀ ਨੇ ਮੰਗ ਕੀਤੀ ਹੈ ਕਿ ਫਗਵਾੜਾ ਦੀ ਜੇ.ਸੀ.ਟੀ ਮਿੱਲ ਜੋ ਪਿਛਲੇ ਦੋ ਸਾਲਾ ਤੋਂ ਬੰਦ ਹੋ ਗਈ ਹੈ ਇਸ ਨੂੰ ਮੁੜ ਚਾਲੂ ਕਰਵਾਇਆ ਜਾਵੇ ਕਿਉਂਕਿ 12 ਹਜ਼ਾਰ ਪ੍ਰਵਾਸੀ ਮਜ਼ਦੂਰਾ ਦਾ ਪਰਿਵਾਰ ਚੱਲ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਇਸ ਯੂਨਿਟ ਨੂੰ ਆਪ ਚਲਾਉਣ ਦਾ ਪ੍ਰਬੰਧ ਕਰੇ ਤੇ ਪ੍ਰੋਵੀਡੈਂਟ ਫ਼ੰਡ ਜੋ ਮਿੱਲ ਮਾਲਕਾ ਵਲੋਂ ਦੱਬਿਆ ਹੈ ਉਹ ਵੀ ਦੁਆਇਆ ਜਾਵੇ। ਉਨ੍ਹਾਂ ਮੰਗ ਕੀਤੀ ਕਿ ਇਸ ਖੇਤਰ 'ਚ ਵੱਡੀ ਸਨਅਤ ਤੇ ਵੱਡਾ ਹਸਪਤਾਲ ਦਿੱਤਾ ਜਾਵੇ। ਉਨ੍ਹਾਂ ਮੰਗ ਕੀਤੀ ਕਿ ਕੇਂਦਰੀ ਸਨਅਤ ਵਿਭਾਗ ਨੇ ਛੋਟੀ ਇੰਡਸਟਰੀ 'ਚ ਹੋ ਰਹੀ ਕਾਸਟਿੰਗ 'ਤੇ ਵੀ (ਆਈ.ਐਸ.ਆਈ) ਮਾਰਕਾ ਦੀ ਸ਼ਰਤ ਲੱਗਾ ਦਿੱਤੀ ਹੈ ਜਿਸ ਨਾਲ ਛੋਟੀ ਸਨਅਤ ਤਬਾਹੀ ਦੇ ਕੰਢੇ 'ਤੇ ਪੁੱਜ ਜਾਵੇਗਾ ਉਨ੍ਹਾਂ ਇਸ ਨੂੰ ਵੀ ਵਾਪਸ ਲੈਣ ਦੀ ਅਪੀਲ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਕੇਂਦਰੀ ਰਾਜ ਮੰਤਰੀ ਸੋਮ ਪ੍ਰਕਾਸ਼, ਜੀ.ਐਨ.ਏ ਤੋਂ ਸਮੀਰ ਵਰਮਾ, ਸੀ.ਆਰ.ਤ੍ਰਿਪਾਠੀ, ਡਾ. ਵਿਕਰਾਤ ਸ਼ਰਮਾ, ਜਿਲ੍ਹਾ ਪ੍ਰਧਾਨ ਰਣਜੀਤ ਸਿੰਘ ਖੋਜੇਵਾਲ, ਅਰੁਨ ਖੋਸਲਾ, ਪੰਕਜ ਚਾਵਲਾ, ਪੰਕਜ ਗੌਤਮ, ਐਸ.ਪੀ. ਸੇਠੀ, ਜਤਿੰਦਰ ਸਿੰਘ ਕੁੰਦੀ ਸਮੇਤ ਕਈ ਸਨਅਤਕਾਰ ਸ਼ਾਮਿਲ ਸਨ। ਦੂਸਰੇ ਪਾਸੇ ਅੱਜ ਸਵੇਰੇ ਰੇਲਵੇ ਸਟੇਸ਼ਨ 'ਤੇ ਸਪੀਕਰ ਦੇ ਪੁੱਜਣ 'ਤੇ ਭਾਜਪਾ ਵਰਕਰਾ ਵਲੋਂ ਭਰਵਾ ਸੁਆਗਤ ਕੀਤਾ ਗਿਆ।

# ਰਿਯਾਨ ਇੰਟਰਨੈਸ਼ਨਲ ਸਕੂਲ ਵਿਖੇ ਟ੍ਰੈਫ਼ਿਕ ਨਿਯਮਾਂ ਦੀ ਪਾਲਨਾ ਪ੍ਰਤੀ ਜਾਗਰੂਕਤਾ



**ਮੋਹਾਲੀ (ਗੁਰਜੀਤ ਬਿੱਲਾ)** ਦੀਪਕ ਪਾਰਿਕ ਐੱਸ ਐੱਸ ਪੀ ਮੁਹਾਲੀ ਦੀ ਰਹਿਨੁਮਾਈ ਹੇਠ ਅਤੇ ਸ਼੍ਰੀ ਨਵਨੀਤ ਮਾਹਲ ਐੱਸ ਪੀ ਟ੍ਰੈਫ਼ਿਕ, ਮੁਹਾਲੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸ਼੍ਰੀ ਕਰਨੈਲ ਸਿੰਘ ਡੀ.ਐੱਸ.ਪੀ.ਟ੍ਰੈਫ਼ਿਕ ਪੁਲਿਸ ਮੁਹਾਲੀ ਨੇ ਰਿਯਾਨ ਇੰਟਰਨੈਸ਼ਨਲ ਸਕੂਲ, ਸੈਕਟਰ-66,ਮੁਹਾਲੀ ਵਿਖੇ ਵਿਦਿਆਰਥੀਆਂ ਲਈ ਟ੍ਰੈਫ਼ਿਕ ਨਿਯਮਾਂ ਦੀ ਮਹੱਤਤਾ ਨੂੰ ਸਮਝਾਉਣ ਲਈ ਇੱਕ ਵਿਸ਼ੇਸ਼ ਜਾਗਰੂਕਤਾ ਸੈਸ਼ਨ ਆਯੋਜਿਤ ਕੀਤਾ ਗਿਆ। ਇਸ ਮੌਕੇ ਡੀ ਐੱਸ ਪੀ ਕਰਨੈਲ ਸਿੰਘ ਨੇ ਵਿਦਿਆਰਥੀਆਂ ਨੂੰ ਟ੍ਰੈਫ਼ਿਕ ਨਿਯਮਾਂ ਦੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਜ਼ਿੰਦਗੀ ਵਿੱਚ ਇਸ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਿਖਾਇਆ ਕਿ ਸਕੂਟਰ, ਮੋਟਰ ਸਾਈਕਲ ਚਲਾਉਣ ਸਮੇਂ ਹੈਲਮੈਟ ਪਾਉਣਾ ਅਤੇ ਚਾਰ ਪਹੀਆ ਵਾਹਨਾਂ ਵਿੱਚ ਸਵਾਰੀ ਦੌਰਾਨ ਸੀਟ ਬੈਲਟ ਲਗਾਉਣੀ ਬਹੁਤ ਜ਼ਰੂਰੀ ਹੈ।ਇਹਨਾਂ ਦੀ ਉਲੰਘਣਾ ਨਾ ਸਿਰਫ਼ ਜੁਰਮਾਨੇ ਯੋਗ ਹੈ, ਸਗੋਂ ਇਹ ਜਾਨ ਲਈ ਵੀ ਖ਼ਤਰਾ ਹੈ।ਉਨ੍ਹਾਂ ਨੇ ਕਿਹਾ ਕਿ ਡਰਾਈਵਿੰਗ ਦੌਰਾਨ ਮੋਬਾਈਲ ਦੀ ਵਰਤੋਂ ਧਿਆਨ ਭੰਗ ਕਰਦੀ ਹੈ ਜੋ ਕਿ ਦੁਰਘਟਨਾਵਾਂ ਦਾ ਮੁੱਖ ਕਾਰਨ ਬਣਦੀ ਹੈ।ਨਸ਼ੇ ਦੀ ਹਾਲਤ ਵਿੱਚ ਡਰਾਈਵ ਨਾ ਕਰਨ, ਸਪੀਡ ਲਿਮਿਟ ਦੀ ਪਾਲਣਾ ਕਰਨ 'ਤੇ ਵੀ ਉਨ੍ਹਾਂ ਨੇ ਜ਼ੋਰ ਦਿੱਤਾ।ਇਸ ਮੌਕੇ ਸਕੂਲ ਵਿੱਚ ਵਿਦਿਆਰਥੀਆਂ ਨੂੰ ਸਟਾਪ, ਨੋ ਐਂਟਰੀ, ਸਕੂਲ ਜ਼ੋਨ, ਟ੍ਰੈਫ਼ਿਕ ਲਾਈਟਾਂ, ਸਾਈਨ ਬੋਰਡਾਂ ਅਤੇ ਰੋਡ ਮਾਰਕਿੰਗਜ਼ ਦੀ ਸਹੀ ਜਾਣਕਾਰੀ ਦਿੱਤੀ ਗਈ। ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਰੋਜ਼ੀ ਭਾਟੀਆ ਨੇ ਡੀ ਐੱਸ ਪੀ ਕਰਨੈਲ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸੈਸ਼ਨ ਨੌਜਵਾਨਾਂ ਵਿੱਚ ਜਾਗਰੂਕਤਾ ਪੈਦਾ ਕਰਦੇ ਹਨ ਅਤੇ ਉਨ੍ਹਾਂ ਨੂੰ ਸੁਰੱਖਿਅਤ ਭਵਿੱਖ ਵੱਲ ਮੋੜਦੇ ਹਨ ਅਤੇ ਕਿਹਾ ਕਿ ਇਹ ਜਾਗਰੂਕਤਾ ਮੁਹਿੰਮ ਵਿਦਿਆਰਥੀਆਂ ਲਈ ਨਿਕਟਭਵਿੱਖ ਵਿੱਚ ਇੱਕ ਮਜ਼ਬੂਤ ਬੁਨਿਆਦ ਰੱਖਣ ਵਾਲਾ ਕਦਮ ਸਾਬਤ ਹੋਵੇਗੀ।ਇਸ ਮੌਕੇ ਜ਼ੋਨ ਇੰਚਾਰਜ ਟ੍ਰੈਫ਼ਿਕ ਸ਼੍ਰੀ ਸੁਰਿੰਦਰ ਸਿੰਘ ਵੀ ਹਾਜ਼ਰ ਸਨ ਅਤੇ ਸਕੂਲ ਸਟਾਫ਼ ਸ਼੍ਰੀਮਤੀ ਸੁਧਾ ਸਿੰਘ, ਸ਼੍ਰੀਮਤੀ ਮੰਜੂ ਪਾਂਡੇ, ਸ਼੍ਰੀਮਤੀ ਕੰਵਲਪ੍ਰੀਤ ਕੌਰ, ਸ਼੍ਰੀਮਤੀ ਸ਼ਿਵਾਲੀ ਸ਼੍ਰੀਮਤੀ ਨਵਦੀਪ ਹਾਜ਼ਰ ਸਨ।

# ਡਾ. ਅੰਬੇਡਕਰ ਦਾ 134ਵਾਂ ਜਨਮ ਦਿਨ ਸ਼ਰਧਾਪੂਰਵਕ ਮਨਾਇਆ



**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੇ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਵਿਖੇ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਡਾ. ਬੀ.ਆਰ. ਅੰਬੇਡਕਰ ਏਕਤਾ ਮੰਚ ਰਜਿ: ਪੰਜਾਬ ਹਲਕਾ ਆਦਮਪੁਰ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਗਿਆ।ਸੰਤ ਮੁਕੇਸ਼ ਦਾਸ, ਠੇਕੇਦਾਰ ਅਵਤਾਰ ਸਿੰਘ ਕਡਿਆਣਾ, ਅਵਤਾਰ ਸਿੰਘ ਚੱਕਰਧਾਰੀ, ਪਰਮਜੀਤ ਸਿੰਘ ਪੰਮੀ, ਤਰਸੇਮ ਲਾਲ, ਗੁਰਮੇਲ ਸਿੰਘ ਚੋਮੋ, ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੌਕੇ ਸੰਤ ਪ੍ਰਦੀਪ ਦਾਸ ਕਠਾਰ ਵਾਲੇ, ਸੰਤ ਬਲਵੰਤ ਸਿੰਘ ਡੀਂਗਰੀਆਂ ਵਾਲੇ, ਸੰਤ ਹਰਵਿੰਦਰ ਦਾਸ ਆਦਮਪੁਰ ਵਾਲੇ, ਰਜਿੰਦਰ ਸਿੰਘ ਸਾਬਕਾ ਐਮ.ਐਲ.ਏ, ਬੀ.ਐਸ.ਪੀ ਮਾਸਟਰ ਅਰਸ਼ਦੀਪ ਸਿੰਘ, ਮੈਡਮ ਰਾਜ ਰਾਣੀ, ਮਾਸਟਰ ਬਲਵੀਰ ਅਤੇ ਮਾਸਟਰ ਰਾਮ ਲੁਭਾਇਆ ਨੇ ਬਾਬਾ ਸਾਹਿਬ ਦੀ ਜੀਵਨੀ 'ਤੇ ਚਾਨਣਾ ਪਾਇਆ । ਉਪਰੰਤ ਪੰਜਾਬ ਲੋਕ ਗਾਇਕ ਦਲਵਿੰਦਰ ਦਿਆਲਪੁਰੀ ਅਤੇ ਤਮੰਨਾ ਕਡਿਆਣਾ, ਮਿਸ਼ਨਰੀ ਕਲਾਕਾਰ ਚਰਨਜੀਤ ਚੰਨੀ ਭੋਗਪੁਰ ਵਲੋਂ ਬਾਬਾ ਸਾਹਿਬ ਜ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਲਵਦੀਪ ਭੋਗਪੁਰ, ਮਨਜੀਤ ਚੁਖਿਆਰਾ, ਸੁਖਵਿੰਦਰ ਚੁਖਿਆਰਾ, ਸਰਵਣ ਦਾਸ ਕਡਿਆਣਾ, ਮਾਸਟਰ ਜਸਵੀਰ ਸਿੰਘ ਅਤੇ ਕਮਲ ਭਾਟੀਆ ਵਲੋਂ ਸਟੇਜ ਦੀ ਭੂਮਿਕਾ ਨਿਭਾਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਵਨ ਕੁਮਾਰ ਟੀਨੂੰ ਸੀਨੀਅਰ ਸਪੋਕਸਪਰਸਨ ਆਮ ਆਦਮੀ ਪਾਰਟੀ, ਸੁਰਿੰਦਰ ਕੁਮਾਰ ਪ੍ਰਧਾਨ ਰਵਿਦਾਸੀਆ ਧਰਮ ਪ੍ਰਚਾਰ ਕਮੇਟੀ ਬਲਾਕ ਆਦਮਪੁਰ, ਹੰਸ ਰਾਜ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੁਸਾਇਟੀ ਆਦਮਪੁਰ, ਸੁਰੇਸ਼ ਕੁਮਾਰ ਭਾਟੀਆ, ਬਲਵੀਰ ਚੁੰਬਰ ਰਾਮ ਨਗਰ, ਬਲਦੇਵ ਸਿੰਘ, ਸੁਖਜੀਤ ਸਿੰਘ ਮਿਨਹਾਸ ਡਰੋਲੀ ਮੁੱਖ ਸੇਵਾਦਾਰ ਦਸਵੰਧ ਗਰੀਬਾਂ ਲਈ ਐਨ.ਜੀ.ਓ, ਸੋਹਣ ਲਾਲ, ਮਨਪ੍ਰੀਤ ਮੰਤਰੀ, ਹਰਿੰਦਰ ਸਿੰਘ, ਕੁਲਦੀਪ ਸਿੰਘ ਮਿਨਹਾਸ, ਅਮਰੀਕ ਸਿੰਘ ਐਮ.ਸੀ, ਗੁਰਿੰਦਰ ਸਿੰਘ, ਮਾਸਟਰ ਬਲਵਿੰਦਰ ਸਿੰਘ, ਮਾਸਟਰ ਸ਼ਿਵਰਾਜ, ਰਮਨ ਬੈਂਸ, ਕਮਲ ਕਡਿਆਣਾ, ਸੁੱਖਾ ਹਰੀਪੁਰ, ਬਰਿੰਦਰ ਖੁਰਦਪੁਰ, ਕੈਪਟਨ ਗੁਰਮੀਤ ਸਿੰਘ, ਕਿਸ਼ਨ ਚੰਦ ਲੋਈ, ਸੁਖਵਿੰਦਰ ਕੌਰ ਐਮ.ਸੀ, ਜੋਗਿੰਦਰ ਧਰਮ ਪਾਲ, ਮਦਨ ਗੋਪਾਲ, ਸੁਰਜੀਤ ਕੌਰ,ਮੈਡਮ ਨੀਲਮ ਰਾਣੀ, ਮਹਿਕ ਚੁੰਬਰ, ਮੁਹਿੰਦਰ ਲਾਲ, ਫ਼ਕੀਰ ਚੰਦ, ਦਵਿੰਦਰ ਚੁੰਬਰ ਅਤੇ ਹੋਰ ਹਾਜ਼ਰ ਸਨ।ਜੋ ਵੀ ਐਸ ਪੀ ਪਾਰਟੀ ਦੇ ਪੁਰਾਣੇ ਸੀਨੀਅਰ ਮੈਬਰਾਂ ਨੂੰ ਮੈਡਲਾਂ ਨਾਲ ਸਨਮਾਨਤ ਕੀਤਾ ਗਿਆ।

# ਜ਼ਿਲ੍ਹਾ ਵਾਸੀਆਂ ਲਈ ਵਰਦਾਨ ਬਣੀ ਸੀ ਐੱਮ ਦੀ ਯੋਗਸ਼ਾਲਾ : ਅੰਕੁਰਜੀਤ ਸਿੰਘ



**ਨਵਾਂਸ਼ਹਿਰ (ਮਨੋਜ ਲਾਡੀ)**- ਸਿਹਤਮੰਦ ਪੰਜਾਬ ਦੇ ਸੁਪਨੇ ਨੂੰ ਹਕੀਕਤ ਬਣਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ 5 ਅਕਤੂਬਰ 2023 ਤੋਂ ਨਵਾਂਸ਼ਹਿਰ ਵਿਖੇ ਸੀ.ਐਮ ਦੀ ਯੋਗਸ਼ਾਲਾ ਅਧੀਨ ਮੁਫ਼ਤ ਯੋਗਾ ਕਲਾਸਾਂ ਦੀ ਸ਼ੁਰੂਆਤ ਕੀਤੀ ਗਈ ਸੀ। ਇਹ ਯੋਗ ਕਲਾਸਾਂ ਹੁਣ ਜ਼ਿਲ੍ਹਾ, ਬਲਾਕ ਅਤੇ ਪਿੰਡ ਪੱਧਰ 'ਤੇ ਪੂਰੀ ਤਰ੍ਹਾਂ ਸਰਗਰਮ ਹਨ ਅਤੇ ਜ਼ਿਲ੍ਹਾ ਵਾਸੀਆਂ ਲਈ ਵਰਦਾਨ ਸਾਬਿਤ ਹੋ ਰਹੀਆਂ ਹਨ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਦੱਸਿਆ ਕਿ ਮਾਹਿਰ ਯੋਗ ਟ੍ਰੇਨਰ ਜ਼ਿਲ੍ਹੇ ਵਿਚ ਲੋਕਾਂ ਦੀ ਮੰਗ ਅਨੁਸਾਰ ਰੋਜ਼ਾਨਾ ਵੱਖ-ਵੱਖ 84 ਥਾਵਾਂ 'ਤੇ ਯੋਗ ਦੀਆਂ ਕਲਾਸਾਂ ਲਗਾ ਰਹੇ ਹਨ, ਜਿਨ੍ਹਾਂ ਰਾਹੀਂ ਲੋਕਾਂ ਨੂੰ ਨਾ ਸਿਰਫ਼ ਯੋਗ ਸਿਖਾਇਆ ਜਾ ਰਿਹਾ ਹੈ, ਸਗੋਂ ਉਨ੍ਹਾਂ ਨੂੰ ਯੋਗ ਦੇ ਲਾਭਾਂ ਬਾਰੇ ਵੀ ਜਾਗਰੂਕ ਕੀਤਾ ਜਾ ਰਿਹਾ ਹੈ। ਇਨ੍ਹਾਂ ਕਲਾਸਾਂ ਵਿਚ ਹਿੱਸਾ ਲੈਣ ਤੋਂ ਬਾਅਦ ਕਈ ਲੋਕ ਵੱਖ-ਵੱਖ ਬਿਮਾਰੀਆਂ ਤੋਂ ਰਾਹਤ ਮਹਿਸੂਸ ਕਰ ਰਹੇ ਹਨ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸੀ.ਐਮ ਯੋਗਸ਼ਾਲਾ ਦੇ ਜ਼ਿਲ੍ਹਾ ਕੋਆਰਡੀਨੇਟਰ ਮੈਡਮ ਕਿਰਨ ਬਾਲਾ ਨੇ ਦੱਸਿਆ ਕਿ ਇਨ੍ਹਾਂ ਕਲਾਸਾਂ ਵਿਚ ਯੋਗਾਤਮਕ ਸੂਖਮ ਅਭਿਆਸ, ਆਸਣ, ਪ੍ਰਾਣਾਯਾਮ ਅਤੇ ਧਿਆਨ ਸਿਖਾਇਆ ਜਾਂਦਾ ਹੈ। ਹਰ ਉਮਰ ਦੇ ਲੋਕ ਇਨ੍ਹਾਂ ਕਲਾਸਾਂ ਵਿੱਚ ਵੱਧ-ਚੜ੍ਹ ਕੇ ਸ਼ਾਮਿਲ ਹੋ ਰਹੇ ਹਨ ਅਤੇ ਉਹ ਜੋੜਾਂ ਦੇ ਦਰਦ, ਸ਼ੂਗਰ, ਥਾਇਰਾਇਡ, ਬਲੱਡ ਪ੍ਰੈਸ਼ਰ ਵਰਗੀਆਂ ਬਿਮਾਰੀਆਂ ਤੋਂ ਛੁਟਕਾਰਾ ਪਾ ਰਹੇ ਹਨ। ਉਨ੍ਹਾਂ ਕਿਹਾ ਕਿ ਨਿਯਮਤ ਤੌਰ 'ਤੇ ਯੋਗ ਕਰਨ ਨਾਲ ਲੋਕਾਂ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਬਹੁਤ ਲਾਭ ਹੋ ਰਿਹਾ ਹੈ ਅਤੇ ਉਹ ਆਪਣੇ ਆਪ ਨੂੰ ਪਹਿਲਾਂ ਨਾਲੋਂ ਕਾਫੀ ਤੰਦਰੁਸਤ ਮਹਿਸੂਸ ਕਰ ਰਹੇ ਹਨ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਇਨ੍ਹਾਂ ਯੋਗ ਕਲਾਸਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਦੀ ਅਪੀਲ ਕੀਤੀ ਹੈ।

# ਪਹਿਲਗਾਮ ਸਾਜ਼ਿਸ਼ਕਾਰਾਂ ਨੂੰ ਜਵਾਬ ਦੇਵੇ ਕੇਂਦਰ ਸਰਕਾਰ : ਸੋਨੂ ਖੰਨਾ, ਸੈਣੀ




**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਕਸ਼ਮੀਰ 'ਚ ਪੈਂਦੇ ਪਹਿਲਗਾਮ ਵਿੱਚ ਸੈਰ ਸਪਾਟਾ ਕਰਨ ਗਏ ਟੂਰਿਸਟਾਂ ਵਿੱਚੋਂ ਹਿੰਦੂਆਂ ਨੂੰ ਚੁਣ ਚੁਣ ਕੇ ਪਾਕਿਸਤਾਨੀ ਅੱਤਵਾਦੀਆਂ ਵੱਲੋਂ ਗੋਲੀਆਂ ਮਾਰਨ ਦੇ ਰੋਸ ਵਜੋਂ ਅੱਜ ਟਾਂਡਾ ਵਿਖੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਅਤੇ ਉੱਘੇ ਸਮਾਜ ਸੇਵੀ ਸੋਨੂ ਖੰਨਾ ਦੀ ਅਗਵਾਈ ਵਿੱਚ ਦੁੱਖ ਦਾ ਪ੍ਰਗਟਾਵਾ ਕਰਨ ਲਈ ਇੱਕ ਸ਼ਰਧਾਂਜਲੀ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਕੇਸ਼ਵ ਸਿੰਘ ਸੈਣੀ, ਹਰਿ ਕ੍ਰਿਸ਼ਨ ਸੈਣੀ ਕੁੱਕੂ, ਲਖਵਿੰਦਰ ਸਿੰਘ ਮੁਲਤਾਨੀ, ਕਮਲ ਧੀਰ, ਵਿਵੇਕ ਵਿਜਨ, ਸਰਬਜੀਤ ਸਿੰਘ ਵਿੱਕੀ, ਗੋਪੀ ਮਿਰਜਾਪੁਰ, ਰਵੇਲ ਸਿੰਘ, ਮਾਸਟਰ ਕੁਲਵੰਤ ਸਿੰਘ ਅਤੇ ਹੋਰ ਆਪ ਵਰਕਰਾਂ ਨੇ 2 ਮਿੰਟ ਦਾ ਮੌਨ ਧਾਰਨ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੋਨੂ ਖੰਨਾ ਨੇ ਕਿਹਾ ਕਿ ਇਸ ਅਨਸੁਖਾਵੀਂ ਘਟਨਾ ਦੀ ਜਿੰਨੀ ਵੀ ਨਿੰਦਾ ਕੀਤੀ ਜਾਵੇ, ਥੋੜ੍ਹੀ ਹੈ। ਉਨ੍ਹਾਂ ਕਿਹਾ ਕਿ ਸ਼੍ਰੀਨਗਰ ਭਾਰਤ ਦਾ ਇੱਕ ਅਜਿਹਾ ਸ਼ਹਿਰ ਹੈ ਜਿੱਥੇ ਦੇਸ਼ ਵਿਦੇਸ਼ ਤੋਂ ਲੋਕ ਸੈਰ ਸਪਾਟਾ ਕਰਨ ਲਈ ਅਕਸਰ ਆਉਂਦੇ ਜਾਂਦੇ ਰਹਿੰਦੇ ਹਨ ਇਸ ਨਾਲ ਜਿੱਥੇ ਸ੍ਰੀਨਗਰ ਦੇ ਲੋਕਾਂ ਨੂੰ ਰੋਜ਼ੀ ਰੋਟੀ ਮੁਹਈਆ ਹੁੰਦੀ ਹੈ ਉੱਥੇ ਟੈਕਸੀ ਚਾਲਕਾਂ ਦੇ ਕਾਰੋਬਾਰ ਵਿੱਚ ਵੀ ਵਾਧਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਪਹਿਲਗਾਮ ਵਿਖੇ ਹੋਏ ਇਸ ਦਰਦਨਾਕ ਅਤੇ ਘਿਨੌਣੀ ਘਟਨਾ ਦਾ ਬਦਲਾ ਭਾਰਤ ਸਰਕਾਰ ਨੂੰ ਜ਼ਰੂਰ ਲੈਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਆਪਣੇ ਆਪ ਨੂੰ ਹਿੰਦੂਆਂ ਦੇ ਠੇਕੇਦਾਰ ਕਹਿਲਾਉਣ ਵਾਲੇ ਕੁਝ ਅਖੌਤੀ ਸ਼ਰਾਰਤੀ ਅਨਸਰ ਜੋ ਭਾਰਤ 0ਚ ਰਹਿੰਦੇ ਕਰੋੜਾਂ ਮੁਸਲਮਾਨਾਂ ਖ਼ਿਲਾਫ਼ ਜਿਹੜੀ ਨਫ਼ਰਤ ਦਾ ਬੀਜ ਬੋ ਰਹੇ ਹਨ ਉਨ੍ਹਾਂ ਤੋਂ ਸਾਰੇ ਹਿੰਦੂਆਂ ਨੂੰ ਸਤਰਕ ਰਹਿਣਾ ਚਾਹੀਦਾ ਹੈ ਤਾਂ ਜੋ ਭਾਰਤ ਦਾ ਮਾਹੌਲ ਸ਼ਾਂਤਮਈ ਬਣਿਆ ਰਹੇ। ਸੋਨੂ ਖੰਨਾ, ਕੇਸ਼ਵ ਸਿੰਘ ਸੈਣੀ, ਹਰਿ ਕ੍ਰਿਸ਼ਨ ਸੈਣੀ ਕੁੱਕੂ, ਲਖਵਿੰਦਰ ਸਿੰਘ ਮੁਲਤਾਨੀ, ਕਮਲ ਧੀਰ ਨੇ ਕਿਹਾ ਕਿ 22 ਅਪ੍ਰੈਲ ਦੀ ਇਸ ਘਟਨਾ ਕਾਰਨ ਅੱਜ ਸਾਰਾ ਭਾਰਤ ਇੱਕਮੁੱਠ ਹੋ ਕੇ ਕੇਂਦਰ ਸਰਕਾਰ ਦੇ ਨਾਲ ਖੜ੍ਹਾ ਹੈ ।

# ਕੈਂਡਲ ਮਾਰਚ ਕੱਢ ਕੇ ਪਹਿਲਗਾਮ 'ਚ ਮਾਰੇ ਗਏ ਸੈਲਾਨੀਆਂ ਨੂੰ ਦਿੱਤੀ ਸ਼ਰਧਾਂਜਲੀ



**ਮੋਹਾਲੀ (ਗੁਰਜੀਤ ਬਿੱਲਾ)** ਸਾਬਕਾ ਸਿਹਤ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਦੀ ਸਖ਼ਤ ਨਿੰਦਾ ਕੀਤੀ ਅਤੇ ਸੈਲਾਨੀਆਂ ਨੂੰ ਸ਼ਰਧਾਂਜਲੀ ਦੇਣ ਲਈ ਕਾਂਗਰਸ ਪਾਰਟੀ ਵਲੋਂ ਮੋਹਾਲੀ ਦੇ ਗੁ: ਸ੍ਰੀ ਅੰਬ ਸਾਹਿਬ ਤੋਂ ਕੱਢੇ ਕੈਂਡਲ ਮਾਰਚ ਦੀ ਅਗਵਾਈ ਕੀਤੀ।ਸਿੱਧੂ ਨੇ ਇਸ ਭਿਆਨਕ ਹਮਲੇ ਦੀ ਨਿਖੇਧੀ ਕਰਦਿਆਂ ਕਿਹਾ, 'ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਹੋਇਆ ਅੱਤਵਾਦੀ ਹਮਲਾ ਬਹੁਤ ਹੀ ਸ਼ਰਮਨਾਕ, ਦੁੱਖਦਾਇਕ ਅਤੇ ਅਸਵੀਕਾਰਨਯੋਗ ਹੈ।' ਸਿੱਧੂ ਨੇ ਇਸ ਅੱਤਵਾਦੀ ਹਮਲੇ ਨੂੰ ਮਨੁੱਖਤਾ ਵਿਰੁੱਧ ਘਿਨੌਣਾ ਅਪਰਾਧ ਦੱਸਦਿਆਂ ਇਸਦੀ ਸਖ਼ਤ ਨਿੰਦਾ ਕੀਤੀ। ਇਸ ਹਮਲੇ ਦੇ ਵਿਰੋਧ ਵਿੱਚ ਅਤੇ ਨਿਹੱਥੇ ਮਾਰੇ ਗਏ ਸੈਲਾਨੀਆਂ ਦੀ ਯਾਦ ਵਿੱਚ, ਮੋਹਾਲੀ ਵਿਖੇ ਕੈਂਡਲ ਮਾਰਚ ਕੱਢਿਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂਆਂ, ਵਰਕਰਾਂ, ਨੌਜਵਾਨਾਂ ਅਤੇ ਸਥਾਨਕ ਨਿਵਾਸੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਉਨ੍ਹਾਂ ਕਿਹਾ, ਇਹ ਹਮਲਾ ਸਿਰਫ ਜੰਮੂ ਕਸ਼ਮੀਰ ਦੇ ਅਮਨ ਨੂੰ ਨਹੀਂ, ਸਗੋਂ ਭਾਰਤ ਦੇ ਭਾਈਚਾਰੇ ਅਤੇ ਅਖੰਡਤਾ ਨੂੰ ਠੇਸ ਪਹੁੰਚਾਉਣ ਵਾਲੀ ਕਰਤੂਤ ਹੈ। ਅਸੀਂ ਇਨ੍ਹਾਂ ਦੋਸ਼ੀਆਂ ਨੂੰ ਕਦੇ ਵੀ ਮਾਫ਼ ਨਹੀਂ ਕਰਾਂਗੇ। ਅੰਤ ਵਿੱਚ ਸਿੱਧੂ ਨੇ ਕਿਹਾ, ਕਾਂਗਰਸ ਪਾਰਟੀ ਭਾਰਤ ਦੀ ਅਖੰਡਤਾ, ਸੰਵਿਧਾਨ ਅਤੇ ਲੋਕਤੰਤਰਕ ਮੁੱਲਾਂ ਦੀ ਰੱਖਿਆ ਲਈ ਹਮੇਸ਼ਾ ਖੜ੍ਹੀ ਸੀ, ਖੜ੍ਹੀ ਹੈ ਅਤੇ ਅੱਗੇ ਵੀ ਖੜ੍ਹੀ ਰਹੇਗੀ ਅਤੇ ਅੱਤਵਾਦ ਖਿਲਾਫ਼ ਸਾਡੀ ਲੜਾਈ ਅੰਤ ਤੱਕ ਜਾਰੀ ਰਹੇਗੀ।

25-APR-PAGE-10.qxd 4/24/2025 10:37 PM Page 1



## ਥਰਮਲ ਠੇਕਾ ਮੁਲਾਜ਼ਮਾਂ ਨਿੱਜੀਕਰਨ ਦੇ ਵਿਰੋਧ 'ਚ ਫੂਕਿਆ ਸਰਕਾਰ ਦਾ ਪੁਤਲਾ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਜੀ. ਐੱਚ. ਟੀ. ਪੀ. ਠੇਕਾ ਮੁਲਾਜ਼ਮ ਯੂਨੀਅਨ (ਆਜ਼ਾਦ) ਦੇ ਬੈਨਰ ਹੇਠ ਗੁਰੂ ਹਰਗੋਬਿੰਦ ਥਰਮਲ ਪਲਾਂਟ ਦੇ ਠੇਕਾ ਮੁਲਾਜ਼ਮਾਂ ਨੇ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਲਾਲੜੂ ਤੇ ਖਰੜ ਡਵੀਜ਼ਨਾਂ ਨੂੰ ਨਿੱਜੀ ਕੰਪਨੀਆਂ ਹਵਾਲੇ ਕਰਨ ਦੇ ਲਏ ਜਾ ਰਹੇ ਫੈਸਲੇ ਦੇ ਵਿਰੋਧ ਵਜੋਂ ਥਰਮਲ ਪਲਾਂਟ ਦੇ ਮੁੱਖ ਗੇਟ 'ਤੇ ਪੰਜਾਬ ਸਰਕਾਰ ਦਾ ਪੁਤਲਾ ਫੂਕ ਕੇ ਨਾਅਰੇਬਾਜ਼ੀ ਕਰਦਿਆਂ ਰੋਸ ਪ੍ਰਗਟਾਵਾ ਕੀਤਾ। ਜਥੇਬੰਦੀ ਦੇ ਪ੍ਰਧਾਨ ਜਗਰੂਪ ਸਿੰਘ ਤੇ ਜਨਰਲ ਸਕੱਤਰ ਜਗਸੀਰ ਸਿੰਘ ਭੰਗੂ ਨੇ ਪੰਜਾਬ ਸਰਕਾਰ ਵੱਲੋਂ ਕੇਂਦਰ ਸਰਕਾਰ ਦੇ ਇਸ਼ਾਰਿਆਂ 'ਤੇ ਸਾਮਰਾਜੀ ਦਿਸ਼ਾ ਨਿਰਦੇਸ਼ਾਂ ਤਹਿਤ ਲਾਲੜੂ ਤੇ ਖਰੜ ਡਵੀਜ਼ਨਾਂ ਦੇ ਬਿਜਲੀ ਖੇਤਰ ਨੂੰ ਨਿੱਜੀ ਕੰਪਨੀਆਂ ਦੇ ਹਵਾਲੇ ਕਰਨ ਦੇ ਲਏ ਜਾ ਰਹੇ ਲੋਕ-ਦੋਖੀ ਫੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਉਕਤ ਡਵੀਜ਼ਨਾਂ ਦੇ ਬਿਜਲੀ ਖੇਤਰ ਦੇ ਨਿੱਜੀਕਰਨ ਦੇ ਇਸ ਫ਼ੈਸਲੇ ਦਾ ਅਸਰ ਉਸ ਖੇਤਰ ਦੇ ਸਮੂਹ ਮਿਹਨਤਕਸ਼ ਲੋਕਾਂ 'ਤੇ ਪੈਣਾ ਨਿਸ਼ਚਿਤ ਹੈ ਅਤੇ ਇਸ ਫੈਸਲੇ ਨਾਲ ਨੇੜ ਭਵਿੱਖ ਵਿੱਚ ਪੰਜਾਬ ਦੇ ਸਮੁੱਚੇ ਬਿਜਲੀ ਖੇਤਰ ਦਾ ਨਿੱਜੀਕਰਨ ਵੀ ਨਿਸ਼ਚਿਤ ਹੈ। ਇਸ ਲਈ ਨਿੱਜੀਕਰਨ ਦਾ ਇਹ ਹਮਲਾ ਸਿਰਫ ਲਾਲੜੂ ਤੇ ਖਰੜ ਡਵੀਜ਼ਨਾਂ ਦੇ ਮੁਲਾਜ਼ਮਾਂ/ਠੇਕਾ ਮੁਲਾਜ਼ਮਾਂ ਜਾਂ ਇਸ ਖੇਤਰ ਦੇ ਲੋਕਾਂ ਤੱਕ ਹੀ ਸੀਮਿਤ ਨਹੀਂ ਸਗੋਂ ਸਮੁੱਚੇ ਪੰਜਾਬ ਦੇ ਬਿਜਲੀ ਮੁਲਾਜ਼ਮਾਂ, ਪੈਨਸ਼ਨਰਾਂ, ਕਿਸਾਨਾਂ, ਮਜ਼ਦੂਰਾਂ ਤੇ ਹੋਰ ਮਿਹਨਤਕਸ਼ ਲੋਕਾਂ 'ਤੇ ਹਮਲਾ ਹੈ। ਸੋ ਇਸ ਲਈ ਨਿੱਜੀਕਰਨ ਦੇ ਇਸ ਤਬਾਹਕੁੰਨ ਫ਼ੈਸਲੇ ਦਾ ਸਮੂਹ ਸੰਘਰਸ਼ਸ਼ੀਲ ਤਬਕਿਆਂ ਵੱਲੋਂ ਵਿਰੋਧ ਕਰਨਾ ਸਮੇਂ ਦੀ ਅਣ-ਸਰਦੀ ਲੋੜ ਹੈ।

## ਨਰੇਗਾ ਮਜ਼ਦੂਰਾਂ ਵੱਲੋਂ ਕੀਤੇ ਕੰਮਾਂ ਦੀ ਉਜਰਤ ਰਾਸ਼ੀ ਤੁਰੰਤ ਜਾਰੀ ਕੀਤੀ ਜਾਵੇ : ਆਗੂ



**ਮੋਗਾ (ਇਕਬਾਲ ਸਿੰਘ ਖਹਿਰਾ)**-ਨਰੇਗਾ ਮਜ਼ਦੂਰਾਂ ਵੱਲੋਂ ਕੀਤੇ ਕੰਮਾਂ ਦੀ ਉਜਰਤ ਰਾਸ਼ੀ ਤੁਰੰਤ ਜਾਰੀ ਕੀਤੀ ਜਾਵੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਏਟਕ ਦੇ ਜਨਰਲ ਸਕੱਤਰ ਜਗਸੀਰ ਖੋਸਾ, ਜ਼ਿਲ੍ਹਾ ਸਲਾਹਕਾਰ ਕਾਮਰੇਡ ਕੁਲਦੀਪ ਸਿੰਘ ਭੋਲਾ ਤੇ ਜ਼ਿਲ੍ਹਾ ਪ੍ਰਧਾਨ ਸ਼ੇਰ ਸਿੰਘ ਦੌਲਤਪੁਰਾ ਨੇ ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦਿਆਂ ਕੀਤਾ। ਉਪਰੋਕਤ ਆਗੂਆਂ ਨੇ ਕਿਹਾ ਕਿ ਨਰੇਗਾ ਤਹਿਤ ਪਿੰਡਾਂ ਦੇ ਉਨ੍ਹਾਂ ਮਜ਼ਦੂਰਾਂ ਨੇ ਕਰਨਾ ਹੁੰਦਾ ਹੈ, ਜਿਨ੍ਹਾਂ ਨੇ ਕਿ ਹਰ ਰੋਜ਼ ਕਮਾ ਕੇ ਚੁੱਲ੍ਹੇ ਬਾਲਣੇ ਹੁੰਦੇ ਹਨ। ਇਸ ਲਈ ਨਰੇਗਾ ਐਕਟ ਵਿੱਚ ਮੰਗਣ ਦੇ ਬਾਵਜੂਦ ਕੰਮ ਨਾ ਦੇਣ ਦੀ ਸੂਰਤ ਵਿੱਚ ਬੇਰੁਜ਼ਗਾਰੀ ਭੱਤਾ ਦੇਣ ਦੀ ਵਿਵਸਥਾ ਕੀਤੀ ਗਈ ਹੈ ਤੇ ਕੀਤੇ ਕੰਮ ਦੇ ਪੈਸੇ ਵੀ 15 ਦਿਨਾਂ ਦੇ ਅੰਦਰ ਅੰਦਰ ਮਿਲਣ ਦੀ ਗਾਰੰਟੀ ਹੈ, ਪਰ ਸਰਕਾਰਾਂ ਨਾ ਤਾਂ ਬੇਰੁਜ਼ਗਾਰੀ ਭੱਤਾ ਦੇਣ ਦੀ ਜ਼ਿੰਮੇਵਾਰੀ ਨਿਭਾਉਂਦੀਆਂ ਹਨ ਤੇ ਨਾ ਹੀ ਟਾਈਮ ਸਿਰ ਪੈਸੇ ਪਾਉਂਦੀਆਂ ਹਨ, ਜਿਸ ਕਾਰਨ ਕਾਰਨ ਗ਼ਰੀਬ ਲੋਕਾਂ ਨੂੰ ਬਹੁਤ ਹੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਪ੍ਰੈੱਸ ਰਾਹੀਂ ਜ਼ਿਲ੍ਹਾ ਨਰੇਗਾ ਪ੍ਰਸ਼ਾਸਨ ਦਾ ਧਿਆਨ ਦਿਵਾਇਆ ਕਿ 100 ਦਿਨ ਦੀ ਰੁਜ਼ਗਾਰ ਗਰੰਟੀ ਵਾਲੇ ਇਸ ਕਾਨੂੰਨ ਤਹਿਤ 350 ਦੇ ਕਰੀਬ ਪਿੰਡਾਂ ਵਾਲੇ ਮੋਗਾ ਜ਼ਿਲ੍ਹੇ ਵਿੱਚ ਪਿਛਲੇ ਸਾਲ ਸਿਰਫ 169 ਲੋਕਾਂ ਨੂੰ ਹੀ 100 ਦੀ ਰੁਜ਼ਗਾਰ ਗਰੰਟੀ ਪੂਰੀ ਮਿਲੀ ਹੈ। ਇਸ ਤੋਂ ਵੀ ਮਾੜੀ ਗੱਲ ਹੈ ਕਿ ਬਲਾਕ ਨਿਹਾਲ ਸਿੰਘ ਵਾਲਾ ਵਿਖੇ ਇੱਕ ਵੀ ਮਜ਼ਦੂਰ ਪਰਵਾਰ ਨੂੰ 100 ਦਿਨ ਰੁਜ਼ਗਾਰ ਨਹੀਂ ਮਿਲਿਆ। ਉਨ੍ਹਾਂ ਪ੍ਰੈੱਸ ਰਾਹੀਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਜਲਦੀ ਤੋਂ ਜਲਦੀ ਨਰੇਗਾ ਮਜ਼ਦੂਰਾਂ ਨੂੰ ਕੀਤੇ ਕੰਮ ਦੇ ਪੈਸੇ ਸਮੇਤ ਹਰਜਾਨੇ ਜਾਰੀ ਕੀਤੇ ਜਾਣ। ਉਨ੍ਹਾਂ ਅੰਤ ਵਿੱਚ ਦੱਸਿਆ ਕਿ 1 ਮਈ ਨੂੰ ਟਰੇਡ ਯੂਨੀਅਨ ਕੌਂਸਲ ਮੋਗਾ (ਏਟਕ) ਵੱਲੋਂ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਕੀਤੇ ਜਾ ਰਹੇ ਸਮਾਗਮ ਵਿੱਚ ਵੀ ਨਰੇਗਾ ਮਜ਼ਦੂਰ ਹਿੱਸਾ ਲੈਣਗੇ।

## ਕਟਾਰੂਚੱਕ ਨੇ ਕਣਕ ਦੇ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲਿਆਂ ਦੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਅਨਾਜ ਮੰਡੀ ਸੰਗਰੂਰ ਦਾ ਦੌਰਾ ਕਰਦਿਆਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕਣਕ ਦੇ ਸਮੁੱਚੇ ਸੀਜ਼ਨ ਨੂੰ ਨਿਰਵਿਘਨ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਵਜੋਂ ਉਹ ਰੋਜ਼ਾਨਾ ਰਾਜ ਦੇ ਦੋ-ਤਿੰਨ ਜ਼ਿਲ੍ਹਿਆਂ ਦਾ ਖੁਦ ਦੌਰਾ ਕਰਕੇ ਜ਼ਮੀਨੀ ਪੱਧਰ 'ਤੇ ਜਾਇਜ਼ਾ ਲੈ ਰਹੇ ਹਨ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਸਰਵੋਤਮ ਪ੍ਰਬੰਧਾਂ ਕਾਰਨ ਅਨਾਜ ਮੰਡੀਆਂ ਵਿੱਚ ਆਉਣ ਵਾਲੇ ਕਿਸਾਨਾਂ ਦੇ ਚਿਹਰਿਆਂ 'ਤੇ ਰੌਣਕ ਦੇਖੀ ਜਾ ਸਕਦੀ ਹੈ, ਕਿਉਂਕਿ ਕਿਸਾਨਾਂ ਦੀਆਂ ਦੋਵੇਂ ਪ੍ਰਮੁੱਖ ਲੋੜਾਂ, ਜੋ ਕਿ ਸਮੇਂ ਸਿਰ ਜਿਣਸ ਦੀ ਖਰੀਦ ਤੇ ਖਰੀਦੀ ਹੋਈ ਫਸਲ ਦੀ ਛੇਤੀ ਤੋਂ ਛੇਤੀ ਅਦਾਇਗੀ ਹੁੰਦੀਆਂ ਹਨ, ਨੂੰ ਪੂਰਾ ਕਰਨ ਵਿੱਚ ਮਾਨ ਸਰਕਾਰ ਸਫ਼ਲ ਸਾਬਿਤ ਹੋ ਰਹੀ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਹੁਣ ਤੱਕ ਪੰਜਾਬ ਦੀਆਂ ਅਨਾਜ ਮੰਡੀਆਂ ਵਿੱਚ ਲਗਭਗ 60 ਲੱਖ ਮੀਟਰਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ, ਜਿਸ 'ਚੋਂ 54 ਲੱਖ ਮੀਟ੍ਰਕ ਟਨ ਦੀ ਖਰੀਦ ਕੀਤੀ ਜਾ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਖਰੀਦੀ ਹੋਈ 54 ਲੱਖ ਮੀਟ੍ਰਕ ਟਨ ਕਣਕ ਦੀ ਅਦਾਇਗੀ ਵਜੋਂ ਲਗਭਗ 8 ਹਜ਼ਾਰ ਕਰੋੜ ਰੁਪਏ ਕਿਸਾਨਾਂ ਦੇ ਖਾਤਿਆਂ ਵਿੱਚ ਪਾ ਦਿੱਤੇ ਗਏ ਹਨ।ਇਸ ਮੌਕੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਜਿਥੇ ਇੱਕ ਕਿਸਾਨ ਦੀ ਢੇਰੀ ਦੀ ਸਰਕਾਰੀ ਬੋਲੀ ਕਰਵਾਉਂਦੇ ਹੋਏ ਉਸ ਦਾ ਮੂੰਹ ਮਿੱਠਾ ਕਰਵਾਇਆ, ਉਥੇ ਹੀ ਮੰਡੀ ਵਿੱਚ ਮੌਜੂਦ ਮਜ਼ਦੂਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੰਡੀਆਂ ਵਿੱਚ ਲੋਡਿੰਗ ਦਾ ਕੰਮਕਾਰ ਕਰਨ ਵਾਲੇ ਮਜ਼ਦੂਰਾਂ ਦੀ ਮਜ਼ਦੂਰੀ ਦਰ ਵਧਾ ਕੇ 2.64 ਰੁਪਏ ਪ੍ਰਤੀ ਬੋਰੀ ਕਰ ਦਿੱਤੀ ਗਈ ਹੈ।

## ਵਿਧਾਇਕ ਪੰਡੋਰੀ ਨੇ ਨੌਜਵਾਨ ਜੀਵਨਜੋਤ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਬੀਤੇ ਦਿਨੀਂ ਮਨੀਲਾ ਵਿਖੇ ਬੱਸ ਦੀ ਲਪੇਟ 'ਚ ਆ ਕੇ ਮੌਤ ਦੇ ਮੂੰਹ ਚਲੇ ਗਏ 28 ਸਾਲਾ ਨੌਜਵਾਨ ਜੀਵਨਜੋਤ ਸਿੰਘ ਪੁੱਤਰ ਸਵ: ਬਲਵੀਰ ਸਿੰਘ ਮਹਿਲ ਕਲਾਂ ਸੋਢੇ ਦੇ ਘਰ ਜਾ ਕੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਆਪਣੇ ਸਾਥੀਆਂ ਸਮੇਤ ਪੀੜਤ ਕਿਸਾਨ ਪਰਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ। ਉਨ੍ਹਾਂ ਕਿਹਾ ਕਿ ਬਹੁਤ ਹੀ ਦੁੱਖ ਦੀ ਗੱਲ ਹੈ ਕਿ ਜੀਵਨਜੋਤ ਦੇ ਪਿਤਾ ਬਲਵੀਰ ਸਿੰਘ 12 ਸਾਲ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ, ਪਰ ਹਿੰਮਤ ਹੌਸਲੇ ਨਾਲ ਇਸ ਬਿਪਤਾ ਦੀ ਘੜੀ ਵਿੱਚ ਮਾਤਾ ਪਰਮਜੀਤ ਕੌਰ ਨੇ ਭਾਰੀ ਜੱਦੋ ਜਹਿਦ ਬਾਅਦ ਆਪਣੇ ਇਕਲੌਤੇ ਪੁੱਤਰ ਜੀਵਨਜੋਤ ਨੂੰ ਸੁਨਹਿਰੀ ਭਵਿੱਖ ਦੀ ਆਸ ਨਾਲ ਦੋ ਸਾਲ ਪਹਿਲਾਂ ਆਪਣੇ ਰਿਸ਼ਤੇਦਾਰਾਂ ਕੋਲ ਮਨੀਲਾ ਭੇਜਿਆ ਸੀ, ਪਰ ਅਚਾਨਕ ਹੀ ਜੀਵਨਜੋਤ ਦੇ ਜੋਬਨ ਰੁੱਤੇ ਤੁਰ ਜਾਣ ਨਾਲ ਕਦੇ ਵੀ ਨਾ ਪੂਰੇ ਜਾਣ ਵਾਲਾ ਵੱਡਾ ਘਾਟਾ ਪਿਆ ਹੈ। ਨੌਜਵਾਨ ਜੀਵਨਜੋਤ ਸਿੰਘ ਨੇ ਪੜ੍ਹਾਈ ਤੇ ਖੇਡਾਂ ਦੇ ਖੇਤਰ ਵਿੱਚ ਵੀ ਅਹਿਮ ਪ੍ਰਾਪਤੀਆਂ ਕਰਕੇ ਨਾਂਅ ਰੌਸ਼ਨ ਕੀਤਾ। ਅਜਿਹੇ ਉੱਦਮੀ ਨੌਜਵਾਨਾਂ ਦੀ ਅਗਵਾਈ ਦੀ ਅੱਜ ਸੂਬੇ ਨੂੰ ਵੱਡੀ ਲੋੜ ਹੈ। ਵਿਧਾਇਕ ਪੰਡੋਰੀ ਨੇ ਮ੍ਰਿਤਕ ਨੌਜਵਾਨ ਦੀ ਲਾਸ਼ ਨੂੰ ਘਰ ਲਿਆਉਣ ਲਈ ਪੰਜਾਬ ਸਰਕਾਰ ਵੱਲੋਂ ਹਰ ਸੰਭਵ ਸਹਿਯੋਗ ਦਾ ਵਿਸ਼ਵਾਸ ਦੁਆਇਆ। ਉਨ੍ਹਾਂ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਆਮ ਆਦਮੀ ਪਾਰਟੀ ਤੇ ਸੂਬਾਈ ਸਰਕਾਰ ਕਿਸਾਨ ਪਰਵਾਰ ਨਾਲ ਖੜੀ ਹੈ। ਇਸ ਮੌਕੇ ਜਥੇਦਾਰ ਅਜਮੇਰ ਸਿੰਘ ਮਹਿਲ ਕਲਾਂ, ਗੁਰਦੀਪ ਸਿੰਘ ਸੋਢਾ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਅਰੁਣ ਕੁਮਾਰ ਬਾਂਸਲ, ਬਾਬਾ ਸ਼ੇਰ ਸਿੰਘ, ਸਤੀਸ਼ ਕੁਮਾਰ ਬਾਂਸਲ, ਹਰਮਨਜੀਤ ਸਿੰਘ ਰਾਏ, ਰਾਜਾ ਘੁਮਾਣ, ਬਾਬਾ ਹਰੀ ਸਿੰਘ, ਪੁਨੀਤ ਮਾਨ, ਮਨਜੀਤ ਸਿੰਘ ਸਹਿਜੜਾ ਆਦਿ ਹਾਜ਼ਰ ਸਨ।

## ਵਿਧਾਇਕ ਵੱਲੋਂ ਸਕੂਲ ਆਫ ਐਮੀਨੈਂਸ ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਰਾਹੀਂ ਜਿੱਥੇ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਵਿੱਚ ਵੱਡੇ ਸੁਧਾਰ ਲਿਆਂਦੇ ਗਏ ਹਨ, ਉਥੇ ਇਸ ਨਾਲ ਸਕੂਲਾਂ ਵਿੱਚ ਪੜ੍ਹਾਈ ਦੇ ਮਿਆਰ 'ਚ ਵੀ ਵਾਧਾ ਹੋਇਆ ਹੈ। ਮਾਨ ਸਰਕਾਰ ਦੀ ਸਿੱਖਿਆ ਕ੍ਰਾਂਤੀ ਦੇ ਨਾਲ ਸਿੱਖਿਆ ਖੇਤਰ ਵਿੱਚ ਇੱਕ ਸੁਨਹਿਰੀ ਯੁੱਗ ਸ਼ੁਰੂਆਤ ਹੋਈ ਹੈ, ਜਿਸ ਦਾ ਸਾਨੂੰ ਸਾਰਿਆਂ ਨੂੰ ਸਵਾਗਤ ਕਰਨਾ ਚਾਹੀਦਾ ਹੈ। ਇਹ ਪ੍ਰਗਟਾਵਾ ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਨੇ ਸਕੂਲ ਆਫ ਐਮੀਨੈਂਸ ਮਮਦੋਟ ਵਿਖੇ ਸਿੱਖਿਆ ਕ੍ਰਾਂਤੀ ਤਹਿਤ ਨਵੇਂ ਬਣੇ 4 ਸਮਾਰਟ ਕਲਾਸ ਰੂਮ ਤੇ ਸਾਇੰਸ ਲੈਬ ਦਾ ਉਦਘਾਟਨ ਕਰਨ ਮੌਕੇ ਹਾਜ਼ਰ ਵਿਦਿਆਰਥੀਆਂ ਦੇ ਮਾਪਿਆਂ ਤੇ ਇਲਾਕਾ ਨਿਵਾਸੀਆਂ ਨੂੰ ਸੰਬੋਧਨ ਕਰਦਿਆਂ ਕੀਤਾ। ਵਿਧਾਇਕ ਦਹੀਆ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਸੂਬੇ ਵਿੱਚ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਪਹਿਲੇ ਦਿਨ ਤੋਂ ਹੀ ਕਾਰਜਸ਼ੀਲ ਹੈ ਤੇ ਪਿਛਲੇ ਸਮੇਂ ਰਾਜ ਸਰਕਾਰ ਵੱਲੋਂ ਮਮਦੋਟ ਨੂੰ ਵੱਡਾ ਤੋਹਫਾ ਦਿੰਦਿਆਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਮਮਦੋਟ ਨੂੰ ਸਕੂਲ ਆਫ ਐਮੀਨੈਂਸ ਦਾ ਦਰਜਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਇਸ ਸਕੂਲ ਵਿੱਚ ਲਗਪਗ 50 ਲੱਖ ਤੋਂ ਵੱਧ ਦੀ ਲਾਗਤ ਨਾਲ 4 ਨਵੇਂ ਸਮਾਰਟ ਕਲਾਸ ਰੂਮ, 3 ਸਾਇੰਸ ਲੈਬ ਬਣਾਈਆਂ ਗਈਆਂ ਹਨ। ਇਸ ਤੋਂ ਇਲਾਵਾ ਸਕੂਲ ਆਫ ਐਮੀਨੈਂਸ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਨੂੰ ਮੁਫਤ ਕਿਤਾਬਾਂ, ਵਰਦੀਆਂ ਤੇ ਆਉਣ-ਜਾਣ ਲਈ ਟਰਾਂਸਪੋਰਟ ਦੀ ਸੁਵਿਧਾ ਵੀ ਦਿੱਤੀ ਜਾ ਰਹੀ ਹੈ। ਇਸ ਮੌਕੇ ਬਲਾਕ ਸਿੱਖਿਆ ਅਫਸਰ ਜਸਵਿੰਦਰ ਸਿੰਘ, ਪ੍ਰਿੰਸੀਪਲ ਰੁਬੀਨਾ ਚੌਪੜਾ, ਉਪਿੰਦਰ ਸਿੰਘ ਸਿੰਧੀ ਪ੍ਰਧਾਨ ਨਗਰ ਪੰਚਾਇਤ ਮਮਦੋਟ, ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕਿਟ ਕਮੇਟੀ, ਹਲਕਾ ਕਮੇਟੀ ਮੈਂਬਰ ਡਾ. ਨਿਰਵੈਰ ਸਿੰਘ ਸਿੰਧੀ, ਰੋਬੀ ਸੰਧੂ ਪੀ ਏ, ਪਲਵਿੰਦਰ ਸਿੰਘ ਬਰਾੜ ਸਿੱਖਿਆ ਕੋਆਰਡੀਨੇਟਰ, ਉਪ ਪ੍ਰਧਾਨ ਦਲਜੀਤ ਸਿੰਘ ਬਾਬਾ, ਸੁਖਦੇਵ ਸਿੰਘ ਸਬ ਇੰਸਪੈਕਟਰ ਥਾਣਾ ਮਮਦੋਟ, ਰਾਜੇਸ਼ ਗਾਬਾ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਮਮਦੋਟ ਤੋਂ ਇਲਾਵਾ ਜਸਬੀਰ ਸਿੰਘ ਚੇਅਰਮੈਨ ਸਕੂਲ ਮੈਨੇਜਮੈਂਟ ਕਮੇਟੀ ਤੇ ਸਮੂਹ ਮੈਂਬਰ ਸਾਹਿਬਾਨ, ਸਰਪੰਚ ਬਲਵਿੰਦਰ ਸਿੰਘ ਰਾਓ ਕੇ ਬਲਾਕ ਪ੍ਰਧਾਨ, ਬਲਵਿੰਦਰ ਸਿੰਘ ਲੱਡੂ ਸਰਪੰਚ ਹਜਾਰਾਂ ਬਲਾਕ ਮੀਡੀਆ ਇੰਚਾਰਜ, ਸਰਪੰਚ ਗੁਰਨਾਮ ਸਿੰਘ ਬਲਾਕ ਪ੍ਰਧਾਨ, ਬਗੀਚਾ ਸਿੰਘ ਬਲਾਕ ਪ੍ਰਧਾਨ ਕਾਲੂ ਅਰਾਈ ਹਿਠਾੜ, ਸਕੂਲ ਸਟਾਫ ਸਮੇਤ ਵੱਡੀ ਗਿਣਤੀ 'ਚ ਬੱਚਿਆਂ ਦੇ ਮਾਪੇ ਤੇ ਇਲਾਕਾ ਨਿਵਾਸੀ ਹਾਜ਼ਰ ਸਨ।

# ਅੱਗ ਨਾਲ ਨੁਕਸਾਨੀ ਕਣਕ ਦਾ 70 ਹਜ਼ਾਰ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ : ਢਾਬਾਂ, ਧਰਮੂਵਾਲਾ

### ਏ ਆਈ ਐੱਸ ਐੱਫ ਤੇ ਏ ਆਈ ਵਾਈ ਐੱਫ ਨੇ ਮੁਆਵਜ਼ੇ ਲਈ ਦਿੱਤਾ ਮੰਗ ਪੱਤਰ



**ਜਲਾਲਾਬਾਦ (ਰਣਬੀਰ ਕੌਰ ਢਾਬਾਂ)**-ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਐੱਸ ਡੀ ਐੱਮ ਮੁੱਖ ਮੰਤਰੀ ਪੰਜਾਬ ਦੇ ਨਾਮ ਮੰਗ ਪੱਤਰ ਭੇਜ ਕੇ ਮੰਗ ਕੀਤੀ ਗਈ ਹੈ ਕਿ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਅੱਗ ਨਾਲ ਤਬਾਹ ਹੋਈ ਕਣਕ ਦਾ ਮੁਆਵਜ਼ਾ ਪੀੜਤ ਕਿਸਾਨਾਂ ਨੂੰ ਦੇਣ ਸਬੰਧੀ ਮੰਗ ਕੀਤੀ ਹੈ।ਇਸ ਸੰਬੰਧੀ ਇੱਥੇ ਨੌਜਵਾਨਾਂ ਤੇ ਵਿਦਿਆਰਥੀਆਂ ਦੇ ਆਗੂਆਂ ਨੇ ਐੱਸ.ਡੀ.ਐੱਮ. ਜਲਾਲਾਬਾਦ ਨੂੰ ਮੰਗ ਪੱਤਰ ਸੌਂਪਿਆ ਗਿਆ।ਇਸ ਵਫਦ ਦੀ ਅਗਵਾਈ ਸਰਬ ਭਾਰਤ ਨੌਜਵਾਨ ਸਭਾ ਦੇ ਸਾਬਕਾ ਸੂਬਾ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ, ਜ਼ਿਲ੍ਹਾ ਸਕੱਤਰ ਹਰਭਜਨ ਛੱਪੜੀਵਾਲਾ ਤੇ ਏਆਈਐੱਸਐੱਫ ਦੇ ਸੂਬਾ ਪ੍ਰਧਾਨ ਰਮਨ ਧਰਮੂਵਾਲਾ ਤੇ ਜ਼ਿਲ੍ਹਾ ਸਕੱਤਰ ਸਟਾਲਿਨ ਲਮੋਚੜ ਨੇ ਕੀਤੀ। ਮੰਗ ਪੱਤਰ ਦੇਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਾਥੀ ਢਾਬਾਂ ਤੇ ਧਰਮੂਵਾਲਾ ਨੇ ਕਿਹਾ ਪਿਛਲੇ ਦਿਨੀਂ ਲਗਾਤਾਰ ਪੰਜਾਬ ਦੇ ਵੱਖ ਵੱਖ ਇਲਾਕਿਆਂ ਵਿੱਚ ਭਿਆਨਕ ਅੱਗ ਲੱਗਣ ਨਾਲ ਕਿਸਾਨਾਂ ਦੀ ਹਜ਼ਾਰਾਂ ਏਕੜ ਕਣਕ ਦੀ ਫਸਲ, ਨਾੜ, ਘਰਬਾਰ, ਪਸ਼ੂ ਤੇ ਖੇਤੀ ਦੇ ਸੰਦ (ਟਰੈਕਟਰ, ਕੰਬਾਈਨ) ਸੜ ਕੇ ਸਵਾਹ ਹੋ ਗਏ ਹਨ, ਜਿਸ ਨਾਲ ਕਿਸਾਨਾਂ ਦਾ ਕਰੋੜਾਂ ਦਾ ਨੁਕਸਾਨ ਹੋਇਆ ਹੈ। ਆਗੂਆਂ ਨੇ ਕਿਹਾ ਕਿ ਇਸ ਭਾਰੀ ਨੁਕਸਾਨ ਦੀ ਵੱਡੀ ਜ਼ਿੰਮੇਵਾਰ ਪ੍ਰਸ਼ਾਸਨ ਕੋਲ ਫਾਇਰਬ੍ਰਿਗੇਡ ਦੀ ਘਾਟ ਵੀ ਹੈ। ਅੱਗ ਲੱਗਣ ਦੇ ਕਈ ਕਈ ਘੰਟੇ ਬਾਅਦ ਵੀ ਫਾਇਰਬ੍ਰਿਗੇਡ ਨਹੀਂ ਪਹੁੰਚੀ ਅਤੇ ਕਿਸਾਨਾਂ ਤੇ ਆਮ ਲੋਕਾਂ ਨੂੰ ਖੁਦ ਹੀ ਜੱਦੋ ਜਹਿਦ ਕਰਨੀ ਪਈ।ਕਿਸਾਨਾਂ ਨੇ ਆਪਣੀਆਂ ਜਾਨਾਂ ਖ਼ਤਰੇ ਵਿੱਚ ਪਾ ਕੇ ਅੱਗ ਬੁਝਾਉਣ ਦੀ ਕੋਸ਼ਿਸ਼ ਕੀਤੀ, ਪਰ ਮੌਕੇ 'ਤੇ ਕੋਈ ਵੀ ਪ੍ਰਸ਼ਾਸਨਕ ਅਧਿਕਾਰੀ ਜਾਂ ਸਰਕਾਰ ਦਾ ਨੁਮਾਇੰਦਾ ਨਹੀਂ ਪਹੁੰਚ ਸਕਿਆ।ਆਗੂਆਂ ਨੇ ਮੰਗ ਪੱਤਰ ਰਾਹੀਂ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਅੱਗ ਵਿੱਚ ਨੁਕਸਾਨ ਹੋਈ ਕਣਕ ਦੀ ਫਸਲ ਤੇ ਤੂੜੀ ਵਾਲੇ ਨਾੜ ਦਾ 70 ਹਜ਼ਾਰ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ, ਜਿਨ੍ਹਾਂ ਦੇ ਖੇਤ ਵਿੱਚ ਘਰ ਸੜੇ ਤੇ ਖੇਤੀ ਦੇ ਸੰਦਾਂ ਦਾ ਨੁਕਸਾਨ ਹੋਇਆ ਹੈ, ਉਨ੍ਹਾਂ ਦੀ ਤੁਰੰਤ ਗਿਰਦਵਾਰੀ ਕਰਕੇ ਬਣਦਾ ਮੁਆਵਜ਼ਾ ਦਿੱਤਾ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰਿੰਦਰ ਢਾਬਾਂ, ਅਸ਼ੋਕ ਥਾਰਾ, ਸੁਰਿੰਦਰ ਬਾਹਮਣੀ ਵਾਲਾ, ਅਸ਼ੋਕ ਲਮੋਚੜ, ਮੁਖਤਿਆਰ ਥਾਰਾ ਵੀ ਹਾਜ਼ਰ ਸਨ।

## ਬੁਟੀਕ ਦੀ ਦੁਕਾਨ 'ਚੋਂ ਨਕਦੀ ਤੇ ਲੇਡੀਜ਼ ਸੂਟ ਚੋਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਸ਼ਹਿਰ ਵਿਖੇ ਬੁਟੀਕ ਦੀ ਦੁਕਾਨ 'ਚੋਂ ਅਣਪਛਾਤੇ ਚੋਰ ਵੱਲੋਂ 40 ਹਜ਼ਾਰ ਰੁਪਏ ਤੇ ਲੇਡੀਜ਼ ਸੂਟ ਚੋਰੀ ਕਰਨ ਦੀ ਖ਼ਬਰ ਮਿਲੀ ਹੈ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀ ਖ਼ਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਗੁਰਦੀਪ ਸਿੰਘ ਢਿੱਲੋਂ ਪੁੱਤਰ ਬਲਵੰਤ ਸਿੰਘ ਵਾਸੀ ਨੇੜੇ ਜੋਸ਼ੀ ਪੈਲੇਸ ਗਲੀ ਨੰਬਰ 2, ਮਿਨੀ ਆਜ਼ਾਦ ਨਗਰ ਨੇ ਦੱਸਿਆ ਕਿ 19-20 ਅਪ੍ਰੈਲ 2025 ਦੀ ਰਾਤ ਨੂੰ ਉਹ ਸਮੇਤ ਆਪਣੀ ਪਤਨੀ ਆਪਣੇ ਘਰ ਵਿਚ ਹਾਜ਼ਰ ਸੀ ਤੇ ਰਾਤ ਸਮੇਂ ਸੌਂ ਰਹੇ ਸੀ ਤਾਂ ਕਰੀਬ 3 ਵਜੇ ਸਵੇਰੇ ਇੱਕ ਅਣਪਛਾਤਾ ਵਿਅਕਤੀ ਘਰ ਦੇ ਸਾਈਡ 'ਤੇ ਬਣੀ ਦੁਕਾਨ 'ਤੇ ਘਰ ਦੀ ਛੱਤ ਉਪਰ ਦੀ ਹੁੰਦਾ ਹੋਇਆ ਘਰ ਅੰਦਰ ਦਾਖਲ ਹੋਇਆ 'ਤੇ ਘਰ ਅੰਦਰ ਬਣੀ ਬੂਟੀਕ ਦੀ ਦੁਕਾਨ 'ਚ ਦਾਖਲ ਹੋਇਆ। ਗੁਰਦੀਪ ਸਿੰਘ ਢਿੱਲੋਂ ਨੇ ਦੱਸਿਆ ਕਿ ਅਣਪਛਾਤਾ ਵਿਅਕਤੀ ਬੂਟੀਕ ਅੰਦਰ ਪਏ 40 ਹਜ਼ਾਰ ਰੁਪਏ ਤੇ ਹੋਰ ਫੁਟਕਲ ਪਏ 1000 ਰੁਪਏ ਦੇ ਕਰੀਬ ਤੇ ਲੇਡੀਜ਼ ਸੂਟ ਚੋਰੀ ਕਰਕੇ ਲੈ ਗਿਆ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਅਯੂਬ ਮਸੀਹ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਮਾਮਲਾ ਦਰਜ ਕਰ ਲਿਆ ਹੈ।

## ਨਿਰਦਈ ਸਹੁਰੇ ਨੇ ਦਾਜ ਲਈ ਨੂੰਹ ਨੂੰ ਛੱਲੀਆਂ ਵਾਂਗ ਕੁੱਟਿਆ



ਨੂੰਹ ਨੂੰ ਕੁੱਟ ਰਿਹਾ ਬੇਰਹਿਮ ਸਹੁਰਾ।

**ਸਿਰਸਾ (ਸੁਰਿੰਦਰ ਪਾਲ ਸਿੰਘ)**-ਪਿਛਲੇ ਦਿਨੀਂ ਸਿਰਸਾ ਖੇਤਰ ਦੇ ਪਿੰਡ ਨਾਥੂਸਰੀ ਕਲਾਂ 'ਚ ਨਿਰਦਈ ਸਹੁਰਾ ਦਿਆ ਰਾਮ ਕਤਵਾਸਰਾ ਪੁੱਤਰ ਲਈ ਦਾਜ ਦੀ ਮੰਗ ਪੂਰੀ ਨਾ ਹੋਣ 'ਤੇ ਆਪਣੀ ਨੂੰਹ ਸ਼ਕੁੰਤਲਾ ਨੂੰ ਉਦੋਂ ਤੱਕ ਡੰਡੇ ਨਾਲ ਕੁੱਟਦਾ ਰਿਹਾ, ਜਦੋਂ ਤੱਕ ਉਹ ਬੇਹੋਸ਼ ਨਹੀਂ ਹੋ ਗਈ। ਇਸ ਬੇ-ਰਹਿਮ ਸਹੁਰੇ ਨੇ ਮਾਨਵਤਾ ਦੀਆਂ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ। ਸਿਤਮ ਇਹ ਕਿ ਸਹੁਰੇ ਨੇ ਨੂੰਹ ਨੂੰ ਡੰਡੇ ਨਾਲ ਕੁੱਟਿਆ ਤੇ ਜ਼ੁਲਮ ਸੱਸ ਨੇ ਸ਼ਕੁੰਤਲਾ ਨੂੰ ਵਾਲਾਂ ਤੋਂ ਖਿੱਚ ਕੇ ਘਰੋਂ ਬਾਹਰ ਕੱਢ ਦਿੱਤਾ। ਮਾਮਲੇ ਦੀ ਸ਼ਿਕਾਇਤ 'ਤੇ ਪੁਲਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਮਿਲੀ ਜਾਣਕਾਰੀ ਅਨੁਸਾਰ ਸ਼ਕੁੰਤਲਾ ਆਪਣੇ ਤਿੰਨ ਭਰਾਵਾਂ ਸਮੇਤ ਜਦੋਂ ਆਪਣੇ ਘਰ ਆਈ ਤਾਂ ਉਸ ਦੇ ਸਹੁਰੇ ਪਰਵਾਰ ਨੇ ਉਸ ਨੂੰ ਘਰ ਵਿੱਚ ਨਹੀਂ ਵੜਨ ਦਿੱਤਾ, ਜਿਸ 'ਤੇ ਸ਼ਕੁੰਤਲਾ ਘਰ ਦੀ ਕੰਧ ਟੱਪ ਕੇ ਘਰ ਅੰਦਰ ਚਲੀ ਗਈ। ਜਿਵੇਂ ਹੀ ਉਸ ਨੇ ਘਰ ਵਿੱਚ ਪੈਰ ਪਾਇਆ ਤਾਂ ਜ਼ਾਲਮ ਸਹੁਰੇ ਨੇ ਸੋਟੀ ਚੁੱਕੀ ਤੇ ਉਸ ਨੂੰ ਕੁੱਟਣਾ ਸ਼ੁਰੂ ਕਰ ਦਿੱਤਾ ਤੇ ਸੱਸ ਗੁੱਡੀ ਦੇਵੀ ਨੇ ਉਸ ਦੇ ਵਾਲ ਫੜ ਲਏ। ਜਦੋਂ ਸ਼ਕੁੰਤਲਾ ਦੇ ਭਰਾ ਨੇ ਇਸ ਘਟਨਾ ਦੀ ਵੀਡੀਓ ਬਣਾਉਣ ਦੀ ਕੋਸ਼ਿਸ਼ ਕੀਤੀ ਤਾਂ ਮੁਲਜ਼ਮਾਂ ਨੇ ਉਸ ਦੀ ਵੀ ਕੁੱਟਮਾਰ ਕੀਤੀ। ਭਰਾ ਨੇ ਪੁਲਸ ਨੂੰ ਸੂਚਿਤ ਕੀਤਾ। ਪੁਲਸ ਨੇ ਸ਼ਕੁੰਤਲਾ ਨੂੰ ਸਿਰਸਾ ਦੇ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ। ਗੰਭੀਰ ਸੱਟਾਂ ਕਾਰਨ ਸ਼ਕੁੰਤਲਾ ਦੋ ਦਿਨਾਂ ਤੱਕ ਪੁਲਸ ਨੂੰ ਬਿਆਨ ਨਹੀਂ ਦੇ ਸਕੀ। ਹਾਲਤ ਵਿੱਚ ਸੁਧਾਰ ਹੋਣ ਤੋਂ ਬਾਅਦ ਉਸ ਨੇ ਸ਼ਿਕਾਇਤ ਦਰਜ ਕਰਵਾਈ। ਸ਼ਕੁੰਤਲਾ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦਾ ਵਿਆਹ ਦੋ ਸਾਲ ਪਹਿਲਾਂ ਹੋਇਆ ਸੀ। ਵਿਆਹ ਤੋਂ ਥੋੜ੍ਹੀ ਦੇਰ ਬਾਅਦ ਹੀ ਉਸ ਦੇ ਲਾਲਚੀ ਸਹੁਰੇ ਪਰਵਾਰ ਵਾਲਿਆਂ ਉਸ ਨੂੰ ਦਾਜ ਲਈ ਤੰਗ ਕਰਨਾ ਸ਼ੁਰੂ ਕਰ ਦਿੱਤਾ। ਉਸ ਦੇ ਲਾਲਚੀ ਸਹੁਰੇ ਉਸ ਨੂੰ ਉਸ ਦੇ ਮਾਪਿਆਂ ਤੋਂ ਪੈਸੇ ਲਿਆਉਣ ਲਈ ਕਹਿੰਦੇ ਰਹੇ। ਸ਼ਕੁੰਤਲਾ ਨੇ ਪੁਲਸ ਤੋਂ ਮੰਗ ਕੀਤੀ ਹੈ ਕਿ ਉਸ ਨੂੰ ਮਾਰਨ ਦੇ ਇਰਾਦੇ ਨਾਲ ਉਸ 'ਤੇ ਹਮਲਾ ਕੀਤਾ ਗਿਆ, ਇਸ ਲਈ ਸਹੁਰੇ ਦਿਆ ਰਾਮ, ਸੱਸ ਗੁੱਡੀ ਦੇਵੀ ਤੇ ਉਸ ਦੇ ਪਤੀ ਰਮੇਸ਼ ਕੁਮਾਰ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।

## ਕੁੱਟਮਾਰ ਕਰਨ ਤੇ ਸਾਮਾਨ ਦੀ ਭੰਨ-ਤੋੜ ਕਰਨ ਦੇ ਦੋਸ਼ 'ਚ 10 ਨਾਮਜ਼ਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਦੀ ਪੁਲਸ ਵੱਲੋਂ ਪਿੰਡ ਚੱਕ ਸੁਖੇਰਾ ਉਰਫ ਛੋਟਾ ਸਿੱਧੂ ਵਾਲਾ ਵਿਖੇ ਹੋਈ ਲੜਾਈ ਦੇ ਸਬੰਧ ਵਿੱਚ 10 ਲੋਕਾਂ ਵਿਰੁੱਧ ਪਰਚਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਜਗਜੀਤ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਦਰਸ਼ਨ ਸਿੰਘ ਪੁੱਤਰ ਗੁਲਜਾਰ ਸਿੰਘ ਵਾਸੀ ਪਿੰਡ ਚੱਕ ਸੁਖੇਰਾ ਉਰਫ ਛੋਟਾ ਸਿੱਧੂ ਵਾਲਾ ਦੁਆਰਾ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਮਿਤੀ 14-04-2025 ਨੂੰ ਉਹ (ਮੁਦੱਈ ਦਰਸ਼ਨ ਸਿੰਘ) ਆਪਣੇ ਖੇਤ ਵਿੱਚ ਪਾਣੀ ਲਗਾ ਕੇ ਘਰ ਵਾਪਸ ਆਇਆ ਸੀ ਤਾਂ ਇਕਦਮ ਕੁਲਵਿੰਦਰ ਸਿੰਘ ਵਗੈਰਾ ਹੱਥਿਆਰਾਂ ਸਮੇਤ ਉਸਦੇ ਘਰ ਆ ਗਏ ਤੇ ਉਸ ਦੇ ਪਰਵਾਰ ਦੀ ਕੁੱਟਮਾਰ ਕੀਤੀ ਅਤੇ ਘਰ ਦੇ ਸਾਮਾਨ ਦੀ ਭੰਨ ਤੋੜ ਕਰਨ ਲੱਗ ਪਏ। ਇਸ ਦੌਰਾਨ ਆਸ ਪਾਸ ਦੇ ਲੋਕ ਇਕੱਠੇ ਹੁੰਦੇ ਵੇਖ ਕੇ ਮੌਕੇ ਤੋਂ ਭੱਜ ਗਏ। ਜਾਂਚ ਅਧਿਕਾਰੀ ਜਗਜੀਤ ਸਿੰਘ ਨੇ ਦੱਸਿਆ ਕਿ ਮੁਦੱਈ ਦਰਸ਼ਨ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਕੁਲਵਿੰਦਰ ਸਿੰਘ ਪੁੱਤਰ ਹਰਬੰਸ ਸਿੰਘ, ਜੱਜ ਸਿੰਘ ਪੁੱਤਰ ਹਰਬੰਸ ਸਿੰਘ, ਸੁਰਜੀਤ ਸਿੰਘ ਪੁੱਤਰ ਲਾਲ ਸਿੰਘ, ਚਿੰਟੂ ਪੁੱਤਰ ਹਰਬੰਸ ਸਿੰਘ, ਜਗਦੀਸ਼ ਸਿੰਘ ਪੁੱਤਰ ਕਸ਼ਮੀਰ ਸਿੰਘ, ਛਿੰਦਰ ਸਿੰਘ ਪੁੱਤਰ ਜੰਗੀਰ ਸਿੰਘ ਤੇ 3/4 ਅਣਪਛਾਤੇ ਵਿਅਕਤੀ ਵਾਸੀਆਨ ਚੱਕ ਸੁਖੇਰਾ ਉਰਫ ਛੋਟਾ ਸਿੱਧੂਵਾਲਾ ਵਿਰੁੱਧ ਮੁਕੱਦਮਾ ਥਾਣਾ ਸਦਰ ਜਲਾਲਾਬਾਦ ਵਿਖੇ ਦਰਜ ਕੀਤਾ ਗਿਆ ਹੈ।

## ਤਹਿਸੀਲ 'ਚ ਭ੍ਰਿਸ਼ਟਾਚਾਰ ਸਹਿਣ ਨਹੀਂ ਕੀਤਾ ਜਾਵੇਗਾ : ਗੁਰਬੰਸ ਸਿੰਘ

### ਪਟਵਾਰ ਯੂਨੀਅਨ ਨੇ ਨਾਇਬ ਤਹਿਸੀਲਦਾਰ ਦਾ ਕੀਤਾ ਸਵਾਗਤ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਤਹਿਸੀਲਦਾਰਾਂ ਤੇ ਨਾਇਬ ਤਹਿਸੀਲਦਾਰਾਂ ਦੀ ਵੱਡੇ ਪੱਧਰ 'ਤੇ ਕੀਤੀ ਗਈ ਬਦਲੀ ਦੇ ਤਹਿਤ ਤਹਿਸੀਲ ਸਮਾਣਾ ਵਿੱਚ ਨਵ-ਨਿਸੁਕਤ ਨਾਇਬ ਤਹਿਸੀਲਦਾਰ ਗੁਰਬੰਸ ਸਿੰਘ ਨੇ ਆਪਣਾ ਚਾਰਜ ਸੰਭਾਲ ਲਿਆ ਹੈ।ਚਾਰਜ ਸੰਭਾਲਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾ ਕਿਹਾ ਕਿ ਉਹ ਲੋਕਾਂ ਦੀ ਸੇਵਾ ਲਈ ਹਰ ਸਮੇਂ ਉਪਲਬਧ ਰਹਿਣਗੇ ਤੇ ਲੋਕਾਂ ਨੂੰ ਉਨ੍ਹਾਂ ਦੇ ਕੰਮਾਂ ਲਈ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਲੋਕਾਂ ਨੂੰ ਰਜਿਸਟਰੀਆਂ ਤੇ ਦਫ਼ਤਰਾਂ ਦੇ ਕਿਸੇ ਵੀ ਕੰਮਕਾਜ ਲਈ ਉਹ ਉਨ੍ਹਾਂ ਨਾਲ ਸਿੱਧਾ ਸੰਪਰਕ ਕਰ ਸਕਦੇ ਹਨ।ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਰਜਿਸਟਰੀ ਆਦਿ ਕਰਵਾਉਣ ਲਈ ਆਪਣੇ ਪੂਰੇ ਕਾਗਜ਼ਾਤ ਤੇ ਐੱਨ. ਓ. ਸੀ. ਨਾਲ ਲੈ ਕੇ ਸਿੱਧੇ ਉਨ੍ਹਾਂ ਕੋਲ ਆ ਕੇ ਆਪਣੀ ਰਜਿਸਟਰੀ ਕਰਵਾ ਸਕਦੇ ਹਨ। ਨਾਇਬ ਤਹਿਸੀਲਦਾਰ ਨੇ ਕਿਹਾ ਕਿ ਤਹਿਸੀਲ ਵਿੱਚ ਭ੍ਰਿਸ਼ਟਾਚਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਤਹਿਸੀਲ ਵਿੱਚ ਦਲਾਲੀ ਕਰਨ ਵਾਲੇ ਲੋਕਾਂ ਨੂੰ ਸਖਤ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੋਈ ਵੀ ਵਿਅਕਤੀ ਉਨ੍ਹਾਂ ਦੇ ਨਾਮ 'ਤੇ ਜਾਂ ਦਫ਼ਤਰ ਦੇ ਕਿਸੇ ਵੀ ਸਟਾਫ ਦੇ ਨਾਮ 'ਤੇ ਪੈਸੇ ਦੀ ਮੰਗ ਕਰਦਾ ਹੈ ਤਾਂ ਉਸ 'ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਪਟਵਾਰ ਯੂਨੀਅਨ ਸਮਾਣਾ ਦੇ ਪ੍ਰਧਾਨ ਗੌਰਵ ਕੁਮਾਰ ਤੇ ਜਨਰਲ ਸਕੱਤਰ ਜਤਿੰਦਰਪਾਲ ਸਿੰਘ ਦੀ ਅਗਵਾਈ ਹੇਠ ਨਵ ਨਿਯੁਕਤ ਨਾਇਬ ਤਹਿਸੀਲਦਾਰ ਗੁਰਬੰਸ ਸਿੰਘ ਦਾ ਸਵਾਗਤ ਕੀਤਾ।

ਪਟਵਾਰ ਯੂਨੀਅਨ ਦੇ ਮੈਂਬਰਾਂ ਨੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਪਟਵਾਰੀ ਵੱਲੋਂ ਉਨ੍ਹਾਂ ਨੂੰ ਹਰ ਕੰਮ ਲਈ ਪੂਰਨ ਸਹਿਯੋਗ ਦਿੱਤਾ ਜਾਵੇਗਾ ਤੇ ਜਨਤਾ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਨਿਪਟਾਇਆ ਜਾਵੇਗਾ।ਇਸ ਮੌਕੇ ਕੈਸ਼ੀਅਰ ਸੁਖਬੀਰ ਸਿੰਘ, ਰਾਮ ਕਿਸ਼ੋਰ, ਬਲਬੀਰ ਕੁਮਾਰ, ਸੁਖਵਿੰਦਰ ਸਿੰਘ, ਕਰਮਜੀਤ ਸਿੰਘ, ਜਤਿੰਦਰ ਸਿੰਘ, ਸੂਰਜ ਗੋਇਲ, ਹਰਪ੍ਰੀਤ ਸਿੰਘ, ਦੀਪਕ ਸਿੰਗਲਾ, ਅੰਕੁਸ਼, ਜਸਬੀਰ ਸਿੰਘ, ਪ੍ਰਿੰਸ ਕੁਮਾਰ, ਗੁਰਵਿੰਦਰ ਸਿੰਘ (ਸਾਰੇ ਪਟਵਾਰੀ) ਆਦਿ ਹਾਜ਼ਰ ਸਨ।

## ਭਾਰੀ ਮਾਤਰਾ 'ਚ ਨਜਾਇਜ਼ ਸ਼ਰਾਬ ਸਮੇਤ ਮੁਲਜ਼ਮ ਗ੍ਰਿਫਤਾਰ



**ਦਿੜ੍ਹਬਾ (ਜਸਵੀਰ ਲਾਡੀ)**-ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਵਿੱਢੀ ਮੁਹਿੰਮ ਤਹਿਤ ਥਾਣਾ ਮੁਖੀ ਛਾਜਲੀ ਗੁਰਮੀਤ ਸਿੰਘ ਦੀ ਪੁਲਸ ਪਾਰਟੀ ਨੂੰ ਉਸ ਵਕਤ ਵੱਡੀ ਸਫਲਤਾ ਮਿਲੀ, ਜਦੋਂ ਉਨ੍ਹਾਂ ਨੇ ਗੁਪਤ ਸੂਚਨਾ ਦੇ ਅਧਾਰ 'ਤੇ ਪੁਲਸ ਨੇ ਨੇੜਲੇ ਪਿੰਡ ਉਗਰਾਹਾਂ ਦੇ ਇੱਕ ਘਰ ਵਿੱਚੋਂ 684 ਬੋਤਲਾਂ ਨਜਾਇਜ਼ ਸ਼ਰਾਬ ਫੜ ਕੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ, ਜਿਸ ਵਿੱਚ 42 ਡੱਬੇ ਸ਼ਰਾਬ ਦੇਸੀ ਮਾਰਕਾ ਰਾਂਝਾ ਸੌਂਫੀ, 7 ਡੱਬੇ ਮੋਟਾ ਸੰਤਰਾ, 8 ਡੱਬੇ ਮਾਰਕਾ ਬੇਬੇ ਬ੍ਰਾਮਦ ਕੀਤੇ ਗਏ। ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਡੀ ਐੱਸ ਪੀ ਰੁਪਿੰਦਰ ਕੌਰ ਬਾਜਵਾ ਨੇ ਕਿਹਾ ਕਿ ਗੁਰਚਰਨ ਸਿੰਘ ਉਰਫ ਕਾਲਾ ਗਜਨੀ ਨੂੰ ਉਨ੍ਹਾਂ ਦੇ ਘਰੋਂ 57 ਪੇਟੀਆਂ ਨਜਾਇਜ਼ ਸ਼ਰਾਬ ਸਮੇਤ ਗ੍ਰਿਫਤਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਕਥਿਤ ਦੋਸ਼ੀ 'ਤੇ ਪਹਿਲਾਂ ਵੀ ਪੰਜ ਮੁਕੱਦਮੇ ਦਰਜ ਹਨ। ਡੀ ਐੱਸ ਪੀ ਬਾਜਵਾ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਫੜਾਉਣ ਲਈ ਪੁਲਸ ਪ੍ਰਸ਼ਾਸਨ ਦਾ ਸਾਥ ਦੇਣ ਤਾਂ ਜੋ ਨਸ਼ਾ ਤਸਕਰਾਂ ਨੂੰ ਫੜਿਆ ਜਾ ਸਕੇ ਅਤੇ ਇਲਾਕੇ ਨੂੰ ਨਸ਼ਾ ਮੁਕਤ ਬਣਾਇਆ ਜਾ ਸਕੇ। ਉਨ੍ਹਾਂ ਵੱਲੋਂ ਸੂਚਨਾ ਦੇਣ ਵਾਲੇ ਦੀ ਪਹਿਚਾਣ ਨੂੰ ਗੁਪਤ ਰੱਖਿਆ ਜਾਵੇਗਾ।

## ਦੇਵ ਸਮਾਜ ਕਾਲਜ ਵਿਖੇ ਮੁਫ਼ਤ ਡੈਂਟਲ ਚੈੱਕਅਪ ਕੈਂਪ ਲਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਥਾਨਕ ਦੇਵ ਸਮਾਜ ਕਾਲਜ ਆਫ ਐਜੂਕੇਸ਼ਨ ਫਾਰ ਵੂਮੈਨ ਵਿੱਚ ਬੁੱਧਵਾਰ ਨੂੰ ਜੈਨੇਸਿਸ ਡੈਂਟਲ ਕਾਲਜ ਵੱਲੋਂ ਮੁਫ਼ਤ ਦੰਦਾਂ ਦੀ ਜਾਂਚ ਤੇ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਜੈਨੇਸਿਸ ਡੈਂਟਲ ਕਾਲਜ ਤੋਂ ਆਈਆਂ ਤਜਰਬੇਕਾਰ ਡੈਂਟਲ ਮਾਹਰ ਡਾ. ਸੁਕੀਰਤ ਕੌਰ ਤੇ ਡਾ. ਰਾਹੁਲ ਯਾਦਵ ਨੇ ਦਰਜਨਾਂ ਵਿਦਿਆਰਥਣਾਂ ਤੇ ਅਧਿਆਪਕਾਂ ਦੀ ਦੰਦ ਜਾਂਚ ਕੀਤੀ। ਉਨ੍ਹਾਂ ਦੰਦਾਂ ਦੀ ਸੰਭਾਲ, ਠੀਕ ਤਰੀਕੇ ਨਾਲ ਬੁਰਸ਼ ਕਰਨ ਦੀ ਵਿਧੀ, ਮਸੂੜਿਆਂ ਦੀ ਦੇਖਭਾਲ ਤੇ ਔਰਲ ਹਾਈਜੀਨ ਬਾਰੇ ਮਹੱਤਵਪੂਰਨ ਸੁਝਾਅ ਦਿੱਤੇ। ਜਾਂਚ ਤੋਂ ਬਾਅਦ ਲੋੜਵੰਦ ਵਿਅਕਤੀਆਂ ਨੂੰ ਸਲਾਹਾਂ ਤੇ ਅਗਲੇ ਇਲਾਜ ਬਾਰੇ ਜਾਣਕਾਰੀ ਦਿੱਤੀ ਗਈ। ਕਾਲਜ ਦੀ ਪ੍ਰਿੰਸੀਪਲ ਡਾ. ਰਾਜਵਿੰਦਰ ਕੌਰ ਨੇ ਕੈਂਪ ਦਾ ਦੌਰਾ ਕੀਤਾ ਤੇ ਵਿਦਿਆਰਥਣਾਂ ਨੂੰ ਨਿਯਮਤ ਰੂਪ ਵਿੱਚ ਦੰਦ ਜਾਂਚ ਕਰਵਾਉਣ ਤੇ ਮੂੰਹ ਦੀ ਸਫ਼ਾਈ ਬਰਕਰਾਰ ਰੱਖਣ ਲਈ ਉਤਸ਼ਾਹਤ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਤਰ੍ਹਾਂ ਦੀਆਂ ਪਹਲਾਂ ਨਾ ਸਿਰਫ ਵਿਦਿਆਰਥਣਾਂ ਨੂੰ ਸਿਹਤ ਸਬੰਧੀ ਸਚੇਤ ਕਰਦੀਆਂ ਹਨ, ਸਗੋਂ ਉਨ੍ਹਾਂ ਨੂੰ ਜ਼ਿੰਮੇਵਾਰ ਨਾਗਰਿਕ ਵੀ ਬਣਾਉਂਦੀਆਂ ਹਨ। ਇਸ ਕੈਂਪ ਦੇ ਸਫਲ ਆਯੋਜਨ ਵਿੱਚ ਡਾ. ਪਰਮਵੀਰ (ਪ੍ਰੋਫੈਸਰ), ਪੀਆਰਓ ਰਣਜੀਤ ਸਿੰਘ ਤੇ ਮਨਜੀਤ ਸਿੰਘ (ਜੈਨੇਸਿਸ ਡੈਂਟਲ ਕਾਲਜ) ਦੀ ਵਿਸ਼ੇਸ਼ ਭੂਮਿਕਾ ਰਹੀ। ਕਾਲਜ ਪ੍ਰਸ਼ਾਸਨ ਤੇ ਵਿਦਿਆਰਥਣਾਂ ਨੇ ਜੈਨੇਸਿਸ ਡੈਂਟਲ ਕਾਲਜ ਦੀ ਇਸ ਸਮਾਜਿਕ ਪਹਿਲ ਲਈ ਧੰਨਵਾਦ ਕੀਤਾ ਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਿਹਤ ਜਾਗਰੂਕਤਾ ਕੈਂਪ ਲਗਾਉਣ ਦੀ ਉਮੀਦ ਕੀਤੀ।

## ਅਮਰੀਕੀ ਉੱਪ-ਰਾਸ਼ਟਰਪਤੀ ਦੇ ਵਿਰੋਧ 'ਚ ਐੱਸ ਕੇ ਐੱਮ ਵੱਲੋਂ ਰੋਸ ਮੁਜ਼ਾਹਰਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਭਾਰਤ ਤੇ ਅਮਰੀਕਾ ਵਿਚਕਾਰ ਹੋਣ ਜਾ ਰਹੇ ਮੁਫ਼ਤ ਵਪਾਰ ਸਮਝੌਤੇ ਤਹਿਤ ਅਮਰੀਕਾ ਦੇ ਉੱਪ-ਰਾਸ਼ਟਰਪਤੀ ਜੇਡੀ ਵੈਂਸ ਚਾਰ ਦਿਨਾਂ ਦੇ ਭਾਰਤ ਦੌਰੇ ਦੌਰਾਨ ਸਮਝੌਤੇ ਦੀਆਂ ਸ਼ਰਤਾਂ ਤੈਅ ਕਰਨ ਲਈ ਆਉਣ ਦੇ ਵਿਰੋਧ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਦਿੱਲੀ-ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਪਾਤੜਾਂ ਦੇ ਸ਼ਹੀਦ ਭਗਤ ਸਿੰਘ ਚੌਕ ਵਿਖੇ ਕਿਸਾਨਾਂ ਵੱਲੋਂ ਅਮਰੀਕਾ ਦੇ ਉੱਪ-ਰਾਸ਼ਟਰਪਤੀ ਜੇਡੀ ਵੈਂਸ ਦਾ ਪੁਤਲਾ ਸਾੜ ਕੇ ਵਿਰੋਧ ਪ੍ਰਦਰਸ਼ਨ ਕੀਤਾ ਗਿਆ।ਇਸ ਦੌਰਾਨ ਇਕੱਤਰ ਕਿਸਾਨਾਂ ਨੇ ਕਾਰਪੋਰੇਟ ਪੱਖੀ ਨੀਤੀਆਂ ਦੇ ਵਿਰੋਧ ਵਿੱਚ ਰੋਹ ਭਰਪੂਰ ਮੁਜ਼ਾਹਰਾ ਕਰਦਿਆਂ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਜਥੇਬੰਦੀਆਂ ਦੇ ਆਗੂਆਂ ਹਰਭਜਨ ਸਿੰਘ ਧੂਹੜ, ਗੁਰਵਿੰਦਰ ਸਿੰਘ ਦੇਧਨਾ, ਹਰਦੇਵ ਸਿੰਘ ਘੱਗਾ ਤੇ ਜਗਜੀਤ ਸਿੰਘ ਦੁਗਾਲ ਨੇ ਕਿਹਾ ਕਿ ਸਮਰਾਜੀ ਕੰਪਨੀਆਂ ਵੱਲੋਂ ਭਾਰਤ ਦੀ ਮੰਡੀ ਉਪਰ ਕਬਜ਼ਾ ਕਰਨ ਦੀ ਮਨਸ਼ਾ ਸਾਫ ਨਜ਼ਰ ਆ ਰਹੀ ਹੈ ਤੇ ਉਨ੍ਹਾਂ ਦੇ ਪੱਖ ਵਿਚ ਭੁਗਤਨ ਵਾਲੀਆਂ ਨੀਤੀਆਂ ਤਹਿਤ ਇਹ ਸਮਝੌਤੇ ਕੀਤੇ ਜਾ ਰਹੇ ਹਨ।ਜੇਕਰ ਅਜਿਹੇ ਸਮਝੌਤੇ ਹੁੰਦੇ ਹਨ ਤਾਂ ਭਾਰਤ ਦੀ ਮੰਡੀ ਬੁਰੀ ਫੇਲ੍ਹ ਹੀ ਜਾਵੇਗੀ, ਸਾਡੀਆਂ ਵਸਤਾਂ ਬੁਰੀ ਤਰ੍ਹਾਂ ਰੁਲ ਜਾਣਗੀਆਂ, ਜਿਸਦੀ ਮਾਰ ਸਿਰਫ ਖੇਤੀ ਸੈਕਟਰ ਹੀ ਨਹੀਂ ਬਲਕਿ ਪ੍ਰਚੂਨ, ਡੇਅਰੀ ਤੇ ਮਸ਼ੀਨਰੀ ਸੈਕਟਰਾਂ 'ਤੇ ਵੀ ਪਵੇਗੀ। ਇਸ ਦੌਰਾਨ ਜਥੇਬੰਦੀਆਂ ਦੇ ਆਗੂ ਰਘਵੀਰ ਸਿੰਘ ਨਿਆਲ, ਹਰਭਜਨ ਸਿੰਘ, ਅਵਤਾਰ ਸਿੰਘ ਬੁਰੜ, ਸੁਖਦੇਵ ਸਿੰਘ ਹਰਿਆਉ, ਕਰਮਜੀਤ ਸਿੰਘ ਪਾਤੜਾਂ, ਰਾਮਚੰਦ ਚੂਨਾਗਰਾ, ਮਹਿੰਦਰ ਸਿੰਘ ਖਾਂਗ, ਬੀਬੀ ਚਰਨਜੀਤ ਕੌਰ, ਬੱਲਮ ਸਿੰਘ ਨਿਆਲ ਤੇ ਸਾਹਿਬ ਸਿੰਘ ਦੁਤਾਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਸ਼ਾਮਲ ਸਨ।

## ਨਸ਼ੀਲੇ ਪਦਾਰਥ ਸਮੇਤ ਕਾਰ ਸਵਾਰ ਗ੍ਰਿਫ਼ਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਥਾਣਾ ਫਤਿਹਗੜ੍ਹ ਸਾਹਿਬ ਦੀ ਪੁਲਸ ਵੱਲੋਂ ਇੱਕ ਕਾਰ ਸਵਾਰ ਵਿਅਕਤੀ ਨੂੰ ਨਸ਼ੀਲੇ ਪਦਾਰਥ ਅਤੇ ਡਰੱਗ ਮਨੀ ਸਮੇਤ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਥਾਣਾ ਫਤਿਹਗੜ੍ਹ ਸਾਹਿਬ ਦੀ ਪੁਲਸ ਪਾਰਟੀ ਬੀਤੀ ਦੇਰ ਸ਼ਾਮ ਚੈਕਿੰਗ ਦੇ ਸਬੰਧ 'ਚ ਮਾਤਾ ਗੁਜਰੀ ਕਲੋਨੀ ਫ਼ਤਹਿਗੜ੍ਹ ਸਾਹਿਬ ਨੇੜੇ ਮੌਜੂਦ ਸੀ, ਜਿਸ ਦੌਰਾਨ ਸਲੈਰੀਓ ਕਾਰ 'ਚ ਸਵਾਰ ਹੋ ਕੇ ਆ ਰਹੇ ਇੱਕ ਵਿਅਕਤੀ ਨੇ ਪੁਲਸ ਕਰਮਚਾਰੀਆਂ ਨੂੰ ਸਾਹਮਣੇ ਖੜਾ ਦੇਖ ਕਾਰ ਇਕਦਮ ਪਿੱਛੇ ਘੁਮਾਉਣ ਦੀ ਕੋਸ਼ਿਸ਼ ਕੀਤੀ।ਫਿਰ ਸ਼ੱਕ ਦੇ ਚਲਦੇ ਕਾਬੂ ਕਰਕੇ ਨਾਮ ਪਤਾ ਪੁੱਛੇ ਜਾਣ 'ਤੇ ਉਕਤ ਵਿਅਕਤੀ ਨੇ ਆਪਣੀ ਪਹਿਚਾਣ ਮੰਗਤ ਚੋਪੜਾ ਉਰਫ ਕਾਲਾ ਪੇਂਟਰ ਵਾਸੀ ਸਰਹਿੰਦ ਵਜੋਂ ਦੱਸੀ।ਤਲਾਸ਼ੀ ਦੌਰਾਨ ਉਕਤ ਵਿਅਕਤੀ ਦੇ ਕਬਜ਼ੇ ਵਾਲੀ ਕਾਰ 'ਚੋਂ 16.12 ਗ੍ਰਾਮ ਚਿੱਟਾ ਡਲੀਦਾਰ ਨਸ਼ੀਲਾ ਪਦਾਰਥ ਅਤੇ 1,000/- ਡਰੱਗ ਮਨੀ ਬਰਾਮਦ ਹੋਈ।ਇਸ ਸਬੰਧੀ ਥਾਣਾ ਫਤਿਹਗੜ੍ਹ ਸਾਹਿਬ ਵਿਖੇ ਕਨੂੰਨੀ ਅਧਾਰ 'ਤੇ ਮੰਗਤ ਚੋਪੜਾ ਉਰਫ ਕਾਲਾ ਪੇਂਟਰ ਨੂੰ ਗ੍ਰਿਫਤਾਰ ਕਰਕੇ ਸਹਾਇਕ ਥਾਣੇਦਾਰ ਰਘਬੀਰ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਕੌਮਾਂਤਰੀ ਮਜ਼ਦੂਰ ਦਿਵਸ ਮੌਕੇ ਹੱਕੀ ਮੰਗਾਂ ਲਈ ਤਿੱਖੇ ਸੰਘਰਸ਼ ਦਾ ਬਿਗੁਲ ਵਜਾਇਆ ਜਾਵੇਗਾ : ਹਰਜੀਤ ਖਿਆਲੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਮਜ਼ਦੂਰਾਂ ਦੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਸ਼ਿਕਾਗੋ ਦੇ ਮਹਾਨ ਸ਼ਹੀਦਾਂ ਦੀ ਯਾਦ 'ਚ ਇੱਕ ਮਈ ਨੂੰ ਬਰਨਾਲਾ ਵਿਖੇ ਕੀਤੀ ਜਾ ਰਹੀ ਵਿਸ਼ਾਲ ਰੈਲੀ 'ਚ ਵੱਖ-ਵੱਖ ਇਲਾਕਿਆਂ ਤੋਂ ਵੱਡੀ ਗਿਣਤੀ 'ਚ ਕਿਰਤੀ ਲੋਕ ਕਾਫਲੇ ਬੰਨ੍ਹ ਕੇ ਸ਼ਮੂਲੀਅਤ ਕਰਨਗੇ। ਇਹ ਜਾਣਕਾਰੀ ਭਾਈ ਲਾਲੋ ਪੰਜਾਬੀ ਮੰਚ ਦੇ ਕਨਵੀਨਰ ਹਰਜੀਤ ਸਿੰਘ ਖਿਆਲੀ ਨੇ ਮਹਿਲ ਕਲਾਂ ਵਿਖੇ ਵਿਸ਼ੇਸ਼ ਗੱਲਬਾਤ ਦੌਰਾਨ ਦਿੱਤੀ। ਉਨ੍ਹਾਂ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰ ਨੇ ਦਲਿਤ ਵਰਗ ਦੇ ਲੋਕਾਂ ਨੂੰ ਤਰ੍ਹਾਂ ਤਰ੍ਹਾਂ ਦੇ ਸਬਜ਼ਬਾਗ ਵਿਖਾ ਕੇ ਸਮੇਂ ਸਮੇਂ ਵੋਟਾਂ ਲੈਣ ਲਈ ਗੁੰਮਰਾਹ ਕੀਤਾ, ਪਰ ਦੁੱਖ ਦੀ ਗੱਲ ਇਹ ਹੈ ਕਿ ਵੋਟਾਂ ਵਟੋਰਨ ਤੋਂ ਬਾਅਦ ਕਿਸੇ ਵੀ ਪਾਰਟੀ ਨੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਪ੍ਰਤੀ ਭੋਰਾ ਵੀ ਧਿਆਨ ਨਹੀਂ ਦਿੱਤਾ। ਖਿਆਲੀ ਨੇ ਦੱਸਿਆ ਕਿ ਕੌਮਾਂਤਰੀ ਮਜ਼ਦੂਰ ਦਿਵਸ ਮੌਕੇ ਬਰਨਾਲਾ ਵਿਖੇ ਵਿਸ਼ਾਲ ਇਕੱਠ ਵਿੱਚ ਮਜ਼ਦੂਰ ਵਰਗ ਦੀਆਂ ਮੰਗਾਂ ਲਈ ਤਿੱਖੇ ਸੰਘਰਸ਼ ਦਾ ਬਿਗੁਲ ਵਜਾਇਆ ਜਾਵੇਗਾ। ਸਰਪੰਚ ਜੁਗਰਾਜ ਸਿੰਘ ਟੱਲੇਵਾਲ ਨੇ ਕਿਰਤੀ ਲੋਕਾਂ ਨੂੰ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਲਾਮਬੰਦ ਹੋਣ ਦਾ ਸੱਦਾ ਦਿੰਦਿਆਂ ਇੱਕ ਮਈ ਨੂੰ ਪਰਵਾਰਾਂ ਸਮੇਤ ਬਰਨਾਲਾ ਪਹੁੰਚਣ ਦੀ ਅਪੀਲ ਕੀਤੀ। ਇਸਤਰੀ ਆਗੂ ਕਾਮਰੇਡ ਪਰਮਜੀਤ ਕੌਰ ਗੁੰਮਟੀ ਨੇ ਕਿਹਾ ਕਿ ਕੇਂਦਰ ਦੀ ਮੋਦੀ ਤੇ ਰਾਜ ਸਰਕਾਰ ਦੇ ਕਾਰਜਕਾਲ ਦੌਰਾਨ ਔਰਤਾਂ ਉੱਪਰ ਜਬਰ ਦਾ ਕੁਹਾੜਾ ਤੇਜ਼ ਹੋਇਆ ਹੈ। ਉਨ੍ਹਾਂ ਮਨਰੇਗਾ ਕਾਨੂੰਨ ਤਹਿਤ ਪੂਰਾ ਰੁਜ਼ਗਾਰ, ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਦੀ ਮੰਗ ਕਰਦਿਆਂ ਔਰਤਾਂ ਨੂੰ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ਾਂ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਇਸ ਮੌਕੇ ਰਣਜੀਤ ਸਿੰਘ, ਅਮਨਦੀਪ ਕੌਰ, ਰਾਜਪਾਲ ਕੌਰ, ਮਨਜੀਤ ਕੌਰ, ਜਸਵਿੰਦਰ ਕੌਰ ਆਦਿ ਹਾਜ਼ਰ ਸਨ।

## ਪਹਿਲਗਾਮ 'ਚ ਸੈਲਾਨੀਆਂ ਦਾ ਕਤਲ ਬੇਹੱਦ ਨਿੰਦਣਯੋਗ : ਹਰਚੰਦ ਬਰਸਟ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍. ਹਰਚੰਦ ਸਿੰਘ ਬਰਸਟ ਨੇ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਸੈਲਾਨੀਆਂ 'ਤੇ ਹੋਏ ਭਿਆਨਕ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਉਨ੍ਹਾਂ ਕਿਹਾ ਕਿ ਇਹ ਕਾਇਰਤਾਪੂਰਨ ਅੱਤਵਾਦੀ ਹਮਲਾ ਬਹੁਤ ਹੀ ਸ਼ਰਮਨਾਕ ਹੈ। ਨਿਹੱਥੇ ਮਾਸੂਮ ਲੋਕਾਂ 'ਤੇ ਹਮਲਾ ਕਰਕੇ ਉਨ੍ਹਾਂ ਨੂੰ ਨਿਸ਼ਾਨਾ ਬਣਾਉਣ ਦੀ ਇਹ ਘਟਨਾ ਮਨੁੱਖਤਾ 'ਤੇ ਹਮਲਾ ਹੈ।ਉਨ੍ਹਾਂ ਪੀੜਤ ਪਰਵਾਰਾਂ ਨਾਲ ਹਮਦਰਦੀ ਜਤਾਉਂਦਿਆ ਕਿਹਾ ਕਿ ਇਹ ਬਹੁਤ ਹੀ ਦੁੱਖ ਦੀ ਘੜੀ ਹੈ ਤੇ ਇਸ ਮੌਕੇ ਪੂਰਾ ਦੇਸ਼ ਇੱਕਜੁੱਟ ਹੈ ਅਤੇ ਉਨ੍ਹਾਂ ਦੇ ਨਾਲ ਖੜਾ ਹੈ।ਉਨ੍ਹਾਂ ਅੱਤਵਾਦ ਦੇ ਹਰ ਰੂਪ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਉਨ੍ਹਾਂ ਕੇਂਦਰ ਸਰਕਾਰ ਨੂੰ ਮਾਸੂਮ ਲੋਕਾਂ ਨੂੰ ਨਿਸ਼ਾਨਾ ਬਣਾਉਣ ਵਾਲਿਆਂ ਨੂੰ ਸਖਤ ਤੋਂ ਸਖਤ ਸਜ਼ਾ ਦੇਣ ਦੀ ਅਪੀਲ ਕੀਤੀ ਤਾਂ ਜੋ ਲੋਕਾਂ ਦੇ ਮਨਾਂ ਵਿੱਚੋਂ ਡਰ ਦੂਰ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਤੇ ਸਰਹੱਦੀ ਖੇਤਰਾਂ ਵਿੱਚ ਗਸ਼ਤ ਵਧਾ ਦਿੱਤੀ ਹੈ, ਜੰਮੂ-ਕਸ਼ਮੀਰ ਵਿੱਚ ਫਸੇ ਪੰਜਾਬੀਆਂ ਨੂੰ ਵੀ ਵਾਪਸ ਲਿਆਉਣ ਲਈ ਲੋੜੀਂਦੇ ਯਤਨ ਕੀਤੇ ਜਾ ਰਹੇ ਹਨ।

## ਅਮਨ ਅਰੋੜਾ ਨੇ ਵੱਖ-ਵੱਖ ਸੰਸਥਾਵਾਂ ਨੂੰ ਵਿਕਾਸ ਕਾਰਜਾਂ ਲਈ ਚੈੱਕ ਵੰਡੇ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਹਰ ਪੱਖੋਂ ਬਿਹਤਰ ਬਣਾਉਣ ਦੀ ਵਚਨਬੱਧਤਾ ਤਹਿਤ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸੁਨਾਮ ਹਲਕੇ ਦੀਆਂ ਵੱਖ-ਵੱਖ ਸੰਸਥਾਵਾਂ ਨੂੰ ਵਿਕਾਸ ਕਾਰਜਾਂ ਲਈ 1 ਕਰੋੜ 26 ਲੱਖ ਰੁਪਏ ਦੇ ਚੈੱਕ ਤਕਸੀਮ ਕੀਤੇ।

ਇਨ੍ਹਾਂ ਸੰਸਥਾਵਾਂ ਵਿੱਚ ਨਗਰ ਕੌਂਸਲਾਂ, ਪਿੰਡਾਂ ਦੀਆਂ ਪੰਚਾਇਤਾਂ, ਸਮਾਜਸੇਵੀ ਸੰਸਥਾਵਾਂ ਤੇ ਕਮੇਟੀਆਂ ਸ਼ਾਮਲ ਹਨ।ਇਸ ਮੌਕੇ ਬੋਲਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣ ਲਈ ਹਰ ਲੋੜੀਂਦਾ ਕਦਮ ਚੁੱਕਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਕਵਾਇਦ ਤਹਿਤ ਸੁਨਾਮ ਹਲਕੇ ਦੇ ਪਿੰਡਾਂ ਤੇ ਸ਼ਹਿਰਾਂ ਦੇ ਲੋਕਾਂ ਦੀ ਸਲਾਹ ਨਾਲ ਵਿਕਾਸ ਪ੍ਰੋਜੈਕਟ ਉਲੀਕੇ ਜਾ ਰਹੇ ਹਨ, ਜਿਨ੍ਹਾਂ ਨੂੰ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹਾਉਣਾ ਯਕੀਨੀ ਬਣਾਇਆ ਜਾ ਰਿਹਾ ਹੈ।

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿਕਾਸ ਲਈ ਫ਼ੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ ਤੇ ਸੁਨਾਮ ਹਲਕੇ ਨੂੰ ਨਮੂਨੇ ਦਾ ਸ਼ਹਿਰ ਬਣਾਉਂਦੇ ਹੋਏ ਦੇਸ਼ ਦੇ ਮੂਹਰਲੀ ਕਤਾਰ ਦੇ ਸ਼ਹਿਰਾਂ ਵਿੱਚ ਸ਼ਾਮਲ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਨਾ ਕੇਵਲ ਸੁਨਾਮ ਊਧਮ ਸਿੰਘ ਵਾਲਾ ਸ਼ਹਿਰ, ਬਲਕਿ ਪੂਰੇ ਹਲਕਾ ਸੁਨਾਮ ਦੇ ਪਿੰਡਾਂ, ਕਸਬਿਆਂ ਤੇ ਹੋਰ ਸ਼ਹਿਰਾਂ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ, ਜਿਸ ਨਾਲ ਇਲਾਕੇ ਦੀ ਨੁਹਾਰ ਵਿੱਚ ਵੱਡੇ ਬਦਲਾਅ ਹੋ ਰਹੇ ਹਨ।

ਉਨ੍ਹਾਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਵਿਸ਼ੇਸ਼ ਧੰਨਵਾਦ ਕੀਤਾ, ਜਿਨ੍ਹਾਂ ਵੱਲੋਂ ਹਲਕਾ ਸੁਨਾਮ ਨੂੰ ਵੱਡੀ ਗਿਣਤੀ 'ਚ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਉਹ ਖੁਦ ਇਨ੍ਹਾਂ ਵਿਕਾਸ ਕਾਰਜਾਂ ਨੂੰ ਪੂਰੀ ਸ਼ਿੱਦਤ ਤੇ ਇਮਾਨਦਾਰੀ ਨਾਲ ਕਰਵਾਉਣ ਲਈ ਹਰ ਇਕ ਪ੍ਰੋਜੈਕਟ ਦੀ ਨਿਗਰਾਨੀ ਕਰ ਰਹੇ ਹਨ।

## ਸਰਸਵਤੀ ਮਾਡਲ ਸਕੂਲ ਵਿਖੇ ਧਰਤੀ ਦਿਵਸ ਮਨਾਇਆ





**ਦੋਰਾਹਾ (ਹਰਮਿੰਦਰ ਸੇਠ)**-ਨਗਰ ਕੌਂਸਲ ਦੋਰਾਹਾ ਵੱਲੋਂ ਹਰਨਰਿੰਦਰ ਸਿੰਘ ਕਾਰਜ ਸਾਧਕ ਅਫਸਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਸਵਤੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਸ੍ਰੀ ਵਿਸ਼ਨੂ ਦੱਤ ਸ਼ਰਮਾ ਸੁਪਰਡੈਂਟ ਨਗਰ ਕੌਂਸਲ ਦੋਰਾਹਾ ਤੇ ਸੈਂਟਰੀ ਇੰਸਪੈਕਟਰ ਅਸ਼ਵਨੀ ਕੁਮਾਰ ਦੀ ਯੋਗ ਅਗਵਾਈ ਹੇਠ ਧਰਤੀ ਦਿਵਸ ਮਨਾਇਆ ਗਿਆ, ਜਿਸ ਵਿੱਚ ਬੱਚਿਆਂ ਨੂੰ ਧਰਤੀ 'ਤੇ ਹੋ ਰਹੇ ਵੱਖ ਵੱਖ ਮੁੱਦਿਆਂ ਉੱਪਰ ਬੱਚਿਆਂ ਨੂੰ ਮੋਟੀਵੇਟ ਕੀਤਾ ਗਿਆ ਅਤੇ ਅਨਿਲ ਕੁਮਾਰ ਕਲਰਕ ਤੇ ਸੀ ਐੱਫ ਨਵਦੀਪ ਕੌਰ, ਰਮਨਦੀਪ ਕੌਰ ਪੂਜਾ ਤੇ ਸਿਮਰਨ ਵੱਲੋਂ ਬੱਚਿਆਂ ਨੂੰ ਧਰਤੀ ਦਿਵਸ ਮੌਕੇ ਧਰਤੀ ਉੱਪਰ ਹੋ ਰਹੇ ਪਲਾਸਟਿਕ ਗੰਦੇ ਪਾਣੀ ਤੇ ਕੂੜੇ ਤੋਂ ਨਿਜਾਤ ਦਿਵਾਉਣ ਲਈ ਬੱਚਿਆਂ ਨੂੰ ਮੋਟੀਵੇਟ ਕੀਤਾ ਗਿਆ। ਸਰਸਵਤੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਪਰਿਤੋਸ਼ ਗੋਸਾਈ ਵੱਲੋਂ ਨਗਰ ਕੌਂਸਲ ਦੋਰਾਹਾ ਦਾ ਧੰਨਵਾਦ ਕੀਤਾ ਗਿਆ।

# ਲਿਬਰੇਸ਼ਨ ਵੱਲੋਂ ਪਹਿਲਗਾਮ 'ਚ ਸੈਲਾਨੀਆਂ ਦੇ ਕਤਲੇਆਮ ਦੀ ਸਖ਼ਤ ਨਿੰਦਾ

### ਵਾਰਦਾਤ ਦੀ ਉੱਚ ਪੱਧਰੀ ਤੇ ਆਜ਼ਾਦਾਨਾ ਜਾਂਚ ਕਰਵਾਉਣ ਦੀ ਮੰਗ

**ਮਾਨਸਾ (ਆਤਮਾ ਸਿੰਘ ਪਮਾਰ)**-ਬੀਤੇ ਦਿਨ ਕਸ਼ਮੀਰ ਘਾਟੀ 'ਚ ਪਹਿਲਗਾਮ ਨੇੜੇ 29 ਤੋਂ ਵੱਧ ਸੈਲਾਨੀਆਂ ਦੇ ਅਣਮਨੁੱਖੀ ਕਤਲੇਆਮ ਤੇ ਕਈ ਹੋਰਨਾਂ ਨੂੰ ਜ਼ਖਮੀ ਕਰਨ ਦੀ ਹਿਰਦੇਵੇਦਕ ਵਾਰਦਾਤ ਦੀ ਸੀਪੀਆਈ (ਐੱਮ ਐੱਲ) ਲਿਬਰੇਸ਼ਨ ਨੇ ਸਖਤ ਨਿਖੇਧੀ ਕੀਤੀ ਹੈ ਅਤੇ ਸਾਰੇ ਮ੍ਰਿਤਕਾਂ ਪ੍ਰਤੀ ਸੰਵੇਦਨਾ ਤੇ ਉਨ੍ਹਾਂ ਦੇ ਪਰਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ।ਪਾਰਟੀ ਦਾ ਕਹਿਣਾ ਹੈ ਕਿ ਇਸ ਕਤਲੇਆਮ ਖ਼ਿਲਾਫ਼ ਆਮ ਕਸ਼ਮੀਰੀ ਅਵਾਮ ਨੇ ਜਿਵੇਂ ਵਿਆਪਕ ਪੱਧਰ 'ਤੇ ਆਵਾਜ਼ ਉਠਾਈ ਹੈ, ਉਸ ਨਾਲ ਦੇਸ਼ ਦੀਆਂ ਜਮਹੂਰੀ ਤੇ ਇਨਸਾਫ ਪਸੰਦ ਸ਼ਕਤੀਆਂ ਨੂੰ ਵੱਡੀ ਨੈਤਿਕ ਤਾਕਤ ਮਿਲੀ ਹੈ।

ਲਿਬਰੇਸ਼ਨ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਇਸ ਘਟਨਾ ਨੇ ਕਸ਼ਮੀਰ ਵਿੱਚ ਹਾਲਾਤ ਆਮ ਵਰਗੇ ਹੋਣ ਦੇ ਮੋਦੀ ਸਰਕਾਰ ਦੇ ਖੋਖਲੇ ਦਾਅਵਿਆਂ ਨੂੰ ਵੀ ਬੇਨਕਾਬ ਕਰ ਦਿੱਤਾ ਹੈ।ਜੇ ਐਂਡ ਕੇ ਨੂੰ ਦੋ ਹਿੱਸਿਆਂ 'ਚ ਵੰਡਣ, ਸੂਬੇ ਦੀ ਬਜਾਏ ਯੂ ਟੀ ਬਣਾ ਦੇਣ, ਪੂਰੀਆਂ ਸ਼ਕਤੀਆਂ ਚੁਣੀ ਹੋਈ ਸਰਕਾਰ ਦੀ ਬਜਾਏ ਲੈਫਟੀਨੈਂਟ ਗਵਰਨਰ ਦੇ ਹੱਥ ਦੇਣ ਦੇ ਬਾਵਜੂਦ ਕਸ਼ਮੀਰ 'ਚ ਆਮ ਨਾਗਰਿਕਾਂ, ਪ੍ਰਵਾਸੀ ਮਜ਼ਦੂਰਾਂ ਤੇ ਹੁਣ ਸੈਲਾਨੀਆਂ ਉੱਤੇ ਦਹਿਸ਼ਤੀ ਹਮਲੇ ਬਾਦਸਤੂਰ ਜਾਰੀ ਹਨ।ਬੇਸ਼ੱਕ ਬੀਜੇਪੀ ਵਾਰ ਵਾਰ ਉੱਥੇ ਆਮ ਵਰਗੇ ਹਾਲਤ ਬਹਾਲ ਹੋਣ ਦੇ ਦਾਅਵੇ ਕਰਦੀ ਰਹੀ ਹੈ, ਪਰ ਉੱਥੇ ਨਿਰੰਤਰ ਜਾਰੀ ਹਿੰਸਾ ਬੀਜੇਪੀ ਦੇ ਅਜਿਹੇ ਦਾਅਵਿਆਂ ਦੀ ਹਕੀਕਤ ਨੂੰ ਜੱਗ ਜ਼ਾਹਰ ਕਰ ਰਹੀ ਹੈ।ਫੌਜ ਦੀ ਭਾਰੀ ਮੌਜੂਦਗੀ ਦੇ ਬਾਵਜੂਦ ਦਹਿਸ਼ਤਗਰਦੀ ਦੀਆਂ ਘਟਨਾਵਾਂ ਰੁਕ ਨਹੀਂ ਰਹੀਆਂ।ਮੋਦੀ ਸਰਕਾਰ ਵੱਲੋਂ ਉੱਥੇ ਜਨਤਾ ਦੇ ਲੋਕਤੰਤਰੀ ਫ਼ਤਵੇ ਨੂੰ ਦਬਾਉਣ ਤੇ ਮਸਲੇ ਨੂੰ ਸਿਆਸੀ ਤੌਰ 'ਤੇ ਹੱਲ ਕਰਨ ਦੀ ਬਜਾਏ ਬੰਦੂਕ ਦੇ ਬਲ 'ਤੇ ਨਜਿੱਠਣ ਦੀ ਨੀਤੀ ਸੂਬੇ ਵਿੱਚ ਸ਼ਾਂਤੀ ਤੇ ਸੁਰੱਖਿਆ ਦੀ ਬਹਾਲੀ ਕਰਨ 'ਚ ਬੁਰੀ ਤਰ੍ਹਾਂ ਅਸਫਲ ਸਾਬਿਤ ਹੋਈ ਹੈ। ਇਥੋਂ ਤੱਕ ਕਿ ਦੇਸ਼ ਵਾਸੀਆਂ ਦੇ ਮਨਾਂ ਵਿੱਚ ਇਸ ਘਿਨਾਉਣੇ ਕਤਲੇਆਮ ਦੇ ਸਮੇਂ ਤੇ ਪ੍ਰਸੰਗ ਨੂੰ ਲੈ ਕੇ ਗੰਭੀਰ ਖਦਸ਼ੇ ਹਨ।ਜਨਤਾ ਇਸ ਨੂੰ ਅਮਰੀਕੀ ਰਾਸ਼ਟਰਪਤੀ ਬਿੱਲ ਕਲਿੰਟਨ ਦੇ ਭਾਰਤ ਦੌਰੇ ਦੌਰਾਨ ਹੋਏ ਚਿੱਠੀ ਸਿੰਘਪੁਰਾ ਪਿੰਡ ਵਿੱਚ ਤਿੰਨ ਦਰਜਨ ਕਸ਼ਮੀਰੀ ਸਿੱਖਾਂ ਦੇ ਕਤਲੇਆਮ, ਲੋਕ ਸਭਾ ਚੋਣਾਂ ਤੋਂ ਪਹਿਲਾਂ ਪੁਲਵਾਮਾ ਵਿਖੇ ਹੋਏ ਭਾਰੀ ਵਿਸਫੋਟ ਵਿੱਚ ਸਾਡੇ 40 ਜਵਾਨਾਂ ਦੀਆਂ ਜਾਨਾਂ ਜਾਣ ਤੇ ਹੁਣ ਅਮਰੀਕੀ ਉੱਪ-ਰਾਸ਼ਟਰਪਤੀ ਵੈਂਸ ਦੇ ਭਾਰਤ ਦੌਰੇ ਦੌਰਾਨ ਸੈਲਾਨੀਆਂ ਦੇ ਇਸ ਕਤਲੇਆਮ ਵਰਗੀਆਂ ਸ਼ੱਕੀ ਵਾਰਦਾਤਾਂ ਨੂੰ ਇੱਕੋ ਪ੍ਰਸੰਗ ਨਾਲ ਜੋੜ ਕੇ ਵੇਖ ਰਹੇ ਹਨ।ਇਸ ਲਈ ਪਾਰਟੀ ਵੱਲੋਂ ਵਾਰਦਾਤ ਦੀ ਉੱਚ ਪੱਧਰੀ ਤੇ ਆਜ਼ਾਦਾਨਾ ਜਾਂਚ ਕਰਵਾਏ ਜਾਣ ਦੀ ਮੰਗ ਕੀਤੀ ਗਈ ਹੈ।ਲਿਬਰੇਸ਼ਨ ਦਾ ਕਹਿਣਾ ਹੈ ਕਿ ਅਸੀਂ ਇਸ ਘਿਨਾਉਣੀ ਵਾਰਦਾਤ ਦੇ ਕਾਤਲਾਂ ਤੇ ਸਾਜ਼ਿਸ਼ਕਾਰਾਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕਰਦੇ ਹਾਂ, ਪਰ ਖ਼ਾਨਾਪੂਰਤੀ ਲਈ ਹਰਗਿਜ਼ ਵੀ ਕੁਝ ਬੇਕਸੂਰ ਲੋਕਾਂ ਨੂੰ ਬਲੀ ਨਹੀਂ ਚੜ੍ਹਾਇਆ ਜਾਣਾ ਚਾਹੀਦਾ, ਜਿਵੇਂ ਕਿ ਚਿੱਟੀ ਸਿੰਘਪੁਰਾ ਕਤਲੇਆਮ ਤੋਂ ਬਾਅਦ ਮੁਕਾਬਲੇ ਦੇ ਨਾਂ 'ਤੇ 5 ਨਿਰਦੋਸ਼ ਕਸ਼ਮੀਰੀ ਮਜ਼ਦੂਰਾਂ ਦੀ ਜਾਨ ਲੈ ਲਈ ਗਈ ਸੀ।

## ਸੜੀ ਕਣਕ ਤੇ ਨਾੜ ਦਾ ਸਰਕਾਰ ਮੁਆਵਜ਼ਾ ਦੇਵੇ : ਫੱਤਣਵਾਲਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਵਿੱਚ ਬਹੁਤ ਜਗ੍ਹਾ ਅੱਗ ਕਾਰਨ ਖੜੀ ਕਣਕ ਦੀ ਫ਼ਸਲ ਸੜ ਕੇ ਸਵਾਹ ਹੋ ਗਈ ਤੇ ਕਿਸਾਨ ਭਰਾਵਾਂ ਦਾ ਬਹੁਤ ਭਾਰੀ ਨੁਕਸਾਨ ਹੋਇਆ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਤੇ ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਕਿਹਾ ਕਿ ਅੱਗ ਲੱਗਣ ਨਾਲ ਸੜੀ ਕਣਕ ਤੇ ਨਾੜ ਲਈ ਪੰਜਾਬ ਸਰਕਾਰ ਮੁਆਵਜ਼ਾ ਦੇਵੇ।ਉਨ੍ਹਾਂ ਕਿਹਾ ਕਿ ਹਜ਼ਾਰਾਂ ਏਕੜ ਫ਼ਸਲ ਤੇ ਕਣਕ ਦੇ ਨਾੜ ਨੂੰ ਅੱਗ ਲੱਗੀ ਹੈ ਅਤੇ ਕਈ ਕਿਸਾਨ ਭਰਾਵਾਂ ਦੇ ਤਾਂ ਘਰ ਖਾਣ ਲਈ ਵੀ ਦਾਣੇ ਨਹੀਂ ਰਹੇ।ਹਨੀ ਫੱਤਣਵਾਲਾ ਨੇ ਕਿਹਾ ਕਿ ਮੇਰੀ ਮੰਗ ਹੈ ਕਿ ਪੰਜਾਬ ਸਰਕਾਰ ਤੁਰੰਤ ਮਾਲ ਮਹਿਕਮੇ ਨੂੰ ਹੁਕਮ ਦੇ ਕੇ ਗਿਰਦਾਵਰੀ ਕਰਾਵੇ ਤੇ 40 ਹਜ਼ਾਰ ਪ੍ਰਤੀ ਏਕੜ ਕਣਕ ਦਾ ਤੇ 2 ਹਜ਼ਾਰ ਪ੍ਰਤੀ ਏਕੜ ਸੜੇ ਨਾੜ ਦਾ ਮੁਆਵਜ਼ਾ ਦਿੱਤਾ ਜਾਵੇ।

## ਟੀ ਐੱਸ ਯੂ ਥਰਮਲ ਕਮੇਟੀ ਦੀ ਚੋਣ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਟੈਕਨੀਕਲ ਸਰਵਿਸ ਯੂਨੀਅਨ (ਰਜਿ. ਨੰ: 49) ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਗੁਰੂ ਹਰਗੋਬਿੰਦ ਥਰਮਲ ਪਲਾਂਟ ਲਹਿਰਾ ਮੁਹੱਬਤ ਦੀ ਚੋਣ ਮੀਟਿੰਗ ਸੂਬਾ ਪ੍ਰਧਾਨ ਰਤਨ ਸਿੰਘ ਮਜਾਰੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਟੀ ਐੱਸ ਯੂ ਥਰਮਲ ਕਮੇਟੀ ਲਹਿਰਾ ਮੁਹੱਬਤ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ, ਜਿਸ ਵਿੱਚ ਅਮਰਜੀਤ ਸਿੰਘ ਮੰਗਲੀ ਪ੍ਰਧਾਨ, ਜਗਦੀਪ ਸਿੰਘ ਮੀਤ ਪ੍ਰਧਾਨ, ਅੰਤਰ ਸਿੰਘ ਜੇ ਈ ਜਨਰਲ ਸਕੱਤਰ, ਗੁਰਪ੍ਰੀਤ ਸਿੰਘ ਜੁਆਇੰਟ ਸਕੱਤਰ, ਵਰਿੰਦਰ ਕੁਮਾਰ ਪਰਮਾਰ ਖਜ਼ਾਨਚੀ, ਪਿਆਰਾ ਸਿੰਘ ਪ੍ਰਚਾਰ ਸਕੱਤਰ ਤੇ ਰਵਿੰਦਰ ਕੁਮਾਰ ਨੂੰ ਸਲਾਹਕਾਰ ਚੁਣਿਆ ਗਿਆ। ਨਵੇਂ ਚੁਣੇ ਥਰਮਲ ਕਮੇਟੀ ਆਗੂਆਂ ਨੇ ਮੁਲਾਜ਼ਮ ਸਾਥੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।

24-April-1-page-11-25-Majha-25.qxd 4/24/2025 10:49 PM Page 1



# ਸੰਯੁਕਤ ਕਿਸਾਨ ਮੋਰਚੇ ਵੱਲੋਂ ਪਹਿਲਗਾਮ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ

## * 28 ਨੂੰ ਅੱਤਵਾਦ ਦੇ ਮਸਲੇ ਤੇ ਮਾਰੇ ਗਏ ਸੈਲਾਨੀਆਂ ਬਾਰੇ ਵੱਡੀ ਕਨਵੈਨਸ਼ਨ ਕਰਨ ਦਾ ਫੈਸਲਾ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖੇ ਸੰਯੁਕਤ ਕਿਸਾਨ ਮੋਰਚੇ ਦੀ ਵਿਸ਼ਾਲ ਤੇ ਹੰਗਾਮੀ ਮੀਟਿੰਗ ਸੱਦੀ ਗਈ। ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਆਗੂਆਂ ਨੇ ਹਿੱਸਾ ਲਿਆ।ਸਭ ਤੋਂ ਪਹਿਲਾਂ ਦੋ ਮਿੰਟ ਦਾ ਮੋਨ ਧਾਰ ਕੇ ਅਤਵਾਦ ਦਾ ਸ਼ਿਕਾਰ ਹੋਏ ਸੈਲਾਨੀਆਂ ਪ੍ਰਤੀ ਸ਼ਰਧਾਂਜਲੀ ਅਰਪਿਤ ਕੀਤੀ ਗਈ।ਕਸ਼ਮੀਰੀ ਮੁਸਲਮਾਨ ਸਯਦ ਆਦਲ ਹੁਸੈਨ ਸ਼ਾਹ ਵੱਲੋਂ ਅੱਤਵਾਦੀਆਂ ਤੋਂ ਬੰਦੂਕ ਖੋਹਣ ਦੇ ਯਤਨ ਕਰਦਿਆਂ ਸ਼ਹੀਦ ਹੋਣ ਅਤੇ ਹੋਰ ਕਸ਼ਮੀਰੀ ਮੁਸਲਮਾਨਾਂ ਵੱਲੋਂ ਜ਼ਖਮੀਆਂ ਨੂੰ ਬਚਾਉਣ ਦੇ ਯਤਨ ਕਰਨ ਦੀ ਪ੍ਰਸ਼ੰਸਾ ਕੀਤੀ ਗਈ।ਆਗੂਆਂ ਨੇ ਡੀ ਸੀ ਰਾਹੀਂ ਮੰਗ ਪੱਤਰ ਭੇਜ ਕੇ ਮੰਗ ਕੀਤੀ ਕਿ ਸਬੰਧਤ ਅੱਤਵਾਦੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ ਆਗੂਆਂ ਨੇ ਕਿਹਾ ਕਿ ਬੇਗੁਨਾਹਾਂ ਦੇ ਕਾਤਲਾਂ ਨੂੰ ਕਦੇ ਵੀ ਮੁਆਫ ਨਹੀਂ ਕੀਤਾ ਜਾ ਸਕਦਾ।ਇਸ ਮੌਕੇ ਫੈਸਲਾ ਕੀਤਾ ਗਿਆ ਕਿ ਇਸ ਸਬੰਧੀ 28 ਅਪ੍ਰੈਲ ਨੂੰ 11 ਵਜੇ ਰਾਮ ਸਿੰਘ ਦੱਤ ਹਾਲ ਗੁਰਦਾਸਪੁਰ ਵਿਖੇ ਵਿਸ਼ਾਲ ਕਨਵੈਨਸ਼ਨ ਕੀਤੀ ਜਾਵੇਗੀ ਅਤੇ ਪਹਿਲਗਾਮ ਦੀ ਘਟਨਾ ਅਤੇ ਜੰਮੂ ਕਸ਼ਮੀਰ ਦੇ ਅੱਤਵਾਦ ਦੇ ਕਾਰਨਾਂ ਬਾਰੇ ਵਿਚਾਰ ਕੀਤਾ ਜਾਵੇਗਾ।ਮੰਗ ਪੱਤਰ ਰਾਹੀਂ ਮੁੱਖ ਮੰਤਰੀ ਪੰਜਾਬ ਤੋਂ ਅੱਗਾ ਲੱਗਣ ਕਾਰਨ ਸੜੀ ਕਣਕ ਦੇ ਮੁਆਵਜੇ ਘਟੋ-ਘੱਟ 50 ਹਜ਼ਾਰ ਰੁਪਏ ਪਤੀ ਏਕੜ ਦੀ ਮੰਗ ਵੀ ਕੀਤੀ।ਅਦਾਲਤ ਸਕੂਲ ਚੌਕੇ (ਬਠਿੰਡਾ) ਦੇ ਮਸਲੇ ਲਈ ਸੰਘਰਸ਼ ਕਰ ਰਹੇ ਕਿਸਾਨਾਂ ਤੇ ਅਧਿਆਪਕਾਂ ਦੀ ਰਿਹਾਈ ਦੀ ਮੰਗ ਕੀਤੀ।ਡੈਪੂਟੇਸ਼ਨ ਦੀ ਅਗਵਾਈ ਸਾਂਝੇ ਤੌਰ ਤੇ ਮੱਖਣ ਸਿੰਘ ਕੁਹਾੜ ਲਖਵਿੰਦਰ ਸਿੰਘ ਮੰਜਿਆਂਵਾਲੀ ਤਰਲੋਕ ਸਿੰਘ ਬਹਿਰਾਮਪੁਰ ਬਚਨ ਸਿੰਘ ਭੰਬੋਈ ਕਸ਼ਮੀਰ ਸਿੰਘ ਤੁਗਲਵਾਲ ਸੁਖਦੇਵ ਸਿੰਘ ਭਾਗੋਕਾਵਾਂ ਡਾਕਟਰ ਬਲਵੀਰ ਸਿੰਘ ਪੀਰਾਂਬਾਗ ਸੁਰਿੰਦਰ ਸਿੰਘ ਕੋਠੇ ਜਰਨੈਲ ਸਿੰਘ ਦਿਲਬਾਗ ਸਿੰਘ ਵਿਜੇ ਕੁਮਾਰ ਸੋਹਲ ਧੀਰ ਸਿੰਘ ਸਿੱਧੂ ਆਸ਼ਵਨੀ ਕੁਮਾਰ ਲਖਨ ਕਲਾਂ ਮੁਰਾਰੀ ਲਾਲ ਆਦਿ ਨੇ ਸਾਂਝੇ ਤੌਰ ਤੇ ਕੀਤੀ।ਇੱਕ ਵਾਰ ਫੇਰ ਸਾਰਿਆਂ ਨੇ ਦੇਸ਼ ਦੀ ਏਕਤਾ ਅਖੰਡਤਾ ਦੀ ਰਾਖੀ ਲਈ ਤੇ ਅੱਤਵਾਦ ਦੇ ਕਾਰਨਾਂ ਬਾਰੇ ਕਿਸਾਨਾਂ ਮਜ਼ਦੂਰਾਂ ਨੂੰ 28 ਅਪ੍ਰੈਲ ਨੂੰ ਰਾਮ ਸਿੰਘ ਦੱਤ ਹਾਲ 11 ਵਜੇ ਪੁੱਜਣ ਦੀ ਅਪੀਲ ਕੀਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਬੀਰ ਸਿੰਘ ਉਚਾਧਕਾਲਾ ਗੁਰਮੁਖ ਸਿੰਘ ਖਹਿਰਾ ਕਪੂਰ ਸਿੰਘ ਘੁੰਮਣ ਵਿਜੇ ਸੋਹਲ ਸਵਰਨ ਸਿੰਘ ਕਲੇਰ ਗੁਰ ਪ੍ਰਤਾਪ ਸਿੰਘ ਪੁਰਾਣਾ ਸਾਲਾ ਸੁਰਿੰਦਰ ਸਿੰਘ ਚੱਡਾ ਸਾਗਰ ਸਿੰਘ ਭੋਲਾ ਪਲਵਿੰਦਰ ਸਿੰਘ ਬਰਿੰਦਰ ਸਿੰਘ ਤੇ ਸੋਨਾ ਸ਼ਾਹ ਘਰਾਲਾ ਆਦਿ ਸਮੇਤ ਵੱਡੀ ਗਿਣਤੀ ਵਿੱਚ ਆਗੂ ਹਾਜ਼ਰ ਸਨ।

# ਜ਼ਿਲ੍ਹਾ ਪ੍ਰਸ਼ਾਸਨ ਨੇ ਯੁੱਧ ਨਸ਼ਿਆਂ ਵਿਰੁੱਧ ਜਾਗਰੂਕਤਾ ਰੈਲੀ ਕੱਢੀ



ਪਠਾਨਕੋਟ (ਦਵਿੰਦਰ ਸਿੰਘ)-ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਅੱਜ ਜ਼ਿਲ੍ਹਾ ਪਠਾਨਕੋਟ ਵਿਖੇ ਨੌਜਵਾਨਾਂ ਨੂੰ ਜਾਗਰੂਕ ਕਰਨ ਦੇ ਲਈ ਜਾਗਰੂਕਤਾ ਰੈਲੀ ਕੱਢੀ ਗਈ ਤਾਂ ਜੋ ਜ਼ਿਆਦਾ ਤੋਂ ਜ਼ਿਆਦਾ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰਹਿਣ ਦੇ ਲਈ ਜਾਗਰੂਕ ਕੀਤਾ ਜਾਵੇ। ਇਹ ਪ੍ਰਗਟਾਵਾ ਆਦਿੱਤਿਆ ਉੱਪਲ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਜਾਗਰੂਕਤਾ ਰੈਲੀ ਨੂੰ ਰਵਾਨਾ ਕਰਨ ਮਗਰੋਂ ਸੰਬੋਧਤ ਕਰਦਿਆਂ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਵਰਣ ਸਲਾਰੀਆ ਸੂਬਾ ਉਪ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ, ਦਲਜਿੰਦਰ ਸਿੰਘ ਢਿੱਲੋਂ ਐੱਸਐੱਸਪੀ ਪਠਾਨਕੋਟ, ਹਰਦੀਪ ਸਿੰਘ ਵਧੀਕ ਡਿਪਟੀ ਕਮਿਸ਼ਨਰ (ਜ), ਅਰਸ਼ਦੀਪ ਸਿੰਘ ਲੁਬਾਣਾ ਐੱਸਡੀਐੱਮ ਪਠਾਨਕੋਟ, ਮੇਜਰ ਡਾ. ਸੁਮਿਤ ਮੁਧ ਐੱਸਡੀਐੱਮ ਧਾਰ ਕਲ੍ਹਾਂ, ਅਨਿਲ ਦਾਰਾਵਾਲ ਪ੍ਰਧਾਨ ਟ੍ਰੇਡ ਪੰਜਾਬ, ਸੁਨੀਲ ਗੁਪਤਾ ਚੇਅਰਮੈਨ ਟ੍ਰੇਡ ਪੰਜਾਬ, ਰੇਖਾ ਮਨੀ ਸ਼ਰਮਾ ਸੰਯੁਕਤ ਸਕੱਤਰ ਪੰਜਾਬ ਮਹਿਲਾ ਵਿੰਗ, ਡਾ. ਸੁਨੀਲ ਚੰਦ ਐੱਸਐੱਮਓ ਪਠਾਨਕੋਟ, ਡਾ. ਆਦਿੱਤੀ ਸਲਾਰੀਆ ਸਿਵਲ ਸਰਜਨ ਪਠਾਨਕੋਟ ਅਤੇ ਹੋਰ ਵੱਖ-ਵੱਖ ਜ਼ਿਲ੍ਹਾ ਅਧਿਕਾਰੀ ਵੀ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਜਾਗਰੂਕਤਾ ਰੈਲੀ ਐਬਲੋਨ ਸੀਨੀਅਰ ਸੈਕੰਡਰੀ ਸਕੂਲ ਪਠਾਨਕੋਟ (ਮਿਸ਼ਨ ਚੌਕ) ਤੋਂ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤੀ। ਇਹ ਰੈਲੀ ਮਿਸ਼ਨ ਚੌਕ, ਰਾਮ ਲੀਲਾ ਗਰਾਉਂਡ ਰੋਡ, ਡਲਹੌਜ਼ੀ ਰੋਡ, ਕਾਲੀ ਮਾਤਾ ਮੰਦਿਰ ਰੋਡ, ਪਟੇਲ ਚੌਕ, ਪੀਰ ਬਾਬਾ ਚੌਕ, ਲਾਈਟਾਂ ਵਾਲਾ ਚੌਕ, ਗਾਡੀ ਅਹਾਤਾ ਚੌਕ, ਡਲਹੌਜ਼ੀ ਰੋਡ, ਮਿਸ਼ਨ ਚੌਕ ਤੋਂ ਹੁੰਦੇ ਹੋਏ ਐਬਲੋਨ ਸੀਨੀਅਰ ਸੈਕੰਡਰੀ ਸਕੂਲ ਪਠਾਨਕੋਟ ਵਿਖੇ ਹੀ ਸਮਾਪਤ ਕੀਤੀ ਗਈ। ਜਾਗਰੂਕਤਾ ਰੈਲੀ ਦੌਰਾਨ ਐਬਲੋਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਵਿਸ਼ੇਸ਼ ਪ੍ਰੋਗਰਾਮ ਪੇਸ਼ ਕੀਤਾ ਗਿਆ।

# ਸ਼ੈਰੀ ਕਲਸੀ ਵੱਲੋਂ ਸਰਕਾਰੀ ਸਕੂਲਾਂ 'ਚ ਨਵੇਂ ਬਣੇ ਕਲਾਸ ਰੂਮਾਂ ਤੇ ਚਾਰਦੀਵਾਰੀਆਂ ਦਾ ਉਦਘਾਟਨ



ਬਟਾਲਾ, ਅਪ੍ਰੈਲ (ਡਾ. ਮਲਵਿੰਦਰ ਸਿੰਘ)-ਬਟਾਲਾ ਦੇ ਵਿਧਾਇਕ ਅਤੇ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ, ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਲੋਂ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਬਟਾਲਾ ਦੇ ਵੱਖ-ਵੱਖ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਸੁਰੱਖਿਆ ਵਿੱਚ ਵਾਧਾ ਕਰਦਿਆਂ ਉਸਾਰੀ ਗਈ ਨਵੀਆਂ ਚਾਰਦੀਵਾਰੀਆਂ, ਜਿਨ੍ਹਾਂ ਉਪਰ ਸ਼ਾਨਦਾਰ ਪੇਂਟਿੰਗਾਂ ਕੀਤੀਆਂ ਗਈਆਂ ਅਤੇ ਨਵੇਂ ਉਸਾਰੇ ਗਏ ਕਲਾਸ ਰੂਮਾਂ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਆਪਣੇ ਸੰਬੋਧਨ ਵਿੱਚ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਹੇਠ ਸਾਡੀ ਸਰਕਾਰ ਦਾ ਮੁੱਖ ਉਦੇਸ਼ ਪੰਜਾਬ ਨੂੰ ਖੁਸ਼ਹਾਲ ਅਤੇ ਪ੍ਰਗਤੀਸ਼ੀਲ ਸੂਬਾ ਬਣਾਉਣ ਹੈ, ਜੋ ਕਿ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਕੇ ਹੀ ਸਾਕਾਰ ਕੀਤਾ ਜਾ ਸਕਦਾ ਹੈ।ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਲਗਾਤਾਰ ਵੱਡੇ ਸੁਧਾਰ ਅਤੇ ਵਿਕਾਸ ਕਾਰਜ ਅਮਲ ਵਿੱਚ ਲਿਆ ਰਹੀ ਹੈ, ਜਿਸ ਸਦਕਾ ਮਾਪੇ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਤੋਂ ਸਰਕਾਰੀ ਸਕੂਲਾਂ ਵਿੱਚ ਤਬਦੀਲ ਕਰਨ ਨੂੰ ਤਰਜੀਹ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਬਜਟ ਦਾ ਵੱਡਾ ਹਿੱਸਾ ਸਿੱਖਿਆ 'ਤੇ ਖਰਚ ਕਰਦੀ ਰਹੇਗੀ ਅਤੇ ਹੁਣ ਸਰਕਾਰੀ ਸਕੂਲਾਂ ਵਿੱਚ ਵਿਸ਼ਵ ਪੱਧਰੀ ਸਮਾਰਟ ਕਲਾਸ ਰੂਮ, ਡਿਜੀਟਲ ਬਲੈਕ ਬੋਰਡ, ਅਤਿ-ਆਧੁਨਿਕ ਸਾਇੰਸ ਲੈਬਾਂ, ਬਿਹਤਰ ਬੁਨਿਆਦੀ ਢਾਂਚਾ ਆਦਿ ਵਰਗੀਆਂ ਹੋਰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।

ਵਿਧਾਇਕ ਸ਼ੈਰੀ ਕਲਸੀ ਨੇ ਸਰਕਾਰੀ ਪ੍ਰਾਇਮਰੀ ਸਕੂਲ ਭਗਤਪੁਰ ਰੱਬਵਾਲਾ ਵਿਖੇ 1 ਲੱਖ 60 ਹਜ਼ਾਰ ਰੁਪਏ ਦੀ ਲਾਗਤ ਨਾਲ ਸਕੂਲ ਦੀ ਨਵੀਂ ਉਸਾਰੀ ਗਈ ਚਾਰਦੀਵਾਰੀ ਦਾ ਉਦਘਾਟਨ ਕੀਤਾ ਗਿਆ। ਸਰਕਾਰੀ ਪ੍ਰਾਇਮਰੀ ਸਕੂਲ ਠੀਕਰੀਵਾਲ ਫੀਲਰ ਵਿਖੇ 1 ਲੱਖ 85 ਹਜ਼ਾਰ ਰੁਪਏ ਦੀ ਲਾਗਤ ਨਾਲ ਨਵੀਂ ਬਣਾਈ ਗਈ ਚਾਰਦੀਵਾਰੀ ਦਾ ਉਦਘਾਟਨ ਕੀਤਾ ਗਿਆ। ਸਰਕਾਰੀ ਪ੍ਰਾਇਮਰੀ ਸਕੂਲ ਠੀਕਰੀਵਾਲ ਮੇਨ ਵਿਖੇ 8 ਲੱਖ 58 ਹਜ਼ਾਰ 600 ਰੁਪਏ ਦੀ ਲਾਗਤ ਨਾਲ ਬਣਾਏ ਗਏ ਨਵੇਂ ਸ਼ਾਨਦਾਰ ਕਲਾਸ ਰੂਮ ਸਮਰਪਿਤ ਕੀਤੇ ਗਏ ਸਰਕਾਰੀ ਪ੍ਰਾਇਮਰੀ ਸਕੂਲ ਨੰਗਲ ਬੁੱਟਰ ਵਿਖੇ 3 ਲੱਖ 36 ਹਜ਼ਾਰ ਰੁਪਏ ਦੀ ਲਾਗਤ ਕਮਰਿਆਂ ਅਤੇ ਚਾਰਦੀਵਾਰੀ ਦੀ ਰਿਪੇਅਰ ਦੇ ਵਿਕਾਸ ਕੰਮਾਂ ਦਾ ਉਦਘਾਟਨ ਕੀਤਾ ਗਿਆ। ਇਸ ਤਰਾਂ ਫਤਿਹਗੜ੍ਹ ਚੂੜੀਆਂ ਹਲਕੇ ਅੰਦਰ ਬਲਬੀਰ ਸਿੰਘ ਪਨੂੰ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਦਾਲਮ, ਕਿਲਾ ਲਾਲ ਸਿੰਘ ਅਤੇ ਸਰਕਾਰੀ ਹਾਈ ਸਕੂਲ ਸਾਰਚੂਰ ਵਿਖੇ ਉਸਾਰੀ ਗਈ ਚਾਰਦੀਵਾਰੀ ਤੇ ਨਵੇਂ ਕਲਾਸ ਰੂਮਾਂ ਦੇ ਉਦਘਾਟਨ ਕੀਤੇ ਗਏ।ਇਸ ਮੌਕੇ ਪਰਮਜੀਤ ਕੌਰ, ਜ਼ਿਲ੍ਹਾ ਸਿੱਖਿਆ ਅਫਸਰ (ਐ) ਗੁਰਦਾਸਪੁਰ, ਅਨਿਲ ਸ਼ਰਮਾ ਡਿਪਟੀ ਡੀਈਓ (ਐ), ਜਸਵਿੰਦਰ ਸਿੰਘ ਬੀਪੀਈਓ, ਨਵਦੀਪ ਸਿੰਘ ਪਨੇਸਰ, ਇੰਦਰਜੀਤ ਕੌਰ, ਕੁਲਵੰਤ ਸਿੰਘ, ਰਘਬੀਰ ਸਿੰਘ, ਰਮਨਦੀਪ ਕੌਰ, ਮਨਦੀਪ ਸਿੰਘ, ਗਗਨਜੀਤ ਸਿੰਘ ਸਮੇਤ ਸਕੂਲਾਂ ਦਾ ਸਟਾਫ ਹਾਜ਼ਰ ਸੀ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ 'ਚ ਸਰਕਾਰ ਵਿਲੇਜ ਡਿਫੈਂਸ ਕਮੇਟੀਆਂ ਦਾ ਸਹਿਯੋਗ ਲਵੇਗੀ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਰਾਜ ਸਰਕਾਰ ਵੱਲੋਂ ਅਗਲੇ ਮਹੀਨੇ ਵਿਲੇਜ ਡਿਫੈਂਸ ਕਮੇਟੀਆਂ (ਪਿੰਡਾਂ ਦੇ ਪਹਿਰੇਦਾਰ) ਨਾਲ ਵਿਸ਼ੇਸ਼ ਮੀਟਿੰਗਾਂ ਕੀਤੀਆਂ ਜਾਣਗੀਆਂ।ਇਸ ਮੀਟਿੰਗ ਦੀ ਤਿਆਰੀ ਸਬੰਧੀ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 4 ਮਈ ਨੂੰ ਜ਼ਿਲ੍ਹਾ ਗੁਰਦਾਸਪੁਰ ਵਿੱਚ ਵਿਲੇਜ ਡਿਫੈਂਸ ਕਮੇਟੀਆਂ (ਪਿੰਡਾਂ ਦੇ ਪਹਿਰੇਦਾਰ) ਨਾਲ ਮੀਟਿੰਗ ਕੀਤੀ ਜਾਵੇਗੀ ਅਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਵਿਲੇਜ ਡਿਫੈਂਸ ਕਮੇਟੀਆਂ ਦੇ ਨੁਮਾਇੰਦਿਆਂ ਦਾ ਸਾਥ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਜ਼ਮੀਨੀ ਪੱਧਰ ਤੇ ਚਲਾਇਆ ਜਾ ਰਿਹਾ ਹੈ ਅਤੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਜ਼ਿਲ੍ਹਾ ਗੁਰਦਾਸਪੁਰ ਆਪਣਾ ਮੋਹਰੀ ਰੋਲ ਅਦਾ ਕਰੇਗਾ।ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ 4 ਮਈ 2025 ਨੂੰ ਹੋਣ ਵਾਲੀ ਵਿਲੇਜ ਡਿਫੈਂਸ ਕਮੇਟੀਆਂ (ਪਿੰਡਾਂ ਦੇ ਪਹਿਰੇਦਾਰ) ਦੀ ਤਿਆਰੀ ਆਰੰਭ ਕਰ ਦੇਣ ਅਤੇ ਇਹ ਯਕੀਨੀ ਬਣਾਉਣ ਕਿ ਵਿਲੇਜ ਡਿਫੈਂਸ ਕਮੇਟੀਆਂ ਦੇ ਨੁਮਾਇੰਦੇ ਇਸ ਮੀਟਿੰਗ ਵਿੱਚ ਭਾਗ ਲੈਣ।

ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਪ੍ਰੀਤ ਸਿੰਘ ਗਿੱਲ, ਐੱਸ.ਡੀ.ਐੱਮ. ਦੀਨਾਨਗਰ ਜਸਪਿੰਦਰ ਸਿੰਘ ਭੁੱਲਰ, ਐੱਸਡੀਐੱਮ ਬਟਾਲਾ ਵਿਕਰਮਜੀਤ ਸਿੰਘ, ਡੀਡੀਪੀਓ ਗੁਰਪ੍ਰੀਤ ਸਿੰਘ ਗਿੱਲ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ 'ਚ ਵਿਸ਼ਵ ਧਰਤੀ ਦਿਵਸ ਮਨਾਇਆ




ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਵਿੱਚ ਪ੍ਰਿੰਸੀਪਲ ਐੱਸ. ਬੀ. ਨਾਯਰ ਦੀ ਸਰਪ੍ਰਸਤੀ ਹੇਠ ਅਤੇ ਪ੍ਰਬੰਧਕ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਦੀ ਅਗਵਾਈ ਵਿੱਚ 'ਵਿਸ਼ਵ ਧਰਤੀ ਦਿਵਸ' ਮਨਾਇਆ। ਇਸ ਮੌਕੇ ਪ੍ਰਿੰਸੀਪਲ ਐੱਸ. ਬੀ. ਨਾਯਰ ਨੇ ਕਿਹਾ ਧਰਤੀ ਦਿਵਸ' ਦਾ ਮਕਸਦ ਵਿਦਿਆਰਥੀਆਂ ਨੂੰ ਧਰਤੀ ਦੀ ਕੁਦਰਤੀ ਸੁੰਦਰਤਾ ਨੂੰ ਬਰਕਰਾਰ ਰੱਖਣਾ ਅਤੇ ਉਸ ਦੀ ਹਰਿਆਲੀ ਕਾਇਮ ਰੱਖਣ ਵਿੱਚ ਆਪਣਾ ਯੋਗਦਾਨ ਪਾਉਣਾ ਹੈ। ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੀ ਵਿਦਿਆਰਥਣ ਐਸਮੀਤ ਕੌਰ ਅਤੇ ਆਰੁਸੀ ਦੁਆਰਾ ਸਟੇਜੀ ਕਾਰਵਾਈ ਸਾਂਭਦਿਆਂ ਕੀਤੀ ਗਈ। ਇਸ ਮੌਕੇ ਧਰਤੀ ਬਚਾਓ ਵਿਸ਼ੇ 'ਤੇ ਅਧਾਰਿਤ ਵਿਦਿਆਰਥੀਆਂ ਦੇ ਇੰਟਰ-ਹਾਊਸ ਭਾਸ਼ਣ ਮੁਕਾਬਲੇ ਕਰਵਾਏ ਗਏ। ਸਕੂਲ ਦੇ ਚਾਰਾਂ ਹਾਊਸਾਂ ਸਫਾਇਰ, ਐਮਰਲਡ, ਐਂਬਰ ਤੇ ਰੂਬੀ ਦੇ ਨੌਵੀਂ ਤੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਧਰਤੀ ਦੀ ਅਹਿਮ ਗੁਣਵੰਤਾ, ਸਮੁੱਚੀ ਮਾਨਵਤਾ ਲਈ ਇਸ ਦੇ ਵਾਤਾਵਰਨ ਦਾ ਸ਼ੁੱਧ ਹੋਣਾ ਅਤੇ ਮਨੁੱਖਤਾ ਦਾ ਇਸ ਪ੍ਰਤੀ ਬਣਦੇ ਫਰਜਾਂ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ। ਜੂਨੀਅਰ ਬਲਾਕ ਦੇ ਛੋਟੇ-ਛੋਟੇ ਵਿਦਿਆਰਥੀਆਂ ਦੁਆਰਾ ਵੱਖ ਵੱਖ ਕਲਾਕ੍ਰਿਤੀਆਂ ਬਣਾ ਕੇ ਸਾਰਿਆਂ ਨੂੰ ਧਰਤੀ ਬਚਾਉਣ ਦੇ ਵੱਖ-ਵੱਖ ਉਪਰਾਲੇ ਕਰਨ ਦਾ ਸੁਨੇਹਾ ਦਿੱਤਾ। ਤੀਜੀ ਤੋਂ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਕਲੇਅ ਦੀ ਵਰਤੋਂ ਨਾਲ ਅਤੇ ਚਾਰਟਾਂ ਉੱਪਰ ਵੱਖ-ਵੱਖ ਆਕ੍ਰਿਤੀਆਂ ਤਿਆਰ ਕਰਕੇ ਧਰਤੀ ਮਾਂ ਦੀ ਸੁਰੱਖਿਆ ਦਾ ਸੰਦੇਸ ਦਿੱਤਾ। ਸਕੂਲੀ ਵਿਦਿਆਰਥੀਆਂ ਦੁਆਰਾ ਹਾਊਸ ਬੋਰਡਾਂ ਨੂੰ ਸਜਾਇਆ ਗਿਆ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਐਸ ਬੀ ਨਾਯਰ ਅਤੇ ਪ੍ਰਬੰਧਕ ਕਮੇਟੀ ਦੇ ਮੈਂਬਰ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਦੁਆਰਾ ਸਮੂਹ ਸਕੂਲ ਨੂੰ ਵਾਤਾਵਰਨ ਦੀ ਸੰਭਾਲ ਪ੍ਰਤੀ ਜਾਗਰੂਕਤਾ ਲਿਆਉਣ ਦੇ ਉਦੇਸ ਨੂੰ ਮੁੱਖ ਰੱਖਦਿਆਂ ਹਮੇਸ਼ਾਂ ਇਸੇ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਂਦੇ ਰਹਿਣ ਦੀ ਪ੍ਰੇਰਨਾ ਦਿੱਤੀ ਗਈ। ਇਸ ਮੌਕੇ ਸਕੂਲ ਸਟਾਫ ਅਤੇ ਵਿਦਿਆਰਥੀਆਂ ਨੇ ਵੀ ਧਰਤੀ ਨੂੰ ਪ੍ਰਦੂਸ਼ਣ ਤੋਂ ਬਚਾਉਣ ਅਤੇ ਹਵਾ ਨੂੰ ਸ਼ੁੱਧ ਬਣਾਉਣ ਲਈ ਵੱਧ ਤੋਂ ਵੱਧ ਬੂਟੇ ਲਾਉਣ ਦਾ ਪ੍ਰਣ ਲਿਆ।

# ਮਾਰੇ ਗਏ ਨਿਰਦੋਸ਼ ਸੈਲਾਨੀਆਂ ਨੂੰ ਸ਼ਰਧਾਂਜਲੀ ਵਜੋਂ 'ਆਪ' ਆਗੂਆਂ ਨੇ ਕੈਂਡਲ ਮਾਰਚ ਕੱਢਿਆ

**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਬੀਤੇ ਦਿਨੀਂ ਕਸ਼ਮੀਰ ਦੇ ਪਹਿਲਗਾਮ ਵਿਚ ਮਾਰੇ ਗਏ ਨਿਰਦੋਸ਼ ਸੈਲਾਨੀਆਂ ਨੂੰ ਸ਼ਰਧਾਂਜਲੀ ਦੇਣ ਲਈ ਬੀਤੀ ਸ਼ਾਮ ਆਮ ਆਦਮੀ ਪਾਰਟੀ ਦੀ ਅਗਵਾਈ ਹੇਠ ਸ਼ਹਿਰ ਵਾਸੀਆਂ ਵੱਲੋਂ ਗੁਰਦਾਸਪੁਰ ਵਿਖੇ ਕੈਂਡਲ ਮਾਰਚ ਕੱਢਿਆ ਗਿਆ ਤੇ ਸੋਕ ਸਭਾ ਕੀਤੀ ਗਈ।ਇਹ ਕੈਂਡਲ ਮਾਰਚ ਹਨੂੰਮਾਨ ਚੌਕ ਤੋਂ ਸ਼ੁਰੂ ਹੋ ਕੇ ਇਮਾਮਵਾੜਾ ਚੌਕ, ਸ਼ਹਿਰ ਦੇ ਅੰਦਰੂਨੀ ਬਾਜ਼ਾਰ, ਬਾਬਾ ਰੋੜਾ ਬੂੜਾ ਮੰਦਰ ਵੱਲ ਦੀ ਹੁੰਦਾ ਹੋਇਆ ਬਾਟਾ ਚੌਕ ਲੰਘ ਕੇ ਡਾਕਖ਼ਾਨਾ ਚੌਕ ਵਿਖੇ ਸਮਾਪਤ ਹੋਇਆ।ਇਸ ਕੈਂਡਲ ਮਾਰਚ ਵਿੱਚ ਮਾਰਕੀਟ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ, ਸੀਨੀਅਰ ਆਪ ਆਗੂ ਅਜੇ ਬਹਿਲ, ਕਬੀਰ ਬਹਿਲ, ਬਲਾਕ ਪ੍ਰਧਾਨ ਰਘੁਬੀਰ ਸਿੰਘ ਖ਼ਾਲਸਾ, ਬਲਾਕ ਪ੍ਰਧਾਨ ਹਿਤੇਸ਼ ਮਹਾਜਨ, ਵਪਾਰ ਮੰਡਲ ਪ੍ਰਧਾਨ ਅਸ਼ੋਕ ਮਹਾਜਨ, ਸਾਬਕਾ ਚੇਅਰਮੈਨ ਨੀਰਜ ਸਲਹੋਤਰਾ, ਯੋਗੇਸ਼ ਸ਼ਰਮਾ, ਮੁਨੀਸ਼ ਵਰਮਾ, ਸਿਮਰਨਜੀਤ ਸਿੰਘ, ਦਪਿੰਦਰ ਸਿੰਘ ਗੌਬਿਨ, ਰੁਪੇਸ਼ ਬਿੱਟੂ, ਰਿਸ਼ੀ ਕਾਂਤ ਅਤੇ ਜ਼ਿਲ੍ਹਾ ਦਫ਼ਤਰ ਇੰਚਾਰਜ ਜਗਜੀਤ ਸਿੰਘ ਪਿੰਟਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਸ਼ਾਮਿਲ ਸਨ।ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਸੈਲਾਨੀਆਂ ਤੇ ਹੋਏ ਭਿਆਨਕ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ ਨੇ ਕਿਹਾ ਕਿ ਇਹ ਕਾਇਰਤਾਪੂਰਨ ਅੱਤਵਾਦੀ ਹਮਲਾ ਬਹੁਤ ਹੀ ਸ਼ਰਮਨਾਕ ਹੈ।ਪੀੜਤ ਪਰਿਵਾਰਾਂ ਨਾਲ ਹਮਦਰਦੀ ਜਤਾਉਂਦਿਆਂ ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਦੁੱਖ ਦੀ ਘੜੀ ਹੈ ਅਤੇ ਇਸ ਦੁੱਖ ਦੀ ਘੜੀ ਵਿੱਚ ਪੂਰਾ ਦੇਸ਼ ਇੱਕਜੁੱਟ ਹੈ ਅਤੇ ਉਨ੍ਹਾਂ ਦੇ ਨਾਲ ਖੜ੍ਹਾ ਹੈ। ਉਨ੍ਹਾਂ ਅੱਤਵਾਦ ਦੇ ਹਰ ਰੂਪ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਇਸ ਤੋਂ ਪਹਿਲਾ ਵੀ 2019 ਵਿੱਚ




ਪੁਲਵਾਮਾ ਹਮਲਾ, 2016 ਵਿੱਚ ਉੜੀ ਹਮਲਾ ਸਮੇਤ ਇਸ ਖੇਤਰ ਨੂੰ ਦਹਾਕਿਆਂ ਤੋਂ ਅੱਤਵਾਦੀਆਂ ਨਾਲ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ ਹੈ। ਉਨ੍ਹਾਂ ਕਿਹਾ ਕਿ ਜੰਮੂ-ਕਸ਼ਮੀਰ ਵਿੱਚ ਸੈਲਾਨੀਆਂ ਨੂੰ ਨਿਸ਼ਾਨਾ ਬਣਾਉਣਾ ਇਹ ਦਰਸਾਉਂਦਾ ਹੈ ਕਿ ਅੱਤਵਾਦੀ ਜੰਮੂ-ਕਸ਼ਮੀਰ ਵਿੱਚ ਸ਼ਾਂਤੀ ਨਹੀਂ ਚਾਹੁੰਦੇ ਅਤੇ ਸੈਲਾਨੀਆਂ ਦੇ ਮਨਾਂ ਵਿੱਚ ਡਰ ਬਿਠਾਉਣਾ ਚਾਹੁੰਦੇ ਹਨ।ਉਨ੍ਹਾਂ ਕੇਂਦਰ ਸਰਕਾਰ ਨੂੰ ਮਾਸੂਮ ਲੋਕਾਂ ਨੂੰ ਨਿਸ਼ਾਨਾ ਬਣਾਉਣ ਵਾਲਿਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਦੀ ਅਪੀਲ ਕੀਤੀ ਤਾਂ ਜੋ ਲੋਕਾਂ ਦੇ ਮਨਾਂ ਵਿਚੋਂ ਡਰ ਦੂਰ ਕੀਤਾ ਜਾ ਸਕੇ।

# ਰੰਧਾਵਾ ਨੇ ਸਰਕਾਰੀ ਸਕੂਲ ਸ਼ਾਹਪੁਰ ਜਾਜਨ 'ਚ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

## * ਪੰਜਾਬ ਸਰਕਾਰ ਦੀਆਂ ਪਹਿਲਕਦਮੀਆਂ ਸਦਕਾ ਸਕੂਲਾਂ 'ਚ ਵਿਦਿਆਰਥੀਆਂ ਦੀ ਗਿਣਤੀ ਵਧੀ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸੂਬੇ ਦੀ ਸਿੱਖਿਆ ਪ੍ਰਣਾਲੀ ਵਿੱਚ ਕ੍ਰਾਂਤੀਕਾਰੀ ਤਬਦੀਲੀ ਲਿਆਉਣ ਦੇ ਮੰਤਵ ਨਾਲ ਰਾਜ ਸਰਕਾਰ ਵੱਲੋਂ ਸ਼ੁਰੂ ਕੀਤੀ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਸੂਬੇ ਭਰ ਵਿੱਚ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਜਾ ਰਿਹਾ ਹੈ।ਇਸੇ ਮੁਹਿੰਮ ਤਹਿਤ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਅੱਜ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਸ਼ਾਹਪੁਰ ਜਾਜਨ ਵਿਖੇ ਸਿੱਖਿਆ ਕ੍ਰਾਂਤੀ ਤਹਿਤ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਸਕੂਲ ਵਿਖੇ ਕਰਵਾਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਨੂੰ ਹਰ ਪੱਖੋਂ ਵਿਕਸਿਤ ਕਰਨ ਅਤੇ ਵਿਦਿਆਰਥੀਆਂ ਨੂੰ ਮਿਆਰੀ ਤੇ ਸਮੇਂ ਦੇ ਹਾਣ ਦੀ ਆਧੁਨਿਕ ਸਿੱਖਿਆ ਮੁਹੱਈਆ ਕਰਵਾਉਣ ਲਈ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿੱਖਿਆ ਨੂੰ ਪਹਿਲੀ ਤਰਜੀਹ ਦਿੰਦਿਆਂ ਸਰਕਾਰੀ ਸਕੂਲਾਂ ਵਿੱਚ ਅਤਿ ਆਧੁਨਿਕ ਬੁਨਿਆਦੀ ਢਾਂਚਾ ਮੁਹੱਈਆ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਪਹਿਲਕਦਮੀਆਂ ਸਦਕਾ ਅੱਜ ਜਿੱਥੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਧੀ ਹੈ ਉੱਥੇ ਸਰਕਾਰੀ ਸਕੂਲਾਂ ਵਿੱਚ ਪ੍ਰਾਈਵੇਟ ਸਕੂਲਾਂ ਦੇ ਬਰਾਬਰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਸਕੂਲ ਆਫ਼



ਐਮੀਨੈਂਸ ਦੀ ਸਥਾਪਨਾ, ਅਧਿਆਪਕਾਂ ਨੂੰ ਸਿਖਲਾਈ ਲਈ ਵਿਦੇਸ਼ ਭੇਜਣਾ, ਸਕੂਲ ਆਫ਼ ਐਮੀਨੈਂਸ ਵਿੱਚ ਬੱਸ ਸਰਵਿਸ ਸ਼ੁਰੂ ਕਰਨਾ, ਕੈਂਪਸ ਮੈਨੇਜਰ ਤੇ ਸੁਰੱਖਿਆ ਗਾਰਡ ਦੀ ਨਿਯੁਕਤੀ, ਡਿਜੀਟਲ ਢੰਗ ਨਾਲ ਸਿੱਖਿਆ ਪ੍ਰਦਾਨ ਕਰਨ ਵਰਗੀਆਂ ਕਈ ਪਹਿਲਕਦਮੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਸਿੱਖਿਆ ਪ੍ਰਣਾਲੀ ਨੂੰ ਹੋਰ ਬਿਹਤਰ ਅਤੇ ਪੰਜਾਬ ਦੇ ਬੱਚਿਆਂ ਦਾ ਭਵਿੱਖ ਸੁਰੱਖਿਅਤ ਤੇ ਰੌਸ਼ਨ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਦਾ ਆਗਾਜ਼ ਕੀਤਾ ਗਿਆ ਅਤੇ ਆਉਣ ਵਾਲੇ ਦਿਨਾਂ ਵਿੱਚ ਵੀ ਇਸ ਮੁਹਿੰਮ ਤਹਿਤ ਸਰਕਾਰੀ ਸਕੂਲਾਂ ਵਿੱਚ ਵਿਕਾਸ ਕਾਰਜ ਸਮਰਪਿਤ ਕੀਤੇ ਜਾਣਗੇ।ਇਸ ਮੌਕੇ ਉਨ੍ਹਾਂ ਮਾਪਿਆਂ ਨੂੰ ਵੀ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣ ਅਤੇ ਇੱਥੇ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਤੋਂ ਲਾਭ ਲੈਣ ਦੀ ਅਪੀਲ ਕੀਤੀ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ)ਰਾਜੇਸ਼ ਕੁਮਾਰ ਸ਼ਰਮਾ,ਸੇਵਾ ਮੁਕਤ ਪ੍ਰਿੰਸੀਪਲ ਵਰਿੰਦਰ ਸਿੰਘ ਕਾਹਲੋਂ,ਐਡੀਸ਼ਨਲ ਪ੍ਰਿੰਸੀਪਲ ਵੀਨਾ ਚਾਵਲਾ, ਲੈਕਚਰਾਰ ਦਲਜੀਤ ਸਿੰਘ,ਮੈਡਮ ਦਲਜੀਤ ਕੌਰ, ਰਜਨੀ ਬਾਲਾ, ਅਕਸ਼ੇ ਥਾਪਾ, ਸ਼ਿਖਾ ਬਡਿਆਲ, ਅਰੁਣ ਕੁਮਾਰ, ਨਵਜੋਤ ਕੌਰ, ਸੁਮਿਤ ਕੁਮਾਰ, ਰੋਹਿਤ ਅੱਤਰੀ, ਅੰਤਰਜੀਤ ਕੌਰ, ਲੱਜਪ੍ਰੀਤ ਕੌਰ, ਵਿਪਨ ਕੁਮਾਰ, ਨਰਿੰਦਰ ਕੌਰ, ਰਾਜੀਵ ਕੁਮਾਰ, ਲਖਬੀਰ ਸਿੰਘ, ਜਤਿੰਦਰ ਸਿੰਘ, ਬਲਦੇਵ ਸਿੰਘ, ਸੁਮਿੰਦਰਜੀਤ ਕੌਰ, ਗੁਰਪ੍ਰੀਤ ਸਿੰਘ, ਸਵਿਤਾ ਦੇਵੀ, ਨਰੇਸ਼ ਸੋਢੀ, ਸਰਪੰਚ ਤੇਜਿੰਦਰ ਸਿੰਘ ਮਾਨ, ਸਾਬਕਾ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਸੁਖਦੀਪ ਸਿੰਘ ਰਾਜਾ ਮੱਲੀ, ਸਰਪੰਚ ਦਲਬੀਰ ਸਿੰਘ ਧਾਲੀਵਾਲ ਰਾਜੇਕੇ, ਰਾਜਵਿੰਦਰ ਸਿੰਘ ਰਾਜੂ ਹਰਦੋਰਵਾਲ, ਕੁਲਦੀਪ ਸਿੰਘ ਭੁੱਲਰ, ਗੁਰਵਿੰਦਰ ਸਿੰਘ ਪੰਚ, ਬਾਬਾ ਹਰਜੀਤ ਲਾਲ ਪੰਚ, ਬਲਦੇਵ ਸਿੰਘ ਬੱਲੀ ਪੰਚ, ਮਦਨ ਲਾਲ ਪੰਚ ਤੋਂ ਇਲਾਵਾ ਪੰਚ ਰਾਜੂ ਮਸੀਹ ਆਦਿ ਹਾਜ਼ਰ ਸਨ।

# ਕਿਸਾਨਾਂ ਨੂੰ 48 ਘੰਟੇ ਤੋਂ ਵੀ ਘੱਟ ਸਮੇਂ 'ਚ ਕੀਤੀ ਜਾ ਰਹੀ ਅਦਾਇਗੀ : ਡੀ ਸੀ



ਪਠਾਨਕੋਟ (ਦਵਿੰਦਰ ਸਿੰਘ)-ਜ਼ਿਲ੍ਹਾ ਪਠਾਨਕੋਟ ਦੀਆਂ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਵੀ ਪ੍ਰੇਸ਼ਾਨੀ ਨਹੀਂ ਆ ਰਹੀ ਅਤੇ ਮੰਡੀਆਂ ਵਿੱਚ ਜੋ ਵੀ ਕਿਸਾਨ ਫਸਲ ਲੈ ਕੇ ਆ ਰਹੇ ਹਨ ਉਨ੍ਹਾਂ ਕਿਸਾਨਾਂ ਦੀ ਫਸਲ ਨੂੰ ਨਾਲ ਦੇ ਨਾਲ ਹੀ ਖਰੀਦ ਕੀਤੀ ਜਾ ਰਹੀ ਹੈ ਅਤੇ ਨਾਲ ਦੇ ਨਾਲ ਹੀ ਕਿਸਾਨਾਂ ਦੇ ਖਾਤਿਆਂ ਵਿੱਚ ਪੈਸੇ ਪਾਏ ਜਾ ਰਹੇ ਹਨ। ਇਹ ਪ੍ਰਗਟਾਵਾ ਆਦਿੱਤਿਆ ਉੱਪਲ ਡਿਪਟੀ ਕਮਿਸ਼ਨਰ ਪਠਾਨਕੋਟ ਵੱਲੋਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪਠਾਨਕੋਟ ਅੰਦਰ 23-04-2025 ਤੱਕ ਕਣਕ ਦੀ ਹੋਈ ਕੁੱਲ ਆਮਦ 20468 ਮੀ. ਟਨ. ਵਿਚੋਂ 19290 ਮੀ. ਟਨ. ਦੀ ਸਰਕਾਰੀ ਖਰੀਦ ਕੀਤੀ ਜਾ ਚੁੱਕੀ ਹੈ। ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੀ ਗਈ ਕਣਕ ਦੀ 72 ਘੰਟਿਆਂ ਦੇ ਅੰਦਰ ਅੰਦਰ 141% ਲਿਫਟਿੰਗ ਕਰ ਲਈ ਗਈ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪਠਾਨਕੋਟ ਦੇ ਲਗਭਗ 2300 ਕਿਸਾਨਾਂ ਕੋਲੋਂ ਕਣਕ ਦੀ ਖਰੀਦ ਤੋਂ 24 ਤੋਂ 48 ਘੰਟਿਆਂ ਦੇ ਅੰਦਰ ਅੰਦਰ ਹੀ ਲਗਭਗ 38 ਕਰੋੜ ਦੀ ਪੇਮੈਂਟ ਸਿੱਧੇ ਉਨ੍ਹਾਂ ਦੇ ਖਾਤਿਆਂ ਵਿੱਚ ਪਾ ਦਿੱਤੀ ਗਈ ਹੈ। ਰਾਜ ਰਿਸ਼ੀ ਮਹਿਰਾ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰ ਪਠਾਨਕੋਟ ਨੇ ਦੱਸਿਆ ਕਿ ਜ਼ਿਲ੍ਹਾ ਪਠਾਨਕੋਟ ਅੰਦਰ ਕਣਕ ਦੀ ਖਰੀਦ ਦਾ ਕੰਮ ਸੁਚਾਰੂ ਢੰਗ ਨਾਲ ਚੱਲ ਰਿਹਾ ਹੈ ਅਤੇ ਬਾਰਦਾਨੇ ਅਤੇ ਕਰੇਟਾਂ ਆਦਿ ਦਾ ਪ੍ਰਬੰਧ ਮੁਕੰਮਲ ਹੈ।

# ਲੋਕ ਨਿਰਮਾਣ ਮੰਤਰੀ ਈ ਟੀ ਓ ਨੇ ਸਰਕਾਰੀ ਸਕੂਲਾਂ 'ਚ 1.61 ਕਰੋੜ ਰੁਪਏ ਦੇ ਪ੍ਰੋਜੈਕਟ ਕੀਤੇ ਬੱਚਿਆਂ ਨੂੰ ਸਮਰਪਿਤ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਆਪਣੇ ਹਲਕੇ ਦੇ 9 ਸਕੂਲਾਂ ਵਿੱਚ 1.61 ਕਰੋੜ ਰੁਪਏ ਦੀ ਲਾਗਤ ਨਾਲ ਕਰਵਾਏ ਗਏ ਵਿਕਾਸ ਕੰਮ ਬੱਚਿਆਂ ਨੂੰ ਸਮਰਪਿਤ ਕੀਤੇ।ਉਨ੍ਹਾਂ ਨੇ ਅੱਜ ਸਰਕਾਰੀ ਐਲੀਮੈਂਟਰੀ ਸਕੂਲ ਅਮਰਕੋਟ, ਸਰਕਾਰੀ ਐਲੀਮੈਂਟਰੀ ਸਕੂਲ ਨੰਗਲ ਦਿਆਲ ਸਿੰਘ, ਸਰਕਾਰੀ ਹਾਈ ਸਕੂਲ ਕਿਲਾ ਜੀਵਨ ਸਿੰਘ, ਸਰਕਾਰੀ ਐਲੀਮੈਂਟਰੀ ਸਕੂਲ ਕਿਲਾ ਜੀਵਨ ਸਿੰਘ, ਸਰਕਾਰੀ ਐਲੀਮੈਂਟਰੀ ਸਕੂਲ ਛਾਪਾ ਰਾਮ ਸਿੰਘ, ਸਰਕਾਰੀ ਹਾਈ ਸਕੂਲ ਛਾਪਾ ਰਾਮ ਸਿੰਘ, ਸਰਕਾਰੀ ਐਲੀਮੈਂਟਰੀ ਸਕੂਲ ਫਤਿਹਪੁਰ ਰਾਜਪੂਤਾਂ, ਸਰਕਾਰੀ ਐਲੀਮੈਂਟਰੀ ਸਕੂਲ ਨਵਾਂ ਪਿੰਡ ਅਤੇ ਸਰਕਾਰੀ ਮਿਡਲ ਸਕੂਲ ਨਵਾਂ ਪਿੰਡ ਵਿੱਚ ਨਵੇਂ ਕਲਾਸ ਰੂਮਾਂ, ਸਕੂਲਾਂ ਦੀਆਂ ਚਾਰ ਦਿਵਾਰੀਆਂ, ਲਾਇਬ੍ਰੇਰੀਆਂ ਆਦਿ ਦੇ ਕੰਮ ਬੱਚਿਆਂ ਨੂੰ ਸਮਰਪਿਤ ਕੀਤੇ।ਇਸ ਮੌਕੇ ਪਿੰਡਾਂ ਦੇ ਪਤਵੰਤਿਆਂ ਅਤੇ ਬੱਚਿਆਂ ਨੂੰ ਸੰਬੋਧਨ ਕਰਦੇ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਰਾਜ ਦੇ ਲੋਕਾਂ ਦੀ ਤਰੱਕੀ ਲਈ ਲਗਾਤਾਰ ਕੰਮ ਕਰ ਰਹੀ ਹੈ।ਸਿੱਖਿਆ ਅਤੇ ਸਿਹਤ ਵੱਲ ਉਚੇਚਾ ਧਿਆਨ ਦਿੱਤਾ ਜਾ ਰਿਹਾ ਹੈ ਕਿਉਂਕਿ ਸ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਇਹ ਸੋਚ ਹੈ ਕਿ ਜੇਕਰ ਪਰਿਵਾਰ ਦੇ ਮੈਂਬਰ ਬੱਚੇ ਪੜ੍ਹ ਜਾਂਦੇ ਹਨ ਤਾਂ ਉਸ ਪਰਿਵਾਰ ਨੂੰ ਕੋਈ ਤਰੱਕੀ ਕਰਨ ਤੋਂ ਰੋਕ ਨਹੀਂ ਸਕਦਾ।ਉਨ੍ਹਾਂ ਕਿਹਾ ਕਿ ਦੁਨੀਆਂ ਦੇ ਇਤਿਹਾਸ ਵਿੱਚ ਉਨ੍ਹਾਂ ਦੇਸ਼ਾਂ ਜਾਂ ਕੌਮਾਂ ਨੇ ਹੀ ਤਰੱਕੀ ਕੀਤੀ ਹੈ ਜੋ ਪੜ੍ਹ ਲਿਖ ਗਈਆਂ ਹਨ।ਇਸ ਲਈ ਸਾਡਾ ਧਿਆਨ ਪੰਜਾਬ ਦੇ ਸਕੂਲਾਂ ਦੀ ਸਿੱਖਿਆ ਉਤੇ ਹੈ ਅਤੇ ਸਰਕਾਰ ਨੇ ਸਕੂਲਾਂ ਨੂੰ ਲੱਖਾਂ ਨਹੀਂ ਕਰੋੜਾਂ ਵਿੱਚ ਗਰਾਂਟਾਂ ਦਿੱਤੀਆਂ ਹਨ। ਉਹਨਾਂ ਸਕੂਲ ਕਮੇਟੀਆਂ ਅਤੇ ਪਿੰਡ ਦੀਆਂ ਪੰਚਾਇਤਾਂ ਨੂੰ ਵੀ ਵਧਾਈ ਦਿੱਤੀ ਜਿਨ੍ਹਾਂ ਨੇ ਇਸ ਪੈਸੇ ਦੀ ਸੁਚੱਜੀ ਵਰਤੋਂ ਕਰਦੇ ਹੋਏ ਬੱਚਿਆਂ ਲਈ ਸਕੂਲਾਂ ਵਿੱਚ ਵਧੀਆ ਸਹੂਲਤਾਂ ਵਿਕਸਿਤ ਕੀਤੀਆਂ ਹਨ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਾਲਾਂ ਵਿੱਚ ਵੀ ਸਕੂਲਾਂ ਵੱਲ ਸਰਕਾਰ ਵੱਲੋਂ ਵਿਸ਼ੇਸ਼ ਧਿਆਨ ਅਤੇ ਫੰਡ ਦਿੱਤੇ ਜਾਣਗੇ।ਉਨ੍ਹਾਂ ਕਿਹਾ ਕਿ ਪੰਜਾਬ ਦੇ ਇਹ ਸਰਕਾਰੀ ਸਕੂਲ ਜਿਨਾਂ ਦੇ ਬੱਚੇ ਪਹਿਲਾਂ ਮਸਾਂ ਦਸਵੀਂ, ਬਾਰਵੀਂ ਦੀਆਂ ਪ੍ਰੀਖਿਆਵਾਂ ਪਾਸ ਕਰਦੇ ਸਨ ਵੱਲੋਂ ਹੁਣ ਮੁਕਾਬਲੇ ਦੀਆਂ ਪ੍ਰੀਖਿਆਵਾਂ ਵੀ ਪਾਸ ਕੀਤੀਆਂ ਜਾ ਰਹੀਆਂ ਹਨ, ਜੋ ਕਿ ਬੜੇ ਫਖਰ ਦੀ ਗੱਲ ਹੈ।ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਾਉਣ ਅਤੇ ਮੁਫ਼ਤ ਵਧੀਆ ਸਹੂਲਤਾਂ ਦਾ ਲਾਹਾ ਲੈਣ।

# ਸ਼੍ਰੀ ਠਾਕੁਰ ਦੁਆਰਾ ਮਦਨ ਮੋਹਨ ਮੰਦਰ 'ਚ ਪੰਜ ਰੋਜ਼ਾ ਭਗਵਾਨ ਸ਼ਿਵ ਕਥਾ ਆਰੰਭ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਦਿਵਯ ਜਯੋਤੀ ਜਾਗਰਤੀ ਸੰਸਥਾਨ ਤਰਨ ਤਾਰਨ ਦੁਆਰਾ ਸ਼੍ਰੀ ਠਾਕੁਰ ਦੁਆਰਾ ਮਦਨ ਮੋਹਨ ਮੰਦਰ ਵਿੱਚ ਪੰਜ ਰੋਜ਼ਾ ਭਗਵਾਨ ਸ਼ਿਵ ਕਥਾ ਦਾ ਆਯੋਜਨ ਕੀਤਾ ਗਿਆ।ਸ਼ਿਵ ਕਥਾ ਦੇ ਪਹਿਲੇ ਦਿਨ ਕਥਾ ਦੀ ਸ਼ੁਰੂਆਤ ਦਿਵਯ ਗੁਰੂ ਸ਼੍ਰੀ ਆਸ਼ੁਤੋਸ਼ ਮਹਾਰਾਜ ਜੀ ਦੀ ਸ਼ਿਸ਼ਯਾ ਸਾਧਵੀ ਗਰਿਮਾ ਭਾਰਤੀ ਨੇ ਕੀਤੀ।ਉਨ੍ਹਾਂ ਸ਼ਿਵ ਮਹਾਪੁਰਾਣ ਦੀ ਕਥਾ ਸੁਣਾਉਂਦੇ ਹੋਏ ਕਿਹਾ ਕਿ ਸ਼ਵ ਤੱਤਵ ਤੋਂ ਉਪਰ ਉਠ ਕੇ ਸ਼ਿਵ ਤੱਤ ਨੂੰ ਸਮਝਣ ਦਾ ਸੰਦੇਸ਼ ਦਿੱਤਾ। ਭਗਤਾਂ ਦੀਆਂ ਜੀਵਨ ਗਾਥਾ ਸਾਨੂੰ ਸ਼ਿਵ ਦੀ ਭਗਤੀ ਨਾਲ ਆਪਣਾ ਜੀਵਨ ਸਫਲ ਬਣਾਉਣ ਲਈ ਪ੍ਰੇਰਿਤ ਕਰਦੀਆਂ ਹਨ।ਸਾਧਵੀ ਨੇ ਦੱਸਿਆ ਕਿ ਜਦੋਂ ਵੀ ਮਨੁੱਖੀ ਸਮਾਜ ਸੱਚ, ਨਿਆਂ ਅਤੇ ਧਰਮ ਦੀ ਪਰਿਭਾਸ਼ਾ ਨੂੰ ਭੁੱਲ ਕੇ ਅਧਰਮ, ਪਖੰਡ ਅਤੇ ਪਾਪ ਦੇ ਰਾਹ ਤੁਰ ਪੈਂਦਾ ਹੈ ਤਾਂ ਸ਼ਿਵ ਰੂਪੀ ਸੱਤਾ ਆਪ ਸੰਤ ਦੇ ਰੂਪ ਵਿੱਚ ਅਵਤਾਰ ਧਾਰਣ ਕਰਕੇ ਮਨੁੱਖ ਨੂੰ ਧਰਮ ਦੇ ਅਸਲ ਸਰੂਪ ਤੋਂ ਜਾਣੂ ਕਰਵਾਉਂਦੀ ਹੈ।ਅੱਜ ਮਨੁੱਖ ਮਾੜੇ ਕਰਮ ਕਰ ਕੇ ਵੀ ਆਪਣੇ ਆਪ ਨੂੰ ਧਾਰਮਿਕ ਅਖਵਾਉਂਦਾ ਹੈ ਕਿਉਂਕਿ ਉਹ ਧਰਮ ਸ਼ਬਦ ਤੋਂ ਜਾਣੂ ਹੈ ਪਰ ਇਸ ਦੇ ਅਰਥ ਤੋਂ ਅਣਜਾਣ ਹੈ।ਸਮਾਜ ਵਿੱਚ ਫੈਲੀ ਅਨੈਤਿਕਤਾ, ਅਸ਼ਾਂਤੀ, ਅਨੁਸ਼ਾਸਨਹੀਣਤਾ ਅਤੇ ਭ੍ਰਿਸ਼ਟਾਚਾਰ ਦਾ ਮੂਲ ਕਾਰਨ ਸਾਡੀ ਧਰਮ ਪ੍ਰਤੀ ਅਗਿਆਨਤਾ ਹੀ ਹੈ।ਅਸਲ ਵਿੱਚ ਧਰਮ ਹੀ ਉਹ ਚੀਜ਼ ਹੈ ਜੋ ਮਨੁੱਖ ਨੂੰ ਮਨੁੱਖ ਨਾਲ ਜੋੜਦੀ ਹੈ।ਧਰਮ ਮਨੁੱਖਤਾ ਨੂੰ ਪਿਆਰ ਦੇ ਧਾਗੇ ਵਿੱਚ ਬੰਨ੍ਹਦਾ ਹੈ।ਜਿਹੜਾ ਧਰਮ ਮਨੁੱਖੀ ਖੂਨ ਦਾ ਪਿਆਸਾ ਹੋਵੇ, ਉਹ ਧਰਮ ਕਿਵੇਂ ਹੋ ਸਕਦਾ ਹੈ? ਜਿਸ ਨੂੰ ਅਸੀਂ ਧਰਮ ਵਜੋਂ ਸਵੀਕਾਰ ਕੀਤਾ ਹੈ ਉਹ ਧਰਮ ਨਹੀਂ ਸਗੋਂ ਇੱਕ ਸੰਪਰਦਾਇਕਤਾ ਹੈ।ਜੇਕਰ ਅਸੀਂ ਸਾਰੇ ਸਮਾਜ ਵਿੱਚ ਸ਼ਾਂਤੀ ਅਤੇ ਏਕਤਾ ਕਾਇਮ ਕਰਕੇ ਆਜ਼ਾਦ ਮਾਹੌਲ ਵਿੱਚ ਸਾਹ ਲੈਣਾ ਚਾਹੁੰਦੇ ਹਾਂ ਤਾਂ ਸਾਨੂੰ ਧਰਮ ਦੀ ਅਸਲ ਪ੍ਰਕਿਰਿਆ ਵਿੱਚੋਂ ਲੰਘਣਾ ਪਵੇਗਾ।ਸਾਡੇ ਸਾਰੇ ਧਾਰਮਿਕ ਗ੍ਰੰਥਾਂ ਅਨੁਸਾਰ ਕੇਵਲ ਇੱਕ ਹੀ ਧਰਮ ਹੈ ਜੋ ਪ੍ਰਾਚੀਨ ਕਾਲ ਤੋਂ ਪ੍ਰਚਲਿਤ ਹੈ। ਉਹ ਕਿਤੇ ਬਾਹਰ ਨਹੀਂ ਸਗੋਂ ਸਾਡੇ ਅੰਦਰ ਹੈ।ਪਰਮਾਤਮਾ ਨੂੰ ਆਪਣੇ ਅੰਦਰ ਵੇਖਣਾ ਹੀ ਅਸਲ ਧਰਮ ਹੈ। ਇਸ ਤੋਂ ਇਲਾਵਾ ਧਰਮ ਦੀ ਕੋਈ ਹੋਰ ਪਰਿਭਾਸ਼ਾ ਨਹੀਂ ਹੈ।ਕਥਾ ਵਿੱਚ ਸਾਧਵੀ ਪਰਮਜੀਤ ਭਾਰਤੀ, ਸੁਆਮੀ ਰਣਜੀਤਾ ਨੰਦ, ਨਰੇਸ਼ ਕੁਮਾਰ, ਪ੍ਰਦੀਪ ਗਰਵਾਲ, ਪੰਡਿਤ ਮਹਾਵੀਰ, ਵਿਜੇ ਸ਼ਰਮਾ, ਰਾਜੇਸ਼ ਸ਼ਰਮਾ, ਅਰੁਣ ਗਰਗ, ਸ੍ਰੀ ਰਾਕੇਸ਼ ਅਗਰਵਾਲ, ਮਾਸਟਰ ਸ਼ਕਤੀ ਸ਼ਰਮਾ, ਅਨੀਤਾ ਵਰਮਾ, ਅਸ਼ੋਕ ਅਗਰਵਾਲ ਨੇ ਪਹੁੰਚ ਕੇ ਪ੍ਰਭੂ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਕਥਾ ਦੌਰਾਨ ਸੰਗਤ ਦੇ ਲਈ ਲੰਗਰ ਦਾ ਪ੍ਰਬੰਧ ਕੀਤਾ ਗਿਆ।

# ਪ੍ਰਧਾਨ ਅਸ਼ੋਕ ਗਾਂਧੀ ਨੂੰ ਸ਼ਰਧਾ ਦੇ ਫੁੱਲ ਭੇਟ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਬੀਤੇ ਦਿਨੀਂ ਸਾਬਕਾ ਨਗਰ ਕੌਂਸਲ ਪ੍ਰਧਾਨ ਅਸ਼ੋਕ ਪਾਂਧੀ ਦਾ ਦਿਹਾਂਤ ਹੋ ਗਿਆ ਸੀ ਜਿਨ੍ਹਾਂ ਦੀ ਰਸਮ ਕਿਰਿਆ ਤਜਿੰਦਰ ਰਿਜ਼ੋਰਟ ਵਿੱਚ ਸੰਪੰਨ ਹੋਈ। ਵੱਡੀ ਗਿਣਤੀ ਵਿੱਚ ਲੋਕਾਂ ਨੇ ਪਹੁੰਚ ਕੇ ਅਸ਼ੋਕ ਪਾਂਧੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਐਡਵੋਕੇਟ ਨਵਤੇਜ ਸਿੰਘ ਰੰਧਾਵਾ ਨੇ ਉਨਾਂ ਦੀਆਂ ਪ੍ਰਾਪਤੀਆਂ ਬਾਰੇ ਖੁੱਲ ਕੇ ਜ਼ਿਕਰ ਕੀਤਾ ਕਿ ਉਨ੍ਹਾਂ ਸ਼ਹਿਰ ਨੂੰ ਬੁਲੰਦੀਆਂ ਤੇ ਪਹੁੰਚਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ। ਰਹਿੰਦੀ ਦੁਨੀਆ ਤੱਕ ਉਨ੍ਹਾਂ ਦਾ ਨਾਮ ਬੜੇ ਸਨਮਾਨ ਨਾਲ ਲਿਆ ਜਾਵੇਗਾ। ਉਨ੍ਹਾਂ ਦੁਆਰਾ ਕੀਤੇ ਕਾਰਜਾਂ ਨੂੰ ਯਾਦ ਕੀਤਾ ਜਾਵੇਗਾ। ਅੰਤ ਵਿੱਚ ਸਰਦਾਰ ਰੰਧਾਵਾ ਵੱਲੋਂ ਧਾਰਮਿਕ ਅਤੇ ਰਾਜਨੀਤਿਕ ਲੋਕਾਂ ਵੱਲੋਂ ਭੇਜੇ ਗਏ ਸ਼ੋਕ ਸੰਦੇਸ਼ ਵੀ ਪੜ੍ਹ ਕੇ ਸੁਣਾਏ ਗਏ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਰਹੇ।

# ਈ ਟੀ ਓ ਵੱਲੋਂ 92 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ ਸੜਕਾਂ ਦੇ ਕੰਮ ਦਾ ਉਦਘਾਟਨ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਮੁੱਢਲੀਆਂ ਸਹੂਲਤਾਂ ਪ੍ਰਦਾਨ ਕਰਨ ਲਈ ਵੱਚਨਬੱਧ ਹੈ ਅਤੇ ਕਿਸੇ ਵੀ ਸੂਬੇ ਦੀ ਤਰੱਕੀ ਸੜਕਾਂ ਦੇ ਜਾਲ ਤੋਂ ਪਤਾ ਲੱਗਦੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਜੰਡਿਆਲਾ ਗੁਰੂ ਹਲਕੇ ਅਧੀਨ ਪੈਂਦੀਆਂ ਵੱਖ-ਵੱਖ ਸੜਕਾਂ ਦਾ ਉਦਘਾਟਨ ਕਰਨ ਸਮੇਂ ਕੀਤਾ।ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਸਪੈਸ਼ਨ ਅਸੈਸਮੈਂਟ ਸਕੀਮ ਅਧੀਨ ਇੰਨ੍ਹਾ ਸੜਕਾ ਦਾ ਨਿਰਮਾਣ ਕੀਤਾ ਜਾਵੇਗਾ। ਉਨਾਂ ਦੱਸਿਆ ਕਿ ਇਨ੍ਹਾਂ ਸੜਕਾਂ ਉਪਰ 91 ਲੱਖ 70 ਹਜ਼ਾਰ ਰੁਪਏ ਖ਼ਰਚ ਆਉਣਗੇ।ਉਨ੍ਹਾਂ ਦੱਸਿਆ ਕਿ ਜੰਡਿਆਲਾ ਗੁਰੂ ਦੇ ਹਲਕੇ ਨੂੰ ਸ਼ਹਿਰਾਂ ਵਰਗੀਆਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।ਉਨ੍ਹਾਂ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜੰਡਿਆਲਾ ਗੁਰੂ ਹਲਕੇ ਅਧੀਨ ਪੈਂਦੇ ਪਿੰਡ ਅਮਰਕੋਟ ਦੇ ਅਧੀਨ ਪੈਂਦੀ ਸੜਕ ਰੱਖ ਦੇਵੀਦਾਸਪੁਰਾ ਜਿਸਦੀ ਲੰਬਾਈ 0.700 ਕਿਲੋਮੀਟਰ ਹੈ, ਦੀ 34.37 ਲੱਖ ਰੁਪਏ ਨਾਲ ਨਵ ਉਸਾਰੀ ਅਤੇ ਪਿੰਡ ਨੰਗਲ ਦਿਆਲ ਵਿਖੇ ਨਵੀਂ ਫਿਰਨੀ ਪਿੰਡ ਨੰਗਲ ਦਿਆਲ ਤੋ ਵੱਖ-ਵੱਖ ਡੇਰੇ ਤੱਕ ਜਾਂਦੀਆਂ ਸੜਕਾਂ ਦੀ ਉਸਾਰੀ ਕੀਤੀ ਜਾਵੇਗੀ ਜਿਸ ਤੇ 57.33 ਲੱਖ ਰੁਪਏ ਖ਼ਰਚ ਆਉਣਗੇ।ਉਨ੍ਹਾਂ ਦੱਸਿਆ ਕਿ ਸਾਰੇ ਕੰਮ ਸਬੰਧਤ ਠੇਕੇਦਾਰਾਂ ਨੂੰ ਅਲਾਟ ਹੋ ਚੁੱਕੇ ਹਨ ਅਤੇ ਇੰਨ੍ਹਾਂ ਸਾਰੇ ਕੰਮਾਂ ਦੀ ਮਿਆਦ 6 ਮਹੀਨੇ ਦੀ ਹੋਵੇਗੀ।ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਕੰਮਾਂ ਵਿਚ ਕੋਈ ਕੁਤਾਹੀ ਬਰਦਾਸ਼ਤ ਨਹੀ ਕੀਤੀ ਜਾਵੇਗੀ ਅਤੇ ਸਾਰੇ ਕੰਮ ਗੁਣਵਤਾ ਭਰਪੂਰ ਹੋਣੇ ਚਾਹੀਦੇ ਹਨ।ਉਨ੍ਹਾਂ ਸਪਸ਼ਟ ਸ਼ਬਦਾਂ ਵਿਚ ਕਿਹਾ ਕਿ ਸਾਰੇ ਵਿਕਾਸ ਕਾਰਜ ਮਿਥੇ ਸਮੇ ਦੇ ਅੰਦਰ ਅੰਦਰ ਮੁਕੰਮਲ ਕੀਤੇ ਜਾਣ ਅਤੇ ਵਿਕਾਸ ਕਾਰਜਾਂ ਸਮੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਾ ਆਉਣ ਦਿੱਤੀ ਜਾਵੇ।

ਇਸ ਮੌਕੇ ਚੇਅਰਮੈਨ ਸੂਬੇਦਾਰ ਛਨਾਖ ਸਿੰਘ, ਸਤਿੰਦਰ ਸਿੰਘ, ਰੋਬਿਨ ਸਿੰਘ, ਸ਼ਮਸ਼ੇਰ ਸਿੰਘ, ਸਰਪੰਚ ਪਿੰਡ ਨੰਗਲ ਦਿਆਲ ਸਿੰਘ ਪਵਨਦੀਪ ਕੌਰ, ਸਰਪੰਚ ਪਿੰਡ ਜੰਡ ਹਰਪ੍ਰੀਤ ਸਿੰਘ, ਸਰਪੰਚ ਪਿੰਡ ਜੰਡ ਹਰਪ੍ਰੀਤ ਸਿੰਘ, ਤਰਸੇਮ ਸਿੰਘ ਸਾਬਕਾ ਸਰਪੰਚ, ਮਨਿੰਦਰ ਸਿੰਘ ਸਾਬਾ, ਹਰਜਿੰਦਰ ਸਿੰਘ, ਗੁਰਦੀਪ ਸਿੰਘ, ਕੇਵਲ ਸਿੰਘ, ਅਮਰੀਕ ਸਿੰਘ ਹਾਜ਼ਰ ਸਨ।

# ਪਹਿਲਗਾਮ 'ਚ ਮਨੁੱਖੀ ਜਾਨਾਂ ਜਾਣਾ ਅਤਿ ਨਿੰਦਣਯੋਗ; ਸੁਰੱਖਿਆ 'ਚ ਕੋਤਾਹੀ ਲਈ ਕੇਂਦਰ ਸਰਕਾਰ ਜ਼ਿੰਮੇਵਾਰ : ਅਮਰਜੀਤ ਸ਼ਾਸਤਰੀ

**ਤਰਨ ਤਾਰਨ/ ਗੁਰਦਾਸਪੁਰ/ ਬਰਨਾਲਾ (ਪ੍ਰਿਤਪਾਲ ਸਿੰਘ)**-ਕਸ਼ਮੀਰ ਵਾਦੀ ਦੇ ਕਸਬੇ ਪਹਿਲਗਾਮ ਵਿਚ 26 ਸੈਲਾਨੀਆਂ ਨੂੰ ਧਰਮ ਪੁੱਛ ਕੇ ਕਤਲ ਦੀ ਖੌਫਜ਼ਦਾ ਘਟਨਾ ਨੇ ਸਮੁੱਚੇ ਦੇਸ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਇਹ ਬਹੁਤ ਨਿੰਦਣਯੋਗ ਘਟਨਾ ਹੈ ਅਤੇ ਅਜਿਹੇ ਦਹਿਸ਼ਤ ਫੈਲਾਉਣ ਵਾਲੇ ਕਿਸੇ ਤਰ੍ਹਾਂ ਵੀ ਮੁਆਫ ਕਰਨ ਯੋਗ ਨਹੀਂ। ਪ੍ਰੈੱਸ ਦੇ ਨਾਮ ਬਿਆਨ ਜਾਰੀ ਕਰਦਿਆਂ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਪ੍ਰਧਾਨ ਪ੍ਰੋਫੈਸਰ ਜਗਮੋਹਣ ਸਿੰਘ ਜਰਨਲ ਸਕੱਤਰ ਪ੍ਰਿਤਪਾਲ ਸਿੰਘ ਪ੍ਰੈੱਸ ਸਕੱਤਰ ਅਮਰਜੀਤ ਸ਼ਾਸਤਰੀ ਨੇ ਕਿਹਾ ਕਿ ਕਸ਼ਮੀਰ ਲੰਮੇਂ ਸਮੇਂ ਤੋਂ ਇਕ ਖੌਫਜ਼ਦਾ ਮਾਹੌਲ 'ਚ ਰਹਿ ਰਿਹਾ ਹੈ।ਅਤੇ ਭਾਜਪਾ ਸਰਕਾਰ ਨੇ ਧਾਰਾ 370 ਖਤਮ ਕਰਕੇ ਜੰਮੂ ਕਸਮੀਰ ਰਾਜ ਨੂੰ ਤਿੰਨ ਹਿੱਸਿਆਂ ਚ ਵੰਡ ਕੇ ਸਿੱਧਾ ਕੇਂਦਰੀ ਸ਼ਾਸਿਤ ਪ੍ਰਦੇਸ ਰਾਹੀਂ ਆਪਣੇ ਕਬਜ਼ੇ ਵਿੱਚ ਲੈ ਲਿਆ ਸੀ ਤੇ ਦਾਅਵਾ ਕੀਤਾ ਸੀ ਕਿ ਜੋ ਦਹਿਸ਼ਤਗਰਦੀ ਸਰਹੱਦੋਂ ਪਾਰ ਤੋਂ ਆਯੋਜਿਤ ਹੋ ਰਹੀ ਸੀ ਤੇ ਜਿਸ ਨੂੰ ਪਿਛਲੀਆਂ ਸਰਕਾਰਾਂ ਰੋਕਣ ਤੋਂ ਅਸਮਰਥ ਸਨ ਨੂੰ ਹੁਣ ਖਤਮ ਕਰ ਦਿੱਤਾ ਜਾਵੇਗਾ।

ਜੰਮੂ-ਕਸ਼ਮੀਰ ਰਾਜ ਦੇ ਲੋਕਾਂ ਨੂੰ ਇਸ ਪਿੱਛੋਂ ਭਿਆਨਕ ਜਬਰ ਦਾ ਸਾਹਮਣਾ ਕਰਨਾ ਪਿਆ। ਚਾਰ ਸਾਲ ਪਿੱਛੋਂ ਕੇਂਦਰੀ ਹਕੂਮਤ ਦੇ ਨਾ ਚਾਹੁੰਦਿਆਂ ਹੋਇਆਂ ਵੀ ਸੁਪਰੀਮ ਕੋਰਟ ਦੇ ਆਦੇਸ਼ ਨਾਲ ਰਾਜ ਵਿਚ ਚੋਣਾਂ ਹੋਈਆਂ ਪਰ ਭਾਜਪਾ ਕੇਂਦਰੀ ਹਕੂਮਤ ਨੂੰ ਪੂਰੀ ਤਸੱਲੀ ਨਹੀਂ ਹੋਈ ਹਾਲਾਂ ਕਿ ਕਸ਼ਮੀਰੀ ਲੋਕਾਂ ਦੀ ਆਰਥਿਕ ਹਾਲਤ ਜੋ ਰਾਸ਼ਟਰਪਤੀ ਰਾਜ ਦੌਰਾਨ ਜਰਜਰ ਹੋ ਚੁੱਕੀ ਸੀ 'ਚ ਬਹੁਤਾ ਫਰਕ ਨਹੀਂ ਪਿਆ। ਕੇਂਦਰ ਸਰਕਾਰ ਅਧੀਨ ਹੀ ਪੁਲਸ ਤੇ ਸੁਰੱਖਿਆ ਦਾ ਪਰਬੰਧ ਹੈ। ਨਵੀਂ ਕਸ਼ਮੀਰ ਦੀ ਵਿਧਾਨ ਸਭਾ ਦੇ ਅਧਿਕਾਰਾਂ ਉੱਤੇ ਕੈਂਚੀ ਚਲਾਈ ਗਈ ਹੈ। ਕਈ ਸਾਲਾਂ ਪਿੱਛੋਂ ਕਸ਼ਮੀਰ 'ਚ ਸੈਲਾਨੀਆਂ ਦੀ ਚਹਿਲ ਪਹਿਲ ਸ਼ੁਰੂ ਹੋਈ ਸੀ,ਜੋ ਕਿ ਕਸ਼ਮੀਰੀ ਲੋਕਾਂ ਲਈ ਇਹ ਰੁਜਗਾਰ ਦਾ ਸਾਧਨ ਬਣਦੇ ਹਨ। ਤੇ ਹੁਣ ਸੈਲਾਨੀਆਂ ਉੱਤੇ ਇਹ ਹਮਲਾ ਕਸ਼ਮੀਰ ਨੂੰ ਪਿਆਰ ਕਰਨ ਵਾਲੀਆਂ ਤਾਕਤਾਂ ਵਲੋਂ ਨਹੀਂ ਕਸ਼ਮੀਰ ਦੋਖੀ ਤਾਕਤਾਂ ਵੱਲੋਂ ਕੀਤਾ ਗਿਆ ਹੈ। ਇਹੀ ਕਾਰਨ ਕਿ ਕਸ਼ਮੀਰੀ ਲੋਕਾਂ ਨੇ ਇਸ ਦਾ ਡਟਵਾਂ ਵਿਰੋਧ ਕੀਤਾ ਹੈ ਤੇ ਕਰ ਰਹੇ ਹਨ। ਦੂਸਰੇ ਪਾਸੇ ਜੋ ਸੁਆਲ ਸਾਹਮਣੇ ਆਇਆ ਹੈ ਕਿ ਜਿਸ ਕਸ਼ਮੀਰ ਵਿਚ ਲੱਖਾਂ ਦੀ ਤਦਾਦ ਵਿੱਚ ਫੌਜੀ ਤੇ ਨੀਮ ਫੌਜੀ ਦਸਤੇ ਸੁਰੱਖਿਆ ਦੇ ਨਾਮ ਹੇਠ ਸਾਲਾਂ ਤਾਇਨਾਤ ਕੀਤੇ ਗਏ ਹਨ ਉਸ ਕਸ਼ਮੀਰ ਦੇ ਪਹਿਲਗਾਮ ਤੇ ਘੁੰਮਣ ਫਿਰਨ ਵਾਲੇ ਖੇਤਰਾਂ ਵਿਚੋਂ ਇਹ ਸੁਰੱਖਿਆ ਦਸਤੇ ਕਿਉਂ ਹਟਾਏ ਗਏ ਅਤੇ ਕਿਸ ਦੇ ਆਦੇਸ ਨਾਲ ਹਟਾਏ ਗਏ ਜਦੋਂ ਕਿ ਇਹ ਸਿੱਧਾ ਕੇਂਦਰੀ ਗ੍ਰਹਿ ਵਿਭਾਗ ਦੇ ਅਧੀਨ ਸਨ ਜੋ ਗ੍ਰਹਿ ਮੰਤਰੀ ਅਮਿਤ ਸ਼ਾਹ ਕੋਲ ਹੈ। ਉਧਰ ਅਮਰੀਕਨ ਉਪ ਰਾਸ਼ਟਰਪਤੀ ਦੀ ਭਾਰਤ ਫੇਰੀ, ਇਧਰ ਪਹਿਲਗਾਮ ਦੀ ਦਹਿਸ਼ਤਜਦਾ ਘਟਨਾ ਬਿਲਕੁਲ ਉਵੇਂ ਹੀ ਜਿਵੇਂ 2020 ਵਿੱਚ ਅਮਰੀਕਨ ਆਗੂਆਂ ਦੀ ਭਾਰਤ ਫੇਰੀ ਸਮੇਂ ਚਿੱਟੀ ਸਿੰਘਪੁਰਾ ਵਿੱਚ ਵਾਪਰਿਆ ਸੀ। ਜਦੋਂ ਸਾਰੇ ਪਾਸਿਓਂ ਇਹ ਸੁਆਲ ਉੱਠ ਰਹੇ ਹਨ ਕਿ ਸੈਲਾਨੀਆਂ ਦੀ ਸੁਰੱਖਿਆ ਲਈ ਕੇਂਦਰੀ ਸਰਕਾਰ ਨੇ ਜ਼ੁੰਮੇਵਾਰੀ ਕਿਉਂ ਨਹੀਂ ਸੰਭਾਲੀ ਅਤੇ ਦਹਿਸ਼ਤਗਰਦਾਂ ਲਈ ਆਉਣਾ ਅਤੇ ਫਿਰ ਭਿਆਨਕ ਕਾਂਡ ਕਰਕੇ ਸੁਰੱਖਿਅਤ ਨਿਕਲ ਜਾਣਾ। ਇਹ ਚਿੰਤਾ ਦਾ ਵਿਸ਼ਾ ਹੈ। ਜਮਹੂਰੀ ਅਧਿਕਾਰ ਸਭਾ ਪੰਜਾਬ ਮੰਗ ਕਰਦੀ ਹੈ ਕਿ ਇਹ ਕਾਂਡ ਦੀ ਜਾਂਚ ਕਿਸੇ ਸੁਪਰੀਮ ਕੋਰਟ ਦੇ ਜੱਜ ਤੋਂ ਹੋਣੀ ਚਾਹੀਦੀ ਹੈ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਤੁਰੰਤ ਅਸਤੀਫਾ ਦੇਣਾ ਬਣਦਾ ਹੈ ਤਾਂ ਕਿ ਦਹਿਸ਼ਤਗਰਦੀ ਦੇ ਪਿੱਛੇ ਕੰਮ ਕਰਦੇ ਹੱਥਾਂ ਦੀ ਪਹਿਚਾਣ ਹੋ ਸਕੇ।

# ਸ਼ੈਰੀ ਕਲਸੀ ਵੱਲੋਂ ਪਹਿਲਗਾਮ 'ਚ ਹੋਏ ਅੱਤਵਾਦੀ ਹਮਲੇ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ



ਬਟਾਲਾ (ਡਾ. ਮਲਵਿੰਦਰ ਸਿੰਘ)-ਸ੍ਰੀਨਗਰ ਦੇ ਪਹਿਲਗਾਮ ਵਿਚ ਹੋਏ ਅੱਤਵਾਦੀ ਹਮਲੇ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਬਟਾਲਾ ਦੇ ਵਿਧਾਇਕ ਅਤੇ ਕਾਰਜਕਾਰੀ ਪ੍ਰਧਾਨ, ਆਪ ਪੰਜਾਬ, ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਇਹ ਹਮਲਾ ਬਹੁਤ ਹੀ ਕਾਇਰਤਾ ਪੂਰਨ ਹੈ।ਅੱਤਵਾਦੀਆਂ ਨੇ ਮਾਸੂਮ ਅਤੇ ਬੇਦੋਸ਼ੇ ਲੋਕਾਂ ਦੀ ਜਿਸ ਬੇਰਹਿਮੀ ਨਾਲ ਹੱਤਿਆ ਕੀਤੀ ਹੈ, ਉਸ ਦੀ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਸਖਤ ਸ਼ਬਦਾਂ ਵਿਚ ਅਲੋਚਨਾ ਕਰਦੀ ਹੈ।ਕਾਰਜਕਾਰੀ ਪ੍ਰਧਾਨ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਕੇਂਦਰ ਅਤੇ ਜੰਮੂ-ਕਸ਼ਮੀਰ ਦੀ ਸਰਕਾਰ ਬੇਦੋਸ਼ੇ ਲੋਕਾਂ ਦੀ ਹੱਤਿਆ ਕਰਨ ਵਾਲੇ ਅੱਤਵਾਦੀਆਂ ਵਿਰੁੱਧ ਸਖਤ ਕਾਰਵਾਈ ਕਰੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਦੀ ਹਮਲੇ ਵਿਚ ਮਾਰੇ ਗਏ ਪੀੜਤ ਪਰਿਵਾਰਾਂ ਨਾਲ ਪੂਰੀ ਹਮਦਰਦੀ ਹੈ।ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਹਰ ਸਾਲ ਲੱਖਾਂ ਹੀ ਸੈਲਾਨੀ ਸ੍ਰੀਨਗਰ ਘੁੰਮਣ ਜਾਂਦੇ ਹਨ ਕੱਲ ਹੋਈ ਘਟਨਾ ਨੇ ਜਿੱਥੇ ਦੇਸ਼ ਦੇ ਹਰ ਨਾਗਰਿਕ ਨੂੰ ਚਿੰਤਾ ਵਿਚ ਪਾਇਆ ਹੈ।ਉਥੇ ਹੀ ਸ੍ਰੀਨਗਰ ਇਕ ਵਾਰ ਫਿਰ ਲਹੂ ਲੁਹਾਣ ਹੋਇਆ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਇਸ ਹਮਲੇ ਦਾ ਮੂੰਹ ਤੋੜਵਾਂ ਜਵਾਬ ਦੇਵੇ ਅਤੇ ਇਸ ਹਮਲੇ ਦੀ ਸਾਜ਼ਿਸ਼ ਰਚਣ ਵਾਲੇ ਲੋਕਾਂ ਨੂੰ ਬੇਨਕਾਬ ਕੀਤਾ ਜਾਵੇ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੇਰੀ ਪੀੜਤ ਪਰਿਵਾਰਾਂ ਨਾਲ ਪੂਰੀ ਹਮਦਰਦੀ ਹੈ ਅਤੇ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹਾਂ ਕਿ ਹਮਲੇ ਦਾ ਸ਼ਿਕਾਰ ਹੋਈਆਂ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ।ਵਿਧਾਇਕ ਸ਼ੈਰੀ ਕਲਸੀ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਅੱਤਵਾਦੀ ਹਮਲੇ ਵਿਚ ਮਾਰੇ ਗਏ ਵਿਅਕਤੀਆਂ ਅਤੇ ਪੀੜਤ ਪਰਿਵਾਰਾਂ ਨੂੰ ਢੁਕਵਾਂ ਮੁਆਵਜ਼ਾ ਦਿੱਤਾ ਜਾਵੇ ਅਤੇ ਜ਼ਖਮੀ ਹੋਏ ਵਿਅਕਤੀਆਂ ਦਾ ਵੀ ਜਿੱਥੇ ਵਧੀਆ ਢੰਗ ਨਾਲ ਇਲਾਜ ਹੋਵੇ ਉਥੇ ਉਹਨਾਂ ਨੂੰ ਵੀ ਮੁਆਵਜ਼ਾ ਦਿੱਤਾ ਜਾਵੇ।

# ਕਿਸਾਨਾਂ ਤੇ ਮਜ਼ਦੂਰਾਂ ਮੁੱਖ ਮੰਤਰੀ ਦੇ ਨਾਂਅ ਡਿਪਟੀ ਕਮਿਸ਼ਨਰ ਨੂੰ ਦਿੱਤਾ ਮੰਗ ਪੱਤਰ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੰਯੁਕਤ ਕਿਸਾਨ ਮੋਰਚੇ ਦੇ ਸੂਬਾਈ ਸੱਦੇ ਤੇ ਅੱਜ ਇਥੇ ਸੈਂਕੜੇ ਕਿਸਾਨਾਂ ਤੇ ਮਜ਼ਦੂਰਾਂ ਨੇ ਮੁੱਖ ਮੰਤਰੀ ਦੇ ਨਾਮ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਰਾਹੀਂ ਮੰਗ ਪੱਤਰ ਦਿੱਤਾ ਜਿਸ ਵਿੱਚ ਮੰਗ ਕੀਤੀ ਗਈ ਕਿ ਪੰਜਾਬ ਭਰ ਵਿੱਚ ਅਣਗਿਣਤ ਥਾਵਾਂ ਤੇ ਖਲੋਤੀ ਕਣਕ ਨੂੰ ਬਿਜਲੀ ਦੀਆਂ ਢਿੱਲੀਆਂ ਤਾਰਾਂ, ਮਸ਼ੀਨਰੀਆਂ ਦੇ ਚੰਗਿਆੜਿਆਂ ਅਤੇ ਹੋਰ ਸ਼ਰਾਰਤੀ ਅਨਸਰਾਂ ਵੱਲੋਂ ਕਣਕ ਦੇ ਨਾੜ ਨੂੰ ਅੱਗ ਲਗਾਉਣ ਨਾਲ ਅਨੇਕਾਂ ਘਟਨਾਵਾਂ ਵਾਪਰੀਆਂ ਜਿੱਥੇ ਕਣਕ ਸੜਨ ਤੋਂ ਇਲਾਵਾ ਬਹੁਤ ਥਾਵਾਂ ਤੇ ਜਾਨੀ ਤੇ ਮਾਲੀ ਨੁਕਸਾਨ ਵੀ ਹੋਇਆ ਇਸ ਦੇ ਨਾਲ ਹੀ ਬੇਮੌਸਮੀ ਬਾਰਸ਼ਾਂ, ਹਨ੍ਹੇਰੀ ਅਤੇ ਗੜੇਮਾਰੀ ਨੇ ਵੀ ਕਿਸਾਨਾਂ ਮਜ਼ਦੂਰਾਂ ਦਾ ਡਾਢਾ ਨੁਕਸਾਨ ਕੀਤਾ! ਸੰਯੁਕਤ ਕਿਸਾਨ ਮੋਰਚਾ ਮੰਗ ਕਰਦਾ ਹੈ ਕਿ ਅਜਿਹੀ ਕਰੋਪੀ ਦੇ ਹੋਏ ਜਾਨੀ ਤੇ ਮਾਲੀ ਨੁਕਸਾਨ ਦਾ ਪੂਰਾ -ਪੂਰਾ ਮੁਆਵਜ਼ਾ ਦਿੱਤਾ ਜਾਵੇ ਕਿਸਾਨ ਮੋਰਚਾ ਪੁਰਜ਼ੋਰ ਮੰਗ ਕਰਦਾ ਹੈ ਕਿ ਫਸਲਾਂ ਦੀ ਸਪੈਸ਼ਲ ਗਿਰਦਾਵਰੀ ਕਰਵਾ ਕੇ ਤੇ ਹੋਰ ਹੋਏ ਨੁਕਸਾਨ ਦਾ ਠੀਕ ਠੀਕ ਜਾਇਜ਼ਾ ਲੈ ਕੇ ਸੜੀ ਤੇ ਗੜੇਮਾਰੀ ਕਣਕ ਦਾ ਪ੍ਰਤੀ ਏਕੜ ਪਿੱਛੇ ਪੰਜਾਹ ਹਜ਼ਾਰ ਰੁਪਏ, ਲੂਸੇ ਟਰੈਕਟਰ ਦਾ ਘੱਟੋ ਘੱਟ 5 ਲੱਖ ਤੇ ਕੰਬਾਈਨ 15 ਲੱਖ ਰੁਪਏ ਦੀ ਭਰਪਾਈ ਕੀਤੀ ਜਾਵੇ ਇਸੇ ਤਰ੍ਹਾਂ ਗਾਵਾਂ ਤੇ ਮੱਝਾਂ ਦਾ ਪ੍ਰਤੀ ਜਾਨਵਰ ਇੱਕ ਲੱਖ ਰੁਪਏ ਅਤੇ ਜਾਨੀ ਹੋਏ ਨੁਕਸਾਨ ਦਾ ਪ੍ਰਤੀ ਵਿਅਕਤੀ 10 ਲੱਖ ਰੁਪਏ ਦਾ ਮੁਆਵਜ਼ਾ ਦਿੱਤਾ ਜਾਵੇ! ਅੱਜ ਦੇ ਵਿਸ਼ਾਲ ਡੈਪੂਟੇਸ਼ਨ ਦੀ ਅਗਵਾਈ ਜਥੇਬੰਦੀਆਂ ਦੇ ਪ੍ਰਮੁੱਖ ਆਗੂਆਂ ਡਾ. ਸਤਨਾਮ ਸਿੰਘ ਅਜਨਾਲਾ ਸੂਬਾ ਪ੍ਰਧਾਨ ਜਮੂਹਰੀ ਕਿਸਾਨ ਸਭਾ ਪੰਜਾਬ, ਜਤਿੰਦਰ ਸਿੰਘ ਛੀਨਾ ਸੂਬਾ ਮੀਤ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ, ਲਖਬੀਰ ਸਿੰਘ ਨਿਜ਼ਾਮਪੁਰ ਸੂਬਾ ਮੀਤ ਪ੍ਰਧਾਨ ਕੁੱਲ ਹਿੰਦ ਕਿਸਾਨ ਸਭਾ, ਧਨਵੰਤ ਸਿੰਘ ਖਤਰਾਏ ਕਲਾਂ ਸੀਨੀਅਰ ਸੂਬਾਈ ਆਗੂ ਕਿਸਾਨ ਯੂਨੀਅਨ ਪੰਜਾਬ, ਬਲਬੀਰ ਸਿੰਘ ਮੂਧਲ ਜ਼ਿਲ੍ਹਾ ਪ੍ਰਧਾਨ ਪੰਜਾਬ ਕਿਸਾਨ ਯੂਨੀਅਨ, ਹਰਜੀਤ ਸਿੰਘ ਝੀਤਾ ਸੀਨੀਅਰ ਆਗੂ ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਨੇ ਕੀਤਾ! ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੀ ਤਰਫੋਂ ਏ. ਡੀ. ਸੀ. ਜਨਰਲ ਨੇ ਮੰਗ ਪੱਤਰ ਪ੍ਰਾਪਤ ਕੀਤਾ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਜੋ ਵੀ ਨੁਕਸਾਨ ਹੋਇਆ ਹੈ ਉਸ ਦਾ ਜਾਇਜ਼ਾ ਲੈਕੇ ਉਚਿਤ ਕਾਰਵਾਈ ਕੀਤੀ ਜਾਵੇਗੀ। ਵਫ਼ਦ ਵਿੱਚ ਹੋਰਨਾਂ ਤੋਂ ਇਲਾਵਾ ਸਤਨਾਮ ਸਿੰਘ ਝੰਡੇਰ, ਰਤਨ ਸਿੰਘ ਰੰਧਾਵਾ, ਨਰਿੰਦਰ ਲਾਡੀ ਤੇੜਾਂ, ਮੰਗਲ ਸਿੰਘ ਖਜਾਲਾ, ਟਹਿਲ ਸਿੰਘ ਚੇਤਨਪੁਰ, ਗੁਰਿੰਦਰ ਸਿੰਘ ਬਾਠ, ਮੇਜਰ ਸਿੰਘ ਜੌਹਲ, ਹਰਪਾਲ ਸਿੰਘ ਛੀਨਾ, ਮੇਜਰ ਸਿੰਘ ਕੜਿਆਲ, ਮੰਗਲ ਸਿੰਘ ਧਰਮਕੋਟ , ਗੁਰਨਾਮ ਸਿੰਘ ਉਮਰਪੁਰਾ ਆਦਿ ਵੀ ਸ਼ਾਮਲ ਸਨ!

25 Apr Page-12 NEW PAGE.qxd 4/24/2025 10:43 PM Page 1



# ਭਾਰਤੀ ਸਿਵਲ ਪ੍ਰੀਖਿਆਵਾਂ 'ਚ ਭਾਵਿਤ ਜੈਨ ਨੇ 674ਵਾਂ ਰੈਂਕ ਪ੍ਰਾਪਤ ਕੀਤਾ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**- ਲੋਕ ਸੇਵਾ ਕਮਿਸ਼ਨ ਕਮਿਸ਼ਨ ਵੱਲੋਂ ਹਾਲ ਹੀ ਦੌਰਾਨ ਸਿਵਲ ਸੇਵਾਵਾਂ ਪ੍ਰੀਖਿਆ ਦੇ ਐਲਾਨੇ ਗਏ ਨਤੀਜਿਆਂ ਵਿੱਚ ਧੂਰੀ ਦੇ ਭਾਵਿਤ ਜੈਨ ਨੇ 674ਵਾਂ ਰੈਂਕ ਪ੍ਰਾਪਤ ਕਰਕੇ ਆਪਣੇ ਇਲਾਕੇ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ।ਭਾਵਿਤ ਜੈਨ ਦੇ ਪਿਤਾ ਰਜਿੰਦਰ ਕੁਮਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਨ੍ਹਾਂ ਦਾ ਬੇਟਾ ਪੜ੍ਹਾਈ ਵਿੱਚ ਸ਼ੁਰੂ ਤੋਂ ਹੀ ਹੁਸ਼ਿਆਰ ਸੀ ਅਤੇ ਉਸ ਨੇ 12ਵੀਂ ਤੱਕ ਦੀ ਪੜ੍ਹਾਈ ਬਸੰਤ ਵੈਲੀ ਸਕੂਲ, ਬੀ. ਕਾਮ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਕੀਤੀ।ਸਾਲ 2021 ਵਿੱਚ ਮਾਰਕਫੈੱਡ ਦੇ ਟੈਸਟ ਪਹਿਲੇ ਸਥਾਨ ਵਿੱਚ ਪਾਸ ਕਰਕੇ ਅਕਾਊਂਟੈਂਟ ਦੀ ਨੌਕਰੀ ਹਾਸਲ ਕੀਤੀ ਅਤੇ ਨਾਲ ਨਾਲ ਸਿਵਲ ਸਰਵਿਸ ਪ੍ਰੀਖਿਆ ਦੀ ਤਿਆਰੀ ਕੀਤੀ ਅਤੇ ਪੰਜਵੀਂ ਵਾਰ ਪ੍ਰੀਖਿਆ ਪਾਸ ਕੀਤੀ।ਭਾਵਿਤ ਜੈਨ ਦੀ ਇਸ ਸਫਲਤਾ 'ਤੇ ਪਰਿਵਾਰ ਨੂੰ ਵਧਾਈ ਦਿੰਦਿਆਂ ਭਾਵਿਤ ਜੈਨ ਦੇ ਮਾਮਾ ਰਵੀ ਬਾਂਸਲ ਨੇ ਕਿਹਾ ਕਿ ਭਾਵਿਤ ਜੈਨ ਨੇ ਜਿੱਥੇ ਆਪਣਾ ਤੇ ਮਾਤਾ-ਪਿਤਾ ਦਾ ਸੁਪਨਾ ਪੂਰਾ ਕੀਤਾ, ਉੱਥੇ ਹੀ ਸ਼ਹਿਰ ਦਾ ਨਾਮ ਵੀ ਰੌਸ਼ਨ ਕੀਤਾ ਹੈ।ਉਨ੍ਹਾਂ ਕਿਹਾ ਕਿ ਮੇਰੇ ਭਾਣਜੇ ਭਾਵਿਤ ਜੈਨ ਨੇ ਮੱਧ ਵਰਗ ਵਿੱਚੋਂ ਉੱਠ ਕੇ ਆਪਣੀ ਸਖ਼ਤ ਮਿਹਨਤ ਨਾਲ ਇਹ ਮੁਕਾਮ ਹਾਸਲ ਕੀਤਾ।ਆਪਣੀ ਸਫਲਤਾ 'ਤੇ ਬੋਲਦਿਆਂ ਭਾਵਿਤ ਜੈਨ ਨੇ ਕਿਹਾ ਕਿ ਮੇਰਾ ਇਹ ਸੁਪਨਾ ਮੇਰੇ ਮਾਮਾ ਰਵੀ ਬਾਂਸਲ ਦੇ ਜੀਵਨ ਤੋਂ ਪ੍ਰੇਰਿਤ ਹੋ ਕੇ ਪੂਰਾ ਹੋਇਆ ਹੈ।ਇਸ ਮੌਕੇ ਮਾਤਾ ਰੇਨੂੰ ਬਾਲਾ, ਚਰਨ ਦਾਸ, ਸਾਹਿਲ ਬਾਂਸਲ, ਸੰਜੀਵ ਬਾਂਸਲ, ਨੇਹਾ ਬਾਂਸਲ, ਪ੍ਰਤੀਵਾ ਬਾਂਸਲ ਤੇ ਪਲਕ ਬਾਂਸਲ ਆਦਿ ਸਮੇਤ ਹੋਰ ਵੀ ਹਾਜ਼ਰ ਸਨ।

# ਸਹਾਇਕ ਥਾਣੇਦਾਰ ਦਾ ਪੁੱਤਰ ਆਈ ਏ ਐੱਸ ਬਣਿਆ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**- ਖੰਨਾ ਨੇੜਲੇ ਪਿੰਡ ਭੁੱਮੱਦੀ ਦੇ ਜੰਮਪਲ ਜਸਕਰਨ ਸਿੰਘ ਨੇ 25 ਸਾਲ ਦੀ ਉਮਰ ਵਿੱਚ ਯੂਪੀਐੱਸਸੀ ਪ੍ਰੀਖਿਆ ਵਿੱਚ 240ਵਾਂ ਰੈਂਕ ਪ੍ਰਾਪਤ ਕਰਕੇ ਆਪਣੇ ਪਿੰਡ, ਇਲਾਕਾ ਤੇ ਪੂਰੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ।ਇੰਨਾ ਹੀ ਨਹੀਂ, ਇਸ ਤੋਂ ਪਹਿਲਾਂ ਵੀ ਜਸਕਰਨ ਨੇ 23 ਸਾਲ ਦੀ ਉਮਰ ਵਿੱਚ ਸਾਲ 2022 ਵਿੱਚ 595ਵਾਂ ਰੈਂਕ ਪ੍ਰਾਪਤ ਕਰਕੇ ਯੂਪੀਐੱਸਸੀ ਪ੍ਰੀਖਿਆ ਪਾਸ ਕੀਤੀ ਸੀ।ਇਸ ਸਮੇਂ ਉਹ ਆਂਧਰਾ ਪ੍ਰਦੇਸ਼ ਵਿੱਚ ਆਈ ਆਰ ਐੱਸ ਕਸਟਮਜ਼ ਦੀ ਸਿਖਲਾਈ ਲੈ ਰਿਹਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਜਸਕਰਨ ਨੇ ਪੰਜਾਬ ਇੰਜੀਨੀਅਰਿੰਗ ਕਾਲਜ, ਚੰਡੀਗੜ੍ਹ ਤੋਂ ਇੰਜੀਨੀਅਰਿੰਗ ਕੀਤੀ ਹੈ।ਉਸ ਦੇ ਪਿਤਾ ਜਗਮੋਹਨ ਸਿੰਘ ਪੰਜਾਬ ਪੁਲਸ ਵਿੱਚ ਏ ਐੱਸ ਆਈ ਦੇ ਅਹੁਦੇ 'ਤੇ ਪੁਲਸ ਜ਼ਿਲ੍ਹਾ ਖੰਨਾ ਦੇ ਥਾਣਾ ਸਦਰ ਵਿੱਚ ਤਾਇਨਾਤ ਹਨ।ਜਸਕਰਨ ਸਿੰਘ ਨਾਲ ਮੋਬਾਈਲ ਫੋਨ 'ਤੇ ਗੱਲ ਕਰਨ 'ਤੇ ਉਨ੍ਹਾਂ ਕਿਹਾ ਕਿ ਉਸ ਨੂੰ ਹਮੇਸ਼ਾ ਆਪਣੇ ਪਿਤਾ ਜਗਮੋਹਨ ਸਿੰਘ ਤੋਂ ਦੇਸ਼ ਦੀ ਸੇਵਾ ਕਰਨ ਦੀ ਪ੍ਰੇਰਨਾ ਮਿਲੀ ਹੈ। ਉਹ ਹਮੇਸ਼ਾ ਆਪਣੇ ਪਿਤਾ ਦੁਆਰਾ ਦਿਖਾਏ ਗਏ ਰਸਤੇ 'ਤੇ ਚੱਲ ਕੇ ਦੇਸ਼ ਦੀ ਸੇਵਾ ਕਰਨਗੇ।ਆਈ ਏ ਐੱਸ ਜਸਕਰਨ ਸਿੰਘ ਨੇ ਦੱਸਿਆ ਕਿ ਉਸ ਨੇ ਪ੍ਰੀਖਿਆ ਲਈ ਪੰਜਾਬੀ ਸਾਹਿਤ ਨੂੰ ਵਿਕਲਪਿਕ ਵਜੋਂ ਲਿਆ ਸੀ, ਜਿਸ ਲਈ ਉਸ ਨੇ ਔਨਲਾਈਨ ਕੋਚਿੰਗ ਲਈ, ਪਰ ਬਾਕੀ ਸਾਰੇ ਵਿਸ਼ੇ ਸਵੈ-ਅਧਿਐਨ ਰਾਹੀਂ ਪਾਸ ਕੀਤੇ ਹਨ।ਆਈ ਏ ਐੱਸ ਜਸਕਰਨ ਸਿੰਘ ਨੇ ਦੇਸ਼ ਛੱਡ ਕੇ ਦੂਜੇ ਦੇਸ਼ਾਂ ਵਿੱਚ ਜਾਣ ਵਾਲੇ ਬੱਚਿਆਂ ਨੂੰ ਸੁਨੇਹਾ ਦਿੰਦੇ ਹੋਏ ਕਿਹਾ ਕਿ ਜੇਕਰ ਦੇਸ਼ ਦੇ ਨੌਜਵਾਨ ਚਾਹੁਣ ਤਾਂ ਸਾਡੇ ਦੇਸ਼ ਵਿੱਚ ਕੰਮ ਦੀ ਕੋਈ ਕਮੀ ਨਹੀਂ ਹੈ।ਸਿਰਫ਼ ਸਿਵਲ ਸੇਵਾਵਾਂ ਹੀ ਨਹੀਂ ਸਗੋਂ ਅਸੀਂ ਆਪਣੇ ਦੇਸ਼ ਵਿੱਚ ਰਹਿ ਕੇ ਫੌਜ, ਪੁਲਸ, ਕਾਨੂੰਨ, ਮੈਡੀਕਲ ਫੀਲਡ ਆਦਿ 'ਚ ਵੀ ਕੰਮ ਕਰ ਕੇ ਦੇਸ਼ ਦੀ ਸੇਵਾ ਸਕਦੇ ਹਾਂ।

# ਕੀਰਤਪ੍ਰੀਤ ਸਿੰਟੈਕਸ ਤੇ ਸਟੈਪਸ ਚੈਂਪੀਅਨ ਐਵਾਰਡ ਨਾਲ ਸਨਮਾਨਤ



**ਗੁਰਾਇਆ (ਬਿੰਦਰ ਸੁਮਨ)**- ਮਸ਼ਹੂਰ ਟੈਨਿਸ ਸਟਾਰ ਅਤੇ ਯੁਵਾ ਪ੍ਰੇਰਨਾ ਸਾਨੀਆ ਮਿਰਜ਼ਾ ਨੇ ਸ੍ਰੀ ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ, ਗੁਰਾਇਆਂ ਦੀ ਕੀਰਤਪ੍ਰੀਤ ਨੂੰ ਇੱਕ ਵਿਸ਼ੇਸ਼ 'ਸਿੰਟੈਕਸ ਐਂਡ ਸਟੈਪਸ' ਐਵਾਰਡ ਨਾਲ ਸਨਮਾਨਤ ਕੀਤਾ। ਇਹ ਪੁਰਸਕਾਰ ਉਨ੍ਹਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਕੰਮ, ਸਟੀਕ ਪ੍ਰਕਿਰਿਆ ਦੀ ਪਾਲਣਾ ਅਤੇ ਸ਼ਾਨਦਾਰ ਬਣਤਰ ਲਈ ਦਿੱਤਾ ਗਿਆ। ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸਾਨੀਆ ਮਿਰਜ਼ਾ, ਡਾ. ਬੂ ਅਬਦੁੱਲਾ (ਚੇਅਰਮੈਨ ਬੂ ਅਬਦੁੱਲਾ ਗਰੁੱਪ) ਨੇ ਵਿਸ਼ੇਸ਼ ਮਹਿਮਾਨ ਵਜੋਂ ਅਤੇ ਵਰੁਣ ਚੌਧਰੀ (ਮੈਨੇਜਿੰਗ ਡਾਇਰੈਕਟਰ ਸੀਜੀ ਕਾਰਪ ਗਲੋਬਲ) ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ। ਕੀਰਤਪ੍ਰੀਤ ਨੇ ਨਾ ਸਿਰਫ਼ ਆਪਣੇ ਖੇਤਰ ਵਿੱਚ ਲਗਾਤਾਰ ਮਿਹਨਤ ਦਿਖਾਈ ਹੈ ਬਲਕਿ ਹੋਰਨਾਂ ਬੱਚਿਆਂ ਲਈ ਵੀ ਇੱਕ ਮਿਸਾਲ ਕਾਇਮ ਕੀਤੀ ਹੈ। ਇਸ ਸਨਮਾਨ ਦਾ ਮੁੱਖ ਕਾਰਨ ਉਸ ਦਾ ਹਰ ਕੰਮ ਸਹੀ ਤਰਤੀਬ ਅਤੇ ਪੂਰੀ ਸਮਝਦਾਰੀ ਨਾਲ ਕਰਨਾ ਸੀ।ਪ੍ਰੋਗਰਾਮ ਦੌਰਾਨ ਸਾਨੀਆ ਮਿਰਜ਼ਾ ਨੇ ਕਿਹਾ, ਬੱਚਿਆਂ ਵਿੱਚ ਅਜਿਹਾ ਸਮਰਪਣ ਅਤੇ ਅਨੁਸ਼ਾਸਨ ਦੇਖ ਕੇ ਬਹੁਤ ਖੁਸ਼ੀ ਹੁੰਦੀ ਹੈ। ਕੀਰਤਪ੍ਰੀਤ ਵਰਗੇ ਪ੍ਰਤਿਭਾਸ਼ਾਲੀ ਬੱਚੇ ਸਾਡੇ ਦੇਸ਼ ਦਾ ਭਵਿੱਖ ਹਨ। ਇਹ ਸਮਾਗਮ ਹੋਟਲ ਇਨ, ਦੁਬਈ ਵਿਖੇ ਕਰਵਾਇਆ ਗਿਆ।

# ਹਰਿਆਣਾ 'ਚ 30 ਅਪ੍ਰੈਲ ਦੀ ਗਜ਼ਟਿਡ ਛੁੱਟੀ ਰੱਦ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਵਿੱਚ ਹੁਣ ਆਗਾਮੀ 30 ਅਪ੍ਰੈਲ ਨੂੰ ਅਕਸ਼ੈ ਤ੍ਰਿਤੀਆ 'ਤੇ ਗਜ਼ਟਿਡ ਛੁੱਟੀ ਨਹੀਂ ਹੋਵੇਗੀ।ਮੁੱਖ ਸਕੱਤਰ ਵਿਭਾਗ ਵੱਲੋਂ ਜਾਰੀ ਨੋਟੀਫਿਕੇਸ਼ਨ ਵਿੱਚ ਕਿਹਾ ਗਿਆ ਹੈ ਕਿ 26 ਦਸੰਬਰ, 2024 ਨੂੰ ਜਾਰੀ ਨੋਟੀਫਿਕੇਸ਼ਨ ਵਿੱਚ ਅੰਸ਼ਕ ਸੋਧ ਕਰਦੇ ਹੋਏ, ਅਕਸ਼ੈ ਤ੍ਰਿਤੀਆ ਦੇ ਮੌਕੇ 'ਤੇ ਐਲਾਨੀ ਗਈ ਗਜ਼ਟਿਡ ਛੁੱਟੀ ਨੂੰ ਰੱਦ ਕੀਤਾ ਜਾਂਦਾ ਹੈ, ਕਿਉਂਕਿ ਇਹ ਅਣਜਾਣੇ ਵਿੱਚ ਲਿਖਿਆ ਗਿਆ ਸੀ।

## ਹਰਿੰਦਰਜੀਤ ਸਿੰਘ ਨੇ ਆਦਮਪੁਰ ਤਹਿਸੀਲ ਦਾ ਚਾਰਜ ਸੰਭਾਲਿਆ



**ਆਦਮਪੁਰ (ਪਰਮਜੀਤ ਸਿੰਘ)**- ਨਾਇਬ ਤਹਿਸੀਲਦਾਰ ਹਰਿੰਦਰਜੀਤ ਸਿੰਘ ਨੇ ਬੀਤੇ ਕੱਲ੍ਹ ਸਬ ਤਹਿਸੀਲ ਆਦਮਪੁਰ ਦਾ ਚਾਰਜ ਸੰਭਾਲ ਲਿਆ। ਉਨ੍ਹਾਂ ਦੱਸਿਆ ਕਿ ਆਦਮਪੁਰ ਆਉਣ ਤੋਂ ਪਹਿਲਾ ਉਹ ਫਾਜ਼ਿਲਕਾ ਵਿਖੇ ਸੇਵਾਵਾਂ ਨਿਭਾਅ ਰਹੇ ਸਨ। ਸਰਕਾਰ ਦੇ ਉਦੇਸ਼ਾਂ ਮੁਤਾਬਿਕ ਕੰਮ ਆਦਮਪੁਰ ਵਿੱਚ ਸਰਕਾਰ ਤਹਿਸੀਲ ਦਾ ਚਾਰਜ ਸੰਭਾਲਿਆ ਗਿਆ ਹੈ।ਉਨ੍ਹਾਂ ਇਲਾਕੇ ਵਾਸੀਆਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਦੱਸਿਆ ਕਿਸੇ ਵੀ ਵਿਅਕਤੀ ਦਾ ਕੰਮ ਬਿਨਾਂ ਕਿਸੇ ਪਾਰਟੀਬਾਜ਼ੀ ਅਤੇ ਬਿਨਾਂ ਸਿਫਾਰਿਸ਼ ਤੋਂ ਪਾਰਦਰਸ਼ੀ ਤਰੀਕੇ ਨਾਲ ਕੀਤਾ ਜਾਵੇਗਾ। ਇਲਾਕੇ ਦੇ ਲੋਕਾਂ ਤੋਂ ਸਹਿਯੋਗ ਦੀ ਅਪੀਲ ਕਰਦਿਆਂ ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਣਕ ਦੇ ਨਾੜ ਨੂੰ ਅੱਗ ਨਾ ਲਗਾਈ ਜਾਵੇ।

# ਨਿਹੱਥੇ ਲੋਕਾਂ ਦਾ ਕਤਲੇਆਮ ਕੋਈ ਬਹਾਦਰੀ ਨਹੀਂ : ਗੌਰਵ ਨਾਗਰਾਜ, ਰਾਜੂ ਭੰਡਾਲ

**ਨਕੋਦਰ (ਬਾਲ ਕ੍ਰਿਸ਼ਨ ਬਾਲੀ)**- ਜੰਮੂ-ਕਸ਼ਮੀਰ ਦੇ ਪਹਿਲਗਾਮ ਵਿਚ ਸੈਲਾਨੀਆਂ ਉਤੇ ਹੋਏ ਅੱਤਵਾਦੀ ਹਮਲੇ ਦੀ ਕਰੜੇ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਸ਼ਹੀਦ-ਏ-ਆਜ਼ਮ ਭਗਤ ਸਿੰਘ ਸਪੋਰਟਸ ਕਲੱਬ ਅਤੇ ਵੈਲਫੇਅਰ ਸੋਸਾਇਟੀ ਨਕੋਦਰ, ਜ਼ਿਲ੍ਹਾ ਜਲੰਧਰ (ਪੰਜਾਬ) ਦੇ ਪ੍ਰਧਾਨ ਐਡਵੋਕੇਟ ਗੌਰਵ ਨਾਗਰਾਜ ਨੇ ਕਿਹਾ ਕਿ ਨਿਹੱਥੇ ਭਾਰਤੀਆਂ ਉਤੇ ਇਸ ਤਰ੍ਹਾਂ ਧਰਮ ਪੁੱਛ ਕੇ ਹਮਲਾ ਕਰਨਾ ਬਹੁਤ ਹੀ ਸ਼ਰਮਨਾਕ ਅਤੇ ਨਿੰਦਣਯੋਗ ਕਾਰਵਾਈ ਹੈ। ਉਨ੍ਹਾਂ ਕਿਹਾ ਕਿ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਜੋ ਲੋਕ ਇਸ ਹਮਲੇ 'ਚ ਜ਼ਖਮੀ ਹੋਏ ਹਨ ਓਹ ਜਲਦੀ ਤੰਦਰੁਸਤ ਹੋ ਕੇ ਆਪਣੇ ਪਰਵਾਰਾਂ ਵਿਚ ਪਹੁੰਚਣ। ਐਡਵੋਕੇਟ ਨਾਗਰਾਜ ਅਤੇ ਰਾਜੂ ਭੰਡਾਲ ਨੇ ਕਿਹਾ ਕਿ ਭਾਰਤ ਦੇ ਲੋਕ ਅਮਨ ਪਸੰਦ ਹਨ ਅਤੇ ਵਿਰੋਧੀ ਤਾਕਤਾਂ ਹਮੇਸ਼ਾ ਸਾਡੇ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕਰਦੀਆਂ ਹਨ । ਐਡਵੋਕੇਟ ਗੌਰਵ ਨਾਗਰਾਜ ਨੇ ਕਿਹਾ ਕਿ ਅਸੀਂ ਭਾਈਚਾਰਕ ਸਾਂਝ ਦੀ ਮਜ਼ਬੂਤੀ ਲਈ ਹਮੇਸ਼ਾ ਵਚਨਬੱਧ ਰਹੇ ਹਾਂ।

# ਬਾਇਓ ਗੈਸ ਪਲਾਂਟ ਲੱਗਣ ਵਿਰੁੱਧ ਸ਼ਹਿਰ ਪੂਰਨ ਬੰਦ ਤੇ ਆਵਾਜਾਈ ਠੱਪ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**- ਮਾਰਕਿਟ ਐਸੋਸੀਏਸ਼ਨ ਭੋਗਪੁਰ, ਵੱਖ ਵੱਖ ਕਿਸਾਨ ਯੂਨੀਅਨਾਂ, ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਪਾਰਟੀ, ਬਸਪਾ,ਆਪ ਦੇ ਇੱਕ ਧੜੇ ਅਤੇ ਹੋਰ ਬਹੁੱਤ ਸਾਰੀਆਂ ਧਾਰਮਿਕ, ਸਮਾਜ ਸੇਵੀ ਸੰਗਠਨਾਂ ਦੇ ਆਗੂਆਂ ਅਤੇ ਵੱਡੀ ਗਿਣਤੀ ਵਿੱਚ ਕਾਰਕੁਨਾਂ ਨੇ ਕਾਂਗਰਸੀ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਦੀ ਅਗਵਾਈ ਸਹਿਕਾਰੀ ਖੰਡ ਮਿੱਲ ਭੋਗਪੁਰ ਵਿੱਚ ਲੱਗ ਰਹੇ ਸੀ ਐਨ ਜੀ ਬਾਇਓ ਗੈਸ ਪਲਾਂਟ ਨੂੰ ਬੰਦ ਕਰਾਉਣ ਲਈ ਸ਼ਹਿਰ ਵਿਚਲੇ ਕੌਮੀ ਮਾਰਗ 'ਤੇ ਸਥਿਤ ਟੀ ਪੁਆਇੰਟ ਉੱਪਰ ਧਰਨਾ ਦੇ ਕੇ ਸਾਢੇ ਤਿੰਨ ਘੰਟੇ ਅਵਾਜਾਈ ਪੂਰਨ ਤੌਰ 'ਤੇ ਠੱਪ ਰੱਖੀ ਅਤੇ ਸ਼ਹਿਰ ਵਿਚਲੇ ਬਜ਼ਾਰਾਂ ਦੀਆਂ ਦੁਕਾਨਾਂ ਸਾਰਾ ਦਿਨ ਬੰਦ ਰਹੀਆਂ ਅਤੇ ਦੂਰ-ਦੁਰਾਡੇ ਜਾਣ ਵਾਲੀਆਂ ਵਹੀਕਲਜ਼ ਅਤੇ ਸਵਾਰੀਆਂ ਤੰਗ ਰਹੀਆਂ ਜਿਸ ਕਰਕੇ ਸਰਕਾਰੀ ਪ੍ਰਸ਼ਾਸਨ ਨੂੰ ਹੱਥਾਂ ਪੈਰਾਂ ਦੀ ਪੈ ਗਈ। ਆਵਾਜਾਈ ਖੁਲ੍ਹਵਾਉਣ ਲਈ ਉੱਚ ਅਧਿਕਾਰੀਆਂ ਜਿਹਨਾਂ ਵਿੱਚ ਐਸ ਡੀ ਐਮ ਵਿਵੇਕ ਮੋਦੀ, ਐਸ ਪੀ ਸਰਬਜੀਤ ਰਾਏ, ਡੀ ਐਸ ਪੀ ਕੁਲਵੰਤ ਸਿੰਘ, ਡੀ ਐਸ ਪੀ ਉਂਕਾਰ ਸਿੰਘ ਬਰਾੜ, ਡੀ ਐਸ ਪੀ ਰਮਨਦੀਪ ਸਿੰਘ, ਨਾਇਬ ਤਹਿਸੀਲਦਾਰ ਸੁਲੋਚਨਾ ਦੇਵੀ ਅਤੇ ਤਾਲਮੇਲ ਕਮੇਟੀ ਦੇ ਆਗੂਆਂ ਗੁਰਦੀਪ ਸਿੰਘ ਚੱਕ ਝੱਡੂ, ਰਾਜ ਕੁਮਾਰ ਰਾਜਾ, ਅਸ਼ਵਨ ਭੱਲਾ, ਅਮ੍ਰਿਤਪਾਲ ਸਿੰਘ ਖਰਲ, ਰਕੇਸ਼ ਬੱਗਾ, ਵਿਸ਼ਾਲ ਬਹਿਲ, ਲੱਕੀ ਤੂਰ, ਪਰਮਿੰਦਰ ਸਿੰਘ ਮੱਲ੍ਹੀ ਵਿਚਕਾਰ ਚਾਰ ਮੀਟਿੰਗਾਂ ਬੇਸਿੱਟਾ ਰਹਿਣ ਤੋਂ ਬਾਅਦ ਪੰਜਵੀਂ ਮੀਟਿੰਗ ਵਿੱਚ ਬਾਇਓ ਗੈਸ ਪਲਾਂਟ ਵਿੱਚ ਚੱਲ ਰਿਹਾ ਕੰਮ ਬੰਦ ਕਰਨ 'ਤੇ ਅਤੇ ਪਹਿਲਗਾਮ 'ਚ ਸੈਲਾਨੀਆਂ 'ਤੇ ਅੱਤਵਾਦੀਆਂ ਵਲੋਂ ਕੀਤੇ ਹਮਲੇ ਕਾਰਨ ਸ਼ਹੀਦ ਹੋਏ ਨਾਗਰਿਕਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਕੌਮੀ ਮਾਰਗ ਤੋਂ ਧਰਨਾ ਚੁੱਕਣ ਦੀ ਸਹਿਮਤੀ ਬਣੀ। ਮਾਨਯੋਗ ਹਾਈਕੋਰਟ ਨੇ ਇਸ ਬਾਇਓ ਗੈਸ ਪਲਾਂਟ ਬਾਰੇ ਇਹ ਹੁਕਮ ਜਾਰੀ ਕੀਤਾ ਹੋਇਆ ਹੈ ਕਿ ਬਾਇਓ ਗੈਸ ਪਲਾਂਟ ਲਗਾਉਣ ਲਈ ਚੱਲ ਰਹੇ ਕੰਮ ਨੂੰ ਰੋਕਿਆ ਨਹੀਂ ਜਾਵੇ ਅਤੇ ਜੇਕਰ ਪਲਾਂਟ ਬੰਦ ਕਰਾਉਣ ਵਾਲੇ ਸੰਘਰਸ਼ਵਾਦੀ ਧਰਨਾ ਲਗਾਉਣਾ ਚਾਹੁਣ ਤਾਂ ਉਹ ਪਲਾਂਟ ਤੋਂ 100 ਮੀਟਰ ਦੂਰੀ ਤੋਂ ਬਾਹਰ ਧਰਨਾ ਲਗਾ ਸਕਦੇ ਹਨ। ਮਾਨਯੋਗ ਹਾਈਕੋਰਟ ਨੇ ਪਲਾਂਟ ਦੇ ਲਗਾਉਣ ਲਈ ਅੜਿੱਕਾ ਬਣਨ ਵਾਲੇ ਕੁਝ ਉੱਚ ਸਰਕਾਰੀ ਅਧਿਕਾਰੀਆਂ ਅਤੇ ਤਾਲਮੇਲ ਕਮੇਟੀ ਦੇ ਆਗੂਆਂ ਨੂੰ ਨੋਟਿਸ ਵੀ ਭੇਜੇ ਹੋਏ ਹਨ।ਵਿਧਾਇਕ ਕੋਟਲੀ ਨੇ ਕਿਹਾ ਕਿ ਇਹ ਬਾਇਓ ਗੈਸ ਪਲਾਂਟ ਭੋਗਪੁਰ ਸ਼ਹਿਰ ਤੋਂ ਇਲਾਵਾ ਇਲਾਕੇ ਦੇ ਪਿੰਡਾਂ ਦੇ ਵਾਸੀਆਂ ਲਈ ਮੌਤ ਦੇ ਵਰੰਟਾਂ ਤੋਂ ਘੱਟ ਨਹੀਂ ਹੈ ਕਿਉਂਕਿ ਕਿ ਬਾਇਓ ਗੈਸ ਪਲਾਂਟ ਨਾਲ ਹਵਾ, ਪਾਣੀ ਅਤੇ ਵਾਤਾਵਰਨ ਪ੍ਰਦੂਸ਼ਿਤ ਹੋ ਜਾਣ ਕਾਰਨ ਮੱਖੀਆਂ, ਮੱਛਰਾਂ ਦੀ ਭਰਮਾਰ ਨਾਲ ਘਾਤਕ ਬਿਮਾਰੀਆਂ ਫੈਲਣਗੀਆਂ ।ਇਸ ਲਈ ਕਿਸੇ ਵੀ ਕੀਮਤ 'ਤੇ ਇਹ ਬਾਇਓ ਗੈਸ ਪਲਾਂਟ ਨਾ ਲੱਗਣ ਅਤੇ ਨਾ ਚਾਲੂ ਕਰਨ ਦਿੱਤਾ ਜਾਵੇਗਾ।

# ਢੇਰ ਨੂੰ ਲਗਾਈ ਅੱਗ ਨੇ ਲਿਆ ਵਿਸ਼ਾਲ ਰੂਪ, 50 ਖੇਤ ਆਏ ਅੱਗ ਦੀ ਲਪੇਟ 'ਚ



**ਬੰਗਾ (ਅਵਤਾਰ ਕਲੇਰ)**- ਬੰਗਾ ਹਲਕੇ ਦੇ ਪਿੰਡ ਹਕੀਮਪੁਰ-ਰਟੈਂਡਾ ਦੇ ਵਿਚਕਾਰ ਲਗਭਗ 50 ਖੇਤਾਂ ਵਿਚ ਕਣਕ ਦੇ ਨਾੜ ਦੇ ਸੜ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ। ਪਿੰਡ ਹਕੀਮਪੁਰ ਦੇ ਇਕ ਕਿਸਾਨ ਵਲੋਂ ਆਪਣੇ ਘਰ ਦੇ ਲਾਗੇ ਢੇਰ ਨੂੰ ਅੱਗ ਲਗਾਈ ਹੋਈ ਸੀ, ਹਵਾ ਦਾ ਵਹਾਅ ਤੇਜ਼ ਹੋਣ ਕਾਰਨ ਅੱਗ ਦੀਆਂ ਕੁਝ ਲਪਟਾਂ ਕਮਾਦ ਦੇ ਖੇਤ ਵਿਚ ਪਈ ਰਹਿੰਦ ਖੂੰਹਦ ਨੂੰ ਜਾ ਲੱਗੀਆਂ, ਜਿਸ ਦੇ ਚੱਲਦਿਆਂ ਦੇਖਦੇ ਹੀ ਦੇਖਦੇ ਅੱਗ ਨੇ ਵਿਸ਼ਾਲ ਰੂਪ ਧਾਰਨ ਲਿਆ। ਜਦੋਂ ਨਾਲ ਦੇ ਪਿੰਡਾਂ ਦੇ ਕਿਸਾਨਾਂ ਨੂੰ ਅੱਗ ਦੀਆਂ ਲਪਟਾਂ ਦਿਖਾਈ ਦਿੱਤੀਆਂ ਤਾਂ ਉਨ੍ਹਾਂ ਆਪਣੇ ਦਰਜਨ ਭਰ ਟਰੈਕਟਰ ਅਤੇ ਪਾਣੀ ਵਾਲੇ ਟੈਂਕਰ ਅੱਗ ਬੁਝਾਉਣ ਲਈ ਖੇਤਾਂ ਵਿਚ ਵਾੜ ਦਿੱਤੇ। ਹਵਾ ਤੇਜ਼ ਹੋਣ ਕਾਰਨ ਅੱਗ ਨੇ ਲਗਭਗ 50 ਖੇਤਾਂ ਨੂੰ ਆਪਣੀ ਲਪੇਟ ਵਿਚ ਲੈ ਲਿਆ। ਪਿੰਡ ਵਾਸੀਆਂ ਅਤੇ ਆਸ ਪਾਸ ਦੇ ਪਿੰਡਾਂ ਦੇ ਕਿਸਾਨਾਂ ਅਤੇ ਨੌਜਵਾਨਾਂ ਦੀ ਸਖਤ ਮਿਹਨਤ ਦੇ ਨਾਲ ਕਰੀਬ ਢਾਈ ਤਿੰਨ ਘੰਟੇ ਦੀ ਮੁਸ਼ੱਕਤ ਤੋਂ ਅੱਗ 'ਤੇ ਕਾਬੂ ਪਾ ਲਿਆ ਗਿਆ। ਵੱਖ-ਵੱਖ ਪਿੰਡਾਂ ਤੋਂ ਆਏ ਕਿਸਾਨਾਂ ਨੇ ਇਸ ਘਟਨਾ ਦੀ ਨਿੰਦਾ ਕਰਦੇ ਹੋਏ ਕਿਹਾ ਕਿ ਆਏ ਦਿਨ ਵਾਪਰਦੀਆਂ ਇਨ੍ਹਾਂ ਘਟਨਾਵਾਂ ਤੋਂ ਸਬਕ ਲੈਣਾ ਚਾਹੀਦਾ ਹੈ ਕਿ ਇਨ੍ਹਾਂ ਦਿਨਾਂ ਵਿਚ ਖਾਸ ਕਰਕੇ ਕਣਕ ਦੀ ਵਾਢੀ ਦੇ ਕਿਸੇ ਕਿਸਮ ਦੇ ਢੇਰ ਜਾਂ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਈਏ ਤਾਂ ਜੋ ਕਿਸੇ ਦਾ ਜਾਨੀ ਮਾਲੀ ਨੁਕਸਾਨ ਨਾ ਹੋਵੇ। ਇਸ ਮੌਕੇ ਕਿਸਾਨਾਂ ਨੇ ਦੱਸਿਆ ਕਿ ਫਾਇਰ ਬ੍ਰਿਗੇਡ ਦੀ ਗੱਡੀ ਅੱਗ ਵਾਲੇ ਸਥਾਨ 'ਤੇ ਉਸ ਸਮੇਂ ਪੁੱਜੀ ਜਦੋਂ ਪਿੰਡ ਦੇ ਨੌਜਵਾਨਾਂ, ਕਿਸਾਨਾਂ ਅਤੇ ਲੋਕਾਂ ਵਲੋਂ ਅੱਗ 'ਤੇ ਕਾਬੂ ਪਾ ਲਿਆ। ਕਿਸਾਨਾਂ ਵਿਚ ਫਾਇਰ ਬ੍ਰਿਗੇਡ ਦੀ ਗੱਡੀ ਦੇ ਲੇਟ ਪੁੱਜਣ 'ਤੇ ਭਾਰੀ ਰੋਸ ਪ੍ਰਗਟ ਕੀਤਾ। ਇਸ ਮੌਕੇ ਥਾਣਾ ਮੁਕੰਦਪੁਰ ਦੇ ਐਸ ਐਚ ਓ ਮਹਿੰਦਰ ਸਿੰਘ ਨੇ ਮੌਕੇ 'ਤੇ ਪੁੱਜ ਕੇ ਸਥਿਤੀ ਦਾ ਜਾਇਜ਼ਾ ਲਿਆ ਤੇ ਉਨ੍ਹਾਂ ਦਾ ਕਹਿਣਾ ਹੈ ਕਿ ਜੋ ਵੀ ਇਸ ਮਾਮਲੇ ਵਿਚ ਦੋਸ਼ੀ ਪਾਇਆ ਜਾਵੇਗਾ ਉਸ 'ਤੇ ਕਾਰਵਾਈ ਕੀਤੀ ਜਾਵੇਗੀ।

# ਬੱਲੋਵਾਲ ਸੌਖੜੀ ਵਿਖੇ ਵਿਸ਼ਵ ਧਰਤੀ ਦਿਵਸ ਮਨਾਇਆ

**ਬਲਾਚੌਰ (ਜਸਵਿੰਦਰ ਬੈਂਸ)** ਪੀ ਏ ਯੂ-ਖੇਤੀਬਾੜੀ ਕਾਲਜ, ਬੱਲੋਵਾਲ ਸੌਖੜੀ ਵਿਖੇ ਸਰਬ ਭਾਰਤੀ ਬਰਾਨੀ ਖੇਤੀ ਖੋਜ ਕੇਂਦਰ ਅਤੇ ਭਾਰਤੀ ਭੂਮੀ ਰੱਖਿਆ ਸੁਸਾਇਟੀ ਦੇ ਪੰਜਾਬ ਚੈਪਟਰ, ਨਵੀਂ ਦਿੱਲੀ ਵੱਲੋਂ ਮਿਲ ਕੇ ਵਿਸ਼ਵ ਧਰਤੀ ਦਿਵਸ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਡਾ. ਮਨਮੋਹਨਜੀਤ ਸਿੰਘ, ਡੀਨ, ਪੀ.ਏ.ਯੂ-ਖੇਤੀਬਾੜੀ ਕਾਲਜ ਵੱਲੋਂ ਧਰਤੀ ਨੂੰ ਜਲਵਾਯੂ ਪਰਿਵਰਤਨ ਦੀਆਂ ਘਟਨਾਵਾਂ ਤੋਂ ਬਚਾਉਣ ਲਈ ਕੁਦਰਤੀ ਸੋਮਿਆਂ ਦੀ ਸੰਭਾਲ ਬਾਰੇ ਦੱਸਿਆ ਗਿਆ। ਡਾ. ਅਮੀਨ ਭੱਟ, ਮਿੱਟੀ ਵਿਗਿਆਨੀ, ਨੇ ਸਾਡੀ ਧਰਤੀ ਸਾਡੀ ਤਾਕਤ ਵਿਸ਼ੇ ਤੇ ਭਾਸ਼ਣ ਦਿੱਤਾ। ਉਹਨਾਂ ਨੇ ਇਸ ਗੱਲ ਤੇ ਜ਼ੋਰ ਦਿੱਤਾ ਕਿ ਧਰਤੀ ਦੀ ਰੱਖਿਆ ਲਈ ਵਿਅਕਤੀਆਂ, ਸੰਗਠਨਾਂ ਅਤੇ ਸਰਕਾਰ ਦੀ ਸਮੂਹਿਕ ਜ਼ਿੰਮੇਵਾਰੀ ਹੈ। ਇਸ ਪ੍ਰੋਗਰਾਮ ਦੌਰਾਨ ਬੀ.ਐੱਸ.ਸੀ. ਦੀ ਵਿਦਿਆਰਥਣ ਨੇ ਧਰਤੀ ਮਾਂ 'ਤੇ ਇੱਕ ਕਵਿਤਾ ਸੁਣਾਈ।ਡਾ. ਜਸ਼ਲੀਨ ਕੌਰ ਸਿੱਧੂ ਨੇ ਪ੍ਰੋਗਰਾਮ ਦੌਰਾਨ ਸਟੇਜ ਸੰਚਾਲਨ ਦਾ ਸਾਰਾ ਕੰਮ ਸੰਭਾਲਿਆ।




# ਨਡਾਲਾ ਰੋਡ ਤੇ ਗੰਦੇ ਨਾਲੇ ਨੂੰ ਕੀਤਾ ਪੱਕਾ

**ਕਾਲਾ ਸੰਘਿਆਂ (ਮਨਜੀਤ ਮਾਨ)**- ਕਸਬਾ ਢਿਲਵਾਂ ਦੇ ਵਾਰਡ ਨੰਬਰ ਸੱਤ ਵਿੱਚ ਕੌਂਸਲਰ ਮਨਜੀਤ ਕੌਰ ਵੱਲੋਂ ਤੇ ਬਲਾਕ ਪ੍ਰਧਾਨ ਬਲਜੀਤ ਢਿੱਲੋਂ ਨੇ ਵਾਰਡ ਨੰਬਰ 7 ਵਿੱਚ ਨਡਾਲਾ ਰੋਡ ਢਿਲਵਾਂ ਵਿੱਚ ਗੰਦੇ ਪਾਣੀ ਦੇ ਨਾਲੇ ਦੀ ਬਹੁਤ ਸਮੱਸਿਆ ਪਿਛਲੇ ਕਾਫੀ ਸਮੇਂ ਤੋਂ ਆ ਰਹੀ ਸੀ, ਹੁਣ ਇਸ ਗੰਦੇ ਨਾਲੇ ਨੂੰ ਪੱਕਾ ਕਰ ਦਿੱਤਾ ਗਿਆ ਹੈ। ਇਸ ਨਾਲੇ ਨੇ ਵੱਡੇ ਛੱਪੜ ਦਾ ਰੂਪ ਧਾਰਨ ਕਰ ਲਿਆ ਸੀ ਜਿਸ ਕਾਰਨ ਇਸ ਸੜਕ ਤੋਂ ਲੰਘਣ ਵਾਲਿਆਂ ਨੂੰ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਬਿਮਾਰੀਆਂ ਦਾ ਖਤਰਾ ਵੀ ਸੀ। ਹੁਣ ਇਸ ਇਸ ਨੂੰ ਪੱਕਾ ਕਰਵਾ ਕੇ ਸਾਈਡ ਤੇ ਇੰਟਲੋਕ ਟਾਇਲ ਵੀ ਲਗਾ ਦਿੱਤੀ ਗਈ ਹੈ। ਇਸ ਮੌਕੇ ਉਹਨਾਂ ਕਿਹਾ ਕਿ ਇਲਾਕੇ ਵਿੱਚ ਕੋਈ ਵੀ ਜੇਕਰ ਰਹਿੰਦਾ ਕੰਮ ਹੈ ਤਾਂ ਉਹ ਵੀ ਜਲਦੀ ਕੀਤਾ ਜਾਵੇਗਾ ।



# ਚੈਕ ਰਿਪਬਲਿਕ ਤੋਂ ਆਏ ਉਦਯੋਗਪਤੀ ਨੇ ਮੇਹਰਚੰਦ ਪੋਲੀਟੈਕਨਿਕ ਦਾ ਕੀਤਾ ਦੌਰਾ



**ਜਲੰਧਰ (ਸ਼ੈਲੀ ਐਲਬਰਟ)**- ਕਾਰਪੈਂਟਰੀ ਦੇ ਲਘੂ ਟੂਲਜ਼ ਅਤੇ ਦੂਜੇ ਹੈਂਡ ਕੁਆਲਿਟੀ ਟੂਲ ਤਿਆਰ ਕਰਨ ਵਾਲੀ ਚੈਕ ਰਿਪਬਲਿਕ ਦੀ ਮਸ਼ਹੂਰ ਕੰਪਨੀ 'ਫਿਨੀ' ਦੇ ਮੈਨੇਜਿੰਗ ਡਾਇਰੈਕਟਰ ਮਾਰਸ਼ੈਲ ਪਰਗੱਲਰ ਨੇ ਮੇਹਰਚੰਦ ਪੋਲੀਟੈਕਨਿਕ ਕਾਲਜ ਜਲੰਧਰ ਦਾ ਦੌਰਾ ਕੀਤਾ। ਉਹਨਾਂ ਦੇ ਨਾਲ ਉਹਨਾਂ ਦੇ ਸਪੁੱਤਰ ਵੀ ਸਨ। ਮਿਸਟਰ ਮਾਰਸ਼ੈਲ ਦਾ ਸਵਾਗਤ ਪ੍ਰਿੰਸੀਪਲ ਡਾ. ਜਗਰੂਪ ਸਿੰਘ ਤੇ ਡੀ.ਏ.ਵੀ ਕਾਲਜ ਮੈਨੇਜਿੰਗ ਕਮੇਟੀ ਦੇ ਸੈਕਟਰੀ ਅਜੇ ਗੋਸਵਾਮੀ ਨੇ ਕੀਤਾ। ਮਿਸਟਰ ਮਾਰਸ਼ੈਲ ਨੇ ਵੱਖ-ਵੱਖ ਵਿਭਾਗਾਂ ਦਾ ਦੌਰਾ ਕੀਤਾ। ਲੈਕਚਰ ਥੀਏਟਰ ਵਿੱਚ ਪੜ੍ਹਾਈ ਦੇ ਸੱਤਰ ਨੂੰ ਵਾਚਿਆ, ਪ੍ਰੋਜੈਕਟ ਬਣਾਉਂਦੇ ਹੋਏ ਵਿਦਿਆਰਥੀਆਂ ਨਾਲ ਗੁਫ਼ਤਗੂ ਕੀਤਾ, ਲਾਇਬਰੇਰੀ, ਵਰਕਸ਼ਾਪ ਤੇ ਆਡੀਟੋਰਿਅਮ ਨੂੰ ਵੀ ਵੇਖਿਆ। ਉਹਨਾਂ ਕਿਹਾ ਕਿ ਅਤਿ ਆਧੁਨਿਕ ਇਨਫਰਾਸਟਰਕਚਰ , ਉਪਕਰਨ ਤੇ ਹੋਰ ਸਾਜ਼ੋ ਸਮਾਨ ਵੇਖ ਕੇ ਉਹ ਬਹੁਤ ਖੁਸ਼ ਹੋਏ ਹਨ। ਉਹਨਾ ਕਿਹਾ ਕਿ ਉਹ ਚਾਹੁੰਦੇ ਹਨ ਕਿ ਉਹਨਾ ਦਾ ਪੁੱਤਰ ਵੀ ਇਸ ਕਾਲਜ ਵਿੱਚ ਪੜ੍ਹੇ। ਅਜੇ ਗੋਸਵਾਮੀ ਤੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਉਦਯੋਗਪਤੀ ਮਿਸਟਰ ਮਾਰਸ਼ੈਲ ਪਰਗੱਲਰ ਨੂੰ ਸਨਮਾਨਿਤ ਵੀ ਕੀਤਾ।

# ਭਗਤ ਰਾਮ ਨੂੰ ਸ਼ਰਧਾਂਜਲੀ ਭੇਟ ਕੀਤੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਇਥੇ ਸ਼ਹੀਦ ਚੰਨਣ ਸਿੰਘ ਧੂਤ ਭਵਨ ਵਿਖੇ ਸੀ ਪੀ ਆਈ (ਐਮ) ਹੁਸ਼ਿਆਰਪੁਰ ਦੀ ਤਹਿਸੀਲ ਕਮੇਟੀ ਦੀ ਮੀਟਿੰਗ ਸਾਥੀ ਜੋਗਿੰਦਰ ਲਾਲ ਭੱਟੀ ਦੀ ਪ੍ਰਧਾਨਗੀ ਹੇਠ ਕੀਤੀ ਗਈ।ਮੀਟਿੰਗ ਦੇ ਸ਼ੁਰੂ ਵਿੱਚ ਸਾਥੀ ਭਗਤ ਰਾਮ ਸਾਬਕਾ ਐਮ ਪੀ ਅਤੇ ਸਾਬਕਾ ਸੂਬਾ ਕਮੇਟੀ ਮੈਂਬਰ ਜੋ ਪਿਛਲੇ ਸਮੇਂ ਵਿੱਚ ਵਿਛੋੜਾ ਦੇ ਗਏ ਸਨ ਨੂੰ 2 ਮਿੰਟ ਖੜੇ ਹੋ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ।ਇਸ ਮੀਟਿੰਗ ਵਿੱਚ ਸਾਥੀ ਗੁਰਮੇਸ਼ ਸਿੰਘ ਅਤੇ ਸਾਥੀ ਮਹਿੰਦਰ ਕੁਮਾਰ ਬੱਢੋਆਣ ਹਾਜ਼ਰ ਰਹੇ।ਮੀਟਿੰਗ ਦੇ ਏਜੰਡੇ ਅਨੁਸਾਰ ਤਹਿਸੀਲ ਅੰਦਰ ਕੀਤੇ ਗਏ ਕੰਮਾਂ ਅਤੇ ਐਕਸ਼ਨਾਂ ਦੀ ਸਮੀਖਿਆ ਕਰਦਿਆਂ ਕੁਝ ਰਹੀਆਂ ਘਾਟਾਂ ਕੰਮਜੋਰੀਆਂ ਨੂੰ ਗੰਭੀਰਤਾ ਨਾਲ ਨੋਟ ਕੀਤਾ ਗਿਆ।ਜਨਵਾਦੀ ਇਸਤਰੀ ਸਭਾ ਪੰਜਾਬ ਦੀ ਸੂਬਾਈ ਕਾਨਫਰੰਸ ਜੋ ਅਗਸਤ ਮਹੀਨੇ ਵਿੱਚ ਗੜ੍ਹਸ਼ੰਕਰ ਵਿੱਚ ਕੀਤੀ ਜਾ ਰਹੀ ਹੈ ਦੀ ਤਿਆਰੀ ਸੰਬੰਧੀ ਵਿਚਾਰ ਕਰਦਿਆਂ ਜਿਲ੍ਹਾ ਕਮੇਟੀ ਮੀਟਿੰਗ ਦੇ ਫੈਸਲਿਆਂ ਅਨੁਸਾਰ ਇਕ ਲੱਖ ਰੁਪਏ ਦਾ ਫੰਡ ਤਹਿਸੀਲ ਵਿੱਚੋਂ ਇਕੱਠਾ ਕਰਨ ਲਈ ਤਹਿਸੀਲ ਦੀ ਤਿੰਨ ਹਿੱਸਿਆਂ ਵਿੱਚ ਵੰਡ ਕੀਤੀ ਗਈ।ਵਿਦਿਆਰਥੀ ਲਹਿਰ ਨੂੰ ਮਜ਼ਬੂਤ ਕਰਨ ਲਈ ਮਈ ਵਿੱਚ ਭਕਨਾ ਭਵਨ ਚੰਡੀਗੜ੍ਹ ਵਿਖੇ ਹੋ ਰਹੇ ਇਕੱਠ ਵਿੱਚ ਵਿਦਿਆਰਥੀਆਂ ਨੂੰ ਭੇਜਣ ਅਤੇ 1 ਜੂਨ 2025 ਨੂੰ ਰਾਏਕੋਟ ਜਿਲ੍ਹਾ ਲੁਧਿਆਣਾ ਵਿੱਚ ਕੀਤੀ ਜਾ ਰਹੀ ਡੀ.ਵਾਈ.ਐਫ.ਆਈ. ਦੀ ਕਾਨਫਰੰਸ ਵਿੱਚ ਨੌਜਵਾਨ ਡੈਲੀਗੇਟ ਭੇਜਣ ਦਾ ਫੈਸਲਾ ਕੀਤਾ ਗਿਆ। ਇਸੇ ਤਰ੍ਹਾਂ 1 ਮਈ ਨੂੰ ਮਈ ਦਿਵਸ ਅਤੇ 5 ਮਈ ਨੂੰ ਕਾਰਲ ਮਾਰਕਸ ਦਾ ਜਨਮ ਦਿਨ ਮਨਾਉਣ ਦਾ ਫੈਸਲਾ ਕੀਤਾ ਗਿਆ। 20 ਮਈ ਨੂੰ ਦੇਸ਼ ਦੀਆਂ ਟ੍ਰੇਡ ਯੂਨੀਅਨਾਂ ਅਤੇ ਫੈਡਰੇਸ਼ਨਾਂ ਵਲੋਂ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਨੂੰ ਜਿਥੇ ਸਫਲ ਕਰਨ ਲਈ ਤਿਆਰੀ ਤੇਜ ਕਰਨ ਦਾ ਫੈਸਲਾ ਲਿਆ ਗਿਆ। ਇਸ ਮੌਕੇ ਸਾਥੀ ਬਲਵਿੰਦਰ ਸਿੰਘ, ਪ੍ਰੇਮ ਲਤਾ, ਧਨਪਤ, ਪਰਸ਼ਨ ਸਿੰਘ, ਬਲਰਾਜ ਸਿੰਘ ਬੈਂਸ, ਮਨਦੀਪ ਸਿੰਘ ਕਾਲਾ ਲਹਿਲੀ ਕਲਾਂ, ਸੁਰਿੰਦਰ ਕੌਰ, ਰਾਜ ਰਾਣੀ, ਗੁਰਮੀਤ ਕਾਣੇ ਅਤੇ ਧਰਮਪਾਲ ਰਾਜਪੁਰ ਭਾਈਆਂ ਹਾਜ਼ਰ ਸਨ।

# ਨਾਇਬ ਸਿੰਘ ਸੈਣੀ ਨੇ ਪਹਿਲਗਾਮ 'ਚ ਅੱਤਵਾਦੀ ਹਮਲੇ ਦੀ ਨਿੰਦਿਆ ਕੀਤੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਨੇ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਦੀ ਕੜੀ ਨਿੰਦਾ ਕੀਤੀ।ਉਨ੍ਹਾਂ ਨੇ ਕਿਹਾ ਕਿ ਦੇਸ਼ ਅਜਿਹੇ ਮੁਸ਼ਕਲ ਸਮੇਂ ਵਿੱਚ ਇੱਕਜੁੱਟ ਹੈ ਅਤੇ ਅੱਤਵਾਦ ਤੋਂ ਡਰਨ ਜਾਂ ਝੁਕਣ ਵਾਲਾ ਨਹੀਂ ਹੈ।ਮੁੱਖ ਮੰਤਰੀ ਨੇ ਹਮਲੇ ਵਿੱਚ ਮਾਰੇ ਗਏ ਆਮ ਨਿਗਰਿਕਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਅਤੇ ਉਨ੍ਹਾਂ ਦੇ ਪਰਿਜਨਾਂ ਦੇ ਪ੍ਰਤੀ ਸੰਵੇਦਨਾ ਵਿਅਕਤ ਕੀਤੀ।ਉਨ੍ਹਾਂ ਨੇ ਕਿਹਾ ਕਿ ਇਹ ਕਾਇਰਾਨਾ ਹਰਕਤ ਹੈ, ਜਿਸ ਨੇ ਨਿਰਦੋਸ਼ ਲੋਕਾਂ ਦੀ ਜਾਨ ਲਈ। ਨਾਗਰਿਕਾਂ ਦਾ ਬਲਿਦਾਨ ਸਦਾ ਯਾਦ ਰਹੇਗਾ ਅਤੇ ਅਸੀਂ ਉਨ੍ਹਾਂ ਦੇ ਪਰਵਾਰਾਂ ਦੇ ਨਾਲ ਖੜੇ ਰਹਾਂਗੇ।ਇਸ ਮੌਕੇ ਮੁੱਖ ਮੰਤਰੀ ਨੇ ਪਹਿਲਗਾਮ ਅੱਤਵਾਦੀ ਹਮਲੇ ਵਿੱਚ ਜਾਨ ਗਵਾਉਣ ਵਾਲੇ ਵਿਨੈ ਨਰਵਾਲ ਦੇ ਪਰਵਾਰ ਨਾਲ ਵੀ ਗੱਲ ਕੀਤੀ।ਮੁੱਖ ਮੰਤਰੀ ਨੇ ਪਰਵਾਰ ਦੇ ਨਾਲ ਦੁੱਖ ਸਾਂਝਾ ਕੀਤਾ ਅਤੇ ਕਿਹਾ ਕਿ ਹਰਿਆਣਾ ਸਰਕਾਰ ਦੁੱਖ ਦੇ ਸਮੇਂ ਵਿੱਚ ਪਰਵਾਰ ਦੇ ਨਾਲ ਖੜੀ ਹੈ।

# ਹਰਜੋਤ ਬੈਂਸ ਨੇ ਪਹਿਲਗਾਮ ਹਮਲੇ ਦੀ ਕੀਤੀ ਨਿੰਦਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਜੰਮੂ ਕਸ਼ਮੀਰ ਦੇ ਪਹਿਲਗਾਮ ਚ ਸੈਲਾਨੀਆਂ ਤੇ ਹੋਏ ਅੱਤਵਾਦੀ ਹਮਲੇ ਦੀ ਕਰੜੇ ਸਬਦਾਂ ਵਿੱਚ ਨਿੰਦਾ ਕਰਦੇ ਹੋਏ ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਹੈ ਕਿ ਨਿਹੱਥੇ ਭਾਰਤੀਆਂ ਤੇ ਹਮਲਾ ਕਰਨਾ ਇਸਤਰ੍ਹਾਂ ਬਹੁਤ ਹੀ ਸ਼ਰਮਨਾਕ ਅਤੇ ਨਿੰਦਣਯੋਗ ਕਾਰਵਾਈ ਹੈ।ਉਹਨਾਂ ਕਿਹਾ ਕਿ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਤੇ ਜਖਮੀ ਜਲਦੀ ਤੰਦਰੁਸਤ ਹੋ ਕੇ ਆਪਣੇ ਪਰਿਵਾਰਾਂ ਵਿੱਚ ਪਹੁੰਚਣ।ਸ.ਬੈਂਸ ਨੇ ਕਿਹਾ ਕਿ ਭਾਰਤ ਦੇ ਲੋਕ ਅਮਨ ਪਸੰਦ ਹਨ ਅਤੇ ਵਿਰੋਧੀ ਤਾਕਤਾਂ ਹਮੇਸ਼ਾਂ ਸਾਡੇ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਪ੍ਰਭਾਵਿੱਤ ਕਰਨ ਦੀ ਕੋਸ਼ਿਸ਼ ਕਰਦੀਆਂ ਹਨ ਪ੍ਰੰਤੂ ਅਸੀਂ ਉਹਨਾਂ ਨੂੰ ਹਮੇਸ਼ਾ ਮੂੰਹ ਤੋੜਵਾ ਜਵਾਬ ਦਿੱਤਾ ਹੈ।ਅਸੀਂ ਭਾਈਚਾਰਕ ਸਾਂਝ ਦੀ ਮਜਬੂਤੀ ਲਈ ਹਮੇਸ਼ਾ ਵਚਨਬੱਧ ਹਾਂ।ਉਹਨਾਂ ਨੇ ਸੋਸ਼ਲ ਮੀਡਿਆਂ ਤੇ ਕਿਹਾ ਕਿ ਦੇਸ਼ ਵਾਸੀ ਇਕ ਜੁੱਟ ਹਨ ਤੇ ਅਸੀਂ ਅਜਿਹੀ ਘਿਨੋਣੀਂ ਕਾਰਵਾਈ ਦੀ ਨਿੰਦਾ ਕਰਦੇ ਹਾਂ।

# ਸੀ ਪੀ ਆਈ ਐੱਮ ਐੱਲ ਐੱਨ ਡੀ ਵੱਲੋਂ ਪਹਿਲਗਾਮ ਦੇ ਮ੍ਰਿਤਕਾਂ ਨੂੰ ਸ਼ਰਧਾਂਜਲੀਆਂ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ -ਲੈਨਿਨਵਾਦੀ) ਨਿਊਡੈਮੋਕਰੇਸੀ ਜਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਸਥਾਨਕ ਬਾਰਾਦਰੀ ਬਾਗ ਵਿਚ ਪਹਿਲਗਾਮ ਵਿਚ ਮਾਰੇ ਗਏ 26 ਨਿਰਦੋਸ਼ਾਂ ਨੂੰ ਸ਼ਰਧਾਂਜਲੀਆਂ ਭੇਟ ਕਰਨ ਉਪਰੰਤ ਇਸ ਕਾਂਡ ਦੇ ਵਿਰੋਧ ਵਿਚ ਸ਼ਹਿਰ ਅੰਦਰ ਪ੍ਰਦਰਸ਼ਨ ਕੀਤਾ ਗਿਆ।ਪਾਰਟੀ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਕੋਲੋ ਅਸਤੀਫੇ ਦੀ ਮੰਗ ਕੀਤੀ ਹੈ।ਇਸ ਮੌਕੇ ਇਸ ਹੱਤਿਆ ਕਾਂਡ ਦੀ ਨਿੰਦਾ ਕਰਦਿਆਂ ਪਾਰਟੀ ਆਗੂਆਂ ਕੁਲਵਿੰਦਰ ਸਿੰਘ ਵੜੈਚ, ਦਲਜੀਤ ਸਿੰਘ ਐਡਵੋਕੇਟ ਨੇ ਕਿਹਾ ਪਹਿਲਗਾਮ ਧਰਮ ਅਧਾਰਿਤ ਸਮੂਹਿਕ ਹੱਤਿਆ ਕਾਂਡ ,ਜਿਸ ਵਿਚ 26 ਨਿਰਦੋਸ਼ ਲੋਕਾਂ ਦੀ ਜਾਨ ਚਲੀ ਗਈ ਹੈ ਅਤੇ ਹੋਰ ਕਈ ਜ਼ਖਮੀ ਹੋਏ ਹਨ,ਇਕ ਬੇਹੱਦ ਘਿਨਾਉਣਾ, ਕਰੂਰ ਅਤੇ ਨਿੰਦਣਯੋਗ ਕਾਰਾ ਹੈ, ਅਸੀਂ ਇਸਦੀ ਜੋਰਦਾਰ ਨਿਖੇਧੀ ਕਰਦੇ ਹਾਂ।

# ਨੀਨਾ ਮਿੱਤਲ ਵੱਲੋਂ 60 ਲੱਖ ਰੁਪਏ ਦੇ ਵਿਕਾਸ ਕਾਰਜ ਵਿਦਿਆਰਥੀਆਂ ਨੂੰ ਸਮਰਪਿਤ

**ਬਨੂੜ (ਕ੍ਰਿਸ਼ਨ ਗਰਗ)** ਵਿਧਾਇਕਾ ਨੀਨਾ ਮਿੱਤਲ ਨੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਦੇ ਪਿੰਡਾਂ ਮਨੌਲੀ ਸੂਰਤ ਅਤੇ ਨੱਗਲ ਸਲੇਮਪੁਰ ਦੇ ਸਰਕਾਰੀ ਹਾਈ ਅਤੇ ਪ੍ਰਾਇਮਰੀ ਸਕੂਲਾਂ ਵਿੱਚ 62 ਲੱਖ ਰੁਪਏ ਦੇ ਵਿਕਾਸ ਕਾਰਜਾਂ ਨੂੰ ਵਿਦਿਅਰਥੀਆਂ ਨੂੰ ਸਮਰਪਿਤ ਕੀਤਾ।ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਿੱਖਿਆ ਖੇਤਰ ਨੂੰ ਨਵੀ ਉਚਾਈਆਂ ਤੱਕ ਲਿਜਾਣ ਦੀ ਪੂਰੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਅਧਿਆਪਕਾਂ ਨੂੰ ਫਿਨਲੈਂਡ ਅਤੇ ਸਿੰਘਾਪੁਰ ਵਿਖੇ ਅੰਤਰਰਾਸ਼ਟਰੀ ਸਿਖਲਾਈ ਦਿਵਾਈ ਜਾ ਰਹੀ ਹੈ। ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਮਾਪਿਆਂ ਦਾ ਵਿਸ਼ਵਾਸ ਬਣਨ ਕਰਕੇ ਬਹੁਤ ਸਾਰੇ ਮਾਪੇ ਆਪਣੇ ਬੱਚਿਆਂ ਨੂੰ ਨਿਜੀ ਸਕੂਲਾਂ ਵਿੱਚੋਂ ਹਟਾ ਕੇ ਸਰਕਾਰੀ ਸਕੂਲਾਂ ਵਿੱਚ ਲਿਆਏ ਹਨ।ਇਸ ਮੌਕੇ ਸਮੂਹ ਪੰਚਾਇਤ ਮੈਂਬਰਾਂ, ਸਕੂਲ ਸਟਾਫ, ਵਿਦਿਆਰਥੀਆਂ ਅਤੇ ਪਿੰਡ ਵਾਸੀਆਂ ਨੇ ਵਿਧਾਇਕਾ ਨੀਨਾ ਮਿੱਤਲ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਵਿਜੇ ਮੈਨਰੋ ਸਿੱਖਿਆ ਕੋਆਰਡੀਨੇਟਰ ਅਤੇ ਮਾਸਟਰ ਟਰੇਨਰ ਮਾਲਵਾ ਜੋਨ, ਪ੍ਰੇਰਨਾ ਛਾਬੜਾ ਬਲਾਕ ਨੋਡਲ ਅਫਸਰ, ਰਾਜਿੰਦਰ ਸਿੰਘ ਚਾਨੀ ਜਿਲ੍ਹਾ ਮੀਡੀਆ ਕੋਆਰਡੀਨੇਟਰ ਪਟਿਆਲਾ, ਨਵਜੀਤ ਸਿੰਘ ਹੈੱਡ ਮਾਸਟਰ, ਅਨੀਤਾ ਗਰਗ ਹੈਡ ਮਿਸਟ੍ਰੈਸ, ਕਮਲੇਸ਼ ਕੌਰ, ਗੁਰਸੇਵਕ ਸਿੰਘ ਐਸ ਐਚ ਓ ਬਨੂੜ, ਜਸਵਿੰਦਰ ਸਿੰਘ ਲਾਲਾ ਖਲਾਵਰ, ਹਰਨੇਕ ਸਿੰਘ ਛੜਬੜ, ਲੱਕੀ ਸੰਧੂ, ਗੁਰਤੇਜ ਸਿੰਘ, ਭਜਨ ਸਿੰਘ ਐਮਸੀ ਬਨੂੜ, ਅਮਨਦੀਪ ਸਿੰਘ ਨਲਾਸ, ਸਵਰਨ ਸਿੰਘ ਮਠਿਆੜਾ, ਕਰਨ ਸਿੰਘ ਬੁੱਢਣਪੁਰ, ਮਹਿੰਦਰ ਸਿੰਘ, ਅਮਰਿੰਦਰ ਸਿੰਘ ਮੀਰੀ, ਜਗਦੀਪ ਸਿੰਘ, ਅਲੂਣਾ ਅਮਨ ਸੈਣੀ, ਗੁਰਸ਼ਰਨ ਵਿਰਕ, ਬਲਜੀਤ ਸਿੰਘ ਐਮਸੀ, ਕਾਕਾ ਰਾਮ, ਰਮੇਸ਼ ਕੁਮਾਰ, ਹੈਪੀ ਛੜਬੜ, ਸੁਸ਼ੀਲ ਕੁਮਾਰ, ਪਰਮਜੀਤ ਕੌਰ, ਸਾਰਿਕਾ, ਕਿਰਨਦੀਪ ਕੌਰ ਅਤੇ ਪਤਵੰਤੇ ਸੱਜਣ, ਬੱਚਿਆਂ ਦੇ ਮਾਪੇ ਅਤੇ ਅਧਿਆਪਕ ਹਾਜ਼ਰ ਸਨ।

# ਬੀ ਐੱਸ ਸੀ ਐਗਰੀਕਲਚਰ ਦੇ ਸਮੈਸਟਰ ਸੱਤਵਾਂ ਦਾ ਨਤੀਜਾ ਸ਼ਾਨਦਾਰ



**ਮਾਹਿਲਪੁਰ (ਸ.ਫਰੀ)** ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਨਤੀਜਿਆਂ ਵਿੱਚ ਇਥੋਂ ਦੇ ਸ਼੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਬੀਐਸਸੀ ਐਗਰੀਕਲਚਰ ਦੇ ਸਮੈਸਟਰ ਸੱਤਵਾਂ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਇਸ ਬਾਰੇ ਗੱਲ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਅਤੇ ਐਗਰੀਕਲਚਰ ਵਿਭਾਗ ਦੇ ਮੁਖੀ ਡਾ ਪ੍ਰਤਿਭਾ ਚੌਹਾਨ ਨੇ ਦੱਸਿਆ ਕਿ ਬੀ ਐਸ ਸੀ ਐਗਰੀਕਲਚਰ ਦੇ ਸਮੈਸਟਰ ਸੱਤਵਾਂ ਦੇ ਨਤੀਜੇ ਵਿੱਚ ਸਿਧਾਰਥ ਰਾਜ ਨੇ 79 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਵਿਦਿਆਰਥਣ ਸਿਮਰਨ ਕੌਰ ਨੇ 77.6 ਫੀਸਦੀ ਅੰਕਾਂ ਨਾਲ ਦੂਜਾ ਅਤੇ ਵਿਦਿਆਰਥਣ ਕਨੂੰ ਪ੍ਰਿਆ ਨੇ 76.9 ਫੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਪ੍ਰਿੰਸੀਪਲ ਸਮੇਤ ਐਗਰੀਕਲਚਰ ਵਿਭਾਗ ਦੇ ਅਧਿਆਪਕਾਂ ਨੇ ਇਨ੍ਹਾਂ ਵਿਦਿਆਰਥੀਆਂ ਨੂੰ ਚੰਗੇ ਨਤੀਜੇ ਹਾਸਿਲ ਕਰਨ ਤੇ ਸ਼ੁਭਕਾਮਨਾਵਾਂ ਦਿੱਤੀਆਂ।

# ਪਹਿਲਗਾਮ ਅੱਤਵਾਦੀ ਹਮਲੇ ਦੇ ਵਿਰੋਧ 'ਚ ਵੱਖ-ਵੱਖ ਥਾਈਂ ਰੋਸ ਪ੍ਰਦਰਸ਼ਨ, ਅੱਤਵਾਦ ਦੇ ਸਾੜੇ ਪੁਤਲੇ


ਨਾਭਾ


ਮੋਗਾ


ਮਾਛੀਵਾੜਾ ਸਾਹਿਬ


ਪਾਤੜਾਂ

**ਨਾਭਾ (ਵਰਿੰਦਰ ਵਰਮਾ)**- ਜੰਮੂ ਕਸ਼ਮੀਰ ਦੇ ਪਹਿਲਗਾਮ ਵਿਖੇ ਅੱਤਵਾਦੀ ਹਮਲੇ ਤੋਂ ਬਾਅਦ ਪੂਰੇ ਦੇਸ਼ ਵਿੱਚ ਪਾਕਿਸਤਾਨ ਤੇ ਅੱਤਵਾਦ ਖਿਲਾਫ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ।ਇਸੇ ਤਹਿਤ ਨਾਭਾ ਦੇ ਪਟਿਆਲਾ ਗੇਟ ਵਿਖੇ ਵੀ ਲੋਕਾਂ ਵੱਲੋਂ ਇਕੱਠੇ ਹੋ ਕੇ ਇਸ ਅੱਤਵਾਦ ਹਮਲੇ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ।ਵੱਡੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਨੇ ਪਾਕਿਸਤਾਨ ਤੇ ਅੱਤਵਾਦ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਅਤੇ ਪੁਤਲਾ ਫੂਕ ਆਪਣਾ ਰੋਸ ਪ੍ਰਗਟ ਕੀਤਾ।ਇਕੱਠੇ ਹੋਏ ਲੋਕ ਜਿੱਥੇ ਇਸ ਅੱਤਵਾਦੀ ਹਮਲੇ ਨਾਲ ਭਾਵਕ ਨਜ਼ਰ ਆਏ, ਉੱਥੇ ਉਨ੍ਹਾਂ ਦੇ ਮਨਾਂ ਵਿੱਚ ਵੀ ਭਾਰੀ ਰੋਸ ਵੀ ਵੇਖਿਆ ਗਿਆ।ਰੋਸ ਪ੍ਰਦਰਸ਼ਨ ਕਰਦੇ ਹੋਏ ਭਾਰਤੀ ਜਨਤਾ ਪਾਰਟੀ ਦੇ ਆਗੂ ਤੇ ਮੁੱਖ ਸੇਵਾਦਾਰ ਬਰਿੰਦਰ ਬਿੱਟੂ, ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੌਲੀ ਨੇ ਕਿਹਾ ਕਿ ਪਾਕਿਸਤਾਨ ਵੱਲੋਂ ਵਾਰ-ਵਾਰ ਇਸ ਤਰ੍ਹਾਂ ਦੀਆਂ ਅੱਤਵਾਦੀ ਘਟਨਾਵਾਂ ਨੂੰ ਅੰਜਾਮ ਦਿੱਤਾ ਜਾਂਦਾ ਹੈ, ਜਿਸ ਖਿਲਾਫ ਭਾਰਤ ਸਰਕਾਰ ਸਖਤ ਐਕਸ਼ਨ ਲਵੇ। ਉਨ੍ਹਾਂ ਕਿਹਾ ਕਿ ਅੱਤਵਾਦੀਆਂ ਵੱਲੋਂ ਪਹਿਲਗਾਮ ਵਿਖੇ ਧਰਮ ਨੂੰ ਆਧਾਰ ਬਣਾ ਕੇ ਨਿਰਦੋਸ਼ ਤੇ ਨਿਹੱਤੇ ਲੋਕਾਂ 'ਤੇ ਕਾਇਰਾਨਾ ਹਮਲਾ ਕੀਤਾ ਗਿਆ ਹੈ। ਰੋਸ ਪ੍ਰਦਰਸ਼ਨ ਕਰ ਰਹੇ ਲੋਕਾਂ ਨੇ ਇਹ ਵੀ ਕਿਹਾ ਕਿ ਹੁਣ ਲੋੜ ਹੈ ਕਸ਼ਮੀਰ ਤੋਂ ਪਾਕਿਸਤਾਨ ਨੂੰ ਬਾਹਰ ਕੱਢਿਆ ਜਾਵੇ ਤੇ ਪੀਓਕੇ ਨੂੰ ਭਾਰਤ ਵਿੱਚ ਦੁਬਾਰਾ ਸ਼ਾਮਲ ਕੀਤਾ ਜਾਵੇ ਜਿੱਥੋਂ ਪਾਕਿਸਤਾਨ ਇਸ ਤਰ੍ਹਾਂ ਦੀਆਂ ਘਟਨਾਵਾਂ ਨੂੰ ਅੰਜਾਮ ਦਿੰਦਾ ਰਿਹਾ ਹੈ।ਇਸ ਮੌਕੇ ਬੀਜੇਪੀ ਮੰਡਲ ਪ੍ਰਧਾਨ ਪਰਮਿੰਦਰ ਗੁਪਤਾ, ਜ਼ਿਲ੍ਹਾ ਮਹਾਂ ਮੰਤਰੀ ਗੌਰਵ ਜਲੋਟਾ, ਪਰਵੀਨ ਮਿੱਤਲ ਗੋਗੀ, ਅਮਰ ਚੰਦ ਕਥੂਰੀਆ, ਵਿਨੋਦ ਕਾਲੜਾ, ਅਮਿਤ ਜਿੰਦਲ, ਰਾਮ ਕ੍ਰਿਸ਼ਨ ਭੱਲਾ, ਵਿਸ਼ਾਲ ਸ਼ਰਮਾ, ਦਰਸ਼ਨ ਅਰੋੜਾ, ਅਵਤਾਰ ਸਿੰਘ ਸ਼ੇਰਗਿੱਲ, ਐਡਵੋਕੇਟ ਨਰਿੰਦਰ ਸ਼ਰਮਾ, ਰਿਸ਼ੂ ਵਰਮਾ, ਸੰਜੀਵ ਜਿੰਦਲ, ਕੁਲਵੰਤ ਸਿੰਘ ਸਿਆਣ, ਅਸ਼ਵਨੀ ਚੋਪੜਾ, ਰਵਿੰਦਰ ਸ਼ਰਮਾ ਬਿੱਟੂ, ਅਮਨ ਕੌਸ਼ਲ, ਦੀਪਕ ਜੈਨ, ਕ੍ਰਿਸ਼ਨ ਪਵਾਰ, ਜਤਿੰਦਰ ਸ਼ਰਮਾ, ਪ੍ਰੇਮ ਸਾਗਰ ਬਾਂਸਲ, ਉਜਵਲ, ਵਿਕਾਸ ਗਰਗ, ਰਾਮ ਕੁਮਾਰ, ਕਾਲੀ ਚਰਨ ਦਾਸ ਤੋਂ ਇਲਾਵਾ ਵੱਖ-ਵੱਖ ਧਰਮਾਂ ਦੇ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।

**ਮੋਗਾ (ਇਕਬਾਲ ਸਿੰਘ ਖਹਿਰਾ)**- ਪਹਿਲਗਾਮ ਵਿਖੇ ਪਾਕਿਸਤਾਨੀ ਅੱਤਵਾਦੀਆਂ ਵੱਲੋਂ ਲਗਭਗ 27 ਸੈਲਾਨੀਆਂ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਤੇ 20 ਤੋਂ ਵਧੇਰੇ ਸੈਲਾਨੀ ਗੰਭੀਰ ਜ਼ਖਮੀ ਹੋ ਗਏ। ਹੁਣ ਇਸ ਅੱਤਵਾਦੀ ਹਮਲੇ ਦੀ ਨਿੰਦਾ ਕਰਨ ਦੀ ਬਜਾਏ ਕਾਰਵਾਈ ਕਰਨ ਦਾ ਸਮਾਂ ਹੈ ਅਤੇ ਪਾਕਿਸਤਾਨ ਵਿੱਚ ਬੈਠੇ ਅੱਤਵਾਦੀ ਆਕਾਵਾਂ ਨੂੰ ਢੁੱਕਵਾਂ ਜਵਾਬ ਦੇਣਾ ਚਾਹੀਦਾ ਹੈ ਤਾਂ ਜੋ ਉਨ੍ਹਾਂ ਨੂੰ ਸਬਕ ਸਿਖਾਇਆ ਜਾ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਪੁਰਾਣੀ ਦਾਣਾ ਮੰਡੀ ਸਥਿਤ ਭਾਰਤ ਮਾਤਾ ਮੰਦਰ ਨੇੜੇ ਪਾਕਿਸਤਾਨ ਤੇ ਅੱਤਵਾਦੀਆਂ ਦੇ ਪੁਤਲੇ ਫੂਕਣ ਮੌਕੇ ਗੁੱਸੇ ਭਰੇ ਸ਼ਬਦਾਂ ਵਿੱਚ ਕੀਤਾ। ਇਸ ਮੌਕੇ ਸੀਨੀਅਰ ਭਾਜਪਾ ਆਗੂ ਨਿਧੜਕ ਸਿੰਘ ਬਰਾੜ, ਜਨਰਲ ਸਕੱਤਰ ਮੁਖਤਿਆਰ ਸਿੰਘ, ਜਨਰਲ ਸਕੱਤਰ ਵਿੱਕੀ ਸਿਤਾਰਾ, ਉਪ ਪ੍ਰਧਾਨ ਸੋਨੀ ਮੰਗਲਾ ਤੇ ਉਨ੍ਹਾਂ ਨਾਲ ਆਏ ਵੱਡੀ ਗਿਣਤੀ ਵਿੱਚ ਭਾਜਪਾ ਵਰਕਰ, ਐੱਸ ਸੀ ਫਰੰਟ ਦੇ ਜ਼ਿਲ੍ਹਾ ਪ੍ਰਧਾਨ ਸੂਰਜ ਭਾਨ, ਮਹਿਲਾ ਮੋਰਚੇ ਦੀ ਪ੍ਰਧਾਨ ਸ਼ਿਲਪਾ ਬਾਂਸਲ, ਸੀਨੀਅਰ ਆਗੂ ਨੀਤੂ ਗੁਪਤਾ, ਗੀਤਾ ਆਰੀਆ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਭਾਜਪਾ ਵਰਕਰ, ਅਹੁਦੇਦਾਰ ਤੇ ਸ਼ਹਿਰ ਦੇ ਪਤਵੰਤੇ ਮੌਜੂਦ ਸਨ। ਡਾ. ਸੀਮਾਂਤ ਗਰਗ ਨੇ ਕਿਹਾ ਕਿ ਵਾਰ-ਵਾਰ ਸਮਝਾਉਣ ਦੇ ਬਾਵਜੂਦ ਪਾਕਿਸਤਾਨ ਭਾਰਤ ਦੀ ਗੱਲ ਨੂੰ ਨਹੀਂ ਸਮਝ ਰਿਹਾ। ਉਨ੍ਹਾਂ ਕਿਹਾ ਕਿ ਇਨ੍ਹਾਂ ਕਤਲਾਂ ਕਾਰਨ ਪੂਰਾ ਭਾਰਤ ਸਦਮੇ ਦੇ ਨਾਲ ਨਾਲ ਗੁੱਸੇ ਵਿੱਚ ਹੈ ਅਤੇ ਦੁਨੀਆ ਭਰ ਦੇ ਦੇਸ਼ ਇਸ ਹਮਲੇ ਦੀ ਨਿੰਦਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ 2019 ਵਿੱਚ ਜਦੋਂ ਜੰਮੂ-ਕਸ਼ਮੀਰ ਵਿੱਚ ਧਾਰਾ 370 ਖਤਮ ਕੀਤੀ ਗਈ ਸੀ, ਉਸ ਸਮੇਂ ਸਿਰਫ਼ 15-16 ਲੱਖ ਸੈਲਾਨੀ ਜੰਮੂ-ਕਸ਼ਮੀਰ ਆ ਰਹੇ ਸਨ, ਪਰ ਅੱਜ ਸੈਲਾਨੀਆਂ ਦੀ ਗਿਣਤੀ 2.25 ਕਰੋੜ ਤੋਂ ਵੱਧ ਹੋ ਗਈ ਹੈ ਅਤੇ ਹੁਣ ਜੰਮੂ-ਕਸ਼ਮੀਰ ਵਿੱਚ ਕਰੋੜਾਂ ਰੁਪਏ ਦਾ ਕਾਰੋਬਾਰ ਹੋ ਰਿਹਾ ਹੈ ਤੇ ਜੰਮੂ-ਕਸ਼ਮੀਰ ਦੇ ਲੋਕਾਂ, ਦੁਕਾਨਦਾਰਾਂ ਤੇ ਕਾਰੋਬਾਰੀਆਂ ਨੂੰ ਬਹੁਤ ਲਾਭ ਹੋ ਰਿਹਾ ਹੈ, ਪਰ ਕਸ਼ਮੀਰ ਵਿਰੋਧੀ ਤਾਕਤਾਂ ਤੋਂ ਇਹ ਬਰਦਾਸ਼ਤ ਨਹੀ ਹੁੰਦਾ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਪਹਿਲਗਾਮ ਹਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਯੋਜਨਾਬੱਧ ਤਰੀਕੇ ਨਾਲ ਪਾਕਿਸਤਾਨ ਤੇ ਉਥੇ ਪਲ ਰਹੇ ਅੱਤਵਾਦ ਨੂੰ ਮੂੰਹ ਤੋੜਵਾਂ ਜਵਾਬ ਦੇਵੇ।



ਰਾਜਪੁਰਾ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਬੀਤੇ ਦਿਨੀਂ ਕਸ਼ਮੀਰ ਦੇ ਪਹਿਲਗਾਮ ਵਿਖੇ ਅੱਤਵਾਦੀਆਂ ਨੇ ਸੈਲਾਨੀਆਂ 'ਤੇ ਗੋਲੀਆਂ ਚਲਾ ਕੇ ਜੋ ਘਿਨੌਣੀ ਵਾਰਦਾਤ ਨੂੰ ਅੰਜਾਮ ਦਿੱਤਾ ਹੈ, ਉਸ ਦੇ ਰੋਸ ਵਜੋਂ ਮਾਛੀਵਾੜਾ ਵਿਖੇ ਕਾਂਗਰਸ ਵੱਲੋਂ ਪਾਕਿਸਤਾਨ ਤੇ ਅੱਤਵਾਦ ਦਾ ਪੁਤਲਾ ਫੂਕਿਆ ਗਿਆ। ਮਾਛੀਵਾੜਾ ਦੇ ਖਾਲਸਾ ਚੌਕ ਵਿਖੇ ਇਕੱਤਰ ਹੋਏ ਕਾਂਗਰਸੀ ਆਗੂਆਂ ਤੇ ਵਰਕਰਾਂ ਨੇ ਅੱਤਵਾਦ ਵਿਰੋਧੀ ਨਾਅਰੇ ਲਗਾਉਂਦਿਆਂ ਸਰਕਾਰ ਤੋਂ ਮੰਗ ਕੀਤੀ ਕਿ ਅਜਿਹੇ ਦਹਿਸ਼ਤਗਰਦਾਂ ਨੂੰ ਸ਼ਰੇਆਮ ਫਾਂਸੀ ਦਿੱਤੀ ਜਾਵੇ। ਬਲਾਕ ਕਾਂਗਰਸ ਪ੍ਰਧਾਨ ਪਰਮਿੰਦਰ ਤਿਵਾੜੀ ਨੇ ਕਿਹਾ ਕਿ ਅੱਜ ਜਿੱਥੇ ਅੱਤਵਾਦ ਦਾ ਪੁਤਲਾ ਫੂਕਿਆ ਗਿਆ, ਉੱਥੇ ਮ੍ਰਿਤਕ ਸੈਲਾਨੀ ਪਰਵਾਰਾਂ ਨਾਲ ਦੁੱਖ ਦਾ ਪ੍ਰਗਟਾਵਾ ਵੀ ਕੀਤਾ ਜਾਂਦਾ ਹੈ। ਪ੍ਰਧਾਨ ਤਿਵਾੜੀ ਨੇ ਕਿਹਾ ਕਿ ਮੌਕੇ ਦੀਆਂ ਸਰਕਾਰਾਂ ਵੀ ਆਪਣਾ ਫ਼ਰਜ਼ ਪਛਾਨਣ ਤੇ ਅੱਤਵਾਦ ਨੂੰ ਸਿਰ ਨਾ ਚੁੱਕਣ ਦੇਣ। ਉਨ੍ਹਾਂ ਕਿਹਾ ਕਿ ਦੇਸ਼ ਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸੈਰ-ਸਪਾਟਿਆਂ ਦੀ ਬਜਾਏ ਜੋ ਭਾਰਤ ਵਿੱਚ ਅੱਤਵਾਦ ਸਿਰ ਚੁੱਕ ਰਿਹਾ ਹੈ, ਉਸ ਨੂੰ ਨੱਥ ਪਾਉਣ। ਇਸ ਮੌਕੇ ਯੂਥ ਦਿਹਾਤੀ ਪ੍ਰਧਾਨ ਜਸਪ੍ਰੀਤ ਸਿੰਘ ਸਹਿਜੋ ਮਾਜਰਾ, ਵਿਨੀਤ ਕੁਮਾਰ ਝੜੌਦੀ, ਭੁਪਿੰਦਰ ਸਿੰਘ ਕਾਹਲੋਂ, ਚੇਤਨ ਕੁਮਾਰ, ਨੰਦ ਕਿਸ਼ੋਰ, ਸ਼ਿਵ ਕੁਮਾਰ ਸ਼ਿਵਲੀ, ਜਗਦੀਸ਼ ਚਾਨਣਾ, ਯੁਵਰਾਜਜੀਤ, ਸਾਬਕਾ ਕੌਂਸਲਰ ਹਰਚੰਦ ਸਿੰਘ, ਰਕੇਸ਼ ਕੁਮਾਰ ਛਿੰਦੂ ਆਦਿ ਮੌਜੂਦ ਸਨ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਭਾਰਤੀ ਜਨਤਾ ਪਾਰਟੀ ਹਲਕਾ ਸ਼ੁਤਰਾਣਾ ਵੱਲੋਂ ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਬੇਕਸੂਰ ਸੈਲਾਨੀਆਂ ਉੱਤੇ ਹੋਏ ਅੱਤਵਾਦੀ ਹਮਲੇ ਖ਼ਿਲਾਫ਼ ਦਿੱਲੀ-ਸੰਗਰੂਰ ਕੌਮੀ ਮੁੱਖ ਮਾਰਗ 'ਤੇ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਕ ਵਿੱਚ ਵਿਸ਼ਾਲ ਰੋਹ ਭਰਪੂਰ ਮੁਜ਼ਾਹਰਾ ਕੀਤਾ ਗਿਆ।ਇਸ ਸਮੇਂ ਆਤੰਕਵਾਦ ਦਾ ਪੁਤਲਾ ਫੂਕਦੇ ਹੋਏ ਇਸ ਵਹਿਸ਼ੀ ਘਟਨਾ ਦੀ ਕੜੀ ਨਿੰਦਾ ਕਰਦੇ ਹੋਏ ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਭਾਜਪਾ ਦੇ ਹਲਕਾ ਇੰਚਾਰਜ ਨਰਾਇਣ ਸਿੰਘ ਨਰਸੋਤ ਨੇ ਕਿਹਾ ਕਿ ਬੇਗੁਨਾਹ ਸੈਲਾਨੀਆਂ ਦਾ ਕਤਲ ਇਨਸਾਨੀਅਤ ਵਿਰੁੱਧ ਅਪਰਾਧ ਹੈ।ਦੁੱਖ ਦੀ ਇਸ ਘੜੀ ਵਿੱਚ ਪੀੜਤ ਪਰਵਾਰਾਂ ਦੇ ਨਾਲ ਖੜੇ ਹਾਂ ਤੇ ਸਮੂਹ ਭਾਜਪਾ ਟੀਮ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇਸ ਘਟਨਾ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਬੇਨਤੀ ਕੀਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਮੇਸ਼ ਕੁਮਾਰ ਕੁੱਕੂ ਮੈਂਬਰ ਪੰਜਾਬ ਕਾਰਜਕਾਰੀ ਕਮੇਟੀ ਭਾਜਪਾ, ਲਾਲ ਚੰਦ ਲਾਲੀ ਮੰਡਲ ਪ੍ਰਧਾਨ, ਸਤੀਸ਼ ਗਰਗ ਜ਼ਿਲ੍ਹਾ ਵਾਇਸ ਪ੍ਰਧਾਨ, ਪ੍ਰਸ਼ੋਤਮ ਸਿੰਗਲਾ ਸਟੇਟ ਵਾਇਸ ਪ੍ਰਧਾਨ ਟਰਾਂਸਪੋਰਟ ਸੈੱਲ, ਕਰਨ ਪ੍ਰਧਾਨ ਪਾਤੜਾਂ, ਗਿਆਨ ਸਿੰਘ ਧਾਲੀਵਾਲ ਜ਼ਿਲ੍ਹਾ ਵਾਇਸ ਪ੍ਰਧਾਨ ਕਿਸਾਨ ਮੋਰਚਾ, ਨਰਿੰਦਰ ਬੋਕਸਰ, ਜਗਦੀਸ਼ ਚੰਦ ਪੰਛੀ, ਮਦਨ ਜੇ ਈ, ਡਾ: ਰਾਜ ਕੁਮਾਰ, ਮੱਖਣ ਕੁਮਾਰ, ਸੱਤਿਆਵਾਨ ਸਾਬਕਾ ਐਮ ਸੀ, ਸਨੀ ਗਰਗ ਠੋਲੂ ਜ਼ਿਲ੍ਹਾ ਪ੍ਰੈੱਸ ਸਕੱਤਰ, ਤਰਸੇਮ ਚੰਦ ਡਿਸਕੋ, ਕਿਰਨਜੀਤ ਕੌਰ, ਮਮਤਾ ਬੇਗਮ ਤੇ ਹੋਰ ਕਈ ਮੈਂਬਰ ਮੌਜੂਦ ਸਨ।

**ਰਾਜਪੁਰਾ (ਰਮੇਸ਼ ਕਟਾਰੀਆ)**- ਪਹਿਲਗਾਮ ਵਿਖੇ ਹੋਏ ਅਣਮਨੁੱਖੀ ਅੱਤਵਾਦੀ ਹਮਲੇ ਦੇ ਵਿਰੋਧ ਵਿੱਚ ਜਗਦੀਸ਼ ਕੁਮਾਰ ਜੱਗਾ ਹਲਕਾ ਇੰਚਾਰਜ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਿੱਚ ਅੱਤਵਾਦ ਤੇ ਪਾਕਿਸਤਾਨ ਦਾ ਪੁਤਲਾ ਫੂਕਿਆ ਗਿਆ।ਇਸ ਤੋਂ ਪਹਿਲਾ ਉਨ੍ਹਾਂ ਨੇ ਇਸ ਹਮਲੇ ਦੀ ਸਖ਼ਤ ਨਿੰਦਾ ਕੀਤੀ।ਉਨ੍ਹਾਂ ਦੱਸਿਆ ਕਿ ਸਰਕਾਰ ਪੀੜਤ ਪਰਵਾਰਾਂ ਨਾਲ ਖੜੀ ਹੈ।ਦੋਸ਼ੀਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।ਇਸ ਸਮੇਂ ਜ਼ਿਲ੍ਹਾ ਸੈਕਟਰੀ ਰੁਪਿੰਦਰ ਰੂਬੀ, ਸੂਰਿਆਵੰਸ਼ੀ ਸ਼ਾਂਤੀ ਸਪਰਾ, ਮਨੋਜ ਬਾਬਾ, ਦੀਪਕ ਫਿਰਾਨੀ, ਨਰੇਂਦਰ ਪਟਿਆਲ, ਇਕਬਾਲ ਕੰਬੋਜ, ਕਪਿਲ ਜੀ, ਪਾਂਧੇ ਜੀ ਤੇ ਹੋਰ ਆਗੂ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।